14-JULY-PAGE-1.qxd 7/13/2023 10:20 PM Page 1

ਸ਼ੁੱਕਰਵਾਰ, 14 ਜੁਲਾਈ, 2023
30 ਹਾੜ੍ਹ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 43

# ਨਵਾਂ ਜ਼ਮਾਨਾ

DAILY NAWAN ZAMANA • FRIDAY, 14 JULY, 2023
ਜਲੰਧਰ

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

## ਹਰਿਆਣਾ ਨੂੰ ਚੰਡੀਗੜ੍ਹ 'ਚ ਵੱਖਰੀ ਅਸੰਬਲੀ ਲਈ ਥਾਂ ਦੇਣਾ ਭੜਕਾਊ ਕਦਮ

### ਖੱਬੀਆਂ ਪਾਰਟੀਆਂ ਵੱਲੋਂ ਫੈਸਲਾ ਫੌਰੀ ਵਾਪਸ ਲੈਣ ਦੀ ਮੰਗ ਤੇ ਪੰਜਾਬ ਸਰਕਾਰ 'ਤੇ ਡਟਵਾਂ ਸਟੈਂਡ ਲੈਣ ਲਈ ਜ਼ੋਰ

**ਚੰਡੀਗੜ੍ਹ** : ਸੂਬੇ ਦੇ ਹਿੱਤਾਂ ਦੀ ਰਾਖੀ ਲਈ ਚਿੰਤਾਤੁਰ ਪੰਜਾਬ ਦੀਆਂ ਪ੍ਰਮੁੱਖ ਪਾਰਟੀਆਂ-ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ), ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ), ਸੀ ਪੀ ਆਈ (ਐੱਮ ਐੱਲ) ਲਿਬਰੇਸ਼ਨ, ਸੀ ਪੀ ਆਈ (ਐੱਮ ਐੱਲ) ਨਿਊ ਡੈਮੋਕ੍ਰੇਸੀ ਅਤੇ ਐੱਮ ਸੀ ਪੀ ਆਈ (ਯੂ) ਨੇ ਹਰਿਆਣਾ ਨੂੰ ਅਸੰਬਲੀ ਦੀ ਇਮਾਰਤ ਦੀ ਉਸਾਰੀ ਲਈ ਚੰਡੀਗੜ੍ਹ ਵਿਖੇ ਜਗ੍ਹਾ ਦੇਣ ਦੇ ਕੇਂਦਰ ਦੀ ਮੋਦੀ-ਸ਼ਾਹ ਸਰਕਾਰ ਵੱਲੋਂ ਚੁੱਕੇ ਗਏ ਕਦਮ ਦੀ ਜ਼ੋਰਦਾਰ ਨਿਖੇਧੀ ਕੀਤੀ ਹੈ।

ਉਪਰੋਕਤ ਦਲਾਂ ਦੇ ਸਿਰਮੌਰ ਆਗੂਆਂ ਬੰਤ ਬਰਾੜ, ਮੰਗਤ ਰਾਮ ਪਾਸਲਾ, ਗੁਰਮੀਤ ਸਿੰਘ ਬਖਤਪੁਰ, ਅਜਮੇਰ ਸਿੰਘ ਸਮਰਾ ਤੇ ਕਿਰਨਜੀਤ ਸੇਖੋਂ ਵੱਲੋਂ ਵੀਰਵਾਰ ਸਾਂਝਾ ਬਿਆਨ ਜਾਰੀ ਕਰਦਿਆਂ ਪਰਗਟ ਸਿੰਘ ਜਾਮਾਰਾਏ ਨੇ ਰਾਸ਼ਟਰੀ ਸੋਇਮ ਸੇਵਕ ਸੰਘ ਦੇ ਸਿਆਸੀ ਵਿੰਗ ਭਾਜਪਾ ਦੀ ਫੈਡਰਲ ਅਧਿਕਾਰਾਂ ਦੀ ਘੋਰ ਵਿਰੋਧੀ ਸਰਕਾਰ ਦੇ ਉਕਤ ਕਦਮ ਨੂੰ ਪੰਜਾਬ ਨਾਲ ਲਗਾਤਾਰ ਕੀਤੇ ਜਾ ਰਹੇ ਧੱਕਿਆਂ ਅਤੇ ਵਿਤਕਰਿਆਂ ਦੀ ਨਵੀਨਤਮ ਕੜੀ ਦੱਸਿਆ ਹੈ। ਆਗੂਆਂ ਕਿਹਾ ਕਿ ਦੇਸ਼ ਦੀ ਪਾਰਲੀਮੈਂਟ ਚੰਡੀਗੜ੍ਹ ਉੱਪਰ ਪੰਜਾਬ ਦੇ ਹੱਕ ਨੂੰ ਤਸਲੀਮ ਕਰ ਚੁੱਕੀ ਹੈ, ਕਿਉਂਕਿ ਇਹ ਪੰਜਾਬ ਦੇ ਪਿੰਡਾਂ ਨੂੰ ਉਜਾੜ ਕੇ ਵਸਾਇਆ ਗਿਆ ਸੀ। ਇਹੋ ਨਹੀਂ, ਚੰਡੀਗੜ੍ਹ ਪੰਜਾਬ ਦੇ ਹਵਾਲੇ ਕਰਨਾ ਖਿੱਤੇ ਅੰਦਰ ਅਮਨ ਬਹਾਲੀ ਲਈ ਕੀਤੇ ਗਏ ਰਾਜੀਵ-ਲੌਂਗੋਵਾਲ ਸਮਝੌਤੇ ਦੀਆਂ ਵੀ ਪ੍ਰਮੁੱਖ ਮੱਦਾਂ 'ਚੋਂ ਇਕ ਸੀ। ਆਗੂਆਂ ਮੰਗ ਕੀਤੀ ਕਿ ਕੇਂਦਰ ਸਰਕਾਰ ਭੜਕਾਹਟ ਪੈਦਾ ਕਰਨ ਵਾਲਾ ਇਹ ਕਦਮ ਫੌਰੀ ਵਾਪਸ ਲਵੇ ਅਤੇ ਪੰਜਾਬ ਨਾਲ ਸੰਬੰਧਤ ਕੇਂਦਰੀ ਹੁਕਮਰਾਨਾਂ ਦੀ ਬਦਨੀਅਤ ਨਾਲ ਚਿਰਾਂ ਤੋਂ ਲਟਕਦੇ ਆ ਰਹੇ ਮਸਲਿਆਂ, ਜਿਵੇਂ ਦਰਿਆਈ ਪਾਣੀਆਂ ਦੀ ਨਿਆਂ ਸੰਗਤ ਵੰਡ ਕਰਨ, ਪੰਜਾਬੀ ਬੋਲਦੇ ਇਲਾਕੇ ਪੰਜਾਬ ਵਿਚ ਸ਼ਾਮਲ ਕਰਨ, ਪੰਜਾਬੀ ਮਾਤ ਭਾਸ਼ਾ ਨੂੰ ਦੇਸ਼ ਭਰ 'ਚ ਬਣਦਾ ਸਨਮਾਨ ਦੇਣ, ਚੰਡੀਗੜ੍ਹ ਪੱਕੇ ਤੌਰ 'ਤੇ ਪੰਜਾਬ ਹਵਾਲੇ ਕਰਨ ਆਦਿ ਮਸਲਿਆਂ ਦੇ ਸਰਵ-ਪ੍ਰਵਾਨਿਤ ਤੇ ਤਰਕਸੰਗਤ ਹੱਲ ਕਰਨ ਲਈ ਨਿੱਗਰ ਵਿਉਂਤਬੰਦੀ ਕੀਤੀ ਜਾਵੇ।

ਖੱਬੇ-ਪੱਖੀ ਆਗੂਆਂ ਨੇ ਪੰਜਾਬ ਸਰਕਾਰ ਤੋਂ ਵੀ ਕੇਂਦਰ ਸਰਕਾਰ ਦੇ ਉਕਤ ਧੱਕੇ ਅਤੇ ਪੱਖਪਾਤ ਖਿਲਾਫ ਡਟਵਾਂ ਸਟੈਂਡ ਲੈਣ ਅਤੇ ਪੰਜਾਬ ਨੂੰ ਇਨਸਾਫ ਦਿਵਾਉਣ ਲਈ ਸਮੁੱਚੇ ਪੰਜਾਬੀਆਂ ਨੂੰ ਨਾਲ ਲੈਣ ਦੀ ਠੋਸ ਪਹਿਲ ਕਰਨ ਦੀ ਮੰਗ ਕੀਤੀ ਹੈ। ਹਰਿਆਣਾ ਨੂੰ ਵੱਖਰੀ ਅਸੰਬਲੀ ਬਣਾਉਣ ਲਈ ਚੰਡੀਗੜ੍ਹ ਪ੍ਰਸ਼ਾਸਨ 10 ਏਕੜ ਜ਼ਮੀਨ ਦੇਵੇਗਾ। 'ਹਿੰਦੁਸਤਾਨ ਟਾਈਮਜ਼' ਅਖਬਾਰ ਵਿਚ ਛਪੀ ਰਿਪੋਰਟ ਮੁਤਾਬਕ 10 ਏਕੜ ਜ਼ਮੀਨ ਦੇ ਬਦਲੇ ਹਰਿਆਣਾ ਸਰਕਾਰ ਰਾਜੀਵ ਗਾਂਧੀ ਟੈਕਨਾਲੋਜੀ ਪਾਰਕ ਦੇ ਨਾਲ ਪਈ ਆਪਣੀ 12 ਏਕੜ ਜ਼ਮੀਨ ਚੰਡੀਗੜ੍ਹ ਨੂੰ ਦੇਵੇਗੀ। ਚੰਡੀਗੜ੍ਹ ਦੇ ਡਿਪਟੀ ਕਮਿਸ਼ਨਰ ਵਿਨੇ ਪ੍ਰਤਾਪ ਸਿੰਘ ਨੇ ਦੱਸਿਆ ਕਿ ਜ਼ਮੀਨ ਦੇ ਵਟਾਂਦਰੇ ਦਾ ਇਹ ਫੈਸਲਾ ਕੁਝ ਸਮਾਂ ਪਹਿਲਾਂ ਹਰਿਆਣਾ ਸਰਕਾਰ ਦੇ ਅਧਿਕਾਰੀਆਂ ਨਾਲ ਹੋਈ ਮੀਟਿੰਗ ਵਿਚ ਲਿਆ ਗਿਆ ਹੈ ਤੇ ਹਰਿਆਣਾ ਦੇ ਅਧਿਕਾਰੀਆਂ ਨੂੰ 12 ਏਕੜ ਦਾ ਭਾਰਮੁਕਤ ਸਰਟੀਫਿਕੇਟ ਅਤੇ ਨਿਸ਼ਾਨਦੇਹੀ ਰਿਪੋਰਟ ਦੋ ਹਫਤਿਆਂ 'ਚ ਪੇਸ਼ ਕਰਨ ਲਈ ਕਿਹਾ ਗਿਆ ਹੈ।

ਯਾਦ ਰਹੇ ਕਿ ਜੈਪੁਰ ਵਿਚ ਹੋਈ ਉੱਤਰੀ ਜ਼ੋਨਲ ਕੌਂਸਲ ਦੀ ਮੀਟਿੰਗ ਵਿਚ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਐਲਾਨ ਕੀਤਾ ਸੀ ਕਿ ਹਰਿਆਣਾ ਨੂੰ ਚੰਡੀਗੜ੍ਹ 'ਚ ਵੱਖਰੀ ਅਸੰਬਲੀ ਲਈ ਜ਼ਮੀਨ ਦਿੱਤੀ ਜਾਵੇਗੀ।

## ਤੁਰੰਤ ਗਿਰਦਾਵਰੀ ਲਈ ਡਿਪਟੀ ਕਮਿਸ਼ਨਰਾਂ ਨੂੰ ਹਦਾਇਤਾਂ

### ਮਾਨ ਨੇ ਹੜ੍ਹ ਦੇ ਪਾਣੀ 'ਚ ਉਤਰ ਕੇ ਲਿਆ ਰਾਹਤ ਕਾਰਜਾਂ ਦਾ ਜਾਇਜ਼ਾ



**ਸੰਗਰੂਰ** : ਕਿਸੇ ਮੁੱਖ ਮੰਤਰੀ ਵੱਲੋਂ ਹੜ੍ਹ ਪ੍ਰਭਾਵਤ ਇਲਾਕਿਆਂ ਦਾ ਹਵਾਈ ਸਰਵੇਖਣ ਕਰਨ ਦੀ ਪੁਰਾਣੀ ਰਵਾਇਤ ਨੂੰ ਖਤਮ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਵੀਰਵਾਰ ਹੜ੍ਹਾਂ ਦੇ ਪਾਣੀਆਂ ਵਿਚ ਖੁਦ ਉਤਰ ਕੇ ਰਾਹਤ ਕਾਰਜਾਂ ਦਾ ਜਾਇਜ਼ਾ ਲਿਆ। ਮੁੱਖ ਮੰਤਰੀ ਨੇ ਚਿੱਟਾ-ਕੁੜਤਾ ਪਜਾਮਾ ਪਾਇਆ ਹੋਇਆ ਸੀ, ਪਰ ਰਾਹਤ ਕੰਮਾਂ ਦੀ ਨਿਗਰਾਨੀ ਕਰਨ ਲਈ ਉਹ ਬਿਨਾਂ ਕੋਈ ਝਿਜਕ ਮਹਿਸੂਸ ਕੀਤਿਆਂ ਸੂਬਾ ਸਰਕਾਰ ਦੇ ਸੀਨੀਅਰ ਅਧਿਕਾਰੀਆਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਨਾਲ ਹੜ੍ਹ ਦੇ ਪਾਣੀ ਵਿਚ ਉਤਰ ਗਏ। ਭਗਵੰਤ ਮਾਨ ਹੜ੍ਹਾਂ ਤੋਂ ਪ੍ਰਭਾਵਤ ਪਾਣੀ ਨਾਲ ਭਰੇ ਖੇਤਾਂ ਵਿਚ ਵੀ ਗਏ, ਜਿੱਥੇ ਜੇ ਸੀ ਬੀ ਨਾਲ ਕੀਤੇ ਜਾ ਰਹੇ ਕੰਮ ਦੀ ਖੁਦ ਨਿਗਾਰਨੀ ਕੀਤੀ। ਘੱਗਰ ਨਾਲ ਲਗਦੇ ਪ੍ਰਭਾਵਤ ਇਲਾਕਿਆਂ ਦਾ ਜਾਇਜ਼ਾ ਲੈਣ ਦੌਰਾਨ ਮੁੱਖ ਮੰਤਰੀ ਨੇ ਮੌਕੇ ਉਤੇ ਹੀ ਅਧਿਕਾਰੀਆਂ ਨੂੰ ਪ੍ਰਭਾਵਤ ਇਲਾਕਿਆਂ ਵਿਚ ਜੁਟੇ ਰਹਿਣ ਦੇ ਆਦੇਸ਼ ਦਿੰਦਿਆਂ ਕਿਹਾ ਕਿ ਲੋਕਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਹੀਂ ਆਉਣੀ ਚਾਹੀਦੀ।

ਮੁੱਖ ਮੰਤਰੀ ਨੇ ਕਿਹਾ ਕਿ ਅਮਰੀਕਾ, ਸਪੇਨ ਵਰਗੇ ਵਿਕਸਤ ਦੇਸ਼ਾਂ ਨੂੰ ਵੀ ਹੜ੍ਹਾਂ ਦੀ ਸਮੱਸਿਆ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਕੁਦਰਤ ਨੇ ਸੂਬੇ ਵਿਚ ਤਬਾਹੀ ਮਚਾਈ ਹੈ। ਉਨ੍ਹਾ ਕਿਹਾ ਕਿ ਪਹਾੜੀ ਸੂਬਿਆਂ ਅਤੇ ਪੰਜਾਬ ਵਿੱਚ ਲਗਾਤਾਰ ਪੈ ਰਹੇ ਮੀਂਹ ਨੇ ਸੂਬੇ ਵਿੱਚ ਇਹ ਸਥਿਤੀ ਪੈਦਾ ਕੀਤੀ ਹੈ। ਉਹਨਾ ਕਿਹਾ ਕਿ ਉਨ੍ਹਾ ਦੀ ਸਰਕਾਰ ਇਸ ਗੰਭੀਰ ਸੰਕਟ ਦੀ ਘੜੀ ਵਿੱਚ ਲੋਕਾਂ ਨੂੰ ਬਚਾਉਣ ਲਈ ਵਚਨਬੱਧ ਹੈ ਅਤੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਭਗਵੰਤ ਮਾਨ ਨੇ ਕਿਹਾ ਕਿ ਉਹ ਆਪਣੇ ਤੋਂ ਪਹਿਲੇ ਮੁੱਖ ਮੰਤਰੀਆਂ ਵਾਂਗ ਸਰਵੇਖਣ ਕਰਨ ਲਈ ਹੈਲੀਕਾਪਟਰ 'ਤੇ ਗੇੜੇ ਨਹੀਂ ਲਾ ਰਹੇ, ਸਗੋਂ ਉਹ ਜ਼ਮੀਨੀ ਪੱਧਰ 'ਤੇ ਅਸਲ ਸਥਿਤੀ ਦਾ ਜਾਇਜ਼ਾ ਲੈਣ ਲਈ ਮੈਦਾਨ ਵਿਚ ਉਤਰੇ ਹਨ। ਉਨ੍ਹਾ ਕਿਹਾ ਕਿ ਸਥਿਤੀ ਚਿੰਤਾਜਨਕ ਹੈ, ਪਰ ਫਿਰ ਵੀ ਸੂਬਾ ਸਰਕਾਰ ਲੋਕਾਂ ਦੇ ਨੁਕਸਾਨ ਨੂੰ ਘੱਟ ਕਰਨ ਲਈ ਹਰ ਸੰਭਵ ਯਤਨ ਕਰ ਰਹੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ ਭਾਰੀ ਮੀਂਹ ਕਾਰਨ ਫਸਲਾਂ, ਘਰਾਂ ਅਤੇ ਹੋਰ ਨੁਕਸਾਨ ਦਾ ਪਤਾ ਲਾਉਣ ਲਈ ਵਿਸ਼ੇਸ਼ ਗਿਰਦਾਵਰੀ ਕਰਵਾਈ ਜਾਵੇਗੀ। ਮੀਂਹਾਂ ਕਾਰਨ ਹੋਏ ਨੁਕਸਾਨ ਦਾ ਪਹਿਲ ਦੇ ਅਧਾਰ 'ਤੇ ਪਤਾ ਲਾਉਣ ਲਈ ਤੁਰੰਤ ਗਿਰਦਾਵਰੀ ਕਰਨ ਲਈ ਡਿਪਟੀ ਕਮਿਸ਼ਨਰਾਂ ਨੂੰ ਵਿਸਥਾਰਤ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਉਹਨਾ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਸਰਕਾਰ ਕੁਦਰਤ ਦੇ ਕਹਿਰ ਤੋਂ ਉਨ੍ਹਾਂ ਦੇ ਹਿੱਤਾਂ ਦੀ ਰਾਖੀ ਲਈ ਵਚਨਬੱਧ ਹੈ। ਉਹਨਾ ਕਿਹਾ ਕਿ ਉਹ ਨਿੱਜੀ ਤੌਰ 'ਤੇ ਸੂਬੇ ਦੇ ਹਰ ਕੋਨੇ ਤੋਂ ਮਿੰਟ-ਮਿੰਟ ਉਤੇ ਸਥਿਤੀ ਦਾ ਜਾਇਜ਼ਾ ਲੈ ਰਹੇ ਹਨ। ਭਾਰੀ ਮੀਂਹ ਕਿਸੇ ਵੀ ਵਿਅਕਤੀ ਦੇ ਵੱਸ ਤੋਂ ਬਾਹਰ ਹੈ, ਪਰ ਲੋਕਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ, ਇਸ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਉਹਨਾ ਕਿਹਾ ਕਿ ਪਹਿਲਾਂ ਹੀ ਸਾਰੇ ਕੈਬਨਿਟ ਮੰਤਰੀ, ਵਿਧਾਇਕ ਅਤੇ ਅਧਿਕਾਰੀ ਆਪੋ-ਆਪਣੇ ਖੇਤਰਾਂ ਵਿੱਚ ਜੁਟੇ ਹੋਏ ਹਨ ਅਤੇ ਇਸ ਔਖੀ ਘੜੀ ਵਿੱਚ ਲੋੜਵੰਦ ਲੋਕਾਂ ਤੱਕ ਪਹੁੰਚ ਕਰ ਰਹੇ ਹਨ। ਘੱਗਰ 'ਚ ਪਾੜ ਕਾਰਨ ਹਜ਼ਾਰਾਂ ਏਕੜ ਝੋਨੇ ਦੀ ਫਸਲ ਪਾਣੀ ਦੀ ਮਾਰ ਹੇਠ ਆ ਗਈ ਹੈ, ਜਦਕਿ ਮੂਨਕ ਅਤੇ ਖਨੌਰੀ ਸ਼ਹਿਰ ਵਿਚ ਵੀ ਪਾਣੀ ਦਾਖਲ ਹੋਣ ਦਾ ਖਤਰਾ ਵਧ ਗਿਆ ਹੈ। ਖਨੌਰੀ 'ਚੋਂ ਲੰਘਦੇ ਨੈਸ਼ਨਲ ਹਾਈਵੇ 52 ਉੱਪਰ ਪਾਣੀ ਆਉਣ ਕਾਰਨ ਆਵਾਜਾਈ ਬੰਦ ਕਰ ਦਿੱਤੀ ਗਈ ਹੈ।

ਹਾਈਵੇਅ 'ਤੇ ਦੋ ਟਰੱਕ ਪਾਣੀ ਕਾਰਨ ਉਲਟ ਗਏ, ਪਰ ਲੋਕਾਂ ਨੇ ਟਰੱਕ ਚਾਲਕਾਂ ਨੂੰ ਬਚਾਅ ਲਿਆ। ਮੂਨਕ ਦੇ ਦਰਜਨਾਂ ਪਿੰਡ ਘੱਗਰ ਦੀ ਲਪੇਟ ਵਿਚ ਹਨ। ਥਲ ਸੈਨਾ ਅਤੇ ਐੱਨ ਡੀ ਆਰ ਐੱਫ ਦੀਆਂ ਟੀਮਾਂ ਲਗਾਤਾਰ ਲੋਕਾਂ ਦੀ ਮਦਦ ਨਾਲ ਘੱਗਰ ਵਿਚ ਪਾੜ ਪੂਰ ਰਹੀਆਂ ਹਨ। ਸੰਗਰੂਰ ਤੋਂ ਖਨੌਰੀ, ਕੈਥਲ, ਦਿੱਲੀ, ਹਿਸਾਰ ਲਈ ਚੱਲਣ ਵਾਲੇ ਪੀ ਆਰ ਟੀ ਸੀ ਅਤੇ ਰੋਡਵੇਜ਼ ਦੇ ਰੂਟ ਬੰਦ ਕਰ ਦਿੱਤੇ ਗਏ ਹਨ।

### ਥੋਡੇ ਨਾਲ ਆ ਕੇ ਗੱਲ ਕਰਦਾਂ...

**ਚੰਡੀਗੜ੍ਹ** : ਮੁੱਖ ਮੰਤਰੀ ਭਗਵੰਤ ਮਾਨ ਨੇ ਵਿਰੋਧੀ ਆਗੂਆਂ ਦੇ ਬਿਆਨਾਂ ਦਾ ਜਵਾਬ ਦਿੰਦਿਆਂ ਵੀਰਵਾਰ ਟਵੀਟ ਕੀਤਾ—ਪੰਜਾਬ ਕਾਂਗਰਸ ਦੀ 'ਭਾਜਪਾ' ਇਕਾਈ ਦੇ ਪ੍ਰਧਾਨ ਸ੍ਰੀ ਸੁਨੀਲ ਜਾਖੜ ਜੀ, ਬਚੀ-ਖੁਚੀ ਕਾਂਗਰਸ ਦੇ ਪ੍ਰਧਾਨ ਰਾਜਾ ਵੜਿੰਗ ਜੀ, ਸ਼੍ਰੋਮਣੀ ਖਾਲੀ ਦਲ ਦੇ ਪ੍ਰਧਾਨ ਸੁਖਬੀਰ ਬਾਦਲ ਜੀ... ਮੈਂ ਏਸ ਵਕਤ ਪੰਜਾਬ ਦੇ ਲੋਕਾਂ ਦੀ ਕੁਦਰਤੀ ਆਫਤ 'ਚ ਬਾਂਹ ਫੜ ਰਿਹਾ ਹਾਂ... ਮੈਨੂੰ ਮੇਰੇ ਲੋਕਾਂ ਦੀ ਮਦਦ ਕਰ ਲੈਣ ਦਿਓ... ਬੱਸ ਆ ਕੇ ਥੋਡੇ ਨਾਲ ਰਾਜਨੀਤੀ ਦੀ ਗੱਲ ਕਰਾਂਗਾ...। ਸੁਨੀਲ ਜਾਖੜ ਨੇ ਟਵੀਟ ਕੀਤਾ ਸੀ ਕਿ ਪੰਜਾਬ ਡੁੱਬ ਰਿਹਾ ਹੈ ਤੇ ਮੁੱਖ ਮੰਤਰੀ ਵੋਟਾਂ ਲਈ ਹਰਿਆਣਾ ਵਿਚ ਘੁੰਮ ਰਹੇ ਹਨ। ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਕਿਹਾ ਸੀ ਕਿ ਕਰੀਬ 250 ਪਿੰਡ ਹੜ੍ਹ ਪ੍ਰਭਾਵਤ ਹਨ, 5 ਲੱਖ ਏਕੜ ਤੋਂ ਵੱਧ ਫਸਲ ਤਬਾਹ ਹੋ ਗਈ ਹੈ, 30 ਲੋਕਾਂ ਦੀ ਮੌਤ ਹੋ ਗਈ ਹੈ, ਜੇ ਸਰਕਾਰੀ ਮਦਦ ਨਾ ਪੁੱਜੀ ਤਾਂ ਪਤਾ ਨਹੀਂ ਹੋਰ ਕਿੰਨੇ ਕਿਸਾਨ ਖੁਦਕੁਸ਼ੀ ਕਰਨ ਲਈ ਮਜਬੂਰ ਹੋਣਗੇ। ਸੁਖਬੀਰ ਬਾਦਲ ਨੇ ਕਿਹਾ ਸੀ ਕਿ ਸਰਕਾਰ ਨੂੰ ਤਜਰਬਾ ਨਹੀਂ। ਹਰੀਕੇ ਹੈੱਡ ਵਰਕਸ ਦੇ ਸਾਰੇ ਗੇਟ ਨਹੀਂ ਖੋਲ੍ਹੇ ਜਾਣੇ ਚਾਹੀਦੇ ਸਨ।

## ਬਿਜਲੀ ਦੀ ਮੰਗ ਵਧੀ, ਪਰ ਪਲਾਂਟ ਚਲਾਉਣ 'ਚ ਮੁਸ਼ਕਲ



**ਰੋਪੜ** : ਬਿਜਲੀ ਦੀ ਮੰਗ ਵੱਧ ਗਈ ਹੈ ਪਰ ਜ਼ੋਰਦਾਰ ਮੀਂਹ ਬੰਦ ਹੋਣ ਤੋਂ 2 ਦਿਨਾਂ ਬਾਅਦ ਵੀ ਗੁਰੂ ਗੋਬਿੰਦ ਸਿੰਘ ਸੁਪਰ ਥਰਮਲ ਪਲਾਂਟ ਬਿਜਲੀ ਉਤਪਾਦਨ ਸ਼ੁਰੂ ਨਹੀਂ ਕਰ ਸਕਿਆ ਸੀ। ਸੂਬੇ ਅੰਦਰ ਬਿਜਲੀ ਦੀ ਮੰਗ ਵੱਧ ਕੇ 13000 ਮੈਗਾਵਾਟ ਪਾਰ ਹੋਣ ਉਪਰੰਤ ਬਿਜਲੀ ਪੈਦਾਵਾਰ ਦੀ ਸਖਤ ਲੋੜ ਹੈ। ਸੂਤਰਾਂ ਅਨੁਸਾਰ ਥਰਮਲ ਪਲਾਂਟ ਰੂਪਨਗਰ ਦੇ ਕੋਲ ਹੈਂਡਲਿੰਗ ਪਲਾਂਟ 'ਚ ਮੀਂਹ ਦਾ ਪਾਣੀ ਇੰਨਾ ਜ਼ਿਆਦਾ ਭਰ ਗਿਆ ਕਿ ਇਸ ਦਾ ਕੰਟਰੋਲ ਰੂਮ ਵੀ ਹੜ੍ਹ ਦੀ ਲਪੇਟ 'ਚ ਆ ਗਿਆ। ਪਲਾਂਟ ਦੇ ਅਧਿਕਾਰੀ ਤੇ ਮੁਲਾਜ਼ਮ ਹੜ੍ਹ ਦੇ ਪਾਣੀ ਨੂੰ ਬਾਹਰ ਕੱਢ ਕੇ ਕੋਲ ਹੈਂਡਲਿੰਗ ਪਲਾਂਟ ਦੀ ਮਸ਼ੀਨਰੀ ਨੂੰ ਚਾਲੂ ਕਰਨ ਲਈ ਦਿਨ-ਰਾਤ ਜੁਟੇ ਹੋਏ ਹਨ ਪਰ ਵੀਰਵਾਰ ਬਾਅਦ ਦੁਪਹਿਰ ਤੱਕ ਥਰਮਲ ਪਲਾਂਟ ਦਾ ਕੋਈ ਵੀ ਯੂਨਿਟ ਚਾਲੂ ਨਹੀਂ ਕੀਤਾ ਜਾ ਸਕਿਆ, ਜਦੋਂ ਕਿ ਬੁੱਧਵਾਰ ਨੂੰ ਹੀ ਪਾਵਰਕਾਮ ਮੈਨੇਜਮੈਂਟ ਵੱਲੋਂ ਬਿਜਲੀ ਦੀ ਮੰਗ ਵਧਣ ਉਪਰੰਤ ਥਰਮਲ ਪਲਾਂਟ ਦੇ ਦੋ ਯੂਨਿਟ ਚਾਲੂ ਕਰਨ ਦੀ ਹਦਾਇਤ ਕਰ ਦਿੱਤੀ ਗਈ ਸੀ। ਪਾਵਰਕਾਮ ਮੈਨੇਜਮੈਂਟ ਵੱਲੋਂ 6 ਨੰਬਰ ਯੂਨਿਟ ਨੂੰ ਚਾਲੂ ਕਰਨ ਦੀ ਕੋਸ਼ਿਸ਼ ਵੀ ਕੀਤੀ ਗਈ ਪਰ ਕੋਲ ਹੈਂਡਲਿੰਗ ਪਲਾਂਟ ਦੀ ਸਮੱਸਿਆ ਜ਼ਿਆਦਾ ਗੰਭੀਰ ਹੋਣ ਕਰਕੇ ਇਸ ਯੂਨਿਟ ਨੂੰ ਕੁੱਝ ਸਮੇਂ ਬਾਅਦ ਹੀ ਬੰਦ ਕਰ ਦਿੱਤਾ ਗਿਆ। ਪਲਾਂਟ ਅੰਦਰ ਕੋਲਾ ਲੈ ਕੇ ਆਈ ਮਾਲ ਗੱਡੀ ਦੇ ਕੋਲੇ ਦੇ ਰੈਕ ਉਤਾਰਨ ਦਾ ਕੰਮ ਵੀ ਮੀਂਹ ਕਾਰਨ ਸਿਰੇ ਨਾ ਚੜ੍ਹ ਸਕਿਆ ਤੇ ਕੋਲਾ ਉਤਾਰਦੇ ਸਮੇਂ ਸੀ ਐੱਚ ਪੀ ਦਾ ਸਮੁੱਚਾ ਸਿਸਟਮ ਠੱਪ ਹੋਣ ਕਾਰਨ 37 ਡੱਬਿਆਂ ਵਿੱਚੋਂ ਕੋਲਾ ਨਹੀਂ ਉਤਾਰਿਆ ਜਾ ਸਕਿਆ, ਜਿਸ ਕਾਰਨ ਮਾਲ ਗੱਡੀ ਦਾ ਪੂਰਾ ਰੈਕ ਹਾਲੇ ਤੱਕ ਥਰਮਲ ਪਲਾਂਟ ਦੇ ਅੰਦਰ ਹੀ ਖੜ੍ਹਾ ਹੈ। ਇਸੇ ਦੌਰਾਨ ਇੰਜੀਨੀਅਰਾਂ ਨੇ ਦੱਸਿਆ ਕਿ ਸਮੱਸਿਆ 'ਤੇ ਕਾਬੂ ਪਾ ਲਿਆ ਗਿਆ ਹੈ ਤੇ ਵੀਰਵਾਰ 6 ਨੰਬਰ ਯੂਨਿਟ ਚਾਲੂ ਕੀਤਾ ਜਾ ਰਿਹਾ ਹੈ ਤੇ ਦੇਰ ਰਾਤ ਤੱਕ ਬਿਜਲੀ ਉਤਪਾਦਨ ਸ਼ੁਰੂ ਹੋ ਜਾਵੇਗਾ।

### ਸਕੂਲ ਹੁਣ ਸੋਮਵਾਰ ਖੁੱਲ੍ਹਣਗੇ

**ਚੰਡੀਗੜ੍ਹ** : ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੇ ਨਿਰਦੇਸ਼ਾਂ ਅਨੁਸਾਰ ਬਾਰਿਸ਼ ਕਾਰਨ ਸੁਰੱਖਿਆ ਦੇ ਮੱਦੇਨਜ਼ਰ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਾਰੇ ਸਰਕਾਰੀ/ਏਡਿਡ/ਮਾਨਤਾ ਪ੍ਰਾਪਤ ਅਤੇ ਪ੍ਰਾਈਵੇਟ ਸਕੂਲਾਂ 'ਚ ਚੱਲ ਰਹੀਆਂ ਛੁੱਟੀਆਂ 16 ਜੁਲਾਈ ਤੱਕ ਵਧਾ ਦਿੱਤੀਆਂ ਗਈਆਂ ਹਨ। 17 ਜੁਲਾਈ ਤੋਂ ਸਕੂਲ ਆਮ ਵਾਂਗ ਖੁੱਲ੍ਹਣਗੇ। ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਆਂਗਨਵਾੜੀ ਸੈਂਟਰ ਵੀ 16 ਜੁਲਾਈ ਤੱਕ ਬੰਦ ਕਰ ਦਿੱਤੇ ਗਏ ਹਨ।

### ਸਾਇਨਾ ਵੱਲੋਂ ਸ਼ਿਵਲਿੰਗ ਦੇ ਦਰਸ਼ਨ



**ਸ੍ਰੀਨਗਰ** : ਬੈਡਮਿੰਟਨ ਖਿਡਾਰਨ ਸਾਇਨਾ ਨੇਹਵਾਲ ਨੇ ਵੀਰਵਾਰ ਇੱਥੇ ਅਮਰਨਾਥ ਦੀ ਗੁਫਾ 'ਚ ਕੁਦਰਤੀ ਤੌਰ 'ਤੇ ਬਣੇ ਬਰਫ ਦੇ ਸ਼ਿਵਲਿੰਗ ਦੇ ਦਰਸ਼ਨ ਕੀਤੇ। ਨਾਲ ਉਸ ਦੀ ਮਾਂ ਊਸ਼ਾ ਨੇਹਵਾਲ ਵੀ ਸੀ।

### ਟਰੱਕਾਂ ਦੀ ਟੱਕਰ 'ਚ 4 ਕਾਂਵੜੀਆਂ ਦੀ ਮੌਤ

**ਨਵੀਂ ਦਿੱਲੀ** : ਉੱਤਰੀ ਦਿੱਲੀ ਦੇ ਅਲੀਪੁਰ 'ਚ ਕਰਨਾਲ ਰੋਡ 'ਤੇ ਬੁੱਧਵਾਰ ਅੱਧੀ ਰਾਤ ਨੂੰ ਦੋ ਟਰੱਕਾਂ ਦੀ ਟੱਕਰ 'ਚ 4 ਵਿਅਕਤੀਆਂ ਦੀ ਮੌਤ ਹੋ ਗਈ। ਇਕ ਟਰੱਕ ਕਾਂਵੜੀਆਂ ਨੂੰ ਹਰਿਦੁਆਰ ਲੈ ਕੇ ਜਾ ਰਿਹਾ ਸੀ ਤੇ ਦਿੱਲੀ ਵੱਲ ਆ ਰਿਹ ਟਰੱਕ ਡਿਵਾਈਡਰ ਨੂੰ ਪਾਰ ਕਰਕੇ ਉਸ ਨਾਲ ਟਕਰਾਅ ਗਿਆ। ਟਰੱਕ ਵਿੱਚ ਘੱਟੋ-ਘੱਟ 20 ਕਾਂਵੜੀ ਸਵਾਰ ਸਨ।

### ਚੰਦਰਯਾਨ ਦੇ ਲਾਂਚ ਤੋਂ ਪਹਿਲਾਂ ਪੂਜਾ

ਤਿਰੂਪਤੀ : ਭਾਰਤੀ ਪੁਲਾੜ ਖੋਜ ਸੰਗਠਨ (ਇਸਰੋ) ਦੇ ਵਿਗਿਆਨੀਆਂ ਨੇ ਚੰਦਰਯਾਨ-3 ਦੇ ਲਾਂਚ ਤੋਂ ਪਹਿਲਾਂ ਵੀਰਵਾਰ ਸਵੇਰੇ ਇਥੇ ਤਿਰੁਮਾਲਾ ਦੇ ਸ੍ਰੀ ਵੈਂਕਟੇਸ਼ਵਰ ਮੰਦਰ 'ਚ ਪੂਜਾ ਕੀਤੀ। ਚੰਦਰਯਾਨ-3 ਨੂੰ ਦੇਸ਼ ਦੇ ਚੰਦ ਮਿਸ਼ਨ ਤਹਿਤ 14 ਜੁਲਾਈ ਨੂੰ ਸ੍ਰੀਹਰੀਕੋਟਾ ਤੋਂ ਲਾਂਚ ਕੀਤਾ ਜਾਵੇਗਾ।

## ਬਚਾਅ ਕਾਰਜਾਂ 'ਚ ਦਿਨ-ਰਾਤ ਡਟੇ ਫੌਜ ਦੇ ਜਵਾਨ



**ਜਲੰਧਰ** : ਮੀਂਹ ਤੇ ਹੜ੍ਹਾਂ ਕਾਰਨ ਜਲੰਧਰ ਜ਼ਿਲ੍ਹੇ ਦੇ ਸ਼ਾਹਕੋਟ-ਲੋਹੀਆਂ ਇਲਾਕੇ ਦੇ ਕਈ ਪਿੰਡਾਂ ਵਿਚ ਲੋਕ ਕਾਫੀ ਮੁਸ਼ਕਲ ਹਾਲਤ 'ਚ ਫਸੇ ਹੋਏ ਹਨ। ਸੂਬਾ ਸਰਕਾਰ ਦੇ ਨਾਲ-ਨਾਲ ਫੌਜ ਵੀ ਉਨ੍ਹਾਂ ਨੂੰ ਸੰਕਟ ਵਿੱਚੋਂ ਕੱਢਣ ਲਈ ਯਤਨਸ਼ੀਲ ਹੈ। ਵਜਰਾ ਕੋਰ ਸੈਪਰਸ 52, ਸਿੱਖ ਰੈਜੀਮੈਂਟ ਦੇ ਜਵਾਨ ਤੇ ਮੈਡੀਕਲ ਕੋਰ ਦੇ ਜਵਾਨਾਂ ਦੀਆਂ ਟੀਮਾਂ ਬਚਾਅ ਕਾਰਜਾਂ 'ਚ 11 ਜੁਲਾਈ ਤੋਂ ਦਿਨ-ਰਾਤ ਡਟੀਆਂ ਹੋਈਆਂ ਹਨ।

## ਕੇਂਦਰ ਕੁਦਰਤੀ ਆਫਤ ਮੰਨ ਕੇ ਤੁਰੰਤ ਰਾਹਤ ਪੈਕੇਜ ਦੇਵੇ : ਕੁੱਲ ਹਿੰਦ ਕਿਸਾਨ ਸਭਾ ਪੰਜਾਬ

**ਸ਼ਾਹਕੋਟ (ਗਿਆਨ ਸੈਦਪੁਰੀ)**

ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੇ ਸੂਬਾ ਜਨਰਲ ਸਕੱਤਰ ਬਲਦੇਵ ਸਿੰਘ ਨਿਹਾਲਗੜ੍ਹ ਅਤੇ ਸੂਬਾ ਪ੍ਰਧਾਨ ਬਲਕਰਨ ਸਿੰਘ ਬਰਾੜ ਨੇ ਪਿਛਲੇ ਚਾਰ ਦਿਨਾਂ ਤੋਂ ਉੱਤਰੀ ਭਾਰਤ ਦੇ ਸੂਬਿਆਂ ਪੰਜਾਬ, ਹਰਿਆਣਾ, ਹਿਮਾਚਲ ਅਤੇ ਉੱਤਰਾਖੰਡ ਵਿਖੇ ਭਾਰੀ ਬਾਰਿਸ਼ ਨਾਲ ਬਣੀ ਹੜ੍ਹਾਂ ਦੀ ਸਥਿਤੀ 'ਤੇ ਗੰਭੀਰ ਚਿੰਤਾ ਦਾ ਪ੍ਰਗਟਾਵਾ ਕਰਦਿਆਂ ਕੇਂਦਰ ਸਰਕਾਰ ਕੋਲੋਂ ਮੰਗ ਕੀਤੀ ਕਿ ਇਸ ਤਬਾਹੀ ਨੂੰ ਕੁਦਰਤੀ ਆਫਤ ਐਲਾਨ ਕੇ ਪ੍ਰਭਾਵਤ ਸੂਬਿਆਂ ਨੂੰ ਤੁਰੰਤ ਰਾਹਤ ਪੈਕਜ ਦਿੱਤਾ ਜਾਵੇ। ਉਹਨਾਂ ਇਹਨਾਂ ਹੜ੍ਹਾਂ ਸੰਬੰਧੀ ਕਿਹਾ ਕਿ ਜਿਥੇ ਇਹ ਕੁਦਰਤੀ ਵਰਤਾਰਾ ਹੈ, ਉਥੇ ਵਿਕਾਸ ਦੇ ਕਾਰਪੋਰੇਟ ਮਾਡਲ ਜਿਸ ਰਾਹੀਂ ਪਹਾੜੀ ਇਲਾਕਿਆਂ ਵਿੱਚ ਰੁੱਖਾਂ ਦੀ ਕਟਾਈ ਅਤੇ ਨਜਾਇਜ਼ ਖੁਦਾਈ ਕਾਰਨ ਪਹਾੜਾਂ ਵਿੱਚੋਂ ਆ ਰਹੀ ਮਿੱਟੀ ਅਤੇ ਗਾਰ ਦਰਿਆਵਾਂ ਦੀ ਕੁਦਰਤੀ ਡੂੰਘਾਈ ਨੂੰ ਪ੍ਰਭਾਵਤ ਕਰਨ ਨਾਲ ਮੈਦਾਨੀ ਇਲਾਕਿਆਂ ਅੰਦਰ ਪਾਣੀ ਆਪਣੇ ਵਹਾਅ ਤੋਂ ਬਾਹਰ ਫੈਲਣ ਕਾਰਨ ਜਾਨ-ਮਾਲ ਅਤੇ ਫਸਲਾਂ ਦਾ ਭਾਰੀ ਨੁਕਸਾਨ ਕਰਦਾ ਹੈ, ਜਿਸ ਨਾਲ ਪੰਜਾਬ ਦਾ ਵੱਡਾ ਹਿੱਸਾ ਪ੍ਰਭਾਵਤ ਹੋਇਆ ਹੈ।

ਆਗੂਆਂ ਕਿਹਾ ਕਿ ਕੇਂਦਰ ਸਰਕਾਰ ਭਾਖੜਾ ਬਿਆਸ ਮੈਨੇਜਮੈਂਟ ਦੇ ਪ੍ਰਬੰਧਾਂ ਦਾ ਕੰਟਰੋਲ ਪੰਜਾਬ ਨੂੰ ਸੌਂਪੇ, ਕਿਉਂਕਿ ਹੜ੍ਹਾਂ ਦੀ ਮੌਜੂਦਾ ਸਥਿਤੀ ਨਾਲ ਸਭ ਤੋਂ ਵੱਧ ਪ੍ਰਭਾਵਤ ਪੰਜਾਬ ਦੇ ਮੈਦਾਨੀ ਇਲਾਕਿਆਂ ਨੂੰ ਬਿਆਸ, ਸਤਲੁਜ ਅਤੇ ਘੱਗਰ ਦਰਿਆਵਾਂ ਨੇ ਕੀਤਾ ਹੈ, ਜਿਨ੍ਹਾਂ ਵਿੱਚ ਪਾਣੀ ਛੱਡਣ ਸੰਬੰਧੀ ਫੈਸਲਾ ਉਪਰੋਕਤ ਮੈਨੇਜਮੈਂਟ ਕਰਦੀ ਹੈ। ਇਸ ਲਈ ਇਸ ਦਾ ਕੰਟਰੋਲ ਵੀ ਪੰਜਾਬ ਨੂੰ ਦਿੱਤਾ ਜਾਵੇ। ਪੰਜਾਬ ਅੰਦਰ ਜਿਥੇ ਕਈ ਸ਼ਹਿਰ ਇਸ ਦੀ ਮਾਰ ਹੇਠ ਆਏ ਹਨ, ਉਥੇ ਪੰਜਾਬ ਦੇ ਵੱਡੇ ਹਿੱਸੇ ਅੰਦਰ ਫਸਲਾਂ, ਸਬਜ਼ੀਆਂ ਅਤੇ ਹਰੇ ਚਾਰੇ ਦੇ ਮਾਰ ਹੇਠ ਆਉਣ ਕਾਰਨ ਪਸ਼ੂਆਂ ਦਾ ਵੱਡੀ ਪੱਧਰ 'ਤੇ ਨੁਕਸਾਨ ਹੋ ਰਿਹਾ ਹੈ। ਉਨ੍ਹਾਂ ਪੰਜਾਬ ਸਰਕਾਰ ਨੂੰ ਹੜ੍ਹਾਂ ਦੀ ਮਾਰ ਹੇਠ ਆਏ ਇਲਾਕਿਆਂ ਦੇ ਲੋਕਾਂ ਵਾਸਤੇ ਤੁਰੰਤ ਆਪਣੇ ਤੌਰ 'ਤੇ ਰਾਹਤ ਪੈਕੇਜ ਦਾ ਐਲਾਨ ਕਰਕੇ ਉਹਨੂੰ ਲੋਕਾਂ ਤੱਕ ਪਹੁੰਚਾਉਣਾ ਚਾਹੀਦਾ ਹੈ। ਕਿਸਾਨਾਂ ਨੂੰ ਨਵੇਂ ਸਿਰੇ ਤੋਂ ਆਪਣੀਆਂ ਫਸਲਾਂ ਦੀ ਬਿਜਾਈ ਕਰਨ ਲਈ ਖਾਦਾਂ ਅਤੇ ਬੀਜ ਦਾ ਪ੍ਰਬੰਧ ਕੀਤਾ ਜਾਵੇ ਅਤੇ ਸਹਿਕਾਰੀ ਅਤੇ ਕੋਆਪਰੇਟਿਵ ਬੈਂਕਾਂ ਦੇ ਕਰਜ਼ੇ ਦਾ ਵਿਆਜ ਤੁਰੰਤ ਮੁਆਫ ਕੀਤਾ ਜਾਵੇ।

ਇਸ ਮੌਕੇ ਕਿਸਾਨ ਸਭਾ ਦੇ ਸੂਬਾ ਮੀਤ ਪ੍ਰਧਾਨ ਕੁਲਵੰਤ ਸਿੰਘ ਮੌਲਵੀਵਾਲ, ਸੂਰਤ ਸਿੰਘ ਧਰਮਕੋਟ ਅਤੇ ਲਖਬੀਰ ਸਿੰਘ ਨਿਜ਼ਾਮਪੁਰ ਵੀ ਹਾਜ਼ਰ ਸਨ।

## ਮੁਸਲਿਮ ਆਗੂਆਂ ਦੀ ਜਥੇਦਾਰ ਨਾਲ ਮੁਲਾਕਾਤ



**ਅੰਮ੍ਰਿਤਸਰ** : ਆਲ ਇੰਡੀਆ ਮੁਸਲਿਮ ਪਰਸਨਲ ਲਾਅ ਬੋਰਡ ਦੇ ਨਵੀਂ ਦਿੱਲੀ ਤੋਂ ਆਏ ਵਫਦ ਨੇ ਇੱਥੇ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨਾਲ ਮੁਲਾਕਾਤ ਕੀਤੀ। ਵਫਦ 'ਚ ਬੋਰਡ ਦੇ ਤਰਜਮਾਨ ਕਾਸਿਮ ਰਸੂਲ ਇਲਯਾਸ ਅਤੇ ਕਾਰਜਕਾਰਨੀ ਮੈਂਬਰ ਇੰਜੀਨੀਅਰ ਮੁਹੰਮਦ ਸਲੀਮ, ਕਮਾਲ ਫਾਰੂਕੀ ਅਤੇ ਅਬਦੁਸ਼ ਸ਼ਕੂਰ ਮਾਲੇਰਕੋਟਲਾ ਸ਼ਾਮਲ ਸਨ। ਜਨਾਬ ਸ਼ਕੂਰ ਨੇ ਦੱਸਿਆ ਕਿ ਵਫਦ ਦੀ ਜਥੇਦਾਰ ਗਿਆਨੀ ਰਘਬੀਰ ਸਿੰਘ ਨਾਲ ਬੈਠਕ 'ਚ ਕੇਂਦਰ ਸਰਕਾਰ ਵੱਲੋਂ ਪ੍ਰਸਤਾਵਤ ਸਾਂਝੇ ਸਿਵਲ ਕੋਡ (ਯੂ ਸੀ ਸੀ) ਦੇ ਲਾਗੂ ਹੋਣ ਮਗਰੋਂ ਧਾਰਮਕ ਤੇ ਹੋਰ ਘੱਟ ਗਿਣਤੀਆਂ 'ਤੇ ਪੈਣ ਵਾਲੇ ਪ੍ਰਭਾਵ 'ਤੇ ਵਿਸਥਾਰਤ ਚਰਚਾ ਕੀਤੀ ਗਈ। ਦੇਸ਼ ਦੇ ਸਿਆਸੀ ਵਾਤਾਵਰਨ 'ਤੇ ਵੀ ਗੱਲਬਾਤ ਹੋਈ। ਜਥੇਦਾਰ ਨੇ ਯੂ ਸੀ ਸੀ ਖਰੜਾ ਸਾਹਮਣੇ ਆਉਣ ਮਗਰੋਂ ਇਸ ਦਾ ਵਿਰੋਧ ਕਰਨ ਦੇ ਸੰਕੇਤ ਦਿੱਤੇ ਅਤੇ ਜੇ ਲੋੜ ਪਈ ਤਾਂ ਸਾਂਝੀ ਨੀਤੀ ਵੀ ਬਣਾਈ ਜਾ ਸਕਦੀ ਹੈ।

## ਉਮਰ ਬਿਨਾਂ ਐਸਕਾਰਟ ਦੇ ਪਾਰਟੀ ਦਫਤਰ ਪੁੱਜੇ



**ਸ੍ਰੀਨਗਰ** : ਜੰਮੂ-ਕਸ਼ਮੀਰ ਦੇ ਸਾਬਕਾ ਮੁੱਖ ਮੰਤਰੀ ਉਮਰ ਅਬਦੁੱਲਾ ਵੀਰਵਾਰ ਪਾਰਟੀ ਦਫਤਰ ਪਹੁੰਚਣ ਲਈ ਆਪਣੇ ਘਰ ਤੋਂ ਪੈਦਲ ਨਿਕਲੇ, ਕਿਉਂਕਿ ਪੁਲਸ ਵੱਲੋਂ ਕਥਿਤ ਤੌਰ 'ਤੇ ਉਨ੍ਹਾ ਨੂੰ ਐਸਕਾਰਟ ਵਾਹਨ ਦੇਣ ਅਤੇ ਆਈ ਟੀ ਬੀ ਪੀ ਸੁਰੱਖਿਆ ਤੋਂ ਇਨਕਾਰ ਕਰ ਦਿੱਤਾ ਗਿਆ। ਨੈਸ਼ਨਲ ਕਾਨਫਰੰਸ ਦੇ ਉਪ ਪ੍ਰਧਾਨ ਅਬਦੁੱਲਾ ਨੇ 13 ਜੁਲਾਈ 1931 ਨੂੰ ਡੋਗਰਾ ਸ਼ਾਸਕ ਦੀ ਫੌਜ ਵੱਲੋਂ ਮਾਰੇ 22 ਕਸ਼ਮੀਰੀਆਂ ਨੂੰ ਸ਼ਰਧਾਂਜਲੀ ਦੇਣ ਲਈ ਪਾਰਟੀ ਦੇ ਮੁੱਖ ਦਫਤਰ ਨਵਾ-ਏ-ਸੁਬ੍ਹਾ ਵਿਖੇ ਸਮਾਗਮ ਨੂੰ ਸੰਬੋਧਨ ਕਰਨਾ ਸੀ।

## ਅੱਜ-ਨਾਮਾ

ਪਾਣੀ ਹੜ੍ਹਾਂ ਦਾ ਆਇਆ ਨਾ ਅਜੇ ਕਾਬੂ,
ਪਿਆ ਹੈ ਲੱਗਾ ਸਰਕਾਰ ਦਾ ਜ਼ੋਰ ਬੇਲੀ।
ਇੱਕ ਥਾਂ ਕੀਤਾ ਕੋਈ ਜਦੋਂ ਪ੍ਰਬੰਧ ਜਾਂਦਾ,
ਇਲਾਕਾ ਫਸ ਜਾਂਦਾ ਏ ਕੋਈ ਹੋਰ ਬੇਲੀ।
ਤਸੱਲੀ ਹੁੰਦੀ ਆ ਘੱਟ ਸਰਕਾਰ ਉੱਪਰ,
ਹਮੇਸ਼ਾ ਪਵੇ ਨਾਲਾਇਕੀ ਦਾ ਸ਼ੋਰ ਬੇਲੀ।
ਰੰਗ ਤਾਂ ਉਂਜ ਇਹ ਮਿੱਤਰੋ ਕੁਦਰਤੀ ਹੈ,
ਜੀਹਦੀ ਸੋਚਣੀ ਮੁਸ਼ਕਲ ਆ ਤੋਰ ਬੇਲੀ।
ਫਿਰ ਵੀ ਸਾਹਮਣੇ ਖੜ੍ਹੀ ਸਰਕਾਰ ਦੀਂਹਦੀ,
ਲੋਕਾਂ ਆਪ ਸੌਂਪੀ ਆ ਜੀਹਨੂੰ ਵਾਗ ਬੇਲੀ।
ਜੋ ਕੁਝ ਲੋੜ ਆ ਉਹਦੇ ਤੋਂ ਮੰਗਣਗੇ ਹੀ,
ਗਾਇਆ ਜਾਂਦਾ ਨਾ ਕੁਦਰਤੀ ਰਾਗ ਬੇਲੀ।

-ਤੀਸ ਮਾਰ ਖਾਂ

## ਹਿਮਾਚਲ 'ਚ ਰੁੜ੍ਹੀ ਬੱਸ ਦੇ ਡਰਾਈਵਰ ਤੇ ਕੰਡਕਟਰ ਦੇ ਵਾਰਸਾਂ ਨੂੰ ਫੌਰੀ ਮੁਆਵਜ਼ੇ ਤੇ ਨੌਕਰੀ ਦੀ ਮੰਗ



**ਪਟਿਆਲਾ** : ਵੀਰਵਾਰ ਪੀ ਆਰ ਟੀ ਸੀ ਵਿੱਚ ਕੰਮ ਕਰਦੀਆਂ ਛੇ ਜਥੇਬੰਦੀਆਂ ਸੰਬੰਧਤ ਏਟਕ, ਇੰਟਕ, ਕਰਮਚਾਰੀ ਦਲ, ਐੱਸ ਸੀ/ ਬੀ ਸੀ, ਸੀਟੂ ਅਤੇ ਰਿਟਾਇਰਡ ਵਰਕਰਜ਼ ਭਾਈਚਾਰਾ ਯੂਨੀਅਨ ਦੀ ਸਾਂਝੀ ਐਕਸ਼ਨ ਕਮੇਟੀ ਦੀ ਹੰਗਾਮੀ ਮੀਟਿੰਗ ਹੋਈ। ਇਸ ਵਿੱਚ ਹਿਮਾਚਲ ਪ੍ਰਦੇਸ਼ ਵਿੱਚ ਦਰਿਆ ਵਿੱਚ ਚੰਡੀਗੜ੍ਹ ਡਿਪੂ ਦੀ ਬੱਸ ਰੁੜ੍ਹ ਜਾਣ ਕਾਰਨ ਡਰਾਈਵਰ ਅਤੇ ਕੰਡਕਟਰ ਦੀ ਹੋਈ ਮੌਤ ਦੇ ਸੰਬੰਧ ਵਿੱਚ ਵਿਚਾਰ-ਵਟਾਂਦਰਾ ਕੀਤਾ ਗਿਆ। ਐਕਸ਼ਨ ਕਮੇਟੀ ਦੇ ਕਨਵੀਨਰ ਨਿਰਮਲ ਸਿੰਘ ਧਾਲੀਵਾਲ ਅਤੇ ਮੈਂਬਰਾਂ ਬਲਦੇਵ ਰਾਜ, ਜਰਨੈਲ ਸਿੰਘ, ਨਸੀਬ ਚੰਦ, ਤਰਸੇਮ ਸਿੰਘ ਅਤੇ ਰਮੇਸ਼ ਕੁਮਾਰ ਨੇ ਦੱਸਿਆ ਕਿ ਪੀ ਆਰ ਟੀ ਸੀ ਚੰਡੀਗੜ੍ਹ ਡਿਪੂ ਦੀ 9 ਜੁਲਾਈ ਨੂੰ ਮਨਾਲੀ ਲਈ ਰਵਾਨਾ ਹੋਈ ਬੱਸ ਹਿਮਾਚਲ ਪ੍ਰਦੇਸ਼ ਦੇ ਸ਼ਹਿਰ ਮੰਡੀ ਅਤੇ ਪੰਡੋਹ ਡੈਮ ਦੇ ਵਿਚਕਾਰ ਕਿਸੇ ਜਗ੍ਹਾ 'ਤੇ ਦਰਿਆ ਵਿਚ ਰੁੜ੍ਹ ਕੇ ਘਟਨਾਗ੍ਰਸਤ ਹੋ ਗਈ। ਇਸ ਘਟਨਾ ਵਿੱਚ ਡਰਾਈਵਰ-ਕੰਡਕਟਰ ਦੀਆਂ ਡੁੱਬ ਜਾਣ ਨਾਲ ਹੋਈਆਂ ਮੌਤਾਂ ਵਿਚੋਂ ਭਾਵੇਂ ਅਜੇ ਡਰਾਈਵਰ ਸਤਿਗੁਰ ਸਿੰਘ ਦੀ ਮੌਤ ਦੀ ਪੁਸ਼ਟੀ ਹੋਈ ਹੈ, ਪਰ ਕੰਡਕਟਰ ਜਗਸੀਰ ਸਿੰਘ ਦਾ ਅਜੇ ਤੱਕ ਕੁਝ ਪਤਾ ਨਹੀਂ ਲੱਗ ਸਕਿਆ, ਖਦਸ਼ਾ ਇਹੀ ਹੈ ਕਿ ਉਹ ਵੀ ਬਚ ਨਹੀਂ ਸਕਿਆ ਹੋਵੇਗਾ, ਕਿਉਂਕਿ ਉਸ ਨਾਲ ਕੋਈ ਸੰਪਰਕ ਨਹੀਂ ਹੋ ਰਿਹਾ। ਐਕਸ਼ਨ ਕਮੇਟੀ ਦੇ ਆਗੂਆਂ ਨੇ ਇਸ ਘਟਨਾ 'ਤੇ ਡੂੰਘਾ ਦੁੱਖ ਅਤੇ ਅਫਸੋਸ ਪ੍ਰਗਟ ਕਰਦਿਆਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਕੰਡਕਟਰ ਜਗਸੀਰ ਸਿੰਘ ਦਾ ਪਤਾ ਲਾਉਣ ਲਈ ਹਰ ਤਰ੍ਹਾਂ ਦੇ ਸੰਭਵ ਯਤਨ ਕੀਤੇ ਜਾਣ ਅਤੇ ਮ੍ਰਿਤਕ ਸਤਿਗੁਰ ਸਿੰਘ ਦੇ ਪਰਵਾਰ ਨੂੰ 50 ਲੱਖ ਰੁਪਏ ਦਾ ਤੁਰੰਤ ਮੁਆਵਜ਼ਾ ਦਿੱਤਾ ਜਾਵੇ, ਪਰਵਾਰ ਦੇ ਇੱਕ ਮੈਂਬਰ ਨੂੰ ਪੱਕੀ ਸਰਕਾਰੀ ਨੌਕਰੀ ਦਿੱਤੀ ਜਾਵੇ ਅਤੇ ਮ੍ਰਿਤਕ ਦੇ ਆਸ਼ਰਤਾਂ ਨੂੰ ਫੈਮਲੀ ਪੈਨਸ਼ਨ ਦਿੱਤੀ ਜਾਵੇ, ਕਿਉਂਕਿ ਐਕਸ਼ਨ ਕਮੇਟੀ ਸਮਝਦੀ ਹੈ ਕਿ ਹੜ੍ਹਾਂ ਕਾਰਨ ਬਣੇ ਖਤਰਨਾਕ ਹਾਲਤਾਂ ਵਿੱਚ ਜਿਹੜੇ ਡਰਾਈਵਰ-ਕੰਡਕਟਰ ਆਪਣੀ ਜਾਨ ਜੋਖਮ ਵਿੱਚ ਪਾ ਕੇ ਆਪਣੀ ਡਿਊਟੀ ਕਰਨ ਦਾ ਫਰਜ਼ ਨਿਭਾ ਰਹੇ ਸਨ, ਉਹਨਾਂ ਦੀ ਕੁਰਬਾਨੀ ਕੋਈ ਛੋਟੀ ਕੁਰਬਾਨੀ ਨਹੀਂ। ਇਸ ਕਰਕੇ ਸਰਕਾਰ ਵੱਲੋਂ ਤੁਰੰਤ ਮੁਆਵਜੇ ਸਮੇਤ ਪਰਵਾਰ ਲਈ ਦੂਸਰੀਆਂ ਸਹੂਲਤਾਂ ਦਾ ਬਿਨਾਂ ਦੇਰੀ ਐਲਾਨ ਹੋਣਾ ਚਾਹੀਦਾ ਹੈ। ਐਕਸ਼ਨ ਕਮੇਟੀ ਵਲੋਂ ਪੀ ਆਰ ਟੀ ਸੀ ਦੀ ਮੈਨੇਜਮੈਂਟ ਨੂੰ ਕਿਹਾ ਗਿਆ ਕਿ ਮ੍ਰਿਤਕ ਦੇ ਪਰਵਾਰ ਦੀ ਹਰ ਸੰਭਵ ਮਦਦ ਕੀਤੀ ਜਾਵੇ ਅਤੇ ਵਰਕਰਾਂ ਦੀ ਸੇਫਟੀ ਦੇ ਪੁਖਤਾ ਪ੍ਰਬੰਧ ਵੀ ਹੋਣੇ ਚਾਹੀਦੇ ਹਨ।

## ਭਾਰਤ ਸਰਕਾਰ ਮਨੀਪੁਰ 'ਚ ਹਿੰਸਾ ਰੋਕਣ ਤੇ ਧਾਰਮਕ ਘੱਟ ਗਿਣਤੀਆਂ ਦੀ ਰਾਖੀ ਲਈ ਤੁਰੰਤ ਕਦਮ ਚੁੱਕੇ : ਯੂਰਪੀਅਨ ਪਾਰਲੀਮੈਂਟ

**ਲੰਡਨ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਰਾਜਕੀ ਦੌਰੇ 'ਤੇ ਪੈਰਿਸ ਪੁੱਜਣ ਤੋਂ ਕੁਝ ਸਮਾਂ ਪਹਿਲਾਂ ਯੂਰਪੀਅਨ ਪਾਰਲੀਮੈਂਟ (ਈ ਪੀ) ਨੇ ਇਕ ਹੋਰ ਫਰਾਂਸੀਸੀ ਸ਼ਹਿਰ ਸਟਰਾਸਬੋਰਗ 'ਚ ਭਾਰਤ ਸਰਕਾਰ 'ਤੇ ਜ਼ੋਰ ਦਿੱਤਾ ਕਿ ਉਹ ਮਨੀਪੁਰ 'ਚ ਹਿੰਸਾ ਨੂੰ ਰੋਕਣ ਤੇ ਧਾਰਮਕ ਘੱਟ ਗਿਣਤੀਆਂ ਦੀ ਰਾਖੀ ਕਰਨ ਲਈ ਤੁਰੰਤ ਕਦਮ ਚੁੱਕੇ। ਇਸ ਸੰਬੰਧੀ ਮਤਾ ਹੱਥ ਖੜ੍ਹੇ ਕਰਕੇ ਪਾਸ ਕੀਤਾ ਗਿਆ। ਮਨੀਪੁਰ 'ਚ 3 ਮਈ ਤੋਂ ਜਾਰੀ ਹਿੰਸਾ ਵਿਚ 142 ਲੋਕ ਮਾਰੇ ਜਾ ਚੁੱਕੇ ਹਨ ਤੇ 54 ਹਜ਼ਾਰ ਬੇਘਰ ਹੋ ਚੁੱਕੇ ਹਨ। ਭਾਰਤੀ ਵਿਦੇਸ਼ ਸਕੱਤਰ ਵਿਨੇ ਕਵਾਤੜਾ ਨੇ ਬੁੱਧਵਾਰ ਕਿਹਾ ਸੀ ਕਿ ਮਨੀਪੁਰ ਦੀ ਸਥਿਤੀ ਪੂਰੀ ਤਰ੍ਹਾਂ ਭਾਰਤ ਦਾ ਅੰਦਰੂਨੀ ਮਾਮਲਾ ਹੈ ਤੇ ਯੂਰਪੀਅਨ ਪਾਰਲੀਮੈਂਟ ਵਿਚ ਬਹਿਸ ਨੂੰ ਉਹ ਰੱਦ ਕਰਦੇ ਹਨ।

ਯੂਰਪੀਅਨ ਪਾਰਲੀਮੈਂਟ ਵਿਚ ਛੇ ਸੰਸਦੀ ਦਲਾਂ ਨੇ ਮਤਾ ਪੇਸ਼ ਕਰਕੇ ਮਨੀਪੁਰ ਹਿੰਸਾ ਲਈ ਮੋਦੀ ਸਰਕਾਰ ਤੇ ਉਨ੍ਹਾ ਦੀ ਪਾਰਟੀ ਭਾਜਪਾ ਦੀ ਅਲੋਚਨਾ ਕੀਤੀ ਸੀ। ਮਤੇ ਵਿਚ ਯੂਰਪੀਅਨ ਯੂਨੀਅਨ ਦੇ ਵੱਡੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਕਿ ਉਹ ਸਥਿਤੀ 'ਚ ਸੁਧਾਰ ਲਈ ਭਾਰਤ ਸਰਕਾਰ ਨਾਲ ਗੱਲ ਕਰਨ। ਮਤਾ ਕਹਿੰਦਾ ਹੈ—ਹਿੰਦੂ ਬਹੁਗਿਣਤੀਵਾਦ ਨੂੰ ਬੜ੍ਹਾਵਾ ਦੇਣ ਵਾਲੀ ਸਿਆਸਤ ਤੋਂ ਪ੍ਰੇਰਤ ਵੰਡਪਾਊ ਨੀਤੀਆਂ ਤੇ ਅੱਤਵਾਦੀ ਗਰੁੱਪਾਂ ਦੀਆਂ ਸਰਗਰਮੀਆਂ 'ਚ ਵਾਧੇ ਨੂੰ ਲੈ ਕੇ ਅਸੀਂ ਚਿੰਤਤ ਹਾਂ।

ਮਤੇ ਵਿਚ ਸੂਬੇ 'ਚ ਕਰਫਿਊ ਲਾਉਣ ਤੇ ਇੰਟਰਨੈੱਟ 'ਤੇ ਰੋਕ ਲਾਉਣ ਦੇ ਸੂਬਾ ਸਰਕਾਰ ਦੇ ਫੈਸਲੇ ਦੀ ਅਲੋਚਨਾ ਕਰਦਿਆਂ ਕਿਹਾ ਗਿਆ ਕਿ ਇਸ ਨਾਲ ਮੀਡੀਆ ਤੇ ਸਿਵਲ ਸੁਸਾਇਟੀਆਂ ਦੇ ਗਰੁੱਪ ਹਿੰਸਾ ਦੀ ਸਹੀ ਸੂਚਨਾ ਨਹੀਂ ਹਾਸਲ ਕਰ ਪਾ ਰਹੇ ਤੇ ਉਨ੍ਹਾਂ ਵੱਲੋਂ ਇਸ ਦੀ ਰਿਪੋਰਟ ਕਰਨ 'ਚ ਅੜਿੱਕੇ ਪੈ ਰਹੇ ਹਨ।

ਮਤੇ ਵਿਚ ਕਿਹਾ ਗਿਆ ਹੈ ਕਿ ਭਾਰਤ ਸਰਕਾਰ ਸੰਯੁਕਤ ਰਾਸ਼ਟਰ ਦੀਆਂ ਸਿਫਾਰਸ਼ਾਂ ਨੂੰ ਮੰਨਦੇ ਹੋਏ ਆਰਮਡ ਫੋਰਸਿਜ਼ ਸਪੈਸ਼ਲ ਪਾਵਰਜ਼ ਐਕਟ ਨੂੰ ਰੱਦ ਕਰੇ ਤੇ ਸੁਰੱਖਿਆ ਬਲਾਂ ਵੱਲੋਂ ਤਾਕਤ ਦੀ ਵਰਤੋਂ ਬਾਰੇ ਸੰਯੁਕਤ ਰਾਸ਼ਟਰ ਦੇ ਬੁਨਿਆਦੀ ਸਿਧਾਂਤਾਂ ਦੀ ਪਾਲਣਾ ਯਕੀਨੀ ਬਣਾਏ।

ਮਤੇ ਵਿਚ ਇਹ ਵੀ ਕਿਹਾ ਗਿਆ ਕਿ ਹਾਲੀਆ ਸਾਲਾਂ ਵਿਚ ਭਾਰਤ 'ਚ ਧਾਰਮਕ ਆਜ਼ਾਦੀ 'ਚ ਗਿਰਾਵਟ ਆਈ ਹੈ। ਵਿਤਕਰੇ ਵਾਲੇ ਕਾਨੂੰਨਾਂ ਨੂੰ ਬੜ੍ਹਾਵਾ ਦਿੱਤਾ ਜਾ ਰਿਹਾ ਹੈ ਤੇ ਲਾਗੂ ਕੀਤਾ ਜਾ ਰਿਹਾ ਹੈ, ਜੋ ਈਸਾਈ, ਮੁਸਲਿਮ, ਸਿੱਖ ਤੇ ਆਦਿਵਾਸੀ ਭਾਈਚਾਰਿਆਂ 'ਤੇ ਨਾਂਹਪੱਖੀ ਅਸਰ ਪਾਉਂਦੇ ਹਨ।

CMYK

## ਕੈਪਟਨ ਪੂਰਨ ਸਿੰਘ ਦੀ ਪੁਸਤਕ 'ਮੇਰੇ ਆਪਣੇ' ਲੋਕ ਅਰਪਿਤ



**ਜਗਰਾਉਂ (ਸੰਜੀਵ ਅਰੋੜਾ)**-ਉੱਘੇ ਲੇਖਕ ਤੇ ਸ਼ਾਇਰ ਕੈਪਟਨ ਪੂਰਨ ਗਗੜਾ ਦੀ ਪੁਸਤਕ 'ਮੇਰੇ ਆਪਣੇ' ਨੂੰ ਉੱਘੇ ਲੇਖਕ ਸਿੱਖ ਚਿੰਤਕ ਜਸਪਾਲ ਸਿੰਘ ਹੇਰਾਂ ਨੇ ਸਾਦੇ ਤੇ ਪ੍ਰਭਾਵਸ਼ਾਲੀ ਢੰਗ ਨਾਲ ਲੋਕ ਅਰਪਣ ਕੀਤਾ। ਇਸ ਮੌਕੇ ਸ੍ਰੀ ਹੇਰਾਂ ਨੇ ਕੈਪਟਨ ਪੂਰਨ ਸਿੰਘ ਵੱਲੋਂ ਦੇਸ਼ ਦੀਆਂ ਸਰਹੱਦਾਂ 'ਤੇ ਨਿਭਾਈਆਂ ਸ਼ਾਨਦਾਰ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਕੈਪਟਨ ਪੂਰਨ ਸਿੰਘ ਕੈਪਟਨ ਪੂਰਨ ਸਿੰਘ ਨੇ ਸੈਨਿਕ ਵਜੋਂ ਦੇਸ਼ ਦੀਆਂ ਸਰਹੱਦਾਂ 'ਤੇ ਸੇਵਾਵਾਂ ਨਿਭਾ ਕੇ ਦੇਸ਼ ਸੇਵਾ ਵਿੱਚ ਅਹਿਮ ਯੋਗਦਾਨ ਪਾਇਆ ਹੈ। ਉਨ੍ਹਾਂ ਤਸੱਲੀ ਪ੍ਰਗਟ ਕਰਦਿਆਂ ਕਿਹਾ ਕਿ ਅੱਜ ਸੇਵਾ ਮੁਕਤ ਹੋਣ ਮਗਰੋਂ ਵੀ ਕੈਪਟਨ ਪੂਰਨ ਸਿੰਘ ਕਲਮ ਦੀ ਤਾਕਤ ਨਾਲ ਸਮਾਜਿਕ ਬੁਰਾਈਆਂ ਖ਼ਿਲਾਫ਼ ਜੁਝਾਰੂ ਸੋਚ ਨਾਲ ਲਗਾਤਾਰ ਲੜ ਰਹੇ ਹਨ। ਇਸ ਮੌਕੇ ਸਰਬਜੀਤ ਸਿੰਘ ਭੱਟੀ ਤੇ ਕੁਲਦੀਪ ਸਿੰਘ ਲੋਹਟ ਨੇ ਕੈਪਟਨ ਪੂਰਨ ਸਿੰਘ ਦੀ ਕਲਮ ਨੂੰ ਦੱਬੇ ਕੁੱਚਲੇ ਲੋਕਾਂ ਦੀ ਅਵਾਜ਼ ਦੱਸਿਆ। ਇਸ ਮੌਕੇ ਕੈਪਟਨ ਪੂਰਨ ਸਿੰਘ ਨੇ 'ਮੇਰੇ ਆਪਣੇ' ਸਵੈ ਜੀਵਨੀ ਨੂੰ ਰਿਸ਼ਤਿਆਂ ਦੀ ਭਾਵੁਕਤਾ ਦਾ ਸੰਵੇਦਨਸ਼ੀਲ ਸੰਵਾਦ ਦੱਸਦਿਆਂ ਕਿਹਾ ਕਿ ਇਹ ਪੁਸਤਕ ਕਿਰਤੀ ਪਰਿਵਾਰ ਦੇ ਸੰਘਰਸ਼ ਦੀ ਕਰੁਣਾਮਈ ਗਾਥਾ ਹੈ। ਇਸ ਮੌਕੇ ਅਮਨਦੀਪ ਸਿੰਘ ਬਰਨਾਲਾ ਤੇ ਰਿਸ਼ਵਦੀਪ ਸਿੰਘ ਹੇਰਾਂ ਵੀ ਹਾਜ਼ਰ ਸਨ।

## ਲਖਵਿੰਦਰ ਸਿੰਘ ਸਿੱਧੂ ਨੂੰ ਮੁੜ ਜ਼ਿਲ੍ਹਾ ਦਿਹਾਤੀ ਪ੍ਰਧਾਨ ਬਣਨ 'ਤੇ ਵਧਾਈ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਲਖਵਿੰਦਰ ਸਿੰਘ ਸਿੱਧੂ ਨੂੰ ਦੂਜੀ ਵਾਰ ਯੂਥ ਕਾਂਗਰਸ ਜ਼ਿਲ੍ਹਾ ਬਠਿੰਡਾ (ਦਿਹਾਤੀ) ਦੇ ਪ੍ਰਧਾਨ ਬਣਨ 'ਤੇ ਯੂਥ ਕਾਂਗਰਸ ਨਥਾਣਾ ਦੇ ਜਰਨਲ ਸਕੱਤਰ ਕੁਲਵਿੰਦਰ ਸਿੰਘ ਲਹਿਰਾ ਮੁਹੱਬਤ, ਮਨੀ ਬਾਂਸਲ, ਗੁਰਜੀਤ ਸਿੰਘ, ਜਗਤਾਰ ਸਿੰਘ ਅਤੇ ਜਸਪ੍ਰੀਤ ਸਿੰਘ ਆਦਿ ਨੇ ਉਨ੍ਹਾਂ ਦੇ ਗ੍ਰਹਿ ਵਿਖੇ ਪਹੁੰਚ ਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਅਤੇ ਮੂੰਹ ਮਿਠਾ ਕਰਵਾਉਂਦੇ ਹੋਏ ਉਨ੍ਹਾਂ ਨੂੰ ਜ਼ਿਲ੍ਹਾ ਦਿਹਾਤੀ ਪ੍ਰਧਾਨ ਬਣਨ 'ਤੇ ਵਧਾਈ ਦਿੰਦਿਆਂ ਕਿਹਾ ਕਿ ਸਿੱਧੂ ਦੀ ਅਗਵਾਈ ਵਿੱਚ ਯੂਥ ਕਾਂਗਰਸ ਹੋਰ ਮਜ਼ਬੂਤ ਹੋਵੇਗੀ।

## ਕਾਕਾ ਬਰਾੜ ਵੱਲੋਂ 16ਵੇਂ ਰਾਜ ਪੱਧਰੀ ਪੁਰਸਕਾਰ ਸਮਾਗਮ ਤੇ ਵਿਰਾਸਤ ਮੇਲੇ ਸੰਬੰਧੀ ਪੋਸਟਰ ਜਾਰੀ



**ਮੁਕਤਸਰ (ਸ਼ਮਿੰਦਰਪਾਲ, ਪੂਜਾ)**-ਕਰ ਭਲਾ ਫਾਉਂਡੇਸ਼ਨ ਭਾਰਤ ਤੇ ਰਿਦਮ ਇੰਸੀਚਿਊਟ ਆਫ਼ ਪਰਫਾਰਮਿੰਗ ਆਰਟਸ ਕੋਟਕਪੂਰਾ ਰੋਡ ਸ੍ਰੀ ਮੁਕਤਸਰ ਸਾਹਿਬ ਵੱਲੋਂ ਸੰਸਥਾ ਦੇ ਬਾਨੀ ਚੇਅਰਮੈਨ ਬਾਈ ਭੋਲਾ ਯਮਲਾ (ਸਟੇਟ ਐਵਾਰਡੀ) ਦੀ ਯੋਗ ਅਗਵਾਈ ਹੇਠ 16ਵਾਂ ਐਸ ਟੀ ਏ ਰਾਜ ਪੱਧਰੀ ਰਾਜ ਪੁਰਸਕਾਰ ਸਮਾਰੋਹ ਤੇ ਵਿਰਾਸਤ ਮੇਲਾ 16 ਜੁਲਾਈ ਦਿਨ ਐਤਵਾਰ ਨੂੰ ਸਥਾਨਕ ਮੁਕਤੀਸਰ ਰਿਜ਼ੋਰਟ (ਮੁਕਤੀਸਰ ਗੈਸਟ ਹਾਊਸ) ਵਿਖੇ ਬੜੀ ਧੂਮਧਾਮ ਨਾਲ ਕਰਵਾਇਆ ਜਾ ਰਿਹਾ ਹੈ। ਇਸ ਸੰਬੰਧੀ ਪੋਸਟਰ ਸਮਾਗਮ ਦੀ ਪ੍ਰਧਾਨਗੀ ਕਰਨ ਜਾ ਰਹੇ ਸ੍ਰੀ ਮੁਕਤਸਰ ਸਾਹਿਬ ਦੇ ਹਲਕਾ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਤੇ ਕਰ ਭਲਾ ਫਾਉਂਡੇਸ਼ਨ ਇੰਡੀਆ ਦੇ ਕੌਮੀ ਪ੍ਰਧਾਨ ਸ੍ਰੀ ਬਾਈ ਭੋਲਾ ਯਮਲਾ ਹੋਰਾਂ ਨੇ ਆਪਣੇ ਕਰ ਕਮਲਾਂ ਨਾਲ ਜਾਰੀ ਕੀਤਾ। ਭੋਲਾ ਯਮਲਾ ਤੇ ਨਾਮਵਰ ਸੰਸਥਾ ਰਿਦਮ ਇੰਸਟੀਚਿਊਟ ਆਫ ਪਰਫੋਰਮਿੰਗ ਆਰਟਸ ਦੇ ਕਾਰਜਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਸਨਮਾਨ ਸਮਾਰੋਹ ਆਯੋਜਿਤ ਹੋਣੇ ਚਾਹੀਦੇ ਹਨ ਜਿਸ ਨਾਲ ਸਮਾਜ ਸੇਵੀਆਂ ਦਾ ਹੌਸਲਾ ਅਫਜ਼ਾਈ ਹੁੰਦੀ ਹੈ ਹੋਰ ਚੰਗਾ ਉਪਰਾਲਾ ਕਰਨ ਲਈ ਪ੍ਰੇਰਨਾ ਮਿਲਦੀ ਹੈ। ਇਸ ਮੌਕੇ ਉੱਘੇ ਗਾਇਕ ਮਾਸ਼ਾ ਅਲੀ, ਦਰਸ਼ਨਜੀਤ, ਬਲਕਾਰ ਸਿੱਧੂ, ਸੁਲਤਾਨਾ ਨੂਰਾਂ, ਮੁਹੰਮਦ ਇਰਸ਼ਾਦ, ਦਲਵਿੰਦਰ ਦਿਆਲਪੁਰੀ, ਮੋਹਿਤ ਮਲਹਾਰ, ਗੁਰਸੇਵਕ ਅਲੀ, ਮੰਗਲ ਮੰਗੀ ਯਮਲਾ, ਰਿਧਮਜੀਤ, ਗੁਰਮੀਤ ਸਿੰਘ ਤੇ ਭਿੰਦੇ ਸ਼ਾਹ ਰਾਜੋਵਾਲੀਆ, ਜਸਪ੍ਰੀਤ ਕੌਰ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ।

## ਲਾਇਨਜ਼ ਕਲੱਬ ਸਮਾਣਾ ਰਾਇਲ ਵੱਲੋਂ ਹੜ੍ਹ ਪੀੜਤਾਂ ਲਈ ਲੰਗਰ ਰਵਾਨਾ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਲਾਇਨਜ਼ ਕਲੱਬ ਸਮਾਣਾ ਰਾਇਲ ਦੀ ਟੀਮ ਵੱਲੋਂ ਪ੍ਰਧਾਨ ਜੀਵਨ ਗਰਗ ਦੀ ਅਗਵਾਈ ਹੇਠ ਫਲੱਡ ਰਿਲੀਫ ਕੈਂਪ ਲਗਾਇਆ ਗਿਆ, ਜਿਸ ਵਿੱਚ ਕਲੱਬ ਵੱਲੋਂ 500 ਖਾਣੇ ਦੇ ਪੈਕੇਟ ਤੇ ਪੀਣ ਵਾਲੇ ਪਾਣੀ ਦੀਆਂ ਬੋਤਲਾਂ ਹੜ ਪੀੜਤਾਂ ਲਈ ਭੇਜੇ ਗਏ। ਇਸ ਸਹਾਇਤਾ ਵਿੱਚ ਰੋਹਿਤ ਬਾਂਸਲ ਤੇ ਅਜੇ ਬਾਂਸਲ ਤੇ ਪੀ ਐਨ ਬੀ ਬੈਂਕ ਵਾਲੇ ਲਵਲੀ ਗੋਇਲ ਨੇ ਆਪਣਾ ਬਹੁਮੁੱਲਾ ਯੋਗਦਾਨ ਪਾਇਆ। ਇਸ ਮੌਕੇ ਐਸ ਡੀ ਐਮ ਸਮਾਣਾ ਚਰਨਜੀਤ ਸਿੰਘ, ਤਹਿਸੀਲਦਾਰ ਲਾਰਸਨ ਸਿੰਗਲਾ, ਏ ਐਫ ਐਸ ਓ ਨਿਖਿਲ ਵਾਲੀਆ ਆਦਿ ਵੀ ਹਾਜ਼ਰ ਰਹੇ। ਉਨ੍ਹਾਂ ਕਲੱਬ ਦੇ ਸਾਰੇ ਮੈਂਬਰਾਂ ਦਾ ਧੰਨਵਾਦ ਕਰਦੇ ਹੋਏ ਦੱਸਿਆ ਕਿ ਲਾਇਨਜ਼ ਕਲੱਬ ਰੋਇਲ ਦੇ ਮੈਂਬਰ ਹਮੇਸ਼ਾ ਹੀ ਸਮਾਜ ਸੇਵਾ ਲਈ ਅੱਗੇ ਰਹਿੰਦੇ ਹਨ। ਇਸ ਵਾਰ ਵੀ ਸੰਸਥਾ ਨੇ ਆਪਣੇ ਵੱਲੋਂ ਸਾਨੂੰ ਖੁਦ ਬੁਲਾ ਕੇ ਇਸ ਤਰਾਸਦੀ ਵਿੱਚ ਆਪਣਾ ਪੂਰਾ ਸਹਿਯੋਗ ਦਿੱਤਾ ਹੈ। ਉਨ੍ਹਾਂ ਦੱਸਿਆ ਪੰਜਾਬ ਸਰਕਾਰ ਹੜ੍ਹ ਪੀੜਤਾਂ ਦੀ ਹਰ ਤਰ੍ਹਾਂ ਦੀ ਮਦਦ ਕਰ ਰਹੀ ਹੈ। ਇਸ ਮੌਕੇ ਕਲੱਬ ਪ੍ਰਧਾਨ ਜੀਵਨ ਗਰਗ ਦੇ ਨਾਲ ਨਾਲ ਡਿਸਟ੍ਰਿਕਟ ਮੀਡੀਆ ਇੰਚਾਰਜ ਜਹਾਵਰ ਲਾਲ ਗੋਇਲ, ਕਲੱਬ ਸੈਕਟਰੀ ਰੋਹਿਤ ਗੋਇਲ ਕੁਲਾਰਾਂ, ਕੈਸ਼ੀਅਰ ਰੋਹਿਤ ਗਰਗ, ਮੈਂਬਰ ਵਿਕਾਸ ਵਰਮਾ, ਜਤਿੰਦਰ ਧੀਮਾਨ, ਕੇਵਲ ਕ੍ਰਿਸ਼ਨ ਗਰਗ ਅਤੇ ਪੁਨੀਤ ਸਿੰਗਲਾ ਪਿੰਕੂ ਆਦਿ ਵੀ ਮੌਜੂਦ ਰਹੇ।

## ਗੁਰੂ ਹਰਿਕ੍ਰਿਸ਼ਨ ਸਾਹਿਬ ਦੇ ਪ੍ਰਕਾਸ਼ ਦਿਹਾੜੇ 'ਤੇ ਹਸਪਤਾਲਾਂ 'ਚ ਮਰੀਜ਼ਾਂ ਨੂੰ ਫਲ ਵੰਡੇ



**ਜਲਾਲਾਬਾਦ (ਜੀਤ ਕੁਮਾਰ)**-ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਜਲਾਲਾਬਾਦ ਵਿਖੇ ਧੰਨ-ਧੰਨ ਸਾਹਿਬ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸੇਵਾ ਦਿਵਸ ਰੂਪ ਵਿਚ ਜਲਾਲਾਬਾਦ ਦੇ ਸਮੂਹ ਹਸਪਤਾਲਾਂ ਵਿਚ ਮਰੀਜ਼ਾਂ ਦੀ ਸਿਹਤਯਾਬੀ ਲਈ ਅਰਦਾਸ ਬੇਨਤੀ ਕੀਤੀ ਗਈ ਅਤੇ ਸ੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਦੀਆਂ ਸਿੱਖਿਆਵਾਂ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਮਰੀਜਾਂ ਨੂੰ ਫਲ-ਫਰੂਟ ਨਾਲ ਸੇਵਾ ਕੀਤੀ ਗਈ। ਇਹ ਸੇਵਾ ਕਾਰਜ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਦੀ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਸ਼ੇਰ ਸਿੰਘ ਅਤੇ ਪ੍ਰਧਾਨ ਪ੍ਰਤਾਪ ਸਿੰਘ ਖਾਲਸਾ ਦੀ ਅਗਵਾਈ ਹੇਠ ਕੀਤਾ ਗਿਆ। ਇਸ ਮੌਕੇ ਸੇਵਾਦਾਰ ਸੰਪੂਰਨ ਸਿੰਘ ਕਮਰਾ, ਚਰਨਜੀਤ ਸਿੰਘ ਲਾਡੀ ਦਰਗਨ, ਮੀਤ ਗ੍ਰੰਥੀ ਸਰਬਜੋਤ ਸਿੰਘ, ਜਤਿੰਦਰ ਸਿੰਘ ਮਿੱਠੂ, ਗੁਰਦੀਪ ਸਿੰਘ ਤਨੇਜਾ, ਗੁਰਵਿੰਦਰ ਸਿੰਘ ਖਾਲਸਾ, ਇੰਦਰਜੀਤ ਸਿੰਘ ਬੱਬਰ, ਗੁਰਪ੍ਰੀਤ ਸਿੰਘ ਸੋਨੀ, ਅਜੀਤ ਸਿੰਘ ਮੁਜਰਾਲ, ਵਿਜੇ ਸਿੰਘ ਚੋਪੜਾ, ਜਸਵਿੰਦਰ ਸਿੰਘ ਜੱਸਾ ਧਮੀਜਾ, ਜੋਤੂ ਤਿੰਨਾ, ਸੁਖਪ੍ਰੀਤ ਸਿੰਘ ਖੁਰਾਣਾ, ਪਿੰਕੂ ਕਾਲੜਾ, ਗੋਲਡਨ ਬੱਬਰ, ਰਿਤੂ ਕਾਲੜਾ, ਗੋਬਿੰਦ ਮਦਾਨ ਅਤੇ ਲਿਵਿੰਗ ਫਾਊਂਡੇਸ਼ਨ ਵੱਲੋਂ ਵਿਸ਼ੇਸ਼ ਰੂਪ ਵਿਚ ਪਰਵਿੰਦਰ ਸਿੰਘ ਲਾਲਚੀਆ, ਮਾਨ ਸਿੰਘ ਸੋਢੀ ਅਤੇ ਜਗਤਾਰ ਸਿੰਘ ਗਜਨੀਵਾਲਾ ਵੀ ਸ਼ਾਮਲ ਹੋਏ। ਜਿਨ੍ਹਾਂ ਜਲਾਲਾਬਾਦ ਦੇ ਵੱਖ ਵੱਖ ਹਸਪਤਾਲਾਂ ਵਿਚ ਜਾ ਕੇ ਜ਼ੇਰੇ ਇਲਾਜ ਮਰੀਜ਼ਾਂ ਨੂੰ ਹੌਸਲਾ ਦਿੰਦਿਆਂ ਕਿਹਾ ਕਿ ਕਿਸੇ ਦੁੱਖ ਨਾਲ ਲੜਨ ਲਈ ਗੁਰੂ ਦਾ ਨਾਮ ਹੀ ਹਰ ਤਰ੍ਹਾਂ ਦੀਆਂ ਬਿਮਾਰੀਆਂ, ਚਾਹੇ ਮਾਨਸਿਕ, ਚਾਹੇ ਸਰੀਰਕ ਹੈ ਨੂੰ ਦੂਰ ਕਰਨ ਵਿਚ ਸਹਾਇਤਾ ਕਰਦਾ ਹੈ।

## ਲਾਇਨਜ਼ ਕਲੱਬ ਨੇ ਹੜ੍ਹ ਪੀੜਤਾਂ ਲਈ ਖਾਣਾ ਤੇ ਪਾਣੀ ਦੀਆਂ ਬੋਤਲਾਂ ਭੇਜੀਆਂ




**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਲਾਇਨਜ਼ ਕਲੱਬ ਸਮਾਣਾ ਦੇ ਪ੍ਰਧਾਨ ਸੰਜੂ ਕੁਮਾਰ, ਸੈਕਟਰੀ ਸਿਧਾਰਥ ਗਰਗ, ਕੈਸ਼ੀਅਰ ਪ੍ਰਦੀਪ ਗੁਪਤਾ ਤੇ ਰਕੇਸ਼ ਗਰਗ ਦੀ ਅਗਵਾਈ ਹੇਠ ਪਾਣੀ 'ਚ ਫਸੇ ਲੋਕਾਂ ਲਈ ਕਲੱਬ ਵੱਲੋਂ 500 ਖਾਣੇ ਦੇ ਪੈਕੇਟ ਤੇ ਪੀਣ ਵਾਲੇ ਪਾਣੀ ਦੀਆਂ 500 ਬੋਤਲਾਂ ਭੇਜੇ ਗਏ। ਇਸ ਮੌਕੇ ਸੰਜੀਵ ਕੌਸ਼ਿਕ, ਮਹਿੰਦਰ ਸਿੰਘ ਧੀਮਾਨ, ਅਸ਼ੋਕ ਕੁਮਾਰ ਛੋਕੀ ਤੋਂ ਇਲਾਵਾ ਹੋਰਨਾਂ ਮੈਂਬਰਾਂ ਵੱਲੋਂ ਸਮਾਣਾ ਦੇ ਤਹਿਸੀਲਦਾਰ ਲਾਰਸਨ ਸਿੰਗਲਾ ਨੂੰ ਹੜ੍ਹ ਪੀੜਤਾਂ ਲਈ ਦਿੱਤਾ ਗਿਆ। ਇਸ ਮੌਕੇ ਤਹਿਸੀਲਦਾਰ ਲਾਰਸਣ ਸਿੰਗਲਾ ਨੇ ਕਲੱਬ ਦੇ ਸਾਰੇ ਮੈਂਬਰਾਂ ਦਾ ਧੰਨਵਾਦ ਕਰਦੇ ਹੋਏ ਦੱਸਿਆ ਕਿ ਲਾਇਨਜ਼ ਕਲੱਬ ਸਮਾਣਾ ਹਮੇਸ਼ਾ ਹੀ ਸਮਾਜ ਸੇਵਾ ਲਈ ਅੱਗੇ ਰਹਿੰਦੇ ਹਨ। ਇਸ ਬਾਰ ਵੀ ਸੰਸਥਾ ਨੇ ਆਪਣੇ ਵੱਲੋਂ ਸਾਨੂੰ ਖੁਦ ਬੁਲਾ ਕੇ ਇਸ ਤਰਾਸਦੀ 'ਚ ਅਪਣਾ ਪੂਰਾ ਸਹਿਯੋਗ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੀ ਹੜ੍ਹ ਪੀੜਤਾਂ ਦੀ ਹਰ ਤਰ੍ਹਾਂ ਦੀ ਮਦਦ ਕਰ ਰਹੀ ਹੈ।

# ਬਾਰਿਸ਼ ਕਾਰਨ ਬੇਟੂ ਕਦੀਮ ਵਿਖੇ ਗਰੀਬ ਪਰਵਾਰ ਦਾ ਮਕਾਨ ਡਿੱਗਾ

### ਘਰ ਦਾ ਸਾਰਾ ਸਾਮਾਨ ਤਬਾਹ, ਸਰਕਾਰ ਤੋਂ ਕੀਤੀ ਮੁਆਵਜ਼ੇ ਦੀ ਮੰਗ



**ਮਮਦੋਟ (ਜਸਬੀਰ ਸਿੰਘ ਕੰਬੋਜ)**
ਫਿਰੋਜ਼ਪੁਰ ਦਿਹਾਤੀ ਅਧੀਨ ਬਲਾਕ ਮਮਦੋਟ ਦੇ ਪਿੰਡ ਬੇਟੂ ਕਦੀਮ ਵਿਖੇ ਬੀਤੇ ਰਾਤ ਹੋਈ ਤੇਜ਼ ਬਾਰਿਸ਼ ਕਾਰਨ ਗਰੀਬ ਪਰਿਵਾਰ ਦੇ ਮਕਾਨ ਦੀ ਡਾਟ ਵਾਲੀ ਛੱਤ ਅਚਾਨਕ ਡਿੱਗ ਗਈ। ਮਿਲੀ ਜਾਣਕਾਰੀ ਅਨੁਸਾਰ ਨਰਿੰਦਰ ਕੁਮਾਰ ਉਰਫ ਰਿੰਕੂ ਸ਼ਰਮਾ ਪੁੱਤਰ ਕ੍ਰਿਸ਼ਨ ਲਾਲ ਵਾਸੀ ਪਿੰਡ ਬੇਟੂ ਕਦੀਮ ਦਾ ਰਿਹਾਇਸ਼ ਵਾਲਾ ਇੱਕੋ ਇੱਕ ਮਕਾਨ ਬੀਤੀ ਰਾਤ ਹੋਈ ਭਾਰੀ ਮੀਂਹ ਪੈਣ ਨਾਲ ਡਿੱਗ ਪਿਆ, ਜਿਸ ਨਾਲ ਕਮਰੇ ਵਿੱਚ ਪਿਆ ਘਰੇਲੂ ਕੀਮਤੀ ਸਾਰਾ ਸਾਮਾਨ ਨੁਕਸਾਨਿਆ ਗਿਆ ਤੇ ਜਾਨੀ ਨੁਕਸਾਨ ਹੋਣ ਤੋਂ ਬਚਾਅ ਹੋ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਨਰਿੰਦਰ ਕੁਮਾਰ ਉਰਫ ਰਿੰਕੂ ਸ਼ਰਮਾ ਪੁੱਤਰ ਕ੍ਰਿਸ਼ਨ ਲਾਲ ਨੇ ਦੱਸਿਆ ਕਿ ਸਾਡੀ ਕੋਈ ਵੀ ਜ਼ਮੀਨ ਜਾਇਦਾਦ ਨਹੀਂ ਹੈ, ਮੈਂ ਤੇ ਮੇਰੀ ਪਤਨੀ ਮੋਨਿਕਾ, ਮੇਰੀ ਬੇਟੀ ਕਾਜੋਲ ਮਿਹਨਤ ਮਜ਼ਦੂਰੀ ਕਰਕੇ ਆਪਣਾ ਗੁਜ਼ਾਰਾ ਕਰਦੇ ਹਾਂ, ਪਰ ਇਸ ਭਾਰੀ ਮੀਂਹ ਕਾਰਨ ਸਾਡੇ ਕਮਰੇ ਦੀ ਛੱਤ ਡਿੱਗਣ ਕਾਰਨ ਸਾਰਾ ਸਾਮਾਨ ਨੁਕਸਾਨਿਆ ਗਿਆ ਹੈ ਤੇ ਗਰੀਬੀ ਕਾਰਨ ਉਹ ਮਕਾਨ ਦੀ ਮੁੜ ਉਸਾਰੀ ਕਰਨ ਤੋਂ ਅਸਮਰਥ ਹਨ। ਪੀੜਤ ਪਰਿਵਾਰ ਨੇ ਪੰਜਾਬ ਸਰਕਾਰ ਜ਼ਿਲ੍ਹਾ ਪ੍ਰਸ਼ਾਸਨ ਤੇ ਹਲਕਾ ਵਿਧਾਇਕ ਐਡਵੋਕੇਟ ਰਜਨੀਸ਼ ਦਹੀਆ ਤੋਂ ਮੰਗ ਕੀਤੀ ਹੈ ਕਿ ਸਾਡੀ ਗਰੀਬ ਪਰਿਵਾਰ ਨੂੰ ਮਾਲੀ ਸਹਾਇਤਾ ਦਿੱਤੀ ਜਾਵੇ ਤਾਂ ਜੋ ਅਸੀਂ ਸਿਰ ਢੱਕਣ ਲਈ ਕੋਈ ਮਕਾਨ ਬਣਾ ਸਕੀਏ।

## ਕਿਸਾਨ ਜਥੇਬੰਦੀ ਦੇ ਆਗੂਆਂ ਨੇ ਕਮਿਸ਼ਨਰ ਫਿਰੋਜ਼ਪੁਰ ਮੰਡਲ ਨੂੰ ਦਿੱਤਾ ਮੰਗ ਪੱਤਰ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**
ਗੁਰਮੀਤ ਸਿੰਘ ਘੋੜੇ ਚੱਕ ਜ਼ਿਲ੍ਹਾ ਪ੍ਰਧਾਨ (ਪੱਛਮੀ) ਤੇ ਇਕਬਾਲ ਸਿੰਘ ਜ਼ਿਲ੍ਹਾ ਪ੍ਰਧਾਨ ਪੂਰਬੀ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਜ਼ਿਲ੍ਹਾ ਫਿਰੋਜ਼ਪੁਰ ਦੀ ਪ੍ਰਧਾਨਗੀ ਹੇਠ ਦਲਜੀਤ ਸਿੰਘ ਮਾਂਗਟ ਕਮਿਸ਼ਨਰ, ਫਿਰੋਜ਼ਪੁਰ ਮੰਡਲ ਨੂੰ ਮੰਗ ਪੱਤਰ ਦਿੱਤਾ ਗਿਆ ਲਿਖਿਆ ਗਿਆ ਕਿ ਪੰਜਾਬ ਭਰ ਵਿੱਚ ਪਿਛਲੇ ਦਿਨਾਂ ਤੋਂ ਹੋ ਰਹੀ ਲਗਾਤਾਰ ਬਾਰਸ਼ਾਂ ਕਾਰਨ ਪੂਰੇ ਪੰਜਾਬ ਸੂਬੇ ਵਿੱਚ ਹੜ੍ਹ ਵਰਗੀ ਸਥਿਤੀ ਬਣੀ ਹੋਈ ਹੈ।ਇਸ ਬਾਰਸ਼ ਕਾਰਨ ਜ਼ਿਆਦਾ ਨਹਿਰਾਂ, ਸੂਏ, ਖਾਲ ਆਦਿ ਟੁੱਟ ਚੁੱਕੇ ਹਨ ਤੇ ਨੀਵੇਂ ਰਕਬਿਆਂ ਵਿੱਚ ਡਾਫਾਂ ਲੱਗੀਆਂ ਹੋਈਆਂ ਹਨ, ਜਿਸ ਨਾਲ ਸੜਕਾਂ ਨੂੰ ਵੀ ਨੁਕਸਾਨ ਹੋ ਰਿਹਾ ਹੈ।ਬਾਰਸ਼ਾਂ ਕਾਰਨ ਜ਼ਿਆਦਾ ਕਿਸਾਨਾਂ ਦੀਆਂ ਝੋਨੇ, ਮੂੰਗੀ, ਮੱਕੀ, ਹਰਾ ਚਾਰਾ, ਪਨੀਰੀ, ਮਿਰਚਾਂ ਤੇ ਸਬਜ਼ੀਆਂ ਦੀਆਂ ਫਸਲਾਂ ਬਰਬਾਦ ਹੋ ਗਈਆਂ ਹਨ, ਜਿਨ੍ਹਾਂ ਤੋਂ ਕਿਸਾਨਾਂ ਦੇ ਪਰਿਵਾਰਾਂ ਦਾ ਗੁਜ਼ਾਰਾ ਚੱਲਦਾ ਹੈ।ਫਸਲਾਂ ਬਰਬਾਦ ਹੋਣ ਕਾਰਨ ਹੁਣ ਕਿਸਾਨਾਂ ਨੂੰ ਮਹਿੰਗਾਈ ਦੀ ਮਾਰ ਵੀ ਝੱਲਣੀ ਪਵੇਗੀ।ਕਈ ਮਜ਼ਦੂਰ/ਕਿਸਾਨਾਂ ਦੇ ਮਕਾਨ ਵੀ ਡਿੱਗ ਚੁੱਕੇ ਹਨ, ਉਨ੍ਹਾਂ ਪਾਸ ਕੋਈ ਰਹਿਣ ਬਸੇਰਾ ਨਹੀਂ ਬਚਿਆ।ਕਈ ਪਿੰਡਾਂ ਵਿੱਚ ਪਸ਼ੂ ਵੀ ਰੁੜ੍ਹ ਚੁੱਕੇ ਹਨ।ਉਨ੍ਹਾਂ ਕਿਹਾ ਕਿ ਪਿਛਲੇ ਦਿਨਾਂ ਤੋਂ ਹੋ ਰਹੀ ਬਾਰਸ਼ ਕਾਰਨ ਪ੍ਰਭਾਵਿਤ ਫਿਰੋਜ਼ਪੁਰ ਦੇ ਸਾਰੇ ਬਲਾਕਾਂ ਦੇ ਰਕਬੇ ਦੀ ਸਪੈਸ਼ਲ ਗਿਰਦਾਵਰੀ ਕਰਵਾ ਕੇ ਸਬੰਧਤ ਕਿਸਾਨਾਂ ਨੂੰ ਜਲਦ ਮੁਆਵਜ਼ਾ ਦਿਵਾਇਆ ਜਾਵੇ।

ਇਸ ਮੌਕੇ ਜਸਵਿੰਦਰ ਸਿੰਘ ਵਿਰਕ ਜ਼ਿਲ੍ਹਾ ਸਕੱਤਰ ਮਮਦੋਟ, ਗੁਰਮੀਤ ਸਿੰਘ ਇਕਾਈ ਪ੍ਰਧਾਨ ਮਾਨਾ ਸਿੰਘ ਵਾਲਾ, ਸਤਨਾਮ ਸਿੰਘ ਆਦਿ ਹੋਰ ਵੀ ਕਿਸਾਨ ਆਗੂ ਹਾਜ਼ਰ ਸਨ।

## ਸੀਨੀਅਰ ਮੈਡੀਕਲ ਅਫਸਰ ਵੱਲੋਂ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਦੌਰਾ



ਹੜ੍ਹ ਪ੍ਰਭਾਵਿਤ ਖੇਤਰਾਂ ਦਾ ਨਿਰੀਖਣ ਕਰਦੇ ਹੋਏ ਸੀਨੀਅਰ ਮੈਡੀਕਲ ਅਫਸਰ ਡਾ. ਸੁਰਿੰਦਰ ਸਿੰਘ ਹੋਰ ਸਿਹਤ ਅਧਿਕਾਰੀ।

**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**
ਸਿਵਲ ਸਰਜਨ ਫਤਿਹਗੜ੍ਹ ਸਾਹਿਬ ਡਾ. ਦਵਿੰਦਰਜੀਤ ਕੌਰ ਵੱਲੋਂ ਮਿਲੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫਸਰ ਡਾ. ਸੁਰਿੰਦਰ ਸਿੰਘ ਵੱਲੋਂ ਸੀ.ਐਚ.ਸੀ. ਚਨਾਰਥਲ ਕਲਾਂ ਅਧੀਨ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਦੌਰਾ ਕੀਤਾ ਗਿਆ ਤੇ ਇਨ੍ਹਾਂ ਪਿੰਡਾਂ ਵਿੱਚ ਸਿਹਤ ਸੇਵਾਵਾਂ ਨੂੰ ਸੁਨਿਚਤ ਬਣਾਉਣ ਲਈ ਨਿਰਦੇਸ਼ ਜਾਰੀ ਕੀਤੇ ਗਏ। ਡਾ. ਸੁਰਿੰਦਰ ਸਿੰਘ ਨੇਂ ਪਿੰਡ ਬੀੜ ਭਮਾਰਸੀ, ਗੁਰਧਨਪੁਰ, ਨਰੈਣਗੜ੍ਹ, ਬਰੌਂਗਾ, ਬਡਾਲੀ, ਝੰਬਾਲਾ ਤੇ ਹੋਰ ਪਿੰਡਾਂ ਦਾ ਦੌਰਾ ਕੀਤਾ ਤੇ ਸਿਹਤ ਸਬੰਧੀ ਪਿੰਡਾਂ ਦੇ ਹਾਲਾਤਾਂ ਦਾ ਜਾਇਜ਼ਾ ਲਿਆ। ਉਨ੍ਹਾਂ ਵੱਲੋਂ ਲੋਕਾਂ ਨੂੰ ਦੂਸ਼ਿਤ ਪਾਣੀ ਪੀਣ ਨਾਲ ਹੋਣ ਵਾਲੀਆਂ ਬਿਮਾਰੀਆਂ ਜਿਵੇਂ ਦਸਤ, ਉਲਟੀਆਂ, ਹੈਜਾ ਆਦਿ ਤੋਂ ਬਚਾਅ ਬਾਰੇ, ਸਾਫ ਪੀਣ ਵਾਲੇ ਪਾਣੀ ਦੀ ਵਰਤੋਂ ਤੇ ਪਾਣੀ ਉਬਾਲ ਕੇ ਪੀਣ ਲਈ ਪ੍ਰੇਰਿਤ ਕੀਤਾ ਗਿਆ। ਉਨ੍ਹਾਂ ਨੇ ਇਨ੍ਹਾਂ ਪਿੰਡਾਂ ਵਿੱਚ ਤਾਇਨਾਤ ਸਿਹਤ ਕਰਮਚਾਰੀਆਂ ਨੂੰ ਡਾਇਰੀਆ ਤੇ ਹੋਰ ਬੀਮਾਰੀਆਂ ਸਬੰਧੀ ਸਰਵੇ ਕਰਨ ਲਈ ਕਿਹਾ ਅਤੇ ਲੋੜਵੰਦਾਂ ਨੂੰ ਮੈਡੀਕਲ ਸਹੂਲਤ ਪ੍ਰਦਾਨ ਕਰਨ ਦੀ ਹਦਾਇਤ ਕੀਤੀ। ਲੋੜਵੰਦਾਂ ਨੂੰ ਓ.ਆਰ.ਐੱਸ. ਤੇ ਕਲੋਰੀਨ ਦੀਆਂ ਗੋਲੀਆਂ ਵੰਡੀਆਂ। ਇਸ ਮੌਕੇ ਉਨ੍ਹਾਂ ਨਾਲ ਬਲਾਕ ਐਕਸਟੇਸ਼ਨ ਐਜੂਕੇਟਰ ਮਹਾਵੀਰ ਸਿੰਘ, ਐੱਸ. ਆਈ. ਦਾਰਪਾਲ, ਚਰਨਜੀਤ ਕੌਰ ਸੀ.ਐੱਚ.ਓ., ਤਰਸੇਮ ਸਿੰਘ, ਇੰਦਰਜੀਤ ਸਿੰਘ ਤੇ ਮੋਹਨ ਸਿੰਘ ਹੋਰ ਸਿਹਤਕਰਮਚਾਰੀ ਹਾਜ਼ਰ ਸਨ।

# ਸਪੀਕਰ ਸੰਧਵਾਂ ਨੇ ਫਰੀਦਕੋਟ ਜੇਲ੍ਹ ਦਾ ਕੀਤਾ ਦੌਰਾ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਖੇਡਾਂ ਰਾਹੀਂ ਸਜ਼ਾਯਾਫਤਾ ਜਾਂ ਅੰਡਰ ਟਰਾਈਲ ਕੈਦੀਆਂ ਨੂੰ ਸੁਧਾਰ ਦੇ ਰਸਤੇ ਪਾਇਆ ਜਾ ਸਕਦਾ ਹੈ, ਜਿਸ ਵਿੱਚ ਜੇਲ੍ਹ ਸਟਾਫ ਤੇ ਉੱਚ ਅਧਿਕਾਰੀਆਂ ਦਾ ਅਹਿਮ ਰੋਲ ਹੁੰਦਾ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰ. ਕੁਲਤਾਰ ਸਿੰਘ ਸੰਧਵਾਂ ਨੇ ਫਰੀਦਕੋਟ ਜੇਲ੍ਹ ਦੇ ਦੌਰੇ ਦੌਰਾਨ ਕੈਦੀਆਂ ਵੱਲੋਂ ਚਾਰ ਰੱਸਾਕਸ਼ੀ ਦੇ ਮੈਚ ਦੇਖਣ ਉਪਰੰਤ ਕੀਤਾ। ਇਸ ਤੋਂ ਪਹਿਲਾਂ ਉਨ੍ਹਾਂ ਨੂੰ ਸਥਾਨਕ ਜੇਲ੍ਹ ਵਿਖੇ ਪਹਿਲੀ ਵਾਰ ਪਹੁੰਚਣ 'ਤੇ ਗਾਰਡ ਆਫ ਆਨਰ ਵੀ ਦਿੱਤਾ ਗਿਆ।

ਇਸ ਮੌਕੇ ਉਨ੍ਹਾ ਰੱਸਾਕਸ਼ੀ ਮੁਕਾਬਲਾ ਜਿੱਤਣ ਵਾਲੀ ਟੀਮ ਨੂੰ 5100/- ਰੁਪਏ ਦਾ ਨਗਦ ਇਨਾਮ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਧਾਰਮਿਕ ਗੀਤ ਗਾਉਣ ਵਾਲੇ ਇੱਕ ਕੈਦੀ ਦੀ ਵੀ ਉਨ੍ਹ ਨੇ ਸਰਾਹਣਾ ਕੀਤੀ। ਉਨ੍ਹਾ ਕਿਹਾ ਕਿ ਕੈਦੀਆਂ ਦੀ ਚੰਗੀ ਸਿਹਤ ਸਬੰਧੀ ਸਮੇਂ ਸਮੇਂ 'ਤੇ ਅਜਿਹੇ ਪ੍ਰੋਗਰਾਮ ਕਰਨੇ ਚਾਹੀਦੇ ਹਨ। ਜੇਲ੍ਹ ਦੌਰੇ ਦੌਰਾਨ ਉਨ੍ਹਾ ਜੇਲ੍ਹ ਵਿਚਲੇ ਪ੍ਰਬੰਧਾਂ ਬਾਰੇ ਜਾਣਕਾਰੀ ਹਾਸਲ ਕੀਤੀ ਤੇ ਕੈਦੀਆਂ ਨਾਲ ਵੀ ਗੱਲਬਾਤ ਕਰਕੇ ਉਨ੍ਹਾਂ ਦਾ ਹਾਲ ਚਾਲ ਜਾਣਿਆ। ਕੈਦੀਆਂ ਨਾਲ ਗੱਲਬਾਤ ਉਪਰੰਤ ਉਨ੍ਹਾਂ ਦੀਆਂ ਮੰਗਾਂ ਨੂੰ ਮੁੱਖ ਰੱਖਦਿਆਂ ਸਪੀਕਰ ਸੰਧਵਾਂ ਨੇ ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼ ਨਾਲ ਟੈਲੀਕੰਸਲਟੇਸ਼ਨ ਰਾਹੀਂ ਇਲਾਜ ਦਾ ਭਰੋਸਾ ਦਿੱਤਾ। ਉਨ੍ਹਾ ਨਾਲ ਹੀ ਜੇਲ੍ਹ 'ਚ ਇੱਕ ਲਾਇਬ੍ਰੇਰੀ ਬਣਾਉਣ ਦਾ ਵੀ ਭਰੋਸਾ ਦਿੱਤਾ।

ਇਸ ਮੌਕੇ ਉਨ੍ਹਾ ਜੇਲ੍ਹ ਵਿਖੇ ਵਾਤਾਵਰਨ ਦੀ ਸੰਭਾਲ ਲਈ ਬੂਟਾ ਵੀ ਲਾਇਆ। ਸਪੀਕਰ ਨੇ ਕੈਦੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਉਹ ਜੇਲ੍ਹ ਵਿੱਚ ਮਿਲੀ ਸਜ਼ਾ ਤੋਂ ਕੁਝ ਸਿੱਖਣ ਤੇ ਪ੍ਰਣ ਕਰਨ ਕਿ ਉਹ ਸਜ਼ਾ ਪੂਰੀ ਹੋਣ ਉਪਰੰਤ ਬਾਹਰ ਜਾ ਕੇ ਇੱਕ ਚੰਗੇ ਨਾਗਰਿਕ ਬਣ ਕੇ ਦੇਸ਼ ਦੀ ਸੇਵਾ ਕਰਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਚੇਅਰਮੈਨ ਸੁਖਜੀਤ ਸਿੰਘ ਢਿੱਲਵਾਂ, ਡਿਪਟੀ ਸੁਪਰਡੈਂਟ ਜੇਲ੍ਹ ਅਰਪਨਜੋਤ ਸਿੰਘ, ਮਨਪ੍ਰੀਤ ਸਿੰਘ ਧਾਲੀਵਾਲ ਹਾਜ਼ਰ ਸਨ।

## ਐੱਸ ਐੱਸ ਪੀ ਦਫਤਰ ਨੇ ਅਧੂਰੀ ਜਾਣਕਾਰੀ ਦੇ ਕੇ ਬੁੱਤਾ ਸਾਰਿਆ : ਢੋਸੀਵਾਲ

### ਦੋ ਵਾਰ ਮੰਗੀ ਗਈ ਸੀ ਸੂਚਨਾ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਕੋਈ ਵੀ ਵਿਅਕਤੀ ਆਪਣੇ ਵੱਲੋਂ ਕੀਤੀ ਸ਼ਿਕਾਇਤ ਬਾਰੇ ਸਬੰਧਤ ਵਿਭਾਗ ਵੱਲੋਂ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਦੇ ਅਧਿਕਾਰ ਐਕਟ ਅਧੀਨ ਜਾਣਕਾਰੀ ਲੈ ਸਕਦਾ ਹੈ। ਇਸੇ ਅਧਿਕਾਰ ਤਹਿਤ ਸਬੰਧਤ ਵਿਭਾਗ ਵੱਲੋਂ ਸਹੀ ਤੇ ਸਪੱਸ਼ਟ ਜਾਣਕਾਰੀ ਦੇਣਾ ਕਾਨੂੰਨਨ ਤੌਰ 'ਤੇ ਲਾਜ਼ਮੀ ਹੈ, ਪ੍ਰੰਤੂ ਕਈ ਵਾਰ ਅੱਧ-ਪਚੱਧੀ ਤੇ ਅਧੂਰੀ ਸੂਚਨਾ ਦੇ ਕੇ ਜਾਣਕਾਰੀ ਲੈਣ ਵਾਲੇ ਵਿਅਕਤੀਆਂ ਨੂੰ ਖੱਜਲ ਖੁਆਰ ਕੀਤਾ ਜਾਂਦਾ ਹੈ। ਇਸ ਦੀ ਉਦਾਹਰਨ ਸਥਾਨਕ ਐੱਸ.ਐੱਸ.ਪੀ. ਦਫਤਰ ਦੇ ਆਰ.ਟੀ.ਆਈ. ਸੈੱਲ ਵੱਲੋਂ ਸਪਸ਼ਟ ਮਿਲਦੀ ਹੈ। ਇਥੇ ਇਹ ਜਾਣਕਾਰੀ ਦਿੰਦੇ ਹੋਏ ਸਮਾਜ ਦੇ ਭਲੇ ਤੇ ਵਿਕਾਸ ਨੂੰ ਸਮਰਪਤ ਪ੍ਰਮੁੱਖ ਗੈਰ-ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਦੇ ਪ੍ਰਧਾਨ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਨੇ ਦੱਸਿਆ ਕਿ ਕੁਝ ਸਮਾਂ ਪਹਿਲਾਂ ਸਥਾਨਕ ਬੁੱਧ ਵਿਹਾਰ ਨਿਵਾਸੀ ਅਸ਼ੋਕ ਕੁਮਾਰ ਦੇ ਬੈਂਕ ਖਾਤੇ ਵਿੱਚੋਂ ਸਾਇਬਰ ਕ੍ਰਾਇਮ ਠੱਗ ਨੇ 1,10,000/- ਰੁਪਏ ਦੀ ਰਾਸ਼ੀ ਆਨਲਾਈਨ ਆਪਣੇ ਖਾਤੇ ਵਿੱਚ ਟਰਾਂਸਫਰ ਕਰਵਾ ਲਈ ਸੀ। ਪੀੜਤ ਵੱਲੋਂ ਇਸ ਠੱਗੀ ਦੀ ਸੂਚਨਾ ਲੋੜੀਂਦੀ ਕਾਰਵਾਈ ਤੇ ਇਨਸਾਫ਼ ਲਈ ਜ਼ਿਲ੍ਹਾ ਪੁਲਸ ਦੇ ਸਾਈਬਰ ਕ੍ਰਾਇਮ ਸੈੱਲ ਨੂੰ ਦਿੱਤੀ। ਪੁਲਸ ਵੱਲੋਂ ਮਾਮਲੇ ਦੀ ਪੜਤਾਲ ਕੀਤੀ ਗਈ। ਪੀੜਤ ਅਸ਼ੋਕ ਕੁਮਾਰ ਨੇ ਪੁਲਸ ਰਿਪੋਰਟ ਸਬੰਧੀ ਆਰ.ਟੀ.ਆਈ. ਐਕਟ ਅਧੀਨ ਜਾਣਕਾਰੀ ਮੰਗੀ। ਜਵਾਬ ਵਿੱਚ ਜ਼ਿਲ੍ਹਾ ਪੁਲਸ ਦੇ ਆਰ ਟੀ ਆਈ ਸੈੱਲ ਨੇ ਸਾਇਬਰ ਕ੍ਰਾਇਮ ਠੱਗ ਵੱਲੋਂ ਰੁਪਏ ਜਮ੍ਹਾਂ ਕਰਵਾਉਣ ਵਾਲੇ ਬੈਂਕ ਖਾਤੇ ਦਾ ਨੰਬਰ ਤਾਂ ਦੇ ਦਿੱਤਾ, ਪ੍ਰੰਤੂ ਸਬੰਧਤ ਬੈਂਕ ਦਾ ਨਾਮ ਤੇ ਆਈ.ਐੱਫ.ਐੱਸ.ਸੀ. ਕੋਡ ਬਾਰੇ ਕੋਈ ਜਾਣਕਾਰੀ ਨਹੀਂ ਦਿੱਤੀ। ਪੀੜਤ ਅਸ਼ੋਕ ਕੁਮਾਰ ਨੇ ਬੈਂਕ ਦੇ ਨਾਮ ਸਬੰਧੀ ਜਾਣਕਾਰੀ ਲੈਣ ਲਈ ਦੁਬਾਰਾ ਆਰ.ਟੀ.ਆਈ. ਐਕਟ ਅਧੀਨ ਸੂਚਨਾ ਮੰਗੀ ਤਾਂ ਫਿਰ ਵੀ ਬੈਂਕ ਦੇ ਨਾਮ ਬਾਰੇ ਜਾਣਕਾਰੀ ਨਹੀਂ ਦਿੱਤੀ ਗਈ।

ਪੀੜਤ ਅਸ਼ੋਕ ਕੁਮਾਰ ਸਾਇਬਰ ਕ੍ਰਾਇਮ ਠੱਗ ਵਿਰੁੱਧ ਅਦਾਲਤ 'ਚ ਕਾਰਵਾਈ ਕਰਨਾ ਚਾਹੁੰਦਾ ਹੈ, ਪ੍ਰੰਤੂ ਬੈਂਕ ਦੇ ਨਾਮ ਦੀ ਜਾਣਕਾਰੀ ਦੀ ਅਣਹੋਂਦ ਵਿੱਚ ਅਜਿਹਾ ਨਹੀਂ ਕੀਤਾ ਜਾ ਸਕਦਾ। ਮਿਸ਼ਨ ਪ੍ਰਧਾਨ ਢੋਸੀਵਾਲ ਨੇ ਸਥਾਨਕ ਜ਼ਿਲ੍ਹਾ ਪੁਲਸ ਦੇ ਆਰ.ਟੀ.ਆਈ. ਸੈੱਲ ਵੱਲੋਂ ਪੀੜਤ ਨੂੰ ਪੂਰੀ ਜਾਣਕਾਰੀ ਨਾ ਦੇਣ ਦੀ ਨਿੰਦਾ ਕੀਤੀ ਹੈ।

ਉਨ੍ਹਾ ਕਿਹਾ ਕਿ ਪਹਿਲਾਂ ਤਾਂ ਪੀੜਤ ਸਾਈਬਰ ਕ੍ਰਾਇਮ ਦੀ ਠੱਗੀ ਦਾ ਸ਼ਿਕਾਰ ਹੋਇਆ ਹੈ ਤੇ ਹੁਣ ਆਰ.ਟੀ.ਆਈ. ਸੈੱਲ ਦੀ ਲਾਪ੍ਰਵਾਹੀ ਦਾ ਸ਼ਿਕਾਰ ਹੋਇਆ ਹੈ ਅਤੇ ਉਹ ਇਸ ਅਧੂਰੀ ਜਾਣਕਾਰੀ ਕਾਰਨ ਮਾਨਯੋਗ ਅਦਾਲਤ ਵਿੱਚ ਫਰਿਆਦ ਨਹੀਂ ਕਰ ਸਕਦੇ। ਪ੍ਰਧਾਨ ਢੋਸੀਵਾਲ ਨੇ ਮੰਗ ਕੀਤੀ ਕਿ ਪੀੜਤ ਅਸ਼ੋਕ ਕੁਮਾਰ ਨੂੰ ਸਬੰਧਤ ਬੈਂਕ ਦੇ ਨਾਮ, ਆਈ.ਐਫ.ਐੱਸ.ਸੀ. ਕੋਡ ਤੇ ਪੂਰੇ ਪਤੇ ਦੀ ਜਾਣਕਾਰੀ ਤੁਰੰਤ ਮਹੱਈਆ ਕਰਵਾਈ ਜਾਵੇ ਤਾਂ ਜੋ ਪੀੜਤ ਇਨਸਾਫ਼ ਲੈਣ ਲਈ ਮਾਨਯੋਗ ਅਦਾਲਤ ਦਾ ਸਹਾਰਾ ਲੈ ਸਕੇ।

## ਪੁਲ ਧਸਣ ਕਾਰਨ ਸਰਹੱਦੀ ਖੇਤਰ ਦੇ 15 ਪਿੰਡਾਂ ਦਾ ਸੰਪਰਕ ਟੁੱਟਾ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਵਿੱਚ ਸਤਲੁਜ ਦਰਿਆ ਵਿੱਚ ਆਏ ਹੜ੍ਹ ਕਾਰਨ ਹੁਸੈਨੀਵਾਲਾ ਤੋਂ ਗੱਟੀ ਰਾਜੋਕੇ ਵੱਲ ਜਾਣ ਵਾਲਾ ਪੁਲ ਧੱਸ ਗਿਆ ਹੈ।ਇਹ ਪੁਲ ਸੜਕ ਤੋਂ ਲੰਘਦੀ ਡਰੇਨ ਦੇ ਉੱਪਰ ਬਣਿਆ ਹੈ ਪਰ ਇਸ ਪੁਲ ਨੂੰ ਜੋੜਨ ਵਾਲੀ ਸੜਕ 25 ਫੁੱਟ ਚੌੜੀ ਪਾੜ ਨਾਲ ਧਸ ਗਈ ਹੈ। ਸੜਕ ਟੁੱਟਣ ਕਾਰਨ 15 ਸਰਹੱਦੀ ਪਿੰਡਾਂ ਦੇ ਲੋਕਾਂ ਦਾ ਸੜਕੀ ਸੰਪਰਕ ਟੁੱਟ ਗਿਆ ਹੈ।ਇਨ੍ਹਾਂ ਪਿੰਡਾਂ ਵਿੱਚ ਰਹਿਣ ਵਾਲੇ ਹਜ਼ਾਰਾਂ ਲੋਕਾਂ ਨੂੰ ਹੁਣ ਹੁਸੈਨੀਵਾਲਾ ਪਹੁੰਚਣ ਲਈ ਕਿਸ਼ਤੀਆਂ ਦਾ ਸਹਾਰਾ ਲੈਣਾ ਪਵੇਗਾ। ਹੁਸੈਨੀਵਾਲਾ ਤੋਂ ਗੱਟੀ ਰਾਜੋਕੇ ਨੂੰ ਜਾਣ ਵਾਲੀ ਇਹ ਸੜਕ ਸਰਹੱਦੀ ਪਿੰਡਾਂ ਦੀ ਜੀਵਨ ਰੇਖਾ ਬਣੀ ਹੋਈ ਹੈ, ਕਿਉਂਕਿ ਖੜੀ ਆਕਾਰ ਵਾਲਾ ਇਹ ਪਿੰਡ ਇਕ ਪਾਸੇ ਪਾਕਿਸਤਾਨ ਤੇ ਦੂਜੇ ਪਾਸੇ ਸਤਲੁਜ ਦਰਿਆ ਨਾਲ ਘਿਰਿਆ ਹੋਇਆ ਹੈ, ਪਰ ਹੁਣ ਪਿੰਡ ਵਾਸੀ ਪ੍ਰੇਸ਼ਾਨ ਹਨ।ਅਜਿਹੇ ਸਮੇਂ ਵਿੱਚ ਜਦੋਂ ਦਰਿਆ ਵਿੱਚ ਤੇਜ਼ੀ ਹੈ ਤੇ ਇਸ ਦੇ ਕਿਨਾਰਿਆਂ ਦੀ ਚੌੜਾਈ ਕਈ ਕਿਲੋਮੀਟਰ ਤੱਕ ਵਧ ਗਈ ਹੈ।ਅਜਿਹੇ 'ਚ ਦਰਿਆ ਪਾਰ ਕਰਨਾ ਕੋਈ ਆਸਾਨ ਕੰਮ ਨਹੀਂ ਹੈ।ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੁਲ ਸਮੇਤ ਟੁੱਟੀ ਸੜਕ ਦੇ ਹਿੱਸੇ ਦੀ ਜਲਦੀ ਤੋਂ ਜਲਦੀ ਮੁਰੰਮਤ ਕਰਵਾ ਕੇ ਆਵਾਜਾਈ ਬਹਾਲ ਕਰਨ ਦੇ ਯਤਨ ਕੀਤੇ ਜਾ ਰਹੇ ਹਨ।

## ਅੱਜ ਮੁਹਾਲੀ ਵਾਲੀ ਸਾਂਝੀ ਰੈਲੀ ਮੁਲਤਵੀ

**ਮੋਗਾ (ਅਮਰਜੀਤ ਬੱਬਰੀ)**-ਪੰਜਾਬ ਪੈਨਸ਼ਨਰ ਯੂਨੀਅਨ ਦੇ ਜ਼ਿਲ੍ਹਾ ਮੋਗਾ ਦੇ ਪ੍ਰਧਾਨ ਬਚਿੱਤਰ ਸਿੰਘ ਧੋਥੜ, ਜਨਰਲ ਸਕੱਤਰ ਸਤਪਾਲ ਸਹਿਗਲ ਤੇ ਪੋਹਲਾ ਸਿੰਘ ਬਰਾੜ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ 14 ਜੁਲਾਈ 2023 ਨੂੰ ਮੋਹਾਲੀ ਵਿਖੇ ਹੋਣ ਵਾਲੀ ਸਾਂਝੀ ਰੈਲੀ ਹੜ੍ਹਾਂ ਦੇ ਪ੍ਰਕੋਪ ਦੇ ਮੱਦੇਨਜ਼ਰ ਮੁਲਤਵੀ ਕਰ ਦਿੱਤੀ ਗਈ ਹੈ। ਅਗਲੀ ਤਾਰੀਖ ਦਾ ਐਲਾਨ ਜਲਦੀ ਕਰ ਦਿੱਤਾ ਜਾਵੇਗਾ। ਰੈਲੀ ਦੀਆਂ ਤਿਆਰੀਆਂ ਕਰ ਰਹੇ ਸਾਰੇ ਸਾਥੀਆਂ ਨੂੰ ਸੂਚਿਤ ਕਰਨ ਦੀ ਖੇਚਲ ਕਰਨਾ ਜ਼ਰੂਰੀ ਹੈ। ਇਹ ਫੈਸਲਾ ਏਟਕ, ਇੰਟਕ, ਐੱਚ ਐੱਮ ਐੱਸ ਤੇ ਸੀ ਟੀ ਯੂ ਪੰਜਾਬ ਵੱਲੋਂ ਸਾਂਝੇ ਤੌਰ 'ਤੇ ਲਿਆ ਗਿਆ ਹੈ।


**ਉੱਤਰ ਰੇਲਵੇ**

**ਭੰਡਾਰ ਦੀ ਆਪੂਰਤੀ ਲਈ ਮੰਗ ਟੈਂਡਰ**
**ਇਲੈਕਟ੍ਰੋਨਿਕ ਟੈਂਡਰ ਈ ਪ੍ਰਣਾਲੀ ਦੇ ਅੰਤਰਗਤ**

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਉਪ ਮੁੱਖ ਸਾਮਗਰੀ ਪ੍ਰਬੰਧਕ / ਉੱਤਰ ਰੇਲਵੇ / ਭੰਡਾਰ ਡਿਪੋ / ਯਾਂਤ੍ਰਿਕ ਕਾਰਖਾਨਾ / ਅੰਮ੍ਰਿਤਸਰ ਦੁਵਾਰਾ ਸੰਭਰਣਕਰਤਾਵਾਂ ਤੋਂ ਹੇਠਾ ਲਿਖੇ ਮਦਾਂ ਦੇ ਲਈ - ਟੈਂਡਰ ਮੰਗ ਕੀਤੀ ਜਾਂਦੀ ਹੈ:-

| ਲ. ਨੰ: | ਟੈਂਡਰ ਨੰ: | ਮਾਲ ਦਾ ਵੇਰਵਾ | ਮਾਤਰਾ | ਟੈਂਡਰ ਖੁਲਣ ਦੀ ਮਿਤੀ |
|---|---|---|---|---|
| 1. | 62235107 | ARGON GAS +(1-5%) O2 GAS FOR SS WELDING AS PER IS NO 5760-1998 GR-3 REAFFIRMED 2010. DELIVERY IN FIRM'S CYLINDER WITHOUT ANY RENT TO OUR DESTINATION i.e. ASR WORKSHOP | 51000 CUM | 07.08.2023 |

**ਟੈਂਡਰ ਸ਼ਰਤਾਂ**- ireps ਦੀ ਵੈਬਸਾਈਟ **www.ireps.gov.in** ਉਤੇ ਉਪਲਬਧ ਹੈ । ਸਾਰੇ ਇਛੁਕ ਵਿਕ੍ਰੇਤਾਵਾਂ ਨੂੰ ਈ-ਟੈਂਡਰ ਵਿਚ ਭਾਗ ਲੈਣਾ ਅਤੇ ਰਜਿਸਟਰਡ ਕਰਾਣ ਦੇ ਲਈ ਭਾਰਤ ਸਰਕਾਰ ਆਈ ਟੀ ਅਧਿਨਿਯਮ 2000 ਦੇ ਤਹਿਤ ਪ੍ਰਾਧਿਕ੍ਰਿਤ ਪ੍ਰਮਾਣਿਤ ਏਜੰਸੀ ਤੋਂ ਕਲਾਸ - III ਡਿਜੀਟਲ ਪ੍ਰਮਾਣ ਪੱਤਰ (ਜੇਕਰ ਪਹਿਲਾ ਤੋਂ ਪ੍ਰਾਪਤ ਨਹੀਂ ਕੀਤਾ ਹੈ) ਪ੍ਰਾਪਤ ਕਰਨਾ ਹੋਵੇਗਾ । ਹੱਥ ਨਾਲ ਲਿਖੀ ਟੈਂਡਰ ਸਵੀਕਾਰ ਨਹੀਂ ਕੀਤੀ ਜਾਵੇਗੀ ।

**ਟੈਂਡਰ ਨੋਟਿਸ ਨੰ:- 06/2023-2024 ਮਿਤੀ : 13.07.2023** 2144/23

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


## ਖਾਦ ਨਾ ਮਿਲਣ 'ਤੇ ਕਿਸਾਨਾਂ ਵੱਲੋਂ ਸੁਸਾਇਟੀ ਦਾ ਘਿਰਾਓ

### ਪੰਜਾਬ ਸਰਕਾਰ ਖਿਲਾਫ ਕੀਤੀ ਨਾਅਰੇਬਾਜ਼ੀ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**
ਪਿੰਡ ਕੁਰੜ ਦੀ ਸਹਿਕਾਰੀ ਸੁਸਾਇਟੀ 'ਚ ਪਿਛਲੇ ਮਹੀਨੇ ਤੋਂ ਖਾਦ ਨਾ ਮਿਲਣ ਕਰਕੇ ਕਿਸਾਨਾਂ ਨੇ ਭਾਕਿਯੂ ਡਕੌਂਦਾ ਕੁਰੜ ਇਕਾਈ ਵੱਲੋਂ ਸੁਸਾਇਟੀ ਦੇ ਅਹੁਦੇਦਾਰਾਂ ਘਿਰਾਓ ਕਰਕੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਸੁਸਾਇਟੀ ਦੇ ਪ੍ਰਬੰਧਕਾਂ ਨੇ ਦੱਸਿਆ ਕਿ ਜ਼ਿਲ੍ਹਾ ਅਧਿਕਾਰੀ ਹਰ ਰੋਜ਼ ਖਾਦ ਚੁਕਵਾਉਣ ਦੇ ਲਾਰੇ ਲਾ ਕੇ ਸਾਰੇ ਪਿੰਡ ਦੇ ਕਿਸਾਨਾਂ ਨੂੰ ਲਗਾਤਾਰ ਪ੍ਰੇਸ਼ਾਨ ਕਰ ਰਿਹਾ ਹੈ। ਇਸ ਸਮੇਂ ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ 17 ਜੁਲਾਈ ਤੱਕ ਖਾਦ ਦਾ ਪ੍ਰਬੰਧ ਨਾ ਕੀਤਾ ਤਾਂ ਬਰਨਾਲਾ ਵਿਖੇ ਜ਼ਿਲ੍ਹਾ ਦਫਤਰ ਦਾ ਘਿਰਾਓ ਕੀਤਾ ਜਾਵੇਗਾ। ਕਿਸਾਨ ਆਗੂਆਂ ਜਸਵਿੰਦਰ ਸਿੰਘ, ਸੁਖਦੇਵ ਸਿੰਘ, ਭਾਗ ਸਿੰਘ, ਗੁਰਦੇਵ ਸਿੰਘ ਮਾਂਗੇਵਾਲ ਨੇ ਦੱਸਿਆ ਕਿ ਭਾਕਿਯੂ ਡਕੌਂਦਾ ਵੱਲੋਂ ਜਥੇਬੰਦੀ ਦੇ ਬਾਨੀ ਪ੍ਰਧਾਨ ਬਲਕਾਰ ਸਿੰਘ ਡਕੌਂਦਾ ਦੀ ਬਰਸੀਂ ਨੂੰ ਸਮਰਪਤ ਸਮਾਗਮ 14 ਜੁਲਾਈ ਨੂੰ ਤਰਕਸ਼ੀਲ ਭਵਨ ਬਰਨਾਲਾ ਵਿਖੇ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਸਾਨਾਂ ਨੂੰ ਪਹੁੰਚਣ ਦੀ ਅਪੀਲ ਕੀਤੀ।

# ਜ਼ਿਲ੍ਹਾ ਪ੍ਰਸ਼ਾਸਨ ਹੜ੍ਹ ਪ੍ਰਭਾਵਿਤ ਲੋਕਾਂ ਲਈ ਜੰਗੀ ਪੱਧਰ 'ਤੇ ਚਲਾ ਰਿਹੈ ਰਾਹਤ ਕਾਰਜ

### ਵੱਖ-ਵੱਖ ਪਿੰਡਾਂ 'ਚ ਲਗਾਏ ਲੰਗਰ : ਡਿਪਟੀ ਕਮਿਸ਼ਨਰ



**ਮੋਗਾ (ਅਮਰਜੀਤ ਬੱਬਰੀ)**-ਜ਼ਿਲ੍ਹਾ ਪ੍ਰਸ਼ਾਸਨ ਮੋਗਾ ਜ਼ਿਲ੍ਹਾ ਮੋਗਾ ਵਿੱਚ ਹੜ੍ਹ ਤੋਂ ਪ੍ਰਭਾਵਿਤ ਇਲਾਕਿਆਂ ਦੇ ਲੋਕਾਂ ਦੀ ਸੁਰੱਖਿਆ ਤੇ ਉਨ੍ਹਾਂ ਤੱਕ ਰਸਦ ਵਸਤਾਂ ਪਹੁੰਚਾਉਣ ਲਈ ਦਿਨ ਰਾਤ ਕੰਮ ਕਰ ਰਿਹਾ ਹੈ। ਜ਼ਿਲ੍ਹਾ ਮੋਗਾ ਵਿੱਚ ਧਰਮਕੋਟ ਦੇ ਦਰਿਆ ਦੇ ਲਾਗਲੇ ਪਿੰਡਾਂ ਦੇ ਲੋਕ ਹੜ੍ਹਾਂ ਤੋਂ ਪ੍ਰਭਾਵਿਤ ਹੋਏ ਹਨ, ਜਿਨ੍ਹਾਂ ਨਾਲ ਜ਼ਿਲ੍ਹਾ ਪ੍ਰਸ਼ਾਸਨ ਲਗਾਤਾਰ ਪਹੁੰਚ ਬਣਾ ਕੇ ਹਰ ਸੰਭਵ ਸਹਾਇਤਾ ਕਰ ਰਿਹਾ ਹੈ। ਉਨ੍ਹਾਂ ਦੀ 24 ਘੰਟੇ ਸਹਾਇਤਾ ਲਈ ਮੈਡੀਕਲ ਟੀਮਾਂ ਦੀ ਤਾਇਨਾਤੀ ਤੋਂ ਇਲਾਵਾ ਫਲੱਡ ਕੰਟਰੋਲ ਰੂਮ ਵੀ ਸਥਾਪਤ ਕੀਤੇ ਗਏ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਡਿਪਟੀ ਕਮਿਸ਼ਨਰ ਮੋਗਾ ਸ੍ਰ. ਕੁਲਵੰਤ ਸਿੰਘ ਨੇ ਦੱਸਿਆ ਕਿ ਨਿੱਤ ਦਿਨ ਵਾਂਗ ਪਿੰਡ ਮੰਡੇਰ ਕਲਾਂ, ਰਾਹਤ ਕੇਂਦਰ ਭੈਣੀ, ਕੋਟ ਈਸੇ ਖਾਂ, ਦੌਲੇਵਾਲਾ ਕਲਾਂ, ਬੱਗੇ, ਮੰਡੇਰ ਕਲਾਂ ਆਦਿ ਵਿਖੇ ਲੰਗਰ ਲਗਾਉਣ ਤੋਂ ਇਲਾਵਾ ਖਾਣ-ਪੀਣ ਦੀਆਂ ਵਸਤਾਂ ਜਿਵੇਂ ਕਿ ਬਿਸਕੁਟ, ਪਾਣੀ ਦੀਆਂ ਬੋਤਲਾਂ, ਕੇਲੇ ਆਦਿ ਦੀ ਵੰਡ ਕੀਤੀ ਗਈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹੜ੍ਹ ਪੀੜਤਾਂ ਦੀ ਸਹਾਇਤਾ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਨਾਲ ਜ਼ਿਲ੍ਹੇ ਦੀਆਂ ਐੱਨ.ਜੀ.ਓਜ਼, ਆਮ ਲੋਕਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਚੱਲ ਰਹੇ ਹਨ। ਸਤਲੁਜ ਦਰਿਆ ਲਾਗਲੇ ਪਿੰਡਾਂ 'ਚ ਹੜ੍ਹ ਪ੍ਰਭਾਵਿਤ ਲੋਕਾਂ ਦੇ ਰਾਹਤ ਕਾਰਜ ਲਗਾਤਾਰ ਚਲਾਏ ਜਾ ਰਹੇ ਹਨ।


**ਉਤਰ ਰੇਲਵੇ**
**ਈ-ਨਿਵਿਦਾ ਸੂਚਨਾ**

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਸਾਧਾਰਨ, ਉਤਰ ਰੇਲਵੇ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਈ-ਟੈਂਡਰਾਂ (www.ireps.gov.in) ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅੰਦਾਜਨ ਲਾਗਤ ਰੂ. | ਬਿਆਨਾ ਰਾਸ਼ੀ (ਰੂ.) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੈਬਸਾਈਟ |
|---|---|---|---|---|---|---|
| 251-ਬਿਜਲੀ-T-13-2023-24 | ਬਨਿਹਾਲ-ਕਾਜੀਗੁੰਡ ਅਨੁਭਾਗ ਵਿਚ ਪੀਰ-ਪੰਜਾਲ ਸੁਰੰਗ ਦੇ ਰੈਗੂਲਰ ਸੰਚਾਲਨ ਦੇ ਲਈ ਸਕਾਡਾ ਦੇ ਉਨਯਨ ਦੇ ਸਬੰਧ ਵਿਚ ਬਿਜਲੀ ਕੰਮ ਲਈ। | 2,60,28,008.19 | 2,80,200.00 | 04 ਮਹੀਨੇ | 04.08.2023 15:00 ਵਜੇ ਦੇ ਬਾਅਦ | www.ireps.gov.in |
| 251-ਬਿਜਲੀ-T-14-2023-24 | ਬਨਿਹਾਲ-ਕਾਜੀਗੁੰਡ ਸੈਕਸ਼ਨ ਵਿਚ ਪੀਰ-ਪੰਜਾਲ ਸੁਰੰਗ ਦੇ ਰੈਗੂਲਰ ਸੰਚਾਲਨ ਦੇ ਲਈ ਪ੍ਰਕਾਸ਼ ਅਤੇ ਰੋਸ਼ਨੀ ਦੇ ਸਬੰਧ ਵਿਚ ਬਿਜਲੀ ਕੰਮ ਲਈ। | 53,46,807.61 | 1,06,900.00 | 04 ਮਹੀਨੇ | 04.08.2023 15:00 ਵਜੇ ਦੇ ਬਾਅਦ | www.ireps.gov.in |

**ਨੰ. 251-ਬਿਜਲੀ ਟੈਂਡਰ ਨੋਟਿਸ ਨੰ. 09/ਬਿਜਲੀ-2023-24 ਮਿਤੀ:- 13.07.2023** 2148/2023

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



AXIS BANK

ਰਿਟੇਲ ਐਸੈਟ ਸੈਂਟਰ : ਐਕਸਿਸ ਬੈਂਕ ਲਿਮਟਿਡ, : ਦੂਜੀ ਮੰਜ਼ਲ, ਜਾਇਦਾਦ # 7-ਈ, ਮਿਉਂਸਪਲ 3903/1142/16, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001
ਕਾਰਪੋਰੇਟ ਦਫਤਰ : 'ਐਕਸਿਸ ਹਾਉਸ'', ਬਲਾਕ-ਬੀ, ਬੰਬੇ ਡਾਇੰਗ ਮਿਲਜ਼ ਕੰਪਾਉਂਡ, ਪਾਂਡੂਰੰਗ ਬੁਧਕਰ ਮਾਰਗ, ਵਰਲੀ, ਮੁੰਬਈ-400025 ਰਜਿਸਟਰਡ ਦਫਤਰ : 'ਤ੍ਰਿਸ਼ੂਲ', ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਮੰਦਰ, ਲਾਅ ਗਾਰਡਨ, ਐਲਿਸਬ੍ਰਿਜ ਅਹਿਮਦਾਬਾਦ-380006

**ਸਰਫੇਸੀ ਐਕਟ 2002 ਤਹਿਤ ਕਬਜ਼ਾ ਨੋਟਿਸ**

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜੇਸ਼ਨ, ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਅਸੈੱਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਲਿਖੇ ਕਰਜ਼ਦਾਰਾਂ ਨੂੰ ਉਕਤ ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਅੰਦਰ ਨੋਟਿਸ 'ਚ ਦਰਸਾਈ ਰਕਮ ਜਮ੍ਹਾਂ ਕਰਾਉਣ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ ਰਕਮ ਦੀ ਅਦਾਇਗੀ 'ਚ ਨਾਕਾਮ ਰਹੇ ਹਨ। ਇਸ ਲਈ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਸੈਕਸ਼ਨ 13 (4) ਅਤੇ ਉਕਤ ਨਿਯਮ ਦੇ ਨਿਯਮ 8 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਦਰਜ ਮਿਤੀਆਂ ਨੂੰ ਹੇਠਾਂ ਦਰਜ ਜਾਇਦਾਦ ਦਾ ਕਬਜ਼ਾ ਲੈ ਲਿਆ ਹੈ।

ਕਰਜ਼ਦਾਰਾਂ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ 'ਤੇ ਐਕਸਿਸ ਬੈਂਕ ਲਿ. ਵੱਲੋਂ ਵਸੂਲੀ ਕੀਤੀ ਜਾਵੇਗੀ।

| ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ | ਰਹਿਣ ਰੱਖੀ ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ / ਕਬਜ਼ੇ ਦੀ ਮਿਤੀ / ਡਿਮਾਂਡ ਨੋਟਿਸ 'ਚ ਰਕਮ (ਰੁਪਏ) |
|---|---|---|
| 1. ਸ੍ਰੀ ਅਮਰੀਕ ਸਿੰਘ ਪੁੱਤਰ ਗੁਰਨਾਮ ਸਿੰਘ ਅਤੇ 2. ਸ੍ਰੀਮਤੀ ਚਰਨਜੀਤ ਕੌਰ ਪਤਨੀ ਅਮਰੀਕ ਸਿੰਘ, ਦੋਵੇਂ ਵਾਸੀ ਪਿੰਡ ਵਿਜੋਲਾ ਸੁਭਾਨਪੁਰ, ਕਪੂਰਥਲਾ, ਪੰਜਾਬ-144802, ਨਾਲ ਹੀ : ਮਕਾਨ ਖਸਰਾ ਨੰ. 7967/4414/5-12, ਅਬਾਦੀ ਅਜੀਤ ਨਗਰ, ਕਪੂਰਥਲਾ, ਗਰਬੀ, ਤਹਿਸੀਲ ਅਤੇ ਜ਼ਿਲ੍ਹਾ ਕਪੂਰਥਲਾ। ਕਰਜ਼ਾ ਖਾਤਾ ਨੰ. ਪੀ ਐੱਚ ਆਰ 015504916271 | ਬੈਨਾਮਾ ਦਸਤਾਵੇਜ਼ ਨੰ. 2019-20/30/1/3019 ਮਿਤੀ 27-01-2020 ਅਨੁਸਾਰ ਚਰਨਜੀਤ ਕੌਰ ਪਤਨੀ ਅਮਰੀਕ ਸਿੰਘ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਰਕਬਾ 7-1/4 ਮਰਲੇ ਜੋ ਕਿ 147 ਵਰਗ ਗਜ਼, ਕੁੱਲ ਜ਼ਮੀਨ ਖੇਤਰ 05 ਕਨਾਲ 12 ਮਰਲੇ ਦਾ 29/448 ਹਿੱਸਾ ਹੈ, ਖੇਵਟ ਖੱਤਾ ਨੰ. 226/446, ਖਸਰਾ ਨੰ. 7967/4414/5-12, ਕਿੱਤਾ-1, ਅਬਾਦੀ ਅਜੀਤ ਨਗਰ, ਹਦਬਸਤ ਨੰ. 134, ਕਪੂਰਥਲਾ-ਗਰਬੀ, ਤਹਿਸੀਲ ਤੇ ਜ਼ਿਲ੍ਹਾ ਕਪੂਰਥਲਾ ਨਾਲ ਸੰਬੰਧਤ ਸਭ ਕੁੱਝ । ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਸ਼ਾਮ ਸਿੰਘ ਸਾਈਡ 23', ਪੱਛਮ : ਰਸਤਾ ਸਾਈਡ 23', ਉੱਤਰ : ਹੋਰਨਾਂ ਦਾ ਪਲਾਟ ਸਾਈਡ 58'-8'', ਦੱਖਣ : ਜਗਜੀਤ ਸਿੰਘ ਸਾਈਡ 58'-8'' | 20 ਮਾਰਚ 2023 / 11 ਜੁਲਾਈ 2023 / ਰੁਪਏ 37, 94,795/- (ਸੈਂਤੀ ਲੱਖ ਚੁਰਾਨਵੇਂ ਹਜ਼ਾਰ ਸੱਤ ਸੌ ਪਚੰਨਵੇਂ ਰੁਪਏ ਕੇਵਲ) |
| 1. ਸ੍ਰੀ ਵਿਕਾਸ ਮਲਹੋਤਰਾ ਪੁੱਤਰ ਸ੍ਰੀ ਸੁਭਾਸ਼ ਮਲਹੋਤਰਾ ਅਤੇ 2. ਸ੍ਰੀਮਤੀ ਪ੍ਰੀਤੀ ਮਲਹੋਤਰਾ ਪਤਨੀ ਸ੍ਰੀ ਵਿਕਾਸ ਮਲਹੋਤਰਾ, ਦੋਵੇਂ ਵਾਸੀ ਮਕਾਨ ਨੰ. 41, ਮਧੂਬਨ ਕਾਲੋਨੀ, ਜਲੰਧਰ-144021, ਨਾਲ ਹੀ : ਮਕਾਨ ਨੰ. 180, ਵਿਵੇਕਾਨੰਦ ਪਾਰਕ, ਪਿੰਡ ਮਕਸੂਦਪੁਰ, ਤਹਿਸੀਲ ਤੇ ਜ਼ਿਲ੍ਹਾ ਜਲੰਧਰ-144001, ਨਾਲ ਹੀ : ਸ੍ਰੀ ਵਿਕਾਸ ਮਲਹੋਤਰਾ ਪੁੱਤਰ ਸ੍ਰੀ ਸੁਭਾਸ਼ ਮਲਹੋਤਰਾ, ਸੀਨੀਅਰ ਏਰੀਆ ਸੇਲਜ਼ ਮੈਨੇਜਰ ਮੈਸ : ਮਾਧਵ ਫਰੈਸ਼ ਫੂਡਜ਼, ਪਿੰਡ ਸਮਲਹਿਰੀ ਬਿਲਪੁਰਾ ਰੋਡ, ਅੰਬਾਲਾ-ਹਰਿਆਣਾ-133104, ਕਰਜ਼ਾ ਖਾਤਾ ਨੰ. ਪੀ ਐੱਚ ਆਰ 015506579282 | ਬੈਨਾਮਾ ਦਸਤਾਵੇਜ਼ ਨੰ. 2021-22/187/1/5860 ਮਿਤੀ 8 ਅਕਤੂਬਰ 2021 ਅਨੁਸਾਰ ਸ੍ਰੀਮਤੀ ਪ੍ਰੀਤੀ ਮਲਹੋਤਰਾ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਨੰ. 180, ਰਕਬਾ 8 ਮਰਲੇ 44 ਵਰਗ ਫੁੱਟ ਮਾਪ 37'×60', ਖੇਵਟ ਖਤੌਨੀ ਨੰ. 100/108, ਖਸਰਾ ਨੰ. 19//6, 15, 16, 20//10, 11, 12/2, 19, 20, 21, 22, 23, 24, 27//2, 3, 4, ਜਮ੍ਹਾਬੰਦੀ ਸਾਲ 2015-2016, ਹਦਬਸਤ ਨੰ. 317, ਵਿਵੇਕਾਨੰਦ ਪਾਰਕ, ਪਿੰਡ ਮਕਸੂਦਪੁਰ, ਤਹਿਸੀਲ ਤੇ ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁੱਝ। ਹੱਦਾਂ (ਬੈਨਾਮੇ ਅਨੁਸਾਰ ) ਪੂਰਬ : ਸੜਕ, ਪੱਛਮ : ਮਕਾਨ ਦੀਗਰੇ, ਉੱਤਰ : ਮਕਾਨ ਨੰ. 181, ਕਾਬਲ ਸਿੰਘ, ਦੱਖਣ : ਪਲਾਟ ਨੰ. 179 | 18 ਮਾਰਚ 2023 / 11 ਜੁਲਾਈ -2023 / ਰੁਪਏ 39,62,481/- (ਉਨਤਾਲੀ ਲੱਖ ਬਾਹਠ ਹਜ਼ਾਰ ਚਾਰ ਸੌ ਇਕਿਆਸੀ ਰੁਪਏ ਕੇਵਲ/-) |

ਉਕਤ ਦਰਜ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਾਰੰਟਰਾਂ ਨੂੰ ਰਕਮ ਦੀ ਅਦਾਇਗੀ ਲਈ 30 ਦਿਨਾਂ ਦਾ ਨੋਟਿਸ ਦਿੱਤਾ ਜਾਂਦਾ ਹੈ। ਨਹੀਂ ਤਾਂ ਰਹਿਣ ਕੀਤੀ ਜਾਇਦਾਦ ਇਸ ਨੋਟਿਸ ਦੀ ਪ੍ਰਕਾਸ਼ਨਾ ਤੋਂ 30 ਦਿਨਾਂ ਦਾ ਸਮਾਂ ਖਤਮ ਹੋ ਜਾਣ 'ਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਤੇ 9 ਦੀਆਂ ਵਿਵਸਥਾਵਾਂ ਅਨੁਸਾਰ ਵੇਚ ਦਿੱਤੀ ਜਾਵੇਗੀ।

ਮਿਤੀ : 14-07-2023, ਸਥਾਨ : ਲੁਧਿਆਣਾ — ਸਹੀ/-ਅਧਿਕਾਰਤ ਅਫਸਰ ਐਕਸਿਸ ਬੈਂਕ ਲਿਮਟਿਡ


ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**

ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਨਵੀਂ ਬਣੀ ਨਿਊ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਵੱਲੋਂ ਮੀਟਿੰਗ

**ਝਬਾਲ (ਹਰਜਿੰਦਰ ਸਿੰਘ ਸੋਨੀ/ਰੌਬਿਨ ਸਿੰਘ ਸੋਨੀ)**-ਅੱਜ ਨਿਊ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਇਸ਼ਨ ਰਜਿ. ਸੋ ਵੱਲੋਂ ਨਵੀ ਬਣੀ ਜਥੇਬੰਦੀ ਦੀ ਤਰਨ ਤਾਰਨ ਜ਼ਿਲ੍ਹੇ ਦੀ ਪਹਿਲੀ ਮੀਟਿੰਗ ਬਾਬਾ ਬੁੱਢਾ ਸਾਹਿਬ ਜੀ ਬਲਾਕ ਝਬਾਲ ਵਿਖੇ ਨੂਰ ਹਵੇਲੀ ਰੈਸਟੋਰੈਂਟ ਵਿਖੇ ਹੋਈ। ਮੀਟਿੰਗ ਵਿੱਚ ਪੰਜ ਬਲਾਕ ਅਜਨਾਲਾ, ਜੰਡਿਆਲਾ ਗੁਰੂ, ਸੁਰਸਿੰਘ, ਭਿੱਖੀਵਿੰਡ, ਝਬਾਲ ਅਤੇ ਮਾਲੇਰਕੋਟਲਾ ਤੋਂ ਸਾਥੀ ਡਾਕਟਰਾਂ ਨੇ ਹਾਜ਼ਰੀ ਲਵਾਈ। ਅੱਜ ਦੀ ਮੀਟਿੰਗ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਮਲੇਰਕੋਟਲਾ ਤੋਂ ਪਹੁੰਚੇ ਸੂਬਾ ਖਜ਼ਾਨਚੀ ਡਾ. ਮਾਘ ਸਿੰਘ ਮਾਨਕੀ ਨੇ ਤਰਨ ਤਾਰਨ ਜ਼ਿਲ੍ਹੇ ਦੀ ਪਹਿਲੀ ਮੀਟਿੰਗ ਵਿੱਚ ਝਬਾਲ ਅਤੇ ਸੁਰਸਿੰਘ ਇਲਾਕੇ ਦੇ 40 ਡਾਕਟਰਾਂ ਨੂੰ ਸਰਟੀਫਿਕੇਟ ਤਕਸੀਮ ਕੀਤੇ। ਇਸ ਤੋਂ ਇਲਾਵਾ ਬਲਾਕ ਦੇ ਕੈਸ਼ੀਅਰ ਡਾ. ਹਰਪ੍ਰੀਤ ਸਿੰਘ ਚੀਮਾ ਨੂੰ ਪ੍ਰਤਿਗਿਆ ਪੱਤਰ, ਰਸੀਦਾਂ ਬੁੱਕਾ ਦਿੰਦੇ ਹੋਏ ਇਹਨਾਂ ਨੂੰ ਭਰਨ ਅਤੇ ਪੂਰੀ ਜ਼ਿੰਮੇਵਾਰੀ ਨਾਲ ਇਸ ਕੰਮ ਨੂੰ ਨਿਭਾਉਣ ਬਾਰੇ ਸਮਝਾਇਆ ਗਿਆ। ਇਸ ਤੋਂ ਇਲਾਵਾ ਡਾ. ਮਾਘ ਸਿੰਘ ਮਾਣਕੀ ਅਤੇ ਡਾ. ਤੇਜਿੰਦਰ ਸਿੰਘ ਢਿੱਲੋਂ ਲਹੀਆ ਸੂਬਾ ਪ੍ਰਧਾਨ ਨੇ ਸਾਂਝੇ ਰੂਪ ਵਿੱਚ ਦੱਸਿਆ ਕਿ ਪਹਿਲੀਆਂ ਯੂਨੀਅਨਾਂ ਦੀ ਤਾਨਾਸ਼ਾਹੀ, ਆਪਹੁਦਰੀਆ, ਜਾਅਲਸਾਜ਼ੀ ਅਤੇ ਲੁੱਟ ਖਸੁੱਟ ਅਤੇ ਫੰਡਾਂ ਦੀ ਬੇਲੋੜੀ ਦੁਰਵਰਤੋਂ ਨੂੰ ਰੋਕਣ ਲਈ ਸਰਟੀਫਿਕੇਟ ਦੀ ਅਧਿਕਾਰਤ ਕਮੇਟੀ ਵਿੱਚੋਂ ਜ਼ਿਲ੍ਹਾ ਪ੍ਰਧਾਨ ਦੀ ਵਿਚੋਲਗੀ ਖਤਮ ਕਰ ਦਿੱਤੀ ਗਈ ਹੈ ਅਤੇ ਨਵੀਂ ਪੁਰਾਣੀ ਅਡਮਿਸ਼ਨ ਤੋਂ ਬਾਅਦ ਨਵੇਂ ਸਰਟੀਫਿਕੇਟ ਸੂਬਾ ਪ੍ਰਧਾਨ, ਜਨਰਲ ਸਕੱਤਰ, ਖਜ਼ਾਨਚੀ ਤਿੰਨਾਂ ਦੇ ਦਸਤਖਤਾਂ ਰਾਹੀਂ ਹੀ ਜਾਰੀ ਹੋਣਗੇ। ਮੁੱਖ ਮਹਿਮਾਨ ਸੂਬਾ ਕੈਸ਼ੀਅਰ ਡਾ. ਮਾਘ ਸਿੰਘ ਮਾਣਕੀ ਮਲੇਰਕੋਟਲਾ ਨੇ ਦੱਸਿਆ ਕਿ ਤਰਨ ਤਾਰਨ ਸਮੇਤ 4-5 ਜ਼ਿਲ੍ਹਿਆਂ ਵਿਚ ਘੁਟਾਲਿਆਂ ਸੰਬੰਧੀ ਸੂਬਾ ਕੋਰ ਕਮੇਟੀ ਮੈਂਬਰ ਹੋਣ ਕਾਰਨ ਮੇਰੇ ਕੋਲ ਸ਼ਿਕਾਇਤਾਂ ਮਿਲੀਆਂ ਤਾਂ ਮੇਰੇ ਵੱਲੋਂ ਡਾ. ਕਾਲਖ, ਬਾਲੀ ਆਦਿ ਅੱਗੇ ਇਹਨਾਂ ਜ਼ਿਲ੍ਹਿਆਂ ਦਾ ਹਿਸਾਬ ਕਿਤਾਬ ਦੱਸਣ ਨੂੰ ਬੇਨਤੀ ਕੀਤੀ ਤਾਂ ਇਹਨਾਂ ਨੇ ਇਨਸਾਫ ਦੇਣ ਦੀ ਥਾਂ ਮੇਰੇ 'ਤੇ ਹੀ ਐਕਸ਼ਨ ਲੈਂਦੇ ਹੋਏ ਯੂਨੀਅਨ ਵਿੱਚੋਂ ਸੋਸ਼ਲ ਮੀਡੀਆ ਰਾਹੀਂ ਖਬਰਾਂ ਪਾ ਕੇ ਰਿਮੂਵ ਕਰ ਦਿੱਤਾ। ਮੈ ਸਚਾਈ 'ਤੇ ਚੱਲਣ ਕਰਕੇ ਅਤੇ ਇਮਾਨਦਾਰ ਜ਼ਿੰਮੇਵਾਰ ਸ਼ਖ਼ਸੀਅਤ ਹੋਣ ਕਾਰਨ ਇਹੋ ਜਿਹੀ ਭ੍ਰਿਸ਼ਟ, ਤਾਨਾਸ਼ਾਹ ਅਤੇ ਦੁਰਵਿਹਾਰ ਕਰਨ ਵਾਲੀ ਯੂਨੀਅਨ ਦਾ ਸਾਥ ਛੱਡਣ ਨੂੰ ਪਹਿਲ ਦਿੱਤੀ ਅਤੇ ਡਾ. ਤੇਜਿੰਦਰ ਸਿੰਘ ਢਿੱਲੋਂ ਲਹੀਆ ਅਤੇ ਹੋਰ ਦੁਖੀ ਸਾਥੀਆਂ ਜੋ ਕਿ ਇਨਸਾਫ ਦੀ ਭਾਲ ਵਿਚ ਭਟਕਦੇ ਫਿਰ ਰਹੇ ਸਨ ਆਦਿ ਵਿਚੋਂ ਡਾ. ਢਿੱਲੋਂ ਦੀ ਅਗਵਾਈ ਵਿੱਚ ਨਿਊ ਐਮ ਪੀ ਏ ਪੀ ਰਜਿ 100 ਦੀ ਸਥਾਪਨਾ 16 ਜੂਨ 2023 ਤੋਂ ਕੀਤੀ ਗਈ। ਆਸ ਹੈ ਕਿ ਸਾਡੀ ਨਵੀਂ ਜਥੇਬੰਦੀ ਮਿਹਨਤ, ਵਿਸ਼ਵਾਸ, ਲਗਨ, ਦ੍ਰਿੜਤਾ ਅਤੇ ਇਮਾਨਦਾਰੀ ਨਾਲ ਤਰੱਕੀਆਂ ਕਰਦੀ ਹੋਈ ਨਵੀਆਂ ਪੈੜਾਂ ਪਾਉਂਦੀ ਹੋਈ ਡਾ. ਸਾਥੀਆਂ ਦੀ ਸੋਚ 'ਤੇ ਖਰੀ ਉਤਰੇਗੀ। ਤਾਨਾਸ਼ਾਹੀ ਕਰਨੀ ਗਾਲੀ ਗਲੋਚ ਅਤੇ ਮਾੜੀ ਸ਼ਬਦਾਵਲੀ ਵਰਤਣ ਵਾਲਿਆਂ ਅਤੇ ਝੂਠੇ ਇਲਜ਼ਾਮ ਲਾਉਣ ਵਾਲਿਆਂ ਨੂੰ ਸਖਤ ਤਾੜਨਾ ਕੀਤੀ। ਹੋਰਨਾਂ ਪਹੁੰਚੇ ਹੋਏ ਬੁਲਾਰਿਆਂ ਦੇ ਭਾਸ਼ਣ ਤੋਂ ਬਾਅਦ ਪ੍ਰੋਗਰਾਮ ਦੀ ਸਮਾਪਤੀ ਮੌਕੇ ਸੂਬਾ ਪ੍ਰਧਾਨ ਡਾ. ਤੇਜਿੰਦਰ ਸਿੰਘ ਢਿੱਲੋਂ ਨੇ ਸਾਰੇ ਡਾਕਟਰ ਸਾਥੀਆਂ ਦੀਆਂ ਵਧਾਈਆਂ ਕਬੂਲ ਕੀਤੀਆਂ। ਮੀਟਿੰਗ ਵਿੱਚ ਪਹੁੰਚੇ ਹੋਏ ਡਾ. ਸਾਥੀਆਂ ਦਾ ਧੰਨਵਾਦ ਕੀਤਾ। ਡਾ. ਢਿੱਲੋਂ ਨੇ ਸੂਬਾ ਕਮੇਟੀ ਮੈਂਬਰਾਂ ਅਤੇ ਹੋਰਨਾਂ ਸਹਿਯੋਗੀਆਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਸਾਥੀ ਡਾਕਟਰਾਂ ਨਾਲ ਸੱਚੇ ਮਨ ਤਨ ਧਨ ਨਾਲ, ਇਮਾਨਦਾਰੀ, ਨੇਕ ਨੀਤੀ ਅਤੇ ਨਿਡਰਤਾ ਨਾਲ ਚੱਲਦਾ ਹੋਇਆ ਮੋਢੇ ਨਾਲ ਮੋਢਾ ਲਾ ਕੇ ਜਥੇਬੰਦੀ ਦੀ ਤਰੱਕੀ ਲਈ ਕੰਮ ਕਰਦਾ ਰਹਾਂਗਾ। ਇਸ ਮੌਕੇ ਸੂਬਾ ਪ੍ਰਧਾਨ ਡਾ ਤੇਜਿੰਦਰ ਸਿੰਘ ਢਿੱਲੋਂ ਲਹੀਆ, ਡਾ. ਮੱਸਾ ਸਿੰਘ, ਡਾ. ਸੁਰਜੀਤ ਸਿੰਘ ਗਾਂਧੀ, ਡਾ. ਗੁਰਜੀਤ ਸਿੰਘ, ਡਾ. ਪਲਵਿੰਦਰ ਸਿੰਘ, ਡਾ. ਹਰਪ੍ਰੀਤ ਸਿੰਘ, ਡਾ. ਮਲਕੀਤ ਸਿੰਘ ਤੇ ਹੋਰ ਹਾਜ਼ਰ ਸਨ।



# ਪੰਜਾਬ ਪੈਨਸ਼ਨਰਜ਼ ਮਹਾਂ ਸੰਘ ਵੱਲੋਂ ਹੋਣਹਾਰ ਵਿਦਿਆਰਥੀਆਂ ਦਾ ਸਨਮਾਨ

**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੋਬੀ)**-ਪੰਜਾਬ ਪੈਨਸ਼ਨਰਜ਼ ਮਹਾਂ ਸੰਘ ਦੇ ਮੈਂਬਰਾਂ ਦੀ ਮੀਟਿੰਗ ਸੰਘ ਦੇ ਪ੍ਰਧਾਨ ਲੈਕਚਰਾਰ ਧਰਮ ਪਾਲ ਸੋਖਲ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਸੰਘ ਦੇ ਵਿਛੜ ਚੁੱਕੇ ਮੈਂਬਰ ਅਮਰਜੀਤ ਸਿੰਘ ਅਤੇ ਦਵਿੰਦਰ ਕੌਰ ਨੂੰ ਦੋ ਮਿੰਟ ਦਾ ਮੋਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ। ਸੰਘ ਦੇ ਸਰਪ੍ਰਸਤ ਰਣਜੀਤ ਸਿੰਘ ਹਵਾਰਾ ਅਤੇ ਜਨਰਲ ਸਕੱਤਰ ਸੁਰਿੰਦਰਜੀਤ ਵਰਮਾ ਨੇ ਦੱਸਿਆ ਕਿ ਮੀਟਿੰਗ ਦੌਰਾਨ ਬਲਾਕ ਵਿਚੋਂ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀ ਦਾ ਸਨਮਾਨ ਵੀ ਕੀਤਾ ਗਿਆ, ਜਿਨ੍ਹਾਂ ਵਿਚ ਜੈਸਮੀਨ ਕੌਰ, ਪ੍ਰਭਜੋਤ ਕੌਰ, ਸਿਮਰਨ ਕੌਰ, ਮੀਨਾਕਸ਼ੀ ਰਾਣੀ, ਸੁਖਰਾਜ ਸਿੰਘ, ਸੁਖਮਨਦੀਪ ਸਿੰਘ, ਓਂਕਾਰ ਸਿੰਘ, ਸੁਖਮਨਪ੍ਰੀਤ ਕੌਰ, ਰੁਪਿੰਦਰ ਕੌਰ, ਜਗਨਜੋਤ ਸਿੰਘ, ਜਸਲੀਨ ਕੌਰ, ਸੁਖਮਨਜੀਤ ਕੌਰ, ਮਹਿਕ ਅਤੇ ਅਮਨਪ੍ਰੀਤ ਕੌਰ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਮੁੱਖ ਮਹਿਮਾਨ ਵਜੋਂ ਪਹੁੰਚੇ ਗੁਰਬਖਸ਼ ਸਿੰਘ ਐਮਡੀ ਸਟੀਲ ਅਥਾਰਟੀ ਆਫ ਇੰਡੀਆ ਨੇ ਉਕਤ ਵਿਦਿਆਰਥੀਆਂ ਨੂੰ ਪੰਜ- ਪੰਜ ਸੌ ਰੁਪਏ ਦੇ ਕੇ ਹੌਸਲਾ ਅਫਜ਼ਾਈ ਕੀਤੀ। ਇਸ ਤੋਂ ਬਾਅਦ ਸਮੂਹ ਮੈਂਬਰਾਂ ਨੇ ਪੰਜਾਬ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਲੰਮੇ ਸਮੇਂ ਤੋਂ ਪੈਨਸ਼ਨਰਜ਼ਾਂ ਦੀਆਂ ਲਟਕਦੀਆਂ ਮੰਗਾਂ ਨੂੰ ਤੁਰੰਤ ਲਾਗੂ ਕੀਤਾ ਜਾਵੇ ਨਹੀਂ ਤਾਂ ਸੂਬੇ ਦੇ ਸਮੂਹ ਪੈਨਸ਼ਨਰਜ਼ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਣਗੇ। ਇਸ ਮੌਕੇ ਪਵਨ ਕੁਮਾਰ, ਲੈਕਚਰਾਰ ਲਛਮਣ ਸਿੰਘ, ਸਾਬਕਾ ਅਧਿਕਾਰੀ ਭਾਗ ਸਿੰਘ ਮਕੜੌਨਾ, ਹਰਚੰਦ ਸਿੰਘ, ਹਰਪਾਲ ਸਿੰਘ, ਗੁਰਦਿਆਲ ਸਿੰਘ ਅਤੇ ਸੁਰਿੰਦਰਪਾਲ ਸਿੰਘ ਆਦਿ ਹਾਜਰ ਸਨ।

# ਸ਼ਹੀਦੀ ਸਮਾਗਮ ਨੂੰ ਸਮਰਪਿਤ ਬੱਚਿਆਂ ਦੇ ਗੁਰਮਤਿ ਮੁਕਾਬਲੇ ਕਰਵਾਏ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਜਥੇਦਾਰ ਜਗਤਾਰ ਸਿੰਘ ਹਵਾਰਾ ਕਮੇਟੀ ਅਤੇ ਸਾਹਿਬਜ਼ਾਦਾ ਫ਼ਤਿਹ ਸਿੰਘ ਸੇਵਕ ਜਥਾ ਵੱਲੋਂ ਸ਼ਹੀਦ ਭਾਈ ਤਾਰੂ ਸਿੰਘ ਅਤੇ ਸ਼ਹੀਦ ਭਾਈ ਮਨੀ ਸਿੰਘ ਦੀ ਯਾਦ ਨੂੰ ਸਮਰਪਿਤ ਦੋ ਦਿਨਾਂ ਸ਼ਹੀਦੀ ਸਮਾਗਮ ਅਤੇ ਗੁਰਮਤਿ ਮੁਕਾਬਲਾ ਖਾਲਸਾਈ ਜਾਹੋ-ਜਹਾਲ ਨਾਲ ਕਰਵਾਇਆ ਗਿਆ। 'ਕੇਸਾਂ ਦੀ ਮਹਾਨਤਾ' ਤੇ 'ਨਸ਼ੇ ਇੱਕ ਚੁਣੌਤੀ' ਵਿਸ਼ੇ ਤੇ ਲਿਖਤੀ ਅਤੇ ਲੈਕਚਰ ਮੁਕਾਬਲੇ ਕਰਵਾਏ ਗਏ। ਪ੍ਰੋਫੈਸਰ ਬਲਜਿੰਦਰ ਸਿੰਘ ਅਤੇ ਮਨਜੀਤ ਸਿੰਘ ਵੇਰਕਾ ਨੇ ਦੱਸਿਆ ਕਿ ਲਗਭਗ ਅੱਠ ਪਿੰਡਾਂ ਦੇ ਬੱਚਿਆਂ ਨੂੰ ਸਮਾਗਮ ਤੋਂ ਪਹਿਲਾਂ ਸੰਬੰਧਿਤ ਵਿਸ਼ਿਆਂ ਤੇ ਪੁਸਤਕਾਂ ਵੰਡ ਦਿੱਤੀਆਂ ਗਈਆਂ ਸਨ। ਪ੍ਰਬੰਧਕਾਂ ਦਾ ਮੰਨਣਾ ਹੈ ਕਿ ਅੱਜ ਦੇ ਨੌਜਵਾਨਾਂ ਵਿੱਚ ਪੜ੍ਹਨ, ਲਿਖਣ ਅਤੇ ਬੋਲਣ ਦਾ ਹੁਨਰ ਹੋਣਾ ਜ਼ਰੂਰੀ ਹੈ। ਮੌਸਮ ਦੀ ਖਰਾਬੀ ਦੇ ਬਾਵਜੂਦ 160 ਵਿਦਿਆਰਥੀਆਂ ਨੇ ਇਸ ਮੁਕਾਬਲੇ ਵਿੱਚ ਹਿੱਸਾ ਲਿਆ। ਇਸ ਮੌਕੇ ਦਸਤਾਰ ਅਤੇ ਦੁਮਾਲਾ ਮੁਕਾਬਲਾ ਵੀ ਕਰਵਾਇਆ ਗਿਆ ਜਿਸ ਵਿੱਚ ਵੱਡੀ ਗਿਣਤੀ ਵਿੱਚ ਨੌਜਵਾਨ ਲੜਕੇ ਲੜਕੀਆਂ ਨੇ ਹਿੱਸਾ ਲਿਆ। ਕਵੀਸ਼ਰ ਨਰਿੰਦਰ ਸਿੰਘ ਬੱਗਾ ਦੇ ਜੱਥੇ ਨੇ ਭਾਈ ਤਾਰੂ ਸਿੰਘ ਦਾ ਪ੍ਰਸੰਗ ਸੁਣਾ ਕੇ ਸੰਗਤਾਂ ਨੂੰ ਇਤਿਹਾਸ ਨਾਲ ਜੋੜਿਆ। ਹਿੰਮਤ ਸਿੰਘ ਨੇ ਆਪਣੇ ਸਾਥੀਆਂ ਨਾਲ ਜੱਜ ਦੀ ਭੂਮਿਕਾ ਨਿਭਾਉਂਦੇ ਹੋਏ ਦਸਤਾਰ ਅਤੇ ਦੁਮਾਲਾ ਮੁਕਾਬਲੇ 'ਚ ਕ੍ਰਮਵਾਰ ਰਣਵੀਰ ਸਿੰਘ ਤੇ ਰਿਧਮਪ੍ਰੀਤ ਕੌਰ ਨੂੰ ਅੱਵਲ ਦਰਜਾ ਦਿੱਤਾ। ਇਸ ਤੋਂ ਇਲਾਵਾ ਜੇਤੂ ਵਿਦਿਆਰਥੀਆਂ ਵਿੱਚ ਸੁਖਮਨਦੀਪ ਕੌਰ, ਪਰਵਾਨਪ੍ਰੀਤ ਕੌਰ, ਗੁਰਨੂਰ ਸਿੰਘ, ਗੁਰਪ੍ਰੀਤ ਸਿੰਘ, ਰਮਨਪ੍ਰੀਤ ਕੌਰ, ਅਰਵਿੰਦਰ ਕੌਰ, ਪਲਵਿੰਦਰ ਕੌਰ, ਅਕਾਸ਼ਪ੍ਰੀਤ ਕੌਰ, ਕਿਰਨਦੀਪ ਕੌਰ, ਜਸਪ੍ਰੀਤ ਸਿੰਘ, ਸਿਮਰਨ ਕੌਰ, ਮਨਪ੍ਰੀਤ ਕੌਰ ਸ਼ਾਮਲ ਹਨ। ਸਮਾਗਮ ਦੌਰਾਨ ਭਾਈ ਸਤਨਾਮ ਸਿੰਘ ਝੰਝੀਆਂ, ਪ੍ਰਨਾਮ ਸਿੰਘ ਜਹਾਂਗੀਰ, ਹਰਜਿੰਦਰ ਸਿੰਘ, ਰਾਜੂ ਸਿੰਘ ਸ਼ੁਕਰਚੱਕ, ਭਾਈ ਗੁਰਦੀਪ ਸਿੰਘ ਨਿਜ਼ਾਮਪੁਰ, ਮੰਗਲ ਸਿੰਘ ਫਤਿਹਗੜ੍ਹ, ਜਗਦੀਪ ਸਿੰਘ ਸੋਹੀਆਂ, ਜਸਜੋਤ ਸਿੰਘ ਮੁੱਦਲ, ਹਰਪ੍ਰੀਤ ਸਿੰਘ ਬੌਬੀ, ਗਗਨਦੀਪ ਸਿੰਘ, ਮਨਪ੍ਰੀਤ ਸਿੰਘ, ਬਲਦੇਵ ਸਿੰਘ, ਰਘਬੀਰ ਸਿੰਘ, ਗੁਰਮੀਤ ਸਿੰਘ ਆਦਿ ਹਾਜ਼ਰ ਸਨ। ਸਟੇਜ ਦੀ ਸੇਵਾ ਸੁਖਦੇਵ ਸਿੰਘ ਵੇਰਕਾ ਨੇ ਬਾਖੂਬੀ ਨਿਭਾਈ।

# ਕੰਢੀ ਸੰਘਰਸ਼ ਕਮੇਟੀ ਨੇ ਨਹਿਰੀ ਵਿਭਾਗ ਦੇ ਐਕਸੀਅਨ ਨੂੰ ਦਿੱਤਾ ਮੰਗ ਪੱਤਰ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਕੰਢੀ ਸੰਘਰਸ਼ ਕਮੇਟੀ ਗੜ੍ਹਸਸ਼ਕਰ ਵਲੋਂ ਇਲਾਕੇ ਵਿੱਚੋ ਲੰਘ ਰਹੀ ਕੰਢੀ ਨਹਿਰ ਦੀ ਮੁਰੰਮਤ ਜਲਦ ਮੁਕੰਮਲ ਕਰਵਾਉਣ, ਕੰਢੀ ਇਲਾਕੇ ਨੂੰ ਸਿੰਚਾਈ ਵਾਲਾ ਪਾਣੀ ਦੇਣ,ਪਟੜੀ ਪੱਕੀ ਕਰਵਾਉਣ ਲਈ ਅਤੇ ਇਸੇ ਪਟੜੀ ਤੋਂ ਲੰਘ ਰਹੇ ਨਜਾਇਜ ਮਾਈਨਿੰਗ ਮਿੱਟੀ ਨਾਲ ਓਵਰਲੋਡ ਟਿੱਪਰ ਟਰਾਲੀਆਂ ਨੂੰ ਬੰਦ ਕਰਵਾਉਣ ਲਈ ਚੌਧਰੀ ਅੱਛਰ ਸਿੰਘ ਦੀ ਅਗਵਾਈ ਹੇਠ ਗਾਂਧੀ ਪਾਰਕ ਵਿਖੇ ਨਹਿਰੀ ਵਿਭਾਗ ਦੇ ਐਕਸੀਅਨ ਹੈਪੀ ਕੁਮਾਰ ਨੂੰ ਇੱਕ ਮੰਗ ਪੱਤਰ ਦਿੱਤਾ ਗਿਆ। ਸੂਬਾ ਕਨਵੀਨਰ ਦਰਸ਼ਨ ਸਿੰਘ ਮੱਟੂ ਨੇ ਕਿਹਾ ਕਿ 44 ਸਾਲ ਬਾਅਦ ਇਲਾਕੇ ਨੂੰ ਇਸ ਕੰਢੀ ਨਹਿਰ ਦਾ ਪਾਣੀ ਨਸੀਬ ਹੋਣ ਜਾ ਰਿਹਾ ਸੀ ਪਰ ਕੰਢੀ ਨਹਿਰ ਲਈ ਵਰਤਿਆ ਜਾਣ ਵਾਲਾ ਮਟੀਰੀਅਲ ਨਾ ਵਧੀਆ ਹੋਣ ਕਾਰਨ ਨਹਿਰ ਪਹਿਲੀ ਬਾਰਿਸ਼ ਨਾਲ ਟੁੱਟ ਗਈ ਜਿਸ ਨਾਲ ਇਲਾਕੇ ਦੇ ਕਈ ਪਿੰਡਾਂ ਦਾ ਨੁਕਸਾਨ ਹੋ ਗਿਆ ਅਤੇ ਕਿਸਾਨਾਂ ਦੀ ਫਸਲ ਵੀ ਨੁਕਸਾਨੀ ਗਈ। ਉਹਨਾਂ ਸੂਬਾ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਕੰਢੀ ਨਹਿਰ ਦੀ ਮਰੁੰਮਤ ਸੁਚੱਜੇ ਢੰਗ ਅਤੇ ਵਧੀਆ ਮਟੀਰੀਅਲ ਨਾਲ ਕੀਤੀ ਜਾਵੇ ਤਾਂ ਜੋ ਅਗਾਂਹ ਤੋਂ ਇਲਾਕੇ ਨੂੰ ਕਿਸੇ ਤਰ੍ਹਾਂ ਦੀ ਮੁਸ਼ਕਲ ਨਾ ਆ ਸਕੇ ਅਤੇ ਨਹਿਰ ਦੀ ਪਟੜੀ ਨੂੰ ਪੱਕਾ ਕੀਤਾ ਜਾਵੇ ਅਤੇ ਇਸ ਪਟੜੀ ਤੋ ਲੰਘ ਰਹੇ ਨਜਾਇਜ ਮਾਈਨਿੰਗ ਨਾਲ ਓਵਰਲੋਡ ਟਿੱਪਰ ਟਰਾਲੀਆਂ ਦਾ ਲਾਂਘਾ ਵੀ ਬੰਦ ਕੀਤਾ ਜਾਵੇ। ਇਸ ਮੌਕੇ ਰਿਟਾ. ਕੈਪਟਨ ਕਰਨੈਲ ਸਿੰਘ, ਦੇਵ ਪ੍ਰਕਾਸ਼,ਬੀਬੀ ਸੁਭਾਸ਼ ਮੱਟੂ,ਚਰਨਜੀਤ ਸਿੰਘ,ਅਵਤਾਰ ਸਿੰਘ,ਦਵਿੰਦਰ ਸਿੰਘ ਅਤੇ ਹੋਰ ਹਾਜਰ ਸਨ।

# ਸੰਭਾਵੀ ਹੜ੍ਹਾਂ ਦੇ ਮੱਦੇਨਜ਼ਰ ਐੱਸ ਡੀ ਐੱਮ ਢਿੱਲੋਂ ਨੇ ਕੀਤਾ ਡਰੇਨਾਂ ਦਾ ਮੁਆਇਨਾ



**ਮਜੀਠਾ-(ਸੋਇਮ ਆਨੰਦ)**-ਪੰਜਾਬ ਵਿਚ ਪਿਛਲੇ ਕਈ ਦਿਨਾਂ ਤੋਂ ਹੋ ਰਹੀ ਲਗਾਤਾਰ ਅਤੇ ਮੋਹਲੇਧਾਰ ਬਰਸਾਤ ਤੋਂ ਬਾਅਦ ਸੂਬੇ ਭਰ ਵਿਚ ਹੜ੍ਹਾਂ ਵਰਗੇ ਹਾਲਾਤ ਬਣੇ ਹੋਏ ਹਨ। ਇਨ੍ਹਾਂ ਹੜ੍ਹਾਂ ਦੀ ਸੰਭਾਵਨਾ ਨੂੰ ਦੇਖਦੇ ਹੋਏ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਐਸਡੀਐਮ ਮਜੀਠਾ ਡਾ: ਹਰਨੂਰ ਕੌਰ ਢਿੱਲੋਂ ਵੱਲੋਂ ਡਰੇਨੇਜ ਵਿਭਾਗ ਦੇ ਅਧਿਕਾਰੀਆਂ ਅਤੇ ਮਾਲ ਵਿਭਾਗ ਦੇ ਅਧਿਕਾਰੀਆਂ ਸਮੇਤ ਮਜੀਠਾ ਦੇ ਲਾਗਲੇ ਨਖਾਸੂਆਂ ਅਤੇ ਡਰੇਨਾਂ ਦਾ ਮੁਆਇਨਾ ਕੀਤਾ ਗਿਆ ਜਿਸ ਵਿੱਚ ਪਿੰਡ ਬੁਰਜ, ਨੌ ਆਬਾਦ, ਗੋਸਲ ਜ਼ਿੰਮੀਦਾਰ, ਟਰਪਈ ਅਤੇ ਅਜੈਬਵਾਲੀ ਦੀਆਂ ਡਰੇਨਾਂ ਦਾ ਮੁਆਇਨਾ ਕੀਤਾ ਗਿਆ ਅਤੇ ਦੇਖਿਆ ਕਿ ਇਨ੍ਹਾਂ ਸਾਰੀਆਂ ਡਰੇਨਾਂ ਦੀ ਪਿਛਲੇ ਲੰਮੇ ਸਮੇਂ ਤੋ ਚੰਗੀ ਤਰ੍ਹਾਂ ਸਫਾਈ ਨਹੀਂ ਕਰਵਾਈ ਗਈ ਜਿਸ ਕਰਕੇ ਡਰੇਨਾਂ ਵਿਚ ਘਾਹ ਅਤੇ ਬੂਟੀ ਵੱਡੀ ਮਿਕਦਾਰ ਵਿਚ ਉੱਗੀ ਹੋਈ ਹੈ ਜਿਸ ਕਾਰਣ ਪਾਣੀ ਅੱਗੇ ਨਹੀਂ ਜਾ ਰਿਹਾ। ਅਤੇ ਰੁਕਾਵਟ ਬਣੀ ਹੋਈ ਹੈ। ਡਾ: ਹਰਨੂਰ ਕੌਰ ਢਿੱਲੋਂ ਨੇ ਡਰੇਨੇਜ ਵਿਭਾਗ ਦੇ ਅਧਿਕਾਰੀਆਂ ਅਤੇ ਮਾਲ ਵਿਭਾਗ ਦੇ ਅਧਿਕਾਰੀਆਂ ਨੂੰ ਸਖਤੀ ਨਾਲ ਹੁਕਮ ਦਿੱਤੇ ਕਿ ਜਲਦੀ ਤੋਂ ਜਲਦੀ ਇਨ੍ਹਾਂ ਡਰੇਨਾਂ ਦੀ ਖਲਾਈ ਕਰਾਈ ਜਾਵੇ ਅਤੇ ਇਸ ਦੀ ਰਿਪੋਰਟ ਦਿੱਤੀ ਜਾਵੇ ਤਾਂ ਕਿ ਜ਼ਿਆਦਾ ਬਰਸਾਤ ਹੋਣ ਕਰਕੇ ਜਾਂ ਪਿਛੋਂ ਪਾਣੀ ਦਾ ਵਹਾਅ ਤੇਜ਼ ਹੋਣ ਕਰਕੇ ਕਿਸੇ ਦਾ ਕੋਈ ਜਾਨੀ ਜਾਂ ਮਾਲੀ ਨੁਕਸਾਨ ਨਾ ਹੋਵੇ। ਇਸ ਮੌਕੇ ਡਾ: ਢਿੱਲੋਂ ਦੇ ਨਾਲ ਡਰੇਨੇਜ ਵਿਭਾਗ ਦੇ ਜੇਈ ਅਤੇ ਕਰਮਚਾਰੀ, ਮਾਲ ਵਿਭਾਗ ਦੇ ਪਟਵਾਰੀ ਜਸਵਿੰਦਰ ਸਿੰਘ ਬੇਦੀ, ਰੀਡਰ ਵਰਿੰਦਰ ਭਾਟੀਆ, ਲਿਆਸ ਮਸੀਹ, ਵੱਖ-ਵੱਖ ਪਿੰਡਾਂ ਦੇ ਮੋਹਤਬਰ ਵਿਅਕਤੀ ਵੀ ਹਾਜ਼ਰ ਸਨ।

# ਪਾਕਿਸਤਾਨ ਜਾਣ ਵਾਲੇ ਸ਼ਰਧਾਲੂਆਂ ਤੋਂ ਸ਼੍ਰੋਮਣੀ ਕਮੇਟੀ ਨੇ ਪਾਸਪੋਰਟ ਮੰਗੇ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਉਣ ਲਈ ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਸ਼ਰਧਾਲੂਆਂ ਦਾ ਜਥਾ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਪਾਕਿਸਤਾਨ ਵਿਖੇ ਨਵੰਬਰ 2023 ਵਿਚ ਭੇਜਿਆ ਜਾਵੇਗਾ। ਇਸ ਸਬੰਧ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਵੀਜ਼ਾ ਪ੍ਰਕਿਰਿਆ ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਸ਼ਰਧਾਲੂ ਆਪਣੇ ਪਾਸਪੋਰਟ 10 ਅਗਸਤ 2023 ਤੱਕ ਜਮ੍ਹਾ ਕਰਵਾ ਸਕਣਗੇ। ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਇਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਜਥਾ ਪਾਕਿਸਤਾਨ ਭੇਜਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਜਿਹੜੇ ਸ਼ਰਧਾਲੂ ਇਸ ਇਤਿਹਾਸਕ ਪੁਰਬ ਮੌਕੇ ਪਾਕਿਸਤਾਨ ਸਥਿਤ ਗੁਰਦੁਆਰਾ ਪ੍ਰਕਾਸ਼ ਅਸਥਾਨ ਸ੍ਰੀ ਨਨਕਾਣਾ ਸਾਹਿਬ ਸਮੇਤ ਹੋਰ ਗੁਰਧਾਮਾਂ ਦੇ ਦਰਸ਼ਨ ਕਰਨਾ ਚਾਹੁੰਦੇ ਹਨ ਉਹ ਆਪਣੇ ਪਾਸਪੋਰਟ ਸ਼੍ਰੋਮਣੀ ਕਮੇਟੀ ਦੇ ਹਲਕਾ ਮੈਂਬਰ ਦੀ ਸਿਫਾਰਸ਼ ਸਹਿਤ ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਯਾਤਰਾ ਵਿਭਾਗ ਵਿਚ ਭੇਜਣ। ਸ. ਪ੍ਰਤਾਪ ਸਿੰਘ ਨੇ ਜਾਣਕਾਰੀ ਦਿੱਤੀ ਕਿ ਸ਼ਰਧਾਲੂਆਂ ਲਈ ਪਾਸਪੋਰਟ ਦੇ ਨਾਲ ਪਛਾਣ ਦੇ ਸਬੂਤ ਵਜੋਂ ਆਧਾਰ ਕਾਰਡ ਜਾਂ ਵੋਟਰ ਕਾਰਡ ਦੀ ਫੋਟੋ ਕਾਪੀ ਲਗਾਉਣੀ ਜ਼ਰੂਰੀ ਹੈ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਉਹ ਸਮੇਂ ਸਿਰ ਆਪਣੇ ਪਾਸਪੋਰਟ ਅਤੇ ਦਸਤਾਵੇਜ਼ ਸ਼੍ਰੋਮਣੀ ਕਮੇਟੀ ਨੂੰ ਦੇਣ ਤਾਂ ਜੋ ਵੀਜ਼ਾ ਪ੍ਰਕਿਰਿਆ ਪੂਰੀ ਕਰਨ ਲਈ ਅਗਲੀ ਕਾਰਵਾਈ ਕੀਤੀ ਜਾ ਸਕੇ।

# ਸਰਪੰਚ ਪਰਦੀਪ ਸਿੰਘ ਬਣੇ ਯੂਥ ਕਾਂਗਰਸ ਦੇ ਵਾਈਸ ਪ੍ਰਧਾਨ

**ਤਰਨ ਤਾਰਨ (ਸਾਗਰਦੀਪ ਸਿੰਘ ਅਰੋੜਾ)**-ਯੂਥ ਕਾਂਗਰਸ 2023 ਦੀਆਂ ਚੋਣਾਂ ਵਿੱਚ ਪ੍ਰਦੀਪ ਸਿੰਘ ਯੂਥ ਕਾਂਗਰਸ ਹਲਕਾ ਤਰਨਤਾਰਨ ਦੇ ਉਪ ਪ੍ਰਧਾਨ ਚੁਣੇ ਗਏ ਹਨ ਜਿਸ ਕਾਰਨ ਇਲਾਕੇ ਦੇ ਲੋਕਾਂ ਵਿੱਚ ਵੱਡੀ ਖੁਸ਼ੀ ਦੀ ਲਹਿਰ ਵੇਖਣ ਨੂੰ ਮਿਲ ਰਹੀ ਹੈ। ਪ੍ਰਦੀਪ ਸਿੰਘ ਹਲਕਾ ਤਰਨਤਾਰਨ ਦੇ ਪਿੰਡ ਕੋਟ ਦਸੰਧੀ ਮੱਲ ਦੇ ਸਰਪੰਚ ਵੀ ਹਨ। ਕਾਂਗਰਸ ਦੀ ਸਮੁੱਚੀ ਹਾਈਕਮਾਂਡ ਅਤੇ ਕਾਂਗਰਸ ਦੇ ਵਰਕਰਾਂ ਦਾ ਧੰਨਵਾਦ ਕਰਦਿਆਂ ਪ੍ਰਦੀਪ ਸਿੰਘ ਨੇ ਕਿਹਾ ਕਿ ਜਿਹੜੀ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਗਈ ਹੈ ਉਸ ਨੂੰ ਪੂਰੀ ਇਮਾਨਦਾਰੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਉਹ ਕਾਂਗਰਸ ਦੀ ਮਜ਼ਬੂਤੀ ਲਈ ਦਿਨ-ਰਾਤ ਕਰਨਗੇ ਅਤੇ ਆਉਣ ਵਾਲੀਆਂ ਬਲਾਕ ਸੰਮਤੀ, ਪੰਚਾਇਤੀ ਅਤੇ ਲੋਕ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਰਿਕਾਰਡਤੋੜ ਜਿੱਤ ਦਰਜ ਕਰੇਗੀ।

# ਮਿਸ਼ਨ 'ਆਬਾਦ' ਤਹਿਤ ਕੋਟ ਸੰਤੋਖ ਰਾਏ ਵਿਖੇ ਵਿਸ਼ੇਸ਼ ਕੈਂਪ ਲੱਗਾ

**ਗੁਰਦਾਸਪੁਰ, (ਜਨਕ ਮਹਾਜਨ)**-ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਅਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੋਟ ਸੰਤੋਖ ਰਾਏ ਵਿਖੇ ਮਿਸ਼ਨ 'ਆਬਾਦ' ਤਹਿਤ ਵਿਸ਼ੇਸ਼ ਜਨ ਸੁਣਵਾਈ ਕੈਂਪ ਲਗਾਇਆ ਗਿਆ। ਇਸ ਕੈਂਪ ਵਿਚ ਵੱਡੀ ਗਿਣਤੀ ਵਿੱਚ ਪਿੰਡ ਕੋਟ ਸੰਤੋਖ ਰਾਏ ਅਤੇ ਆਸ-ਪਾਸ ਦੇ ਪਿੰਡਾਂ ਦੇ ਵਿਅਕਤੀਆਂ ਨੇ ਸਰਕਾਰ ਦੀਆਂ ਵੱਖ-ਵੱਖ ਭਲਾਈ ਯੋਜਨਾਵਾਂ ਦਾ ਲਾਭ ਉਠਾਇਆ। ਇਸ ਮੌਕੇ ਵੱਖ-ਵੱਖ ਵਿਭਾਗਾਂ ਵਲੋਂ ਸਟਾਲ ਲਗਾ ਕੇ ਆਪਣੇ ਵਿਭਾਗ ਨਾਲ ਸਬੰਧਤ ਸੇਵਾਵਾਂ ਯੋਗ ਲਾਭਪਾਤਰੀਆਂ ਨੂੰ ਦਿੱਤੀਆਂ ਗਈਆਂ। ਇਸ ਦੌਰਾਨ ਸਿਹਤ ਵਿਭਾਗ ਵਲੋਂ ਮੁਫ਼ਤ ਮੈਡੀਕਲ ਕੈਂਪ ਵੀ ਲਗਾਇਆ ਜਿਸ ਵਿੱਚ ਮਰੀਜ਼ਾਂ ਦੀ ਮੁੱਢਲੀ ਜਾਂਚ ਕਰਕੇ ਉਨ੍ਹਾਂ ਨੂੰ ਮੁਫ਼ਤ ਦਵਾਈ ਦਿੱਤੀ ਗਈ। ਇਸ ਮੌਕੇ ਢਿੱਲੋਂ ਸਕੈਨ ਸੈਂਟਰ ਧਾਰੀਵਾਲ ਵਲੋਂ ਸਕੈਨਿੰਗ ਦਾ ਮੁਫ਼ਤ ਕੈਂਪ ਲਗਾਇਆ ਗਿਆ। 450 ਤੋਂ ਵੱਧ ਵਿਅਕਤੀਆਂ ਨੇ ਸਰਕਾਰ ਦੀਆਂ ਵੱਖ-ਵੱਖ ਭਲਾਈ ਯੋਜਨਾਵਾਂ ਦਾ ਲਾਭ ਉਠਾਇਆ। ਇਸ ਮੌਕੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ, ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਜਗਰੂਪ ਸਿੰਘ ਸੇਖਵਾਂ, ਐੱਸਡੀਐੱਮ ਅਮਨਦੀਪ ਕੌਰ ਘੁੰਮਣ, ਸਹਾਇਕ ਕਮਿਸ਼ਨਰ (ਜਨਰਲ) ਸਚਿਨ ਪਾਠਕ, ਡੀਐਸਪੀ ਰਾਜਬੀਰ ਸਿੰਘ, ਸਿਵਲ ਸਰਜਨ ਡਾ. ਹਰਭਜਨ ਰਾਮ, ਮੁੱਖ ਖੇਤੀਬਾੜੀ ਅਫ਼ਸਰ ਡਾ. ਕ੍ਰਿਪਾਲ ਸਿੰਘ ਢਿਲੋਂ, ਡੀਡੀਪੀਓ ਸਤੀਸ਼ ਕੁਮਾਰ, ਬੀਡੀਪੀਓ ਗੁਰਜੀਤ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਖਾਲਸਾ ਕਾਲਜ ਗੁਰਦਾਸ ਨੰਗਲ ਦਾ ਬੀ ਸੀ ਏ ਸਮੈਸਟਰ ਛੇਵਾਂ ਦਾ ਨਤੀਜਾ ਸ਼ਾਨਦਾਰ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਵਿੱਦਿਆ ਸਕੱਤਰ ਸੁਖਮਿੰਦਰ ਸਿੰਘ ਦੀ ਸਰਪ੍ਰਸਤੀ ਹੇਠ ਚੱਲ ਰਹੇ ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਦਾ ਬੀਸੀਏ ਸਮੈਸਟਰ ਛੇਵਾਂ ਦਾ ਨਤੀਜਾ ਸ਼ਾਨਦਾਰ ਰਿਹਾ ਹੈ। ਇਸ ਸਬੰਧੀ ਕਾਲਜ ਦੇ ਪ੍ਰਿੰਸੀਪਲ ਡਾ: ਗੁਰਜੀਤ ਸਿੰਘ ਨੇ ਦੱਸਿਆ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਲੋਂ ਐਲਾਨੇ ਗਏ ਬੀਸੀਏ ਸਮੈਸਟਰ ਛੇਵਾਂ ਦੇ ਨਤੀਜੇ ਵਿੱਚੋਂ ਉਨ੍ਹਾਂ ਦੇ ਕਾਲਜ ਦੀ ਵਿਦਿਆਰਥਣ ਸੁਖਜੀਤ ਕੌਰ ਨੇ 79 ਫੀਸਦੀ ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਪਹਿਲਾ ਸਥਾਨ, ਜਸਵਿੰਦਰ ਸਿੰਘ ਨੇ 71 ਪ੍ਰਤੀਸ਼ਤ ਅੰਕ ਲੈ ਕੇ ਦੂਸਰਾ ਸਥਾਨ ਅਤੇ ਸੁਗਮ ਨੇ 70 ਪ੍ਰਤੀਸ਼ਤ ਅੰਕ ਪ੍ਰਾਪਤ ਕਰਦੇ ਤੀਸਰਾ ਸਥਾਨ ਹਾਸਲ ਕਰਕੇ ਆਪਣੇ ਕਾਲਜ ਤੇ ਮਾਤਾ ਪਿਤਾ ਦਾ ਨਾਮ ਰੌਸ਼ਨ ਕੀਤਾ ਹੈ। ਇਨ੍ਹਾਂ ਤੋਂ ਇਲਾਵਾ ਵੀ ਬਾਕੀ ਸਾਰੇ ਵਿਦਿਆਰਥੀ ਚੰਗੇ ਅੰਕ ਲੈ ਕੇ ਪਾਸ ਹੋਏ ਹਨ। ਕਾਲਜ ਪ੍ਰਿੰਸੀਪਲ ਡਾ: ਗੁਰਜੀਤ ਸਿੰਘ ਨੇ ਚੰਗੇ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਤਾ-ਪਿਤਾ ਨੂੰ ਵਧਾਈ ਦਿੱਤੀ ਅਤੇ ਪੜ੍ਹਾਈ ਦੇ ਮਹੱਤਵ ਬਾਰੇ ਵਿਚਾਰ ਸਾਂਝੇ ਕਰਦਿਆਂ ਵਿਦਿਆਰਥੀਆਂ ਨੂੰ ਜ਼ਿੰਦਗੀ ਵਿੱਚ ਅੱਗੇ ਵਧਣ ਲਈ ਸਖਤ ਮਿਹਨਤ ਕਰਨ ਲਈ ਪ੍ਰੇਰਿਆ ਅਤੇ ਬੁਲੰਦੀਆਂ ਛੂਹਣ ਦੀ ਕਾਮਨਾ ਕੀਤੀ। ਇਸ ਮੌਕੇ ਕਾਲਜ ਦੇ ਸਮੂਹ ਸਟਾਫ ਮੈਂਬਰ ਹਾਜ਼ਰ ਸੀ।

# ਬੁੰਗਲ ਹਾਈ ਸਕੂਲ ਬਚਾਓ ਸੰਘਰਸ਼ ਕਮੇਟੀ ਨੇ ਮੰਗ ਪੱਤਰ ਸੌਂਪਿਆ

**ਪਠਾਨਕੋਟ (ਦਵਿੰਦਰ ਸਿੰਘ)**-ਪਠਾਨਕੋਟ ਡੀ ਸੀ ਦਫਤਰ ਅੱਗੇ ਬੁੰਗਲ ਹਾਈ ਸਕੂਲ ਬਚਾਓ ਸੰਘਰਸ਼ ਕਮੇਟੀ ਨੇ ਜਨਤਕ ਜਥੇਬੰਦੀਆਂ ਦੇ ਸਹਿਯੋਗ ਨਾਲ ਸਕੂਲ ਦੇ ਵਿਦਿਆਰਥੀਆਂ ਅਤੇ ਮਾਪਿਆਂ ਨਾਲ ਰੋਸ ਮਾਰਚ ਅਤੇ ਧਰਨਾ ਪ੍ਰਦਰਸ਼ਨ ਕਰਦੇ ਹੋਏ ਡੀ ਸੀ ਪਠਾਨਕੋਟ ਰਾਹੀਂ ਮੰਗ ਪੱਤਰ ਮੁੱਖ ਮੰਤਰੀ ਅਤੇ ਸਿੱਖਿਆ ਮੰਤਰੀ ਨੂੰ ਮੰਗ ਪੱਤਰ ਭੇਜਿਆ। ਧਰਨਾ ਪ੍ਰਦਰਸ਼ਨ ਅਤੇ ਰੋਸ ਮਾਰਚ ਦੀ ਅਗਵਾਈ ਵਿਦਿਆਰਥੀਆਂ ਦੇ ਮਾਪਿਆਂ ਅਤੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਪੰਜਾਬ ਦੇ ਆਗੂ ਧਰਮਿੰਦਰ ਸਿੰਘ ਅਤੇ ਸੀਟੀਊ ਪੰਜਾਬ ਦੇ ਆਗੂ ਕਾਮਰੇਡ ਸ਼ਿਵ ਕੁਮਾਰ ਨੇ ਕੀਤੀ। ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਜਨਰਲ ਸਕੱਤਰ ਧਰਮਿੰਦਰ ਸਿੰਘ ਨੇ ਪੰਜਾਬ ਸਰਕਾਰ ਨੂੰ ਤੁਰੰਤ ਸਕੂਲ ਦਾ ਦਰਜਾ ਬਹਾਲ ਕਰਨ ਲਈ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਕਿਸਾਨੀ ਅੰਦੋਲਨ ਵਾਂਗ ਪੰਜਾਬ ਦੇ 319 ਸਕੂਲਾਂ ਨੂੰ ਬਹਾਲ ਕਰਨ ਦੀ ਲੜਾਈ ਪੰਜਾਬ ਪੱਧਰ 'ਤੇ ਜਨਤਕ ਜਥੇਬੰਦੀਆਂ ਦੇ ਸਹਿਯੋਗ ਨਾਲ ਲੜੀ ਜਾਵੇਗੀ। ਭਿਲੀ ਪ੍ਰਧਾਨ ਬੁੰਗਲ ਨੇ ਸਰਕਾਰ ਨੂੰ ਗਰੀਬ ਤੇ ਪਿਛੜੇ ਬਲਾਕ ਧਾਰ ਦੇ ਸਭ ਤੋਂ ਵੱਡੇ ਪਿੰਡ ਵਿੱਚ ਹਾਈ ਸਕੂਲ ਬਹਾਲ ਕਰਨਾ ਸਮੇਂ ਅਤੇ ਵੱਡੀ ਆਬਾਦੀ ਦੀ ਮੰਗ ਦੱਸਿਆ। ਇਸ ਸਮੇਂ ਜਮਹੂਰੀ ਕਿਸਾਨ ਸਭਾ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ, ਸੀਟੀਊ ਪੰਜਾਬ, ਦਿਹਾਤੀ ਮਜ਼ਦੂਰ ਸਭਾ, ਪੰਜਾਬ ਨਿਰਮਾਣ ਮਜ਼ਦੂਰ ਯੂਨੀਅਨ, ਘਰੇਲੂ ਮਜ਼ਦੂਰ ਯੂਨੀਅਨ ਦੇ ਆਗੂਆਂ ਨੇ ਰੋਸ ਮਾਰਚ ਅਤੇ ਧਰਨਾ ਪਰਦਰਸ਼ਨ ਵਿਚ ਅਗਵਾਈ ਕੀਤੀ। ਜਨਤਕ ਆਗੂਆਂ ਨੇ ਐਲਾਨ ਕੀਤਾ ਕਿ ਜਦੋਂ ਤੱਕ ਸਕੂਲ ਦਾ ਦਰਜਾ ਬਹਾਲ ਨਹੀਂ ਹੁੰਦਾ ਅਤੇ ਬਦਲੇ ਦੀ ਭਾਵਨਾ ਨਾਲ ਮਾਸਟਰ ਰਾਜੇਸ਼ ਦੀ ਕੀਤੀ ਬਦਲੀ ਰੱਦ ਨਹੀਂ ਕੀਤੀ ਜਾਂਦੀ ਜਨ ਸੰਘਰਸ਼ ਜਾਰੀ ਰਹੇਗਾ। ਉਪਰੋਕਤ ਤੋਂ ਇਲਾਵਾ ਕਾਮਰੇਡ ਬਲਵੰਤ ਸਿੰਘ ਘੋਹ, ਮਾਸਟਰ ਸੁਭਾਸ਼ ਸ਼ਰਮਾ, ਰਘੁਬੀਰ ਸਿੰਘ ਧਲੌਰੀਆਂ, ਅਜੀਤ ਰਾਮ ਗੰਦਲਾਂ ਲਾਹੜੀ, ਬਲਬੀਰ ਸਿੰਘ ਬਹੇੜੀਆਂ, ਯਸ਼ ਪਾਲ, ਪੰਚ ਸ਼ੁਭਾਸ਼ ਚੰਦਰ, ਰੇਨੂੰ ਬਾਲਾ, ਨਿਰਮਲਾ ਦੇਵ, ਨਮੂਨਾ ਖਾਤੂਨ, ਰਿਤੂ ਬਾਲਾ, ਮੋਨਿਕਾ ਦੇਵੀ ਸਮੇਤ ਵੱਡੀ ਗਿਣਤੀ ਵਿਚ ਪਿੰਡ ਵਾਸੀ ਹਾਜ਼ਰ ਸਨ।



# ਸਕੂਲੀ ਇਮਾਰਤਾਂ ਨੂੰ ਲੈ ਕੇ ਬਲਾਕ ਐਲੀਮੈਂਟਰੀ ਸਿੱਖਿਆ ਅਫ਼ਸਰਾਂ ਨਾਲ ਮੀਟਿੰਗ

**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)**—ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ) ਰਾਜੇਸ਼ ਕੁਮਾਰ ਸ਼ਰਮਾ ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ) ਇੰਦੂ ਬਾਲਾ ਮੰਗੋਤਰਾ ਵੱਲੋਂ ਜ਼ਿਲ੍ਹਾ ਅੰਮ੍ਰਿਤਸਰ ਦੇ ਸਮੂਹ ਬਲਾਕ ਐਲੀਮੈਂਟਰੀ ਸਿੱਖਿਆ ਅਫ਼ਸਰਾਂ ਨਾਲ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਨਵ-ਨਿਯੁਕਤ ਬਲਾਕ ਐਲੀਮੈਂਟਰੀ ਸਿੱਖਿਆ ਅਫ਼ਸਰ ਜਤਿੰਦਰ ਸਿੰਘ ਮਜੀਠਾ-2, ਕੁਲਵੰਤ ਸਿੰਘ ਅੰਮ੍ਰਿਤਸਰ-2, ਦਿਲਬਾਗ ਸਿੰਘ ਅੰਮ੍ਰਿਤਸਰ-4, ਮਨਜੀਤ ਸਿੰਘ ਬਲਾਕ ਅੰਮ੍ਰਿਤਸਰ-3, ਰੰਜੀਤਪ੍ਰੀਤ ਸਿੰਘ ਜੰਡਿਆਲਾ ਗੁਰੂ ਨੂੰ ਜੀ ਆਇਆਂ ਆਖਦਿਆਂ ਚੰਗੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਮੀਟਿੰਗ ਵਿੱਚ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ) ਰਾਜੇਸ਼ ਕੁਮਾਰ ਸ਼ਰਮਾ ਵੱਲੋਂ ਈਟੀਟੀ ਤੋਂ ਐੱਚਟੀ ਦੀ ਤਰੱਕੀ ਅਤੇ ਅਧਿਆਪਕਾਂ ਦੀ ਸੀਨੀਅਰਤਾ ਸੂਚੀ ਸਬੰਧੀ ਤੁਰੰਤ ਕਾਰਵਾਈ ਲਈ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ ਗਏ। ਇਸ ਤੋਂ ਇਲਾਵਾ ਮੀਟਿੰਗ ਵਿੱਚ ਹੜ੍ਹਾਂ ਸਬੰਧੀ ਜ਼ਰੂਰੀ ਹਦਾਇਤਾਂ, ਸਕੂਲਾਂ ਵਿੱਚ ਚੱਲ ਰਹੇ ਸਿਵਲ ਵਰਕਸ ਦੇ ਕੰਮਾਂ ਸਬੰਧੀ, ਮਿਡ ਡੇ ਮੀਲ, ਕਿਤਾਬਾਂ, ਐੱਸਐੱਮਸੀ ਦੀ ਬਣਤਰ ਬਾਰੇ, ਵਿਦਿਆਰਥੀਆਂ ਦੇ ਨਵੇਂ ਦਾਖਲੇ, ਪ੍ਰੀ-ਪ੍ਰਾਇਮਰੀ ਦੇ ਵਿਦਿਆਰਥੀਆਂ ਲਈ ਯੂਨੀਫਾਰਮ, ਸਪੋਰਟਸ ਸਬੰਧੀ, ਦਫਤਰੀ ਕੇਸਾਂ ਬਾਰੇ ਵੀ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ ਗਏ। ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ ਪ੍ਰਿੰਸੀਪਲ ਜਵਾਹਰ ਨਵੋਦਿਆ ਵਿਦਿਆਲਿਆ ਭੀਲੋਵਾਲ ਅਤੇ ਅਵਾਣ ਵੱਲੋਂ ਨਵੋਦਿਆ ਵਿਦਿਆਲਿਆ ਦਾਖਲਾ ਟੈਸਟ-2024 ਸਬੰਧੀ ਵਿਦਿਆਰਥੀਆਂ ਨੂੰ ਅਪਲਾਈ ਕਰਵਾਉਣ ਸਬੰਧੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਤੇ ਬੀਈਈਓ ਗੁਰਦੇਵ ਸਿੰਘ, ਦਿਲਬਾਗ ਸਿੰਘ, ਸੁਪਰਡੈਂਟ ਅਨਿਲ ਕੁਮਾਰ, ਨਵਦੀਪ ਕੌਰ, ਅਮਨਦੀਪ ਸਿੰਘ, ਕੰਵਲਜੀਤ ਕੌਰ, ਸਮਾਰਟ ਸਕੂਲ ਕੋਆਰਡੀਨੇਟਰ ਰਜਿੰਦਰ ਸਿੰਘ ਤੇ ਮੁਨੀਸ਼ ਕੁਮਾਰ, ਕੋਆਰਡੀਨੇਟਰ ਕਿਤਾਬਾਂ ਹਰਪ੍ਰੀਤ ਸਿੰਘ, ਮਨਦੀਪ ਸਿੰਘ ਕਲਰਕ ਆਦਿ ਹਾਜ਼ਰ ਸਨ।

# ਸ਼੍ਰੋਮਣੀ ਕਮੇਟੀ ਵੱਲੋਂ ਹੜ੍ਹ ਪ੍ਰਭਾਵਤ ਲੋਕਾਂ ਲਈ ਰਾਹਤ ਸੇਵਾਵਾਂ ਨਿਰੰਤਰ ਜਾਰੀ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਪੰਜਾਬ 'ਚ ਹੜ੍ਹਾਂ ਦੀ ਮਾਰ ਝੱਲ ਰਹੇ ਲੋਕਾਂ ਦੀ ਮਦਦ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਰਾਹਤ ਕਾਰਜ ਲਗਾਤਾਰ ਜਾਰੀ ਹਨ ਅਤੇ ਇਸ ਤਹਿਤ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਹੇਠਲੇ ਵੱਖ-ਵੱਖ ਗੁਰਦੁਆਰਾ ਸਾਹਿਬਾਨ ਤੋਂ ਲੰਗਰ ਅਤੇ ਹੋਰ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ। ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹੜ੍ਹ ਦੇ ਕਾਰਨ ਕਈ ਰੇਲ ਗੱਡੀਆਂ ਪ੍ਰਭਾਵਿਤ ਅਤੇ ਰੱਦ ਹੋਈਆਂ ਹਨ, ਜਿਸ ਕਰਕੇ ਵੱਡੀ ਗਿਣਤੀ 'ਚ ਯਾਤਰੀ ਸਟੇਸ਼ਨਾਂ ਉੱਤੇ ਫਸੇ ਹੋਏ ਹਨ। ਉਨ੍ਹਾਂ ਦੱਸਿਆ ਕਿ ਸ੍ਰੀ ਅੰਮ੍ਰਿਤਸਰ ਰੇਲਵੇ ਸਟੇਸ਼ਨ 'ਤੇ ਵੀ ਵੱਡੀ ਗਿਣਤੀ ਵਿਚ ਮੁਸਾਫਰ ਰੇਲਾਂ ਚੱਲਣ ਦਾ ਇੰਤਜ਼ਾਰ ਕਰ ਰਹੇ ਹਨ ਜਿਨ੍ਹਾਂ ਲਈ ਸ੍ਰੀ ਦਰਬਾਰ ਸਾਹਿਬ ਤੋਂ ਲੰਗਰ ਭੇਜਿਆ ਗਿਆ ਹੈ। ਸ. ਪ੍ਰਤਾਪ ਸਿੰਘ ਨੇ ਕਿਹਾ ਕਿ ਪੰਜਾਬ ਅੰਦਰ ਹੜ੍ਹਾਂ ਵਾਲੀ ਸਥਿਤੀ ਕਾਰਨ ਵੱਖ-ਵੱਖ ਇਲਾਕਿਆਂ 'ਚ ਘਰਾਂ ਅੰਦਰ ਪਾਣੀ ਆ ਜਾਣ ਕਰਕੇ ਵੱਡੀ ਪੱਧਰ 'ਤੇ ਲੋਕ ਪ੍ਰਭਾਵਿਤ ਹੋਏ ਹਨ, ਜਿਨ੍ਹਾਂ ਦੀ ਸਹਾਇਤਾ ਲਈ ਸ਼੍ਰੋਮਣੀ ਕਮੇਟੀ ਕਾਰਜਸ਼ੀਲ ਹੈ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ ਅਨੁਸਾਰ ਵੱਖ-ਵੱਖ ਗੁਰਦੁਆਰਿਆਂ ਤੋਂ ਰਾਹਤ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ। ਸ਼੍ਰੋਮਣੀ ਕਮੇਟੀ ਵੱਲੋਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ, ਗੁਰਦੁਆਰਾ ਸ੍ਰੀ ਪਤਾਲਪੁਰੀ ਸਾਹਿਬ, ਕੀਰਤਪੁਰ ਸਾਹਿਬ, ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਪਟਿਆਲਾ, ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ, ਗੁਰਦੁਆਰਾ ਸ੍ਰੀ ਚਮਕੌਰ ਸਾਹਿਬ, ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਹਾਦਰਗੜ੍ਹ ਪਟਿਆਲਾ, ਗੁਰਦੁਆਰਾ ਸ੍ਰੀ ਮੰਜੀ ਸਾਹਿਬ ਕੋਟਾਂ, ਗੁਰਦੁਆਰਾ ਸ੍ਰੀ ਮੰਜੀ ਸਾਹਿਬ ਆਲਮਗੀਰ, ਗੁਰਦੁਆਰਾ ਟਾਹਲੀਆਣਾ ਸਾਹਿਬ ਰਾਏਕੋਟ, ਗੁਰਦੁਆਰਾ ਦੇਗਸਰ ਸਾਹਿਬ ਕਟਾਣਾ, ਗੁਰਦੁਆਰਾ ਸ੍ਰੀ ਚਰਨਕੰਵਲ ਸਾਹਿਬ ਮਾਛੀਵਾੜਾ, ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ ਫਗਵਾੜਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਗੁਰਦੁਆਰਾ ਸ੍ਰੀ ਨਾਨਕਿਆਣਾ ਸਾਹਿਬ ਸੰਗਰੂਰ, ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਗੋਇੰਦਵਾਲ ਸਾਹਿਬ, ਗੁਰਦੁਆਰਾ ਸ੍ਰੀ ਬਾਉਲੀ ਡੱਲਾ, ਗੁਰਦੁਆਰਾ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਸਾਹਿਬ ਆਦਿ ਤੋਂ ਪ੍ਰਭਾਵਿਤਾਂ ਨੂੰ ਤਿਆਰ ਕੀਤਾ ਲੰਗਰ, ਰਸਦਾਂ ਅਤੇ ਹੋਰ ਲੋੜੀਂਦੀਆਂ ਵਸਤੂਆਂ ਪਹੁੰਚਾਈਆਂ ਗਈਆਂ ਹਨ। ਸ਼੍ਰੋਮਣੀ ਕਮੇਟੀ ਸਕੱਤਰ ਨੇ ਦੱਸਿਆ ਕਿ ਇਸੇ ਤਰ੍ਹਾਂ ਸਿਹਤ ਸਹੂਲਤਾਂ ਲਈ ਸ੍ਰੀ ਗੁਰੂ ਰਾਮਦਾਸ ਮੈਡੀਕਲ ਕਾਲਜ ਵੱਲ੍ਹਾ ਤੋਂ 3 ਮੈਡੀਕਲ ਵੈਨਾਂ ਵੀ ਵੱਖ-ਵੱਖ ਖੇਤਰਾਂ ਵਿਚ ਸੇਵਾਵਾਂ ਨਿਭਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਹੜ੍ਹਾਂ ਕਾਰਨ ਹਿਮਾਚਲ ਸਥਿਤ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਨ ਗਈਆਂ ਕਈ ਸੰਗਤਾਂ ਹਿਮਾਚਲ ਵਿਚ ਫਸੀਆਂ ਹੋਈਆਂ ਹਨ ਜਿਨ੍ਹਾਂ ਦੀ ਸਹਾਇਤ ਲਈ ਵੀ ਸ਼੍ਰੋਮਣੀ ਕਮੇਟੀ ਕਾਰਜਸ਼ੀਲ ਹੈ। ਇਨ੍ਹਾਂ ਲੋਕਾਂ ਨਾਲ ਸੰਪਰਕ ਕਰਕੇ ਹਰ ਤਰ੍ਹਾਂ ਦੀ ਸਹਾਇਤਾ ਲਈ ਹਿਮਾਚਲ ਪ੍ਰਦੇਸ਼ ਤੋਂ ਸ਼੍ਰੋਮਣੀ ਕਮੇਟੀ ਦੇ ਮੈਂਬਰ ਦੇ ਨਾਲ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਦੀ ਡਿਊਟੀ ਲਗਾਈ ਗਈ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਹੜ੍ਹ ਪੀੜਤਾਂ ਨੂੰ ਦਿੱਤੀਆਂ ਜਾ ਰਹੀਆਂ ਸੇਵਾਵਾਂ ਦੀ ਲਗਾਤਾਰ ਨਜ਼ਰਸਾਨੀ ਕਰ ਰਹੇ ਹਨ ਅਤੇ ਉਨ੍ਹਾਂ ਦੇ ਨਿਰਦੇਸ਼ ਹਨ ਕਿ ਜਿੰਨਾ ਚਿਰ ਤੱਕ ਪ੍ਰਭਾਵਿਤ ਲੋਕਾਂ ਨੂੰ ਲੋੜ ਹੋਵੇਗੀ ਓਨੀ ਦੇਰ ਸੇਵਾਵਾਂ ਜਾਰੀ ਰੱਖੀਆਂ ਜਾਣ।

# ਸਾਢੇ ਪੰਜ ਕਰੋੜੀ ਤਹਿਸੀਲ ਕੰਪਲੈਕਸ ਦਾ ਨਿਰਮਾਣ ਕਾਰਜ ਸ਼ੁਰੂ



**ਕਲਾਨੌਰ, (ਮਨਦੀਪ ਕੁਮਾਰ)**-ਸੱਤ ਸਾਲਾਂ ਤੋਂ ਅਟਕੇ 5.50 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਤਹਿਸੀਲ ਕੰਪਲੈਕਸ ਦੇ ਨਿਰਮਾਣ ਕਾਰਜ ਦਾ ਉਦਘਾਟਨ ਅੱਜ ਆਮ ਆਦਮੀ ਪਾਰਟੀ ਦੇ ਹਲਕਾ ਡੇਰਾ ਬਾਬਾ ਨਾਨਕ ਦੇ ਇੰਚਾਰਜ ਗੁਰਦੀਪ ਸਿੰਘ ਰੰਧਾਵਾ ਵੱਲੋਂ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਇੰਚਾਰਜ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਪਿਛਲੇ ਕਰੀਬ 7 ਸਾਲਾਂ ਤੋਂ ਇਸ ਤਹਿਸੀਲ ਕੰਪਲੈਕਸ ਦੀ ਉਸਾਰੀ ਲਈ ਕਈ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ ਪਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ 5.50 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਇਸ ਤਹਿਸੀਲ ਕੰਪਲੈਕਸ ਦੀ ਉਸਾਰੀ ਦਾ ਕੰਮ ਅੱਜ ਸ਼ੁਰੂ ਕਰਵਾ ਕੇ ਬਲਾਕ ਕਲਾਨੌਰ ਦੇ ਲੋਕਾਂ ਨੂੰ ਤੋਹਫੇ ਵਜੋਂ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਨਿਰਮਾਣ ਕਾਰਜ 9 ਮਹੀਨਿਆਂ ਵਿੱਚ ਮੁਕੰਮਲ ਕਰ ਲਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਐੱਸਡੀਐੱਮ ਦਾ ਦਫਤਰ ਇਸ ਕੰਪਲੈਕਸ ਦੀ ਬੇਸਮੈਂਟ ਵਿੱਚ, ਤਹਿਸੀਲਦਾਰ ਤੇ ਨਾਇਬ ਤਹਿਸੀਲਦਾਰ ਦਾ ਦਫਤਰ ਇਸ ਦੇ ਉਪਰਲੀ ਇਮਾਰਤ ਵਿੱਚ ਅਤੇ ਪਟਵਾਰੀ ਦਾ ਦਫਤਰ ਇਸ ਦੇ ਉਪਰਲੇ ਫਰਸ਼ ਵਿੱਚ ਹੋਵੇਗਾ। ਇਸ ਮੌਕੇ ਨਾਇਬ ਤਹਿਸੀਲਦਾਰ ਕਮਲਜੀਤ, ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਨਵਪ੍ਰੀਤ ਸਿੰਘ ਪਵਾਰ, ਸੋਸ਼ਲ ਮੀਡੀਆ ਇੰਚਾਰਜ ਚੰਨ ਅਗਰਵਾਲ, ਸਰਕਲ ਇੰਚਾਰਜ ਇੰਦਰਜੀਤ ਭਰਾਲ, ਡਾ: ਰਾਜੂ, ਕੰਵਲ ਗੁਰਾਇਆ, ਮਨਦੀਪ ਸਿੰਘ, ਮਹਿਕਦੀਪ ਸਿੰਘ ਆਦਿ ਹਾਜ਼ਰ ਸਨ।

# ਹੜ੍ਹ ਪੀੜਤਾਂ ਦੀ ਮਦਦ ਲਈ ਹਰ ਸਮਾਜ ਸੇਵੀ ਅੱਗੇ ਆਵੇ : ਸੋਨੂੰ ਜੰਡਿਆਲਾ

**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਕੁਦਰਤੀ ਆਫਤ ਆਉਣ ਕਾਰਨ ਅੱਜ ਅਨੇਕਾਂ ਲੋਕ ਦੁਖੀ ਨੇ। ਲੋਕਾਂ ਦੀਆਂ ਅੱਖਾਂ ਵਿਚ ਅੱਥਰੂ ਵੇਖ ਕੇ ਮਨ ਨੂੰ ਬਹੁਤ ਦੁੱਖ ਹੋਇਆ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਉੱਘੇ ਸਮਾਜ ਸੇਵੀ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਨੇ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਤੇ ਗੁਰਦੁਆਰਾ ਸ਼੍ਰੋਮਣੀ ਪ੍ਰਬੰਧਕ ਕਮੇਟੀ ਤੇ ਹਰ ਸਮਾਜ ਸੇਵੀ ਜਥੇਬੰਦੀ ਤੇ ਸਮਾਜ ਸੇਵੀ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਹੜ੍ਹ ਪੀੜਤ ਲੋਕਾਂ ਦੀ ਮਦਦ ਦੇ ਲਈ ਅੱਗੇ ਆਉਣ। ਸੋਨੂੰ ਜੰਡਿਆਲਾ ਨੇ ਦੱਸਿਆ ਕਿ ਅੱਜ ਅਨੇਕਾਂ ਲੋਕਾਂ ਘਰੋਂ ਬੇਘਰ ਹੋ ਚੁੱਕੇ ਨੇ ਤੇ ਫਸਲਾਂ ਤਬਾਹ ਹੋ ਚੁੱਕੀਆਂ ਹਨ। ਲੋਕਾਂ ਦੇ ਕਰੋੜਾਂ ਦੇ ਨੁਕਸਾਨ ਹੋ ਚੁੱਕੇ ਹਨ। ਜਿੱਧਰ ਵੀ ਦੇਖੋ ਪਾਣੀ ਹੀ ਪਾਣੀ ਨਜ਼ਰ ਆ ਰਿਹਾ ਹੈ। ਜੰਡਿਆਲਾ ਨੇ ਦੱਸਿਆ ਕਿ ਲੋਕਾਂ ਨੂੰ ਦੁਖੀ ਵੇਖ ਕੇ ਦਿਲ ਬਹੁਤ ਦੁਖੀ ਹੋਇਆ। ਮੈਂ ਉਸ ਵਾਹਿਗੁਰੂ ਅੱਗੇ ਅਰਦਾਸ ਕਰਦਾ ਹਾਂ ਕਿ ਪਰਮਾਤਮਾ ਸਭ ਨੂੰ ਤੰਦਰੁਸਤ ਰੱਖੇ ਤੇ ਚੜ੍ਹਦੀ ਕਲਾ ਵਿੱਚ ਰੱਖੇ। ਆਖਿਰ ਵਿੱਚ ਸੋਨੂੰ ਜੰਡਿਆਲਾ ਨੇ ਹਰ ਕਿਸੇ ਨੂੰ ਨਿਮਰਤਾ ਸਹਿਤ ਹੜ੍ਹ ਪੀੜਤ ਲੋਕਾਂ ਦੀ ਮਦਦ ਲਈ ਇਨਸਾਨੀਅਤ ਦੇ ਨਾਤੇ ਅੱਗੇ ਆਉਣ ਦੀ ਅਪੀਲ ਕੀਤੀ।

# ਪੁਲਸ ਪ੍ਰਸ਼ਾਸਨ ਚਿੱਟੇ ਦੇ ਚੱਲ ਰਹੇ ਧੰਦੇ 'ਤੇ ਨਕੇਲ ਕੱਸੇ : ਰਮੇਸ਼ ਨਈਅਰ

**ਬਟਾਲਾ (ਤਰਲੋਕ ਬੱਗਾ)**-ਸ਼ਹਿਰ ਵਿੱਚ ਚਿੱਟੇ ਦਾ ਧੰਦਾ ਜ਼ਰਾਂ-ਸ਼ੋਰਾਂ ਨਾਲ ਚੱਲ ਰਿਹਾ ਹੈ ਜੋ ਕਿ ਚਿੰਤਾ ਦਾ ਵਿਸ਼ਾ ਹੈ। ਇਸ ਪਾਸੇ ਸਾਨੂੰ ਸਾਰਿਆਂ ਨੂੰ ਤਵੱਜੋ ਦੇਣੀ ਚਾਹੀਦੀ ਹੈ, ਨਹੀਂ ਤਾਂ ਸਾਡੀ ਆਉਣ ਵਾਲੀ ਨਵੀਂ ਪੀੜ੍ਹੀ ਇਸ ਅੱਗ ਦੀ ਲਪੇਟ ਵਿਚ ਆ ਜਾਵੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼ਿਵ ਸੈਨਾ ਬਾਲਾ ਸਾਹਿਬ ਊਧਵ ਸਾਹਿਬ ਠਾਕਰੇ ਪੰਜਾਬ ਦੇ ਸੀਨੀਅਰ ਉਪ ਪ੍ਰਧਾਨ ਰਮੇਸ਼ ਨਈਅਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨਾਂ ਇਹ ਵੀ ਕਿਹਾ ਕਿ ਅੱਜ ਸਵੇਰੇ 10 ਵਜੇ ਦੇ ਕਰੀਬ ਜਦੋਂ ਉਹ ਆਪਣੇ ਦਫਤਰ ਜਾਣ ਲਈ ਘਰੋਂ ਬਾਹਰ ਨਿਕਲੇ ਤਾਂ ਨਹਿਰੂ ਗੇਟ ਦੇ ਬਾਹਰ ਸੜਕ 'ਤੇ ਇਕ ਬਜ਼ੁਰਗ ਵਿਅਕਤੀ ਨੂੰ ਪਿਆ ਦੇਖਿਆ ਜੋ ਨਸ਼ੇ ਦੀ ਹਾਲਤ ਵਿਚ ਸੀ। ਜਦੋਂ ਉਸ ਬਾਰੇ ਜਾਣਕਾਰੀ ਲੈਣੀ ਚਾਹੀ ਤਾਂ ਪਤਾ ਲੱਗਾ ਕਿ ਉਹ ਚਿੱਟੇ ਦੇ ਨਸ਼ੇ 'ਚ ਸੀ। ਉਸ ਨੇ ਦੱਸਿਆ ਕਿ ਸ਼ਹਿਰ 'ਚ ਚਿੱਟੇ ਦੇ ਵਪਾਰੀ ਕਪੂਰੀ ਗੇਟ, ਸਿਵਲ ਹਸਪਤਾਲ ਦੇ ਬਾਹਰ ਵੱਖ-ਵੱਖ ਥਾਵਾਂ 'ਤੇ ਆਪਣਾ ਧੰਦਾ ਧੜੱਲੇ ਨਾਲ ਚਲਾ ਰਹੇ ਹਨ। ਹਸਪਤਾਲ, ਅੱਚਲੀ ਗੇਟ, ਹਾਥੀ ਗੇਟ, ਗਾਂਧੀ ਕੈਂਪ, ਮੁਰਗੀ ਮੁਹੱਲਾ, ਪ੍ਰੇਮ ਨਗਰ, ਦਾਰੋਸਲਾਮ ਵਿੱਚ ਕਾਰੋਬਾਰ ਪੂਰੇ ਜ਼ੋਰਾਂ 'ਤੇ ਚੱਲ ਰਿਹਾ ਹੈ। ਉਨ੍ਹਾਂ ਪੁਲਸ ਪ੍ਰਸ਼ਾਸਨ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਪ੍ਰਸ਼ਾਸਨ ਨੇ ਇਸ ਮਾਮਲੇ ਵਿੱਚ ਤੁਰੰਤ ਕਾਰਵਾਈ ਨਾ ਕੀਤੀ ਤਾਂ ਉਹ ਐੱਸਐੱਸਪੀ ਦਫ਼ਤਰ ਦਾ ਘਿਰਾਓ ਕਰਨਗੇ। ਇਸ ਮੌਕੇ ਉਨ੍ਹਾਂ ਦੇ ਨਾਲ ਮਨੋਹਰ ਲਾਲ, ਹਾਕਮ ਸਿੰਘ, ਮੋਨੂੰ ਕੁਮਾਰ, ਮਨੀਸ਼ ਕੁਮਾਰ, ਹੈਪੀ ਲਾਲੀ ਅਤੇ ਸੋਨੂੰ ਕੁਮਾਰ ਆਦਿ ਹਾਜ਼ਰ ਸਨ।

# ਪੰਜਾਬ ਪੈਨਸ਼ਨਰਜ਼ ਯੂਨੀਅਨ ਦੀ ਮਹੀਨਾਵਾਰ ਮੀਟਿੰਗ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਪੰਜਾਬ ਪੈਨਸ਼ਨਰਜ਼ ਯੂਨੀਅਨ ਹੁਸ਼ਿਆਰਪੁਰ ਦੀ ਮਹੀਨਾਵਾਰ ਮੀਟਿੰਗ ਦਫਤਰ ਬੈਂਕ ਕਲੋਨੀ ਹੁਸ਼ਿਆਰਪੁਰ ਵਿਖੇ ਪ੍ਰਿੰਸੀਪਲ ਚਰਨ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੀ ਸ਼ੁਰੂਆਤ ਭਲੇ ਦੀ ਅਰਦਾਸ ਨਾਲ ਹੋਈ। ਉਪਰੰਤ ਯੂਨੀਅਨ ਆਗੂਆਂ ਸ੍ਰੀ ਉਂਕਾਰ ਸਿੰਘ ਪ੍ਰਧਾਨ, ਅਮਰਜੀਤ ਸਿੰਘ ਜਨਰਲ ਸਕੱਤਰ, ਜਗਜੀਤ ਸਿੰਘ ਜੱਗੀ ਡਿਪਟੀ ਜਨਰਲ ਸਕੱਤਰ, ਪ੍ਰਿੰਸੀਪਲ ਚਰਨ ਸਿੰਘ ਅਤੇ ਜੋਗਾ ਸਿੰਘ ਸੀਨੀਅਰ ਵਾਈਸ ਪ੍ਰਧਾਨ ਨੇ ਸੰਬੋਧਨ ਕਰਦਿਆ ਪੰਜਾਬ ਸਰਕਾਰ ਨੂੰ ਆੜੇ ਹੱਥੀਂ ਲਿਆ ਤੇ ਕਿਹਾ ਕਿ ਚੋਣਾਂ ਤੋਂ ਪਹਿਲਾਂ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਕਹਿੰਦਾ ਸੀ ਕਿ ਝਾੜੂ ਦਾ ਬਟਨ ਦਬਣ ਤੋਂ ਬਾਅਦ ਜਿਹੜੀ ਸਰਕਾਰ ਬਣੇਗੀ ਉਹ ਸਰਕਾਰ ਇਹੋ ਜਿਹੀ ਹੋਵੇਗੀ ਜਿਸ ਵਿੱਚ ਕਿਸੇ ਨੂੰ ਧਰਨਾ ਦੇਣ ਦੀ ਲੋੜ ਨਹੀਂ ਪੈਣੀ, ਲਾਠੀ ਚਾਰਜ ਨਹੀਂ ਹੋਵੇਗਾ, ਕਿਸੇ ਦੀ ਧੀ ਭੈਣ ਦੀ ਚੁੰਨੀ ਨਹੀਂ ਰੁਲੇਗੀ ਤੇ ਨਾ ਹੀ ਪੱਗਾਂ ਲੱਥਣਗੀਆਂ। ਪਰ ਇਸ ਦੇ ਉਲਟ ਸੰਗਰੂਰ ਵਿਖੇ ਪਿਛਲੇ ਦਿਨੀਂ ਆਪਣੀਆਂ ਹਕੀ ਮੰਗਾਂ ਲਈ ਸ਼ਾਂਤਮਈ ਢੰਗ ਨਾਲ ਸੰਘਰਸ਼ ਕਰਦੇ 8736 ਕੱਚੇ ਮੁਲਾਜ਼ਮਾਂ ਤੇ ਸਰਕਾਰ ਵੱਲੋਂ ਤਸ਼ੱਦਦ ਕੀਤਾ ਗਿਆ। ਜਿਸ ਦੌਰਾਨ ਨੌਜਵਾਨਾਂ ਦੀਆਂ ਪੱਗਾਂ ਲਾਹੀਆਂ ਗਈਆਂ ਅਤੇ ਧੀਆਂ-ਭੈਣਾਂ ਦੀ ਚੁੰਨੀਆਂ ਰੋਲੀਆਂ ਗਈਆਂ, ਜਿਸ ਦੀ ਜੱਥੇਬੰਦੀ ਸਖ਼ਤ ਨਿਖੇਧੀ ਕਰਦੀ ਹੈ। ਪੈਨਸ਼ਨਰਜ਼ ਆਗੂਆਂ ਨੇ ਕਿਹਾ ਕਿ ਪੈਨਸ਼ਨਰਜ਼ ਤਾਂ ਆਪਣੀਆਂ ਹੱਕੀ ਮੰਗਾਂ ਜਿਵੇਂ ਕਿ 1-1-2016 ਤੋਂ ਪੇ-ਕਮਿਸ਼ਨ ਦਾ ਬਕਾਇਆ, ਡੀਏ ਦੀਆਂ ਰਹਿੰਦੀਆਂ ਤਿੰਨ ਕਿਸ਼ਤਾਂ, 2.59 ਦੇ ਗੁਣਾਂਕ ਨਾਲ ਪੈਨਸ਼ਨ ਵਿੱਚ ਸੋਧ ਕਰਨ, ਮੈਡੀਕਲ ਭੱਤਾ 2500 ਰੁਪਏ ਕਰਨ ਅਤੇ ਹੋਰ ਰਹਿੰਦੀਆਂ ਮੰਗਾਂ ਦਾ ਨਿਪਟਾਰਾ ਕਰਨ ਦੀ ਮੰਗ ਕਰ ਸਨ। ਪਰ ਸਰਕਾਰ ਵਲੋਂ ਇਸ ਦੇ ਉਲਟ ਪੈਨਸ਼ਨਰਜ਼ ਉੱਪਰ 200 ਰੁਪਏ ਪ੍ਰਤੀ ਮਹੀਨਾ ਵਿਕਾਸ ਟੈਕਸ ਦੇ ਨਾਂ ਤੇ ਜੱਜੀਆ ਟੈਕਸ ਲੈਣ ਦਾ ਫ਼ਰਮਾਨ ਜਾਰੀ ਕਰ ਦਿੱਤਾ ਗਿਆ ਹੈ ਜੋ ਕਿ ਬਜ਼ੁਰਗ ਪੈਨਸ਼ਨਰਾਂ ਨਾਲ ਕੋਝਾ ਮਜ਼ਾਕ ਅਤੇ ਸਰਾਸਰ ਧੱਕਾ ਹੈ। ਪੈਨਸ਼ਨਰਜ਼ ਆਗੂਆਂ ਨੇ ਇਸ ਪੱਤਰ ਨੂੰ ਵਾਪਸ ਲੈਣ ਦੀ ਪੁਰਜ਼ੋਰ ਮੰਗ ਕੀਤੀ। ਮੀਟਿੰਗ ਵਿੱਚ ਇਹ ਵੀ ਫੈਸਲਾ ਕੀਤਾ ਗਿਆ ਕਿ 75 ਸਾਲ ਦੀ ਉਮਰ ਪੂਰੀ ਕਰਨ ਵਾਲੇ ਪੈਨਸ਼ਨਰਜ਼ ਨੂੰ ਅਗਲੀ ਹੋਣ ਵਾਲੀ ਮੀਟਿੰਗ ਵਿੱਚ ਸਨਮਾਨਿਤ ਕੀਤਾ ਜਾਵੇਗਾ। ਉਪਰੋਕਤ ਤੋਂ ਇਲਾਵਾ ਇਸ ਮੀਟਿੰਗ ਵਿੱਚ ਬਲਦੇਵ ਸਿੰਘ, ਬਿੱਕਰ ਸਿੰਘ, ਸੁਰਜੀਤ ਸਿੰਘ, ਗੁਰਬਚਨ ਸਿੰਘ, ਕੁਲਦੀਪ ਸਿੰਘ ਸੈਣੀ, ਮਨਜੀਤ ਸਿੰਘ, ਗੁਰਮੀਤ ਸਿੰਘ, ਸੰਤੋਖ ਸਿੰਘ, ਅਰਜਨ ਸਿੰਘ, ਬਲਵੀਰ ਸਿੰਘ, ਜਸਬੀਰ ਸਿੰਘ, ਸਤਿਨਾਮ ਸਿੰਘ, ਨੱਥੂ ਰਾਮ, ਸੁਰਿੰਦਰ ਸਿੰਘ, ਸੰਤੋਖ ਸਿੰਘ, ਪ੍ਰਿਥੀਪਾਲ ਸਿੰਘ ਮਾੜੀਮੇਘਾ ਅਤੇ ਗਿਆਨ ਸਿੰਘ ਆਦਿ ਹਾਜ਼ਰ ਸਨ।

# ਬਾਬਾ ਗਰੀਬ ਦਾਸ ਮਛਰਾਲਾ ਦੇ ਸਾਲਾਨਾ ਜੋੜ ਮੇਲੇ ਨੂੰ ਸਮਰਪਿਤ ਦਸਤਾਰ ਮੁਕਾਬਲੇ ਕਰਵਾਏ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਸਥਾਨਕ ਕਸਬੇ ਦੇ ਨਜ਼ਦੀਕੀ ਪਿੰਡ ਮਛਰਾਲਾ ਵਿਖੇ ਇੰਟਰਨੈਸ਼ਨਲ ਦਸਤਾਰ ਕੋਚ ਗੁਰਜੀਤ ਸਿੰਘ ਸ਼ਾਹਪੁਰੀਆ ਵੱਲੋਂ ਬ੍ਰਹਮ ਗਿਆਨੀ ਬਾਬਾ ਗਰੀਬ ਦਾਸ ਦੇ ਸਾਲਾਨਾ ਜੋੜ ਮੇਲਾ ਮੌਕੇ ਵੱਖ-ਵੱਖ ਵਰਗ ਦੇ ਨੌਜਵਾਨਾਂ ਵਿਚਕਾਰ ਦਸਤਾਰ ਮੁਕਾਬਲੇ ਕਰਵਾਏ ਗਏ। 9 ਸਾਲ ਤੋਂ 15 ਸਾਲ ਦੇ ਬੱਚਿਆਂ ਦੇ ਗਰੁੱਪ ਲਈ ਪਹਿਲਾ ਇਨਾਮ 2100, ਦੂਸਰਾ ਇਨਾਮ 1100, ਤੀਸਰਾ ਇਨਾਮ 500 ਅਤੇ 15 ਤੋਂ 25 ਸਾਲ ਦੇ ਬੱਚਿਆਂ ਦੇ ਗਰੁੱਪ ਲਈ ਪਹਿਲਾ ਇਨਾਮ 3100, ਦੂਸਰਾ ਇਨਾਮ 2100, ਤੀਸਰਾ ਇਨਾਮ 1100 ਰੁਪਏ ਰੱਖਿਆ ਗਿਆ। ਇਸ ਮੌਕੇ ਪਹਿਲੇ, ਦੂਸਰੇ ਤੇ ਤੀਸਰੇ ਸਥਾਨ ਤੇ ਰਹਿਣ ਵਾਲੇ ਬੱਚਿਆ ਨੂੰ ਗੁਰਦੁਆਰਾ ਬਾਬਾ ਗਰੀਬ ਦਾਸ ਦੇ ਮੁੱਖ ਸੇਵਾਦਾਰ ਮਹੰਤ ਬਾਬਾ ਗੁਰਸੇਵਕ ਸਿੰਘ ਗੱਦੀਨਸ਼ੀਨ ਬਾਬਾ ਗਰੀਬ ਦਾਸ ਜੀ ਮਛਰਾਲਾ, ਬਾਬਾ ਨਿਸ਼ਾਨ ਸਿੰਘ ਮਛਰਾਲਾ ਅਤੇ ਇੰਟਰਨੈਸ਼ਨਲ ਦਸਤਾਰ ਕੋਚ ਗੁਰਜੀਤ ਵੱਲੋਂ ਨਗਦ ਇਨਾਮ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡੇਅਲੀ ਖਬਰ ਦੀ ਟੀਮ ਦਾ ਵਿਸ਼ੇਸ਼ ਸਹਿਯੋਗ ਰਿਹਾ। ਇਸ ਮੌਕੇ ਨਵਪ੍ਰੀਤ ਸਿੰਘ ਕੋਚ, ਹਰਤੇਜ ਸਿੰਘ ਕੋਚ, ਗੁਰਜੀਤ ਸਿੰਘ ਕੋਚ, ਮਨਜਿੰਦਰ ਸਿੰਘ, ਗੁਰਪ੍ਰੀਤ ਸਿੰਘ, ਹੈਪੀ, ਗੁਰਮੁੱਖ ਸਿੰਘ ਫੌਜੀ, ਦੀਸ਼ਾ, ਸਵਰਨ ਸਿੰਘ ਫੌਜੀ, ਅਮਨ ਸਿੰਘ, ਹਰਦੇਵ ਸਿੰਘ ਹਰੂਵਾਲ, ਗੁਰਬਚਨ ਸਿੰਘ ਫੌਜੀ, ਤੇਜਬੀਰ ਸਿੰਘ, ਦਿਲਬਾਗ ਸਿੰਘ ਮਛਰਾਲਾ, ਮਹੰਤ ਭਗਵਾਨ ਦਾਸ, ਬਾਬਾ ਰਣਧੀਰ ਸਿੰਘ, ਇਕਬਾਲ ਸਿੰਘ, ਮਨਿੰਦਰ ਸਿੰਘ ਮਿੰਦੂ, ਅਵਤਾਰ ਸਿੰਘ ਅਤੇ ਨਰਿੰਦਰ ਸਿੰਘ ਆਦਿ ਹਾਜ਼ਰ ਸਨ।

# ਯੂਥ ਵਾਇਸ ਫਾਊਂਡੇਸ਼ਨ ਨੇ ਰਾਸ਼ਨ , ਦਵਾਈਆਂ , ਪਾਣੀ , ਦੁੱਧ ਤੇ ਤਿਰਪਾਲਾਂ ਵੰਡੀਆਂ

**ਫਗਵਾੜਾ (ਡਾ. ਰਮਨ )** ਪਿਛਲੇ ਕੁਝ ਦਿਨਾਂ ਤੋਂ ਪੰਜਾਬ 'ਚ ਭਾਰੀ ਬਾਰਿਸ਼ ਨੇ ਹਾਹਾਕਾਰ ਮੱਚਾਈ ਹੋਈ ਹੈ ਜਿਸ ਕਾਰਨ ਲੋਕਾ ਦਾ ਆਮ ਜਨਜੀਵਨ ਕਾਫੀ ਪ੍ਰਭਾਵਿਤ ਹੋਇਆ ਹੈ। ਜਿਸ ਨੇ ਲੋਕਾਂ ਨੂੰ ਤਿੰਨ ਦਹਾਕੇ ਪਹਿਲਾਂ ਦੀਆਂ ਯਾਦਾ ਤਾਜਾ ਕਰਵਾ ਦਿੱਤੀਆ ਹਨ। ਸਾਲ 1993 ਵਿੱਚ ਆਏ ਭਿਆਨਕ ਹੜ੍ਹਾਂ ਦਾ ਮੰਜਰ ਹਾਲੇ ਤੱਕ ਲੋਕਾਂ ਦੇ ਦਿਲਾਂ 'ਚ ਵੱਸਿਆ ਹੋਇਆ ਹੈ। ਇਨ੍ਹਾਂ ਹਲਾਤਾ ਨਾਲ ਨਜਿੱਠਣ ਲਈ ਪਿਛਲੇ ਲੰਮੇ ਸਮੇਂ ਤੋਂ ਸਮਾਜ ਸੇਵਾ ਰਾਹੀ ਲੋਕਾਂ ਦੀ ਸੇਵਾ 'ਚ ਦਿਨ ਰਾਤ ਇੱਕ ਕਰਨ ਵਾਲੀ ਐਨ ਜੀ ਉ ਯੂਥ ਵਾਇਸ ਫਾਊਂਡੇਸਨ ਫਗਵਾੜਾ ਵਲੋਂ ਸ਼ਾਹਕੋਟ ਵਿਖੇ ਹੜ੍ਹ ਦੀ ਮੌਜੂਦਾ ਸਥਿਤੀ ਤੋਂ ਪ੍ਰਭਾਵਿਤ ਲੋੜਵੰਦ ਪਰਵਾਰਾਂ ਨੂੰ ਜਰੂਰੀ ਸਮਾਨ ਦਿੱਤਾ ਗਿਆ, ਜਿਸ ਵਿੱਚ ਰਾਸ਼ਨ, ਦਵਾਈਆਂ , ਪਾਣੀ , ਦੁੱਧ , ਤ੍ਰਿਪਾਲਾਂ , ਚਾਦਰ ਆਦਿ ਸ਼ਾਮਲ ਸੀ। ਇਸ ਮੌਕੇ ਸੰਸਥਾ ਪ੍ਰਧਾਨ ਗਗਨਦੀਪ ਸਿੰਘ ਢੱਟ ਨੇ ਕਿਹਾ ਕਿ ਐਨਜੀਓ ਯੂਥ ਵਾਇਸ ਫਾਊਂਡੇਸ਼ਨ ਨੇ ਹਮੇਸ਼ਾ ਗਰੀਬ ਲੋਕਾਂ ਨੂੰ ਉਨ੍ਹਾਂ ਦੇ ਔਖੇ ਸਮੇਂ ਵਿੱਚ ਸਹਾਇਤਾ ਕਰਦੀ ਹੈ। ਇਸ ਮੌਕੇ ਨੰਦ ਸੋਨੀ, ਸੋਬਿਤ ਵੀਰ ਸਿੰਘ, ਲਵਪ੍ਰੀਤ ਸਿੰਘ , ਚੰਦਨ , ਅਰਸ਼ ਸੰਧੂ , ਅਨੂ ਸਹੋਤਾ , ਅਸ਼ਵਨੀ ਸਹੋਤਾ ਆਦਿ ਮੌਜੂਦ ਸਨ ।

# ਚੇਅਰਪਰਸਨ ਜ਼ਿਲ੍ਹਾ ਯੋਜਨਾ ਕਮੇਟੀ ਨੇ 11 ਸਰਕਾਰੀ ਸਕੂਲਾਂ ਨੂੰ ਦਿੱਤੇ 11.63 ਲੱਖ ਰੁਪਏ ਦੇ ਚੈੱਕ

**ਹੁਸ਼ਿਆਰਪੁਰ, (ਓ ਪੀ ਰਾਣਾ )**-ਚੇਅਰਪਰਸਨ ਜ਼ਿਲ੍ਹਾ ਯੋਜਨਾ ਕਮੇਟੀ ਹੁਸ਼ਿਆਰਪੁਰ ਕਰਮਜੀਤ ਕੌਰ ਨੇ ਜ਼ਿਲ੍ਹੇ ਦੇ 11 ਸਰਕਾਰੀ ਸਕੂਲਾਂ ਨੂੰ ਪੀਣ ਵਾਲੇ ਪਾਣੀ ਲਈ ਵਾਟਰ ਕੂਲਰ ਅਤੇ ਸਬਮਰਸੀਬਲ ਪੰਪ ਲਗਵਾਉਣ ਲਈ 11.63 ਲੱਖ ਰੁਪਏ ਦੇ ਚੈੱਕ ਸੌਂਪੇ ਗਏ। ਆਪਣੇ ਦਫ਼ਤਰ ਵਿਖੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਹਰਭਗਵੰਤ ਸਿੰਘ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ) ਸੰਜੀਵ ਗੌਤਮ ਨੂੰ ਚੈੱਕ ਸੌਂਪਦਿਆਂ ਚੇਅਰਪਰਸਨ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿਚ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਸਿੱਖਿਆ ਦੇ ਖੇਤਰ ਵਿਚ ਬੇਮਿਸਾਲ ਕੰਮ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿਚ ਸਿੱਖਿਆ ਦੇ ਪੱਧਰ ਦੇ ਨਾਲ-ਨਾਲ ਬੁਨਿਆਦੀ ਢਾਂਚਾ ਵੀ ਮਜ਼ਬੂਤ ਹੋ ਰਿਹਾ ਹੈ। ਚੇਅਰਪਰਸਨ ਕਰਮਜੀਤ ਕੌਰ ਨੇ ਕਿਹਾ ਕਿ ਅੱਜ ਸਰਕਾਰੀ ਹਾਈ ਸਕੂਲ ਕਮਾਲਪੁਰ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਨਹੋਤਾ, ਸਰਕਾਰੀ ਐਲੀਮੈਂਟਰੀ ਸਕੂਲ ਲੰਗਰਪੁਰ, ਸਰਕਾਰੀ ਐਲੀਮੈਂਟਰੀ ਸਕੂਲ ਨੰਗਲ ਖੁਰਦ, ਸਰਕਾਰੀ ਐਲੀਮੈਂਟਰੀ ਸਕੂਲ ਸੀਂਘੋਵਾਲ, ਸਰਕਾਰੀ ਹਾਈ ਸਕੂਲ ਕੋਟ ਪਟਿਆਲ, ਸਰਕਾਰੀ ਐਲੀਮੈਂਟਰੀ ਸਕੂਲ ਰਸੂਲਪੁਰ, ਸਰਕਾਰੀ ਐਲੀਮੈਂਟਰੀ ਸਕੂਲ ਖਿੱਚੀਆਂ, ਸਰਕਾਰੀ ਪ੍ਰਾਇਮਰੀ ਸਕੂਲ ਸ਼ੇਰਗੜ੍ਹ, ਸਰਕਾਰੀ ਪ੍ਰਾਇਤਰੀ ਸਕੂਲ ਭੀਖੋਵਾਲ ਅਤੇ ਸਰਕਾਰੀ ਐਲੀਮੈਂਟਰੀ ਸਕੂਲ ਬਾੜੀਆ ਕਲਾਂ ਨੂੰ ਉਥੋਂ ਦੀਆਂ ਲੋੜਾਂ ਦੇ ਹਿਸਾਬ ਨਾਲ ਵਾਟਰ ਕੂਲਰ ਅਤੇ ਸਬਮਰਸੀਬਲ ਪੰਪ ਲਗਵਾਉਣ ਲਈ ਰਾਸ਼ੀ ਦਿੱਤੀ ਗਈ ਹੈ। ਇਸ ਮੌਕੇ ਉਨ੍ਹਾਂ ਨਾਲ ਅੰਕੜਾ ਸਹਾਇਕ ਧਰਮਿੰਦਰ ਸਿੰਘ, ਜੂਨੀਅਰ ਸਹਾਇਕ ਵਿਜੇ ਕੁਮਾਰ ਵੀ ਮੌਜੂਦ ਸਨ।

14-July-PAGE-4.qxd 7/13/2023 10:32 PM Page 1

ਨਵਾਂ ਜ਼ਮਾਨਾ
ਸ਼ੁੱਕਰਵਾਰ, 14 ਜੁਲਾਈ 2023

# ਇੱਕ ਹੋਰ ਅੰਦੋਲਨ ਦੀ ਆਹਟ

*ਭਾਰਤ ਵਿੱਚ ਨੌਜਵਾਨਾਂ ਦੀ ਅਬਾਦੀ ਸਭ ਤੋਂ ਵੱਧ ਹੈ। ਨੌਜਵਾਨ ਹਮੇਸ਼ਾ ਭਵਿੱਖ ਦਾ ਸੁਫ਼ਨਾ ਦੇਖਦੇ ਹਨ। ਉਹ ਊਰਜਾ ਨਾਲ ਭਰੇ ਆਦਰਸ਼ ਸਮਾਜ ਦੀ ਸਿਰਜਣਾ ਕਰਨਾ ਚਾਹੁੰਦੇ ਹਨ। ਸਰਕਾਰ ਦੀਆਂ ਕਾਰਪੋਰੇਟ ਪੱਖੀ ਨੀਤੀਆਂ ਕਾਰਨ ਬੇਰੁਜ਼ਗਾਰੀ ਦੀ ਮਾਰ ਉਨ੍ਹਾਂ ਦੇ ਸੁਫ਼ਨਿਆਂ ਨੂੰ ਚਕਨਾਚੂਰ ਕਰ ਦਿੰਦੀ ਹੈ। ਅਜਿਹੀ ਸਥਿਤੀ ਵਿੱਚ ਉਹ ਨਿਰਾਸ਼ ਹੋ ਕੇ ਸਮਾਜ ਲਈ ਬੋਝ ਬਣ ਜਾਂਦੇ ਹਨ। ਲੰਮੇ ਸਮੇਂ ਤੋਂ ਸਰਕਾਰਾਂ ਬੇਰੁਜ਼ਗਾਰੀ ਦੀ ਸਮੱਸਿਆ ਨੂੰ ਜਾਣਬੁੱਝ ਕੇ ਨਜ਼ਰਅੰਦਾਜ਼ ਕਰਦੀਆਂ ਆ ਰਹੀਆਂ ਹਨ। ਮੌਜੂਦਾ ਸਰਕਾਰ ਦੇ ਸਮੇਂ ਤਾਂ ਬੇਰੁਜ਼ਗਾਰੀ ਦੀ ਸਮੱਸਿਆ ਸਮਾਜ ਲਈ ਕੋਹੜ ਦਾ ਰੂਪ ਧਾਰ ਚੁੱਕੀ ਹੈ। ਕੰਮ ਨਾ ਮਿਲਣ ਕਾਰਨ ਅੱਜ ਨੌਜਵਾਨ ਪੀੜ੍ਹੀ ਨਿਰਾਸ਼ਤਾ ਵਿੱਚ ਆ ਕੇ ਨਸ਼ਿਆਂ ਤੇ ਅਪਰਾਧਾਂ ਦੀ ਦਲਦਲ ਵਿੱਚ ਧਸ ਰਹੀ ਹੈ। ਬਹੁਤ ਸਾਰੇ ਨੌਜਵਾਨ ਸੁਫ਼ਨੇ ਟੁੱਟ ਜਾਣ ਦਾ ਸਦਮਾ ਨਾ ਸਹਾਰਦਿਆਂ ਮੌਤ ਨੂੰ ਗਲੇ ਲਗਾ ਲੈਂਦੇ ਹਨ। ਸਰਕਾਰੀ ਅੰਕੜਿਆਂ ਅਨੁਸਾਰ ਪਿਛਲੇ ਇੱਕ ਸਾਲ ਦੌਰਾਨ ਕਰੀਬ 25 ਹਜ਼ਾਰ ਪੜ੍ਹੇ-ਲਿਖੇ ਨੌਜਵਾਨਾਂ ਨੇ ਨੌਕਰੀ ਨਾ ਮਿਲਣ ਜਾਂ ਨੌਕਰੀ ਖੁੱਸ ਜਾਣ ਕਾਰਨ ਖੁਦਕੁਸ਼ੀ ਕਰ ਲਈ ਸੀ।*

*9 ਸਾਲ ਪਹਿਲਾਂ ਮੌਜੂਦਾ ਸਰਕਾਰ ਹਰ ਸਾਲ 2 ਕਰੋੜ ਨੌਕਰੀਆਂ ਦੇਣ ਦੇ ਵਾਅਦੇ ਨਾਲ ਸੱਤਾ ਵਿੱਚ ਆਈ ਸੀ। ਇਸ ਅਰਸੇ ਦੌਰਾਨ ਉਹ ਸਿਰਫ਼ 7.22 ਲੱਖ ਨੌਕਰੀਆਂ ਹੀ ਦੇ ਸਕੀ ਹੈ। ਮੋਦੀ ਰਾਜ ਦੇ ਅਧੀਨ ਬੇਰੁਜ਼ਗਾਰੀ ਪਿਛਲੇ 45 ਸਾਲਾਂ ਦਾ ਰਿਕਾਰਡ ਤੋੜ ਕੇ ਸਿਖਰ ਉੱਤੇ ਪੁੱਜ ਚੁੱਕੀ ਹੈ।*

*ਅਜਿਹੀ ਸਥਿਤੀ ਵਿੱਚ ਨੌਜਵਾਨਾਂ ਦੀ ਨਿਰਾਸ਼ਾ ਨੂੰ ਉਮੀਦ ਵਿੱਚ ਬਦਲਣ ਲਈ ਨੌਜਵਾਨਾਂ ਦੀਆਂ ਜਥੇਬੰਦੀਆਂ ਮੈਦਾਨ ਮੱਲ ਰਹੀਆਂ ਹਨ। ਬੀਤੀ 3 ਅਪ੍ਰੈਲ ਨੂੰ ਨਵੀਂ ਦਿੱਲੀ ਵਿੱਚ 22 ਰਾਜਾਂ ਦੀਆਂ 113 ਜਥੇਬੰਦੀਆਂ ਦੇ ਪ੍ਰਤੀਨਿਧਾਂ ਨੇ ਮੀਟਿੰਗ ਕਰਕੇ 'ਸੰਯੁਕਤ ਯੁਵਾ ਮੋਰਚੇ' ਦਾ ਗਠਨ ਕੀਤਾ ਸੀ। ਇਸ ਮੀਟਿੰਗ ਵਿੱਚ ਕਿਹਾ ਗਿਆ ਸੀ ਕਿ ਇਸ ਸਮੇਂ ਬੇਰੁਜ਼ਗਾਰੀ ਕੌਮੀ ਆਫ਼ਤ ਬਣ ਚੁੱਕੀ ਹੈ। ਇਸ ਲਈ ਬੇਰੁਜ਼ਗਾਰੀ ਵਿਰੁੱਧ ਦੇਸ਼ਵਿਆਪੀ ਅੰਦੋਲਨ ਛੇੜੇ ਬਿਨਾਂ ਹੁਣ ਕੋਈ ਚਾਰਾ ਨਹੀਂ ਰਿਹਾ। ਇਸ ਮੋਰਚੇ ਦਾ ਪਹਿਲਾ ਕੌਮੀ ਸੰਮੇਲਨ 15 ਜੁਲਾਈ ਨੂੰ ਦਿੱਲੀ ਵਿੱਚ ਹੋ ਰਿਹਾ ਹੈ, ਜਿਸ ਵਿੱਚ ਅੰਦੋਲਨ ਦੀ ਰੂਪ-ਰੇਖਾ ਤਿਆਰ ਕੀਤੀ ਜਾਵੇਗੀ। ਇਸ ਮੋਰਚੇ ਦੀਆਂ ਮੰਗਾਂ ਵਿੱਚ ਰੁਜ਼ਗਾਰ ਗਰੰਟੀ ਕਾਨੂੰਨ, ਜਨਤਕ ਖੇਤਰ ਵਿੱਚ ਖਾਲੀ ਪਈਆਂ ਅਸਾਮੀਆਂ ਨੂੰ ਭਰਨਾ, ਸਥਾਈ ਪ੍ਰਕਿਰਤੀ ਦੇ ਕੰਮਾਂ ਵਿੱਚ ਠੇਕਾ ਸਿਸਟਮ ਖ਼ਤਮ ਕਰਨਾ, ਅਗਨੀਪੱਥ ਯੋਜਨਾ ਉੱਤੇ ਰੋਕ ਲਾ ਕੇ ਰੈਗੂਲਰ ਭਰਤੀ ਕਰਨਾ ਤੇ ਰੇਲਵੇ ਸਮੇਤ ਸਭ ਜਨਤਕ ਖੇਤਰ ਦੇ ਅਦਾਰਿਆਂ ਦਾ ਨਿੱਜੀਕਰਨ ਬੰਦ ਕਰਨਾ ਆਦਿ ਸ਼ਾਮਲ ਹਨ।*

*ਇਸੇ ਦੌਰਾਨ ਸਰਬ ਭਾਰਤ ਨੌਜਵਾਨ ਸਭਾ ਨੇ ਹੈਦਰਾਬਾਦ ਵਿੱਚ ਤਿੰਨ ਰੋਜ਼ਾ ਕੌਮੀ ਵਰਕਸ਼ਾਪ ਲਾ ਕੇ ਰੁਜ਼ਗਾਰ ਦੀ ਗਰੰਟੀ ਲਈ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ (ਬਨੇਗਾ) ਦੀ ਮੰਗ ਨੂੰ ਲੈ ਕੇ ਅੰਦੋਲਨ ਛੇੜਨ ਦਾ ਫ਼ੈਸਲਾ ਕੀਤਾ ਹੈ। ਅਠਾਰਾਂ ਰਾਜਾਂ ਤੋਂ ਆਏ 70 ਨੌਜਵਾਨਾਂ ਨੇ ਤਿੰਨ ਦਿਨਾ ਬਹਿਸ ਤੋਂ ਬਾਅਦ ਫ਼ੈਸਲਾ ਲਿਆ ਹੈ ਕਿ ਰੁਜ਼ਗਾਰ ਦੇ ਮੁੱਦੇ 'ਤੇ ਨੌਜਵਾਨਾਂ ਨੂੰ ਜਥੇਬੰਦ ਕਰਨ ਲਈ ਸਮੁੱਚੇ ਦੇਸ਼ ਅੰਦਰ 4 ਜਥੇ ਵੱਖ-ਵੱਖ ਖੇਤਰਾਂ ਵਿੱਚ ਮਾਰਚ ਕਰਕੇ ਨੌਜਵਾਨਾਂ ਨੂੰ ਜਾਗਰੂਕ ਕਰਨਗੇ। ਇਹ ਜਥੇ ਅਕਤੂਬਰ ਮਹੀਨੇ ਵਿੱਚ ਸ਼ੁਰੂ ਹੋ ਕੇ ਇੱਕ ਮਹੀਨਾ ਨੌਜਵਾਨਾਂ ਨੂੰ ਲਾਮਬੰਦ ਕਰਨਗੇ। ਬਨੇਗਾ ਤੋਂ ਇਲਾਵਾ ਮੁਫ਼ਤ ਤੇ ਲਾਜ਼ਮੀ ਸਿੱਖਿਆ ਦੀ ਮੰਗ ਵੀ ਉਭਾਰੀ ਜਾਵੇਗੀ।*

*ਇਸੇ ਦੌਰਾਨ ਦਿੱਲੀ ਯੂਨੀਵਰਸਿਟੀ ਦੇ ਵਿਦਿਆਰਥੀਆਂ, ਨੌਜਵਾਨਾਂ ਤੇ ਅਧਿਆਪਕਾਂ ਨੇ 'ਇੱਕ ਵੋਟ, ਇੱਕ ਰੁਜ਼ਗਾਰ' ਅੰਦੋਲਨ ਸ਼ੁਰੂ ਕਰਨ ਦਾ ਐਲਾਨ ਕੀਤਾ ਹੈ। ਇਸ ਅੰਦੋਲਨ ਨਾਲ ਜੁੜੇ ਨੌਜਵਾਨਾਂ ਦਾ ਕਹਿਣਾ ਹੈ ਕਿ 18 ਸਾਲ ਦੀ ਉਮਰ ਹੋਣ 'ਤੇ ਜਦੋਂ ਵੋਟ ਦਾ ਅਧਿਕਾਰ ਹੈ ਤਦ ਰੁਜ਼ਗਾਰ ਦਾ ਅਧਿਕਾਰ ਕਿਉਂ ਨਹੀਂ। ਉਨ੍ਹਾਂ ਕਿਹਾ ਕਿ ਉਹ ਸਿਰਫ਼ ਸਰਕਾਰੀ ਨੌਕਰੀ ਹੀ ਨਹੀਂ ਮੰਗ ਰਹੇ ਸਗੋਂ ਰੁਜ਼ਗਾਰ ਤੇ ਸਮਾਜਕ ਸੁਰੱਖਿਆ ਮੰਗ ਰਹੇ ਹਨ। ਇਸ ਮੌਕੇ ਜੰਤਰ-ਮੰਤਰ ਉੱਤੇ ਹੋਏ ਇਕੱਠ ਵਿੱਚ ਪ੍ਰੋ. ਆਨੰਦ ਕੁਮਾਰ, ਪ੍ਰੋ. ਅਰੁਣ ਕੁਮਾਰ, ਕਿਸਾਨ ਆਗੂ ਸੁਨੀਲਮ ਤੇ ਸਾਬਕਾ ਐਮ ਪੀ ਸੰਦੀਪ ਦੀਕਸ਼ਤ ਸਮੇਤ ਵੱਡੀ ਗਿਣਤੀ ਵਿੱਚ ਨੌਜਵਾਨ, ਵਿਦਿਆਰਥੀ, ਪੱਤਰਕਾਰ ਤੇ ਅਧਿਆਪਕ ਸ਼ਾਮਲ ਹੋਏ। ਇਸ ਮੌਕੇ ਪੰਜ ਸੂਤਰੀ ਮੰਗਾਂ ਦਾ ਮਤਾ ਪਾਸ ਕੀਤਾ ਗਿਆ। ਇਸ ਵਿੱਚ ਰੁਜ਼ਗਾਰ ਗਰੰਟੀ ਕਾਨੂੰਨ, ਘੱਟੋ-ਘੱਟ ਮਜ਼ਦੂਰੀ ਦੀ ਗਰੰਟੀ, ਸਭ ਖਾਲੀ ਅਸਾਮੀਆਂ ਨੂੰ ਭਰਨਾ ਤੇ ਠੇਕਾ ਪ੍ਰਣਾਲੀ ਦੀ ਸਮਾਪਤੀ, ਸਾਰੇ ਪਿੰਡਾਂ ਤੇ ਮੁਹੱਲਿਆਂ ਵਿੱਚ ਰੁਜ਼ਗਾਰ ਦਫ਼ਤਰ ਖੋਲ੍ਹਣਾ ਅਤੇ ਸਭ ਬਜ਼ੁਰਗਾਂ ਨੂੰ ਘੱਟੋ-ਘੱਟ ਮਜ਼ਦੂਰੀ ਤੋਂ ਅੱਧੀ ਪੈਨਸ਼ਨ ਦੇਣਾ ਸ਼ਾਮਲ ਹਨ। ਦੇਸ਼ ਭਰ ਵਿੱਚ ਜਿਸ ਤਰ੍ਹਾਂ ਨੌਜਵਾਨ ਬੇਰੁਜ਼ਗਾਰੀ ਵਿਰੁੱਧ ਅੰਦੋਲਨ ਲਈ ਕਮਰਕੱਸੇ ਕੱਸ ਰਹੇ ਹਨ, ਜੇਕਰ ਸਭ ਕੋਸ਼ਿਸ਼ਾਂ ਇਕਜੁੱਟ ਹੋ ਗਈਆਂ, ਤਦ ਇਹ ਅੰਦੋਲਨ ਕਿਸਾਨ ਅੰਦੋਲਨ ਵਾਂਗ ਹੀ ਅਜ਼ਾਦੀ ਤੋਂ ਬਾਅਦ ਦਾ ਸਭ ਤੋਂ ਸ਼ਕਤੀਸ਼ਾਲੀ ਅੰਦੋਲਨ ਹੋਵੇਗਾ।*

**-ਚੰਦ ਫਤਿਹਪੁਰੀ**

# ਇਤਿਹਾਸ ਨੂੰ ਫਿਰਕੂ ਮੁਹਾਣੇ ਵੱਲ ਧੱਕਣ ਦੀ ਸਾਜ਼ਿਸ਼

**ਨਰਭਿੰਦਰ**

ਜਿਨ੍ਹਾਂ ਦਾ ਆਪਣਾ ਇਤਿਹਾਸ ਨਹੀਂ ਹੁੰਦਾ, ਉਹ ਇਤਿਹਾਸ ਨੂੰ ਬਰਦਾਸ਼ਤ ਹੀ ਨਹੀਂ ਕਰਦੇ। ਇਤਿਹਾਸਕਾਰ ਈ.ਐੱਚ ਕਾਰ ਤਾਂ ਕਹਿੰਦੇ ਹਨ, "ਇਤਿਹਾਸ ਦਾ ਸਭ ਤੋਂ ਵੱਡਾ ਸਬਕ ਇਹ ਹੈ ਕਿ ਕੋਈ ਇਤਿਹਾਸ ਤੋਂ ਸਬਕ ਹੀ ਨਹੀਂ ਸਿੱਖਦਾ।" ਇਹੀ ਕਾਰਨ ਕਿ ਭਾਜਪਾ ਸਰਕਾਰ ਜਾਂ ਉਹਦੇ ਪਿੱਛੇ ਖੜ੍ਹਾ ਰਾਸ਼ਟਰ ਸੋਇਮ ਸੇਵਕ ਸੰਘ ਪਿਛਲੇਰੇ 9 ਸਾਲਾਂ ਤੋਂ ਚੇਤੰਨ ਤੇ ਸੁਚੇਤ ਰੂਪ ਵਿੱਚ ਵਿਦਿਅਕ ਨੀਤੀ ਤੇ ਬੱਚਿਆਂ ਦੀਆਂ ਪਾਠ ਪੁਸਤਕਾਂ ਵਿੱਚ ਲਗਾਤਾਰ ਤਬਦੀਲੀਆਂ ਕਰਦਾ ਆ ਰਿਹਾ ਹੈ। ਦਰਅਸਲ ਅਖੌਤੀ ਕਾਰਪੋਰੇਟੀ ਪੂੰਜੀ (ਅਜਾਰੇਦਾਰੀ) ਲਈ ਵੀ ਮੌਜੂਦਾ ਜਾਗਰੂਕ ਤੇ ਚੇਤੰਨ ਸਮਾਜ ਸਭ ਤੋਂ ਖਤਰਨਾਕ ਵਿਵਸਥਾ ਹੈ। ਦੋਹਾਂ ਦੀ ਸਾਂਝੀ ਲੋੜ ਹੈ ਲੋਕਾਈ ਨੂੰ ਗਿਆਨ ਤੇ ਇਤਿਹਾਸ ਵਿਹੂਣਾ ਕਰ ਦਿਓ ਤਾਂ ਕਿ ਨਵ-ਗੁਲਾਮ ਵਿਵਸਥਾ ਦੀ ਉਮਰ ਲੰਬੀ ਕੀਤੀ ਜਾਵੇ।

ਪਿਛਲੇ 5 ਅਪਰੈਲ 2023 ਦੇ ਇਕ ਅੰਗਰੇਜ਼ੀ ਅਖਬਾਰ ਇੰਡੀਆ ਐਕਸਪ੍ਰੈੱਸ ਵਿੱਚ ਰਿਤਿਕ ਚੋਪੜਾ ਨੇ ਇਕ ਲੰਮੀ-ਚੌੜੀ ਰਿਪੋਰਟ ਲੋਕਾਂ ਦੇ ਸਾਹਮਣੇ ਰੱਖੀ। ਜਿਸ 'ਚ ਦੱਸਿਆ ਕਿ ਇਤਿਹਾਸ, ਰਾਜਨੀਤਕ ਵਿਗਿਆਨ ਤੇ ਸਮਾਜਿਕ ਵਿਗਿਆਨ ਵਿੱਚ ਵੱਡੀਆਂ ਤਬਦੀਲੀਆਂ ਕੀਤੀਆਂ ਜਾ ਰਹੀਆਂ ਹਨ। ਵੈਸੇ ਇਹ ਸਿਲਸਿਲਾ ਪਿਛਲੇਰੇ 9 ਸਾਲਾਂ ਤੋਂ ਲਗਾਤਾਰ ਚੱਲ ਰਿਹਾ ਹੈ। ਪਹਿਲਾਂ ਇਹ ਵਿਦਿਆਰਥੀਆਂ ਉੱਤੇ ਵਿਸ਼ਿਆਂ ਦੇ ਬੋਝ ਨੂੰ ਹਲਕਾ ਕਰਨ ਦੇ ਨਾਂਅ ਹੇਠ ਆ ਰਿਹਾ ਸੀ ਪਿਛਲੇ ਸਾਲ ਵੀ ਐੱਨ.ਸੀ.ਈ.ਆਰ.ਟੀ ਨੇ ਮੁਗਲ ਇਤਿਹਾਸ ਤੇ ਸ਼ੀਤਯੁੱਧ ਵਰਗੇ ਪਾਠ ਹਟਾ ਦਿੱਤੇ ਸਨ। ਇਸ ਵਾਰ ਯੂ.ਪੀ. ਬੋਰਡ ਨੇ ਵੀ ਇਹ ਖਾਰਿਜ ਕਰ ਦਿੱਤੇ ਹਨ। 12ਵੀਂ ਜਮਾਤ ਦੀ ਰਾਜਨੀਤਕ ਵਿਗਿਆਨ ਦੀ ਕਿਤਾਬ 'ਚੋਂ ਮਹਾਤਮਾ ਗਾਂਧੀ ਦੀ ਹੱਤਿਆ ਨਾਲ ਸੰਬੰਧਤ ਜਾਣਕਾਰੀ ਹਟਾ ਦਿੱਤੀ ਹੈ। ਅਤੇ ਇਸ ਵਿੱਚ ਇਕ ਲਾਈਨ ਜੋੜ ਦਿੱਤੀ ਗਈ ਹੈ ਕਿ, "ਗਾਂਧੀ ਜੀ ਦੇ ਕੰਮਾਂ ਨੂੰ ਸਾਰੇ ਲੋਕ ਪਸੰਦ ਨਹੀਂ ਕਰਦੇ ਸਨ। ਦੋਹਾਂ ਫਿਰਕਿਆਂ ਦੇ ਗਰਮਦਲੀਏ ਆਪਣੀ ਹੋਣੀ ਲਈ (ਗਾਂਧੀ ਨੂੰ) ਉਹਨਾਂ ਨੂੰ ਜ਼ਿੰਮੇਵਾਰ ਮੰਨਦੇ ਸਨ।" ਹਕੀਕਤ ਇਹ ਕਿ ਹਿੰਦੂ-ਮੁਸਲਮ ਏਕਤਾ ਦੀ ਗੱਲ ਕਰਨ ਵਾਲੇ ਗਾਂਧੀ ਨੂੰ ਵਿਸ਼ੇਸ਼ ਕਰਕੇ ਉਹ ਲੋਕ ਨਾ-ਪਸੰਦ ਕਰਦੇ ਸਨ, ਜਿਹੜੇ ਇਹ ਚਾਹੁੰਦੇ ਸਨ ਕਿ ਹਿੰਦੂ ਵੀ ਬਦਲੇ ਲੈਣ (ਭਾਵ ਮੁਸਲਮਾਨਾਂ) ਦਾ ਕਤਲੇਆਮ ਕਰਨ ਅਤੇ ਭਾਰਤ ਵੀ ਹਿੰਦੂਆਂ ਦਾ ਰਾਸ਼ਟਰ ਬਣੇ। ਜਿਵੇਂ ਪਾਕਿਸਤਾਨ ਮੁਸਲਮਾਨਾਂ ਦਾ ਦੇਸ਼ ਬਣਿਆ ਹੈ। ਇਸੇ ਹੀ ਪਾਠ ਵਿੱਚ ਇਹ ਅੰਸ਼ ਵੀ ਖਾਰਿਜ ਕਰ ਦਿੱਤਾ ਹੈ, "ਗਾਂਧੀ ਜੀ ਦੀ ਮੌਤ ਨੇ ਦੇਸ਼ ਦੇ ਫਿਰਕਾਪ੍ਰਸਤ ਮਹੌਲ ਉੱਤੇ ਜਾਦੂਮਈ ਅਸਰ ਪਾਇਆ ਅਤੇ ਵੰਡ ਨਾਲ ਸੰਬੰਧਤ ਕਰੋਧ, ਤੇ ਹਿੰਸਾ ਸ਼ਾਂਤ ਹੋ ਗਈ। ਫਿਰਕਾਪ੍ਰਸਤੀ ਦੀ ਜ਼ਹਿਰ ਫੈਲਾਉਣ ਵਾਲੇ ਕੱਟੜਵਾਦੀ ਸੰਗਠਨ ਆਰ.ਐੱਸ.ਐੱਸ ਉੱਤੇ ਪਾਬੰਦੀ ਲਾ ਦਿੱਤੀ ਗਈ।" ਇਹ ਸਾਰੀਆਂ ਲਾਈਨਾਂ ਹਟਾ ਦਿੱਤੀਆਂ ਗਈਆਂ ਹਨ। ਜੋ ਪਿਛਲੇ 15 ਸਾਲਾਂ ਤੋਂ ਵੱਧ ਸਮੇਂ ਤੋਂ ਸਿਲੇਬਸ ਦਾ ਹਿੱਸਾ ਸਨ। 12ਵੀਂ ਦੀ ਇਤਿਹਾਸ ਦੀ ਕਿਤਾਬ ਵਿੱਚ ਗਾਂਧੀ ਦੇ ਕਾਤਿਲ ਨੱਥੂ ਰਾਮ ਗੌਂਡਸੇ ਦੀ ਜਾਣਕਾਰੀ ਦਿੰਦਿਆਂ ਲਿਖ ਦਿੱਤਾ ਹੈ, "ਉਹ ਪੂਨਾ ਦਾ ਇਕ ਬ੍ਰਾਹਮਣ ਸੀ ਅਤੇ ਇੱਕ ਗਰਮਖਿਆਲੀ ਹਿੰਦੂ ਅਖਬਾਰ ਦਾ ਸੰਪਾਦਕ ਜਿਹੜਾ ਗਾਂਧੀ ਦੀ ਮੁਸਲਮਾਨਾਂ ਪ੍ਰਤੀ ਲਚਕੀਲੀ ਪਹੁੰਚ ਦੀ ਨਿੰਦਾ ਕਰਦਾ ਸੀ।" ਇੱਥੇ ਨਵੀਂ ਜਾਣਕਾਰੀ ਦੀ ਪੇਸ਼ਕਾਰੀ ਦਾ ਅੰਦਾਜ਼ ਵੀ ਵਾਚਨ ਵਾਲਾ ਹੈ, "30 ਜਨਵਰੀ ਦੀ ਸ਼ਾਮ ਨੂੰ ਪ੍ਰਾਰਥਨਾ ਸਭਾ ਵਿੱਚ ਇਕ ਨੌਜਵਾਨ ਨੇ ਗੋਲੀ ਮਾਰ ਦਿੱਤੀ ਤੇ ਪਿੱਛੋਂ ਉਹਨੇ ਆਤਮ ਸਮਰਪਣ ਕਰ ਦਿੱਤਾ। ਇਹ ਆਤਮ ਸਮਰਪਣ ਕਰਨ ਵਾਲਾ ਨੱਥੂ ਰਾਮ ਗੌਂਡਸੇ ਸੀ। ਗਾਂਧੀ ਦੇ ਹੀ ਕਥਨ ਮੁਤਾਬਿਕ, "ਜੇ ਭਾਰਤ ਨੂੰ ਸਿਰਫ ਹਿੰਦੂਆਂ ਦਾ ਦੇਸ਼ ਬਣਾ ਦਿੱਤਾ ਜਾਂਦਾ ਹੈ ਤਾਂ ਭਾਰਤ ਨਸ਼ਟ ਹੋ ਜਾਵੇਗਾ।"

ਸੰਘ ਵਾਰ-ਵਾਰ ਕਹਿੰਦਾ ਆ ਰਿਹਾ ਹੈ, "ਭਾਰਤੀ ਇਤਿਹਾਸ ਨੂੰ ਠੀਕ ਢੰਗ ਨਾਲ ਨਹੀਂ ਲਿਖਿਆ ਗਿਆ। ਇਹ ਦੁਬਾਰਾ ਲਿਖਣ ਵਾਲਾ ਹੈ। ਇਹ ਕੰਮ ਉਹ ਕਈ ਪੱਖਾਂ ਤੋਂ ਕਈ ਰੂਪਾਂ ਵਿੱਚ ਕਰ ਰਹੇ ਹਨ। ਸਿਲੇਬਸਾਂ ਵਿੱਚ ਤਬਦੀਲੀਆਂ ਉਹਦਾ ਇਕ ਹਿੱਸਾ ਹੈ। ਯਾਦ ਕਰੋ 2014 'ਚ ਮੋਹਨ ਭਾਗਵਤ ਕਹਿ ਰਿਹਾ ਸੀ, "ਤਕਰੀਬਨ 1000 ਸਾਲ ਪਿੱਛੋਂ ਦਿੱਲੀ 'ਚ ਹਿੰਦੂ ਰਾਸ਼ਟਰ ਦੀ ਸਥਾਪਨਾ ਹੋਈ ਹੈ।" 3 ਜੂਨ 2014 'ਚ ਲੋਕ ਸਭਾ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਸੀ, "ਬਾਰਾਂ ਸੌ ਸਾਲਾਂ ਦੀ ਗੁਲਾਮੀ ਦੀ ਮਾਨਸਿਕਤਾ ਪ੍ਰੇਸ਼ਾਨ ਕਰ ਰਹੀ ਹੈ।" ਇਹ 1200 ਸਾਲ ਦੀ ਗੁਲਾਮੀ ਵਿੱਚ ਹੀ ਮੁਗਲ ਕਾਲ ਦਾ ਦੌਰ ਹੈ, ਜੇ 1757 ਤੋਂ 1947 ਭਾਵ 190 ਸਾਲ ਬਰਤਾਨਵੀ ਬਸਤੀਵਾਦੀਆਂ ਦਾ ਦੌਰ ਗਿਣ ਲਿਆ ਜਾਵੇ ਤਾਂ ਬਾਕੀ 1000 ਸਾਲ ਮੁਗਲਾਂ ਦੇ ਕਾਲ 'ਚ ਗਿਣੇ ਜਾ ਰਹੇ ਹਨ, ਭਾਵ ਸੰਨ 712 ਭਾਵ ਅੱਠਵੀਂ ਸਦੀ ਵਿੱਚ ਸਿੰਧ ਦੇ ਹਿੰਦੂ ਰਾਜੇ ਉੱਤੇ ਮੀਰ ਕਾਸਿਮ ਦੇ ਹਮਲੇ ਤੋਂ ਲੈ ਕੇ ਬਹਾਦਰਸ਼ਾਹ ਜ਼ਫਰ ਦੀ ਬਾਦਸ਼ਾਹੀ ਦੇ ਅੰਤ ਤੱਕ ਦੇ ਸਮੇਂ ਨੂੰ ਹੁਣ ਬੱਚਿਆਂ ਦੀਆਂ ਇਤਿਹਾਸ ਦੀਆਂ ਕਿਤਾਬਾਂ 'ਚੋਂ ਇਹੋ ਮੁਗਲ ਕਾਲ ਖਤਮ ਕੀਤਾ ਜਾ ਰਿਹਾ ਹੈ। 12ਵੀਂ ਜਮਾਤ 'ਚ ਮੁਗਲ ਹਾਕਮਾਂ ਦੇ ਦਰਬਾਰ ਵਾਲਾ ਹਿੱਸਾ ਕੱਢ ਦਿੱਤਾ ਗਿਆ ਹੈ। ਅਜਿਹੀਆਂ ਕਈ ਮਿਸਾਲਾਂ ਹਨ ਤੇ ਸਭ ਤੋਂ ਵੱਧ ਇਹ ਹੈ ਕਿ ਜੋ ਚੀਜ਼ਾਂ ਜੋੜੀਆਂ ਜਾ ਰਹੀਆਂ ਹਨ, ਉਹਨਾਂ ਦੀ ਸ਼ਬਦਾਵਲੀ ਬਦਲ ਦਿੱਤੀ ਗਈ ਹੈ। ਅਫਗਾਨਿਸਤਾਨ ਵੱਲੋਂ ਮਹਿਮੂਦ ਗਜ਼ਨਵੀ ਦੇ ਹਮਲੇ ਜੋ ਸੋਮਨਾਥ ਮੰਦਰ ਉੱਤੇ ਸਨ, ਜਿਨ੍ਹਾਂ ਬਾਰੇ ਪਹਿਲਾਂ ਦਰਜ ਸੀ ਕਿ ਇਹ ਲੁੱਟ ਦੇ ਮੰਤਵ ਨਾਲ ਸੀ, ਹੁਣ ਬਦਲ ਦਿੱਤਾ ਗਿਆ ਹੈ ਕਿ 1000 ਤੋਂ 1025 ਈਸਵੀ ਦੇ ਦਰਮਿਆਨ ਧਾਰਮਿਕ ਇਰਾਦਿਆਂ ਨਾਲ 17 ਹਮਲੇ ਕੀਤੇ। ਨਫ਼ਰਤ ਬੀਜਣ ਦੀ ਕਲਾਤਮਿਕ ਪੇਸ਼ਕਾਰੀ ; 2017 ਵਿੱਚ 182 ਸਕੂਲੀ ਕਿਤਾਬਾਂ ਵਿੱਚ 1334 ਸਿਲੇਬਸ ਤਬਦੀਲੀਆਂ ਕੀਤੀਆਂ ਗਈਆਂ ਸਨ। ਫਿਰ 2019 ਵਿੱਚ ਤਬਦੀਲੀਆਂ ਹੋਈਆਂ ਤੇ ਹੁਣ ਤੀਸਰੀ ਕੋਸ਼ਿਸ਼ 2022 ਤੋਂ ਸ਼ੁਰੂ ਹੈ, ਜੋ ਸਾਲ 2023 ਵਿੱਚ ਵੀ ਜਾਰੀ ਹੈ। 2023 'ਚ ਸਿਲੇਬਸ ਵਿੱਚ ਜੋ ਤਬਦੀਲੀਆਂ ਕੀਤੀਆਂ ਗਈਆਂ, ਉਹਨਾਂ ਵਿੱਚ ਜਿਹੜੇ ਪਾਠ ਹਟਾਏ ਗਏ, ਉਹਨਾਂ ਵਿੱਚ ਗੁਜਰਾਤ ਦੰਗੇ, ਮੁਗਲਈ ਦਰਬਾਰ, ਐਮਰਜੈਂਸੀ, ਸ਼ੀਤਯੁੱਧ, ਨਕਸਲਬਾੜੀ ਅੰਦੋਲਨ, ਖੇਤੀ ਤੇ ਵਾਤਾਵਰਨ ਸੰਬੰਧੀ ਪਾਠ, ਡਾਰਵਿਨ ਦਾ ਵਿਕਾਸਵਾਦ, ਵਰਣ ਤੇ ਜਾਤੀ ਸੰਘਰਸ਼, ਦਲਿਤ ਲੇਖਕਾਂ ਦਾ ਕੀਤਾ ਜ਼ਿਕਰ ਆਦਿ ਸ਼ਾਮਲ ਹੈ। ਹਿਸਾਬ ਦੇ ਅਲਜ਼ਬਰੇ ਦੇ ਸਿਲੇਬਸਾਂ ਵਿੱਚ ਵੀ ਕੁੱਝ ਤਬਦੀਲੀਆਂ ਕੀਤੀਆਂ ਗਈਆਂ ਹਨ।

ਸਭ ਤੋਂ ਵੱਧ ਤਬਦੀਲੀਆਂ ਇਤਿਹਾਸ ਵਿੱਚ ਹੀ ਹੋਈਆਂ ਹਨ। ਦਰਅਸਲ ਉਹ ਚਾਹੁੰਦੇ ਹਨ ਕਿ ਭਾਰਤ ਦੇ ਇਤਿਹਾਸ ਨੂੰ ਇਵੇਂ ਪੇਸ਼ ਕੀਤਾ ਜਾਵੇ, ਜਿਸ ਨਾਲ ਉਹਨਾਂ ਦੇ ਫਿਰਕੂ ਰਾਜਸੀ ਮੰਤਵ ਪੂਰੇ ਹੁੰਦੇ ਹੋਣ। ਬਰਤਾਨਵੀ ਹਾਕਮਾਂ ਵਾਂਗੂੰ ਉਹ ਭਾਰਤੀ ਇਤਿਹਾਸ ਨੂੰ ਹਿੰਦੂ-ਮੁਸਲਮਾਨਾਂ ਵਿੱਚ ਵੰਡ ਕੇ ਦੇਖਦੇ ਹਨ ਅਤੇ ਉਹਨਾਂ ਦੀ ਨਜ਼ਰ 'ਚ ਇਹ ਦੇਸ਼ ਸਿਰਫ ਹਿੰਦੂਆਂ ਦਾ ਹੀ ਹੈ, ਮੁਸਲਮਾਨ ਸਿਰਫ ਹਮਲਾਵਰ ਹੀ ਹਨ। ਉਨ੍ਹਾਂ ਹਿੰਦੂ ਆਬਾਦੀ 'ਤੇ ਜਬਰ ਕੀਤਾ ਅਤੇ ਉਨ੍ਹਾਂ ਨੂੰ ਲੁੱਟਿਆ, ਉਨ੍ਹਾਂ ਦੇ ਧਾਰਮਿਕ ਅਸਥਾਨ ਤੋੜੇ, ਔਰਤਾਂ ਨੂੰ ਬੇਪੱਤ ਕੀਤਾ। ਅਜਿਹਾ ਇਤਿਹਾਸ ਜਦੋਂ ਪੜ੍ਹਾਇਆ ਜਾਵੇਗਾ ਤਾਂ ਲਾਜ਼ਮੀ ਮੁਸਲਮਾਨਾਂ ਦੇ ਪ੍ਰਤੀ ਨਫਰਤ ਦੀ ਫਸਲ ਬੀਜੀ ਜਾਵੇਗੀ, ਜਿਸ ਨੂੰ ਸੰਘ ਤੇ ਭਾਜਪਾ ਲਗਾਤਾਰ ਕੱਟਦੀ ਰਹੇਗੀ। 12ਵੀਂ ਦੇ ਇਤਿਹਾਸ ਦੀ ਕਿਤਾਬ 'ਚੋਂ 16ਵੀਂ 17ਵੀਂ ਸਦੀ ਨਾਲ ਸੰਬੰਧਤ ਮੁਗਲ ਦਰਬਾਰ ਨੂੰ ਹੀ ਨਹੀਂ। ਜੋ ਪਹਿਲੀ ਕਿਤਾਬ 'ਚੋਂ ਕੱਢਿਆ ਗਿਆ ਹੈ, ਦੂਸਰੇ ਭਾਗ ਥੀਮਜ਼ ਆਫ ਇੰਡੀਅਨ ਹਿਸਟਰੀ-2 ਨੂੰ ਵੀ ਕੱਢ ਦਿੱਤਾ ਗਿਆ ਹੈ। 10ਵੀਂ ਤੇ 11ਵੀਂ ਦੀ ਕਿਤਾਬ ਵਿੱਚੋਂ, 6 ਸੈਂਟਰਲ ਇਸਲਾਮਿਕ ਲੈਂਡਜ਼, ਸੱਭਿਆਚਾਰਾਂ ਦਾ ਟਕਰਾਅ ਤੇ ਉਦਯੋਗਿਕ ਕਰਾਂਤੀ ਆਦਿ ਪਾਠ ਕੱਢ ਦਿੱਤੇ ਗਏ ਹਨ।

ਇੱਥੇ ਹੀ ਬਸ ਨਹੀਂ, ਆਜ਼ਾਦੀ ਦੀ ਲੜਾਈ ਨਾਲ ਸੰਬੰਧਤ ਜੋ ਮਹਾਤਮਾ ਗਾਂਧੀ ਦੇ ਸੰਬੰਧ 'ਚ ਤੱਥਾਂ ਨੂੰ ਤੋੜ-ਮਰੋੜ ਕੇ ਸ਼ਾਤਰਾਨਾ ਢੰਗ ਨਾਲ ਪੇਸ਼ ਕੀਤਾ ਗਿਆ ਹੈ, ਕਈ ਹੋਰ ਪ੍ਰਮੁੱਖ ਘਟਨਾਵਾਂ, ਪ੍ਰਸੰਗਾਂ ਤੇ ਨਾਇਕਾਂ ਦੇ ਨਾਂਅ ਵੀ ਹਟਾ ਦਿੱਤੇ ਗਏ ਹਨ। ਇੱਥੋਂ ਤੱਕ ਕਿ ਸੰਵਿਧਾਨ ਸਭਾ ਵਿੱਚ ਮੌਲਾਨਾ ਅਬਦੁਲ ਕਲਾਮ ਆਜ਼ਾਦ ਜਿਹੜੇ ਪਹਿਲੇ ਸਿੱਖਿਆ ਮੰਤਰੀ ਵੀ ਸਨ, ਦਾ ਨਾਂਅ ਹੀ ਉਡਾ ਦਿੱਤਾ ਹੈ। ਆਜ਼ਾਦ ਭਾਰਤ ਵਿੱਚ ਰਾਜਨੀਤੀ ਨਾਲ ਸੰਬੰਧਤ ਕਿਤਾਬਾਂ ਵਿੱਚੋਂ ਲੋਕ ਸੰਘਰਸ਼ਾਂ ਦੀ ਉਠਾਣ, ਇਕ ਦਲ ਦੀ ਪ੍ਰਮੁੱਖਤਾ ਦਾ ਦੌਰ ਵੀ ਹਟਾ ਦਿੱਤੇ ਗਏ ਹਨ। ਸਮਾਜ ਸ਼ਾਸਤਰ (11ਵੀਂ ਜਮਾਤ) ਦੀ ਕਿਤਾਬ ਵਿੱਚੋਂ ਅੰਡਰਸਟੈਂਡਿੰਗ ਸੁਸਾਇਟੀ ਵਿੱਚੋਂ ਗੁਜਰਾਤ ਦੰਗਿਆਂ ਨਾਲ ਸਬੰਧਤ ਸਾਰੀ ਜਾਣਕਾਰੀ ਤੇ ਹਵਾਲੇ ਤਾਂ ਹਟਾ ਦਿੱਤੇ ਗਏ ਹਨ, ਪਰ 1984 ਵਾਲੇ ਹਵਾਲੇ ਨੂੰ ਨਹੀਂ ਹਟਾਇਆ ਗਿਆ। ਵਾਤਾਵਾਰਨ ਦੀਆਂ ਸਮੱਸਿਆਵਾਂ, ਵਾਤਾਵਰਨ ਤੇ ਸਮਾਜ, ਖੇਤੀ ਸੰਕਟ ਨਾਲ ਸਬੰਧਤ ਕੇਸ ਸਟਡੀਜ਼ ਨੂੰ ਵੀ ਹਟਾ ਦਿੱਤਾ ਗਿਆ ਹੈ। ਇਹ ਕੇਸ ਸਟਡੀ ਦੇ ਲੇਖਕ ਪੀ.ਸਾਈ ਨਾਥ ਹਨ ਅਤੇ ਇਹਨੇ ਪਾਣੀ ਦੀ ਥੁੜ ਨਾਲ ਜੂਝਦੇ ਕਿਸਾਨਾਂ ਅਤੇ ਵੱਡੇ ਸ਼ਹਿਰਾਂ ਵਿੱਚ ਹੋ ਰਹੀ ਪਾਣੀ ਦੀ ਬਰਬਾਦੀ, ਇੱਕ ਹੋਰ ਕੇਸ ਸਟੱਡੀ ਵਿੱਚ ਦਿੱਲੀ ਵਰਗੇ ਵੱਡੇ ਸ਼ਹਿਰਾਂ ਵਿੱਚ ਅਮੀਰਾਂ ਤੇ ਗਰੀਬਾਂ ਵਿੱਚ ਵਧ ਰਹੀ ਗੈਰਬਰਾਬਰੀ ਵਾਲੇ ਹਿੱਸੇ ਕੱਢ ਦਿੱਤੇ ਗਏ ਹਨ। ਇਹ ਤੱਥ ਹੀ ਹਨ, ਜਿਹੜੇ ਅਮੀਰੀ-ਗਰੀਬੀ ਦੇ ਦਰਮਿਆਨ ਵਧ ਰਹੀ ਗੈਰ ਬਰਾਬਰੀ ਤੇ ਇਸ ਵਿੱਚੋਂ ਜਨਮ ਲੈ ਰਹੇ ਸਮਾਜਿਕ ਤਨਾਵਾਂ ਤੇ ਸੰਘਰਸ਼ਾਂ ਦੀ ਜਾਣਕਾਰੀ ਦਿੰਦੇ ਹਨ। ਹਿੰਦੂ ਸਮਾਜ ਦੀ ਸਭ ਤੋਂ ਖਤਰਨਾਕ ਬਣਤਰ ਦੀ ਜਾਣਕਾਰੀ ਦੇਣ ਵਾਲੀ ਵਰਣ ਤੇ ਜਾਤੀ ਸਬੰਧੀ ਪਾਠ ਨੂੰ ਵੀ ਸਿਲੇਬਸ 'ਚੋਂ ਬਾਹਰ ਕਰ ਦਿੱਤਾ ਗਿਆ ਹੈ।

ਡਾਰਵਿਨ ਦਾ ਭੂਤ ਤਾਂ ਪਿਛਾਂਹ-ਖਿੱਚੂ ਹਾਕਮਾਂ ਨੂੰ ਲਗਾਤਾਰ ਡਰਾਉਂਦਾ ਰਿਹਾ ਹੈ। ਜਿਹੜਾ ਉਹਨਾਂ ਦੇ ਧਾਰਮਿਕ ਪਰਪੰਚਾਂ ਨੂੰ ਤਹਿਸ-ਨਹਿਸ ਕਰਦਾ ਹੈ, ਫਿਰ ਹਿੰਦੂ ਧਾਰਮਿਕ ਕੱਟੜਵਾਦੀਏ ਇੱਕ ਹਿੰਦੂ ਰਾਸ਼ਟਰ ਵਿੱਚ ਇਹਨੂੰ ਕਿਉਂ ਪੜ੍ਹਾਉਣ। ਉਨ੍ਹਾਂ ਲਈ ਸਮਾਜ ਵਿੱਚ ਤਰਕਸ਼ੀਲਤਾ ਪੈਦਾ ਕਰਨ ਵਾਲੀ ਸਾਰੀ ਸਮੱਗਰੀ ਹੀ ਖਤਰਨਾਕ ਹੈ। ਮੋਦੀ ਦੀ ਸਰਕਾਰ ਦੇ ਇੱਕ ਮੰਤਰੀ ਨੇ ਤਾਂ ਪਹਿਲਾਂ ਹੀ ਕਹਿ ਦਿੱਤਾ ਸੀ ਕਿ ਡਾਰਵਿਨ ਦਾ ਵਿਕਾਸਵਾਦ ਗਲਤ ਹੈ। ਕਿਸੇ ਨੇ ਬਾਂਦਰ ਤੋਂ ਮਨੁੱਖ ਬਣਦਿਆਂ ਨਹੀਂ ਦੇਖਿਆ ਤੇ ਯਾਦ ਹੋਵੇਗਾ ਖੁਦ ਪ੍ਰਧਾਨ ਮੰਤਰੀ ਮੋਦੀ ਨੇ ਬੰਬਈ 'ਚ ਡਾਕਟਰਾਂ ਦੇ ਇਕੱਠ 'ਚ ਕਿਹਾ ਸੀ, ਮਨੁੱਖ ਦੇ ਸਿਰ ਉੱਤੇ ਹਾਥੀ ਦਾ ਸਿਰ ਲਾਉਣ ਵਾਲਾ ਵਿਗਿਆਨ ਸਾਡੇ ਪੁਰਖਿਆਂ ਕੋਲ ਪਹਿਲਾਂ ਹੀ ਸੀ। ਮਿੱਥਕ ਕਥਾਵਾਂ ਉੱਤੇ ਯਕੀਨ ਰੱਖਦੇ ਹੋਏ ਉਹ ਵਿਗਿਆਨ ਦੇ ਸਿਧਾਂਤਾਂ ਨੂੰ ਕਿਵੇਂ ਹਜ਼ਮ ਕਰਨਗੇ। ਦੇਸ਼ ਦੇ 1800 ਤੋਂ ਵੱਧ ਵਿਗਿਆਨਕਾਂ ਤੇ ਸਿੱਖਿਆ ਸ਼ਾਸਤਰੀਆਂ ਨੇ ਇੱਕ ਖੁੱਲ੍ਹੀ ਚਿੱਠੀ ਲਿਖ ਕੇ ਇਸ ਜੈਵਿਕ ਵਿਕਾਸ ਦੇ ਸਿਧਾਂਤ ਨੂੰ ਸਿਲੇਬਸ 'ਚੋਂ ਕੱਢਣ ਉੱਤੇ ਚਿੰਤਾ ਪ੍ਰਗਟ ਕੀਤੀ ਹੈ। ਡਾਰਵਨ ਦੇ ਵਿਕਾਸਵਾਦ ਤੋਂ ਬਿਨਾਂ ਚਾਰਲਸ ਰਾਬਰਟ ਤੇ ਮਨੁੱਖੀ ਵਿਕਾਸ ਦੇ ਇਨ੍ਹਾਂ ਚੈਪਟਰਾਂ ਨੂੰ ਹਟਾਉਣ ਉੱਤੇ ਰੋਮਿਲਾ ਥਾਪਰ, ਇਰਫਾਨ ਹਬੀਬ, ਮੁੱਦਰਲਾ ਮੁਕਰਜੀ, ਉਪੇਂਦਰ ਸਿੰਘ, ਅਪੂਰਵਾਨੰਦ ਆਦਿ ਨੇ ਵੀ ਇਸ ਨੂੰ ਮੰਦਭਾਗਾ ਕਿਹਾ ਹੈ।

ਉਪਰੋਕਤ ਸਾਰੀਆਂ ਤਬਦੀਲੀਆਂ ਸੰਘ ਇਕ ਖਾਸ ਆਪਣੇ ਰਾਜਸੀ ਸਮਾਜੀ ਮੰਤਵਾਂ ਤਹਿਤ ਕਰ ਰਿਹਾ ਹੈ। ਹਿੰਦੂ ਰਾਸ਼ਟਰ ਦੀ ਸਿਰਜਨਾ ਲਈ ਆਵਾਮ ਨੂੰ ਬੌਧਿਕ ਵਿਹੂਣਾ ਕਰਨਾ ਜ਼ਰੂਰੀ ਹੈ। ਉਨ੍ਹਾਂ ਸਾਹਮਣੇ ਇੱਕ ਦੁਸ਼ਮਣ-ਮੁਗਲ ਕਾਲ ਭਾਵ ਮੁਸਲਮਾਨ ਵੀ ਖੜ੍ਹਾ ਕੀਤਾ ਜਾ ਰਿਹਾ ਹੈ। ਕੀ ਇਤਿਹਾਸ 'ਚੋਂ ਮੁਗਲ ਕਾਲ ਜਾਂ ਮੁਸਲਮਾਨ ਖਾਰਿਜ ਕੀਤੇ ਜਾ ਸਕਦੇ ਹਨ। ਕੇਂਦਰ ਸਰਕਾਰ ਨੇ 2020 ਵਿੱਚ ਐੱਨ.ਈ.ਐੱਫ (ਨੈਸ਼ਨਲ ਐਜੂਕੇਸ਼ਨਲ ਫਰੇਮਵਰਕ) ਨਾਂਅ ਦੀ ਇਕ ਸੰਸਥਾ ਖੜੀ ਕੀਤੀ, ਜਿਸ ਦਾ ਪ੍ਰਮੁੱਖ ਕੰਮ ਨਵੇਂ ਪਾਠਾਂ (ਸਿਲੇਬਸਾਂ) ਨੂੰ ਭਾਰਤੀ ਵਿਚਾਰਧਾਰਾ ਨਾਲ ਜੋੜਨਾ ਹੈ। ਗੱਲ ਮੁਗਲਾਂ ਤੱਕ ਨਹੀਂ ਰੁਕਣੀ, ਇਹ ਭਾਰਤ ਦੀਆਂ ਖੇਤਰੀ ਪਹਿਚਾਣਾਂ, ਸੱਭਿਆਚਾਰਾਂ, ਇਤਿਹਾਸ ਭਾਸ਼ਾਵਾਂ ਤੇ ਫਿਲਾਸਫੀਆਂ ਵੀ ਇਸ ਦੀ ਮਾਰ ਹੇਠ ਆਉਣਗੀਆਂ।

ਇਤਿਹਾਸ ਭੂਤਕਾਲ ਦੀਆਂ ਘਟਨਾਵਾਂ ਦਾ ਵੇਰਵਿਆਂ ਤੱਕ ਹੀ ਨਹੀਂ ਹੁੰਦਾ ਅਤੇ ਇਹ ਸਿਰਫ ਭਾਰਤ ਵਿੱਚ ਹੀ ਨਹੀਂ ਘਟਿਆ। ਵਿਲਿਅਮ ਸਮਿੱਥ ਦੀ ਹਿਡਨ ਪੇਪਰਜ਼ ਆਫ ਹਿਸਟਰੀ ਨੂੰ ਪੜ੍ਹ ਕੇ ਇਤਿਹਾਸ ਨੂੰ ਸਮਝਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਸਿਰਫ ਜਹਾਂਗੀਰ ਜਾਂ ਸ਼ਾਹਜਹਾਂ ਨੇ ਹੀ ਰਾਜ ਸੱਤਾ ਤੱਕ ਪਹੁੰਚਣ ਲਈ ਆਪਣੇ ਭਰਾਵਾਂ ਨੂੰ ਨਹੀਂ ਸੀ ਮਾਰਿਆ। ਇਸ ਤੋਂ ਪਹਿਲਾਂ ਵਿਜਯਨਗਰ ਦੇ ਦੇਵਰਾਏ ਦੂਸਰੇ ਨੂੰ ਸੱਤਾ ਤੋਂ ਲਾਹੁਣ ਲਈ ਉਹਦੇ ਭਰਾ ਤੇ ਭਤੀਜੇ ਨੇ ਸਾਜ਼ਿਸ਼ ਰਚੀ ਸੀ, ਪਰ ਅਸਫਲ ਰਹੇ ਤੇ ਫਿਰ ਦੇਵਰਾਏ ਨੇ ਆਪਣੇ ਵਿਰੋਧੀਆਂ ਦੇ ਸਿਰ ਵੱਢ ਕੇ ਘੋੜੇ 'ਤੇ ਸਜਾਇਆ ਸੀ ਤੇ ਲੋਕਾਂ ਵਿੱਚ ਘੁੰਮਾਇਆ ਸੀ। ਅਜਿਹੀਆਂ ਸੈਂਕੜੇ ਮਿਸਾਲਾਂ ਦੁਨੀਆ 'ਚ ਮਿਲਣਗੀਆਂ ਤੇ ਹਿੰਦੂ ਰਾਜਿਆਂ ਦੇ ਇਤਿਹਾਸ ਵਿੱਚ ਵੀ ਰਾਜ ਸੱਤਾ ਲਈ ਨਰਸੰਹਾਰ ਕਰਨ ਵਿੱਚ ਕੋਈ ਵੀ ਪਿੱਛੇ ਨਹੀਂ ਰਿਹਾ, ਨਾ ਹਿੰਦੂ ਰਾਜੇ, ਨਾ ਮੁਸਲਮਾਨ, ਨਾ ਬ੍ਰਿਟਿਸ਼ ਤੇ ਨਾ ਹੀ ਹੁਣ ਵਾਲੇ ਗੱਦੀ ਨਸ਼ੀਨ ਹਾਕਮ।

ਕੀ ਆਜ਼ਾਦੀ ਦੀ ਲੜਾਈ (ਬ੍ਰਿਟਿਸ਼ ਹਕੂਮਤ ਵਿਰੁੱਧ) ਦੇ ਦੌਰਾਨ ਜਿਹੜੀਆਂ ਕਦਰਾਂ-ਕੀਮਤਾਂ, ਮੂਲ ਸਥਾਪਨਾਵਾਂ ਦੇ ਆਧਾਰ ਉੱਤੇ ਭਾਰਤੀ ਸਾਂਝੇ ਰਾਸ਼ਟਰਵਾਦ ਦਾ ਇਕ ਸਰੂਪ ਨਿੱਖਰ ਕੇ ਸਾਹਮਣੇ ਆਇਆ ਸੀ ਤੇ ਜਿਸ ਨੇ ਵਿਸ਼ਵ ਵਿੱਚ ਆਪਣੀ ਪਹਿਚਾਣ ਬਣਾਈ ਸੀ, ਕੀ ਨਵੇਂ ਇਤਿਹਾਸ ਲੇਖਣ ਦੇ ਰਾਹੀਂ ਉਹਨਾਂ ਕਦਰਾਂ-ਕੀਮਤਾਂ, ਮੁੱਲਾਂ ਦੀ ਹੱਤਿਆ ਕਰਨਾ, ਭਾਰਤ ਦੇ ਵਰਤਮਾਨ ਤੇ ਭਵਿੱਖ ਲਈ ਚੰਗਾ ਰਹੇਗਾ? ਸਿਰਫ ਪਾਠ ਪੁਸਤਕਾਂ ਤੇ ਸਿਲੇਬਸਾਂ ਦੇ ਪੜ੍ਹਨ ਨਾਲ ਦੇਸ਼ ਭਗਤ ਪੈਦਾ ਨਹੀਂ ਹੁੰਦੇ। ਜੇ ਅਜਿਹਾ ਹੁੰਦਾ ਤਾਂ ਭਾਰਤ ਦੀ ਆਜ਼ਾਦੀ ਦੀ ਲੜਾਈ 'ਚ ਲੜਨ ਵਾਲਾ ਇਕ ਵੀ ਦੇਸ਼ਭਗਤ ਪੈਦਾ ਹੀ ਨਾ ਹੁੰਦਾ, ਕਿਉਂਕਿ ਜਿਨ੍ਹਾਂ ਇੱਥੇ ਬ੍ਰਿਟਿਸ਼ ਸਕੂਲਾਂ-ਕਾਲਜਾਂ ਵਿੱਚ ਵਿੱਦਿਆ ਹਾਸਲ ਕੀਤੀ ਸੀ ਜਾਂ ਫਿਰ ਉਹ ਜਿਹੜੇ ਵਿਦੇਸ਼ਾਂ ਵਿੱਚ ਪੜ੍ਹ ਕੇ ਆਏ ਸਨ, ਉਹਨਾਂ ਤਾਂ ਹਾਕਮਾਂ ਦੇ ਸਿਲੇਬਸ ਤੇ ਪਾਠ ਪੁਸਤਕਾਂ ਉਹੀ ਪੜ੍ਹੀਆਂ ਸਨ, ਜਿਹੜੀਆਂ ਸੱਤਾਧਾਰੀਆਂ ਨੇ ਉਨ੍ਹਾਂ ਨੂੰ ਮੁਹੱਈਆ ਕਰਵਾਈਆਂ। ਸੱਤਾਧਾਰੀ ਲੋਕ ਜੇ ਇਸ ਭੁਲੇਖੇ ਵਿਚ ਰਹਿਣ ਕਿ ਪਾਠ ਪੁਸਤਕਾਂ ਵਿੱਚੋਂ ਇਤਿਹਾਸਕਾਲ ਜਾਂ ਵਿਗਿਆਨਕ ਦ੍ਰਿਸ਼ਟੀ ਵਾਲੇ ਪਾਠ ਕੱਢ ਕੇ ਇਕ ਬੌਧਿਕ ਵਹੀਨ ਸਮਾਜ ਦੀ ਸਿਰਜਣਾ ਕਰ ਲੈਣਗੇ ਤੇ ਇਕ ਨਵੀਂ ਗੁਲਾਮੀ ਦੀ ਅਵਸਥਾ ਵੱਲ ਸਮਾਜ ਨੂੰ ਧੱਕ ਦੇਣਗੇ ਤਾਂ ਇਹ ਉਨ੍ਹਾਂ ਦਾ ਵਹਿਮ ਹੈ। ਲੋਕ ਆਪਣਾ ਇਤਿਹਾਸ ਖੁਦ ਜਾਨਣ ਦੇ ਰਾਹ ਲੱਭ ਲੈਂਦੇ ਹਨ ਤੇ ਲੱਭਣਗੇ ਵੀ।

ਉਹ ਫਿਰ ਗੋਰਖਪੁਰੀ ਕੱਢ ਦੇਣ, ਇਕਬਾਲ ਕੱਢ ਦੇਣ, ਹਿੰਦੀ ਦੇ ਕਵੀ ਨਿਰਾਲਾ ਕੱਢ ਦੇਣ, ਚਾਰਲੀ ਚੈਂਪੀਅਨ ਕੱਢ ਦੇਣ, ਪਾਸ਼ ਨੂੰ ਬਾਹਰ ਕਰ ਦੇਣ, ਪਰ ਉਹਨਾਂ ਦਾ ਸਾਹਿਤ ਲੋਕਾਂ ਦੇ ਪੁਸਤਕ ਭੰਡਾਰਾਂ 'ਚੋਂ ਖਾਰਿਜ ਨਹੀਂ ਕਰ ਸਕਦੇ। ਉਹ ਕਾਟਾ ਫੇਰ ਦੇਣ ਲੋਕ ਸੰਘਰਸ਼ਾਂ ਦੇ ਪਾਠਾਂ ਉੱਤੇ, ਪਰ ਲੋਕ ਆਪਣੇ ਸੰਘਰਸ਼ਾਂ ਦਾ ਨਵਾਂ ਇਤਿਹਾਸ ਸਿਰਜ ਲੈਣਗੇ। ਹਾਕਮ ਆਪਣੀ ਚਾਲ ਤੁਰ ਰਿਹਾ ਹੈ। ਲੋਕਾਂ ਨੂੰ ਜਾਗਰੂਕ ਕਰਨ ਵਾਲੀਆਂ ਤਾਕਤਾਂ ਲਈ ਲੋਕਾਂ ਤੱਕ ਇਹ ਕੁੱਝ ਲਿਜਾਣ ਲਈ ਆਪਣਾ ਰਾਹ ਚੁਣਨਾ ਪਵੇਗਾ।

*# ਸੰਪਰਕ : 93544-30211*

# ਰੁੱਖ ਲਾਈਏ, ਵਾਤਾਵਰਨ, ਜਾਨਵਰਾਂ ਤੇ ਪੰਛੀਆਂ ਨੂੰ ਬਚਾਈਏ

**ਮੇਜਰ ਸਿੰਘ ਨਾਭਾ**

ਪੰਜਾਬ ਸਰਕਾਰ ਨੇ ਸਵਾ ਕਰੌੜ ਪੌਦੇ ਲਾਉਣ ਦਾ ਟੀਚਾ ਇਸ ਸਾਲ ਵੀ ਉਲੀਕਿਆ ਹੈ । ਇਸੇ ਲੜੀ ਤਹਿਤ ਡਾ: ਬਲਬੀਰ ਸਿੰਘ ਸਿਹਤ ਮੰਤਰੀ ਨੇ ਪਟਿਆਲਾ ਜ਼ਿਲ੍ਹੇ ਦੇ ਪਿੰਡ ਰੌਂਗਲਾ ਦੇ ਸਰਕਾਰੀ ਸਕੂਲ 'ਚ ਪੌਦੇ ਲਾ ਕੇ ਬੂਟੇ ਲਾਉਣ ਦੀ ਮੁਹਿੰਮ ਸ਼ੁਰੂ ਕੀਤੀ । ਜ਼ਿਲ੍ਹੇ ਦੀ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਤਿੰਨ ਲੱਖ ਬੂਟੇ ਲਾਉਣ ਦਾ ਪਲਾਨ ਤਿਆਰ ਕੀਤਾ ਹੈ । ਇਹ ਵਾਤਾਵਰਣ ਨੂੰ ਸਵੱਛ ਬਣਾਉਣ ਲਈ ਵਧੀਆ ਸ਼ੁਰੂਆਤ ਹੈ। ਪਿਛਲੇ ਸਾਲਾਂ ਤੋਂ ਵਾਤਾਵਰਣ ਨੂੰ ਸਵੱਛ ਰੱਖਣ ਬਹੁਤ ਸਾਰੀਆਂ ਗੱਲਾਂ ਕੀਤੀਆਂ ਜਾ ਰਹੀਆਂ ਹਨ, ਪਰ ਹਰੇਕ ਸਾਲ ਕਿੰਨੇ ਪੌਦੇ ਕਾਮਯਾਬ ਹੋ ਕੇ ਦਰੱਖਤ ਬਣਦੇ ਹਨ, ਇਹ ਗੱਲ ਵੀ ਲੋਕਾਂ ਸਾਹਮਣੇ ਸਰਕਾਰ ਵੱਲੋਂ ਰੱਖੀ ਜਾਣੀ ਬਣਦੀ ਹੈ, ਤਾਂ ਕਿ ਲੋਕ ਇਸ ਸੰਬੰਧੀ ਜਾਗਰੂਕ ਹੋਣ ਤੇ ਬਣਦਾ ਯੋਗਦਾਨ ਵੀ ਪਾਉਣ । ਹਰੇਕ ਸਾਲ 'ਇੱਕ ਰੁੱਖ ਸੌ ਸੁੱਖ' ਦੀ ਗੱਲ ਕੀਤੀ ਜਾਂਦੀ ਹੈ, ਪਰ ਸੜਕਾਂ, ਨਹਿਰਾਂ , ਨਾਲਿਆਂ ਆਦਿ ਦੇ ਕੰਢਿਆਂ 'ਤੇ ਦਰੱਖਤਾਂ ਦੀ ਘਾਟ ਮਹਿਸੂਸ ਹੁੰਦੀ ਹੈ । ਨੌਜਵਾਨਾਂ ਲਈ ਅੰਤਰ-ਰਾਸ਼ਟਰੀ ਪ੍ਰਸਿੱਧ ਗਾਇਕ ਸਵ: ਸਿੱਧੂ ਮੂਸੇਵਾਲੇ ਦੇ ਪਿਛਲੇ ਸਾਲ ਭੋਗ ਸਮਾਗਮ ਉਪਰੰਤ ਲੱਖਾਂ ਦੇ ਇਕੱਠ ਨੂੰ ਉਸ ਦੀ ਮਾਤਾ ਜੀ ਨੇ ਲੋਕਾਂ ਨੂੰ ਆਪਣੇ ਪੁੱਤ ਦੀ ਯਾਦ 'ਚ ਇੱਕ ਇੱਕ-ਰੁੱਖ ਲਗਾ ਕੇ ਉਸ ਦੇ ਪਾਲਣ-ਪੋਸ਼ਣ ਕਰਨ ਦੀ ਅਪੀਲ ਕੀਤੀ। ਸ਼ਾਇਦ ਕਿਸੇ ਮਾਂ ਵੱਲੋਂ ਇਹੋ ਜਿਹੇ ਮੌਕੇ 'ਤੇ ਇਹ ਪੰਜਾਬ ਵਿੱਚ ਪਹਿਲਾ ਸੁਨੇਹਾ ਹੋਵੇਗਾ, ਜੋ ਕਿ ਸਮੇਂ ਦੀ ਅਤਿ ਲੋੜ ਹੈ , ਜਿਸ ਦੀ ਸ਼ਲਾਘਾ ਕਰਨੀ ਬਣਦੀ ਹੈ । ਬਹੁਤ ਸਾਰੇ ਨੌਜਵਾਨਾਂ ਨੇ ਇਸ ਸ਼ੰਦੇਸ਼ ਨੂੰ ਅਮਲੀ ਰੂਪ ਦਿੰਦੇ ਹੋਏ ਉਸੇ ਦਿਨ ਹੀ ਰੁੱਖ ਲਗਾਉਣੇ ਸ਼ੁਰੂ ਕਰਕੇ ਉਨ੍ਹਾਂ ਨੂੰ ਪਾਲਣ-ਪੋਸ਼ਣ ਕਰਨ ਦਾ ਪ੍ਰਣ ਵੀ ਲਿਆ ਹੈ, ਜੋ ਕਿ ਪੰਜਾਬ ਦੇ ਪ੍ਰਦੂਸ਼ਨ ਨੂੰ ਘਟਾਉਣ ਲਈ ਸ਼ੁਭ ਸ਼ੰਕੇਤ ਹੈ । ਇਸ ਸਾਲ ਗਰਮੀ ਦੀ ਰੁੱਤ ਸ਼ੁਰੂ ਹੁੰਦੇ ਹੀ ਤਾਪਮਾਨ ਵਧਿਆ, ਪਰ ਜੁਲਾਈ ਸ਼ੁਰੂ ਹੁੰਦੇ ਹੀ ਭਾਰੀ ਵਰਖਾ ਹੋਣੀ ਸ਼ੁਰੂ ਹੋ ਗਈ, ਜਿਸ ਨੇ ਹੜ੍ਹਾਂ ਵਾਲੀ ਸਥਿਤੀ ਪੈਦਾ ਕਰ ਦਿੱਤੀ ਹੈ । ਕੁਦਰਤ ਵੀ ਮਨੁੱਖ ਨੂੰ ਸਮੇਂ-ਸਮੇਂ ਚਿਤਾਵਨੀ ਦਿੰਦੀ ਰਹਿੰਦੀ ਹੈ, ਕਿਉਂ ਕਿ ਮਨੁੱਖ ਕੁਦਰਤ ਦੇ ਅਣਮੋਲ ਖਜ਼ਾਨੇ ਨਾਲ ਛੇੜਛਾੜ ਕਰਨੋਂ ਨਹੀਂ ਹਟਦਾ । ਦੂਸਰੇ ਪਾਸੇ ਏਨੇ ਵਧ ਰਹੇ ਤਾਪਮਾਨ ਤੋਂ ਰਾਹਤ ਪਾਉਣ ਲਈ ਦਰੱਖਤਾਂ ਦੀ ਘਾਟ ਮਹਿਸੂਸ ਕੀਤੀ ਜਾ ਰਹੀ ਹੈ । ਸਰਕਾਰ ਵੱਲੋਂ ਖਾਲੀ ਕਰਵਾਈ ਜਾ ਰਹੀ ਸ਼ਾਮਲਾਟ ਜ਼ਮੀਨ ਦੇ ਕੁਝ ਹਿੱਸੇ ਉੱਪਰ ਦਰਖੱਤਾਂ ਦੇ ਲਾਉਣ ਦੀ ਗੱਲ ਸੋਸ਼ਲ ਮੀਡੀਏ 'ਤੇ ਕੀਤੀ ਗਈ, ਇਸ ਨੂੰ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ । ਇਕੱਲੇ ਬੂਟੇ ਲਾਉਣ ਨਾਲ ਗੱਲ ਨਹੀਂ ਬਣਦੀ, ਸਗੋਂ ਉਨ੍ਹਾਂ ਦੀ ਸੰਭਾਲ ਬਹੁਤ ਜ਼ਰੂਰੀ ਹੈ । ਪਿਛਲੇ ਸਾਲਾਂ ਦੌਰਾਨ ਪੰਜਾਬ 'ਚ ਸੜਕਾਂ ਨੂੰ ਚੌੜਾ ਕਰਨ , ਨਵੀਆਂ ਕਾਲੋਨੀਆਂ ਦੇ ਨਿਰਮਾਣ ਆਦਿ ਕਰਨ ਕਰਕੇ ਹਜ਼ਾਰਾਂ ਦਰੱਖਤ ਪੁੱਟੇ ਗਏ ਹਨ, ਪਰ ਇਨ੍ਹਾਂ ਦੀ ਥਾਂ ਨਵੇਂ ਬੂਟੇ ਨਹੀਂ ਲੱਗ ਸਕੇ । ਜਾਨਵਰਾਂ ਅਤੇ ਪੰਛੀਆਂ ਦਾ ਰੁੱਖਾਂ ਨਾਲ ਗੂੜ੍ਹਾ ਸੰਬੰਧ ਹੈ ਸੋ ਇੱਧਰ ਧਿਆਨ ਦੇਣ ਦੀ ਲੋੜ ਹੈ ।

ਜੰਗਲੀ ਜੀਵਾਂ ਦੀ ਸਾਂਭ-ਸੰਭਾਲ ਲਈ ਪੰਜਾਬ ਅੰਦਰ 12 ਬੀੜ ਅਤੇ ਰੱਖਾਂ ਹਨ, ਜੋ ਕਿ ਜਾਨਵਰਾਂ ਅਤੇ ਪੰਛੀਆਂ ਲਈ ਘੱਟ ਹਨ । ਰਾਜ ਦੀ ਸਾਢੇ ਤਿੰਨ ਪ੍ਰਤੀਸ਼ਤ ਧਰਤੀ ਜੰਗਲੀ ਖੇਤਰ 'ਚ ਆਉਂਦੀ ਹੈ, ਜੋ ਕਿ ਪ੍ਰਦੂਸ਼ਨ ਬੋਰਡ ਦੀਆਂ ਹਦਾਇਤਾਂ ਅਨੁਸਾਰ ਥੋੜ੍ਹੀ ਹੈ। ਕਰੋਨਾ ਕੋਵਿਡ-19 ਕਾਰਨ ਦੇਸ਼ ਅੰਦਰ ਲੰਮਾ ਸਮਾਂ ਲਾਕਡਾਊਨ ਰਹਿਣ ਕਰਕੇ ਪ੍ਰਦੂਸ਼ਨ ਘਟਣ ਕਾਰਨ ਕੁਦਰਤੀ ਵਾਤਾਵਰਨ ਪੈਦਾ ਹੋਣਾ ਸ਼ੁਰੂ ਹੋ ਗਿਆ ਸੀ। ਰੁੱਖਾਂ ਦੀ ਘਟ ਰਹੀ ਗਿਣਤੀ ਮਨੁੱਖੀ ਜੀਵਨ ਲਈ ਘਾਤਕ ਸਿੱਧ ਹੋ ਰਹੀ ਹੈ। ਕੁਦਰਤੀ ਬਨਸਪਤੀ ਦੀ ਮਨੁੱਖ ਦੇ ਜੀਵਨ ਵਿੱਚ ਬਹੁਤ ਮਹੱਤਤਾ ਹੈ। ਵਾਤਾਵਰਨ ਦਾ ਸੰਤੁਲਨ ਰੱਖਣ ਵਿੱਚ ਇਸ ਦੀ ਅਹਿਮ ਭੂਮਿਕਾ ਹੈ। ਜੰਗਲੀ ਜੀਵਾਂ ਦੇ ਨਾਲ ਇਸ ਦਾ ਡੂੰਘਾ ਰਿਸ਼ਤਾ ਹੈ। ਪੰਜਾਬ ਅੰਦਰ ਬਹੁਤ ਥਾਵਾਂ 'ਤੇ ਬੀੜਾਂ ਨੂੰ ਇਸੇ ਕਰਕੇ ਸੁਰੱਖਿਅਤ ਰੱਖਿਆ ਗਿਆ ਹੈ ਕਿ ਇਨ੍ਹਾਂ ਜੰਗਲੀ ਜੀਵਾਂ ਦੀ ਸਹੀ ਤਰੀਕੇ ਨਾਲ ਸਾਂਭ ਸੰਭਾਲ ਹੋ ਸਕੇ। ਜੇ ਨਵੀਂ ਸਰਕਾਰ ਇਨ੍ਹਾਂ ਜੰਗਲੀ ਜਾਨਵਰਾਂ ਅਤੇ ਪੰਛੀਆਂ ਲਈ ਰਹਿਣ , ਖਾਣ-ਪੀਣ ਲਈ ਫਲਾਂ ਵਾਲੇ ਬੂਟੇ ਲਾ ਕੇ ਕੁਦਰਤੀ ਮਾਹੌਲ ਆਦਿ ਦੇ ਕੇ ਇਹ ਕਰ ਵਿਖਾਉਂਦੀ ਹੈ ਤਾਂ ਇਨ੍ਹਾਂ ਲਈ ਬਹੁਤ ਵੱਡੀ ਰਾਹਤ ਹੋਵੇਗੀ ।

ਸ਼ਹਿਰਾਂ ਪਿੰਡਾਂ ਨੇੜੇ ਲੰਘ ਰਹੇ ਰਜਬਾਹਿਆਂ , ਨਹਿਰਾਂ ਆਦਿ ਨੂੰ ਪੱਕਾ ਕਰਵਾ ਦਿੱਤਾ ਜਾਵੇ ਅਤੇ ਇਨ੍ਹਾਂ ਦੀ ਪਟੜੀ ਵੀ ਸੈਰ ਕਰਨ ਵਾਲਿਆਂ ਲਈ ਪੱਕੀ ਕਰਵਾ ਕੇ ਆਲੇ-ਦੁਆਲੇ ਰੰਗਦਾਰ ਬੂਟੇ ਲਗਵਾ ਦਿੱਤੇ ਜਾਣ, ਜਿਸ ਨਾਲ ਇਲਾਕੇ ਦੀ ਸ਼ਾਨ ਵੀ ਵਧੇਗੀ ਅਤੇ ਇਸ ਤਰ੍ਹਾਂ ਲੋਕਾਂ ਲਈ ਇਹ ਏਰੀਆ ਰਮਣੀਕ ਬਣ ਸਕਦਾ ਹੈ । ਮਹਿਕਮੇ ਵਲੋ ਸੜਕ ਦੇ ਆਲੇ-ਦੁਆਲੇ ਸੁੱਕੇ ਅਤੇ ਨਿਕੰਮੇ ਦਰਖੱਤਾਂ ਦੀ ਪੁਟਾਈ / ਕਟਾਈ ਕਰਵਾ ਕੇ ਇਸ ਥਾਂ ਨਵੇਂ ਫਲਦਾਰ ਅਤੇ ਛਾਂਦਾਰ ਕੀਮਤੀ ਲੱਕੜੀ ਵਾਲੇ ਪੌਦੇ / ਬੂਟੇ ਲਾਏ ਜਾਣ, ਜੋ ਕਿ ਜੰਗਲੀ ਜਾਨਵਰਾਂ ਲਈ ਜੀਵਤ ਰਹਿਣ ਲਈ ਵੀ ਸਹਾਈ ਹੋਣਗੇ। ਇਸ ਤਰ੍ਹਾਂ ਇਨ੍ਹਾਂ ਜਾਨਵਰਾਂ ਦੀ ਸਹੀ ਸੰਭਾਲ ਵੀ ਕੀਤੀ ਜਾ ਸਕਦੀ ਹੈ ਅਤੇ ਵਾਤਾਵਰਨ ਵੀ ਸਵੱਛ ਹੋਵੇਗਾ।

*# ਸੰਪਰਕ : 9463553962*

# ਸਾਉਣੀ ਦੀਆਂ ਫਸਲਾਂ ਦਾ ਘੱਟੋ-ਘੱਟ ਸਮਰਥਨ ਮੁੱਲ ਕਿਸਾਨੀ ਨਾਲ ਨਿਰਾ ਧੋਖਾ

**ਹਰਭਜਨ ਸਿੰਘ**

ਮੋਦੀ ਸਰਕਾਰ ਨੇ 7 ਜੂਨ ਨੂੰ ਸਾਉਣੀ ਦੀਆਂ ਫਸਲਾਂ ਦੇ ਘੱਟੋ-ਘੱਟ ਸਮੱਰਥਨ ਮੁੱਲ ਦਾ ਐਲਾਨ ਕੀਤਾ ਹੈ। ਇਹ ਮੁੱਲ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਕੀਤੇ ਹੋਏ ਵਾਅਦੇ ਨਾਲ ਮੇਲ ਨਹੀਂ ਖਾਂਦਾ। ਪ੍ਰਧਾਨ ਮੰਤਰੀ ਨੇ ਵਾਅਦਾ ਕੀਤਾ ਹੋਇਆ ਹੈ ਕਿ ਫਸਲਾਂ ਦੀਆਂ ਕੀਮਤਾਂ ਸਵਾਮੀਨਾਥਨ ਕਮਿਸ਼ਨ ਦੀਆਂ ਸਿਫਾਰਸ਼ਾਂ ਅਨੁਸਾਰ ਸੀ 2+50 ਫੀਸਦੀ ਦੇ ਹਿਸਾਬ ਨਾਲ ਦਿੱਤੀਆਂ ਜਾਣਗੀਆਂ, ਪਰ ਇਹ ਕੀਮਤਾਂ ਸੀ 2+50 ਫੀ ਸਦੀ ਤੋਂ ਕਿਤੇ ਘੱਟ ਹਨ। ਕੀਮਤਾਂ ਦਾ ਇਹ ਐਲਾਨ ਨਾ ਹੀ ਸਹੀ ਹੈ ਅਤੇ ਨਾ ਹੀ ਕਿਸਾਨਾਂ ਨੂੰ ਕੋਈ ਲਾਭ ਦਿੰਦਾ ਹੈ, ਬਲਕਿ ਕਿਸਾਨਾਂ ਦੀ ਆਮਦਨ ਨੂੰ ਘਟਾਉਣ ਵਾਲਾ ਹੈ।

ਸਰਕਾਰ ਨੇ ਸਾਉਣੀ ਦੀਆਂ ਫਸਲਾਂ ਦਾ ਘੱਟੋ-ਘੱਟ ਸਮਰਥਨ ਮੁੱਲ ਦੇ ਐਲਾਨ ਕਰਨ ਸਮੇਂ ਦਾਅਵਾ ਕੀਤਾ ਹੈ ਕਿ ਇਹ ਲਾਹੇਵੰਦ ਭਾਅ ਫਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨਗੇ। ਜਦੋਂ ਭਾਅ ਉਚਿੱਤ ਅਤੇ ਲਾਭਕਾਰੀ ਨਹੀਂ ਹਨ, ਜਦੋਂ ਸਾਰੀਆਂ ਫਸਲਾਂ ਦੀ ਖਰੀਦ ਘੱਟੋ-ਘੱਟ ਭਾਅ ਉੱਤੇ ਕਰਨਾ ਯਕੀਨੀ ਨਹੀਂ ਹੈ। ਜਦੋਂ ਫਸਲੀ ਵਿਭਿੰਨਤਾ ਲਈ ਬਦਲਵੀਆਂ ਫਸਲਾਂ ਦੀ ਆਮਦਨ ਪਹਿਲੀਆਂ ਫਸਲਾਂ ਨਾਲੋਂ ਵੀ ਘੱਟ ਹੈ ਤਾਂ ਫਿਰ ਫਸਲੀ ਵਿਭਿੰਨਤਾ ਉਤਸ਼ਾਹਤ ਕਿਵੇਂ ਹੋ ਸਕਦੀ ਹੈ। ਇਹ ਸਿਰਫ ਸਰਕਾਰ ਦੇ ਫੋਕੇ ਬਿਆਨ ਅਤੇ ਐਲਾਨ ਹਨ, ਜ਼ਮੀਨੀ ਪੱਧਰ ਦੀਆਂ ਹਕੀਕਤਾਂ ਨਾਲ ਇਸ ਦਾ ਕੋਈ ਮੇਲ ਨਹੀਂ ਹੈ। ਝੋਨੇ ਦਾ ਘੱਟੋ-ਘੱਟ ਸਮੱਰਥਨ ਮੁੱਲ 2,183 ਰੁਪਏ ਪ੍ਰਤੀ ਕੁਇੰਟਲ ਤਹਿ ਕੀਤਾ ਗਿਆ ਹੈ, ਜੋ ਪਿਛਲੇ ਸਾਲ 2,040 ਰੁਪਏ ਪ੍ਰਤੀ ਕੁਇੰਟਲ ਦੇ ਮੁਕਾਬਲੇ ਮਹਿਜ਼ 7 ਫੀ ਸਦੀ ਵੱਧ ਹੈ। ਮੱਕੀ ਲਈ ਘੱਟੋ-ਘੱਟ ਸਮੱਰਥਨ ਮੁੱਲ 1962 ਰੁਪਏ ਪ੍ਰਤੀ ਕੁਇੰਟਲ ਦੇ ਮੁਕਾਬਲੇ 6.5 ਫੀਸਦੀ ਦੇ ਵਾਧੇ ਨਾਲ ਵਧਾ ਕੇ 2,090 ਰੁਪਏ ਪ੍ਰਤੀ ਕੁਇੰਟਲ ਕੀਤਾ ਗਿਆ ਹੈ। ਅਰਹਰ ਦੇ ਮੁੱਲ ਵਿੱਚ 6 ਫੀਸਦੀ ਅਤੇ ਕਾਲੇ ਛੋਲੇ ਦੇ ਮੁੱਲ ਵਿੱਚ 5.3 ਫੀਸਦੀ ਦਾ ਮਾਮੂਲੀ ਵਾਧਾ ਕੀਤਾ ਗਿਆ ਹੈ। ਕਪਾਹ ਦੇ ਘੱਟੋ-ਘੱਟ ਸਮੱਰਥਨ ਮੁੱਲ ਵਿੱਚ 8.9 ਫੀਸਦੀ ਦਾ ਵਾਧਾ ਕੀਤਾ ਗਿਆ ਹੈ। ਸੂਰਜਮੁਖੀ ਦਾ ਮੁੱਲ 6,400 ਰੁਪਏ ਪ੍ਰਤੀ ਕੁਇੰਟਲ ਤੋਂ ਵਧਾ ਕੇ 6,760 ਰੁਪਏ ਕੀਤਾ ਗਿਆ ਹੈ। ਇਹ ਵਾਧਾ 5.6 ਫੀਸਦੀ ਬਣਦਾ ਹੈ।

ਮੂੰਗੀ ਦੀ ਫਸਲ ਲਈ ਸਾਲ 2022-23 ਦੇ 7,755 ਪ੍ਰਤੀ ਕੁਇੰਟਲ ਮੁੱਲ ਦੇ ਮੁਕਾਬਲੇ ਸਾਲ 2023-24 ਲਈ 8,558 ਰੁਪਏ ਪ੍ਰਤੀ ਕੁਇੰਟਲ ਰੱਖਿਆ ਗਿਆ ਹੈ। ਜਵਾਰ ਦੀ ਕੀਮਤ 'ਚ ਵਾਧਾ 2,970 ਰੁਪਏ ਪ੍ਰਤੀ ਕੁਇੰਟਲ ਤੋਂ ਵਧਾ ਕੇ 3,225 ਰੁਪਏ ਪ੍ਰਤੀ ਕੁਇੰਟਲ 7.07 ਫੀਸਦੀ ਦੇ ਵਾਧੇ ਨਾਲ ਕੀਤਾ ਗਿਆ ਹੈ। ਮੂੰਗਫਲੀ ਦੇ ਮੁੱਲ ਵਿੱਚ ਵਾਧਾ 9.01 ਫੀਸਦੀ ਨਾਲ ਕਰਦੇ ਹੋਏ ਘੱਟੋ-ਘੱਟ ਮੁੱਲ 6,377 ਰੁਪਏ ਪ੍ਰਤੀ ਕੁਇੰਟਲ ਮਿੱਥਿਆ ਗਿਆ ਹੈ। ਬਾਜਰੇ ਦੀ ਫਸਲ ਦਾ ਘੱਟੋ-ਘੱਟ ਸਮੱਰਥਨ ਮੁੱਲ ਇਸ ਸਾਲ ਮਾਮੂਲੀ 6.38 ਫੀਸਦੀ ਦੇ ਵਾਧੇ ਨਾਲ 2,500 ਰੁਪਏ ਪ੍ਰਤੀ ਕੁਇੰਟਲ ਕੀਤਾ ਗਿਆ ਹੈ।

ਫਸਲਾਂ ਦੀਆਂ ਘੱਟੋ-ਘੱਟ ਕੀਮਤਾਂ ਤਹਿ ਕਰਨ ਵਾਸਤੇ ਭਾਜਪਾ ਨੇ ਬਹੁਤ ਹੀ ਚਲਾਕੀ ਅਤੇ ਧੋਖਾਧੜੀ ਨਾਲ ਆਪਣੇ ਕਹੇ ਮਾਪਦੰਡ ਨੂੰ ਹੀ ਬਦਲ ਦਿੱਤਾ ਹੈ। ਭਾਜਪਾ ਕਹਿਣ ਨੂੰ ਕਹਿੰਦੀ ਹੈ ਕਿ ਉਹ ਸੀ 2+50 ਪ੍ਰਤੀਸ਼ਤ ਦੇ ਮਾਪਦੰਡ ਅਨੁਸਾਰ ਫਸਲਾਂ ਦਾ ਘੱਟੋ-ਘੱਟ ਸਮੱਰਥਨ ਮੁੱਲ ਤਹਿ ਕਰਦੀ ਹੈ। ਸੀ 2+50 ਫੀਸਦੀ ਲਾਗਤ ਮਾਪਦੰਡ ਦਾ ਅਰਥ ਹੈ ਕਿਸਾਨਾਂ ਦੁਆਰਾ ਬੀਜਾਂ, ਖਾਦਾਂ, ਕੀਟਨਾਸ਼ਕਾਂ, ਮਜ਼ਦੂਰੀ, ਠੇਕੇ ਉਪਰ ਲਈ ਜ਼ਮੀਨ ਦਾ ਠੇਕਾ, ਤੇਲ, ਸਿੰਚਾਈ, ਵਹਾਈ, ਪਰਵਾਰ ਦੀ ਮਜ਼ਦੂਰੀ, ਮਾਲਕੀ ਵਾਲੀ ਜ਼ਮੀਨ ਅਤੇ ਸਥਿਰ ਪੂੰਜੀ ਸੰਪਤੀਆਂ ਦੇ ਕਿਰਾਏ ਅਤੇ ਵਿਆਜ ਆਦਿ ਸਾਰੇ ਖਰਚੇ ਸ਼ਾਮਲ ਕਰਕੇ (ਸੀ 2) ਅਤੇ ਉਸ ਉਪਰ 50 ਪ੍ਰਤੀਸ਼ਤ ਹੋਰ ਜੋੜ ਕੇ ਭਾਅ ਤਹਿ ਕਰਨੇ, ਪਰ ਭਾਜਪਾ ਨੇ ਇਸ ਮਾਪਦੰਡ ਨੂੰ ਪੂਰੀ ਤਰ੍ਹਾਂ ਤਿਆਗ ਦਿੱਤਾ ਹੈ ਅਤੇ ਘੱਟੋ-ਘੱਟ ਸਮਰਥਨ ਮੁੱਲ ਤਹਿ ਕਰਨ ਲਈ ਏ 2+ਐੱਫ ਐੱਲ ਨੂੰ ਹੀ ਵਰਤ ਰਹੀ ਹੈ।

ਏ 2+ ਐੱਫ.ਐੱਲ ਮਾਪਦੰਡ ਰਾਹੀਂ ਫਸਲਾਂ ਦੇ ਘੱਟੋ-ਘੱਟ ਸਮੱਰਥਨ ਮੁੱਲ ਤਹਿ ਕਰਨ ਵਿੱਚ ਹੋਰ ਵੀ ਕਈ ਤਰ੍ਹਾਂ ਦੇ ਧੋਖੇ ਕੀਤੇ ਜਾਂਦੇ ਹਨ। ਖੇਤੀ ਫਸਲਾਂ ਦੀਆਂ ਕੀਮਤਾਂ, ਖੇਤੀ ਲਾਗਤ ਅਤੇ ਕੀਮਤ ਕਮਿਸ਼ਨ (ਸੀ.ਏ.ਸੀ.ਪੀ.) ਦੀ ਸਿਫਾਰਸ਼ ਅਨੁਸਾਰ ਤਹਿ ਕੀਤੀਆਂ ਜਾਂਦੀਆਂ ਹਨ। ਇਹ ਕਮਿਸ਼ਨ ਪਹਿਲਾਂ ਵੱਖ-ਵੱਖ ਰਾਜਾਂ ਵਿਚ ਵੱਖ-ਵੱਖ ਫਸਲਾਂ ਉਪਰ ਹੋ ਰਹੀ ਲਾਗਤ ਦਾ ਅਨੁਮਾਨ ਘੱਟ ਲਗਾਉਂਦਾ ਹੈ, ਫਿਰ ਇਸ ਘੱਟ ਲਗਾਏ ਲਾਗਤ ਅਨੁਮਾਨਾਂ ਦੇ ਅਧਾਰ 'ਤੇ ਦੇਸ਼ ਪੱਧਰ ਦੀ ਔਸਤ ਉਤਪਾਦਨ ਲਾਗਤ ਕੱਢੀ ਜਾਂਦੀ ਹੈ, ਜੋ ਅਸਲ ਨਾਲੋਂ ਕਿਤੇ ਘੱਟ ਹੁੰਦੀ ਹੈ। ਇਸੇ ਘੱਟ ਔਸਤ ਉਤਪਾਦਨ ਲਾਗਤ ਦੇ ਅਧਾਰ 'ਤੇ ਕਮਿਸ਼ਨ ਵੱਲੋਂ ਘੱਟੋ-ਘੱਟ ਸਮਰਥਨ ਮੁੱਲ ਤਹਿ ਕੀਤਾ ਜਾਂਦਾ ਹੈ।

ਕਮਿਸ਼ਨ ਵੱਲੋਂ ਫਸਲਾਂ ਦੀਆਂ ਕੀਮਤਾਂ ਤਹਿ ਕਰਨ ਵਿੱਚ ਇੱਕ ਹੋਰ ਛਲ ਕੀਤਾ ਜਾਂਦਾ ਹੈ। ਕਮਿਸ਼ਨ ਵੱਲੋਂ ਜਿਸ ਸਾਲ ਲਈ ਫਸਲਾਂ ਦੀਆਂ ਕੀਮਤਾਂ ਤਹਿ ਕੀਤੀਆਂ ਜਾਂਦੀਆਂ ਹਨ, ਉਹ ਉਸ ਸਾਲ ਦੀਆਂ ਲਾਗਤਾਂ ਜਾਂ ਉਸ ਤੋਂ ਪਿਛਲੇ ਇੱਕ ਸਾਲ ਦੀਆਂ ਲਾਗਤਾਂ ਨੂੰ ਸ਼ਾਮਲ ਕਰਕੇ ਕੀਮਤਾਂ ਤਹਿ ਨਹੀਂ ਕਰਦਾ, ਬਲਕਿ ਉਨ੍ਹਾਂ ਸਾਲਾਂ ਤੋਂ ਵੀ ਪਿਛਲੇ ਸਾਲਾਂ ਦੀਆਂ ਲਾਗਤਾਂ ਨੂੰ ਆਧਾਰ ਮੰਨ ਕੇ ਕੀਮਤਾਂ ਤਹਿ ਕਰਦਾ ਹੈ। ਉਦਾਹਰਣ ਵਜੋਂ ਸਾਲ 2023-24 ਦੀਆਂ ਸਾਉਣੀ ਦੀਆਂ ਫਸਲਾਂ ਦਾ ਘੱਟੋ-ਘੱਟ ਸਮੱਰਥਨ ਮੁੱਲ ਸਾਲ 2019-20 ਤੋਂ 2021-22 ਦੀਆਂ ਲਾਗਤਾਂ ਨੂੰ ਆਧਾਰ ਮੰਨ ਕੇ ਤਹਿ ਕੀਤਾ ਗਿਆ ਹੈ। ਇਹ ਤਹਿ ਕੀਤੀਆਂ ਕੀਮਤਾਂ ਸਾਲ 2021-22 ਤੋਂ ਸਾਲ 2023-24 ਤੱਕ ਲਾਗਤ ਵਿੱਚ ਹੋਏ ਵਾਧੇ ਦੀ ਭਰਪਾਈ ਨਹੀਂ ਕਰਦੀਆਂ।

ਫਸਲਾਂ ਦਾ ਮੁੱਲ ਤਹਿ ਕਰਨ ਵਿੱਚ ਇੱਕ ਹੋਰ ਭਾਰੀ ਨੁਕਸ ਵੇਖਣ ਨੂੰ ਮਿਲਦਾ ਹੈ ਕਿ ਜ਼ਿਆਦਾਤਰ ਫਸਲਾਂ ਵਿੱਚ ਰਾਜਾਂ ਦੇ ਖਰਚੇ ਖੇਤੀ ਲਾਗਤ ਅਤੇ ਕੀਮਤ ਕਮਿਸ਼ਨ (ਸੀ.ਏ.ਸੀ.ਪੀ.) ਦੇ ਅਨੁਮਾਨਤ ਖਰਚਿਆਂ ਨਾਲੋਂ ਵੱਧ ਹੁੰਦੇ ਹਨ। ਪੰਜਾਬ ਨੂੰ ਹੀ ਲਓ, ਪੰਜਾਬ ਵਿੱਚ ਝੋਨੇ ਲਈ ਸੀ 2 ਲਾਗਤ 2089 ਰੁਪਏ ਪ੍ਰਤੀ ਕੁਇੰਟਲ ਹੈ। ਖੇਤੀ ਲਾਗਤ ਅਤੇ ਕੀਮਤ ਕਮਿਸ਼ਨ ਦੇ ਅਨੁਮਾਨ ਅਨੁਸਾਰ ਪੰਜਾਬ ਅੰਦਰ ਇਹ ਲਾਗਤ 1462 ਰੁਪਏ ਪ੍ਰਤੀ ਕੁਇੰਟਲ ਹੈ। ਕੇਰਲਾ ਰਾਜ ਵਿੱਚ ਝੋਨੇ ਦੀ ਫਸਲ ਲਈ ਸੀ 2 ਲਾਗਤ 2847 ਰੁਪਏ ਪ੍ਰਤੀ ਕੁਇੰਟਲ ਹੈ, ਜਦੋਂ ਕਿ ਖੇਤੀ ਲਾਗਤ ਅਤੇ ਕੀਮਤ ਕਮਿਸ਼ਨ ਦੀ ਰਿਪੋਰਟ ਅਨੁਸਾਰ ਕੇਰਲਾ ਰਾਜ ਵਿੱਚ ਲਾਗਤ 2338 ਰੁਪਏ ਪ੍ਰਤੀ ਕੁਇੰਟਲ ਹੈ।

ਸੀ 2+50 ਪ੍ਰਤੀਸ਼ਤ ਲਾਭ ਨਾਲ ਪੰਜਾਬ ਦੇ ਕਿਸਾਨ ਲਈ ਝੋਨੇ ਦੀ ਕੀਮਤ 2089+50 ਪ੍ਰਤੀਸ਼ਤ = 3144 ਰੁਪਏ ਪ੍ਰਤੀ ਕੁਇੰਟਲ ਬਣਦੀ ਹੈ, ਜਦੋਂ ਕਿ ਸਰਕਾਰ ਨੇ ਭਾਅ 2183 ਰੁਪਏ ਪ੍ਰਤੀ ਕੁਇੰਟਲ ਮਿੱਥਿਆ ਹੈ। ਪੰਜਾਬ ਦੇ ਕਿਸਾਨ ਨੂੰ 961 ਰੁਪਏ ਪ੍ਰਤੀ ਕੁਇੰਟਲ ਘੱਟ ਦਿੱਤਾ ਜਾ ਰਿਹਾ ਹੈ। ਇਸੇ ਤਰ੍ਹਾਂ ਹੀ ਕੇਰਲਾ ਰਾਜ ਵਿੱਚ ਝੋਨੇ ਦੀ ਪੈਦਾਵਾਰ ਲਈ ਸੀ 2 ਲਾਗਤ ਹੀ 2847 ਰੁਪਏ ਪ੍ਰਤੀ ਕੁਇੰਟਲ ਹੈ, ਪਰ ਸਰਕਾਰ ਨੇ 2182 ਰੁਪਏ ਪ੍ਰਤੀ ਕੁਇੰਟਲ ਦਾ ਭਾਅ ਮਿੱਥਿਆ ਹੈ, ਲਾਗਤ ਤੋਂ ਵੀ ਘੱਟ। ਖੱਬੇ ਮੋਰਚੇ ਦੀ ਕੇਰਲਾ ਸਰਕਾਰ ਆਪਣੇ ਕਿਸਾਨਾਂ ਨੂੰ 800 ਰੁਪਏ ਪ੍ਰਤੀ ਕੁਇੰਟਲ ਬੋਨਸ ਦੇ ਕੇ ਕੁਝ ਭਰਪਾਈ ਕਰਨ ਦਾ ਯਤਨ ਕਰ ਰਹੀ ਹੈ।

ਸਾਲ 2023-24 ਲਈ ਸਾਉਣੀ ਦੀਆਂ ਫਸਲਾਂ ਦੇ ਮੁੱਲ ਤਹਿ ਕਰਨ ਲਈ ਖੇਤੀ ਲਾਗਤ ਅਤੇ ਕੀਮਤ ਕਮਿਸ਼ਨ (ਸੀ.ਏ.ਸੀ.ਪੀ.) ਨੇ ਆਪਣੀ ਰਿਪੋਰਟ ਵਿੱਚ ਹੀ ਇਸ ਤੱਥ ਨੂੰ ਪ੍ਰਵਾਨ ਕੀਤਾ ਹੈ ਕਿ ਆਂਧਰਾ ਪ੍ਰਦੇਸ਼, ਬਿਹਾਰ, ਪੰਜਾਬ, ਕਰਨਾਟਕ, ਕੇਰਲ, ਮਹਾਰਾਸ਼ਟਰ, ਤਾਮਿਲਨਾਡੂ, ਤਿਲੰਗਾਨਾ ਅਤੇ ਪੱਛਮੀ ਬੰਗਾਲ ਵਿੱਚ ਝੋਨੇ ਦੀ ਉਤਪਾਦਨ ਲਾਗਤ, ਖੇਤੀ ਲਾਗਤ ਅਤੇ ਕੀਮਤ ਕਮਿਸ਼ਨ ਦੁਆਰਾ ਦਰਸਾਈ ਲਾਗਤ ਤੋਂ ਵੱਧ ਹੈ। ਮੋਦੀ ਸਰਕਾਰ ਵੱਲੋਂ ਜੇ ਇਸ ਤੱਥ ਨੂੰ ਮੰਨਿਆ ਗਿਆ ਹੈ, ਫਿਰ ਫਸਲਾਂ ਦੇ ਘੱਟੋ-ਘੱਟ ਸਮੱਰਥਨ ਮੁੱਲ ਤਹਿ ਕਰਨ ਸਮੇਂ ਇਸ ਘਾਟ, ਸਮੱਸਿਆ ਦਾ ਹੱਲ ਕਿਉਂ ਨਹੀਂ ਕੀਤਾ ਗਿਆ? ਇਹੋ ਜਿਹਾ ਹਾਲ ਬਾਕੀ ਫਸਲਾਂ ਬਾਰੇ ਹੈ। ਪਿਛਲੇ 8 ਮਹੀਨਿਆਂ ਵਿੱਚ ਕਪਾਹ ਦੀਆਂ ਕੀਮਤਾਂ 25 ਫੀਸਦੀ ਡਿਗ ਗਈਆਂ ਸਨ ਅਤੇ ਘੱਟੋ-ਘੱਟ ਸਮੱਰਥਨ ਮੁੱਲ ਤੋਂ ਵੀ ਘੱਟ ਭਾਅ ਉੱਪਰ ਵਿਕੀਆਂ ਹਨ। ਸਾਲ 2023-24 ਲਈ ਮਹਿਜ਼ 8.9 ਫੀਸਦੀ ਦਾ ਵਾਧਾ ਦੇ ਕੇ ਕਿਸਾਨਾਂ ਨੂੰ ਲਾਭ ਦੇਣਾ ਤਾਂ ਇੱਕ ਪਾਸੇ ਰਿਹਾ, ਖਰਚਿਆਂ ਦੀ ਭਰਪਾਈ ਵੀ ਨਹੀਂ ਹੋ ਸਕਦੀ।

ਸਰਕਾਰ ਵੱਲੋਂ ਸਾਉਣੀ ਦੀਆਂ ਫਸਲਾਂ ਲਈ ਐਲਾਨਿਆ ਘੱਟੋ-ਘੱਟ ਸਮੱਰਥਨ ਮੁੱਲ ਪੂਰੀ ਤਰ੍ਹਾਂ ਅਣਉਚਿਤ ਹੈ। ਕਿਸਾਨਾਂ ਵਿੱਚ ਖੇਤੀ ਲਈ ਉਤਸ਼ਾਹ ਪੈਦਾ ਕਰਨ ਵਾਲਾ ਨਹੀਂ ਹੈ। ਕਿਸਾਨ ਦੀ ਆਮਦਨ ਦਾ ਭਾਰੀ ਨੁਕਸਾਨ ਕਰਨ ਵਾਲਾ ਹੈ। ਕਰਜ਼ੇ ਵੱਲ ਧੱਕਣ ਵਾਲਾ ਹੈ। ਮੋਦੀ ਸਰਕਾਰ ਵੱਲੋਂ ਸਵਾਮੀਨਾਥਨ ਕਮਿਸ਼ਨ ਦੀਆਂ ਸਿਫਾਰਸ਼ਾਂ ਅਨੁਸਾਰ ਸੀ 2+50 ਫੀਸਦੀ ਦੇ ਹਿਸਾਬ ਨਾਲ ਖੇਤੀ ਫਸਲਾਂ ਭਾਅ ਦੇਣ ਦੇ ਵਾਅਦੇ ਦੇ ਖਿਲਾਫ ਹੈ। ਮੋਦੀ ਸਰਕਾਰ ਬਹੁਤੀਆਂ ਫਸਲਾਂ ਨੂੰ ਘੱਟੋ-ਘੱਟ ਸਮੱਰਥਨ ਮੁੱਲ ਉਪਰ ਖਰੀਦਣ ਨੂੰ ਕਾਨੂੰਨੀ ਤੌਰ 'ਤੇ ਯਕੀਨੀ ਵੀ ਨਹੀਂ ਬਣਾ ਰਹੀ। ਘੱਟੋ-ਘੱਟ ਸਮੱਰਥਨ ਮੁੱਲ ਤੋਂ ਵੀ ਘੱਟ ਮੁੱਲ 'ਤੇ ਕਿਸਾਨ ਆਪਣੀਆਂ ਫਸਲਾਂ ਵੇਚਣ ਲਈ ਮਜਬੂਰ ਹਨ। ਮੋਦੀ ਸਰਕਾਰ ਦੀ ਕਿਸਾਨਾਂ ਪ੍ਰਤੀ ਧੋਖੇ ਅਤੇ ਬੇਵਿਸ਼ਵਾਸੀ ਵਾਲੀ ਨੀਤੀ ਦਾ ਸਖ਼ਤ ਵਿਰੋਧ ਕਰਨਾ ਬਣਦਾ ਹੈ।

*# ਸੰਪਰਕ : 96460-01023*

CMYK

14-JULY-PAGE-5.qxd 7/13/2023 10:30 PM Page 1



# ਪੌਣੇ ਚਾਰ ਕਿੱਲੋ ਅਫੀਮ ਸਣੇ ਕਾਬੂ ਕੀਤੇ ਦੋ ਮੁਜਰਮਾਂ 'ਚੋਂ ਇੱਕ ਹੱਥਕੜੀ ਸਮੇਤ ਪੁਲਸ ਹਿਰਾਸਤ 'ਚੋਂ ਫਰਾਰ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਅੰਮ੍ਰਿਤਸਰ ਦੇ ਨਾਰਕੋਟਿਕ ਕੰਟਰੋਲ ਬਿਊਰੋ ਦੀ ਟੀਮ ਵੱਲੋਂ ਪੌਣੇ ਚਾਰ ਕਿੱਲੋ ਅਫੀਮ ਸਹਿਤ ਕਾਬੂ ਕੀਤੇ ਗਏ ਦੋ ਮੁਜਰਮਾਂ ਵਿੱਚੋਂ ਇਕ ਦੇ ਪੁਲਸ ਹਿਰਾਸਤ ਵਿੱਚੋਂ ਹੱਥਕੜੀ ਸਹਿਤ ਫਰਾਰ ਹੋਣ ਦੀ ਸੂਚਨਾ ਮਿਲੀ ਹੈ। ਇਸ ਮਾਮਲੇ ਵਿੱਚ ਪੁਲਸ ਟੀਮ ਦੀ ਵੀ ਵੱਡੀ ਲਾਪ੍ਰਵਾਹੀ ਸਾਹਮਣੇ ਆਈ ਹੈ, ਜਿਸ ਨੇ ਮੁਜਰਮਾਂ ਨੂੰ ਹਵਾਲਾਤ ਵਿੱਚ ਰੱਖਣ ਦੀ ਥਾਂ ਹੋਟਲ ਵਿੱਚ ਠਹਿਰਾਇਆ ਹੋਇਆ ਸੀ। ਥਾਣਾ ਸਿਵਲ ਲਾਈਨ ਦੀ ਪੁਲਸ ਨੇ ਇਸ ਕੇਸ ਵਿੱਚ ਨਾਰਕੋਟਿਕ ਕੰਟਰੋਲ ਬਿਊਰੋ ਦੇ ਥਾਣੇਦਾਰ ਬਲਵੰਤ ਰਾਏ ਦੇ ਬਿਆਨਾਂ ਉਪਰ ਜਿੱਥੇ ਫਰਾਰ ਹੋਏ ਮੁਜਰਮ ਰਾਜੇਸ਼ ਕੁਮਾਰ ਯਾਦਵ ਵਾਸੀ ਪਿੰਡ ਖੜਖਰ ਥਾਣਾ ਸ੍ਰੀ ਮਾਧੋਪੁਰ ਜ਼ਿਲ੍ਹਾ ਸੀਕਰ ਰਾਜਸਥਾਨ ਵਿਰੁੱਧ ਧਾਰਾ 353,186 ਤਹਿਤ ਕੇਸ ਦਰਜ ਕਰ ਲਿਆ ਹੈ, ਉਥੇ ਪੁਲਸ ਮੁਲਾਜ਼ਮਾਂ ਦੀ ਵੀ ਲਾਪ੍ਰਵਾਹੀ ਦੇ ਚਲਦੇ ਉਨ੍ਹਾਂ ਵਿਰੁੱਧ ਵੀ ਧਾਰਾ 224 ਤਹਿਤ ਪਰਚਾ ਦਰਜ ਕਰਦਿਆਂ ਉਨ੍ਹਾਂ ਵਿਰੁੱਧ ਵਿਭਾਗੀ ਕਾਰਵਾਈ ਕਰਨ ਦੇ ਹੁਕਮ ਦਿੱਤੇ ਹਨ। ਮਿਲੀ ਜਾਣਕਾਰੀ ਮੁਤਾਬਕ ਇਕ ਗੁਪਤ ਸੂਚਨਾ ਦੇ ਅਧਾਰ 'ਤੇ ਨਾਰਕੋਟਿਕ ਕੰਟਰੋਲ ਬਿਊਰੋ ਅੰਮ੍ਰਿਤਸਰ ਦੀ ਟੀਮ ਵੱਲੋਂ ਰਾਜੇਸ਼ ਯਾਦਵ ਤੇ ਕੁਲਵਿੰਦਰ ਸਿੰਘ ਵਾਸੀ ਸੰਗੋਧੌਣ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਨੂੰ ਲਹਿਰਾ ਬੇਗਾ ਟੋਲ ਪਲਾਜਾ ਕੋਲੋਂ 8 ਜੁਲਾਈ ਨੂੰ 3,860 ਕਿਲੋਗ੍ਰਾਮ ਅਫੀਮ ਸਹਿਤ ਕਾਬੂ ਕੀਤਾ ਸੀ। ਇਨ੍ਹਾਂ ਵਿਰੁੱਧ ਬਿਊਰੋ ਦੇ ਚੰਡੀਗੜ੍ਹ ਸਥਿਤ ਥਾਣੇ 'ਚ ਮੁਕੱਦਮਾ ਦਰਜ ਕਰਨ ਤੋਂ ਬਾਅਦ 9 ਜੁਲਾਈ ਨੂੰ ਡਿਊਟੀ ਮੈਜਿਸਟ੍ਰੇਟ ਰਾਜਵੀਰ ਕੌਰ ਦੀ ਅਦਾਲਤ ਵਿੱਚ ਪੇਸ਼ ਕਰਕੇ 5 ਦਿਨ ਦਾ ਪੁਲਸ ਰਿਮਾਂਡ ਹਾਸਲ ਕੀਤਾ ਗਿਆ ਸੀ। ਸੂਤਰਾਂ ਮੁਤਾਬਕ ਪੁਲਸ ਟੀਮ ਵੱਲੋਂ 10 ਜੁਲਾਈ ਨੂੰ ਦੋਸ਼ੀਆਂ ਨੂੰ ਹੋਰ ਰਿਕਵਰੀ ਲਈ ਮੁਕਤਸਰ ਸਾਹਿਬ ਦੇ ਪਿੰਡ ਥਾਂਦੇਵਾਲਾ ਵਿਖੇ ਲੈ ਕੇ ਜਾਣਾ ਸੀ, ਜਿਸ ਦੇ ਚਲਦੇ ਵਾਪਸ ਅੰਮ੍ਰਿਤਸਰ ਜਾਂ ਚੰਡੀਗੜ੍ਹ ਲਿਜਾਣ ਦੀ ਬਜਾਏ ਉਨ੍ਹਾਂ ਨੂੰ ਬਠਿੰਡਾ ਹੀ ਰੱਖ ਲਿਆ ਗਿਆ, ਪ੍ਰੰਤੂ ਇਸ ਮਾਮਲੇ ਵਿੱਚ ਮੁਜਰਮਾਂ ਨੂੰ ਕਾਬੂ ਕਰਨ ਵਾਲੇ ਪੁਲਸ ਟੀਮ ਦੀ ਵੱਡੀ ਲਾਪ੍ਰਵਾਹੀ ਇਹ ਵੀ ਸਾਹਮਣੇ ਆਈ ਹੈ ਕਿ ਉਨ੍ਹਾਂ ਇਨ੍ਹਾਂ ਮੁਜਰਮਾਂ ਨੂੰ ਸਬੰਧਤ ਥਾਣੇ ਦੀ ਹਵਾਲਾਤ ਵਿੱਚ ਬੰਦ ਕਰਨ ਦੀ ਬਜਾਏ ਆਪਣੇ ਨਾਲ ਸਥਾਨਕ ਸ਼ਹਿਰ ਦੇ ਹਨੂੰਮਾਨ ਚੌਕ ਕੋਲ ਸਥਿਤ ਇਕੋ ਹੋਟਲ 'ਚ ਠਹਿਰਾ ਲਿਆ। ਪੁਲਸ ਅਧਿਕਾਰੀਆਂ ਮੁਤਾਬਕ 10 ਜੁਲਾਈ ਨੂੰ ਸਵੇਰੇ ਇੱਕ ਕਥਿਤ ਦੋਸ਼ੀ ਰਾਜੇਸ਼ ਯਾਦਵ ਝੁਕਾਨੀ ਦੇ ਕੇ ਫਰਾਰ ਹੋ ਗਿਆ, ਜਿਸ ਤੋਂ ਬਾਅਦ ਪੁਲਸ ਟੀਮ ਹੱਥ ਮਿਲਦੀ ਰਹਿ ਗਈ। ਹਾਲਾਂਕਿ ਮੁਜਰਮਾਂ ਨੂੰ ਫੜਨ ਵਾਲੀ ਟੀਮ ਦੇ ਇੰਚਾਰਜ ਬਲਵੰਤ ਰਾਏ ਵੱਲੋਂ ਥਾਣਾ ਸਿਵਲ ਲਾਈਨ ਦੀ ਪੁਲਸ ਕੋਲ ਦਰਜ ਕਰਵਾਏ ਬਿਆਨਾਂ 'ਚ ਦਾਅਵਾ ਕੀਤਾ ਹੈ ਕਿ ਮੁਜਰਮ ਰਾਜੇਸ਼ ਧੱਕਾ ਮਾਰ ਕੇ ਫਰਾਰ ਹੋਇਆ ਹੈ, ਪ੍ਰੰਤੂ ਇਸ ਮਾਮਲੇ 'ਚ ਸਾਹਮਣੇ ਆਈਆਂ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਵਿੱਚ ਉਹ ਆਰਾਮ ਨਾਲ ਜਾਂਦਾ ਹੋਇਆ ਦਿਖਾਈ ਦੇ ਰਿਹਾ ਹੈ। ਡੀ ਐੱਸ ਪੀ ਸਿਟੀ ਬਠਿੰਡਾ ਗੁਰਪ੍ਰੀਤ ਸਿੰਘ ਨੇ ਇਸ ਘਟਨਾ ਦੀ ਪੁਸ਼ਟੀ ਕਰਦਿਆਂ ਦੱਸਿਆ ਕਿ ਥਾਣੇਦਾਰ ਬਲਵੰਤ ਰਾਏ ਦੇ ਬਿਆਨਾਂ ਉਪਰ ਜਿੱਥੇ ਮੁਜਰਮ ਰਾਜੇਸ਼ ਯਾਦਵ ਵਿਰੁੱਧ ਧਾਰਾ 353,186 ਤਹਿਤ ਕੇਸ ਦਰਜ ਕਰ ਲਿਆ ਹੈ, ਉਥੇ ਪੁਲਸ ਮੁਲਾਜ਼ਮਾਂ ਦੀ ਵੀ ਲਾਪ੍ਰਵਾਹੀ ਦੇ ਚਲਦੇ ਉਨ੍ਹਾਂ ਵਿਰੁੱਧ ਵੀ ਧਾਰਾ 224 ਤਹਿਤ ਕਾਰਵਾਈ ਕੀਤੀ ਗਈ ਹੈ। ਇਸ ਤੋਂ ਇਲਾਵਾ ਉਨ੍ਹਾਂ ਵਿਰੁੱਧ ਵਿਭਾਗੀ ਕਾਰਵਾਈ ਕੀਤੀ ਜਾਵੇਗੀ।

# ਵੱਖ-ਵੱਖ ਸੜਕ ਹਾਦਸਿਆਂ 'ਚ ਤਿੰਨ ਦੀ ਮੌਤ, ਇੱਕ ਜ਼ਖ਼ਮੀ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਇਲਾਕੇ 'ਚ ਵਾਪਰੇ ਵੱਖ-ਵੱਖ ਸੜਕ ਹਾਦਸਿਆਂ ਕਾਰਨ ਤਿੰਨ ਵਿਅਕਤੀਆਂ ਦੀ ਮੌਤ ਹੋ ਜਾਣ ਤੇ ਇੱਕ ਦੇ ਜ਼ਖ਼ਮੀ ਹੋ ਜਾਣ ਦਾ ਸਮਾਚਾਰ ਹੈ। ਗੁਰਜਿੰਦਰ ਸਿੰਘ ਵਾਸੀ ਪਿੰਡ ਸੁਹਾਗਹੇੜ੍ਹੀ ਨੇ ਪੁਲਸ ਨੂੰ ਦੱਸਿਆ ਕਿ ਪਰਸੋਂ ਉਸ ਦਾ ਪਿਤਾ ਮੰਗਾ ਸਿੰਘ (45) ਘਰੇਲੂ ਕੰਮ ਕਾਰ ਲਈ ਮੋਟਰਸਾਈਕਲ 'ਤੇ ਸਵਾਰ ਹੋ ਕੇ ਸਰਹਿੰਦ ਵੱਲ ਜਾ ਰਿਹਾ ਸੀ ਤਾਂ ਪਿੰਡ ਸੌਂਢਾ ਨਜ਼ਦੀਕ ਅਚਾਨਕ ਇੱਕ ਅਵਾਰਾ ਪਸ਼ੂ ਉਸ ਦੇ ਪਿਤਾ ਦੇ ਮੋਟਰਸਾਈਕਲ ਨਾਲ ਟਕਰਾ ਗਿਆ, ਜਿਸ ਕਾਰਨ ਗੰਭੀਰ ਜ਼ਖ਼ਮੀ ਹੋਏ ਮੰਗਾ ਸਿੰਘ ਨੂੰ ਪੀ.ਜੀ.ਆਈ. ਚੰਡੀਗੜ੍ਹ ਵਿਖੇ ਦਾਖਲ ਕਰਵਾਇਆ ਗਿਆ ਸੀ, ਜਿੱਥੇ ਇਲਾਜ ਦੌਰਾਨ ਅੱਜ ਉਸ ਦੇ ਪਿਤਾ ਦੀ ਮੌਤ ਹੋ ਗਈ। ਮਾਮਲੇ ਦੀ ਜਾਂਚ ਕਰ ਰਹੇ ਥਾਣਾ ਸਰਹਿੰਦ ਦੇ ਸਹਾਇਕ ਥਾਣੇਦਾਰ ਜਗਰੂਪ ਸਿੰਘ ਨੇ ਦੱਸਿਆ ਕਿ ਵਾਰਿਸਾਂ ਦੇ ਬਿਆਨਾਂ 'ਤੇ ਅ/ਧ 174 ਸੀ.ਆਰ.ਪੀ.ਸੀ. ਤਹਿਤ ਕਾਰਵਾਈ ਕਰਦਿਆਂ ਪੋਸਟਮਾਰਟਮ ਕਰਵਾ ਕੇ ਲਾਸ਼ ਨੂੰ ਵਾਰਿਸਾਂ ਹਵਾਲੇ ਕੀਤਾ ਜਾ ਰਿਹਾ ਹੈ। ਇੱਕ ਵੱਖਰੇ ਮਾਮਲੇ 'ਚ ਐਕਟਿਵਾ ਸਕੂਟਰ 'ਤੇ ਸਵਾਰ ਹੋ ਕੇ ਜਾ ਰਹੇ ਹਰਕੇਸ਼ ਪ੍ਰਸਾਦ ਤੇ ਗੁਲਸ਼ਨ ਕੁਮਾਰ ਮੂਲ ਵਾਸੀਆਨ ਬਿਹਾਰ ਹਾਲ ਵਾਸੀ ਮੰਡੀ ਗੋਬਿੰਦਗੜ੍ਹ ਦੇ ਸਕੂਟਰ ਨੂੰ ਮੰਡੀ ਗੋਬਿੰਦਗੜ੍ਹ ਦੇ ਅਮਲੋਹ ਰੋਡ 'ਤੇ ਪ੍ਰੇਮ ਕੰਡਾ ਨਜ਼ਦੀਕ ਇੱਕ ਸਵਿਫਟ ਕਾਰ ਨੇ ਟੱਕਰ ਮਾਰ ਦਿੱਤੀ, ਜਿਸ ਕਾਰਨ ਹਰਕੇਸ਼ ਪ੍ਰਸਾਦ ਦੀ ਮੌਤ ਹੋ ਗਈ ਤੇ ਗੁਲਸ਼ਨ ਕੁਮਾਰ ਦੇ ਸੱਟਾਂ ਵੱਜੀਆਂ। ਹਰਕੇਸ਼ ਪ੍ਰਸਾਦ ਦੀ ਪਤਨੀ ਦੇ ਬਿਆਨਾਂ 'ਤੇ ਮੰਡੀ ਗੋਬਿੰਦਗੜ੍ਹ ਪੁਲਸ ਵੱਲੋਂ ਕਾਰ ਦੇ ਅਣਪਛਾਤੇ ਚਾਲਕ ਵਿਰੁੱਧ ਅ/ਧ 279, 304 ਏ, 427 ਆਈ.ਪੀ.ਸੀ. ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ। ਇੱਕ ਵੱਖਰੇ ਮਾਮਲੇ 'ਚ ਬੀਤੇ ਕੱਲ੍ਹ ਉੱਤਰ ਪ੍ਰਦੇਸ਼ ਨਾਲ ਸਬੰਧਤ ਪ੍ਰਵਾਸੀ ਮਜ਼ਦੂਰ ਰਾਜ ਕੁਮਾਰ ਜਦੋਂ ਮੰਡੀ ਗੋਬਿਦਗੜ੍ਹ ਦੀ ਪ੍ਰਭਾਤ ਮਿਲ ਨਜ਼ਦੀਕ ਜੀ.ਟੀ. ਰੋਡ ਪਾਰ ਕਰ ਰਿਹਾ ਸੀ ਤਾਂ ਅਣਪਛਾਤੇ ਤੇਜ਼ ਰਫਤਾਰ ਵਾਹਨ ਦੀ ਲਪੇਟ 'ਚ ਆਉਣ ਕਾਰਨ ਉਸ ਦੀ ਮੌਤ ਹੋ ਗਈ। ਮ੍ਰਿਤਕ ਦੇ ਭਰਾ ਦੇ ਬਿਆਨਾਂ 'ਤੇ ਮੰਡੀ ਗੋਬਿੰਦਗੜ੍ਹ ਪੁਲਸ ਵੱਲੋਂ ਅਣਪਛਾਤੇ ਵਾਹਨ ਚਾਲਕ ਵਿਰੁੱਧ ਅ/ਧ 279, 304ਏ ਆਈ.ਪੀ.ਸੀ. ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ।

# ਹੜ੍ਹਾਂ ਦੀ ਮਾਰ ਤੋਂ ਬਚਣ ਲਈ ਪ੍ਰਸ਼ਾਸਨ ਅਗੇਤੇ ਪ੍ਰਬੰਧ ਕਰਨ 'ਚ ਰਿਹਾ ਨਾਕਾਮ : ਡਾ. ਮਿੱਤਰਾ

## ਲੁਧਿਆਣਾ ਨੂੰ ਇੱਕ ਰਹਿਣਯੋਗ ਸ਼ਹਿਰ ਬਣਾਉਣ ਦੀ ਲੋੜ : ਭਾਟੀਆ



**ਲੁਧਿਆਣਾ (ਪੱਤਰ ਪ੍ਰੇਰਕ)**-ਲੁਧਿਆਣਾ ਨੂੰ ਸਮਾਰਟ ਸਿਟੀ ਬਣਾਉਣ ਤੋਂ ਪਹਿਲਾਂ ਇਸ ਨੂੰ ਇੱਕ ਰਹਿਣਯੋਗ ਸ਼ਹਿਰ ਬਣਾਉਣ ਦੀ ਲੋੜ ਹੈ। ਪਿਛਲੇ ਦਿਨੀਂ ਪਏ ਮੀਂਹ ਨੇ ਲੁਧਿਆਣੇ ਦੇ ਵਿਕਾਸ ਦੇ ਸਾਰੇ ਦਾਅਵਿਆਂ ਨੂੰ ਬੇਨਕਾਬ ਕਰ ਦਿੱਤਾ ਹੈ। ਪਾਣੀ ਦੇ ਨਿਕਾਸੀ ਦੇ ਪ੍ਰਬੰਧ ਨਾਕਾਫੀ ਹਨ। ਬਾਰਸ ਦੇ ਪਾਣੀ ਕਾਰਨ ਬੁੱਢੇ ਨਾਲੇ ਦੇ ਨਾਲ ਪਾਣੀ ਦਾ ਪੱਧਰ ਵਧਣ ਕਰਕੇ ਪਾਣੀ ਲੋਕਾਂ ਦੇ ਘਰਾਂ ਵਿੱਚ ਵੜ ਗਿਆ ਹੈ। ਮੀਂਹ ਦਾ ਪਾਣੀ ਸਾਡੇ ਲਈ ਵਰਦਾਨ ਸਿੱਧ ਹੋ ਸਕਦਾ ਹੈ, ਜੇ ਉਸ ਪਾਣੀ ਨੂੰ ਸੁਚੱਜੇ ਤਰੀਕੇ ਨਾਲ ਸਾਂਭਿਆ ਜਾਵੇ। ਭਾਰਤੀ ਕਮਿਊਨਿਸਟ ਪਾਰਟੀ ਦੇ ਇੱਕ ਪ੍ਰਤੀਨਿਧੀ ਮੰਡਲ ਨੇ ਅੱਜ ਨਾਲੇ ਦੇ ਨਾਲ-ਨਾਲ ਰਾਮ ਸ਼ਰਨਮ ਵਾਲੀ ਪੁਲੀ ਦੇ ਨਜ਼ਦੀਕ ਹੈਬੋਵਾਲ ਦੇ ਕਰਤਾਰ ਐਵੀਨਿਊ ਇਲਾਕੇ 'ਚ ਡਾ. ਅਰੁਣ ਮਿੱਤਰਾ ਦੀ ਅਗਵਾਈ ਵਿੱਚ ਹੜ੍ਹ ਪ੍ਰਭਾਵਿਤ ਖੇਤਰ ਦਾ ਦੌਰਾ ਕਰਕੇ ਆਇਆ। ਪ੍ਰਤੀਨਿਧ ਮੰਡਲ ਵਿੱਚ ਸ਼ਹਿਰੀ ਸਕੱਤਰ ਕਾਮਰੇਡ ਐੱਮ. ਐੱਸ. ਭਾਟੀਆ, ਕਾਮਰੇਡ ਵਿਨੋਦ ਕੁਮਾਰ, ਕਾਮਰੇਡ ਰਾਮ ਆਧਾਰ ਸਿੰਘ, ਕਾਮਰੇਡ ਅਵਤਾਰ ਛਿੱਬੜ ਤੇ ਕਾਮਰੇਡ ਰਣਧੀਰ ਸਿੰਘ ਧੀਰਾ ਤੇ ਇਲਾਕਾ ਨਿਵਾਸੀ, ਦੇਵ ਰਾਜ ਕਪੂਰ ਤੇ ਰਾਜ ਕਪੂਰ ਤੇ ਹੋਰ ਸ਼ਾਮਲ ਸਨ। ਇਸ ਤੋਂ ਪਹਿਲਾਂ ਕਾਮਰੇਡ ਐੱਮ. ਐੱਸ. ਭਾਟੀਆ, ਕਾਮਰੇਡ ਵਿਨੋਦ ਕੁਮਾਰ, ਕਾਮਰੇਡ ਰਾਮ ਪ੍ਰਤਾਪ ਤੇ ਕਾਮਰੇਡ ਅਵਤਾਰ ਛਿੱਬੜ ਨੇ ਸ਼ਿਵ ਪੁਰੀ ਦੇ ਕਈ ਇਲਾਕਿਆਂ ਦਾ ਦੌਰਾ ਕੀਤਾ, ਜਿੱਥੇ ਗਲੀਆਂ ਵਿੱਚ ਪਾਣੀ ਭਰਿਆ ਹੋਇਆ ਹੈ। ਸੀਵਰੇਜ ਸਿਸਟਮ ਜਾਮ ਹੋ ਚੁੱਕਿਆ ਹੈ, ਹੁਣ ਜਿੰਨਾ ਚਿਰ ਬੁੱਢੇ ਨਾਲੇ ਦੇ ਪਾਣੀ ਦਾ ਪੱਧਰ ਨੀਵਾਂ ਨਹੀਂ ਹੁੰਦਾ, ਓਨਾ ਚਿਰ ਇਨ੍ਹਾਂ ਗਲੀਆਂ ਵਿੱਚੋਂ ਪਾਣੀ ਨਹੀਂ ਨਿਕਲੇਗਾ। ਸ਼ਹਿਰ ਦੇ ਸੀਵਰ ਸਿਸਟਮ ਨੂੰ ਮੌਜੂਦਾ ਲੋੜਾਂ ਮੁਤਾਬਕ ਅਧੁਨਿਕ ਕਰਨ ਦੀ ਲੋੜ ਹੈ। ਬਾਰਸ਼ ਦੇ ਪਾਣੀ ਨੂੰ ਰੀਚਾਰਜ ਕਰਨ ਲਈ ਵੱਡੇ ਪਧਰ 'ਤੇ ਪ੍ਰਬੰਧ ਕਰਨ ਦੀ ਲੋੜ ਹੈ। ਉਮੀਦ ਹੈ ਕਿ ਪ੍ਰਸ਼ਾਸਨ ਇਸ ਸਾਲ ਦੀ ਤਬਾਹੀ ਤੋਂ ਕੁਝ ਸਬਕ ਸਿਖੇਗਾ ਤੇ ਆਉਣ ਵਾਲੇ ਸਮੇਂ ਲਈ ਪੁਖਤਾ ਪ੍ਰਬੰਧ ਕੀਤੇ ਜਾਣਗੇ। ਗਰੀਬ ਲੋਕਾਂ ਨੂੰ ਝੁੱਗੀਆਂ ਵਿੱਚੋਂ ਉਠਾ ਕੇ ਪੱਕੇ ਘਰਾਂ ਵਿੱਚ ਭੇਜਿਆ ਜਾਣਾ ਚਾਹੀਦਾ ਹੈ ਤਾਂ ਕਿ ਉਹ ਵੀ ਇਨਸਾਨਾਂ ਵਾਲਾ ਜੀਵਨ ਬਤੀਤ ਕਰ ਸਕਣ। ਪਾਰਟੀ ਆਗੂਆਂ ਨੇ ਮੰਗ ਕੀਤੀ ਕਿ ਲੋਕਾਂ ਦੀ ਸਿਹਤ ਦਾ ਖਿਆਲ ਰੱਖਿਆ ਜਾਏ, ਕਿਉਂਕਿ ਇਹ ਸਰਕਾਰ ਦੀ ਜ਼ਿੰਮੇਵਾਰੀ ਹੈ। ਇਸ ਲਈ ਲੋਕਾਂ ਲਈ ਪੀਣ ਵਾਲੇ ਸਾਫ ਪਾਣੀ ਦਾ ਪ੍ਰਬੰਧ ਫੌਰੀ ਤੌਰ 'ਤੇ ਕੀਤਾ ਜਾਣਾ ਚਾਹੀਦਾ ਹੈ, ਪਰ ਇਹ ਸਾਰਾ ਕੁੱਝ ਮਜ਼ਬੂਤ ਇੱਛਾ ਸ਼ਕਤੀ ਤੋਂ ਬਗੈਰ ਨਹੀਂ ਹੋ ਸਕਦਾ। ਉਨ੍ਹਾਂ ਕਿਹਾ ਕਿ ਹਰ ਸਾਲ ਜਿੰਨਾ ਪੈਸਾ ਹੜ੍ਹਾਂ ਕਾਰਨ ਹੁੰਦੇ ਨੁਕਸਾਨ ਦੀ ਭਰਪਾਈ ਕਰਨ ਲਈ ਖਰਚ ਹੁੰਦਾ ਹੈ, ਉਸ ਤੋਂ ਕਿਤੇ ਘੱਟ ਪੈਸਿਆਂ ਵਿੱਚ ਅਗੇਤੇ ਪ੍ਰਬੰਧ ਕੀਤੇ ਜਾ ਸਕਦੇ ਹਨ।

## ਕਾਤਰਾਂ

### ਹੜ੍ਹ ਦੇ ਪਾਣੀ 'ਚ ਤੈਰਦੀ ਮਿਲੀ ਲਾਪਤਾ ਲੜਕੇ ਦੀ ਲਾਸ਼



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਰਹਿੰਦ ਤੋਂ ਪਰਸੋਂ ਹੜ੍ਹ ਦੇ ਪਾਣੀ 'ਚ ਲਾਪਤਾ ਹੋਏ ਇੱਕ 17 ਸਾਲਾ ਲੜਕੇ ਗੁੱਡੂ ਰਾਮ ਦੀ ਲਾਸ਼ ਪਾਣੀ 'ਚ ਤੈਰਦੀ ਮਿਲਣ ਦਾ ਸਮਾਚਾਰ ਹੈ। ਜ਼ਿਕਰਯੋਗ ਹੈ ਕਿ ਬਰਗਰ ਦੀ ਰੇਹੜੀ ਲਗਾਉਣ ਵਾਲੇ ਪ੍ਰਵਾਸੀ ਹਰੀ ਪ੍ਰਸ਼ਾਦ ਦਾ 17 ਸਾਲਾ ਲੜਕਾ ਗੁੱਡੂ ਰਾਮ, ਜੋ ਕਿ ਬਾਰਵੀਂ ਜਮਾਤ ਦਾ ਵਿਦਿਆਰਥੀ ਸੀ, ਪਰਸੋਂ ਇੱਕ ਹੋਰ ਲੜਕੇ ਨਾਲ ਹੜ੍ਹ ਦੇ ਪਾਣੀ 'ਚ ਉੱਤਰਨ ਤੋਂ ਬਾਅਦ ਲਾਪਤਾ ਹੋ ਗਿਆ ਸੀ, ਜਿਸ ਦੀ ਲਾਸ਼ ਅੱਜ ਵਿਸ਼ਕਰਮਾ ਕਲੋਨੀ ਸਰਹਿੰਦ ਵਿਖੇ ਜਮ੍ਹਾਂ ਹੋਏ ਹੜ੍ਹ ਦੇ ਪਾਣੀ 'ਚੋਂ ਤੈਰਦੀ ਮਿਲੀ ਹੈ। ਥਾਣਾ ਫ਼ਤਹਿਗੜ੍ਹ ਸਾਹਿਬ ਦੇ ਮੁਖੀ ਅਰਸ਼ਦੀਪ ਸ਼ਰਮਾ ਨੇ ਦੱਸਿਆ ਕਿ ਪੋਸਟਮਾਰਟਮ ਕਰਵਾਉਣ ਉਪਰੰਤ ਗੁੱਡੂ ਰਾਮ ਦੀ ਲਾਸ਼ ਨੂੰ ਵਾਰਿਸਾਂ ਹਵਾਲੇ ਕਰ ਦਿੱਤਾ ਗਿਆ ਹੈ।

### ਨਰੋਈ ਸਿਹਤ ਕ੍ਰਾਂਤੀ ਤੇ ਸੀਰ ਸੁਸਾਇਟੀ ਵੱਲੋਂ ਕੈਂਪ 16 ਨੂੰ

**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਨਰੋਈ ਸਿਹਤ ਕ੍ਰਾਂਤੀ ਤੇ ਸੀਰ ਸੁਸਾਇਟੀ ਵੱਲੋਂ ਪੰਜਾਬੀਆਂ ਨੂੰ ਤੰਦਰੁਸਤ ਤੇ ਰੋਗ ਮੁਕਤ ਕਰਨ ਲਈ ਫਰੀਦਕੋਟ ਵਿਖੇ 16 ਜੁਲਾਈ ਨੂੰ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਨਰੋਈ ਸਿਹਤ ਕ੍ਰਾਂਤੀ ਦੇ ਸੰਸਥਾਪਕ ਖੋਜੀ ਸੰਜੀਵ ਸੇਤੀਆ ਨੇ ਦੱਸਿਆ ਕਿ ਕੈਂਪ ਦੌਰਾਨ ਬਿਮਾਰੀਆਂ ਸਬੰਧੀ ਵੱਖ-ਵੱਖ ਬਣਿਆ ਸਾਮਾਨ ਲੋੜਵੰਦਾਂ ਨੂੰ ਵੰਡਿਆ ਜਾਵੇਗਾ। ਨਰੋਈ ਸਿਹਤ ਕ੍ਰਾਂਤੀ ਐਸੀਡਿਟੀ, ਕਬਜ਼, ਮੋਟਾਪਾ, ਬਵਾਸੀਰ, ਕਮਜ਼ੋਰੀ, ਹਾਰਮੋਨ ਦੀ ਗੜਬੜੀ ਆਦਿ ਬੀਮਾਰੀਆਂ ਦਿਨਾਂ 'ਚ ਹੀ ਬਿਨਾ ਖਰਚੇ, ਬਿਨਾਂ ਐਕਸਾਈਜ਼, ਬਿਨਾਂ ਡਾਇਟ ਪਲਾਨ ਠੀਕ ਕਰਨ ਦੇ ਨੁਕਤੇ ਦੱਸ ਕੇ ਇਨਸਾਨ ਨੂੰ ਬਿਮਾਰੀ ਮੁਕਤ ਕਰਦੀ ਹੈ।

### ਸ਼ਹਿਰ ਵਾਸੀਆਂ ਨੂੰ ਇੱਕ ਦਿਨ ਛੱਡ ਕੇ ਮਿਲੇਗੀ ਪਾਣੀ ਦੀ ਸਪਲਾਈ

**ਮਲੋਟ (ਗੁਰਮੀਤ ਸਿੰਘ ਮੱਕੜ)**-ਵਾਟਰ ਸਪਲਾਈ ਤੇ ਸੀਵਰੇਜ ਵਿਭਾਗ ਵੱਲੋਂ ਸ਼ਹਿਰ ਵਾਸੀਆਂ ਨੂੰ ਪੀਣ ਵਾਲੇ ਪਾਣੀ ਦੀ ਸਪਲਾਈ ਇੱਕ ਦਿਨ ਛੱਡ ਕੇ ਦਿੱਤੀ ਜਾਵੇਗੀ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੀਵਰੇਜ ਬੋਰਡ ਦੇ ਇੰਜੀਨੀਅਰ ਰਾਕੇਸ਼ ਮੋਹਨ ਮੱਕੜ ਨੇ ਦੱਸਿਆ ਕਿ ਭਾਰੀ ਬਾਰਿਸ਼ ਤੇ ਹੜ੍ਹਾਂ ਕਰਕੇ ਨਹਿਰੀ ਵਿਭਾਗ ਵੱਲੋਂ ਸਰਹਿੰਦ ਫੀਡਰ ਨਹਿਰ ਨੂੰ ਕੁੱਝ ਦਿਨਾਂ ਲਈ ਬੰਦ ਕਰ ਦਿੱਤੀ ਹੈ, ਇਸ ਲਈ ਸ਼ਹਿਰ ਵਾਸੀਆਂ ਨੂੰ ਇੱਕ ਦਿਨ ਛੱਡ ਕੇ ਪੀਣ ਵਾਲੇ ਪਾਣੀ ਦੀ ਸਪਲਾਈ ਦਿੱਤੀ ਜਾਵੇਗੀ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸੀਵਰੇਜ ਵਿਭਾਗ ਨੂੰ ਸਹਿਯੋਗ ਦਿੰਦੇ ਹੋਏ ਪੀਣ ਵਾਲੇ ਪਾਣੀ ਦੀ ਵਰਤੋਂ ਸੰਕੋਚ ਨਾਲ ਕਰਨ। ਉਨ੍ਹਾ ਕਿਹਾ ਕਿ ਸਰਹਿੰਦ ਨਹਿਰ ਚੱਲਣ ਉਪਰੰਤ ਸ਼ਹਿਰ ਵਾਸੀਆਂ ਨੂੰ ਪੀਣ ਵਾਲੇ ਪਾਣੀ ਦੀ ਸਪਲਾਈ ਨਿਰਵਿਘਨ ਕਰ ਦਿੱਤੀ ਜਾਵੇਗੀ।

# ਨਵਜੰਮੇ ਬੱਚੇ ਦੇ ਪਿਤਾ ਦੀ ਕੁੱਟਮਾਰ ਕਰਨ ਵਾਲੇ ਵਾਰਡ ਅਟੈਂਡੈਂਟ ਖ਼ਿਲਾਫ ਮਾਮਲਾ ਦਰਜ

## ਵੱਖ-ਵੱਖ ਜਥੇਬੰਦੀਆਂ ਵੱਲੋਂ ਮੁਲਜ਼ਮ ਨੂੰ ਤੁਰੰਤ ਗ੍ਰਿਫਤਾਰ ਕਰਨ ਦੀ ਮੰਗ

**ਕੋਟਕਪੂਰਾ (ਰਛਪਾਲ ਭੁੱਲਰ)**-ਸਥਾਨਕ ਅਰਵਿੰਦ ਨਗਰ ਨਿਵਾਸੀ ਪਵਨੀਤ ਚਾਵਲਾ ਸਪੁੱਤਰ ਪ੍ਰੇਮ ਚਾਵਲਾ ਦੀ ਸ਼ਿਕਾਇਤ ਦੇ ਅਧਾਰ 'ਤੇ ਕੋਟਕਪੂਰਾ ਦੇ ਇੱਕ ਨਿੱਜੀ ਹਸਪਤਾਲ ਦੇ ਵਾਰਡ ਅਟੈਂਡੈਂਟ ਜਸਕਰਨ ਸਿੰਘ ਖਾਲਸਾ ਵੱਲੋਂ ਨਵਜੰਮੇ ਬੱਚੇ ਦੇ ਪਿਤਾ ਦੀ ਕੀਤੀ ਕੁੱਟਮਾਰ ਸਬੰਧੀ ਸਿਟੀ ਪੁਲਸ ਵੱਲੋਂ ਆਈ ਪੀ ਸੀ ਦੀ ਧਾਰਾ 341 ਤੇ 323 ਅਧੀਨ ਮੁਕੱਦਮਾ ਨੰਬਰ 119 ਮਿਤੀ 12 ਜੁਲਾਈ 2023 ਨੂੰ ਦਰਜ ਕੀਤਾ ਗਿਆ ਹੈ। ਇਸੇ ਦੌਰਾਨ ਵੱਖ-ਵੱਖ ਮੁਲਾਜ਼ਮ ਤੇ ਪੈਨਸ਼ਨਰ ਜਥੇਬੰਦੀਆਂ ਦੇ ਆਗੂ ਅਸ਼ੋਕ ਕੌਸ਼ਲ, ਕੁਲਵੰਤ ਸਿੰਘ ਚਾਨੀ, ਸੋਮ ਨਾਥ ਅਰੋੜਾ, ਗੁਰਚਰਨ ਸਿੰਘ ਮਾਨ, ਪੰਜਾਬ ਪੈਨਸ਼ਨਰ ਯੂਨੀਅਨ ਜ਼ਿਲ੍ਹਾ ਫਰੀਦਕੋਟ, ਨਛੱਤਰ ਸਿੰਘ ਭਾਣਾ ਤੇ ਹਰਵਿੰਦਰ ਸ਼ਰਮਾ ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ, ਸਰਿੰਦਰਪਾਲ ਸਿੰਘ ਢਿੱਲੋਂ ਤੇ ਸੁਖਚੈਨ ਸਿੰਘ ਰਾਮਸਰ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਜ਼ਿਲ੍ਹਾ ਫਰੀਦਕੋਟ, ਸੁਖਵਿੰਦਰ ਸਿੰਘ ਸੁੱਖੀ ਜ਼ਿਲ੍ਹਾ ਪ੍ਰਧਾਨ ਡੈਮੋਕ੍ਰੇਟਿਕ ਟੀਚਰਜ਼ ਫਰੰਟ, ਪ੍ਰੀਤ ਭਗਵਾਨ ਸਿੰਘ ਜ਼ਿਲ੍ਹਾ ਪ੍ਰਧਾਨ ਐਲੀਮੈਂਟਰੀ ਟੀਚਰਜ਼ ਯੂਨੀਅਨ ਫਰੀਦਕੋਟ, ਪੀ ਆਰ ਟੀ ਸੀ ਮੁਲਾਜ਼ਮਾਂ ਦੇ ਆਗੂ ਸਿਮਰਜੀਤ ਸਿੰਘ ਬਰਾੜ ਤੇ ਸੁਖਚਰਨ ਸਿੰਘ, ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਹਰਪਾਲ ਮਚਾਕੀ, ਸੁਖਜਿੰਦਰ ਸਿੰਘ ਤੂੰਬੜਭੰਨ ਨੇ ਇਸ ਘਟਨਾ ਦੀ ਸਖਤ ਨਿਖੇਧੀ ਕਰਦਿਆਂ ਦੋਸ਼ੀ ਵਿਅਕਤੀ ਨੂੰ ਤੁਰੰਤ ਗ੍ਰਿਫਤਾਰ ਕਰਨ ਤੇ ਕਾਨੂੰਨ ਅਨੁਸਾਰ ਬਣਦੀ ਸਜ਼ਾ ਦੇਣ ਦੀ ਮੰਗ ਕੀਤੀ ਹੈ।

# ਡਕੌਂਦਾ ਦੇ ਬਾਨੀ ਪ੍ਰਧਾਨ ਬਲਕਾਰ ਸਿੰਘ ਦੀ ਬਰਸੀ ਮਨਾਈ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**

ਭਾਰਤੀ ਕਿਸਾਨ ਯੂਨੀਅਨ (ਏਕਤਾ) ਡਕੌਂਦਾ ਦੇ ਬਾਨੀ ਪ੍ਰਧਾਨ ਸਾਥੀ ਬਲਕਾਰ ਸਿੰਘ ਡਕੌਂਦਾ ਦੀ 13ਵੀਂ ਬਰਸੀ ਭੁੱਚੋ ਮੰਡੀ ਦੇ ਮਿਉਂਸਪਲ ਪਾਰਕ ਵਿਖੇ ਮਨਾਈ ਗਈ। ਸ਼ਰਧਾਂਜਲੀ ਸਮਾਗਮ ਵਿੱਚ ਖੇਤੀ ਕੰਮ ਦਾ ਜ਼ੋਰ ਹੋਣ ਦੇ ਬਾਵਜੂਦ ਬਠਿੰਡਾ ਜ਼ਿਲ੍ਹੇ ਵਿੱਚੋਂ ਸੈਂਕੜੇ ਕਿਸਾਨਾਂ ਤੇ ਔਰਤਾਂ ਸਮੇਤ ਭਰਾਤਰੀ ਜਥੇਬੰਦੀਆਂ ਦੇ ਆਗੂਆਂ ਨੇ ਵੀ ਹਿੱਸਾ ਲਿਆ ਤੇ ਇਨਕਲਾਬੀ ਸ਼ਰਧਾਂਜਲੀ ਭੇਟ ਕੀਤੀ। ਜਥੇਬੰਦੀ ਦੇ ਜ਼ਿਲ੍ਹਾ ਬਠਿੰਡਾ ਦੇ ਪ੍ਰਧਾਨ ਬਲਵਿੰਦਰ ਸਿੰਘ ਫੌਜੀ ਜੇਠੂਕੇ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸ਼ਰਧਾਂਜਲੀ ਸਮਾਗਮ ਦੌਰਾਨ ਸਾਰਿਆਂ ਵੱਲੋਂ ਸਵਰਗੀ ਆਗੂ ਬਲਕਾਰ ਸਿੰਘ ਡਕੌਂਦਾ ਦੀ ਸੋਚ ਨੂੰ ਬੁਲੰਦ ਕਰਨ ਤੇ ਅਪਣਾਉਣ ਦਾ ਪ੍ਰਣ ਕੀਤਾ ਗਿਆ। ਬੁਲਾਰਿਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਮੁੱਚੇ ਪੰਜਾਬ ਵਿੱਚ ਕੁਦਰਤੀ ਕਰੋਪੀ ਦੇ ਕਾਰਨ ਵੱਡੀ ਪੱਧਰ 'ਤੇ ਕਿਸਾਨਾਂ ਦੀਆਂ ਫਸਲਾਂ, ਹਰਾ-ਚਾਰਾ ਤੇ ਮਕਾਨਾਂ ਦੀ ਬਰਬਾਦੀ ਹੋਈ ਹੈ ਅਤੇ ਇਹੋ ਹਾਲਤ ਮਜ਼ਦੂਰਾਂ ਦੀ ਬਣੀ ਹੋਈ ਹੈ। ਸਟੇਜ ਤੋਂ ਜ਼ੋਰਦਾਰ ਢੰਗ ਨਾਲ ਸਾਂਝੀ ਮੰਗ ਕੀਤੀ ਗਈ ਕਿ ਹੜ੍ਹਾਂ ਦੀ ਮਾਰ ਹੇਠ ਆਏ ਇਲਾਕਿਆਂ, ਖੇਤਾਂ ਤੇ ਪਿੰਡਾਂ ਵਿੱਚ ਵਿਸ਼ੇਸ਼ ਉਪਰਾਲੇ ਕਰਕੇ ਸਰਕਾਰ ਲੋਕਾਂ ਦੀ ਮਾਲੀ ਸਹਾਇਤਾ ਕਰੇ ਤੇ ਹੋਏ ਨੁਕਸਾਨ ਦੀ ਭਰਪਾਈ ਕੀਤੀ ਜਾਵੇ। ਇਸ ਮੌਕੇ ਬੁਲਾਰਿਆਂ ਨੇ ਹੜ੍ਹ ਪ੍ਰਭਾਵਿਤ ਕਿਸਾਨਾਂ ਦੀ ਹਰ ਕਿਸਮ ਦੀ ਮਦਦ ਕਰਨ ਲਈ ਕਿਸਾਨ ਭਰਾਵਾਂ ਨੂੰ ਅੱਗੇ ਆਉਣ ਦੀ ਅਪੀਲ ਵੀ ਕੀਤੀ। ਜ਼ਿਲ੍ਹਾ ਮਾਨਸਾ ਦੇ ਪਿੰਡ ਕੁਲਰੀਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਕੁੱਲਰੀਆਂ ਦੇ ਕਿਸਾਨਾਂ ਪ੍ਰਤੀ ਇਹੀ ਅੜੀਅਲ ਰਵੱਈਆ ਜਾਰੀ ਰੱਖਿਆ ਤਾਂ ਤਿੱਖੇ ਸੰਘਰਸ਼ਾਂ ਦਾ ਸਾਹਮਣਾ ਕਰਨ ਲਈ ਸਰਕਾਰ ਤਿਆਰ ਰਹੇ। ਆਗੂਆਂ ਕਿਹਾ ਕਿ ਹਰ ਕੁਰਬਾਨੀ ਕਰਕੇ ਕੁੱਲਰੀਆਂ ਪਿੰਡ ਦੇ ਕਿਸਾਨਾਂ ਨੂੰ ਇਨਸਾਫ਼ ਦਿਵਾਇਆ ਜਾਵੇਗਾ। ਹੋਰਨਾਂ ਤੋਂ ਇਲਾਵਾ ਜਥੇਬੰਦੀ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ, ਜ਼ਿਲ੍ਹਾ ਜਰਨਲ ਸਕੱਤਰ ਹਰਵਿੰਦਰ ਸਿੰਘ ਕੋਟਲੀ, ਮਹਿੰਦਰ ਸਿੰਘ ਬਾਲਿਆਂਵਾਲੀ, ਨਾਹਰ ਸਿੰਘ ਭਾਈਰੂਪਾ, ਜਗਦੇਵ ਸਿੰਘ ਲਹਿਰਾ ਮੁਹੱਬਤ, ਜਸਵਿੰਦਰ ਕੌਰ ਝੰਡੂਕੇ, ਗੁਰਦੀਪ ਸਿੰਘ ਸੇਲਬਰਾਹ, ਗੁਰਨਾਮ ਸਿੰਘ ਮਹਿਰਾਜ, ਭਰਾਤਰੀ ਜਥੇਬੰਦੀਆਂ ਦੇ ਆਗੂਆਂ 'ਚੋਂ ਮੈਡੀਕਲ ਪ੍ਰੈਕਟੀਸ਼ਨਰਜ਼ ਦੇ ਗੁਰਦੀਪ ਸਿੰਘ, ਪਰਮਿੰਦਰ ਸਿੰਘ ਬਿੱਟੂ, ਜਮਹੂਰੀ ਅਧਿਕਾਰ ਸਭਾ ਦੇ ਪ੍ਰਿਤਪਾਲ ਸਿੰਘ ਮੰਡੀਕਲਾਂ ਤੇ ਡੀ ਟੀ ਐੱਫ ਦੇ ਮਾ. ਬੇਅੰਤ ਸਿੰਘ ਫੂਲੇਵਾਲਾ ਆਦਿ ਨੇ ਸਾਥੀ ਬਲਕਾਰ ਸਿੰਘ ਡਕੌਂਦਾ ਨੂੰ ਸੂਹੀ ਸ਼ਰਧਾਂਜਲੀ ਭੇਟ ਕੀਤੀ।



ਭਾਕਿਯੂ (ਏਕਤਾ) ਡਕੌਂਦਾ ਦੇ ਬਾਨੀ ਪ੍ਰਧਾਨ ਬਲਕਾਰ ਸਿੰਘ ਡਕੌਂਦਾ ਦੀ 13ਵੀਂ ਬਰਸੀ ਮਨਾਏ ਜਾਣ ਸਮੇਂ ਹੋਏ ਸ਼ਰਧਾਂਜਲੀ ਸਮਾਗਮ ਦੇ ਦ੍ਰਿਸ਼।

# ਬੀ ਐੱਡ 'ਚ ਦਾਖਲੇ ਲਈ ਫਾਰਮ ਭਰਨ ਦੀ ਮਿਤੀ 18 ਤੱਕ ਵਧਾਈ

**ਮੋਗਾ (ਅਮਰਜੀਤ ਬੱਬਰੀ)**

## 30 ਜੁਲਾਈ ਨੂੰ ਹੋਵੇਗੀ ਸਾਂਝੀ ਦਾਖਲਾ ਪ੍ਰੀਖਿਆ

ਸੈਲਫ ਫਾਇਨੈਂਸਡ ਬੀ ਐੱਡ ਕਾਲਜਿਜ਼ ਐਸੋਸੀਏਸ਼ਨ ਦੇ ਜਨ. ਸਕੱਤਰ ਤੇ ਸ਼ੁਕਦੇਵਾ ਕ੍ਰਿਸ਼ਨਾ ਕਾਲਜ ਆਫ ਐਜੂਕੇਸ਼ਨ ਫਾਰ ਗਰਲਜ਼ ਦੇ ਚੇਅਰਮੈਨ ਡਾ. ਅਸ਼ੋਕ ਗਰਗ ਨੇ ਦੱਸਿਆ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਨੂੰ ਐਜੂਕੇਸ਼ਨ ਕਾਲਜਾਂ ਵਿੱਚ ਸੈਸ਼ਨ 2022- 24 ਲਈ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਬੀ ਐੱਡ ਕੋਰਸ ਲਈ ਸਾਂਝੀ ਦਾਖਲਾ ਪ੍ਰੀਖਿਆ ਤੇ ਸੈਂਟਰਲਾਈਜ਼ਡ ਕਾਉਂਸਲਿੰਗ ਕਰਵਾਉਣ ਲਈ ਜ਼ਿੰਮੇਵਾਰੀ ਦਿੱਤੀ ਗਈ ਹੈ। ਦਾਖਲਾ ਪ੍ਰਕਿਰਿਆ ਨੂੰ ਸਪਰਸ਼ ਕਰਦੇ ਹੋਏ ਉਨ੍ਹਾਂ ਕਿਹਾ ਕਿ ਇਸ ਪ੍ਰੀਖਿਆ ਵਿੱਚ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ, ਗੁਰੂ ਨਾਨਕ ਦੇਵ ਯੂਨੀਵਰਸਿਟੀ ਸ੍ਰੀ ਅੰਮ੍ਰਿਤਸਰ ਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਨਾਲ ਸਬੰਧਤ ਸਾਰੇ ਸਰਕਾਰੀ ਏਡਿਡ ਤੇ ਪ੍ਰਾਈਵੇਟ ਸੈਲਫ ਫਾਈਨਾਂਸਡ ਕਾਲਜਾਂ ਵਿੱਚ ਦਾਖਲਾ ਲੈਣ ਲਈ ਵਿਦਿਆਰਥੀ ਪ੍ਰੀਖਿਆ ਦੇ ਸਕਣਗੇ, ਜਿਸ ਵਿੱਚ ਪੰਜਾਬ ਯੂਨੀਵਰਸਿਟੀ ਦੇ 102 ਕਾਲਜ, ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ 62 ਕਾਲਜ ਤੇ ਪੰਜਾਬੀ ਯੂਨੀਵਰਸਿਟੀ ਦੇ 51 ਕਾਲਜਾਂ ਵਿੱਚ ਦਾਖਲਾ ਲੈਣ ਲਈ ਵਿਦਿਆਰਥੀ ਪ੍ਰੀਖਿਆ ਦੇ ਸਕਣਗੇ। ਕੌਂਸਲਿੰਗ ਨੂੰ ਸੁਚਾਰੂ ਢੰਗ ਨਾਲ ਨੇਪਰੇ ਚੜ੍ਹਨ ਲਈ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸਿੱਖਿਆ ਵਿਭਾਗ ਦੇ ਮੁਖੀ ਪ੍ਰੋਫੈਸਰ ਅਮਿਤ ਕੌਂਸਟ ਨੂੰ ਕੋਆਰਡੀਨੇਟਰ ਵਜੋਂ ਨਿਯੁਕਤ ਕੀਤਾ ਗਿਆ ਹੈ। ਆਨਲਾਈਨ ਦਾਖਲਾ ਭਰਨ ਦੀ ਆਖਰੀ ਮਿਤੀ ਪਹਿਲਾਂ 14 ਜੁਲਾਈ ਸੀ, ਪਰ ਹੁਣ ਕੌਂਸਲਿੰਗ ਦੇ ਕੋਆਰਡੀਨੇਟਰ ਪ੍ਰੋ. ਡਾ. ਅਮਿਤ ਕੌਂਸਟ ਨੇ ਦੱਸਿਆ ਕਿ ਪੰਜਾਬ ਵਿੱਚ ਭਾਰੀ ਮੀਂਹ ਤੇ ਹੜ੍ਹਾਂ ਦੀ ਸਥਿਤੀ ਨੂੰ ਮੱਦੇਨਜ਼ਰ ਰੱਖਦੇ ਹੋਏ ਬਿਨਾਂ ਲੇਟ ਫੀਸ ਦਾਖਲੇ ਦੀ ਆਖਰੀ ਮਿਤੀ 18 ਜੁਲਾਈ ਤੱਕ ਵਧਾ ਦਿੱਤੀ ਗਈ ਹੈ। ਸਾਂਝੀ ਦਾਖਲਾ ਪ੍ਰੀਖਿਆ ਪਹਿਲਾਂ ਵਾਲੀ ਤਰੀਕ 30 ਜੁਲਾਈ ਨੂੰ ਹੀ ਹੋਵੇਗੀ। ਉਨ੍ਹਾ ਕਿਹਾ ਕਿ ਬੀ ਐੱਡ 'ਚ ਦਾਖਲਾ ਲੈਣ ਦੇ ਚਾਹਵਾਨ ਵਿਦਿਆਰਥੀ ਆਨਲਾਈਨ ਫਾਰਮ ਕਾਲਜ ਵਿੱਚ ਆ ਕੇ ਮੁਫਤ ਭਰ ਸਕਦੇ ਹਨ। ਡਾਕਟਰ ਗਰਗ ਨੇ ਕਿਹਾ ਕਿ ਇਸ ਦਾਖਲਾ ਪ੍ਰਕਿਰਿਆ ਅਧੀਨ ਵਿਦਿਆਰਥੀਆਂ ਨੂੰ ਪ੍ਰੀਖਿਆ ਦੇ ਨੰਬਰਾਂ ਦੀ ਮੈਰਿਟ ਦੇ ਅਧਾਰ 'ਤੇ ਹੀ ਆਪਣੇ ਪਸੰਦੀਦਾ ਕਾਲਜ 'ਚ ਦਾਖਲਾ ਮਿਲ ਸਕਦਾ ਹੈ।

# ਹੜ੍ਹਾਂ ਦੀ ਸਥਿਤੀ 'ਚ ਲੋਕਾਂ ਨੂੰ ਕੋਈ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ : ਬੁੱਧ ਰਾਮ

## ਵਿਧਾਇਕ ਨੇ ਚਾਂਦਪੁਰਾ ਬੰਨ੍ਹ 'ਤੇ ਘੱਗਰ ਦੀ ਸਥਿਤੀ ਦਾ ਲਿਆ ਜਾਇਜ਼ਾ



**ਮਾਨਸਾ/ਬੁੱਢਲਾਡਾ (ਆਤਮਾ ਸਿੰਘ ਪਮਾਰ/ਅਸ਼ੋਕ ਲਾਕੜਾ)**-ਮੁੱਖ ਮੰਤਰੀ ਸ੍ਰ. ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਅੰਦਰ ਹੜ੍ਹਾਂ ਦੀ ਸਥਿਤੀ 'ਤੇ ਪਲ ਪਲ ਦੀ ਨਜ਼ਰ ਰੱਖੀ ਜਾ ਰਹੀ ਹੈ ਤੇ ਲੋਕਾਂ ਨੂੰ ਕਿਸੇ ਕਿਸਮ ਦੀ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ। ਕੈਬਨਿਟ ਮੰਤਰੀ, ਵਿਧਾਇਕ ਤੇ ਪ੍ਰਸ਼ਾਸਨਕ ਅਧਿਕਾਰੀ ਸੂਬੇ ਦੇ ਹੜ੍ਹਾਂ ਵਾਲੇ ਸ਼ਹਿਰਾਂ ਵਿੱਚ ਹੜ੍ਹ ਪੀੜਤਾਂ ਦੀ ਮਦਦ ਲਈ ਰਾਹਤ ਕਾਰਜਾਂ ਵਿੱਚ ਜੁਟੇ ਹੋਏ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਵਿਧਾਇਕ ਹਲਕਾ ਬੁਢਲਾਡਾ ਪ੍ਰਿੰਸੀਪਲ ਬੁੱਧ ਰਾਮ ਨੇ ਚਾਂਦਪੁਰਾ ਬੰਨ੍ਹ 'ਤੇ ਘੱਗਰ ਦੀ ਸਥਿਤੀ ਦਾ ਜਾਇਜ਼ਾ ਲੈਣ ਮੌਕੇ ਕੀਤਾ। ਉਨ੍ਹਾਂ ਦੱਸਿਆ ਕਿ ਭਾਵੇਂ ਜ਼ਿਲ੍ਹਾ ਮਾਨਸਾ ਵਿੱਚ ਬਾਰਸ਼ ਨਾਲ ਕੋਈ ਨੁਕਸਾਨ ਨਹੀਂ ਹੋਇਆ ਹੈ, ਪ੍ਰੰਤੂ ਹਿਮਾਚਲ ਪ੍ਰਦੇਸ਼ 'ਚ ਹੋਈ ਬਾਰਸ਼ ਕਾਰਨ ਹੜ੍ਹਾਂ ਦੀ ਸਥਿਤੀ ਪੈਦਾ ਹੋਈ ਹੈ, ਜਿਸ ਨਾਲ ਨਜਿੱਠਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋੜੀਂਦੇ ਪ੍ਰਬੰਧ ਕੀਤੇ ਹੋਏ ਹਨ। ਉਨ੍ਹਾ ਦੱਸਿਆ ਕਿ ਚਾਂਦਪੁਰਾ ਬੰਨ੍ਹ 'ਤੇ ਘੱਗਰ ਵਿੱਚ ਕੇਲੀ ਬੂਟੀ ਜਾਂ ਦਰੱਖ਼ਤਾਂ ਦੇ ਟਾਹਣੇ ਫਸ ਜਾਂਦੇ ਹਨ, ਨੂੰ ਕੱਢਣ ਲਈ ਦੋ ਪੋਕਲੇਨ ਮਸ਼ੀਨਾਂ ਲਗਾਈਆਂ ਗਈਆਂ ਹਨ। ਡਰੇਨਜ਼ ਵਿਭਾਗ ਦੇ ਅਧਿਕਾਰੀ ਇਸ ਕਾਰਜ ਮੌਕੇ ਤਾਇਨਾਤ ਹਨ। ਪੰਜਾਬ ਵਿੱਚ ਦੁਆਬੇ ਤੇ ਮਾਝੇ ਇਲਾਕੇ 'ਚ ਜੋ ਨੁਕਸਾਨ ਹੋਇਆ ਹੈ, ਉਸ ਦੀ ਪੂਰਤੀ ਲਈ ਭਗਵੰਤ ਮਾਨ ਸਰਕਾਰ ਵੱਲੋਂ ਹਰ ਸੰਭਵ ਯਤਨ ਜਾਰੀ ਹਨ। ਉਨ੍ਹਾ ਲੋਕਾਂ ਨੂੰ ਅਪੀਲ ਕੀਤੀ ਕਿ ਹੜ੍ਹ ਪੀੜਤ ਲੋਕਾਂ ਦੀ ਮਦਦ ਲਈ ਆਪਣੇ ਵਿੱਤ ਅਨੁਸਾਰ ਅੱਗੇ ਆਉਣ। ਉਨ੍ਹਾ ਕਿਹਾ ਕਿ ਲੋਕਾਂ ਨੂੰ ਅਫਵਾਹਾਂ 'ਤੇ ਯਕੀਨ ਨਹੀਂ ਕਰਨਾ ਚਾਹੀਦਾ। ਸਰਕਾਰ ਉਨ੍ਹਾਂ ਤੱਕ ਖੁਦ ਸਹੀ ਜਾਣਕਾਰੀ ਮੁਹੱਈਆ ਕਰਾਏਗੀ। ਇਸ ਮੌਕੇ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਚਰਨਜੀਤ ਸਿੰਘ ਅੱਕਾਂਵਾਲੀ, ਜ਼ਿਲ੍ਹਾ ਪ੍ਰਧਾਨ ਆਪ, ਸੋਹਣਾ ਸਿੰਘ ਕਲੀਪੁਰ ਚੇਅਰਮੈਨ ਸੈਂਟਰਲ ਕੋਆਪ੍ਰੇਟਿਵ ਬੈਂਕ ਮਾਨਸਾ, ਨਾਇਬ ਤਹਿਸੀਲਦਾਰ ਬਲਕਾਰ ਸਿੰਘ, ਵਪਾਰ ਵਿੰਗ ਦੇ ਪ੍ਰਧਾਨ ਹਰਵਿੰਦਰ ਸਿੰਘ ਸੇਖੋਂ, ਚਮਕੌਰ ਸਿੰਘ ਖੁਡਾਲ, ਚੇਅਰਮੈਨ, ਮਾਰਕੀਟ ਕਮੇਟੀ ਬਰੇਟਾ, ਰਮਨ ਗੁੜੱਦੀ, ਦਲਜੀਤ ਭਾਦੜਾ, ਬਲਦੇਵ ਸਿੰਘ ਅੱਕਾਂਵਾਲੀ, ਗੁਰਮੀਤ ਸਿੰਘ ਪਟਵਾਰੀ ਤੋਂ ਇਲਾਵਾ ਪਿੰਡ ਕੁੱਲਰੀਆਂ, ਗੋਰਖਨਾਥ ਦੇ ਆਮ ਆਦਮੀ ਪਾਰਟੀ ਦੇ ਵਰਕਰ ਹਾਜ਼ਰ ਸਨ।

# ਆਈ ਆਈ ਐੱਮ ਸੀ ਦੇ ਵਿਦਿਆਰਥੀਆਂ ਤੋਂ ਬਿਨਾਂ ਭਾਰਤੀ ਪੱਤਰਕਾਰੀ ਅਧੂਰੀ : ਪ੍ਰੋ. ਦਿਵੇਦੀ



ਭਾਰਤੀ ਜਨ ਸੰਚਾਰ ਸੰਸਥਾਨ ਦੇ ਡਾਇਰੈਕਟਰ ਜਨਰਲ ਪ੍ਰੋ. ਸੰਜੇ ਦਿਵੇਦੀ ਦੀ ਵਿਦਾਇਗੀ ਮੌਕੇ।

**ਜੈਤੋ (ਸਤੀਸ਼ ਕੁਮਾਰ ਭੋਰੀ)**-ਇੰਡੀਅਨ ਇੰਸਟੀਚਿਊਟ ਆਫ ਮਾਸ ਕਮਿਊਨੀਕੇਸ਼ਨ ਦੇ ਡਾਇਰੈਕਟਰ ਜਨਰਲ ਪ੍ਰੋ. (ਡਾ.) ਸੰਜੇ ਦਿਵੇਦੀ ਦਾ ਵਿਦਾਇਗੀ ਸਮਾਗਮ ਕਰਵਾਇਆ ਗਿਆ। ਇਸ ਮੌਕੇ ਪ੍ਰੋ. ਦਿਵੇਦੀ ਨੇ ਕਿਹਾ ਕਿ ਆਈ ਆਈ ਐੱਮ ਸੀ ਦੇ ਅਧਿਆਪਕ ਤੇ ਵਿਦਿਆਰਥੀ ਮਿਲ ਕੇ ਪੱਤਰਕਾਰੀ ਦਾ ਨਵਾਂ ਅਧਿਆਏ ਲਿਖ ਸਕਦੇ ਹਨ। ਭਾਰਤੀ ਪੱਤਰਕਾਰੀ ਦਾ ਇਤਿਹਾਸ ਆਈ ਆਈ ਐੱਮ ਸੀ ਦੇ ਵਿਦਿਆਰਥੀਆਂ ਤੋਂ ਬਿਨਾਂ ਅਧੂਰਾ ਹੈ। ਆਪਣੀ ਪ੍ਰਤਿਭਾ ਨਾਲ ਇੰਡੀਅਨ ਇੰਸਟੀਚਿਊਟ ਆਫ ਮਾਸ ਕਮਿਊਨੀਕੇਸ਼ਨ ਦੇ ਵਿਦਿਆਰਥੀਆਂ ਨੇ ਪੂਰੀ ਦੁਨੀਆ ਵਿੱਚ ਸੰਸਥਾ ਦਾ ਨਾਂਅ ਰੌਸ਼ਨ ਕੀਤਾ ਹੈ। ਵਧੀਕ ਡਾਇਰੈਕਟਰ ਜਨਰਲ ਡਾ. ਨਿਮਿਸ ਰੁਸਤਗੀ ਤੇ ਡੀਨ (ਅਕਾਦਮਿਕ) ਪ੍ਰੋ. ਗੋਵਿੰਦ ਸਿੰਘ ਸਮੇਤ ਸਮੂਹ ਫੈਕਲਟੀ ਮੈਂਬਰ, ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ। ਇੰਡੀਅਨ ਇੰਸਟੀਚਿਊਟ ਆਫ ਮਾਸ ਕਮਿਊਨੀਕੇਸ਼ਨ (ਆਈ.ਆਈ.ਐੱਮ.ਸੀ.) ਨਵੀਂ ਦਿੱਲੀ ਨੂੰ ਦੇਸ਼ ਦੇ ਸਰਵੋਤਮ ਮੀਡੀਆ ਇੰਸਟੀਚਿਊਟ ਵਜੋਂ ਬਰਕਰਾਰ ਰੱਖਣ ਦੇ ਉਦੇਸ਼ ਨਾਲ ਡਾਇਰੈਕਟਰ ਜਨਰਲ ਪ੍ਰੋ. ਸੰਜੇ ਦਿਵੇਦੀ ਦੇ ਕਾਰਜਕਾਲ ਨੂੰ ਯਾਦ ਕੀਤਾ ਜਾਵੇਗਾ। ਉਹ ਤਿੰਨ ਸਾਲਾਂ ਲਈ ਸੰਸਥਾ ਦੇ ਡਾਇਰੈਕਟਰ ਜਨਰਲ ਰਹੇ ਹਨ। ਉਨ੍ਹਾਂ ਦਾ ਕਾਰਜਕਾਲ 12 ਜੁਲਾਈ 2023 ਨੂੰ ਖਤਮ ਹੋ ਰਿਹਾ ਹੈ। ਪਿਛਲੇ ਤਿੰਨ ਸਾਲਾਂ ਵਿੱਚ ਹੋਏ ਹਰੇਕ ਸਰਵੇਖਣ 'ਚ ਆਈ ਆਈ ਐੱਮ ਸੀ ਨੂੰ ਦੇਸ਼ ਦਾ ਸਰਵੋਤਮ ਮੀਡੀਆ ਸਿਖਲਾਈ ਸੰਸਥਾਨ ਚੁਣਿਆ ਗਿਆ ਹੈ। ਇਸ ਦਾ ਸਿਹਰਾ ਪ੍ਰੋ. ਦਿਵੇਦੀ ਦੀ ਕੁਸ਼ਲ ਪ੍ਰਸ਼ਾਸਕ ਤੇ ਤਾਲਮੇਲ ਵਾਲੀ ਸ਼ਖਸੀਅਤ ਹੈ।

ਆਪਣੇ ਕਾਰਜਕਾਲ ਦੌਰਾਨ ਪ੍ਰੋ. ਸੰਜੇ ਦਿਵੇਦੀ ਦੁਆਰਾ ਪ੍ਰਕਾਸ਼ਤ ਦੋ ਯੂ ਸੀ ਜੀ-ਕੇਅਰ ਸੂਚੀਬੱਧ ਖੋਜ ਰਸਾਲੇ 'ਸੰਚਾਰ ਮੀਡੀਅਮ' ਤੇ 'ਕਮਿਊਨੀਕੇਟਰ' ਨੂੰ ਮੁੜ ਲਾਂਚ ਕਰਦੇ ਹੋਏ ਦਿਵੇਦੀ ਨੇ ਤਿੰਨ ਨਵੇਂ ਰਸਾਲੇ 'ਰਾਜ ਭਾਸ਼ਾ ਵਿਮਰਸ', 'ਸੰਚਾਰ ਸਿਰਜਨ' ਤੇ 'ਆਈ ਆਈ ਐੱਮ ਸੀ ਨਿਊਜ਼' ਵੀ ਲਾਂਚ ਕੀਤੇ। ਜੰਮੂ ਤੇ ਅਮਰਾਵਤੀ 'ਚ ਹਿੰਦੀ ਪੱਤਰਕਾਰੀ ਦਾ ਕੋਰਸ ਸ਼ੁਰੂ ਕਰਨ ਤੋਂ ਇਲਾਵਾ ਪ੍ਰੋ. ਦਿਵੇਦੀ ਨੇ ਆਈਜੌਲ ਸਮੇਤ ਤਿੰਨ ਕੇਂਦਰਾਂ 'ਤੇ ਡਿਜੀਟਲ ਮੀਡੀਆ 'ਤੇ ਨਵਾਂ ਕੋਰਸ ਵੀ ਸ਼ੁਰੂ ਕੀਤਾ। ਇਸ ਤੋਂ ਇਲਾਵਾ ਉਨ੍ਹਾਂ ਨੇ 'ਫਰਾਈਡੇ ਡਾਇਲਾਗ' ਵਰਗਾ ਰਚਨਾਤਮਕ ਪ੍ਰਯੋਗ ਵੀ ਸ਼ੁਰੂ ਕੀਤਾ, ਜੋ ਵਿਦਿਆਰਥੀਆਂ ਵਿੱਚ ਬਹੁਤ ਹਰਮਨ ਪਿਆਰਾ ਰਿਹਾ। ਸੋਸ਼ਲ ਮੀਡੀਆ ਰਾਹੀਂ ਆਈ ਆਈ ਐੱਮ ਸੀ ਦੀ ਪਛਾਣ ਦਾ ਵਿਸਤਾਰ ਕਰਦਿਆਂ ਪ੍ਰੋ. ਦਿਵੇਦੀ ਦੀ ਵੱਡੀ ਭੂਮਿਕਾ ਰਹੀ ਹੈ। ਟਾਊਨ ਆਫੀਸ਼ੀਅਲ ਲੈਂਗੂਏਜ ਇੰਪਲੀਮੈਂਟੇਸ਼ਨ ਕਮੇਟੀ ਦੱਖਣੀ ਦਿੱਲੀ ਦੇ ਚੇਅਰਮੈਨ ਵਜੋਂ ਪ੍ਰੋ. ਦਿਵੇਦੀ ਨੇ 76 ਸੰਸਥਾਵਾਂ ਨੂੰ ਹਿੰਦੀ ਵਿੱਚ ਕੰਮ ਕਰਨ ਲਈ ਪ੍ਰੇਰਿਤ ਕੀਤਾ।

# ਹੜ੍ਹ ਪੀੜਤ ਪਿੰਡਾਂ ਲਈ ਕਾਤਰੋਂ ਵਾਸੀਆਂ ਨੇ ਭੇਜਿਆ ਰਾਸ਼ਨ



**ਧੂਰੀ (ਸੁਖਦੇਵ ਧੂਰੀ)**-ਪੰਜਾਬ ਵਿੱਚ ਵੱਡੀ ਪੱਧਰ 'ਤੇ ਹੜ੍ਹ ਆਉਣ ਕਾਰਨ ਲੋਕਾਂ ਦੀ ਰੋਜ਼ਾਨਾ ਦੀ ਜ਼ਿੰਦਗੀ ਬਹੁਤ ਪ੍ਰਭਾਵਿਤ ਹੋਈ ਹੈ ਤੇ ਕਾਫੀ ਜ਼ਿਆਦਾ ਪਾਣੀ ਆਉਣ ਕਾਰਨ ਪਿੰਡਾਂ ਤੇ ਸ਼ਹਿਰਾਂ ਦੇ ਲੋਕਾਂ ਦੇ ਵਿੱਚ ਭੁੱਖਮਰੀ ਪੈਦਾ ਹੋਣੀ ਸ਼ੁਰੂ ਹੋ ਗਈ ਹੈ ਤੇ ਪੰਜਾਬ ਦੇ ਲੋਕੀਂ ਤਾਂ ਜਦੋਂ ਹੋਰ ਸੂਬਿਆਂ 'ਤੇ ਮੁਸੀਬਤ ਆਉਂਦੀ ਹੈ ਤੇ ਪਹਿਲਾਂ ਜਾ ਕੇ ਲੋਕਾਂ ਦੀ ਹਰ ਪੱਖੋਂ ਸੇਵਾ ਕਰਦੇ ਹਨ। ਪਰਮਿੰਦਰ ਸਿੰਘ ਪੁੰਨੂੰ ਕਾਤਰੋਂ ਨੇ ਦੱਸਿਆ ਕਿ ਬਾਬਾ ਨਰਿੰਜਣ ਦਾਸ ਜੀ ਦੀ ਰਹਿਨੁਮਾਈ ਹੇਠ ਤੇ ਬਾਬਾ ਬੂਟਾ ਜੀ ਦੇ ਸਹਿਯੋਗ ਨਾਲ ਸਾਡੇ ਪਿੰਡ ਕਾਤਰੋਂ ਦੇ ਕਲੱਬ ਦੇ ਪ੍ਰਧਾਨ ਗੁਰਵਿੰਦਰ ਸਿੰਘ ਮਿੱਠੀ ਕਾਤਰੋਂ ਤੇ ਪਿੰਡ ਦੇ ਸਰਪੰਚ ਬਹਾਦਰ ਸਿੰਘ ਤੇ ਸਮੂਹ ਪੰਚਾਇਤ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਹੜ੍ਹ ਪੀੜਤ ਪਿੰਡਾਂ ਲਈ ਖਾਣ-ਪੀਣ ਵਾਲਾ ਰਾਸ਼ਨ ਲੈ ਕੇ ਖੁਦ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਵੰਡ ਕੇ ਆਏ। ਇਸ ਵਿੱਚ ਰਾਸ਼ਨ ਵਿੱਚ ਪੀਣ ਵਾਲਾ ਪਾਣੀ, ਸੁੱਕਾ ਦੁੱਧ, ਗੁੜ, ਚਨੇ, ਰਸ ਤੇ ਬਿਸਕੁੱਟ ਵੱਡੀ ਮਾਤਰਾ ਵਿੱਚ ਭੇਜੇ ਗਏ। ਇਸ ਮੌਕੇ ਉਨ੍ਹਾਂ ਹੋਰ ਵੀ ਪੰਜਾਬੀ ਭਾਈਚਾਰੇ ਨੂੰ ਬੇਨਤੀ ਕੀਤੀ ਕਿ ਜੋ ਪਿੰਡ ਤੇ ਸ਼ਹਿਰ ਦੇ ਲੋਕਾਂ ਤੇ ਫਸਲਾਂ ਦਾ ਵੱਡੀ ਪੱਧਰ 'ਤੇ ਨੁਕਸਾਨ ਹੋ ਚੁੱਕਾ ਹੈ, ਇਸ ਨੂੰ ਆਪਾਂ ਸਾਰੇ ਇੱਕਮੁੱਠ ਹੋ ਕੇ ਨਜਿੱਠਿਆ ਜਾਵੇ ਤੇ ਜਿੰਨੀ ਵੀ ਹੋ ਸਕਦੀ ਹੜ੍ਹ ਪੀੜਤ ਪਰਿਵਾਰਾਂ ਦੀ ਮਦਦ ਕੀਤੀ ਜਾਵੇ। ਇਸ ਮੌਕੇ ਪੰਚ ਦਰਸ਼ਨ ਸਿੰਘ, ਸੂਬੇਦਾਰ ਬਲਦੇਵ ਸਿੰਘ, ਤਾਰਾ ਸਿੰਘ, ਜਗਜੀਤ ਸਿੰਘ ਜੱਗੀ ਸੂਬੇਦਾਰ, ਭੋਲਾ ਸਿੰਘ, ਅਮਨ ਬਾਗੜੀ, ਸਿਮਰਦੀਪ ਸਿੰਮੀ ਵੀ ਹਾਜ਼ਰ ਸਨ।

# ਹੁਸੈਨੀਵਾਲਾ ਹੈੱਡਵਰਕਸ ਤੋਂ ਛੱਡਿਆ 1,99,872 ਕਿਊਸਿਕ ਪਾਣੀ, ਸਥਿਤੀ ਕਾਬੂ ਹੇਠ



**ਫਾਜ਼ਿਲਕਾ (ਨਿਸ਼ਾ ਸ਼ਰਮਾ)**

ਹੁਸੈਨੀਵਾਲਾ ਹੈੱਡਵਰਕਸ ਤੋਂ ਬੁੱਧਵਾਰ ਦੀ ਸ਼ਾਮ 7 ਵਜੇ 1,99,872 ਕਿਊਸਿਕ ਪਾਣੀ ਛੱਡਿਆ ਗਿਆ। ਇਹ ਜਾਣਕਾਰੀ ਫਾਜ਼ਿਲਕਾ ਦੇ ਡਿਪਟੀ ਕਮਿਸ਼ਨਰ ਡਾ: ਸੇਨੂ ਦੁੱਗਲ ਨੇ ਦਿੱਤੀ ਹੈ। ਓਧਰ ਬੁੱਧਵਾਰ ਦੀ ਸ਼ਾਮ ਫਾਜ਼ਿਲਕਾ ਦੇ ਵਿਧਾਇਕ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਤੇ ਡਿਪਟੀ ਕਮਿਸ਼ਨਰ ਡਾ: ਸੇਨੂ ਦੁੱਗਲ ਨੇ ਕੌਮਾਂਤਰੀ ਸਰਹੱਦ ਨਾਲ ਅਗਲੇਰੀਆਂ ਚੌਕੀਆਂ ਤੱਕ ਜਾ ਕੇ ਲੋਕਾਂ ਦੀ ਹੌਸਲਾ ਅਫਜ਼ਾਈ ਕੀਤੀ। ਇਸ ਮੌਕੇ ਉਨ੍ਹਾਂ ਦੱਸਿਆ ਕਿ ਫਿਲਹਾਲ ਫਾਜ਼ਿਲਕਾ ਜ਼ਿਲ੍ਹੇ ਵਿੱਚ ਸਥਿਤੀ ਪੂਰੀ ਤਰ੍ਹਾਂ ਨਾਲ ਕਾਬੂ ਹੇਠ ਹੈ, ਪਰ ਵੀਰਵਾਰ ਦਾ ਦਿਨ ਹੋਰ ਚਿੰਤਾ ਵਾਲਾ ਹੈ। ਇਸ ਦੌਰਾਨ ਉਨ੍ਹਾ ਨੇ ਵੱਖ ਵੱਖ ਥਾਂਵਾਂ 'ਤੇ ਰਾਹਤ ਕਾਰਜਾਂ ਲਈ ਅਗੇਤੇ ਪ੍ਰਬੰਧ ਕਰ ਰਹੀਆਂ ਟੀਮਾਂ ਨਾਲ ਵੀ ਉਨ੍ਹਾਂ ਨੇ ਗੱਲਬਾਤ ਕੀਤੀ ਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਜਿੱਥੇ ਪ੍ਰਬੰਧ ਕਰ ਰਹੇ ਵਿਭਾਗ ਚੌਕਸ ਤੇ ਮੁਸਤੈਦ ਵਿਖਾਈ ਦਿੱਤੇ, ਉਥੇ ਹੀ ਸਰਹੱਦੀ ਲੋਕਾਂ ਦੇ ਹੌਸਲੇ ਬੁਲੰਦ ਵਿਖਾਈ ਦਿੱਤੇ ਤੇ ਉਨ੍ਹਾਂ ਨੇ ਪ੍ਰਸ਼ਾਸਨ ਨਾਲ ਇਕਜੁੱਟਤਾ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਵਿਧਾਇਕ ਤੇ ਡਿਪਟੀ ਕਮਿਸ਼ਨਰ ਨੇ ਕਾਂਵਾਂ ਵਾਲੀ ਪੁਲ ਦਾ ਦੌਰਾ ਕੀਤਾ, ਜਿੱਥੇ ਹਾਲੇ ਵੀ ਪਾਣੀ ਪੁਲ ਦੀ ਛੱਤ ਤੋਂ ਢਾਈ ਫੁੱਟ ਨੀਵਾਂ ਵਹਿ ਰਿਹਾ ਹੈ ਤੇ ਸਤਲੁਜ ਦੀ ਇਸ ਕਰੀਕ ਦਾ ਪਾਣੀ ਇੱਥੇ ਕਿਨਾਰਿਆਂ ਦੇ ਅੰਦਰ ਹੀ ਹੈ। ਇਸ ਦੌਰਾਨ ਉਨ੍ਹਾਂ ਨੇ ਸਰਹੱਦੀ ਪਿੰਡਾਂ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪ੍ਰਸ਼ਾਸਨ ਵੱਲੋਂ ਖਤਰੇ ਦਾ ਸੰਦੇਸ਼ ਮਿਲਣ 'ਤੇ ਤੁਰੰਤ ਸੁਰੱਖਿਅਤ ਥਾਂਵਾਂ 'ਤੇ ਆ ਜਾਣ ਤੇ ਇਕ ਦੋ ਦਿਨ ਤਾਰ ਪਾਰ ਖੇਤੀ ਲਈ ਨਾ ਜਾਣ। ਡਿਪਟੀ ਕਮਿਸ਼ਨਰ ਨੇ ਜਲ ਸ੍ਰੋਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਨਦੀ ਵਿੱਚ ਜਲ ਦੇ ਵਹਾਅ 'ਤੇ ਤਿੱਖੀ ਨਜ਼ਰ ਰੱਖੀ ਜਾਵੇ ਤੇ ਕਿਸੇ ਵੀ ਸੰਭਾਵੀ ਖਤਰੇ ਤੋਂ ਲੋਕਾਂ ਨੂੰ ਨਾਲੋ ਨਾਲ ਜਾਣੂ ਕਰਵਾਇਆ ਜਾਵੇ।

ਇਸ ਮੌਕੇ ਵਿਧਾਇਕ ਸਵਨਾ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ: ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਹੜ੍ਹ ਰਾਹਤ ਪ੍ਰਬੰਧਾਂ ਲਈ ਪੂਰੇ ਇੰਤਜ਼ਾਮ ਕੀਤੇ ਗਏ ਹਨ, ਤਾਂ ਹੀ ਹਾਲੇ ਤੱਥ ਸਥਿਤੀ ਕਾਬੂ ਹੇਠ ਹੈ। ਉਨ੍ਹਾ ਲੋਕਾਂ ਨੂੰ ਕਿਸੇ ਵੀ ਘਬਰਾਹਟ ਵਿੱਚ ਨਾ ਆਉਣ, ਪਰ ਪ੍ਰਸ਼ਾਸਨ ਤੇ ਬੀ ਐੱਸ ਐੱਫ ਵੱਲੋਂ ਦੱਸੇ ਖਤਰੇ ਅਨੁਸਾਰ ਸੁਰੱਖਿਅਤ ਥਾਂ ਆਉਣ ਦੀ ਅਪੀਲ ਕੀਤੀ। ਇਸ ਮੌਕੇ ਏ ਡੀ ਸੀ ਜਨਰਲ ਅਵਨੀਤ ਕੌਰ, ਏ ਡੀ ਸੀ ਵਿਕਾਸ ਅਮਿਤ ਪੰਚਾਲ, ਐੱਸ ਡੀ ਐੱਮ ਅਕਾਸ਼ ਬਾਂਸਲ, ਤਹਿਸੀਲਦਾਰ ਸੁਖਦੇਵ ਸਿੰਘ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਵਿਭਾਗੀ ਅਧਿਕਾਰੀ ਯੂਨੀਅਨ ਨਾਲ ਲਿਖਤੀ ਰੂਪ 'ਚ ਕੀਤੇ ਵਾਅਦਿਆਂ ਤੋਂ ਭੱਜੇ ?

## ਅੱਜ ਸੂਬੇ ਭਰ 'ਚ ਸਰਕਾਰ ਤੇ ਮੈਨੇਜਮੈਂਟ ਖਿਲਾਫ ਕੀਤੇ ਜਾਣਗੇ ਅਰਥੀ ਫੂਕ ਮੁਜ਼ਾਹਰੇ : ਬੁੱਢੇਵਾਲ



ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੇ ਸੂਬਾ ਆਗੂ ਕੁਲਦੀਪ ਸਿੰਘ ਬੁੱਢੇਵਾਲ, ਹਾਕਮ ਸਿੰਘ ਧਨੇਠਾ, ਸਤਨਾਮ ਸਿੰਘ ਫਲੀਆਂਵਾਲਾ ਤੇ ਭੁਪਿੰਦਰ ਸਿੰਘ ਕੁਤਬੇਵਾਲ ਜਾਣਕਾਰੀ ਦਿੰਦੇ।

**ਜਲਾਲਾਬਾਦ (ਜੀਤ ਕੁਮਾਰ)**-ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਵੱਲੋਂ ਉਲੀਕੇ ਹੋਏ ਪ੍ਰੋਗਰਾਮ ਤਹਿਤ ਸ਼ੁੱਕਰਵਾਰ ਨੂੰ ਸਾਰੇ ਪੰਜਾਬ ਵਿੱਚ ਡਵੀਜ਼ਨ ਤੇ ਸਬ ਡਵੀਜ਼ਨ ਪੱਧਰ 'ਤੇ ਪੰਜਾਬ ਸਰਕਾਰ ਤੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੀ ਮੈਨੇਜਮੈਂਟ ਖਿਲਾਫ ਅਰਥੀ ਫੂਕ ਪ੍ਰਦਰਸ਼ਨ ਕੀਤੇ ਜਾਣਗੇ, ਜਿਸ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ ਅਤੇ ਜਲ ਸਪਲਾਈ ਵਿਭਾਗ ਦੇ ਇਨਲਿਸਟਮੈਂਟ ਅਤੇ ਆਊਟਸੋਰਸ ਵਰਕਰ ਪੂਰੇ ਉਤਸ਼ਾਹ ਨਾਲ ਹਿੱਸਾ ਲੈਣਗੇ। ਇਹ ਜਾਣਕਾਰੀ ਇਥੇ ਸੂਬਾ ਜਨਰਲ ਸਕੱਤਰ ਕੁਲਦੀਪ ਸਿੰਘ ਬੁੱਢੇਵਾਲ, ਸੂਬਾ ਸੀਨੀਅਰ ਮੀਤ ਪ੍ਰਧਾਨ ਹਾਕਮ ਸਿੰਘ ਧਨੇਠਾ, ਸੂਬਾ ਪ੍ਰੈੱਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ, ਸੂਬਾ ਮੀਤ ਪ੍ਰਧਾਨ ਭੁਪਿੰਦਰ ਸਿੰਘ ਕੁਤਬੇਵਾਲ ਤੇ ਖਜ਼ਾਨਚੀ ਰੁਪਿੰਦਰ ਸਿੰਘ ਫਿਰੋਜ਼ਪੁਰ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਦਿੱਤੀ। ਉਨ੍ਹਾ ਕਿਹਾ ਕਿ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਪੰਜਾਬ ਵਿੱਚ ਪਿਛਲੇ ਸਾਲਾਂਬੱਧੀ ਅਰਸੇ ਤੋਂ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਤੇ ਆਊਟਸੋਰਸ ਵਰਕਰਾਂ ਨੂੰ ਵਿਭਾਗ 'ਚ ਮਰਜ ਕਰਕੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰਨ ਦੀ ਯੂਨੀਅਨ ਦੀ ਪ੍ਰਮੁੱਖ ਮੰਗ ਦਾ ਹੱਲ ਕਰਨ ਲਈ ਪੰਜਾਬ ਸਰਕਾਰ ਦੇ ਆਦੇਸ਼ਾਂ ਤਹਿਤ ਜਸਸ ਵਿਭਾਗ ਦੇ ਅਧਿਕਾਰੀਆਂ ਵੱਲੋਂ ਤਿਆਰ ਕੀਤੀ ਗਈ ਪ੍ਰੋਪੋਜ਼ਲ (ਤਜਵੀਜ਼) ਨੂੰ ਲਾਗੂ ਕਰਵਾਉਣ ਲਈ ਸਰਕਾਰ ਦੀ ਕੈਬਨਿਟ ਸਬ-ਕਮੇਟੀ ਕੋਲ ਭੇਜਣ, ਪੇਂਡੂ ਜਲ ਸਪਲਾਈ ਸਕੀਮਾਂ ਚਲਾਉਣ ਲਈ 48 ਘੰਟਿਆਂ ਦੀ ਟ੍ਰੇਨਿੰਗ ਮਗਨਰੇਗਾ, ਐੱਸ.ਐੱਚ.ਜੀ. ਤੇ ਪੀ.ਐੱਮ.ਏ.ਵਾਈ. (ਜੀ) ਦੇ ਪਰਿਵਾਰਕ ਮੈਂਬਰਾਂ ਨੂੰ ਕਰਵਾਉਣ ਦੇ ਫੈਸਲੇ ਨੂੰ ਤੁਰੰਤ ਵਾਪਸ ਲੈਣ ਦੀ ਮੰਗ ਲਈ ਯੂਨੀਅਨ ਵੱਲੋਂ 6 ਜੁਲਾਈ 2023 ਨੂੰ ਸਰਕਾਰ ਤੇ ਵਿਭਾਗੀ ਅਧਿਕਾਰੀਆਂ ਨੂੰ ਨੋਟਿਸ ਭੇਜ ਕੇ 11 ਜੁਲਾਈ ਤੋਂ 14 ਜੁਲਾਈ 2023 ਤੱਕ ਪੰਜਾਬ ਭਰ ਵਿੱਚ ਲਗਾਤਾਰ ਪੰਜਾਬ ਸਰਕਾਰ ਤੇ ਵਿਭਾਗ ਦੀ ਮੈਨੇਜਮੈਂਟ ਖਿਲਾਫ ਅਰਥੀ ਫੂਕ ਪ੍ਰਦਰਸ਼ਨ ਕਰਨ ਦਾ ਐਲਾਨ ਕੀਤਾ ਗਿਆ ਸੀ, ਜਿਸ 'ਤੇ ਉਸੇ ਦਿਨ ਹੀ ਡਿਪਟੀ ਡਾਇਰੈਕਟਰ (ਪ੍ਰਸ਼ਾਸਨ), ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਮੁੱਖ ਦਫਤਰ ਪਟਿਆਲਾ ਵੱਲੋਂ 6 ਜੁਲਾਈ 2023 ਨੂੰ ਪੱਤਰ ਜਾਰੀ ਕਰਕੇ ਯੂਨੀਅਨ ਨੂੰ ਮੰਗਾਂ-ਮਸਲਿਆਂ ਤੇ ਵਿਚਾਰ ਚਰਚਾ ਕਰਨ ਲਈ 12 ਜੁਲਾਈ 2023 ਨੂੰ ਵਿਭਾਗੀ ਮੁਖੀ, ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਮੋਹਾਲੀ ਦੇ ਨਾਲ ਮੀਟਿੰਗ ਦਾ ਸਮਾਂ ਤੈਅ ਕੀਤਾ ਗਿਆ ਸੀ। ਇਸ ਦੇ ਨਾਲ ਹੀ ਵਿਭਾਗ ਵੱਲੋਂ 6 ਜੁਲਾਈ ਨੂੰ ਇਕ ਹੋਰ ਚਿੱਠੀ ਜਾਰੀ ਕੀਤੀ ਗਈ ਸੀ ਕਿ ਉਕਤ ਜਥੇਬੰਦੀ ਦੀ ਵਿਭਾਗੀ ਮੁਖੀ, ਜਸਸ ਵਿਭਾਗ ਮੁਹਾਲੀ ਦੇ ਨਾਲ 26-06-2023 ਨੂੰ ਮਿਨੀ ਸਕੱਤਰਤ ਚੰਡੀਗੜ੍ਹ ਵਿਖੇ ਹੋਈ ਮੀਟਿੰਗ ਦੌਰਾਨ ਇਨਲਿਸਮੈਂਟ/ਆਊਟਸੋਰਸ ਵਰਕਰਾਂ ਨੂੰ ਵਿਭਾਗ ਵਿੱਚ ਸਿੱਧੇ ਤੌਰ 'ਤੇ ਕੰਟਰੈਕਟ ਤੇ ਲੈਣ ਸਬੰਧੀ ਵਿਭਾਗੀ ਰਿਪੋਰਟ (ਪਾਲਸੀ) 10 ਜੁਲਾਈ 2023 ਤੱਕ ਪ੍ਰਸੋਨਲ/ਵਿੱਤ ਵਿਭਾਗ ਪੰਜਾਬ ਸਰਕਾਰ ਨੂੰ ਭੇਜ ਦਿੱਤੀ ਜਾਵੇਗੀ, ਪਰ ਤ੍ਰਾਸਦੀ ਇਹ ਹੈ ਕਿ ਵਿਭਾਗ ਵੱਲੋਂ 7 ਜੁਲਾਈ 2023 ਨੂੰ ਇੱਕ ਹੋਰ ਚਿੱਠੀ ਜਾਰੀ ਕਰਕੇ ਵਿਭਾਗੀ ਮੁਖੀ ਦੇ ਨਾਲ 12 ਜੁਲਾਈ 2023 ਨੂੰ ਯੂਨੀਅਨ ਦੀ ਤੈਅ ਹੋਈ ਮੀਟਿੰਗ ਨੂੰ ਰੱਦ ਕਰਕੇ ਅਗਲੀ ਮੀਟਿੰਗ 14 ਜੁਲਾਈ 2023 ਕਰਨ ਦਾ ਸਮਾਂ ਦਿੱਤਾ ਗਿਆ, ਪਰ ਵਿਭਾਗ ਵੱਲੋਂ 11 ਜੁਲਾਈ 2023 ਨੂੰ ਪੱਤਰ ਜਾਰੀ ਕਰਕੇ 14 ਜੁਲਾਈ ਨੂੰ ਵਿਭਾਗੀ ਮੁਖੀ ਦੇ ਨਾਲ ਹੋਣ ਵਾਲੀ ਮੀਟਿੰਗ ਨੂੰ ਰੱਦ ਕਰ ਦਿੱਤਾ ਗਿਆ ਹੈ। ਇਸ ਦੇ ਨਾਲ ਹੀ ਵਿਭਾਗ ਵੱਲੋਂ ਲਿਖਤੀ ਰੂਪ ਵਿੱਚ ਤੈਅ ਕੀਤੇ ਸਮੇਂ ਵਿੱਚ ਇਨਲਿਸਟਮੈਂਟ/ਆਊਟਸੋਰਸ ਵਰਕਰਾਂ ਨੂੰ ਵਿਭਾਗ ਵਿੱਚ ਲੈਣ ਵਾਲੀ ਪਾਲਸੀ ਨੂੰ ਸਰਕਾਰ ਕੋਲ ਅਜੇ ਤੱਕ ਨਹੀਂ ਭੇਜਿਆ ਗਿਆ ਹੈ, ਜਿਸ ਦੇ ਰੋਸ ਵਜੋਂ ਯੂਨੀਅਨ ਵੱਲੋਂ ਪਹਿਲਾਂ ਤੋਂ ਤੈਅ ਕੀਤੇ ਪ੍ਰੋਗਰਾਮ ਤਹਿਤ 14 ਜੁਲਾਈ ਨੂੰ ਸਾਰੇ ਪੰਜਾਬ ਵਿੱਚ ਪੰਜਾਬ ਸਰਕਾਰ ਤੇ ਵਿਭਾਗ ਦੀ ਮੈਨੇਜਮੈਂਟ ਖਿਲਾਫ ਅਰਥੀ ਫੂਕ ਪ੍ਰਦਰਸ਼ਨ ਕੀਤੇ ਜਾਣਗੇ। ਇਸ ਅਰਥੀ ਫੂਕ ਪ੍ਰਦਰਸ਼ਨ ਦੌਰਾਨ ਜੇਕਰ ਫਿਰ ਵੀ ਮੈਨੇਜਮੈਂਟ ਵੱਲੋਂ ਵਰਕਰ ਵਿਰੋਧੀ ਚਿੱਠੀਆਂ ਜਾਰੀ ਕਰਕੇ ਲਏ ਜਾ ਰਹੇ ਫੈਸਲਿਆਂ ਨੂੰ ਤੁਰੰਤ ਵਾਪਸ ਨਾ ਲਿਆ ਗਿਆ ਤੇ ਜਲ ਸਪਲਾਈ ਵਿਭਾਗ ਦੇ ਇਨਲਿਸਟਮੈਂਟ/ਆਊਟਸੋਰਸ ਵਰਕਰਾਂ ਦੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰਨ ਵਾਲੀ ਪ੍ਰੋਪੋਜ਼ਲ ਸਰਕਾਰ ਦੀ ਕੈਬਨਿਟ ਸਬ-ਕਮੇਟੀ ਕੋਲ ਤੁਰੰਤ ਨਹੀਂ ਭੇਜੀ ਗਈ ਤਾਂ ਯੂਨੀਅਨ ਦੀ ਸੂਬਾ ਕਮੇਟੀ ਵੱਲੋਂ 16 ਜੁਲਾਈ 2023 ਨੂੰ ਲੁਧਿਆਣਾ ਈਸੜੂ ਭਵਨ ਵਿਖੇ ਮੀਟਿੰਗ ਕਰਨ ਉਪਰੰਤ ਤਿੱਖੇ ਸੰਘਰਸ਼ਾਂ ਦਾ ਐਲਾਨ ਕੀਤਾ ਜਾਵੇਗਾ, ਜਿਸ ਦੀ ਸਾਰੀ ਜ਼ੁੰਮੇਵਾਰੀ ਸਰਕਾਰ ਤੇ ਵਿਭਾਗੀ ਅਧਿਕਾਰੀਆਂ ਦੀ ਹੋਵੇਗੀ।

# ਡਾ. ਸ੍ਰਿਸ਼ਟੀ ਨੇ ਪਰਵਾਰ ਦਾ ਨਾਂਅ ਰੁਸ਼ਨਾਇਆ



**ਭਗਤਾ ਭਾਈ ਕਾ (ਰਜੀਵ ਗੋਇਲ) :** ਸਥਾਨਕ ਸ਼ਹਿਰ ਦੇ ਮਸ਼ਹੂਰ ਵਪਾਰੀ ਤੇ ਆੜ੍ਹਤੀਆ ਵਿਜੈ ਕੁਮਾਰ ਪੱਪੂ ਦੀ ਬੇਟੀ ਡਾ. ਸ੍ਰਿਸ਼ਟੀ ਗਰਗ ਵੱਲੋਂ ਯੂ.ਐੱਸ.ਐੱਮ.ਐੱਲ.ਈ. ਦਾ ਟੈਸਟ ਪਾਸ ਕਰਕੇ ਜਿੱਥੇ ਆਪਣਾ ਸੁਪਨਾ ਪੂਰਾ ਕੀਤਾ ਹੈ, ਉੱਥੇ ਹੀ ਆਪਣੇ ਦਾਦਾ ਸਵ. ਬਾਲ ਮੁਕੰਦ ਕੇਸਰਵਾਲੀਆ (ਸਾਬਕਾ ਸਰਪੰਚ) ਦਾ ਨਾਮ ਇਲਾਕੇ ਵਿੱਚ ਰੌਸ਼ਨ ਕੀਤਾ ਹੈ। ਜਾਣਕਾਰੀ ਦਿੰਦਿਆਂ ਡਾ. ਗਰਗ ਦੇ ਪਿਤਾ ਵਿਜੈ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੀ ਬੇਟੀ ਦਾ ਇਸ ਟੈਸਟ ਨੂੰ ਪਾਸ ਕਰਨ ਦਾ ਸੁਪਨਾ ਸੀ, ਜਿਹੜਾ ਉਸ ਵੱਲੋਂ ਕੀਤੀ ਗਈ ਮਿਹਨਤ ਤੇ ਪ੍ਰਮਾਤਮਾ ਦੇ ਆਸ਼ੀਰਵਾਦ ਸਦਕਾ ਅੱਜ ਪੂਰਾ ਹੋਇਆ ਹੈ। ਇਸ ਮੌਕੇ ਸੁਨੇਹੀਆਂ ਵੱਲੋਂ ਪਰਿਵਾਰ ਨੂੰ ਵਧਾਈਆਂ ਦਿੱਤੀਆਂ ਗਈਆਂ ਹਨ।

### ਭਗਤੀ ਭਜਨ ਗਰੁੱਪ ਦੀ ਮੀਟਿੰਗ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਭਗਤੀ ਭਜਨ ਗਰੁੱਪ ਦੀ ਮੀਟਿੰਗ ਧਰਮਪਾਲ ਬਾਂਸਲ (ਸੰਸਥਾਪਕ ਭਗਤੀ ਭਜਨ ਗਰੁੱਪ, ਡਾਇਰੈਕਟਰ ਸ਼ਹੀਦ ਭਗਤ ਸਿੰਘ ਕਾਲਜ ਆਫ ਨਰਸਿੰਗ ਫਿਰੋਜ਼ਪੁਰ) ਦੀ ਅਗਵਾਈ ਵਿੱਚ ਸ਼ਹੀਦ ਭਗਤ ਸਿੰਘ ਕਾਲਜ ਵਿਖੇ ਹੋਈ, ਜਿਸ ਵਿੱਚ ਸਾਵਣ ਸ਼ਿਵਰਾਤਰੀ ਦਾ ਉਤਸਵ ਮਨਾਉਣ ਲਈ ਵਿਚਾਰ ਕੀਤਾ ਗਿਆ। ਇਹ ਸਾਵਣ ਸ਼ਿਵਰਾਤਰੀ ਦਾ ਉਤਸਵ ਹਾਰਮਨੀ ਆਯੁਰਵੈਦਿਕ ਕਾਲਜ ਤੇ ਹਸਪਤਾਲ ਫਿਰੋਜ਼ਪੁਰ ਵਿਖੇ ਮਨਾਇਆ ਜਾਵੇਗਾ।

# ਪੈਨਸ਼ਨਰਾਂ 'ਤੇ ਲਾਇਆ ਜਜ਼ੀਆ ਟੈਕਸ ਨਿੰਦਣਯੋਗ : ਭਜਨ ਸਿੰਘ ਗਿੱਲ



ਮੀਟਿੰਗ ਨੂੰ ਸੰਬੋਧਨ ਕਰਦੇ ਜ਼ਿਲ੍ਹਾ ਪ੍ਰਧਾਨ ਭਜਨ ਸਿੰਘ ਗਿੱਲ।

**ਮੋਗਾ (ਅਮਰਜੀਤ ਬੱਬਰੀ)**-ਸੁਤੰਤਰਤਾ ਸੈਨਾਨੀ ਭਵਨ ਮੋਗਾ ਵਿਖੇ ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ ਭਜਨ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੀ ਸ਼ੁਰੂਆਤ ਸਵਰਗ ਸਿਧਾਰ ਗਏ ਪੈਨਸ਼ਨਰਜ਼ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਠਾਕੁਰ ਸਿੰਘ, ਪ੍ਰੇਮ ਸਾਗਰ ਸ਼ਰਮਾ ਕਨਵੀਨਰ ਮੁਲਾਜ਼ਮ ਪੈਨਸ਼ਨਰਜ਼ ਸਾਂਝਾ ਫਰੰਟ, ਸਾਬਕਾ ਅਧਿਆਪਕ ਆਗੂ ਪ੍ਰੀਤਮ ਸਿੰਘ ਗੋਂਦਾਰਾ, ਹਰਬਜਨ ਸਿੰਘ ਹੁੰਦਲ ਟ੍ਰੇਡ ਯੂਨੀਅਨ ਆਗੂ, ਸੋਨੀ ਪੁੱਤਰ ਦਰਸ਼ਨ ਸਿੰਘ ਰਾਜਿਆਣਾ, ਹਰਕੰਵਲ ਪ੍ਰੀਤ ਸਿੰਘ ਫੂਲੇ ਵਾਲਾ ਪੁੱਤਰ ਸਵ: ਮਾ: ਬਲਦੇਵ ਸਿੰਘ, ਰਣਜੀਤ ਕੌਰ ਖੋਟੇ, ਸਵਰਨ ਸਿੰਘ ਰਾਊਕੇ, ਨਸੀਬ ਕੌਰ ਦੇ ਬੇਟੇ ਅੰਗਰੇਜ਼ ਸਿੰਘ, ਦਲੀਪ ਕੌਰ ਨੰਗਲ ਤੇ ਗੁਰਚਰਨ ਸਿੰਘ ਪੱਤੋ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਜ਼ਿਲ੍ਹਾ ਜਨਰਲ ਸਕੱਤਰ ਸੁਖਮੰਦਰ ਸਿੰਘ ਨੇ ਪ੍ਰੈੱਸ ਨੂੰ ਦੱਸਿਆ ਕਿ ਪੰਜਾਬ ਸਰਕਾਰ ਦੁਆਰਾ ਪੈਨਸ਼ਨਰਾਂ 'ਤੇ ਲਾਏ ਡਿਵੈਲਪ ਟੈਕਸ ਨੂੰ ਜਜੀਆ ਟੈਕਸ ਕਹਿੰਦਿਆਂ ਇਸ ਦੀ ਸਖ਼ਤ ਨਿਖੇਧੀ ਕੀਤੀ ਤੇ ਮੰਗ ਕੀਤੀ ਕਿ ਪੈਨਸ਼ਨਰਾਂ 'ਤੇ ਲਾਇਆ ਟੈਕਸ ਵਾਪਸ ਲੈ ਕੇ ਵੱਡੇ ਕਾਰੋਬਾਰੀਆਂ ਤੇ ਉਨ੍ਹਾਂ ਦੀ ਆਮਦਨ ਮੁਤਾਬਕ ਟੈਕਸ ਲਗਾਇਆ ਜਾਵੇ ਅਤੇ ਜੀ ਐੱਸ ਟੀ ਟੈਕਸ ਦੀ ਚੋਰੀ ਕਰਨ ਵਾਲਿਆਂ 'ਤੇ ਸ਼ਕਿੰਜਾ ਕੱਸ ਕੇ ਸਰਕਾਰ ਦੀ ਆਮਦਨ 'ਚ ਵਾਧਾ ਕੀਤਾ ਜਾਵੇ। ਉਨ੍ਹਾਂ ਨੇ ਜ਼ਿਲ੍ਹੇ ਦੇ ਪੈਨਸ਼ਨਰਾਂ ਵੱਲੋਂ ਐੱਮ ਐੱਲ ਏ ਦੇ ਘਰਾਂ ਅੱਗੇ ਜਜੀਆ ਟੈਕਸ ਦੀਆਂ ਕਾਪੀਆਂ ਸਾੜਨ ਤੇ ਮੰਗ ਪੱਤਰ ਸੌਂਪਣ ਸਮੇਂ ਸ਼ਮੂਲੀਅਤ ਕਰਨ 'ਤੇ ਧੰਨਵਾਦ ਕੀਤਾ। ਲਾਲ ਸਿੰਘ ਢਿੱਲੋਂ, ਸੁਰਿੰਦਰ ਰਾਮ ਕੁੱਸਾ, ਚਮਕੌਰ ਸਿੰਘ ਸਰਾਂ, ਪ੍ਰੇਮ ਕੁਮਾਰ, ਬਿੱਕਰ ਸਿੰਘ ਮਾਛੀਕੇ, ਬਲਬੀਰ ਸਿੰਘ ਮੋਗਾ, ਕੇਹਰ ਸਿੰਘ ਕਿਸ਼ਨਪੁਰਾ, ਗੁਰਜੰਟ ਸਿੰਘ, ਸਰਬਜੀਤ ਦਾਉਧਰ, ਗੁਰਦੇਵ ਸਿੰਘ, ਜੋਰਾਵਰ ਸਿੰਘ, ਭੁਪਿੰਦਰ ਸਿੰਘ ਜੋਗੇ ਵਾਲਾ, ਹਜੂਰਾ ਸਿੰਘ ਘੱਲ ਕਲਾਂ, ਕੌਰ ਸਿੰਘ, ਬਲਵਿੰਦਰ ਸਿੰਘ ਗਿੱਲ ਆਗੂਆਂ ਨੇ ਸਰਕਾਰ ਦੁਆਰਾ ਪੈਨਸ਼ਨਰ ਮੰਗਾਂ ਬਾਰੇ ਧਾਰੀ ਸਾਜ਼ਿਸ਼ੀ ਚੁੱਪ ਦੀ ਨਿਖੇਧੀ ਕਰਦਿਆਂ ਮੰਗ ਕੀਤੀ ਕਿ ਚੋਣ ਵਾਅਦਿਆਂ ਮੁਤਾਬਕ ਪੈਨਸ਼ਨਰਾਂ ਨੂੰ 2.59 ਦਾ ਗੁਣਾਂਕ, ਨੋਸ਼ਨਲ ਸੋਧ ਵਿਧੀ, ਸਾਢੇ ਪੰਜ ਸਾਲ ਦਾ ਬਕਾਇਆ, ਪੈਨਸ਼ਨਰਾਂ ਦੇ ਇਲਾਜ ਲਈ ਕੈਸ਼ਲੈੱਸ ਹੈਲਥ ਸਕੀਮ, ਬੁਢਾਪੇ 'ਚ ਅੱਸੀ ਸਾਲ ਤੋਂ ਉੱਪਰ ਹੋਣ ਤੇ ਸਾਂਭ ਸੰਭਾਲ ਭੱਤਾ, ਡੀ ਏ ਦੀਆਂ ਕਿਸ਼ਤਾਂ ਦਾ ਬਕਾਇਆ ਤੇ ਮਹਿੰਗਾਈ ਭੱਤਾ 34% ਤੋਂ ਵਧਾ ਕੇ ਕੇਂਦਰ ਦੀ ਤਰਜ 'ਤੇ 42% ਕਰਕੇ ਪੈਨਸ਼ਨਰਾਂ ਦੀਆਂ ਮੰਗਾਂ ਦਾ ਨਿਪਟਾਰਾ ਕੀਤਾ ਜਾਵੇ। ਪੈਨਸ਼ਨਰਜ਼ ਆਗੂਆਂ ਨੇ ਮਤੇ ਪੇਸ਼ ਕਰਦਿਆਂ ਕੱਚੇ ਕਾਮਿਆਂ ਦੇ ਘੋਲ ਦੀ ਹਮਾਇਤ ਤੇ ਸਮਾਜ ਸੇਵੀ ਹੈਲਥ ਕਰਮਚਾਰੀ ਲੂੰਬਾ ਜੀ ਦੀ ਬਦਲੀ ਰੱਦ ਕਰਨ ਦੀ ਮੰਗ ਕੀਤੀ।

## ਘੱਗਰ ਦੇ ਤੇਜ਼ ਵਹਾਅ 'ਚ ਨੌਜਵਾਨ ਰੁੜ੍ਹਿਆ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਘੱਗਰ ਦਰਿਆ ਵਿੱਚ ਆਏ ਹੜ੍ਹਾਂ ਦੇ ਚਲਦਿਆਂ ਪਿੰਡ ਬਾਦਸ਼ਾਹਪੁਰ ਤੋਂ ਡੇਰਾ ਪਾੜਿਆਂ ਵਾਲੀ ਸੜਕ ਉੱਤੋਂ ਵਹਿੰਦੇ ਪਾਣੀ ਦੇ ਤੇਜ਼ ਬਹਾਅ ਵਿੱਚ ਇੱਕ 14 ਸਾਲਾ ਲੜਕਾ ਰੁੜ੍ਹ ਗਿਆ, ਜਿਸ ਦੀ ਭਾਲ ਲਈ ਦੋ ਕਿਸ਼ਤੀਆਂ 'ਤੇ ਪਿੰਡ ਵਾਸੀ ਤੇ ਐੱਨ ਡੀ ਆਰ ਐੱਫ ਦੀਆਂ ਟੀਮਾਂ ਜੁੜੀਆਂ ਹੋਈਆਂ ਹਨ, ਪਰ ਅਜੇ ਤੱਕ ਕੋਈ ਸਫਲਤਾ ਨਹੀਂ ਮਿਲੀ। ਜਾਣਕਾਰੀ ਅਨੁਸਾਰ ਅਕਾਸ਼ਦੀਪ ਸਿੰਘ ਪੁੱਤਰ ਲਛਮਣ ਸਿੰਘ ਲੜਕਾ ਘਰ ਤੋਂ ਕਿਸੇ ਕੰਮ ਲਈ ਡੇਰਾ ਪਾੜ੍ਹਿਆਂ ਵੱਲ ਆਪਣੇ ਇੱਕ ਹੋਰ ਸਾਥੀ ਨਾਲ ਜਾ ਰਿਹਾ ਸੀ, ਅਚਾਨਕ ਪੈਰ ਫਿਸਲ ਜਾਣ ਕਾਰਨ ਦੋਵੇਂ ਬੱਚੇ ਪਾਣੀ ਦੇ ਤੇਜ਼ ਬਹਾਅ ਦੀ ਚਪੇਟ 'ਚ ਆ ਗਏ। ਇੱਕ ਬੱਚੇ ਨੂੰ ਤੁਰੰਤ ਹੀ ਕੱਢ ਲਿਆ ਗਿਆ, ਜਦੋਂਕਿ ਦੂਸਰੇ ਦੀ ਭਾਲ ਲਈ ਦੋ ਕਿਸ਼ਤੀਆਂ ਰਾਹੀਂ ਪਿੰਡ ਵਾਸੀਆਂ ਤੇ ਐੱਨ ਡੀ ਆਰ ਐੱਫ ਦੀਆਂ ਟੀਮਾਂ ਜੁਟੀਆਂ ਹੋਈਆਂ ਹਨ, ਪਰ ਅਜੇ ਤੱਕ ਸਫਲਤਾ ਨਹੀਂ ਮਿਲੀ। ਇਸ ਦੌਰਾਨ ਪਿੰਡ ਦੇ ਲੋਕਾਂ ਦਾ ਰੋਸ ਹੈ ਕਿ ਪ੍ਰਸ਼ਾਸਨ ਦਾ ਕੋਈ ਵੀ ਅਧਿਕਾਰੀ ਜਾਂ ਕਰਮਚਾਰੀ ਇੱਥੇ ਨਹੀਂ ਬਹੁੜਿਆ। ਪਿੰਡ ਵਾਸੀਆਂ ਨੇ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਘੱਗਰ ਦਰਿਆ 'ਚ ਪਾੜ ਪੈਣ ਤੋਂ ਪਹਿਲਾਂ ਹੀ ਚੱਪੂ ਵਾਲੀਆਂ ਕਿਸ਼ਤੀਆਂ ਦਾ ਪ੍ਰਬੰਧ ਕੀਤਾ ਗਿਆ ਸੀ, ਪ੍ਰੰਤੂ ਉਨ੍ਹਾਂ ਨੂੰ ਚਲਾਉਣ ਵਾਲਾ ਕੋਈ ਨਹੀਂ ਹੈ। ਪੁਲਸ ਚੌਂਕੀ ਬਾਦਸ਼ਾਹਪੁਰ ਦੇ ਇੰਚਾਰਜ ਪਵਿੱਤਰ ਸਿੰਘ ਨੇ ਦੱਸਿਆ ਕਿ ਮੌਕੇ 'ਤੇ ਸਥਿਤੀ ਦਾ ਜਾਇਜ਼ਾ ਲੈਣ ਮਗਰੋਂ ਐੱਨ ਡੀ ਆਰ ਐੱਫ ਦੀਆਂ ਟੀਮਾਂ ਮੰਗਵਾਈਆਂ ਗਈਆਂ ਹਨ।

## ਘਰੇਲੂ ਵਿਵਾਦ ਤੋਂ ਬਾਅਦ ਪਤੀ ਨੇ ਲਗਾਈ ਘਰ ਨੂੰ ਅੱਗ, ਕੀਮਤੀ ਸਾਮਾਨ ਸਵਾਹ



**ਫਾਜ਼ਿਲਕਾ (ਕ੍ਰਿਸ਼ਨ ਸਿੰਘ)**-ਫਾਜ਼ਿਲਕਾ ਦੇ ਪਿੰਡ ਨੂਰਸ਼ਾਹ (ਵੱਲ੍ਹੇ ਸ਼ਾਹ ਉਤਾੜ) 'ਚ ਪਤੀ ਵੱਲੋਂ ਆਪਣੀ ਪਤਨੀ ਦੇ ਨਾਲ ਘਰੇਲੂ ਵਿਵਾਦ ਦੇ ਚਲਦਿਆਂ ਘਰ ਨੂੰ ਅੱਗ ਲਗਾਉਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਅੱਗ 'ਚ ਘਰ ਅੰਦਰ ਪਿਆ ਸਾਰਾ ਕੀਮਤੀ ਸਾਮਾਨ ਸੜ ਕੇ ਸਵਾਹ ਹੋ ਗਿਆ, ਜਿਸ ਤੋਂ ਬਾਅਦ ਪੀੜਤ ਔਰਤ ਤੇ ਉਸ ਦੀਆਂ ਲੜਕੀਆਂ ਦਾ ਰੋ ਰੋ ਕੇ ਬੁਰਾ ਹਾਲ ਹੋ ਗਿਆ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਕੈਲਾਸ਼ ਰਾਣੀ ਪਤਨੀ ਦਰਵੇਜ ਸਿੰਘ ਵਾਸੀ ਪਿੰਡ ਨੂਰਸ਼ਾਹ (ਵੱਲੇਸ਼ਾਹ ਉਤਾੜ) ਨੇ ਦੱਸਿਆ ਕਿ ਉਹ ਮਿਹਨਤ ਮਜ਼ਦੂਰੀ ਕਰਕੇ ਆਪਣਾ ਤੇ ਆਪਣੇ ਪਰਿਵਾਰ ਦਾ ਗੁਜ਼ਾਰਾ ਕਰਦੇ ਹਨ। ਉਸ ਦਾ ਆਪਣੇ ਪਤੀ ਨਾਲ ਜ਼ਮੀਨ ਨੂੰ ਲੈ ਕੇ ਵਿਵਾਦ ਚਲਦਾ ਆ ਰਿਹਾ ਹੈ। ਉਨ੍ਹਾਂ ਦੀਆਂ ਚਾਰ ਲੜਕੀਆਂ ਹਨ, ਜੋ ਹੁਣ ਉਸ ਕੋਲ ਰਹਿ ਰਹੀਆਂ ਹਨ ਤੇ ਉਸ ਦਾ ਪਤੀ ਘਰ ਛੱਡ ਕੇ ਪਿੰਡ ਵਿੱਚ ਹੀ ਕਿਸੇ ਕੋਲ ਰਹਿ ਰਿਹਾ ਹੈ।

ਪੀੜਤ ਔਰਤ ਨੇ ਦੱਸਿਆ ਕਿ ਬੀਤੀ 11 ਜੁਲਾਈ 2023 ਨੂੰ ਜਦੋਂ ਉਹ ਆਪਣੀਆਂ ਲੜਕੀਆਂ ਸਮੇਤ ਝੋਨੇ ਦੀ ਲਵਾਈ ਕਰਨ ਲਈ ਖੇਤ ਗਏ ਹੋਏ ਸਨ ਤਾਂ ਉਸ ਦਾ ਪਤੀ ਦਰਵੇਸ਼ ਸਿੰਘ ਆਪਣੇ ਸਾਥੀਆਂ ਰਮੇਸ਼ ਸਿੰਘ, ਜੱਗਾ ਸਿੰਘ, ਸੰਦੀਪ ਸਿੰਘ ਵਾਸੀ ਨੂਰਸ਼ਾਹ ਨਾਲ ਮਿਲ ਕੇ ਘਰ ਆਇਆ। ਇਸ ਤੋਂ ਬਾਅਦ ਉਸ ਨੇ ਪਹਿਲਾਂ ਉਨ੍ਹਾਂ ਦੇ ਘਰ ਵਿੱਚ ਪਏ ਸਾਮਾਨ ਨਾਲ ਤੋੜ ਭੰਨ ਕੀਤੀ ਤੇ ਫਿਰ ਸਾਰੇ ਘਰੇਲੂ ਸਾਮਾਨ ਨੂੰ ਪੈਟਰੋਲ ਛਿੜਕ ਕੇ ਅੱਗ ਲਗਾ ਦਿੱਤੀ। ਉਸ ਨੂੰ ਇਸ ਗੱਲ ਦਾ ਪਤਾ ਚੱਲਣ 'ਤੇ ਜਦੋਂ ਉਨ੍ਹਾਂ ਘਰ ਆ ਕੇ ਦੇਖਿਆ ਤਾਂ ਉਨ੍ਹਾਂ ਦੇ ਘਰ ਨੂੰ ਅੱਗ ਲੱਗੀ ਹੋਈ ਸੀ, ਜਿਸ ਦੌਰਾਨ ਘਰ ਅੰਦਰ ਪਏ ਕੂਲਰ, ਫਰਿਜ, ਕੱਪੜੇ ਧੋਣ ਵਾਲੀ ਮਸ਼ੀਨ, ਐੱਲ.ਸੀ.ਡੀ., ਮੰਜੇ, ਬਿਸਤਰੇ, ਅਲਮਾਰੀ, ਕੱਪੜੇ ਵਗੈਰਾ ਤੋਂ ਇਲਾਵਾ ਉਨ੍ਹਾਂ ਦੇ ਘਰ ਅੰਦਰ ਪਈ ਕਰੀਬ 30 ਹਜ਼ਾਰ ਰੁਪਏ ਦੀ ਨਕਦੀ ਵੀ ਸੜ ਕੇ ਸੁਆਹ ਹੋ ਗਈ। ਪੀੜਤ ਔਰਤ ਨੇ ਪੁਲਸ ਤੋਂ ਉਸ ਦੇ ਘਰ ਨੂੰ ਅੱਗ ਨਾਲ ਸਾੜਨ ਵਾਲੇ ਦੋਸ਼ੀਆਂ ਖਿਲਾਫ ਬਣਦੀ ਕਰਵਾਈ ਕਰਨ ਤੇ ਅੱਗ ਨਾਲ ਸਾੜੇ ਗਏ ਸਾਮਾਨ ਦੀ ਭਰਪਾਈ ਕਰਵਾਉਣ ਦੀ ਮੰਗ ਕੀਤੀ ਹੈ।

ਜਦੋਂ ਇਸ ਬਾਰੇ ਐੱਸ ਐੱਚ ਓ ਪਰਮਜੀਤ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾ ਕਿਹਾ ਕਿ ਇਸ ਮਾਮਲੇ ਦੀ ਤਫਤੀਸ਼ ਜਾਰੀ ਹੈ ਤੇ ਤਫਤੀਸ਼ ਤੋਂ ਬਾਅਦ ਬਣਦੀ ਕਾਰਵਾਈ ਕੀਤੀ ਜਾਵੇਗੀ।

## ਵੱਡਾ ਘੱਲੂਘਾਰਾ ਵਿਖੇ ਗਵਰਨਿੰਗ ਬਾਡੀ ਦੀ ਮੀਟਿੰਗ

**ਅਹਿਮਦਗੜ੍ਹ (ਪਵਨ ਗੁਪਤਾ)**

ਡਿਪਟੀ ਕਮਿਸ਼ਨ ਮਾਲੇਰਕੋਟਲਾ ਸ੍ਰੀ ਸੰਯਮ ਅਗਰਵਾਲ ਦੀ ਹਾਜ਼ਰੀ 'ਚ ਗਵਰਨਿੰਗ ਬਾਡੀ ਸ਼ਹੀਦੀ ਸਮਾਰਕ ਵੱਡਾ ਘੱਲੂਘਾਰਾ ਪਿੰਡ ਰੋਹੀੜਾ ਅਹਿਮਦਗੜ੍ਹ ਮਲੇਰਕੋਟਲਾ ਦੀ ਹੰਗਾਮੀ ਮੀਟਿੰਗ ਹੋਈ। ਇਸ ਮੀਟਿੰਗ 'ਚ ਉਪ ਮੰਡਲ ਮੈਜਿਸਟ ਅਹਿਮਦਗੜ੍ਹ ਹਰਬੰਸ ਸਿੰਘ, ਪੀ ਡਬਲਿਊ ਡੀ ਤੋਂ ਕਮਲਜੀਤ ਸਿੰਘ, ਥਾਣਾ ਸਦਰ ਮੁਖੀ ਇੰਦਰਜੀਤ ਸਿੰਘ, ਜੇ ਈ ਨਰਿੰਦਰਪਾਲ ਸਿੰਘ ਤੇ ਹਰਮੇਲ ਸਿੰਘ, ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਤੋਂ ਹਰਜੀਤ ਸਿੰਘ ਐੱਸ ਡੀ ਓ ਪੰਚਾਇਤੀ ਰਾਜ ਗੁਰਜੰਟ ਸਿੰਘ ਐੱਸਡੀਐੱਮ ਦਫਤਰ ਤੋਂ ਸਤੀਸ਼ ਕੁਮਾਰ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਮੁਖੀ ਹਾਜ਼ਰ ਹੋਏ। ਇਸ ਮੀਟਿੰਗ 'ਚ ਜ਼ਿਲ੍ਹਾ ਮੈਜਿਸਟ੍ਰੇਟ ਤੇ ਉੱਪ ਮੰਡਲ ਮੈਜਿਸਟ੍ਰੇਟ ਨੇ ਬੋਲਦਿਆਂ ਕਿਹਾ ਕਿ ਸ਼ਹੀਦਾਂ ਨੂੰ ਯਾਦ ਕਰਨਾ ਤੇ ਉਨ੍ਹਾਂ ਦੇ ਸੁਪਨੇ ਸਾਕਾਰ ਕਰਨਾ ਸਾਡਾ ਸਾਰਿਆਂ ਦਾ ਅਹਿਮ ਫਰਜ਼ ਹੈ। ਉਨ੍ਹਾਂ ਵੱਡਾ ਘੱਲੂਘਾਰਾ ਵਿਖੇ ਸਿਨੇਮਾ ਥੀਏਟਰ, ਏ ਸੀ ਤੇ ਜੈਨਰੇਟਰ ਦਾ ਪ੍ਰਬੰਧ ਠੀਕ ਰੱਖਣ ਵਾਸਤੇ ਉਸ ਦੀ ਰਿਪੇਅਰ ਤੇ ਮੈਂਟੀਨੈਂਸ ਠੀਕ ਰੱਖਣ ਲਈ ਐਸਟੀਮੇਟ ਭੇਜਣ ਲਈ ਵੀ ਕਿਹਾ। ਉਨ੍ਹਾ ਕਿਹਾ ਕਿ ਸਿੱਖ ਇਤਿਹਾਸ ਬਾਰੇ ਲੋਕਾਂ ਨੂੰ ਜਾਣੂ ਕਰਵਾਉਣ ਲਈ ਇੱਥੇ ਵੱਧ ਤੋਂ ਵੱਧ ਲੋਕਾਂ ਦੀ ਆਮਦ ਯਕੀਨੀ ਬਣਾਈ ਜਾਵੇ।

## ਕਾਤਰਾਂ

### ਡਿੰਪਲ ਮਦਾਨ ਦਾ ਅਹੁਦਾ ਸੰਭਾਲਣ 'ਤੇ ਸਵਾਗਤ



**ਜਗਰਾਓਂ (ਅਮਿਤ ਖੰਨਾ)**-ਕੰਪਿਊਟਰ ਅਧਿਆਪਕ ਫਰੰਟ ਪੰਜਾਬ ਇਕਾਈ ਜ਼ਿਲ੍ਹਾ ਲੁਧਿਆਣਾ ਵੱਲੋਂ ਜਨਰਲ ਸਕੱਤਰ ਨਰਿੰਦਰ ਸਿੰਘ ਕੁਲਾਰ ਦੀ ਅਗਵਾਈ 'ਚ ਲੁਧਿਆਣਾ ਦੇ ਨਵੇਂ ਜ਼ਿਲ੍ਹਾ ਸਿੱਖਿਆ ਅਫਸਰ ਸਕੈਂਡਰੀ ਸ੍ਰੀਮਤੀ ਡਿੰਪਲ ਮਦਾਨ ਨੂੰ ਅਹੁਦਾ ਸੰਭਾਲਣ 'ਤੇ ਜੀ ਆਇਆਂ ਕਿਹਾ ਗਿਆ। ਇਸ ਮੌਕੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਜ਼ਿਲ੍ਹਾ ਪ੍ਰਧਾਨ ਨਰਿੰਦਰ ਕੁਮਾਰ ਨੇ ਦੱਸਿਆ ਕਿ ਡੀ.ਈ.ਓ. ਮੈਡਮ ਨਾਲ ਗੱਲਬਾਤ ਵਧੀਆ ਮਾਹੌਲ ਵਿੱਚ ਹੋਈ ਤੇ ਉਨ੍ਹਾਂ ਵੱਲੋਂ ਕੰਪਿਊਟਰ ਅਧਿਆਪਕਾਂ ਨਾਲ ਸਹਿਯੋਗ ਦਾ ਭਰੋਸਾ ਦਿੱਤਾ ਗਿਆ। ਇਸ ਮੌਕੇ ਕੰਪਿਊਟਰ ਅਧਿਆਪਕ ਫਰੰਟ ਦੇ ਸੀਨੀਅਰ ਅਹੁਦੇਦਾਰ ਪੁਸ਼ਪਾਲ ਸਿੰਘ ਗਰੇਵਾਲ, ਮੱਖਣ ਸਿੰਘ ਖੰਨਾ, ਪੁਸ਼ਪਿੰਦਰ ਸਿੰਘ ਕਾਹਲੋਂ, ਗੁਰਪ੍ਰੀਤ ਸਿੰਘ, ਗੁਰਜੋਤ ਸਿੰਘ ਦੋਰਾਹਾ, ਅਵਤਾਰ ਸਿੰਘ ਹਾਜ਼ਰ ਸਨ।

### ਦਿਵਿਆਂਗਜਨ ਐਵਾਰਡ ਲਈ ਆਨਲਾਈਨ ਫਾਰਮ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਜੋਬਨਦੀਪ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਦਿਵਿਆਂਗਜਨ ਵਿਅਕਤੀਆਂ ਦੇ ਸ਼ਸ਼ਕਤੀਕਰਨ ਲਈ ਸਾਲ 2023 ਲਈ ਰਾਸ਼ਟਰੀ ਪੁਰਸਕਾਰ ਦੇਣ ਸਬੰਧੀ ਗਾਇਡ ਲਾਇਨਜ਼ ਤੇ ਪ੍ਰੋਫਾਰਮਾ ਵੈੱਬਸਾਈਟ www.disabilityaffairs.gov.in 'ਤੇ ਉਪਲਬਧ ਹੈ ਤੇ ਨੈਸ਼ਨਲ ਐਵਾਰਡ ਲਈ ਕੇਵਲ ਆਨਲਾਈਨ ਹੀ ਬਿਨੈ ਪੱਤਰ ਦਿੱਤਾ ਜਾ ਸਕਦਾ ਹੈ। ਉਨ੍ਹਾ ਦੱਸਿਆ ਕਿ ਪ੍ਰੋਫਾਰਮਾ 31 ਜੁਲਾਈ 2023 ਤੱਕ ਭਰਿਆ ਜਾ ਸਕਦਾ ਹੈ। ਉਨ੍ਹਾਂ ਜ਼ਿਲ੍ਹੇ ਦੇ ਦਿਵਿਆਂਗਜਨਾਂ ਨੂੰ ਅਪੀਲ ਕੀਤੀ ਕਿ ਉਹ ਭਾਰਤ ਸਰਕਾਰ ਦੇ ਗ੍ਰਹਿ ਮੰਤਰਾਲੇ ਦੀ ਵੈੱਬਸਾਈਟ www.awards.gov.in 'ਤੇ ਸਿੱਧੇ ਤੌਰ 'ਤੇ ਰਾਸ਼ਟਰੀ ਐਵਾਰਡ ਲੈਣ ਵਾਸਤੇ ਅਪਲਾਈ ਕਰਨ।

### ਰੋਟਰੀ ਕਲੱਬ ਗੋਲਡਨ ਵੱਲੋਂ ਹੜ੍ਹ ਦੇ ਪਾਣੀ 'ਚ ਡੁੱਬੇ ਨੌਜਵਾਨ ਦੇ ਪਰਵਾਰ ਦੀ ਵਿੱਤੀ ਮਦਦ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਬੀਤੇ ਕੱਲ੍ਹ ਸਰਹਿੰਦ ਦੀ ਵਿਸ਼ਕਰਮਾ ਕਲੋਨੀ 'ਚ ਮੀਂਹ ਦੇ ਇਕੱਠੇ ਹੋਏ ਪਾਣੀ 'ਚੋਂ ਮ੍ਰਿਤਕ ਹਾਲਤ 'ਚ ਮਿਲੇ 17 ਸਾਲਾ ਲੜਕੇ ਗੁੱਡੂ ਰਾਮ ਦੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਨ ਲਈ ਰੋਟਰੀ ਕਲੱਬ ਫ਼ਤਹਿਗੜ੍ਹ ਸਾਹਿਬ ਗੋਲਡ ਦੇ ਪ੍ਰਧਾਨ ਐਡਵੋਕੇਟ ਰਾਜਵੀਰ ਸਿੰਘ ਗਰੇਵਾਲ ਅੱਜ ਪੀੜਤ ਪਰਿਵਾਰ ਦੇ ਘਰ ਪਹੁੰਚੇ, ਜਿੱਥੇ ਉਨ੍ਹਾਂ ਨੇ ਪਰਿਵਾਰ ਨਾਲ ਦੁੱਖ ਸਾਂਝਾ ਕਰਦੇ ਹੋਏ ਉਨ੍ਹਾਂ ਦੀ ਮਾਇਕ ਮਦਦ ਵੀ ਕੀਤੀ। ਐਡੋਵੇਕਟ ਗਰੇਵਾਲ ਨੇ ਗੱਲਬਾਤ ਕਰਦਿਆਂ ਕਿਹਾ ਕਿ ਵੱਡੀ ਗਿਣਤੀ 'ਚ ਲੋਕ ਤੇਜ਼ ਰਫਤਾਰ ਨਾਲ ਆਏ ਬਰਸਾਤੀ ਪਾਣੀ ਦੀ ਲਪੇਟ 'ਚ ਆਏ ਹਨ, ਜਿਸ ਕਾਰਨ ਕਈ ਪਾਸਿਓਂ ਮਨੁੱਖਾਂ, ਪਸ਼ੂਆਂ, ਫਸਲਾਂ ਤੇ ਜਾਇਦਾਦਾਂ ਦੇ ਹੋ ਰਹੇ ਨੁਕਸਾਨ ਦੀਆਂ ਸੂਚਨਾਵਾਂ ਆ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਮਿਹਨਤ ਮਜ਼ਦੂਰੀ ਕਰਕੇ ਪਰਿਵਾਰ ਦੀ ਮਦਦ ਕਰਨ ਵਾਲੇ ਗੁੱਡੂ ਰਾਮ ਦੀ ਮੌਤ ਹੋ ਜਾਣ ਨਾਲ ਇਸ ਪਰਿਵਾਰ ਨੂੰ ਵੱਡਾ ਘਾਟਾ ਪਿਆ ਹੈ। ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਕਿ ਇਸ ਪਰਿਵਾਰ ਸਣੇ ਹੜ੍ਹ ਦੇ ਪਾਣੀ ਕਾਰਨ ਪ੍ਰਭਾਵਿਤ ਹੋਏ ਸਾਰੇ ਲੋਕਾਂ ਨੂੰ ਤੁਰੰਤ ਮੁਆਵਜ਼ਾ ਦਿੱਤਾ ਜਾਵੇ। ਇਸ ਮੌਕੇ ਰੋਟੇਰੀਅਨ ਗਗਨਦੀਪ ਸਿੰਘ ਗੁਰਾਇਆ, ਗੁਲਸ਼ਨ ਕੁਮਾਰ ਅਰੋੜਾ, ਸੰਜੀਵ ਮੜਕਨ ਤੇ ਤਰੁਨ ਸ਼ਰਮਾ ਆਦਿ ਹਾਜ਼ਰ ਸਨ।

### ਸ੍ਰੀ ਗੁਰੂ ਹਰਿਕ੍ਰਿਸ਼ਨ ਜੀ ਦਾ ਪ੍ਰਕਾਸ਼ ਪੁਰਬ ਮਨਾਇਆ

**ਅਹਿਮਦਗੜ੍ਹ (ਪਵਨ ਗੁਪਤਾ)**-ਨੇੜਲੇ ਪਿੰਡ ਫਲੇਵਾਲ ਖੁਰਦ ਦੇ ਸ੍ਰੀ ਗੁਰੂ ਹਰਿ ਕ੍ਰਿਸ਼ਨ ਪਬਲਿਕ ਸਕੂਲ ਵਿਖੇ ਅੱਠਵੇਂ ਗੁਰੂ ਸ੍ਰੀ ਹਰਿ ਕ੍ਰਿਸ਼ਨ ਜੀ ਦਾ ਪ੍ਰਕਾਸ਼ ਪੁਰਬ ਪੂਰੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਸਕੂਲ ਪ੍ਰਿੰਸੀਪਲ ਮੈਡਮ ਦਲਜੀਤ ਕੌਰ ਔਲਖ ਨੇ ਬੱਚਿਆਂ ਨੂੰ ਸਿੱਖਾਂ ਦੇ ਅੱਠਵੇਂ ਗੁਰੂ ਬਾਰੇ ਭਰਪੂਰ ਜਾਣਕਾਰੀ ਦਿੱਤੀ। ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਸਮੂਹ ਸਟਾਫ ਤੇ ਵਿਦਿਆਰਥੀਆਂ ਨੂੰ ਲੱਡੂ ਵੀ ਵੰਡੇ ਗਏ। ਇਸ ਮੌਕੇ ਸਕੂਲ ਦੇ ਪ੍ਰਧਾਨ ਸੁਖਦੇਵ ਸਿੰਘ ਵਾਲੀਆ, ਗੁਰਮਤਿ ਪਾਲ ਸਿੰਘ ਵਾਲੀਆ, ਪ੍ਰਿੰਸੀਪਲ ਦਲਜੀਤ ਕੌਰ ਤੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

## ਵਿਧਾਇਕ ਰਣਬੀਰ ਭੁੱਲਰ ਸਾਥੀਆਂ ਸਮੇਤ ਰਾਹਤ ਕਾਰਜਾਂ 'ਚ ਡਟੇ

- ਸਰਕਾਰ ਨੇ ਫ਼ਿਰੋਜ਼ਪੁਰ ਨੂੰ 1.5 ਕਰੋੜ ਜਾਰੀ ਕੀਤੇ : ਭੁੱਲਰ
- ਦਰਿਆ ਵਿਚਲੇ ਲੋਕਾਂ ਨੂੰ ਰਾਹਤ ਕੈਂਪਾਂ 'ਚ ਆਉਣ ਦੀ ਅਪੀਲ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**

ਪੰਜਾਬ ਤੇ ਹਿਮਾਚਲ ਵਿੱਚ ਪਿਛਲੇ ਕੁਝ ਦਿਨਾਂ ਤੋਂ ਲਗਾਤਾਰ ਹੋਈ ਭਾਰੀ ਬਾਰਸ਼ ਕਾਰਨ ਬੀਤੇ ਦਿਨ ਜ਼ਿਲ੍ਹਾ ਫ਼ਿਰੋਜ਼ਪੁਰ ਵਿੱਚ ਦਰਿਆ ਸਤਲੁਜ ਦੇ ਪਾਣੀ ਦਾ ਪੱਧਰ ਕਾਫ਼ੀ ਵੱਧਣ ਨਾਲ ਦਰਿਆ ਦੀ ਮਾਰ ਹੇਠ ਆਏ ਪਿੰਡ ਰੁਕਨੇ ਵਾਲਾ, ਨਿਹਾਲਾ ਲਵੇਰਾ, ਬੰਡਾਲਾ, ਕਾਲੇ ਕੇ, ਜੱਲੋ ਕੇ, ਧੀਰਾ ਘਾਰਾ ਤੇ ਟੱਲੀ ਗਰਾਮ ਆਦਿ ਵਿਚੋਂ ਲੋਕਾਂ ਨੂੰ ਸੁਰੱਖਿਅਤ ਕੱਢ ਕੇ ਰਾਹਤ ਕੈਂਪਾਂ ਤੇ ਸੁਰੱਖਿਅਤ ਥਾਵਾਂ 'ਤੇ ਪਹੁੰਚਾਉਣ ਲਈ ਫ਼ਿਰੋਜ਼ਪੁਰ ਸ਼ਹਿਰੀ ਹਲਕੇ ਤੋਂ ਵਿਧਾਇਕ ਰਣਬੀਰ ਸਿੰਘ ਭੁੱਲਰ ਆਪਣੇ ਸਾਥੀਆਂ ਸਮੇਤ ਡਟੇ ਹੋਏ ਹਨ।ਇਸ ਮੌਕੇ ਉਨ੍ਹਾਂ ਨਾਲ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਤੇ ਐੱਸ ਐੱਸ ਪੀ ਭੁਪਿੰਦਰ ਸਿੰਘ ਸਿੱਧੂ ਸਮੇਤ ਜ਼ਿਲ੍ਹਾ ਪ੍ਰਸ਼ਾਸਨ, ਫੌਜ, ਬੀ ਐੱਸ ਐੱਫ ਦੇ ਅਧਿਕਾਰੀ ਵੀ ਹਾਜ਼ਰ ਸਨ।ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਇਸ ਮੌਕੇ ਇਨ੍ਹਾਂ ਪਿੰਡਾਂ ਦੇ ਲੋਕਾਂ ਨਾਲ ਗੱਲਬਾਤ ਕੀਤੀ ਤੇ ਉਨ੍ਹਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ।ਉਨ੍ਹਾਂ ਲੋਕਾਂ ਨੂੰ ਹਰ ਤਰ੍ਹਾਂ ਦੀ ਮਦਦ ਦਾ ਭਰੋਸਾ ਦਿੰਦਿਆਂ ਕਿਹਾ ਕਿ ਇਸ ਮੁਸ਼ਕਲ ਘੜੀ ਵਿੱਚ ਪੰਜਾਬ ਸਰਕਾਰ ਆਪਣੇ ਲੋਕਾਂ ਦੇ ਨਾਲ ਖੜੀ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਹੜ੍ਹਾਂ ਦੀ ਸਥਿਤੀ ਨਾਲ ਨਿਪਟਣ ਲਈ ਫ਼ਿਰੋਜ਼ਪੁਰ ਨੂੰ 1.5 ਕਰੋੜ ਰੁਪਏ ਜਾਰੀ ਕੀਤੇ ਗਏ ਹਨ।ਉਨ੍ਹਾਂ ਦੱਸਿਆ ਕਿ ਸਰਕਾਰ, ਪ੍ਰਸ਼ਾਸਨ, ਫੌਜ ਤੇ ਬੀ ਐੱਸ ਐੱਫ਼ ਲਗਾਤਾਰ ਰਾਹਤ ਕਾਰਜਾਂ ਵਿੱਚ ਜੁਟੀ ਹੋਈ ਹੈ।ਉਨ੍ਹਾਂ ਕਿਹਾ ਕਿ ਬੰਨ੍ਹਾਂ ਦੀ ਮਜ਼ਬੂਤੀ, ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੱਡੀ ਵੱਧਰ 'ਤੇ ਪਿਛਲੇ ਤਿੰਨ ਦਿਨਾਂ ਤੋਂ ਕਾਰਜ ਆਰੰਭੇ ਗਏ ਹਨ ਤੇ ਲੋੜਵੰਦ ਲੋਕਾਂ ਲਈ ਰਾਹਤ ਕੇਂਦਰ ਸਥਾਪਤ ਕੀਤੇ ਗਏ ਹਨ, ਜਿੱਥੇ ਉਨ੍ਹਾਂ ਨੂੰ ਖਾਣਾ, ਦਵਾਈਆਂ, ਪਸ਼ੂਆਂ ਦਾ ਚਾਰਾ, ਤਰਪਾਲਾਂ ਆਦਿ ਦੀ ਸੁਵਿਧਾ ਮੁਹੱਈਆ ਕਰਵਾਈ ਜਾ ਰਹੀ ਹੈ।ਉਨ੍ਹਾਂ ਸਤਲੁਜ ਦੇ ਨਾਲ ਲੱਗਦੇ ਨੀਵੇਂ ਇਲਾਕਿਆਂ ਦੇ ਲੋਕਾਂ ਨੂੰ ਸੁਰੱਖਿਅਤ ਥਾਵਾਂ ਜਾਂ ਪ੍ਰਸ਼ਾਸਨ ਵੱਲੋਂ ਬਣਾਏ ਗਏ ਰਾਹਤ ਕੇਂਦਰਾਂ ਵਿੱਚ ਆਉਣ ਦੀ ਅਪੀਲ ਕੀਤੀ ਤੇ ਕਿਹਾ ਕਿ ਇਸ ਮੁਸ਼ਕਲ ਘੜੀ ਵਿੱਚ ਲੋਕ ਸਰਕਾਰ ਤੇ ਪ੍ਰਸ਼ਾਸਨ ਦਾ ਸਹਿਯੋਗ ਕਰਨ।ਇਸ ਮੌਕੇ ਐੱਸ ਡੀ ਐੱਮ ਗਗਨਦੀਪ ਸਿੰਘ, ਚੇਅਰਮੈਨ ਮਾਰਕੀਟ ਕਮੇਟੀ ਬਲਰਾਜ ਕਟੋਰਾ, ਗੁਰਜੀਤ ਸਿੰਘ ਚੀਮਾ, ਮਨਪ੍ਰੀਤ ਸਿੰਘ ਚੀਮਾ, ਪਿੱਪਲ ਸਿੰਘ ਬਲਾਕ ਪ੍ਰਧਾਨ, ਗੁਰਭੇਜ ਸਿੰਘ, ਅਮਰਿੰਦਰ ਸਿੰਘ ਤੋਂ ਇਲਾਵਾ ਆਪ ਵਰਕਰ ਹਾਜ਼ਰ ਸਨ।

## ਕੁੱਲ ਹਿੰਦ ਕਿਸਾਨ ਸਭਾ ਨੇ ਜ਼ਿਲ੍ਹਾ ਖੇਤੀਬਾੜੀ ਮੁੱਖ ਅਫਸਰ ਨੂੰ ਸੌਂਪਿਆ ਮੰਗ ਪੱਤਰ



**ਫਾਜ਼ਿਲਕਾ (ਕ੍ਰਿਸ਼ਨ ਸਿੰਘ)**-ਕੁੱਲ ਹਿੰਦ ਕਿਸਾਨ ਸਭਾ ਤਹਿਸੀਲ ਸਕੱਤਰ ਕੁਲਦੀਪ ਬੱਖੂਸ਼ਾਹ ਤੇ ਸੁਬੇਗ ਸਿੰਘ ਝੰਗੜ ਭੈਣੀ ਜ਼ਿਲ੍ਹਾ ਪ੍ਰੈੱਸ ਸਕੱਤਰ ਫਾਜ਼ਿਲਕਾ ਵੱਲੋਂ ਖੇਤੀਬਾੜੀ ਏ.ਟੀ.ਐੱਮ. ਜਸਪ੍ਰੀਤ ਸਿੰਘ ਦਾ ਪੁਤਲਾ ਫੂਕਣ ਦੀ ਚਿਤਾਵਨੀ ਵਜੋਂ ਜ਼ਿਲ੍ਹਾ ਖੇਤੀਬਾੜੀ ਮੁੱਖ ਅਫਸਰ ਨੂੰ ਮੰਗ ਪੱਤਰ ਸੌਂਪਿਆ ਗਿਆ। ਇਸ ਮੌਕੇ ਇਨ੍ਹਾਂ ਆਗੂਆਂ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਫਾਜ਼ਿਲਕਾ ਨੂੰ ਇਨ੍ਹਾਂ ਵੱਲੋਂ 20 ਅਪ੍ਰੈਲ 2023 ਨੂੰ ਲਿਖਤੀ ਦਰਖਾਸਤ ਰਾਹੀਂ ਬੇਨਤੀ ਕੀਤੀ ਗਈ ਸੀ, ਜਿਸ 'ਤੇ ਡਿਪਟੀ ਕਮਿਸ਼ਨਰ ਨੇ ਤੁਰੰਤ ਕਾਰਵਈ ਕਰਦਿਆਂ ਨਾਇਬ ਤਹਿਸੀਲਦਾਰ ਅਵਨਾਸ਼ ਚੰਦਰ ਦੀ ਡਿਊਟੀ ਲਗਾਈ ਤੇ ਇਸ ਮਾਮਲੇ ਨੂੰ ਗੰਭੀਰਤਾ ਨਾਲ ਹੱਲ ਕਰਨ ਲਈ ਕਿਹਾ ਗਿਆ ਤਾਂ ਉਨ੍ਹਾਂ ਉਪਰੋਕਤ ਆਗੂਆਂ ਦੀ ਹਾਜ਼ਰੀ 'ਚ ਹਲਕਾ ਪਟਵਾਰੀ ਨੂੰ ਬੁਲਾ ਕੇ ਏ.ਟੀ.ਐੱਮ. ਜਸਪ੍ਰੀਤ ਨੂੰ ਮੌਕਾ ਦੇਖਣ ਕਾਰਵਾਈ ਕਰਨ ਲਈ ਕਿਹਾ ਗਿਆ ਸੀ, ਪਰ ਉਨ੍ਹਾਂ ਵੱਲੋਂ ਉੱਚ ਅਧਿਕਾਰੀਆਂ ਨੂੰ ਟਿੱਚ ਸਮਝਦੇ ਹੋਏ ਕੋਈ ਰਿਪੋਰਟ ਨਹੀਂ ਉੱਚ ਅਧਿਕਾਰੀਆਂ ਨੂੰ ਭੇਜੀ ਗਈ। ਜਿਸ ਤੋਂ ਬਾਅਦ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਆਗੂ ਸੁਰਿੰਦਰ ਢੰਡੀਆਂ ਦੀ ਅਗਵਾਈ ਹੇਠ ਜ਼ਿਲ੍ਹਾ ਮੁੱਖ ਖੇਤੀਬਾੜੀ ਅਫਸਰ ਨੂੰ ਮਿਲਿਆ ਗਿਆ ਤਾਂ ਉਨ੍ਹਾਂ ਵੱਲੋਂ ਬਲਾਕ ਅਫਸਰ ਬਲਦੇਵ ਸਿੰਘ ਦੀ ਡਿਊਟੀ ਲਗਾਈ ਗਈ। ਇਸ ਦੇ ਨਾਲ ਹੀ ਭਾਰੀ ਗੜੇਮਾਰੀ ਤੇ ਬਾਰਿਸ਼ ਨਾਲ ਪੱਕੀ ਕਣਕ ਦੀ ਫਸਲ ਦੇ ਖਰਾਬੇ ਦੀ ਰਿਪੋਰਟ ਕਰਕੇ ਇਸ ਮਾਮਲੇ ਨੂੰ ਗੰਭੀਰਤਾ ਨਾਲ ਹੱਲ ਕਰਨ ਲਈ ਕਿਹਾ ਗਿਆ, ਪਰ ਜਸਪ੍ਰੀਤ ਵੱਲੋਂ ਆਪਣੇ ਅਹੁਦੇ ਦਾ ਗਲਤ ਇਸਤੇਮਾਲ ਕਰਕੇ ਉੱਚ ਅਧਿਕਾਰੀਆਂ ਨੂੰ ਟਿੱਚ ਸਮਝਦੇ ਹੋਏ ਕੋਈ ਰਿਪੋਰਟ ਉੱਚ ਅਧਿਕਾਰੀਆਂ ਨੂੰ ਨਹੀਂ ਭੇਜੀ ਗਈ, ਜਿਸ ਤੋਂ ਮਿਤੀ 11/7/2023 ਨੂੰ ਆਗੂਆਂ ਵੱਲੋਂ ਦੁਬਾਰਾ ਫਿਰ ਜਸਪ੍ਰੀਤ ਏ ਟੀ ਐੱਮ ਨੂੰ ਮਿਲ ਕੇ ਰਿਪੋਰਟ ਬਾਰੇ ਜਾਣਕਾਰੀ ਲੈਣ ਲਈ ਪੁੱਛਿਆ ਗਿਆ ਤਾਂ ਉਸ ਵੱਲੋਂ ਅਕਸਰ ਪਹਿਲਾਂ ਦੀ ਤਰ੍ਹਾਂ ਹੀ ਅਪਸ਼ਬਦ ਬੋਲੇ ਗਏ, ਜਿਸ ਤੋਂ ਬਾਅਦ ਤਹਿਸੀਲ ਕਮੇਟੀ ਨੇ ਮੀਟਿੰਗ 'ਚ ਵਿਚਰਦੇ ਹੋਏ ਇਸ ਖਿਲਾਫ ਕਨੂੰਨੀ ਕਾਰਵਾਈ ਉੱਚ ਅਧਿਕਾਰੀਆਂ ਨੂੰ ਕਰਨ ਲਈ ਮੰਗ ਪੱਤਰ ਸੌਂਪਣ ਦਾ ਫੈਸਲਾ ਲਿਆ ਤੇ ਆਉਂਦੇ ਮੰਗਲਵਾਰ ਪੁਤਲਾ ਫੂਕਣ ਦਾ ਫੈਸਲਾ ਕੀਤਾ ਗਿਆ। ਇਨ੍ਹਾਂ ਆਗੂਆਂ ਨੇ ਜ਼ਿਲ੍ਹਾ ਮੁੱਖ ਖੇਤੀਬਾੜੀ ਅਫਸਰ ਨੂੰ ਕਿਹਾ ਕਿ ਜੇਕਰ ਉਨ੍ਹਾ ਵੱਲੋਂ ਕੋਈ ਕਾਰਵਾਈ ਨਹੀਂ ਕੀਤੀ ਜਾਂਦੀ ਤਾਂ ਮਜਬੂਰਨ ਅਰਥੀ ਫੂਕ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਣਾ ਪਵੇਗਾ।

ਇਸ ਮੌਕੇ ਬਲਵਿੰਦਰ ਸਿੰਘ, ਸੁਬਿੰਦਰ ਸਿੰਘ, ਹਰਜਿੰਦਰ ਸਿੰਘ ਵੀ ਮੰਗ ਪੱਤਰ ਸੌਂਪਣ ਸਮੇਂ ਹਾਜ਼ਰ ਸਨ।

## ਬਲੌਜ਼ਮਜ਼ ਕਾਨਵੈਂਟ ਸਕੂਲ ਵੱਲੋਂ ਹੜ੍ਹ ਪੀੜਤਾਂ ਦੀ ਮਦਦ



**ਜਗਰਾਉਂ (ਅਮਿਤ ਖੰਨਾ)**-ਬਲੌਜ਼ਮਜ਼ ਕਾਨਵੈਂਟ ਸਕੂਲ ਨੇ ਕੁਦਰਤ ਦੀ ਕ੍ਰੋਪੀ ਜੋ ਕਿ ਹੜ੍ਹਾਂ ਦੇ ਰੂਪ ਵਿਚ ਸਾਡੇ ਸਾਹਮਣੇ ਆਈ ਹੈ, ਉਸ ਵਿਚ ਲੋੜਵੰਦ ਲੋਕਾਂ ਦੀ ਮਦਦ ਕਰਨ ਲਈ ਸਕੂਲ ਵੱਲੋਂ ਆਪਣੇ ਨਾਲ ਜੁੜੇ ਪਰਵਾਰਾਂ ਅਤੇ ਬਾਕੀ ਲੋੜਵੰਦਾਂ ਨੂੰ ਬਣਦੀ ਮਦਦ ਪਹੁੰਚਾਉਣ ਦਾ ਵਿਸ਼ੇਸ਼ ਉਪਰਾਲਾ ਸ਼ੁਰੂ ਕਰ ਦਿੱਤਾ ਹੈ। ਸਕੂਲ ਪ੍ਰਿੰਸੀਪਲ ਡਾ. ਅਮਰਜੀਤ ਕੌਰ ਨਾਜ਼ ਨੇ ਕਿਹਾ ਕਿ ਕੁਦਰਤ ਦੇ ਇਸ ਕਹਿਰ ਅੱਗੇ ਕਿਸੇ ਦਾ ਵੀ ਜ਼ੋਰ ਨਹੀਂ ਚੱਲਦਾ। ਅਸੀਂ ਕੇਵਲ ਇਸ ਸਮਾਜ ਦੇ ਵਾਸੀ ਹੁੰਦੇ ਹੋਏ ਆਪਣੇ ਵੱਲੋਂ ਹਰ ਉਸ ਇਨਸਾਨ ਦੀ ਮਦਦ ਲਈ ਮੋਹਰੀ ਹਾਂ ਜੋ ਇਸ ਮੁਸੀਬਤ ਦਾ ਸ਼ਿਕਾਰ ਹੋ ਗਿਆ ਹੈ। ਆਪਣੇ ਵਿਦਿਆਰਥੀਆਂ ਨੂੰ ਅਸੀਂ ਅਜਿਹੇ ਉਪਰਾਲੇ ਕਰਵਾਉਣ ਲਈ ਹਮੇਸ਼ਾ ਸਿੱਖਿਆ ਦਿੰਦੇ ਹਾਂ ਤਾਂ ਜੋ ਉਹ ਅੱਗੇ ਵੱਧ ਕੇ ਅਜਿਹੀਆਂ ਸਥਿਤੀਆਂ ਵਿਚ ਪੂਰਨ ਸਹਿਯੋਗ ਦੇ ਸਕਣ। ਇਸ ਮੌਕੇ ਸਕੂਲ ਦੇ ਚੇਅਰਮੈਨ ਹਰਭਜਨ ਸਿੰਘ ਜੌਹਲ, ਪ੍ਰੈਜ਼ੀਡੈਂਟ ਮਨਪ੍ਰੀਤ ਸਿੰਘ ਬਰਾੜ ਅਤੇ ਅਜਮੇਰ ਸਿੰਘ ਰੱਤੀਆਂ ਨੇ ਹੜ੍ਹ ਪੀੜਤਾਂ ਦੀ ਮਦਦ ਲਈ ਆਪਣਾ ਹੱਥ ਅੱਗੇ ਵਧਾਇਆ ਅਤੇ ਵਾਅਦਾ ਕੀਤਾ ਕਿ ਅਸੀਂ ਵੱਧ ਤੋਂ ਵੱਧ ਮਦਦ ਕਰਨ ਵਿਚ ਆਪਣਾ ਸਹਿਯੋਗ ਪਾਵਾਂਗੇ।

## ਆਰ ਬੀ ਐੱਸ ਕੇ ਟੀਮ ਨੇ ਇੱਕ ਹੋਰ ਬੱਚੀ ਦੇ ਦਿਲ ਦਾ ਮੁਫ਼ਤ ਅਪ੍ਰੇਸ਼ਨ ਕਰਵਾਇਆ



**ਮੋਗਾ (ਅਮਰਜੀਤ ਬੱਬਰੀ)**-ਸਿਵਲ ਸਰਜਨ ਮੋਗਾ ਡਾ. ਰਾਜੇਸ਼ ਅੱਤਰੀ ਦੇ ਦਿਸ਼ਾਂ-ਨਿਰਦੇਸ਼ਾਂ ਤਹਿਤ ਸਿਵਲ ਹਸਪਤਾਲ ਮੋਗਾ ਦੀ ਆਰ.ਬੀ.ਐੱਸ.ਕੇ. ਟੀਮ ਵੱਲੋਂ ਰਾਸ਼ਟਰੀਯ ਬਾਲ ਸਵਾਸਥ ਕਾਰਿਆਕ੍ਰਮ ਤਹਿਤ ਸਰਕਾਰੀ ਪ੍ਰਾਇਮਰੀ ਸਕੂਲ ਅਕਾਲਸਰ ਰੋਡ ਮੋਗਾ ਦੀ ਸੱਤ ਸਾਲਾ ਬੱਚੀ ਜਸਮੀਤ ਕੌਰ ਦੇ ਦਿਲ ਦਾ ਮੁਫਤ ਆਪ੍ਰੇਸ਼ਨ ਸੀ.ਐੱਮ.ਸੀ. ਲੁਧਿਆਣਾ ਤੋਂ ਸਫਲਤਾਪੂਰਵਕ ਕਰਵਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਮੋਗਾ ਡਾ. ਰਾਜੇਸ਼ ਅੱਤਰੀ ਨੇ ਦੱਸਿਆ ਕਿ ਆਰ.ਬੀ.ਐੱਸ.ਕੇ. ਟੀਮ ਮੋਗਾ ਦੇ ਡਾ. ਅਜੈ ਕੁਮਾਰ ਤੇ ਸਟਾਫ ਨਰਸ ਰਾਜਵੰਤ ਕੌਰ ਵੱਲੋਂ ਸਰਕਾਰੀ ਸਕੂਲਾਂ ਦੇ ਬੱਚਿਆਂ ਦੀ ਕੀਤੀ ਗਈ ਸਿਹਤ ਜਾਂਚ 'ਚ ਪਾਇਆ ਗਿਆ ਸੀ ਕਿ ਸਰਕਾਰੀ ਪ੍ਰਾਇਮਰੀ ਸਕੂਲ ਅਕਾਲਸਰ ਰੋਡ ਮੋਗਾ ਵਿਖੇ ਸੱਤ ਸਾਲਾਂ ਦੀ ਇੱਕ ਬੱਚੀ ਜਸਮੀਤ ਕੌਰ ਜਮਾਂਦਰੂ ਦਿਲ ਦੀ ਬਿਮਾਰੀ ਤੋਂ ਪੀੜਤ ਹੈ ਤੇ ਇਸ ਦਾ ਪਰਿਵਾਰ ਗਰੀਬ ਹੋਣ ਕਾਰਨ ਇਸ ਦਾ ਆਪ੍ਰੇਸ਼ਨ ਨਹੀਂ ਕਰਵਾ ਸਕਦਾ। ਆਰ.ਬੀ.ਐੱਸ.ਕੇ. ਟੀਮ ਮੋਗਾ ਵੱਲੋਂ ਮਾਮਲਾ ਉੱਚ ਅਧਿਕਾਰੀਆਂ ਦੇ ਧਿਆਨ 'ਚ ਲਿਆਉਣ ਉਪਰੰਤ ਇਸ ਬੱਚੀ ਦੇ ਦਿਲ ਦਾ ਆਪ੍ਰੇਸ਼ਨ ਸੀ.ਐੱਮ.ਸੀ. ਲੁਧਿਆਣਾ ਤੋਂ ਬਿਲਕੁਲ ਮੁਫ਼ਤ ਤੇ ਸਫਲਤਾਪੂਰਵਕ ਕਰਵਾਇਆ ਗਿਆ ਹੈ।

ਆਰ.ਬੀ.ਐੱਸ.ਕੇ. ਦੀ ਟੀਮ ਵੱਲੋਂ ਜਸਮੀਤ ਕੌਰ ਦਾ ਆਪ੍ਰੇਸ਼ਨ ਉਪਰੰਤ ਹਾਲ-ਚਾਲ ਪਤਾ ਕੀਤਾ ਤੇ ਜਸਮੀਤ ਕੌਰ ਦੇ ਪਿਤਾ ਮੰਗੂ ਸਿੰਘ ਨੂੰ ਆਪ੍ਰੇਸ਼ਨ ਉਪਰੰਤ ਇੰਨਫੈਕਸ਼ਨ ਤੋਂ ਬਚਾਅ ਲਈ ਜਾਣਕਾਰੀ ਦਿੱਤੀ। ਉਨ੍ਹਾਂ ਆਮ ਜਨਤਾ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਵੀ ਬੱਚੇ ਨੂੰ ਕੋਈ ਗੰਭੀਰ ਬਿਮਾਰੀ ਹੈ ਤਾਂ ਤੁਰੰਤ ਆਰ.ਬੀ.ਐੱਸ.ਕੇ. ਟੀਮ ਮੋਗਾ ਨਾਲ ਸੰਪਰਕ ਕੀਤਾ ਜਾਵੇ।

## ਵੱਖ-ਵੱਖ ਥਾਵਾਂ 'ਤੇ ਫਸੇ 481 ਰੇਲ ਯਾਤਰੀਆਂ ਨੂੰ ਬੱਸਾਂ ਰਾਹੀਂ ਮੰਜ਼ਲ ਤੱਕ ਪਹੁੰਚਾਇਆ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਭਾਰੀ ਬਾਰਿਸ਼ਾਂ ਕਾਰਨ ਵੱਖ-ਵੱਖ ਥਾਵਾਂ 'ਤੇ ਫਸੇ ਰੇਲ ਯਾਤਰੀਆਂ ਨੂੰ ਰਾਹਤ ਦੇਣ ਲਈ ਭਾਰਤੀ ਰੇਲਵੇ ਲਗਾਤਾਰ ਯਤਨ ਕਰ ਰਹੀ ਹੈ, ਜਿਸ ਦੇ ਚੱਲਦਿਆਂ ਰੇਲਵੇ ਵੱਲੋਂ 481 ਰੇਲ ਯਾਤਰੀਆਂ ਨੂੰ ਬੱਸਾਂ ਰਾਹੀਂ ਕੁਰੂਕਸ਼ੇਤਰ ਤੋਂ ਚੰਡੀਗੜ੍ਹ, ਸ਼ਿਮਲਾ ਤੋਂ ਕਾਲਕਾ ਤੇ ਹਰਿਦੁਆਰ ਤੋਂ ਦੇਹਰਾਦੂਨ ਪਹੰਚਾਇਆ ਗਿਆ ਹੈ। ਉਪਰੋਕਤ ਜਾਣਕਾਰੀ ਉੱਤਰੀ ਰੇਲਵੇ ਦੇ ਬੁਲਾਰੇ ਦੀਪਕ ਕੁਮਾਰ ਵੱਲੋਂ ਦਿੱਤੀ ਗਈ। ਬੁਲਾਰੇ ਨੇ ਦੱਸਿਆ ਕਿ ਖਰਾਬ ਮੌਸਮ ਕਾਰਨ ਕਈ ਥਾਵਾਂ 'ਤੇ ਰੇਲ ਯਾਤਰੀ ਪ੍ਰਭਾਵਿਤ ਹੋਏ ਹਨ, ਜਿਨ੍ਹਾਂ ਨੂੰ ਸੂਚਨਾ ਦੇਣ ਤੇ ਪੈਸੇ ਵਾਪਸ ਮੋੜਨ ਲਈ ਰੇਲਵੇ ਵੱਲੋਂ ਵਾਧੂ ਹੈਲਪ ਡੈੱਸਕ ਤੇ ਕਾਊਂਟਰ ਸਥਾਪਤ ਕੀਤੇ ਗਏ ਹਨ ਤੇ ਬੀਤੇ ਦੋ ਦਿਨਾਂ 'ਚ 52,93,938 ਰੁਪਏ ਦੀ ਰਕਮ ਯਾਤਰੀਆਂ ਨੂੰ ਵਾਪਸ ਵੀ ਕੀਤੀ ਜਾ ਚੁੱਕੀ ਹੈ।

ਉਨ੍ਹਾਂ ਦੱਸਿਆ ਕਿ ਪੰਜਾਬ, ਦਿੱਲੀ, ਹਰਿਆਣਾ, ਹਿਮਾਚਲ ਪ੍ਰਦੇਸ਼ ਤੇ ਜੰਮੂ ਕਸ਼ਮੀਰ 'ਚ ਪੈ ਰਹੇ ਭਾਰੀ ਮੀਂਹ ਤੇ ਖਰਾਬ ਮੌਸਮ ਕਾਰਨ ਉੱਤਰੀ ਰੇਲਵੇ ਦੀ ਅੰਬਾਲਾ, ਦਿੱਲੀ, ਫਿਰੋਜ਼ਪੁਰ ਤੇ ਮੁਰਾਦਾਬਾਦ ਡਵੀਜ਼ਨਾਂ 'ਚ ਰੇਲ ਸੇਵਾਵਾਂ ਪ੍ਰਭਾਵਿਤ ਹੋਈਆਂ ਹਨ ਤੇ 201 ਮੇਲ/ਐਕਸਪ੍ਰੈੱਸ ਅਤੇ 199 ਪੈਸੰਜਰ ਰੇਲਗੱਡੀਆਂ ਨੂੰ ਰੱਦ ਕੀਤਾ ਗਿਆ ਹੈ।

## ਹੜ੍ਹਾਂ ਦੌਰਾਨ ਇਨਫੈਕਸ਼ਨ ਵਾਲੀਆਂ ਬਿਮਾਰੀਆਂ ਤੋਂ ਬਚਾਅ ਲਈ ਸਿਹਤ ਵਿਭਾਗ ਵੱਲੋਂ ਅਡਵਾਈਜ਼ਰੀ ਜਾਰੀ

**ਧਰਮਕੋਟ (ਗੁਰਦੀਪ ਸਿੰਘ ਭੁੱਲਰ)**-ਪੰਜਾਬ ਸੂਬੇ ਦਾ ਕਾਫੀ ਹਿੱਸਾ ਇਸ ਸਮੇਂ ਹੜ੍ਹਾਂ ਦੀ ਮਾਰ ਹੇਠ ਹੈ ਜਿਸ ਸਬੰਧੀ ਪੰਜਾਬ ਸਰਕਾਰ ਤੇ ਸਿਹਤ ਵਿਭਾਗ ਪੰਜਾਬ ਵੱਲੋਂ ਆਮ ਲੋਕਾਂ ਦੀ ਸੁਰੱਖਿਆ ਦੇ ਮੱਦੇਨਜ਼ਰ ਜਾਰੀ ਕੀਤੀ ਗਈ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਮੋਗਾ ਡਾ. ਰਾਜੇਸ਼ ਅੱਤਰੀ ਨੇ ਦੱਸਿਆ ਕਿ ਹੜ੍ਹਾਂ ਦੌਰਾਨ ਇਨਫੈਕਸ਼ਨ ਨਾਲ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਾਅ ਤੇ ਕੰਟਰੋਲ ਲਈ ਘਰਾਂ ਤੇ ਮੁਹੱਲਿਆਂ ਵਿੱਚ ਪਾਣੀ ਭਰ ਜਾਣ ਦੀ ਸੂਰਤ 'ਚ ਸਿਰਫ ਸਾਫ ਪਾਣੀ ਦੀ ਵਰਤੋਂ ਕਰੋ। ਪੀਣ ਵਾਲੇ ਪਾਣੀ ਨੂੰ ਉਬਾਲ ਕੇ, ਠੰਢਾ ਕਰਕੇ ਵਰਤਿਆ ਜਾਵੇ ਤੇ ਸਮੇਂ ਸਮੇਂ 'ਤੇ ਸਾਬਣ ਤੇ ਪਾਣੀ ਨਾਲ ਹੱਥ ਧੋਵੋ। ਦੂਸ਼ਿਤ ਪਾਣੀ ਨਾਲ ਚਮੜੀ ਤੇ ਬੈਕਟੀਰੀਅਲ ਇਨਫੈਕਸ਼ਨ ਹੋ ਸਕਦੀ ਹੈ, ਚਮੜੀ ਦੀ ਲਾਗ ਨੂੰ ਰੋਕਣ ਲਈ ਰਬੜ ਦੇ ਬੂਟ ਤੇ ਪੂਰੀਆਂ ਬਾਹਾਂ ਵਾਲੇ ਕੱਪੜੇ ਪਹਿਨੋ। ਮੀਂਹ ਦੌਰਾਨ ਜੇਕਰ ਖਾਣ ਵਾਲਾ ਸਾਮਾਨ ਗਿੱਲਾ ਹੋ ਜਾਵੇ ਤਾਂ ਉਸ ਨੂੰ ਖਾਣ ਤੋਂ ਗੁਰੇਜ਼ ਕਰੋ। ਉਨ੍ਹਾਂ ਕਿਹਾ ਕਿ ਇਸ ਮੌਸਮ ਦੌਰਾਨ ਜੇਕਰ ਕਿਸੇ ਨੂੰ ਬੁਖਾਰ ਜਾਂ ਦਸਤ ਦੀ ਸਮੱਸਿਆ ਆਉਂਦੀ ਹੈ ਤਾਂ ਤੁਰੰਤ ਨੇੜੇ ਦੀ ਸਿਹਤ ਸੰਸਥਾ ਨਾਲ ਸੰਪਰਕ ਕੀਤਾ ਜਾਵੇ। ਡਾ. ਅੱਤਰੀ ਨੇ ਦੱਸਿਆ ਕਿ ਇਸ ਸਬੰਧੀ ਪ੍ਰਾਈਵੇਟ ਹਸਪਤਾਲਾਂ ਤੇ ਸਮਾਜਸੇਵੀ ਸੰਸਥਾਵਾਂ ਨੂੰ ਵੀ ਪੁਖਤਾ ਤਿਆਰੀਆਂ ਕਰਨ ਲਈ ਕਿਹਾ ਗਿਆ ਹੈ। ਇਸ ਮੌਕੇ ਉਨ੍ਹਾਂ ਨਾਲ ਸਹਾਇਕ ਸਿਵਲ ਸਰਜਨ ਡਾ. ਡੀ ਪੀ ਸਿੰਘ ਤੇ ਮੀਡੀਆ ਵਿੰਗ ਵੱਲੋਂ ਅੰਮ੍ਰਿਤ ਪਾਲ ਸ਼ਰਮਾ ਤੇ ਲਖਵਿੰਦਰ ਸਿੰਘ ਕੈਂਥ ਵੀ ਹਾਜ਼ਰ ਸਨ।

## ਬੀ ਕੇ ਯੂ ਏਕਤਾ (ਅਜ਼ਾਦ) ਵੱਲੋਂ 24 ਤੋਂ ਜ਼ਿਲ੍ਹਾ ਹੈੱਡਕੁਆਰਟਰਾਂ ਅੱਗੇ ਪੱਕੇ ਮੋਰਚੇ ਲਾਉਣ ਦਾ ਐਲਾਨ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)**-ਭਾਰਤੀ ਕਿਸਾਨ ਯੂਨੀਅਨ ਏਕਤਾ (ਅਜ਼ਾਦ) ਵੱਲੋਂ ਗੁਰਦੁਆਰਾ ਸਿਧਾਣਾ ਸਾਹਿਬ 'ਚ ਸੂਬਾ ਪੱਧਰੀ ਵੱਧਵੀ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਸੈਂਕੜੇ ਕਿਸਾਨ, ਮਜ਼ਦੂਰ ਤੇ ਨੌਜਵਾਨਾਂ ਸਮੇਤ ਵੱਡੀ ਗਿਣਤੀ 'ਚ ਕਿਸਾਨ ਬੀਬੀਆਂ ਨੇ ਹਿੱਸਾ ਲਿਆ। ਮੀਟਿੰਗ ਵਿੱਚ ਬਾਰਸ਼ ਕਾਰਨ ਹੋਏ ਹਜ਼ਾਰਾਂ ਹੈਕਟੇਅਰ 'ਚ ਫਸਲਾਂ, ਸਬਜ਼ੀਆਂ, ਫਲਾਂ ਤੇ ਘਰਾਂ ਦੇ ਨੁਕਸਾਨ ਤੋਂ ਇਲਾਵਾ ਪਸ਼ੂਆਂ ਆਦਿ ਦੇ ਭਾਰੀ ਨੁਕਸਾਨ 'ਤੇ ਚਿੰਤਾ ਜ਼ਾਹਰ ਕਰਦਿਆਂ ਸਰਬਸੰਮਤੀ ਨਾਲ ਫੈਸਲਾ ਕੀਤਾ ਕਿ ਪੰਜਾਬ ਸਰਕਾਰ ਇਸ ਨੁਕਸਾਨ ਦੀ ਪੂਰਤੀ ਕਰੇ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾਈ ਕਮੇਟੀ ਮੈਂਬਰ ਜਸਵਿੰਦਰ ਸਿੰਘ ਲੌਂਗੋਵਾਲ, ਦਿਲਬਾਗ ਸਿੰਘ ਹਰੀਗੜ੍ਹ, ਮਨਜੀਤ ਸਿੰਘ ਨਿਆਲ, ਗੁਰਮੇਲ ਸਿੰਘ ਮਹੋਲੀ ਤੇ ਔਰਤ ਵਿੰਗ ਦੀਆਂ ਸੂਬਾਈ ਆਗੂਆਂ ਵਿੱਚ ਬਲਜੀਤ ਕੌਰ ਕਿਲਾ ਭਰੀਆਂ, ਦਵਿੰਦਰ ਕੌਰ ਹਰਦਾਸਪੁਰ ਤੇ ਗੁਰਪ੍ਰੀਤ ਕੌਰ ਬਰਾਸ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਜਦੋਂ ਸੱਤਾ ਤੋਂ ਬਾਹਰ ਸੀ ਤਾਂ ਚੁਟਕੀਆਂ ਵਜਾ ਕੇ ਐੱਮ ਐੱਸ ਪੀ ਤੇ ਫਸਲਾਂ ਦੀ ਖਰੀਦ ਕਰਨ ਦੀ ਗਰੰਟੀ ਕਰਦੇ ਸੀ, ਪਰ ਅੱਜ ਮੰਡੀਆਂ ਵਿੱਚ ਸਾਡੇ ਕਿਸਾਨਾਂ ਦੀ ਮੱਕੀ ਤੇ ਮੂੰਗੀ ਦੀ ਫਸਲ ਅੱਧੇ ਰੇਟ 'ਤੇ ਖਰੀਦੀ ਗਈ ਤੇ ਕਿਸਾਨਾਂ ਦੀ ਲੁੱਟ ਕੀਤੀ ਗਈ।

ਸੂਬਾਈ ਆਗੂ ਕਰਨੈਲ ਸਿੰਘ ਲੰਗ ਤੇ ਗੁਰਦੇਵ ਸਿੰਘ ਗੱਜੂਮਾਜਰਾ ਨੇ ਕਿਹਾ ਕਿ ਪੰਜਾਬ ਸਰਕਾਰ ਬਾਸਮਤੀ ਝੋਨੇ ਦੀ ਫਸਲ ਨੂੰ ਮੰਡੀਆਂ ਵਿੱਚ ਰੁਲਣ ਤੇ ਕਿਸਾਨਾਂ ਦੀ ਹੁੰਦੀ ਲੁੱਟ ਰੋਕਣ ਲਈ ਘੱਟੋ ਘੱਟ ਸਮਰਥਨ ਮੁੱਲ ਦਾ ਐਲਾਨ ਕਰੇ ਤੇ ਖਰੀਦ ਦੀ ਗਰੰਟੀ ਕਨੂੰਨ ਨੂੰ ਮਾਨਤਾ ਦੇਵੇ। ਕਿਸਾਨ ਆਗੂਆਂ ਨੇ ਐਲਾਨ ਕੀਤਾ ਕਿ 24 ਤਰੀਕ ਤੋਂ ਪੰਜਾਬ ਭਰ ਦੇ ਜ਼ਿਲ੍ਹਾ ਹੈੱਡਕੁਆਰਟਰਾਂ ਅੱਗੇ ਪੱਕੇ ਮੋਰਚੇ ਲਾ ਕੇ ਮੱਕੀ ਤੇ ਮੂੰਗੀ ਦੀ ਫਸਲ, ਜੋ ਘੱਟ ਰੇਟ 'ਤੇ ਖਰੀਦੀ ਗਈ, ਉਸ ਦੀ ਭਰਪਾਈ ਕਰਾਉਣ, ਹੜ੍ਹਾਂ ਦੌਰਾਨ ਹੋਏ ਫਸਲਾਂ ਤੇ ਘਰਾਂ ਦੇ ਨੁਕਸਾਨ ਦੀ ਪੂਰਤੀ ਕਰਾਉਣ ਤੇ ਹੋਰਨਾਂ ਮੰਗਾਂ ਲਾਗੂ ਕਰਵਾਉਣ ਲਈ ਮੋਰਚੇ ਲਗਾਏ ਜਾਣਗੇ। ਕਿਸਾਨ ਆਗੂਆਂ ਨੇ ਕਿਹਾ ਕਿ ਜੇਕਰ ਇਨ੍ਹਾਂ ਮੰਗਾਂ ਪ੍ਰਤੀ ਪੰਜਾਬ ਸਰਕਾਰ ਨੇ ਸੁਹਿਰਦਤਾ ਨਾ ਦਿਖਾਈ ਤਾਂ 25 ਜੁਲਾਈ ਨੂੰ ਇਹ ਪੱਕੇ ਮੋਰਚੇ ਰੇਲ ਦੀਆਂ ਲਾਈਨਾਂ 'ਤੇ ਸ਼ਿਫਟ ਕੀਤੇ ਜਾਣਗੇ। ਇਸ ਦੀ ਤਿਆਰੀ ਵਜੋਂ ਪਿੰਡ ਪਿੰਡ ਵੱਧਵੀਆਂ ਮੀਟਿੰਗਾਂ, ਰੈਲੀਆਂ ਤੇ ਝੰਡੇ ਮਾਰਚ ਕਰਨ ਦਾ ਫੈਸਲਾ ਮੀਟਿੰਗ ਦੌਰਾਨ ਉਲੀਕਿਆ ਗਿਆ।

## ਸਿੱਖਿਆ ਵਿਭਾਗ ਦੇ ਕੱਚੇ ਦਫਤਰੀ ਮੁਲਾਜ਼ਮਾਂ ਵੱਲੋਂ ਕਲਮ ਛੋੜ ਹੜਤਾਲ ਮੁਲਤਵੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਆਮ ਆਦਮੀ ਪਾਰਟੀ ਦੀ ਸਰਕਾਰ ਦੀ ਵਾਅਦਾ ਖਿਲਾਫੀ ਕਰਕੇ 6 ਜੁਲਾਈ 2023 ਤੋਂ ਸਿੱਖਿਆ ਵਿਭਾਗ ਦੇ ਕੱਚੇ ਦਫਤਰੀ ਮੁਲਾਜ਼ਮ ਤੇ ਆਈ ਈ ਆਰ ਟੀ ਅਧਿਆਪਕਾਂ ਨੇ ਕਲਮ ਛੋੜ ਹੜਤਾਲ ਕੀਤੀ ਸੀ।ਇਸ ਸਮੇਂ ਦੌਰਾਨ ਸਰਕਾਰ/ਵਿਭਾਗ ਨਾਲ ਲਗਾਤਾਰ ਹੋ ਰਹੀਆਂ ਸਨ, ਮੀਟਿੰਗਾਂ ਵਿੱਚ ਵਿਭਾਗ ਵੱਲੋਂ ਸਰਵ ਸਿੱਖਿਆ ਅਭਿਆਨ ਦਫਤਰੀ ਕਰਮਚਾਰੀਆਂ ਦੀਆਂ ਜਾਇਜ਼ ਤੇ ਹੱਕੀ ਮੰਗਾਂ ਮੰਨਣ ਅਤੇ ਮੌਸਮ ਦੀ ਨਜ਼ਾਕਤ ਨੂੰ ਵੇਖਦੇ ਹੋਏ ਕਲਮ ਛੋੜ ਹੜਤਾਲ ਵਾਪਸ ਲਈ ਗਈ।

ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਸਰਵ ਸਿੱਖਿਆ ਅਭਿਆਨ ਦਫਤਰੀ ਕਰਮਚਾਰੀ ਯੂਨੀਅਨ ਦੇ ਜ਼ਿਲ੍ਹਾ ਫਿਰੋਜ਼ਪੁਰ ਦੇ ਪ੍ਰਧਾਨ ਜਨਕ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਜੇਕਰ ਸਰਕਾਰ ਆਪਣੇ ਵਾਅਦੇ ਤੋਂ ਮੁਕਰੇਗੀ ਤਾਂ ਸੰਘਰਸ਼ ਹੋਰ ਤਿੱਖਾ ਕਰਦੇ ਹੋਏ ਹੋਰ ਵੱਡੇ ਐਕਸ਼ਨ ਉਲੀਕੇਗੀ।

ਇਸ ਮੌਕੇ ਭਰਾਤਰੀ ਜਥੇਬੰਦੀਆਂ ਵਿੱਚੋਂ ਜ਼ਿਲ੍ਹਾ ਪ੍ਰਧਾਨ ਬਲਵਿੰਦਰ ਸਿੰਘ ਭੁੱਟੋ, ਰਜੀਵ ਹਾਂਡਾ, ਬਲਵਿੰਦਰ ਸਿੰਘ ਸੰਧੂ, ਜਗਸੀਰ ਸਿੰਘ, ਸ਼ਹਿਨਾਜ, ਗੁਰਮੀਤ ਸਿੰਘ, ਹਰਪਾਲ ਸਿੰਘ, ਸੰਦੀਪ ਕੁਮਾਰ ਜੀਟੀਯੂ ਯੂਨੀਅਨ ਤੇ ਹਰਦੀਪ ਸਿੰਘ ਤੂਰ ਐੱਸ ਸੀ, ਬੀ ਸੀ ਯੂਨੀਅਨ, ਕੁਲਦੀਪ ਸਿੰਘ ਜੰਗ ਈਟੀਟੀ ਯੂਨੀਅਨ ਪੰਜਾਬ, ਸੁਰਿੰਦਰ ਕੁਮਾਰ ਨਰੂਲਾ ਤੇ ਪ੍ਰਗਟ ਸਿੰਘ ਗਿੱਲ ਅਤੇ ਬੀਪੀਈ ਐਸੋਸੀਏਸ਼ਨ ਦੇ ਆਗੂ ਰਣਜੀਤ ਸਿੰਘ, ਰਾਜਨ ਨਰੂਲਾ ਤੇ ਸੁਮਨਦੀਪ ਕੌਰ ਨੇ ਐੱਸ ਐੱਸ ਏ/ਰਮਸਾ ਮਿੱਡ ਡੇ ਮੀਲ ਯੂਨੀਅਨ ਦੀ ਹਮਾਇਤ ਕੀਤੀ, ਜਿਸ ਲਈ ਉਹ ਇਨ੍ਹਾਂ ਦਾ ਬਹੁਤ ਬਹੁਤ ਧੰਨਵਾਦ ਤੇ ਆਸ ਕਰਦੇ ਹਾਂ ਕਿ ਅੱਗੇ ਤੋ ਇਸੇ ਤਰਾਂ ਸਹਿਯੋਗ ਮਿਲਦਾ ਰਹੇਗਾ।


**ਉੱਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਉਪ ਮੁੱਖ ਇੰਜੀਨੀਅਰ/ਉਸਾਰੀ-ਸੈਕਿੰਡ/ਉਤਰ ਰੇਲਵੇ ਬਨਿਹਾਲ ਭਾਰਤ ਦੇ ਰਾਸ਼ਟਰਪਤੀ ਦੇ ਲਈ ਅਤੇ ਉਨ੍ਹਾਂ ਵਲੋਂ ਹੇਠਾਂ ਲਿਖਤ ਕੰਮ ਦੇ ਲਈ ਵਨ-ਪੈਕੇਟ ਪ੍ਰਣਾਲੀ ਦੇ ਤਹਿਤ ਖੁਲ੍ਹੀ ਈ-ਨਿਵਿਦਾ ਮੰਗ ਕਰਦੇ ਹਨ:

| ਲੜੀ ਨੰਬਰ | ਕੰਮ ਦਾ ਨਾਮ | ਅੰਦਾਜਨ ਲਾਗਤ /ਬਿਆਨਾ ਰਾਸ਼ੀ | ਕੰਮ ਦੀ ਸਮਾਨ ਨੇਚਰ/ ਪੂਰਾ ਹੋਣ ਦਾ ਸਮਾਂ | ਨਿਵਿਦਾ ਦਸਤਾਵੇਜ ਦੀ ਲਾਗਤ (ਈ-ਨਿਵਿਦਾ ਦੇ ਮਾਮਲੇ ਵਿਚ ਜੀਰੋ) |
|---|---|---|---|---|
| 1 | ਨਵੀਂ ਲਾਈਨ ਸੋਪੋਰ- ਕੁਪਵਾੜਾ ਦੇ ਲਈ ਅੰਤਮ ਸਥਾਨ ਸਰਵੇਖਣ (ਐਫਐਲਐਸ)। (33.70 ਕਿਮੀ) | ₹3,30,79,523/— ₹3,15,400/— | ਏਰਿਯਲ ਸਰਵੇ (ਏਰਿਯਲ ਫੋਟੋਗ੍ਰਮੇਟ੍ਰਿਕ ਸਰਵੇ ਜਾਂ ਏਰਿਯਲ ਲਿਡਾਰ) ਅਤੇ ਡੀਜੀਪੀਐਸ (ਡਿਫਰੇਂਸ਼ਿਯਲ ਗਲੋਬਲ ਪੋਜਿਸ਼ਨਿੰਗ ਸਿਸਟਮ), ਜਿਹੀਆਂ ਆਧੁਨਿਕ ਸਰਵੇਖਣ ਤਕਨੀਕਾਂ ਦਾ ਉਪਯੋਗ ਕਰਕੇ ਰੇਲਵੇ ਲਾਈਨ/ਸੜਕ ਦਾ ਇੰਜੀਨੀਅਰਿੰਗ ਸਰਵੇਖਣ ਕੰਮ ਲੇਵਲਿੰਗ ਅਤੇ ਡੀਈਐਮ ਦਾ ਨਿਰਮਾਣ / 75 ਦਿਨ | ਜੀਰੋ |
| 2 | ਨਿਵਿਦਾ ਅਪਲੋਡ ਕਰਨ ਦੀ ਅੰਤਮ ਮਿਤੀ ਅਤੇ ਸਮਾਂ | 11:30 ਵਜੇ ਤਕ 07.08.2023 ਨੂੰ | | |
| 3 | ਨਿਵਿਦਾ ਖੋਹਲਣ ਦੀ ਮਿਤੀ | 11:30 ਵਜੇ 07.08.2023 ਨੂੰ | | |
| 4 | ਆਫਰ ਦੀ ਵੈਲੇਡਿਟੀ | ਨਿਵਿਦਾ ਖੋਹਲਣ ਦੀ ਮਿਤੀ ਤੋਂ 60 ਦਿਨ | | |
| 5 | ਪ੍ਰਸਤਾਵ ਪੇਸ਼ ਕਰਨ ਦੇ ਲਈ ਰੇਲਵੇ ਦੀ ਵੈਬਸਾਈਟ 'ਤੇ ਨਿਵਿਦਾ ਦਸਤਾਵੇਜ ਦੀ ਉਪਲਬਧਤਾ | 24.07.2023 ਤੋਂ 07.08.2023 ਤਕ ਨਿਵਿਦਾ ਦਸਤਾਵੇਜ ਆਈਆਰਈਪੀਐਸ ਸਾਈਟ www.ireps.gov.in 'ਤੇ ਉਪਲਬਧ ਹੋਣਗੇ। | | |

ਈ-ਨਿਵਿਦਾ ਸੂਚਨਾ/ਨਿਵਿਦਾ ਦਸਤਾਵੇਜ www.ireps.gov.in 'ਤੇ ਨਿਵਿਦਾ ਦਸਤਾਵੇਜ ਅਪਲੋਡ ਕਰਨ ਦੀ ਮਿਤੀ ਤੋਂ ਉਪਲਬਧ ਹੋਵੇਗਾ।

ਨਿਵਿਦਾ ਸੂਚਨਾ ਲੜੀਵਾਰ W-2/Survey/Dy.CE/C/BAHL ਤਾਰੀਕ 13.07.2023 2157/2023

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


## ਤਰੱਕੀਆਂ ਦੀ ਮੰਗ ਨੂੰ ਲੈ ਕੇ ਜ਼ਿਲ੍ਹਾ ਸਿੱਖਿਆ ਅਫਸਰ ਨੂੰ ਮਿਲਿਆ ਡੀ ਟੀ ਐੱਫ ਦਾ ਵਫਦ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਦਫਤਰ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਐਲੀਮੈਂਟਰੀ) ਪੰਜਾਬ, ਐੱਸ ਏ ਐੱਸ ਨਗਰ ਵੱਲੋਂ ਜਾਰੀ ਮੀਮੋ 'ਚ ਪੰਜਾਬ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫਸਰਾਂ (ਐ ਸਿ) ਨੂੰ ਈ ਟੀ ਟੀ ਤੋਂ ਹੈੱਡ ਟੀਚਰਜ਼ (ਐੱਚ ਟੀ) ਦੀਆਂ ਤਰੱਕੀਆਂ ਦੀ ਪ੍ਰਵਾਨਗੀ ਜਾਰੀ ਕੀਤੀ ਹੈ ਪਰ ਵਿਭਾਗ ਪੱਤਰ ਜਾਰੀ ਕਰਨ ਵੇਲੇ ਐੱਚ ਟੀ ਤੋਂ ਸੈਂਟਰ ਹੈੱਡ ਟੀਚਰਜ਼ ਦੀਆਂ ਤਰੱਕੀਆਂ ਦੀ ਪ੍ਰਵਾਨਗੀ ਦੇਣੀ ਭੁੱਲ ਗਿਆ ਹੈ। ਇਸ ਸੰਬੰਧੀ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਜ਼ਿਲ੍ਹਾ ਇਕਾਈ ਸ੍ਰੀ ਮੁਕਤਸਰ ਸਾਹਿਬ ਦਾ ਇੱਕ ਵਫਦ ਜ਼ਿਲ੍ਹਾ ਪ੍ਰਧਾਨ ਪਵਨ ਕੁਮਾਰ ਦੀ ਅਗਵਾਈ ਹੇਠ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ) ਪ੍ਰਭਜੋਤ ਕੌਰ ਨੂੰ ਮਿਲਿਆ। ਵਫਦ ਵਿੱਚ ਸ਼ਾਮਲ ਜ਼ਿਲ੍ਹਾ ਜਨਰਲ ਸਕੱਤਰ ਕੁਲਵਿੰਦਰ ਸਿੰਘ, ਬਲਾਕ ਮੁਕਤਸਰ-1 ਦੇ ਪ੍ਰਧਾਨ ਜਸਵੰਤ ਸਿੰਘ ਅਤੇ ਬਲਾਕ ਮੁਕਤਸਰ-2 ਦੇ ਪ੍ਰਧਾਨ ਰਵੀ ਕੁਮਾਰ ਨੇ ਜ਼ਿਲ੍ਹਾ ਸਿੱਖਿਆ ਅਫਸਰ ਦੇ ਧਿਆਨ ਵਿੱਚ ਲਿਆਂਦਾ ਕਿ ਪਿਛਲੇ ਸਮਿਆਂ ਵਿੱਚ ਪ੍ਰਾਇਮਰੀ ਵਿਭਾਗ ਵਿੱਚ ਤਰੱਕੀਆਂ ਕਰਨ ਸਮੇਂ ਪਹਿਲਾਂ ਬੀ ਪੀ ਈ ਓ, ਫਿਰ ਸੈਂਟਰ ਹੈੱਡ ਟੀਚਰਜ਼ ਅਤੇ ਫਿਰ ਹੈੱਡ ਟੀਚਰਜ਼ ਦੀਆਂ ਤਰੱਕੀਆਂ ਕੀਤੀਆਂ ਜਾਂਦੀਆਂ ਸਨ, ਪਰ ਇਸ ਵਾਰ ਬੀ ਪੀ ਈ ਓ ਦੀਆਂ ਤਰੱਕੀਆਂ ਤੋਂ ਬਾਅਦ ਸੈਂਟਰ ਹੈੱਡ ਟੀਚਰਜ਼ ਦੀਆਂ ਤਰੱਕੀਆਂ ਨਹੀਂ ਕੀਤੀਆਂ ਜਾ ਰਹੀਆਂ, ਵਿਭਾਗ ਵੱਲੋਂ ਸਿੱਧਾ ਹੈੱਡ ਟੀਚਰਜ਼ ਦੀਆਂ ਤਰੱਕੀਆਂ ਕਰਨ ਦੀ ਪ੍ਰਵਾਨਗੀ ਜਾਰੀ ਕੀਤੀ ਗਈ ਹੈ ਜਿਸ ਪ੍ਰਤੀ ਹੈੱਡ ਟੀਚਰ ਵਰਗ ਵਿੱਚ ਨਿਰਾਸ਼ਾ ਹੈ। ਜ਼ਿਲ੍ਹਾ ਸਿੱਖਿਆ ਅਫਸਰ ਵੱਲੋਂ ਆਗੂਆਂ ਦੀ ਗੱਲ ਨਾਲ ਸਹਿਮਤੀ ਪ੍ਰਗਟਾਈ ਅਤੇ ਉੱਚ ਅਧਿਕਾਰੀਆਂ ਤੱਕ ਗੱਲ ਰੱਖਣ ਦਾ ਵਿਸ਼ਵਾਸ ਦਿਵਾਇਆ। ਆਗੂਆਂ ਨੇ ਮੰਗ ਕੀਤੀ ਕਿ ਕਿਉਂਕਿ ਸੈਂਟਰ ਹੈੱਡ ਟੀਚਰਜ਼ ਦੀਆਂ ਤਰੱਕੀਆਂ ਵੀ ਜ਼ਿਲ੍ਹਾ ਸਿੱਖਿਆ ਅਫਸਰ ਵੱਲੋਂ ਹੀ ਕੀਤੀਆਂ ਜਾਂਦੀਆਂ ਹਨ ਇਸ ਲਈ ਹੈੱਡ ਟੀਚਰਜ਼ ਦੀਆਂ ਤਰੱਕੀਆਂ ਤੋਂ ਪਹਿਲਾਂ ਸੈਂਟਰ ਹੈੱਡ ਟੀਚਰਜ਼ ਦੀਆਂ ਤਰੱਕੀਆਂ ਕੀਤੀਆਂ ਜਾਣ, ਇਸ ਨਾਲ ਹੈੱਡ ਟੀਚਰਜ਼ ਦੀਆਂ ਖਾਲੀ ਅਸਾਮੀਆਂ ਵੀ ਵੱਧ ਮਿਲਣਗੀਆਂ ਅਤੇ ਵੱਧ ਅਧਿਆਪਕਾਂ ਨੂੰ ਤਰੱਕੀ ਦਾ ਮੌਕਾ ਮਿਲੇਗਾ। ਡੀ ਟੀ ਐੱਫ ਦੇ ਆਗੂਆਂ ਸੁਰਿੰਦਰ ਕੁਮਾਰ, ਮਨੋਜ ਕੁਮਾਰ, ਬਲਵੰਤ ਸਿੰਘ, ਡਿੰਪਲ ਕੁਮਾਰ ਸਰਬਜੀਤ ਸਿੰਘ, ਸਾਗਰ ਗਾਬਾ, ਮਸਤਾਨ ਸਿੰਘ, ਭੁਪਿੰਦਰ ਕੁਮਾਰ, ਨਰੇਸ਼ ਕੁਮਾਰ ਵੱਲੋਂ ਸਿੱਧੀ ਭਰਤੀ ਰਾਹੀਂ ਭਰਤੀ ਹੋਏ ਹੈੱਡ ਟੀਚਰਜ਼ ਅਤੇ ਸੈਂਟਰ ਹੈੱਡ ਟੀਚਰਜ਼ ਨੂੰ ਬਦਲੀ ਉਪਰੰਤ ਜ਼ਿਲ੍ਹੇ ਵਿੱਚ ਕੋਟੇ ਤੋਂ ਵੱਧ ਅਧਿਆਪਕਾਂ ਨੂੰ ਹਾਜ਼ਰ ਕਰਾਉਣ ਸੰਬੰਧੀ ਕੋਟੇ ਅਨੁਸਾਰ ਹੈੱਡ ਟੀਚਰਜ਼ ਹੋਰ ਬਣਦੀਆਂ ਅਸਾਮੀਆਂ ਦੇਣ ਦੀ ਮੰਗ ਕੀਤੀ ਤਾਂ ਜੋ ਸਿੱਧੀ ਭਰਤੀ ਅਤੇ ਤਰੱਕੀ ਲਈ ਅਸਾਮੀਆਂ ਦਾ ਕੋਟਾ ਬਹਾਲ ਰਹਿ ਸਕੇ।

## ਪਟਿਆਲਾ ਦੇ ਸ਼ਾਹੀ ਘਰਾਣੇ ਵੱਲੋਂ ਘੱਗਰ ਨਦੀ ਨੂੰ ਨੱਥ-ਚੂੜਾ ਚੜ੍ਹਾਉਣਾ ਗੁੰਮਰਾਹਕੁਨ ਰਵਾਇਤ : ਮਾਸਟਰ ਪਰਮਵੇਦ

**ਹੜ੍ਹਾਂ ਲਈ ਸਰਕਾਰਾਂ ਦੀਆਂ ਗਲਤ ਨੀਤੀਆਂ ਜ਼ਿੰਮੇਵਾਰ : ਤਰਕਸ਼ੀਲ ਆਗੂ**



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)**-ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਸੰਗਰੂਰ ਦੇ ਆਗੂਆਂ ਮਾਸਟਰ ਪਰਮਵੇਦ, ਸੁਰਿੰਦਰ ਪਾਲ, ਸੀਤਾ ਰਾਮ, ਕ੍ਰਿਸ਼ਨ ਸਿੰਘ, ਗੁਰਦੀਪ ਸਿੰਘ, ਚਰਨ ਕਮਲ ਸਿੰਘ, ਪ੍ਰਗਟ ਸਿੰਘ ਬਾਲੀਆਂ ਤੇ ਰਘਵੀਰ ਸਿੰਘ ਨੇ ਸੰਸਦ ਮੈਂਬਰ ਪ੍ਰਨੀਤ ਕੌਰ ਤੇ ਉਨ੍ਹਾਂ ਦੀ ਪੁੱਤਰੀ ਜੈ ਇੰਦਰ ਕੌਰ ਵੱਲੋਂ ਘੱਗਰ ਨਦੀ ਨੂੰ ਨੱਥ-ਚੂੜਾ ਚੜ੍ਹਾਉਣ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਇਸ ਨੂੰ ਪੰਜਾਬ ਦੇ ਲੋਕਾਂ ਵਿੱਚ ਅੰਧ-ਵਿਸ਼ਵਾਸ ਫੈਲਾਉਣ ਵਾਲੀ ਕਾਰਵਾਈ ਕਰਾਰ ਦਿੱਤਾ ਹੈ। ਤਰਕਸ਼ੀਲ ਆਗੂਆਂ ਨੇ ਸਪੱਸ਼ਟ ਕੀਤਾ ਕਿ ਘੱਗਰ ਨਦੀ ਵਿੱਚ ਹਰ ਸਾਲ ਨੱਥ ਚੂੜਾ ਚੜ੍ਹਾਉਣ ਤੇ ਮੰਤਰਾਂ, ਅਰਦਾਸਾਂ ਦਾ ਜਾਪ ਕਰਨ ਨਾਲ ਅੱਜ ਤੱਕ ਕਦੇ ਵੀ ਲੋਕਾਂ ਨੂੰ ਹੜ੍ਹਾਂ ਦੀ ਮਾਰ ਤੇ ਜਾਨ-ਮਾਲ ਦੇ ਭਾਰੀ ਨੁਕਸਾਨ ਤੋਂ ਨਹੀਂ ਬਚਾਇਆ ਜਾ ਸਕਿਆ। ਇਸ ਘਰਾਣੇ ਵੱਲੋਂ ਕਈ ਸਾਲਾਂ ਤੋਂ ਅਜਿਹਾ ਕਰਨ ਦੇ ਬਾਵਜੂਦ ਘੱਗਰ ਨਦੀ ਦਾ ਪਾਣੀ ਲਗਾਤਾਰ ਲੋਕਾਂ ਦਾ ਵੱਡਾ ਨੁਕਸਾਨ ਕਰਦਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਇਕ ਸੰਸਦ ਮੈਂਬਰ ਵੱਲੋਂ ਇਸ ਕਾਰਵਾਈ ਰਾਹੀਂ ਨਾ ਸਿਰਫ ਪੰਜਾਬ ਤੇ ਦੇਸ਼ ਦੇ ਲੋਕਾਂ ਵਿੱਚ ਘੋਰ ਅੰਧ-ਵਿਸ਼ਵਾਸ ਫੈਲਾਇਆ ਜਾ ਰਿਹਾ ਹੈ, ਬਲਕਿ ਹੁਕਮਰਾਨਾਂ ਨੂੰ ਸਵਾਲ ਕਰਨ ਦੀ ਬਜਾਏ ਲੋਕਾਂ ਨੂੰ ਸਭ ਕੁਝ ਕਿਸੇ ਅਦਿੱਖ ਸ਼ਕਤੀ ਉਤੇ ਟੇਕ ਰੱਖਣ ਲਈ ਗੁੰਮਰਾਹ ਵੀ ਕੀਤਾ ਜਾ ਰਿਹਾ ਹੈ, ਜਿਸ ਦਾ ਲੋਕਾਂ ਨੂੰ ਡੱਟਵਾਂ ਵਿਰੋਧ ਕਰਨ ਦੀ ਲੋੜ ਹੈ। ਤਰਕਸ਼ੀਲ ਆਗੂਆਂ ਨੇ ਇਸ ਸਬੰਧੀ ਲੋਕਾਂ ਨੂੰ ਸੁਚੇਤ ਕਰਦਿਆਂ ਸਪੱਸ਼ਟ ਕੀਤਾ ਕਿ ਹੜ੍ਹਾਂ ਦਾ ਆਉਣਾ ਇੱਕ ਕੁਦਰਤੀ ਤਰਾਸਦੀ ਹੈ, ਪਰ ਸਾਮਰਾਜ ਪੱਖੀ ਹਕੂਮਤਾਂ ਵੱਲੋਂ ਕਾਰਪੋਰੇਟ ਪੱਖੀ ਮੁਨਾਫਾਖੋਰ ਨੀਤੀਆਂ ਹੇਠ ਕੁਦਰਤੀ ਸਰੋਤਾਂ ਦੀ ਕੀਤੀ ਜਾ ਰਹੀ ਅੰਨ੍ਹੀਂ ਲੁੱਟ, ਜੰਗਲਾਂ ਦੀ ਅੰਨ੍ਹੇਵਾਹ ਕਟਾਈ, ਗੈਰ-ਯੋਜਨਾਬੱਧ ਪ੍ਰੋਜੈਕਟ, ਵੱਡੇ ਕਾਰਖਾਨਿਆਂ ਤੇ ਅੰਧ-ਵਿਸ਼ਵਾਸੀ ਲੋਕਾਂ ਰਾਹੀਂ ਨਦੀਆਂ, ਨਾਲਿਆਂ ਤੇ ਦਰਿਆਵਾਂ ਵਿੱਚ ਸੁੱਟਿਆ ਜਾ ਰਿਹਾ ਗੰਦਾ ਪਾਣੀ ਤੇ ਧਾਰਮਿਕ ਸਮੱਗਰੀ ਅਤੇ ਉਨ੍ਹਾਂ ਦੀ ਨਿਯਮਤ ਸਫਾਈ ਨਾ ਹੋਣ, ਹੜ੍ਹਾਂ ਦੀ ਰੋਕਥਾਮ ਲਈ ਠੋਸ ਯੋਜਨਾਬੰਦੀ ਦੀ ਘਾਟ ਤੇ ਮੌਜੂਦਾ ਭ੍ਰਿਸ਼ਟ ਰਾਜ ਪ੍ਰਬੰਧ ਆਦਿ ਅਜਿਹੇ ਕਾਰਨ ਜ਼ਿੰਮੇਵਾਰ ਹਨ, ਜਿਨ੍ਹਾਂ ਕਰਕੇ ਹਰ ਸਾਲ ਪੰਜਾਬ ਤੇ ਦੇਸ਼ ਦੇ ਲੋਕਾਂ ਦਾ ਕੀਮਤੀ ਜਾਨੀ ਤੇ ਅਰਬਾਂ ਰੁਪਏ ਦਾ ਆਰਥਿਕ ਨੁਕਸਾਨ ਕੀਤਾ ਜਾਂਦਾ ਹੈ, ਜਿਸ ਲਈ ਕੋਈ ਦੈਵੀ ਸ਼ਕਤੀ ਨਹੀਂ ਬਲਕਿ ਮੌਜੂਦਾ ਹਕੂਮਤਾਂ ਜ਼ਿੰਮੇਵਾਰ ਹਨ। ਤਰਕਸ਼ੀਲ ਆਗੂਆਂ ਨੇ ਪੰਜਾਬ ਸਰਕਾਰ ਤੋਂ ਜ਼ੋਰਦਾਰ ਮੰਗ ਕੀਤੀ ਕਿ ਹੜ੍ਹਾਂ ਦੀ ਤਬਾਹੀ ਨਾਲ ਬਰਬਾਦ ਹੋਏ ਘਰਾਂ, ਫਸਲਾਂ, ਕਿਸਾਨਾਂ, ਮਜ਼ਦੂਰਾਂ, ਦਲਿਤਾਂ ਸਮੇਤ ਹਰ ਵਰਗ ਦੇ ਪੀੜਤਾਂ ਨੂੰ ਯੋਗ ਮੁਆਵਜ਼ਾ ਦਿੱਤਾ ਜਾਵੇ।

# ਵੱਖ-ਵੱਖ ਜੱਥੇਬੰਦੀਆਂ ਨੇ ਫੂਕਿਆ ਪੰਜਾਬ ਸਰਕਾਰ ਦਾ ਪੁਤਲਾ



**ਮੇਹਟੀਆਣਾ ( ਜਗਤਰ ਸਿੰਘ ਭੁੰਗਰਨੀ)**-ਅੱਡਾ ਕੋਟ ਫਤੂਹੀ ਦੇ ਨਹਿਰ ਵਾਲੇ ਚੌਂਕ ਵਿਖੇ ਪੰਜਾਬ ਸੁਬਾਰਡੀਨੇਟ ਸਰਵਿਸ ਫੈਡਰੇਸ਼ਨ ਬਲਾਕ ਪ੍ਰਧਾਨ ਨਰਿੰਦਰ ਅਜਨੋਹਾ, ਪ੍ਰਿੰਸੀਪਲ ਪਿਆਰਾ ਸਿੰਘ, ਸ਼ਾਮ ਸੁੰਦਰ ਕਪੂਰ ਅਤੇ ਕਮਲਜੀਤ ਖੜੌਦੀ ਦੀ ਸਰਪ੍ਰਸਤੀ ਹੇਠ ਬਲਾਕ ਦੀਆਂ ਵੱਖ-ਵੱਖ ਜੱਥੇਬੰਦੀਆਂ, ਜਿਨਾਂ ਵਿੱਚ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ, ਜੀ.ਟੀ.ਯੂ, ਜੇ.ਪੀ.ਐੱਮ.ਓ, ਮਿਡ-ਡੇ-ਮੀਲ ਵਰਕਰ ਯੂਨੀਅਨ ਅਤੇ ਹੋਰ ਭਰਾਤਰੀ ਜੱਥੇਬੰਦੀਆਂ ਦੇ ਸਹਿਯੋਗ ਨਾਲ ਪੰਜਾਬ ਸਰਕਾਰ ਦੀ ਵਾਇਦਾ ਖਿਲਾਫੀ 'ਤੇ ਪੁਤਲਾ ਫੂਕਿਆ ਗਿਆ। ਪੰਜਾਬ ਸਰਕਾਰ ਦੀ ਸੰਗਰੂਰ ਵਿਖੇ ਕੱਚੇ ਮੁਲਾਜਮਾਂ ਉੱਪਰ ਕੀਤੇ ਪੁਲਸ ਤਸ਼ੱਦਦ ਦੀ ਜੋਰਦਾਰ ਨਿਖੇਧੀ ਕੀਤੀ ਗਈ। ਆਗੂਆਂ ਨੇ ਸਰਕਾਰ ਦਾ ਹੜ੍ਹਾਂ ਲਈ ਪੁਖਤਾ ਪ੍ਰਬੰਧ ਨਾ ਕਰਨ ਅਤੇ ਕਟਾਰੀਆਂ ਤੋਂ ਮਾਹਿਲਪੁਰ ਦੀ ਸੜਕ ਦੇ ਬੁਰੀ ਹਾਲਤ ਲਈ ਪਿੱਟ ਸਿਆਪਾ ਵੀ ਕੀਤਾ। ਕੱਚੇ ਮੁਲਾਜਮਾਂ ਨੂੰ ਪੱਕਾ ਕਰਨ, ਮਾਣਭੱਤੇ 'ਤੇ ਕੰਮ ਕਰ ਰਹੇ ਵਰਕਰਾਂ ਦੀਆਂ ਉਜਰਤਾਂ, ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਮਹਿਕਮੇ ਵਿੱਚ ਮਰਜ , ਪੁਰਾਣੀ ਪੈਨਸ਼ਨ ਬਹਾਲੀ , ਡੀ ਏ ਦੀਆਂ ਕਿਸਤਾਂ ਅਤੇ ਪੇਅ-ਕਮਿਸ਼ਨ ਦੇ 66 ਮਹੀਨਿਆਂ ਦਾ ਬਕਾਇਆ, ਪੈਨਸ਼ਨਰਾਂ ਲਈ 2.59 ਗੁਣਾਂਕ , ਕੇਂਦਰੀ ਪੇਅ ਕਮਿਸ਼ਨ ਅਤੇ ਡਿਵੈੱਲਪਮੈਂਟ ਟੈਕਸ ਜਬਰੀ ਥੋਪਣਾ , ਨਿੱਜੀਕਰਨ, ਆਊਟਸੋਰਸਿੰਗ ਅਤੇ ਇਨਲਿਸਟਮੈਂਟ ਸਿਸਟਮ ਲਈ ਢੁਕਵਾਂ ਹੱਲ, ਅਤੇ ਹੋਰ ਕਈ ਹੱਕੀ ਤੇ ਜਾਇਜ ਮੰਗਾਂ ਪ੍ਰਤੀ ਅਪਣਾਈ 'ਆਪ' ਸਰਕਾਰ ਦੀ ਬੇਰੁੱਖੀ ਤੋਂ ਪ੍ਰੇਸ਼ਾਨ ਜੱਥੇਬੰਦੀਆਂ ਵਲੋਂ ਕੋਟ ਫਤੂਹੀ ਦੇ ਮੇਨ ਬਜਾਰ ਵਿੱਚ ਰੋਸ ਮਾਰਚ ਕਰਨ ਉਪਰੰਤ ਇਕੱਠ ਵਲੋਂ ਪੰਜਾਬ ਸਰਕਾਰ ਦਾ ਪੁਤਲਾ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਅਮਰਵੀਰ ਕੌਰ, ਲਵਦੀਪ ਕੌਰ, ਸੰਦੀਪ ਕੌਰ, ਚਰਨਜੀਤ ਕੌਰ, ਲਖਜੀਤ ਕੌਰ, ਬਖਸ਼ੋ, ਅਵਤਾਰ, ਸੁਰਿੰਦਰ, ਸਰਬਜੀਤ, ਬਲਜੀਤ, ਉਂਕਾਰ ਸਿੰਘ, ਹਰਮਨੋਜ ਕੁਮਾਰ, ਮਹਿੰਦਰ ਪਾਲ, ਸਗਲੀ ਰਾਮ, ਸੋਹਣ ਸਿੰਘ, ਜਸਵੀਰ, ਅਮਰਜੀਤ ਸਿੰਘ , ਹਰਬੰਸ ਸਿੰਘ, ਗੁਰਮੀਤ ਸਿੰਘ, ਗੁਰਪਾਲ ਸਿੰਘ, ਸੁਰਜੀਤ ਸਿੰਘ, ਅਸਵਨੀ ਕੁਮਾਰ, ਬਲਜਿੰਦਰ ਪਾਲ, ਰਾਮ ਸਰੂਪ, ਹਰਪਾਲ ਸਿੰਘ, ਅਜੇ ਕੁਮਾਰ, ਸਤਪਾਲ ਸਿੰਘ, ਸਤਨਾਮ ਸਿੰਘ, ਜਸਵੰਤ ਰਾਏ, ਸ਼ਿੰਗਾਰਾ ਸਿੰਘ, ਹਰਬੰਸ ਲਾਲ, ਪਰਮਿੰਦਰ ਕੁਮਾਰ, ਕਿਰਪਾਲ ਸਿੰਘ, ਹੰਸਰਾਜ, ਹਰਿੰਦਰ ਸਿੰਘ, ਬਲਵੀਰ ਸਿੰਘ, ਅਬਾਦ ਅਲੀ, ਜਸਵਿੰਦਰ ਸਿੰਘ, ਬਖਤਾਵਰ ਸਿੰਘ, ਬੀ.ਪੀ.ਈ.ਓ ਬਲਵੀਰ ਚੰਦ, ਕੁਲਵੰਤ ਸਿੰਘ, ਅਮਰਜੀਤ ਸਿੰਘ, ਜਤਿੰਦਰ ਸਿੰਘ, ਮੋਹਣ ਸਿੰਘ ਅਤੇ ਵੱਡੀ ਗਿਣਤੀ ਵਿੱਚ ਮੁਲਾਜ਼ਮ, ਪੈਨਸ਼ਨਰ ,ਮਿਡ-ਡੇ-ਮੀਲ ਵਰਕਰ ਅਤੇ ਇਨਸਾਫ ਪਸੰਦ ਲੋਕ ਹਾਜਰ ਸਨ।

# ਸ਼ੇਰਗਿੱਲ ਵੱਲੋਂ ਹੜ੍ਹ ਪੀੜਤਾਂ ਲਈ ਖ਼ੁਰਾਕ ਰਾਹਤ ਸਮੱਗਰੀ ਦਾ ਟਰੱਕ ਰਵਾਨਾ




**ਐੱਸ.ਏ.ਐੱਸ. ਨਗਰ, ( ਗੁਰਜੀਤ ਬਿੱਲਾ)** -ਪੰਜਾਬ ਵਿੱਚ ਹੜ੍ਹਾਂ ਨਾਲ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਦਿੱਤੀਆਂ ਹਦਾਇਤਾਂ ਅਤੇ ਸਹਿਯੋਗ ਨਾਲ ਵੱਖ ਵੱਖ ਮਿਲਕ ਪਲਾਂਟਾਂ ਵੱਲੋਂ ਆਪਣਾ ਵਿਸ਼ੇਸ਼ ਯੋਗਦਾਨ ਪਾਇਆ ਜਾ ਰਿਹਾ ਹੈ। ਇਸੇ ਦੇ ਸਬੰਧ ਵਿਚ ਮਿਲਕ ਪਲਾਂਟ ਮੋਹਾਲੀ, ਮਿਲਕ ਪਲਾਂਟ ਲੁਧਿਆਣਾ, ਜਲੰਧਰ, ਅੰਮ੍ਰਿਤਸਰ ਵੱਲੋਂ ਹੜ੍ਹ ਨਾਲ ਪ੍ਰਭਾਵਿਤ ਲੋਕਾਂ ਦੀ ਮੱਦਦ ਕੀਤੀ ਜਾ ਰਹੀ ਹੈ। ਇਹ ਜਾਣਕਾਰੀ ਮਿਲਕ ਪਲਾਂਟ ਮੋਹਾਲੀ ਵਿਖੇ ਰਾਹਤ ਸਮੱਗਰੀ ਦਾ ਟਰੱਕ ਰਵਾਨਾ ਕਰਨ ਵੇਲੇ ਚੇਅਰਮੈਨ ਮਿਲਕਫੈੱਡ ਨਰਿੰਦਰ ਸਿੰਘ ਸ਼ੇਰਗਿੱਲ ਨੇ ਦੱਸਿਆ ਕਿ ਮਿਲਕ ਪਲਾਂਟਾਂ ਵਲੋਂ ਪੰਜਾਬ ਸਰਕਾਰ ਦੇ ਸਹਿਯੋਗ ਨਾਲ ਹੜ੍ਹਾਂ ਦੀ ਮਾਰ ਝੱਲ ਰਹੇ ਲੋਕਾਂ ਦੇ ਲਈ ਵੱਖ-ਵੱਖ ਪ੍ਰਕਾਰ ਦੀਆਂ 41 ਹਜਾਰ 800 ਖੁਰਾਕ ਕਿੱਟਾਂ ਤਿਆਰ ਕੀਤੀਆਂ ਗਈਆਂ ਹਨ। 7000 ਕਿੱਟਾਂ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਵੰਡ ਦਿੱਤੀਆਂ ਗਈਆਂ ਹਨ। ਹੁਣ ਤੱਕ ਮਿਲਕਫੈੱਡ ਨੂੰ ਸਰਕਾਰ ਤੋਂ 50 ਹਜਾਰ ਪੈਕਟ ਭੋਜਨ ਪੈਕੇਟਾਂ ਦੀ ਮੰਗ ਪ੍ਰਾਪਤ ਹੋਈ ਹੈ ਅਤੇ ਇਸ ਸਬੰਧੀ ਪੰਜਾਬ ਭਰ ਵਿਖੇ ਭੋਜਨ ਰਾਹਤ ਸਮੱਗਰੀ ਦੀ ਸਪਲਾਈ ਸ਼ੁਰੂ ਕਰ ਦਿੱਤੀ ਗਈ ਹੈ। ਇਸ ਮੌਕੇ ਮਿਲਕਫੈੱਡ ਦੇ ਮੈਨੇਜਿੰਗ ਡਾਇਰੈਕਟਰ ਅਮਿਤ ਢਾਕਾ, ਪ੍ਰਦੀਪ ਮਲਹੋਤਰਾ, ਹਰਸੁਖਿੰਦਰ ਸਿੰਘ (ਬੱਬੀ ਬਾਦਲ), ਰਾਜ ਕੁਮਾਰ ਜਨਰਲ ਮੈਨੇਜਰ, ਸੰਜੀਵ ਕੁਮਾਰ, ਜਨਰਲ ਮੈਨੇਜਰ, ਦਿਲਬਾਗ ਸਿੰਘ ਸੈਣੀ, ਹਰੀਸ਼ ਕੌਸ਼ਲ, ਹਰਨੇਕ ਸਿੰਘ ਅਭੀਪੁਰ, ਮੇਜਰ ਸਿੰਘ, ਦਰਸ਼ਨ ਸਿੰਘ, ਨਰਿੰਦਰ ਸਿੰਘ ਝਾਮਪੁਰ, ਅਵਤਾਰ ਸਿੰਘ ਢਿੱਲੋਂ, ਗੁਰਪ੍ਰੀਤ ਸਿੰਘ ਚੀਨਾ, ਡਾਇਰੈਕਟਰ ਮਿਲਕ ਪਲਾਂਟ ਮੋਹਾਲੀ ਬੰਤ ਸਿੰਘ, ਸ੍ਰੀਮਤੀ ਪਰਮਜੀਤ ਕੌਰ, ਗੁਰਿੰਦਰ ਸਿੰਘ, ਬਲਜਿੰਦਰ ਸਿੰਘ, ਮਨਿੰਦਰਪਾਲ ਸਿੰਘ, ਜਸਵਿੰਦਰ ਸਿੰਘ, ਗੁਰਮੀਤ ਸਿੰਘ, ਰਣਜੀਤ ਸਿੰਘ, ਮਨਜਿੰਦਰ ਸਿੰਘ, ਹਰਮਿੰਦਰਪਾਲ ਸਿੰਘ, ਹਰਕੇਤ ਸਿੰਘ, ਸੁਰਜੀਤ ਸਿੰਘ, ਅਮਰਜੀਤ ਸਿੰਘ, ਡੀ.ਜੀ.ਐਮ. ਮਨੋਜ ਕੁਮਾਰ ਸ੍ਰੀਵਾਸਤਵਾ ਆਦਿ ਹਾਜਰ ਸਨ।

# ਵਿਆਹ ਦੇ ਬਹਾਨੇ ਮਾਰਨ ਦੀ ਨੀਅਤ ਰੱਖਣ ਵਾਲੇ ਤਿੰਨ ਚੜ੍ਹੇ ਪੁਲਸ ਅੜਿੱਕੇ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਐਸ.ਆਈ. ਹਰਪ੍ਰੇਮ ਸਿੰਘ ਮੁੱਖ ਅਫਸਰ ਥਾਣਾ ਗੜ੍ਹਸ਼ੰਕਰ ਨੂੰ ਉਸ ਸਮੇਂ ਵੱਡੀ ਕਾਮਯਾਬੀ ਮਿਲੀ ਜਦੋਂ ਦੋਸ਼ੀ ਹਰਦੀਪ ਕੁਮਾਰ ਉਰਫ ਦੀਪੂ ਪੁਤਰ ਮਦਨ ਲਾਲ ਵਾਸੀ ਕੋਟ, ਰਵੀ ਕੁਮਾਰ ਉਰਫ ਰਵੀ ਪੁੱਤਰ ਹਰਬੰਸ ਲਾਲ ਵਾਸੀ ਕਾਨੇਵਾਲ ਅਤੇ ਕਰਨਜੀਤ ਸਿੰਘ ਉਰਫ ਕਰਨ ਪੁਤਰ ਸਰਬਜੀਤ ਸਿੰਘ ਵਾਸੀ ਵਾਰਡ ਨੰਬਰ-1, ਗੜ੍ਹਸ਼ੰਕਰ, ਥਾਣਾ ਗੜ੍ਹਸ਼ੰਕਰ ਨੂੰ ਗ੍ਰਿਫਤਾਰ ਕੀਤਾ ਗਿਆ। ਗ੍ਰਿਫਤਾਰ ਦੋਸ਼ੀਆਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕਰਕੇ ਡੂੰਘਾਈ ਨਾਲ ਪੁੱਛਗਿੱਛ ਕੀਤੀ ਗਈ। ਉਕਤ ਮੁਕੱਦਮੇ ਦੇ ਮੁਦੱਈ ਹਰੀ ਉਮ ਪੁੱਤਰ ਮੋਹਨ ਲਾਲ ਵਾਸੀ ਦੋਬਈ, ਥਾਣਾ ਸੈਸਵਾਨ, ਜਿਲਾ ਬਦਾਉ ਹਾਲ ਵਾਸੀ ਮਦਨ ਲਾਲ ਵਾਸੀ ਕੋਟ ਥਾਣਾ ਗੜ੍ਹਸ਼ੰਕਰ ਜੋ ਢਿੱਲੋਂ ਡੇਅਰੀ ਬੰਗਾ ਰੋਡ ਗੜ੍ਹਸ਼ੰਕਰ ਵਿਖੇ ਕੰਮ ਕਰਦਾ ਸੀ ਤੇ ਉਹ ਹੁਣ ਨਿਊ ਢਿਲੋਂ ਡੇਅਰੀ ਬੰਗਾ ਰੋਡ ਗੜ੍ਹਸ਼ੰਕਰ ਕੰਮ ਕਰਨ ਲੱਗ ਪਿਆ ਸੀ। ਨਿਊ ਢਿੱਲੋਂ ਡੇਅਰੀ ਦਾ ਕਰਿੰਦਾ ਕੁਝ ਦਿਨ ਲਈ ਬਾਹਰ ਚਲੇ ਗਿਆ ਤੇ ਇਨ੍ਹਾਂ ਦੇ ਕਹਿਣ ਤੇ ਉਕਤ ਹਰੀ ਓਮ ਫਿਰ ਤੋਂ ਨਿਊ ਢਿੱਲੋਂ ਡੇਅਰੀ 'ਤੇ ਕੰਮ ਕਰਨ ਲੱਗ ਪਿਆ। ਜਿਥੇ ਢਿੱਲੋਂ ਡੇਅਰੀ ਦਾ ਮਾਲਕ ਮਦਨ ਲਾਲ ਹਰੀ ਉਮ ਨਾਲ ਅੰਦਰੂਨੀ ਰੰਜਿਸ਼ ਰੱਖਣ ਲੱਗਾ। ਉਨ੍ਹਾਂ ਦੱਸਿਆ ਕਿ ਉਹ ਅਤੇ ਢਿੱਲੋਂ ਡੇਅਰੀ ਦਾ ਮਾਲਕ ਮਦਨ ਲਾਲ ਅਤੇ ਉਸ ਦਾ ਲੜਕਾ ਹਰਦੀਪ ਉਰਫ ਦੀਪੂ, ਹਰਦੀਪ ਦਾ ਸਾਲਾ ਰਵੀ ਮਹਿੰਦਰਾ ਗੱਡੀ ਤੇ ਉਸ ਨੂੰ ਵਿਆਹ 'ਤੇ ਲਿਜਾਣ ਦਾ ਬਹਾਨਾ ਲਗਾ ਕੇ ਹਰੀ ਉਮ ਨੂੰ ਨਾਲ ਲੈ ਗਏ। ਮਦਨ ਲਾਲ ਦਾ ਨੌਕਰ ਕਰਨ ਉਰਫ ਕਰਨਜੀਤ ਪਿੱਛੇ ਮੋਟਰਸਾਇਕਲ 'ਤੇ ਆ ਰਿਹਾ ਸੀ। ਉਕਤ ਵਿਅਕਤੀ ਨੇ ਸ਼ਰਾਬ ਦਾ ਸੇਵਣ ਕਰਕੇ ਹਿਮਾਚਲ ਵਿੱਚ ਜਾ ਕੇ ਹਰੀ ਉਮ ਨੂੰ ਮਾਰ ਦੇਣ ਦੀ ਨੀਅਤ ਨਾਲ ਅਗਵਾ ਕਰਕੇ ਉਸ ਦੀ ਕੁੱਟ ਮਾਰ ਕਰਕੇ ਪਰਨੇ ਨਾਲ ਗਲਾ ਘੁੱਟ ਕੇ ਉਸ ਦਾ ਮੂੰਹ ਬੰਨ ਕੇ ਉਸ ਨੂੰ ਸੰਤੋਹਗੜ (ਹਿਮਾਚਲ ਪ੍ਰਦੇਸ਼) ਦਰਿਆ ਵਿਚ ਸੁੱਟ ਦਿਤਾ। ਜਿਥੇ ਉਹ ਪਾਣੀ ਵਿੱਚ ਰੁੜਦਾ ਹੋਇਆ ਕਿਸੇ ਦਰੱਖਤ ਦੇ ਨਾਲ ਸਹਾਰਾ ਲੈ ਕੇ ਸਾਰੀ ਰਾਤ ਪਾਣੀ ਵਿੱਚ ਹੀ ਰਿਹਾ। ਜਿਸ ਨੂੰ ਸਵੇਰੇ ਰਾਹਗੀਰਾਂ ਵੱਲੋਂ ਦੇਖਣ 'ਤੇ ਪੁਲਸ ਚੌਕੀ ਸੰਤੋਹਗੜ ਥਾਣਾ ਹਰੋਲੀ ਜਿਲ੍ਹਾ ਊਨਾ ਹਿਮਾਚਲ ਪ੍ਰਦੇਸ਼ ਦੀ ਪੁਲਸ ਦੀ ਮਦਦ ਨਾਲ ਉਸ ਨੂੰ ਪਾਣੀ ਵਿਚੋਂ ਕੱਢ ਕੇ ਉਸ ਦਾ ਇਲਾਜ ਕਰਵਾ ਕੇ ਡਾਕਟਰੀ ਫਿੱਟ ਕਰਵਾ ਕੇ ਕਾਰਵਾਈ ਅਮਲ ਵਿਚ ਲਿਆਂਦੀ। ਚੌਕੀ ਸੰਤੋਹਗੜ੍ਹ ਥਾਣਾ ਹਰੋਲੀ ਦੀ ਪੁਲਸ ਨੇ ਉਕਤ ਵਿਅਕਤੀ ਦੇ ਜਾਣਕਾਰਾਂ ਨੂੰ ਬੁਲਾ ਕੇ ਥਾਣਾ ਗੜ੍ਹਸ਼ੰਕਰ ਦੀ ਪੁਲਸ ਦੇ ਹਵਾਲੇ ਕੀਤਾ ਜਿਥੇ ਹਰੀ ਉਮ ਦੇ ਬਿਆਨ ਲੈ ਕੇ ਉਕਤ ਮੁਕੱਦਮਾ ਦਰਜ ਕੀਤਾ ਗਿਆ।

# ਕੁੱਲ ਹਿੰਦ ਕਿਸਾਨ ਸਭਾ ਨੇ ਲੋੜਵੰਦਾਂ ਨੂੰ ਰਾਸ਼ਨ ਵੰਡਿਆ



ਹੜ੍ਹ ਪ੍ਰਭਾਵਿਤ ਖੇਤਰ ਵਿੱਚ ਪੁੱਜੀ ਕਿਸਾਨ ਸਭਾ ਦੀ ਟੀਮ।

**ਸ਼ਾਹਕੋਟ (ਗਿਆਨ ਸੈਦਪੁਰੀ)**- ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾਈ ਆਗੂ ਕਾਮਰੇਡ ਸੂਰਤ ਸਿੰਘ ਧਰਮਕੋਟ ਅਤੇ ਹੋਰ ਸਾਥੀਆਂ ਨੇ ਪਿੰਡ ਸੇਰੇਵਾਲਾ (ਫਤੇਹਗੜ੍ਹ ਪੰਜਤੂਰ) ਦੇ ਬੰਨ੍ਹ ਅੰਦਰ ਘਿਰੇ ਲੋਕਾਂ ਦੀ ਸਹਾਇਤਾ ਲਈ ਅਪੀਲ ਕੀਤੀ ਹੈ। ਉਨ੍ਹਾਂ ਦੱਸਿਆ ਕਿ ਇਸ ਇਲਾਕੇ ਵਿੱਚ ਪਸ਼ੂਆਂ ਦਾ ਚਾਰਾ ਬਿਲਕੁਲ ਹੀ ਤਬਾਹ ਹੋ ਚੁੱਕਾ ਹੈ। ਪਾਣੀ ਵਿੱਚ ਘਿਰੇ ਲੋਕਾਂ ਲਈ ਜਿੱਥੇ ਰਾਸ਼ਨ ਪਹੁੰਚਾਉਣਾ ਜਰੂਰੀ ਹੈ, ਉੱਥੇ ਪਸ਼ੂਆਂ ਦੇ ਚਾਰੇ ਲਈ ਪ੍ਰਬੰਧ ਕਰਨਾ ਵੀ ਬੇਜ਼ੁਬਾਨਾਂ ਦੇ ਭਲੇ ਵਾਲੀ ਗੱਲ ਹੈ। ਕੁੱਲ ਹਿੰਦ ਕਿਸਾਨ ਸਭਾ ਦੀ ਟੀਮ ਬੇੜੀਆਂ 'ਤੇ ਸਵਾਰ ਹੋ ਕੇ ਲੋੜਵੰਦਾਂ ਤੱਕ ਪੁੱਜੀ। ਟੀਮ ਨੇ ਖੰਡ, ਚਾਹ ਅਤੇ ਸੁੱਕੇ ਦੁੱਧ ਦੀਆਂ ਕਿੱਟਾਂ ਵੰਡੀਆਂ। ਇਸ ਮੌਕੇ ਹੋਰਨਾਂ ਤੋ ਇਲਾਵਾ ਕਾਮਰੇਡ ਹਰਦਿਆਲ ਸਿੰਘ ਘਾਲੀ, ਤਰਸੇਮ ਮੌਜਗੜ੍ਹ ਅਤੇ ਅਮਰਜੀਤ ਸਿੰਘ ਸੇਰਪੁਰੀ ਵੀ ਮੌਜੂਦ ਸਨ।

# ਸੰਤ ਕੁਲਵੰਤ ਰਾਮ ਭਰੋਮਜਾਰਾ ਨੂੰ ਸਦਮਾ, ਪਿਤਾ ਦਾ ਦੇਹਾਂਤ



**ਬਹਿਰਾਮ (ਅਵਤਾਰ ਕਲੇਰ)** ਸ਼੍ਰੀ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੋਸਾਇਟੀ ਰਜਿ: ਪੰਜਾਬ ਦੇ ਪ੍ਰਧਾਨ ਸੰਤ ਕੁਲਵੰਤ ਰਾਮ ਭਰੋਮਜਾਰਾ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾ ਦੇ ਪਿਤਾ ਗੁਰਬਚਨਾ ਰਾਮ ਦਾ ਬੀਤੇ ਦਿਨੀਂ ਅਚਾਨਕ ਦੇਹਾਂਤ ਹੋ ਗਿਆ। ਸ਼੍ਰੀ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੋਸਾਇਟੀ ਰਜਿ: ਪੰਜਾਬ ਦੇ ਸਮੂਹ ਸੰਤ ਮਹਾਪੁਰਸ਼,ਚੇਅਰਮੈਨ ਸੰਤ ਮਹਿੰਦਰਪਾਲ ਪੰਡਵਾਂ,ਕੈਸ਼ੀਅਰ ਸੰਤ ਜਸਵਿੰਦਰ ਸਿੰਘ ਡਾਂਡੀਆ,ਜਨਰਲ ਸਕੱਤਰ ਸੰਤ ਨਿਰਮਲ ਦਾਸ ਅਵਾਦਾਨ,ਸੰਤ ਬੀਬੀ ਮੀਨਾ ਦੇਵੀ ਜੇਜੋਂ ਦੋਆਬਾ,ਸਾਂਈ ਉਮਰੇ ਸ਼ਾਹ ਕਾਦਰੀ ਜੀ ਗੱਦੀ ਨਸ਼ੀਨ ਰੌਜਾ ਸ਼ਰੀਫ ਮੰਢਾਲੀ , ਸੰਤ ਟੈਹਿਲ ਨਾਥ ਨੰਗਲ ਖੇੜਾ , ਡਾ.ਸੁਖਵਿੰਦਰ ਕੁਮਾਰ ਸੁੱਖੀ ਵਿਧਾਇਕ ਹਲਕਾ ਬੰਗਾ , ਚੌਧਰੀ ਤਰਲੋਚਨ ਸਿੰਘ ਸੂੰਢ ਸਾਬਕਾ ਵਿਧਾਇਕ ਬੰਗਾ , ਕੁਲਜੀਤ ਸਿੰਘ ਸਰਹਾਲ ਹਲਕਾ ਇੰਚਾਰਜ ਆਮ ਆਦਮੀ ਪਾਰਟੀ ਬੰਗਾ , ਬਲਵੀਰ ਸਿੰਘ ਕਰਨਾਣਾ ਚੇਅਰਮੈਨ ਮਾਰਕੀਟ ਕਮੇਟੀ ਬੰਗਾ , ਪ੍ਰਵੀਨ ਬੰਗਾ ,ਜੱਸੀ ਤੱਲ੍ਹਣ ਪ੍ਰਧਾਨ ਸ਼੍ਰੀ ਗੁਰੂ ਰਵਿਦਾਸ ਟਾਈਗਰ ਫੋਰਸ ਪੰਜਾਬ,ਸਾਂਈ ਪੱਪਲ ਸ਼ਾਹ ਭਰੋਮਜਾਰਾ ਪ੍ਰਧਾਨ ਸੂਫੀਆਨਾ ਪ੍ਰਬੰਧਕ ਕਮੇਟੀ ਪੰਜਾਬ,ਸਾਂਈ ਸਾਧੂ ਸ਼ਾਹ ਚਿਸ਼ਤੀ ਦਰਬਾਰ ਕਟਾਰੀਆ , ਸਾਈਂ ਲਖਵੀਰ ਸ਼ਾਹ ਕਾਦਰੀ ਕਟਾਰੀਆ ,ਕਮਲਜੀਤ ਬੰਗਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ ,ਲੈਕ: ਰਾਮ ਲੁਭਾਇਆ, ਕੇ.ਕੇ ਪਾਲ ਵੜਿੰਗ,ਬਲਵੰਤ ਰਾਏ ਜਲੰਧਰ,ਬਿਹਾਰੀ ਲਾਲ ਨੰਗਲ ਭਾਖੜਾ,ਅਵਤਾਰ ਸਿੰਘ ਸਾਬਕਾ ਸਰਪੰਚ ਚੱਕਗੁਰੂ ਆਦਿ ਨੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

# ਸੇਵਾ ਮੁਕਤ ਮੁਲਾਜ਼ਮਾਂ ਦੀ ਥਾਂ ਉੱਚ ਯੋਗਤਾ ਪ੍ਰਾਪਤ ਬੇਰੁਜ਼ਗਾਰਾਂ ਨੂੰ ਪੱਕਾ ਰੁਜ਼ਗਾਰ ਮੁਹੱਈਆ ਕਰਵਾਇਆ ਜਾਵੇ : ਭੁੱਲਰ

**ਮਹਿਤਪੁਰ (ਰਾਜਾ)** ਪੰਜਾਬ ਸਰਕਾਰ ਵੱਲੋਂ ਸਿੱਖਿਆ ਵਿਭਾਗ ਵਿੱਚ ਗੈਰ ਵਿਭਾਗੀ ਕਾਰਜਾਂ ਤੋ ਸਕੂਲ ਮੁਖੀਆਂ ਨੂੰ ਭਾਰ ਮੁਕਤ ਕਰਨ ਲਈ ਸਕੂਲ ਕੈਂਪਸ ਮੈਨੇਜਰਾਂ ਦੀ ਭਰਤੀ ਇਸ਼ਤਿਹਾਰ ਵਿੱਚ ਸਰਕਾਰੀ ਨੌਕਰੀਆਂ ਤੋ ਸੇਵਾ ਮੁਕਤ ਹੋ ਚੁੱਕੇ ਰਾਜ /ਸਥਾਨਕ /ਕੇਂਦਰ ਦੇ ਤੀਜੇ ਦਰਜੇ ਦੇ ਕਰਮਚਾਰੀ ਜੋ 65 ਸਾਲ ਜਾਂ ਇਸ ਤੋਂ ਘੱਟ ਉਮਰ ਨਾਲ ਸੰਬੰਧਿਤ ਹੋਣ ਬਾਰੇ ਜਾਰੀ ਇਸ਼ਤਿਹਾਰ ਦਾ ਪੰਜਾਬ ਸੁਬਾਰਡੀਨੇਟ ਸਰਵਿਸਜ ਫੈਡਰੇਸ਼ਨ (ਵਿਗਿਆਨਿਕ ) ਸਖਤ ਇਤਰਾਜ ਕਰਦੀ ਹੈ।

ਸੂਬਾ ਪ੍ਰਧਾਨ ਗਗਨਦੀਪ ਸਿੰਘ ਭੁੱਲਰ ,ਸੂਬਾ ਜਨਰਲ ਸਕੱਤਰ ਐਨ ਡੀ ਤਿਵਾੜੀ,ਵਿੱਤ ਸਕੱਤਰ ਗੁਲਜਾਰ ਖਾਨ,ਸੂਬਾ ਪ੍ਰੈਸ ਸਕੱਤਰ ਕੰਵਲਜੀਤ ਸੰਗੋਵਾਲ,ਸਹਿ ਪ੍ਰੈਸ ਸਕੱਤਰ ਸੁਖਵਿੰਦਰ ਸਿੰਘ ਦੋਦਾ ਨੇ ਪ੍ਰੈਸ ਦੇ ਨਾਂਅ ਬਿਆਨ ਜਾਰੀ ਕਰਦਿਆਂ ਕਿਹਾ ਇਹ ਆਮ ਲੋਕਾਂ ਦੇ ਨਾਂਅ 'ਤੇ ਬਣੀ ਸਰਕਾਰ "ਖਾਸ ਲੋਕਾਂ" ਦੀਆਂ ਨੀਤੀਆਂ 'ਤੇ ਚਲ ਰਹੀ ਹੈ। ਪੰਜਾਬ ਦਾ ਨੌਜਵਾਨ ਰੁਜਗਾਰ ਨਾ ਮਿਲਣ ਕਾਰਨ ਵਿਦੇਸ਼ਾਂ ਨੂੰ ਜਾ ਰਿਹਾ ਹੈ। ਬੇਰੁਜਗਾਰੀ ਨਾਲ ਸਤਾਏ ਲੋਕ ਟੈਂਕੀਆਂ 'ਤੇ ਚੜ ਕੇ ਆਪਣਾ ਪੱਕਾ ਰੁਜਗਾਰ ਮੰਗ ਰਹੇ ਹਨ । ਪਰ ਪੱਕੇ ਰੁਜਗਾਰ ਦੇਣ ਦਾ ਵਾਅਦਾ ਕਰਕੇ ਆਈ ਮਾਨ ਸਰਕਾਰ ਸੇਵਾ ਮੁਕਤ ਹੋਏ ਮੁਲਾਜਮਾਂ ਨੂੰ ਕੰਟਰੈਕਟ 'ਤੇ ਨੌਕਰੀ ਮੁਹੱਈਆ ਕਰਵਾ ਕੇ ਬੇਰੁਜਗਾਰ ਨੌਜਵਾਨਾਂ ਲਈ ਅਲੱਗ ਤੋਂ ਕੰਢੇ ਬੀਜ ਰਹੀ ਹੈ। ਵਿਗਿਆਨਿਕ ਫੈਡਰੇਸ਼ਨ ਮੰਗ ਕਰਦੀ ਹੈ ਕਿ ਕੱਚੇ ,ਆਊਟਸੋਰਸਿੰਗ ਮੁਲਾਜਮਾਂ ਨੂੰ ਪਹਿਲ ਦੇ ਅਧਾਰ 'ਤੇ ਪੱਕਾ ਕੀਤਾ ਜਾਵੇ। ਸੇਵਾ ਮੁਕਤ ਮੁਲਾਜਮਾਂ ਦੀ ਥਾਂ ਤੇ ਉੱਚ ਯੋਗਤਾ ਪ੍ਰਾਪਤ ਬੇਰੁਜਗਾਰਾਂ ਨੂੰ ਪੱਕਾ ਰੁਜਗਾਰ ਮੁਹੱਈਆ ਕਰਵਾਇਆ ਜਾਵੇ। ਇਸ ਮੌਕੇ ਨਵਪ੍ਰੀਤ ਬੱਲੀ ,ਭੁਪਿੰਦਰ ਪਾਲ ਕੌਰ,ਬਿੱਕਰ ਸਿੰਘ ਮਾਖਾ,ਸੁਰਿੰਦਰ ਕੰਬੋਜ,ਸੋਮ ਸਿੰਘ,ਪ੍ਰਗਟ ਸਿੰਘ ਜੰਬਰ,ਮਲਕੀਤ ਸਿੰਘ ਐਮ ਐਲ ਟੀ,ਸੁੱਚਾ ਸਿੰਘ ਚਾਹਲ ,ਅਮਨ ਲੰਬੀ , ਗੁਰਦੀਪ ਸਿੰਘ ਸੰਗਰੂਰ, ਗੁਰਮੀਤ ਸਿੰਘ ਖਾਲਸਾ, ਕਰਮਦੀਨ,ਮਦਨ ਲਾਲ ਫਾਜਿਲਕਾ ,ਲਖਵਿੰਦਰ ਸਿੰਘ ਲਾਡੀ,ਜਗਮੀਤ ਸਿੰਘ ਹਾਜਰ ਸਨ।

## ਸੰਤ ਸੇਵਾ ਦਾਸ ਦੀ 54ਵੀਂ ਬਰਸੀ 16 ਨੂੰ

**ਮਾਹਿਲਪੁਰ (ਸਫਰੀ)** ਕੁਟੀਆ ਸੰਤ ਬਾਬਾ ਗੰਢਾਂ ਦਾਸ ਜੀ, ਗੁਲਾਬ ਸ਼ਾਹੀ ਦਰਬਾਰ ਪਿੰਡ ਮੁਬਾਰਕਪੁਰ ਜ਼ਿਲ੍ਹਾ ਨਵਾਂ ਸਹਿਰ ਵਿਖੇ ਸੰਤ ਸੇਵਾ ਦਾਸ ਜੀ ਦੀ 54ਵੀਂ ਬਰਸੀ 16 ਜੁਲਾਈ ਨੂੰ ਬੜੀ ਸ਼ਰਧਾ ਪੂਰਵਕ ਅਤੇ ਉਤਸ਼ਾਹ ਨਾਲ ਮਨਾਈ ਜਾ ਰਹੀ ਹੈ। ਮੁਕੰਦਰ ਸਿੰਘ ਕਰੜਾ ਪਦਰਾਨਾ ਨੇ ਦੱਸਿਆ ਕਿ 10 ਵਜੇ ਤਭੋਗ ਸ੍ਰੀ ਅਖੰਡ ਪਾਠ ਸਾਹਿਬ ਜੀ ਤੇ ਇੱਕ ਵਜੇ ਗੁਰੂ ਦਾ ਲੰਗਰ ਦੁਪਹਿਰ ਡੇਢ ਵਜੇ ਚੱਲੇਗਾ।

## ਟ੍ਰੈਫਿਕ ਪੁਲਸ ਨੇ ਕੱਟੇ ਵਾਹਨਾਂ ਦੇ ਚਲਾਨ

**ਟਾਂਡਾ ਉੜਮੁੜ, ( ਜਸਵਿੰਦਰ ਸੰਧੂ ,ਉਂਕਾਰ ਸਿੰਘ )**-ਟਾਂਡਾ ਟ੍ਰੈਫਿਕ ਪੁਲਸ ਵੱਲੋਂ ਹਾਈ ਸਕਿਓਰਿਟੀ ਨੰਬਰ ਪਲੇਟਾਂ ਤੋਂ ਬਿਨਾਂ ਵਾਹਨਾਂ ਦੇ ਚਲਾਨ ਕੀਤੇ ਗਏ। ਟ੍ਰੈਫਿਕ ਪੁਲਸ ਇੰਸਪੈਕਟਰ ਮਨਜੀਤ ਸਿੰਘ ਨੇ ਦੱਸਿਆ ਕਿ ਸਰਕਾਰ ਵੱਲੋਂ 30 ਜੂਨ ਤੱਕ ਸਾਰੇ ਵਾਹਨਾਂ 'ਤੇ ਹਾਈ ਸਕਿਊਰਿਟੀ ਨੰਬਰ ਪਲੇਟਾਂ ਲਗਾਉਣਾ ਲਾਜਮੀ ਕੀਤਾ ਗਿਆ ਸੀ, ਜਿਸ ਤੋਂ ਬਾਅਦ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਹਾਈ ਸਕਿਓਰਿਟੀ ਨੰਬਰ ਪਲੇਟਾਂ ਤੋਂ ਬਿਨਾਂ ਵਾਹਨਾਂ ਦੇ ਚਲਾਨ ਕੱਟੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਵਾਹਨ ਚਲਾਉਂਦੇ ਸਮੇਂ ਮੋਬਾਈਲ ਫੋਨ ਸੁਣਨ ਵਾਲੇ ਤੇ ਦਸਤਾਵੇਜ ਨਾ ਰੱਖਣ ਵਾਲਿਆਂ ਦੇ ਵੀ ਚਲਾਨ ਕੀਤੇ ਗਏ ਹਨ। ਨਾਲ ਹੀ ਸ਼ਰਾਬ ਪੀ ਕੇ ਗੱਡੀ ਚਲਾਉਣ ਵਾਲਿਆਂ ਦੇ ਅਲਕੋਮੀਟਰ ਮਸ਼ੀਨ ਰਾਹੀ ਚੈੱਕ ਕਰ ਚਲਾਨ ਕੀਤੇ ਗਏ । ਉਨ੍ਹਾਂ ਦੱਸਿਆ ਕਿ ਟ੍ਰੈਫਿਕ ਕਾਨੂੰਨ ਦੀ ਉਲੰਘਣਾ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਹਾਈ ਸਕਿਓਰਿਟੀ ਨੰਬਰ ਪਲੇਟ ਨੂੰ ਘਰ ਬੈਠੇ ਹੀ ਆਨਲਾਈਨ ਅਪਲਾਈ ਕੀਤਾ ਜਾ ਸਕਦਾ ਹੈ। ਜੇਕਰ ਕਿਸੇ ਦੇ ਵਾਹਨ 'ਤੇ ਹਾਈ ਸਕਿਓਰਿਟੀ ਨੰਬਰ ਪਲੇਟ ਵੀ ਨਹੀਂ ਹੈ ਤੇ ਉਸ ਨੇ ਅਪਲਾਈ ਕੀਤਾ ਹੈ ਤਾਂ ਵੀ ਉਹ ਰਸੀਦ ਦਿਖਾ ਕੇ ਚਲਾਨ ਤੋਂ ਬਚ ਸਕਦਾ ਹੈ।

## ਮਸੀਹਾ ਬਣ ਕੇ ਆਏ ਪੁਲਸ ਦੇ ਜਵਾਨ

**ਫਿਲੌਰ (ਨਿਰਮਲ)**- ਲਗਾਤਾਰ ਪੈ ਰਹੀ ਬਰਸਾਤ ਅਤੇ ਸਤਲੁਜ ਦਰਿਆ ਵਿੱਚ ਆਏ ਪਾਣੀ ਨੇ ਹੱਦਾਂ ਬੰਨ੍ਹੇ ਟੱਪ ਕੇ ਛਾਲਾਂ ਮਾਰਨੀਆਂ ਸ਼ੁਰੂ ਕਰ ਦਿੱਤੀਆਂ ਤਾਂ ਫਿਲੌਰ ਹਲਕੇ ਦੇ ਪਿੰਡ ਨਵਾਂ ਖਹਿਰਾ ਬੇਟ ਦੇ ਚਾਰੇ ਪਾਸੇ ਪਾਣੀ ਹੀ ਪਾਣੀ ਹੋ ਗਿਆ ਤੇ ਪਿੰਡ ਵਿੱਚ ਹਾਹਾਕਾਰ ਮੱਚ ਗਈ। ਲੋਕਾਂ ਆਪਣੀਆਂ ਜਾਨਾਂ ਬਚਾਉਣ ਲਈ ਤਰਲੇ ਕੱਢ ਰਹੇ ਸਨ ਕਿ ਇੰਨ੍ਹੇ ਨੂੰ ਫਿਲੌਰ ਪੁਲਸ ਦੇ ਜਵਾਨ ਮਸੀਹਾ ਬਣ ਕੇ ਉੱਥੇ ਪਹੁੰਚ ਗਏ। ਥਾਣਾ ਮੁੱਖੀ ਫਿਲੌਰ ਇੰਸਪੈਕਟ ਹਰਜਿੰਦਰ ਸਿੰਘ ਦੀ ਰਹਿਨੁਮਾਈ ਹੇਠ ਰੈਸਕਿਊ ਅਪਰੇਸ਼ਨ ਸ਼ੁਰੂ ਕਰ ਦਿੱਤਾ। ਜਵਾਨਾਂ ਨੇ ਆਪਣੀ ਜਾਨ ਜੋਖਿਮ ਵਿਚ ਪਾ ਕੇ ਉੱਥੋਂ 11 ਬੱਚੇ 9 ਔਰਤਾਂ ਅਤੇ 15 ਵਿਅਕਤੀਆਂ ਨੂੰ ਕੱਢ ਲਿਆਂਦਾ। ਇਸ ਅਪਰੇਸ਼ਨ ਦੀ ਕਰਵਾਈ ਲਈ 7 ਤੋਂ 8 ਘੰਟੇ ਲੱਗ ਗਏ।

## ਸਿਵਲ ਹਸਪਤਾਲ 'ਚ ਨਹੀਂ ਮਿਲ ਰਹੀਆਂ ਸਹੂਲਤਾਂ ਤੇ ਦਵਾਈਆਂ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਸਮਾਜ ਭਲਾਈ ਮੋਰਚਾ ਦੇ ਰਾਸ਼ਟਰੀ ਪ੍ਰਧਾਨ ਦਵਿੰਦਰ ਕੁਮਾਰ ਸਰੋਆ ਨੇ ਇਕ ਪ੍ਰੈਸ ਨੋਟ ਦੁਆਰਾ ਪੰਜਾਬ ਸਰਕਾਰ ਵਲੋਂ ਕੀਤੀ ਗਈ ਵਿਕਾਸ ਪ੍ਰਚਾਰ ਦਾ ਵਿਰੋਧ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਹਰ ਪਾਸੇ ਫੇਲ੍ਹ ਹੈ। ਪੰਜਾਬ ਸਰਕਾਰ ਆਮ ਆਦਮੀ ਕਲੀਨਿਕਾਂ ਦੀ ਗੱਲ ਕਰਦੀ ਹੈ ਕਿ ਹਰ ਨਾਗਰਿਕ ਨੂੰ ਸਿਹਤ ਸਹੂਲਤਾਂ ਮੁਫਤ ਦਿੱਤੀਆਂ ਜਾਂਦੀਆਂ ਹਨ, ਉਹ ਸਭ ਝੂਠ ਹੈ। ਹਸਪਤਾਲ ਵਿੱਚ ਇਕ ਪਰਚੀ ਕਟਵਾਉਣੀ ਹੋਵੇ ਉਹ ਵੀ ਚਾਰ ਘੰਟੇ ਲਾਈਨ ਵਿੱਚ ਲੱਗਣਾ ਪੈਂਦਾ ਹੈ। ਜਿਹੜਾ ਮਰੀਜ਼ ਚਾਰ ਘੰਟੇ ਲਾਈਨ ਵਿੱਚ ਲੱਗਣ ਦੇ ਯੋਗ ਹੋਵੇ ਉਸ ਨੂੰ ਹਸਪਤਾਲ ਵਿੱਚ ਆਉਣ ਦੀ ਕੀ ਲੋੜ ਹੈ। ਮੈਂ ਖੁਦ ਆਪਣੇ ਦੰਦਾਂ ਦਾ ਟ੍ਰੀਟਮੈਂਟ ਕਰਵਾਉਣ ਗਿਆ ਸੀ। ਅੱਜ ਮੈਨੂੰ 10 ਦਿਨ ਹੋ ਗਏ ਹਨ। ਡਾਕਟਰ ਨੇ ਕਿਹਾ ਕਿ ਦੰਦਾਂ ਦੇ ਐਕਸਰੇ ਕਰਵਾਓ। ਮੈਨੂੰ ਖੁਦ ਨੂੰ 19 ਦਿਨਾਂ ਵਿੱਚ ਹਸਪਤਾਲ ਤੋਂ ਕੋਈ ਵੀ ਸਹਾਇਤਾ ਨਹੀਂ ਮਿਲੀ। ਐਕਸਰੇ ਵਾਲੇ ਕਹਿੰਦੇ ਹਨ ਕਿ 40 ਤੋਂ 45 ਦਿਨ ਹੋ ਗਏ ਹਨ ਐਕਸਰੇ ਦੀਆਂ ਮਸ਼ੀਨਾਂ ਨਹੀਂ ਚੱਲਦੀਆਂ, ਪਿੱਛੇ ਤੋਂ ਫਿਲਮਾਂ ਵੀ ਨਹੀ ਆ ਰਹੀਆਂ।

## 4 ਵਿਅਕਤੀ ਦੋ ਮੋਟਰਸਾਇਕਲਾਂ ਤੇ ਨਸ਼ੀਲੇ ਪਦਾਰਥ ਸਮੇਤ ਕਾਬੂ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਇੰਸ. ਬਲਵਿੰਦਰ ਸਿੰਘ, ਮੁੱਖ ਅਫਸਰ ਥਾਣਾ ਦਸੂਹਾ ਵਲੋਂ ਵੱਖ-ਵੱਖ ਪੁਲਸ ਪਾਰਟੀ ਦੀਆਂ ਟੀਮਾਂ ਤਿਆਰ ਕਰਕੇ ਨਸ਼ਾ ਵੇਚਣ ਵਾਲੇ ਕ੍ਰਮਵਾਰ ਜਸਵੀਰ ਕੌਰ ਪਤਨੀ ਸੁੱਚਾ ਸਿੰਘ ਵਾਸੀ ਮਨਿਆਦੀਆ ਥਾਣਾ ਦਸੂਹਾ,ਧਰਮਵੀਰ ਸਿੰਘ ਉਰਫ ਪ੍ਰਿੰਸ ਉਰਫ ਦੰਦੂ ਪੁੱਤਰ ਦਲਜੀਤ ਸਿੰਘ ਵਾਸੀ ਡੱਫਰ ਥਾਣਾ ਗੜਦੀਵਾਲਾ, ਵਰਿੰਦਰਪਾਲ ਸਿੰਘ ਪੁੱਤਰ ਗੁਰਮੁੱਖ ਸਿੰਘ ਵਾਸੀ ਵਾਰਡ ਨੰਬਰ 14 ਅਦਰਸ਼ ਨਗਰ ਮੁਕੇਰੀਆਂ ਥਾਣਾ ਮੁਕੇਰੀਆ,ਸੰਦੀਪ ਕੁਮਾਰ ਉਰਫ ਸੋਨੂ ਪੁੱਤਰ ਬਲਵੀਰ ਸਿੰਘ ਵਾਸੀ ਫੁਗਲਾਣਾ ਥਾਣਾ ਮੇਹਟੀਆਣਾ, ਸਾਰੇ ਜ਼ਿਲ੍ਹਾ ਹੁਸ਼ਿਆਰਪੁਰ ਨੂੰ ਕਾਬੂ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਜਸਵੀਰ ਕੋਰ ਪਾਸੋਂ 11 ਨਸ਼ੀਲੇ ਟੀਕੇ, ਧਰਮਵੀਰ ਸਿੰਘ ਉਰਫ ਪ੍ਰਿੰਸ ਉਰਫ ਦੱਦੂ ਪਾਸੋਂ 12 ਟੀਕੇ, ਵਰਿੰਦਰਪਾਲ ਸਿੰਘ ਪਾਸੋਂ 105 ਗ੍ਰਾਮ ਨਸ਼ੀਲਾ ਪਦਾਰਥ, ਸੰਦੀਪ ਕੁਮਾਰ ਉਰਫ ਸੋਨੂੰ ਪਾਸੋਂ 110 ਗ੍ਰਾਮ ਨਸ਼ੀਲਾ ਪਦਾਰਥ ਬ੍ਰਾਮਦ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਧਰਮਵੀਰ ਸਿੰਘ ਉਰਫ ਪ੍ਰਿੰਸ ਉਰਫ ਦੱਦੂ ਪਾਸੋਂ ਚੋਰੀ ਦੇ ਮੁੱਕਦਮੇ ਵਿੱਚ ਚੋਰੀ ਕੀਤੇ 2 ਮੋਟਰਸਾਈਕਲ ਅਤੇ ਸੀ.ਡੀ. ਬ੍ਰਾਮਦ ਕੀਤੇ ਹਨ।

## ਰਲਮਿਲ ਕੇ ਮਾਨਵਤਾ ਦੀ ਸੇਵਾ ਕਰਨੀ ਚਾਹੀਦੀ-ਡਾ. ਬਾਲੀ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਪਿਛਲੇ ਕਈ ਦਿਨਾਂ ਤੋਂ ਉਤਰੀ ਭਾਰਤ ਦੇ ਕਈ ਸੂਬੇ ਭਾਰੀ ਮੀਂਹ ਨਾਲ ਅਸਤ ਵਿਅਸਤ ਹੋ ਗਏ ਹਨ । ਇਸ ਕੁਦਰਤ ਦੀ ਕਰੋਪੀ ਤੋਂ ਪੰਜਾਬ ਵੀ ਬਚ ਨਹੀਂ ਸਕਿਆ। ਇਨਾਂ ਵਿਚਾਰਾਂ ਦਾ ਪ੍ਰਗਟਾਵਾ ਡਾਕਟਰ ਅਵਤਾਰ ਬਾਲੀ ਸੂਬਾ ਜਨਰਲ ਸਕੱਤਰ ਪੰਜਾਬ ਨਿਊ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਰਜਿ 100 ਨੇ ਕੀਤਾ। ਉਨਾਂ ਇਹ ਕਿਹਾ ਕਿ ਇਸ ਭਾਰੀ ਮੀਂਹ ਕਾਰਨ ਜਿਥੇ ਰੋਜ਼ਾਨਾ ਜਨ ਜੀਵਨ ਪ੍ਰਭਾਵਿਤ ਹੋਇਆ ਹੈ। ਉਥੇ ਇਸ ਕੁਦਰਤੀ ਆਫਤਾਂ ਨਾਲ ਜਾਨ ਮਾਲ ਦਾ ਵੀ ਭਾਰੀ ਮਾਤਰਾ ਵਿੱਚ ਨੁਕਸਾਨ ਹੋਇਆ ਹੈ। ਇਸ ਨੁਕਸਾਨ ਦੀ ਭਰਪਾਈ ਲੰਬੇ ਸਮੇਂ ਤਕ ਨਹੀਂ ਹੋਵੇਗੀ। ਇਸ ਕੁਦਰਤੀ ਆਫਤਾਂ ਨਾਲ ਨਜਿੱਠਣ ਲਈ ਸਾਨੂੰ ਸਭ ਨੂੰ ਰਾਜਨੀਤੀ ਅਤੇ ਪਾਰਟੀਬਾਜ਼ੀ ਤੋਂ ਉਪਰ ਉੱਠ ਕੇ ਰਲਮਿਲ ਕੇ ਮਾਨਵਤਾ ਦੀ ਸੇਵਾ ਕਰਨੀ ਚਾਹੀਦੀ ਹੈ ਅਤੇ ਪ੍ਰਸ਼ਾਸਨ ਦਾ ਸਹਿਯੋਗ ਕਰਨਾ ਚਾਹੀਦਾ ਹੈ। ਦੇਸ਼ ਦੇ ਹਰ ਨਾਗਰਿਕ ਦੀ ਨੈਤਿਕ ਜ਼ਿੰਮੇਵਾਰੀ ਬਣਦੀ ਹੈ ਕਿ ਮਾਨਵਤਾ ਦੀ ਸੇਵਾ ਨਿਸ਼ਕਾਮ ਭਾਵਨਾ ਨਾਲ ਕੀਤੀ ਜਾਵੇ।

## ਪਾਪੂਲਰ ਨਾ ਲਾਉਣ ਦੇ ਹੁਕਮ ਜਾਰੀ ਕੀਤੇ ਜਾਣ : ਬੀ ਕੇ ਯੂ

**ਫਿਲੌਰ (ਨਿਰਮਲ)**- ਪਿੰਡ ਮੀਓਵਾਲ ਸਤਲੁਜ ਦਰਿਆ ਦੇ ਬੰਨ੍ਹ ਦੀ ਹਾਲਤ, ਨਾਜ਼ੁਕ ਹੋਣ ਪ੍ਰਿੰਸੀਪਲ ਪ੍ਰੇਮ ਕੁਮਾਰ ਹਲਕਾ ਇੰਚਾਰਜ ਜੁਆਇੰਟ ਸਕੱਤਰ ਪੰਜਾਬ , ਨਾਇਬ ਤਹਿਸੀਲਦਾਰ ਫਿਲੌਰ ਅਤੇ ਡਰੇਨੇਜ ਵਿਭਾਗ ਦੇ ਅਧਿਕਾਰੀਆਂ ਵੱਲੋਂ ਸਤਲੁਜ ਦੇ ਧੁੱਸੀ ਬੰਨ੍ਹ ਦਾ ਜਾਇਜਾ ਲਿਆ ਗਿਆ । ਇਸ ਮੌਕੇ ਬੀ. ਕੇ .ਯੂ ਕਾਦੀਆਂ ਦੇ ਜ਼ਿਲ੍ਹਾ ਪ੍ਰਧਾਨ ਅਮਰੀਕ ਸਿੰਘ ਭਾਰਸਿੰਘਪੁਰ, ਬੀ.ਕੇ.ਯੂ.ਦੁਆਬਾ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਢੇਸੀ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸਤਲੁਜ ਦਰਿਆ ਮੀਓਵਾਲ ਲੁਧਿਆਣਾ ਵਾਲੀ ਸਾਈਡ 'ਤੇ ਪਾਪੂਲਰ ਲਗਾਏ ਹੋਏ ਹਨ ਜਿਸ ਕਰਕੇ ਪਾਣੀ ਦੂਸਰੀ ਸਾਈਡ ਮਾਰ ਕਰਦਾ ਹੈ। ਉਨ੍ਹਾਂ ਨੇ ਪੰਜਾਬ ਸਰਕਾਰ ਤੇ ਪ੍ਰਸ਼ਾਸਨ ਕੋਲੋਂ ਮੰਗ ਕੀਤੀ ਕਿ ਪਾਪੂਲਰ ਦਾ ਜਖੀਰਾ ਜੋ ਦਰਿਆ ਦੇ ਵਿਚ ਹੈ ਉਸ ਨੂੰ ਪੁੱਟਿਆ ਜਾਵੇ ਤੇ ਪਾਪੂਲਰ ਨਾ ਲਾਉਣ ਦੇ ਹੁਕਮ ਜਾਰੀ ਕੀਤੇ ਜਾਣ। ਇਸ ਮੌਕੇ ਕਮਲਜੀਤ ਸਿੰਘ ਮੋਤੀਪੁਰ ਖਾਲਸਾ, ਹਰਦੀਪ ਸਿੰਘ ਰਾਮਗੜ੍ਹੀਆ, ਅਮਰਜੀਤ ਸਿੰਘ ਕੋਆਰਡੀਨੇਟਰ, ਤਰਸੇਮ ਸਿੰਘ ਢਿੱਲੋਂ, ਪਵਿੱਤਰ ਸਿੰਘ ਤੇਹਿੰਗ, ਜੋਗਾ ਸਿੰਘ ਅਤੇ ਇਲਾਕੇ ਵਾਸੀ ਹਾਜਰ ਸਨ।

## ਸੰਧੂ ਚੱਬੇਵਾਲ ਨੇ ਕੀਤਾ ਹੜ੍ਹ ਪ੍ਰਭਾਵਤ ਇਲਾਕਿਆਂ ਦਾ ਦੌਰਾ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਹਲੂਵਾਲ ਤੇ ਕਹਾਰਪੁਰ ਵਿੱਚ ਮੀਂਹ ਦੇ ਪਾਣੀ ਨਾਲ ਹੋਏ ਨੁਕਸਾਨ ਦਾ ਜਾਇਜ਼ਾ ਲੈਣ ਹਰਮਿੰਦਰ ਸਿੰਘ ਸੰਧੂ ਹਲਕਾ ਇੰਚਾਰਜ ਆਮ ਆਦਮੀ ਪਾਰਟੀ ਪਹੁੰਚੇ । ਉਹਨਾਂ ਦੇ ਨਾਲ ਪ੍ਰਧਾਨ ਜਸਵੀਰ ਸਿੰਘ ਜਲੋਵਾਲ, ਗੁਰਮਿੰਦਰ ਸਿੰਘ ਢੱਕੋ ਸਰਕਲ ਪ੍ਰਧਾਨ, ਬਲਾਕ ਪ੍ਰਧਾਨ ਭੁਪਿੰਦਰ ਸਿੰਘ ਕੋਠੀ, ਵਿੱਕੀ ਕਹਾਰਪੁਰੀ ਸਨ। ਉਹਨਾਂ ਲੋਕਾਂ ਨੂੰ ਆਪਣੇ ਨਿੱਜੀ ਕਿਰਤ ਕਮਾਈ ਵਿਚੋਂ ਜਿਨੀ ਸੰਭਵ ਮੱਦਦ ਕੀਤੀ ਤੇ ਸਰਕਾਰ ਵੱਲੋਂ ਵੀ ਭਰੋਸਾ ਦਿਵਾਇਆ ਕਿ ਜਲਦ ਹੀ ਪਿੰਡ ਵਾਸੀਆਂ ਨੂੰ ਜਿੰਨੀ ਸੰਭਵ ਹੋਈ ਸਹਾਇਤਾ ਕੀਤੀ ਜਾਵੇਗੀ । ਉਹਨਾਂ ਕਿਹਾ ਕੇ ਆਮ ਆਦਮੀ ਪਾਰਟੀ ਲੋਕਾਂ ਨਾਲ ਹਰ ਸਮੇਂ ਖੜੀ ਹੈ। ਇਸ ਮੌਕੇ ਉਹਨਾਂ ਨਾਲ ਕੇਸਰ ਸਿੰਘ ਹਲੂਵਾਲ, ਕੋਚ ਵੰਧਨ ਸਿੰਘ, ਜਲਪਾਲ ਸਿੰਘ ਹਲੂਵਾਲ, ਪੱਬੀ ਹਲੂਵਾਲ, ਜਗਦੀਸ਼ ਸਿੰਘ ਹਲੂਵਾਲ, ਗਿਆਨ ਚੰਦ ਸਰਪੰਚ ਕਹਾਰਪੁਰ, ਪੰਚ ਮਨਜਿੰਦਰ ਸਿੰਘ, ਸਰਬਜੀਤ ਸਿੰਘ ਕਹਾਰਪੁਰ,ਗੁਰਮੀਤ ਸਿੰਘ ਕਹਾਰਪੁਰ, ਜਸਵੀਰ ਸਿੰਘ ਕਹਾਰਪੁਰ, ਮੇਜਰ ਸਿੰਘ ਕਹਾਰਪੁਰ ਤੇ ਹੋਰ ਪਿੰਡ ਵਾਸੀ ਮੌਜੂਦ ਸਨ।

# ਜਿੰਪਾ ਵੱਲੋਂ ਹੜ੍ਹ ਪ੍ਰਭਾਵਤ ਪੇਂਡੂ ਖੇਤਰਾਂ 'ਚ ਪੀਣ ਵਾਲੇ ਸਾਫ ਪਾਣੀ ਦੀ ਸਪਲਾਈ ਯਕੀਨੀ ਬਣਾਉਣ ਦੇ ਨਿਰਦੇਸ਼



**ਚੰਡੀਗੜ੍ਹ, ( ਗੁਰਜੀਤ ਬਿੱਲਾ )**- ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਵਿਭਾਗ ਦੇ ਉੱਚ ਅਧਿਕਾਰੀਆਂ ਅਤੇ ਫੀਲਡ ਸਟਾਫ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਨਿਰਦੇਸ਼ ਦਿੱਤੇ ਹਨ ਕਿ ਹੜ੍ਹ ਪ੍ਰਭਾਵਿਤ ਪੇਂਡੂ ਖੇਤਰਾਂ 'ਚ ਪੀਣ ਵਾਲੇ ਸਾਫ ਪਾਣੀ ਦੀ ਕੋਈ ਕਿੱਲਤ ਨਾ ਆਉਣ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਸੂਬੇ ਦੇ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਪੀਣ ਵਾਲੇ ਸਾਫ ਪਾਣੀ ਦੀ ਸਪਲਾਈ ਯਕੀਨੀ ਬਣਾਈ ਜਾਵੇ ਅਤੇ ਜਿਨ੍ਹਾਂ ਇਲਾਕਿਆਂ ਵਿਚ ਪਾਈਪਾਂ ਰਾਹੀਂ ਪਾਣੀ ਨਹੀਂ ਪੁੱਜ ਸਕਦਾ ਉੱਥੇ ਲੋੜੀਂਦੀ ਮਾਤਰਾ ਵਿਚ ਪਾਣੀ ਦੇ ਟੈਂਕਰ ਭੇਜੇ ਜਾਣ। ਜਲ ਸਪਲਾਈ ਭਵਨ, ਮੋਹਾਲੀ ਵਿਖੇ ਇਕ ਸਮੀਖਿਆ ਮੀਟਿੰਗ ਦੌਰਾਨ ਜਿੰਪਾ ਨੇ ਕਿਹਾ ਕਿ ਜਿਨ੍ਹਾਂ ਇਲਾਕਿਆਂ ਵਿਚ ਹੜ੍ਹਾਂ ਦੀ ਮਾਰ ਪਈ ਹੈ, ਉੱਥੋਂ ਦੇ ਵਸਨੀਕਾਂ ਦੀਆਂ ਹਰ ਪ੍ਰਕਾਰ ਦੀਆਂ ਲੋੜਾਂ ਲਈ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਹਰ ਸੰਭਵ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਵਿਭਾਗ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਦੀ ਹੌਂਸਲਾ ਅਫਜ਼ਾਈ ਕਰਦਿਆਂ ਕਿਹਾ ਕਿ ਇਸ ਮੁਸ਼ਕਿਲ ਘੜੀ ਵਿਚ ਸਾਰਿਆਂ ਵੱਲੋਂ ਬਹੁਤ ਵਧੀਆ ਕੰਮ ਕੀਤਾ ਜਾ ਰਿਹਾ ਹੈ। ਕਜੌਲੀ ਵਾਟਰ ਵਰਕਸ ਨੂੰ ਹੜ੍ਹਾਂ ਕਾਰਣ ਪੁੱਜੇ ਨੁਕਸਾਨ ਦੀ ਪੂਰਤੀ ਸਮੇਂ ਸਿਰ ਕਰਨ ਲਈ ਉਨ੍ਹਾਂ ਵਿਭਾਗ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਦੀ ਪ੍ਰਸੰਸਾ ਵੀ ਕੀਤੀ। ਜਿੰਪਾ ਨੇ ਕਿਹਾ ਕਿ ਪੰਜਾਬ ਵਿਚ ਪਾਣੀ ਸਪਲਾਈ ਦੀਆਂ ਜਿੰਨੀਆਂ ਵੀ ਸਕੀਮਾਂ ਹੜ੍ਹਾਂ ਦੀ ਮਾਰ ਹੇਠ ਆਈਆਂ ਹਨ ਜਦੋਂ ਤੱਕ ਉਹ ਪੂਰੀ ਤਰ੍ਹਾਂ ਕਾਰਜਸ਼ੀਲ ਨਹੀਂ ਹੁੰਦੀਆਂ ਉਦੋਂ ਤੱਕ ਉਨ੍ਹਾਂ ਦੇ ਲਾਭਪਾਤਰੀਆਂ ਨੂੰ ਬਦਲਵੇਂ ਤਰੀਕਿਆਂ ਰਾਹੀਂ ਪਾਣੀ ਸਪਲਾਈ ਕੀਤਾ ਜਾਵੇ। ਇਸ ਮੌਕੇ ਉਨ੍ਹਾਂ ਖਾਸ ਤੌਰ 'ਤੇ ਚੰਡੀਗੜ੍ਹ, ਪਟਿਆਲਾ, ਫਤਹਿਗੜ੍ਹ ਸਾਹਿਬ, ਜਲੰਧਰ ਤੇ ਲੁਧਿਆਣਾ ਸਰਕਲਾਂ ਦੇ ਐਸਈਜ਼ ਤੋਂ ਉਨ੍ਹਾਂ ਦੇ ਖੇਤਰਾਂ ਬਾਰੇ ਸੰਪੂਰਣ ਜਾਣਕਾਰੀ ਲਈ ਅਤੇ ਜ਼ਰੂਰੀ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਉਨ੍ਹਾਂ ਕਿਹਾ ਕਿ ਜਿਹੜੇ ਇਲਾਕਿਆਂ ਵਿਚ ਹੜ੍ਹਾਂ ਦਾ ਖਤਰਾ ਬਰਕਰਾਰ ਹੈ ਉੱਥੇ ਪਹਿਲਾਂ ਤੋਂ ਹੀ ਜਲ ਸਪਲਾਈ ਸਕੀਮਾਂ ਦੀਆਂ ਮੋਟਰਾਂ/ਟਿਊਬਵੈੱਲਾਂ ਨੂੰ ਹੜ੍ਹਾਂ ਦੇ ਪਾਣੀ ਤੋਂ ਬਚਾਉਣ ਲਈ ਪੁਖਤਾ ਕਦਮ ਚੁੱਕੇ ਜਾਣ। ਉਨ੍ਹਾਂ ਕਿਹਾ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਲੋਕਾਂ ਨੂੰ ਕਲੋਰੀਨ ਵਾਲਾ ਪਾਣੀ ਮੁਹੱਈਆ ਕਰਵਾਇਆ ਜਾਵੇ ਤਾਂ ਜੋ ਇਹ ਪੀਣਯੋਗ ਬਣੇ। ਮੀਟਿੰਗ ਵਿਚ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੀ ਪ੍ਰਮੁੱਖ ਸਕੱਤਰ ਜਸਪ੍ਰੀਤ ਤਲਵਾੜ ਤੇ ਵਿਭਾਗ ਮੁਖੀ ਮੁਹੰਮਦ ਇਸ਼ਫਾਕ ਤੋਂ ਇਲਾਵਾ ਵਿਭਾਗ ਦੇ ਹੋਰ ਉੱਚ ਅਧਿਕਾਰੀ ਤੇ ਫੀਲਡ ਅਧਿਕਾਰੀ ਹਾਜ਼ਰ ਸਨ।

# ਸ਼ਹਿਰ ਨੂੰ ਸੀਵਰੇਜ ਤੇ ਬਰਸਾਤੀ ਪਾਣੀ ਦੀ ਸਮੱਸਿਆ ਤੋਂ ਕਰਵਾਇਆ ਜਾਵੇਗਾ ਮੁਕਤ : ਮਾਨ

**ਫਗਵਾੜਾ (ਡਾ.ਰਮਨ ਸ਼ਰਮਾ)** ਸਥਾਨਕ ਬੰਗਾ ਰੋਡ 'ਤੇ ਸੁਭਾਸ਼ ਨਗਰ ਚੌਕ ਤੋਂ ਪਟੇਲ ਨਗਰ ਮੋੜ ਤੱਕ ਸੀਵਰੇਜ ਪਾਈਪ ਲਾਈ ਵਿਛਾਉਣ ਦੇ ਕੰਮ ਦਾ ਸ਼ੁੱਭ ਆਰੰਭ ਆਮ ਆਦਮੀ ਹਲਕਾ ਵਿਧਾਨ ਸਭਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ ਅਤੇ ਏ. ਡੀ. ਸੀ. ਕਮ ਨਗਰ ਨਿਗਮ ਕਮਿਸ਼ਨਰ ਡਾ. ਨਯਨ ਜੱਸਲ ਵਲੋਂ ਸਾਂਝੇ ਤੌਰ 'ਤੇ ਰਿਬਨ ਕੱਟ ਕੇ ਅਤੇ ਕਹੀ ਨਾਲ ਟੱਕ ਲਗਾ ਕੇ ਕਰਵਾਇਆ ਗਿਆ। ਇਸ ਦੌਰਾਨ ਨਿਗਮ ਕਮਿਸ਼ਨਰ ਡਾ.ਜੱਸਲ ਨੇ ਦੱਸਿਆ ਕਿ 100 ਫੁੱਟ ਦੇ ਖੇਤਰ 'ਚ 12 ਇੰਚ ਮੋਟੀ ਸੀਵਰੇਜ ਪਾਈਪ ਲਾਈਨ ਵਿਛਾਈ ਜਾ ਰਹੀ ਹੈ ਜਿਸ ਉੱਪਰ ਕਰੀਬ 16 ਲੱਖ ਰੁਪਏ ਦੀ ਲਾਗਤ ਆਏਗੀ। ਜੋਗਿੰਦਰ ਸਿੰਘ ਮਾਨ ਨੇ ਦੱਸਿਆ ਕਿ ਕਾਫੀ ਲੰਮੇ ਸਮੇਂ ਤੋਂ ਬੰਗਾ ਰੋਡ ਦੇ ਵਸਨੀਕਾਂ ਅਤੇ ਦੁਕਾਨਦਾਰਾਂ ਵਲੋਂ ਨਵੀਂ ਸੀਵਰੇਜ ਪਾਈਪ ਲਾਈਨ ਦੀ ਮੰਗ ਕੀਤੀ ਜਾ ਰਹੀ ਸੀ, ਜਿਸ ਨੂੰ ਪੂਰਾ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਫਗਵਾੜਾ ਸ਼ਹਿਰ 'ਚ ਸੀਵਰੇਜ ਅਤੇ ਬਰਸਾਤੀ ਪਾਣੀ ਦੀ ਨਿਕਾਸੀ ਦਾ ਪੂਰਾ ਬੰਦੋਬਸਤ ਸੂਬੇ ਦੀ ਭਗਵੰਤ ਮਾਨ ਸਰਕਾਰ ਵਲੋਂ ਕਰਵਾਇਆ ਜਾਵੇਗਾ। ਕਿਸੇ ਵੀ ਇਲਾਕੇ 'ਚ ਸੀਵਰੇਜ ਜਾਂ ਬਰਸਾਤੀ ਪਾਣੀ ਦੇ ਠਹਿਰਾਓ ਦੀ ਸਮੱਸਿਆ ਨਹੀਂ ਰਹਿਣ ਦਿੱਤੀ ਜਾਵੇਗੀ। ਮਾਨ ਨੇ ਦੱਸਿਆ ਕਿ ਪਿਛਲੇ ਦਿਨੀਂ ਪੰਜਾਬ ਸਰਕਾਰ ਦੇ ਲੋਕਲ ਬਾਡੀ ਵਿਭਾਗ ਵਲੋਂ ਫਗਵਾੜਾ ਨਗਰ ਨਿਗਮ ਦੇ ਵੱਖੋ-ਵੱਖ ਪ੍ਰੋਜੈਕਟਾਂ ਲਈ ਵੀਹ ਕਰੋੜ ਰੁਪਏ ਦੀ ਗਰਾਂਟ ਮੰਨਜੂਰ ਕੀਤੀ ਗਈ ਸੀ ਅਤੇ ਇਸ ਰਕਮ ਨਾਲ ਸ਼ਹਿਰ ਦੇ ਹਰ ਵਾਰਡ 'ਚ ਲੋੜੀਂਦੇ ਵਿਕਾਸ ਦੇ ਅਧੂਰੇ ਤੇ ਨਵੇਂ ਪ੍ਰੋਜੈਕਟ ਮੈਰਿਟ ਦੇ ਅਧਾਰ 'ਤੇ ਸ਼ੁਰੂ ਕਰਵਾਏ ਜਾ ਰਹੇ ਹਨ। ਸੀਵਰੇਜ ਪਾਈਪ ਲਾਈਨ ਵਿਛਾਏ ਜਾਣ ਨੂੰ ਲੈ ਕੇ ਇਲਾਕੇ ਦੇ ਵਸਨੀਕਾਂ ਤੇ ਦੁਕਾਨਦਾਰਾਂ ਨੇ ਖੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ ਜੋਗਿੰਦਰ ਸਿੰਘ ਮਾਨ, ਫਗਵਾੜਾ ਕਾਰਪੋਰੇਸ਼ਨ ਅਤੇ ਪੰਜਾਬ ਸਰਕਾਰ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਆਪ ਆਗੂ ਹਰਮੇਸ਼ ਪਾਠਕ,ਨਰੇਸ਼ ਸ਼ਰਮਾ,ਧਰਮਵੀਰ ਸੇਠੀ,ਰੋਹਿਤ ਸ਼ਰਮਾ, ਅਮਨ ਬਾਬਾ ਗਧੀਆ,ਰਿੰਪੀ ਕਿੰਨੜਾ, ਰਾਜਾ ਕੋਲਸਰ, ਇੰਦਰਜੀਤ ਪੀਪਾਰੰਗੀ, ਜਤਿੰਦਰ ਢੰਡਾ, ਰਜਿੰਦਰ ਢੰਡਾ ਤੋਂ ਇਲਾਵਾ ਸੀਵਰੇਜ ਬੋਰਡ ਦੇ ਐਸ.ਈ.ਰਜਿੰਦਰ ਚੋਪੜਾ, ਦਵਿੰਦਰ ਪਾਲ ਸਿੰਘ ਜੇ.ਈ.,ਰਾਜੇਸ਼ ਪੱਬੀ ਜੇ.ਈ.ਸਮੇਤ ਹੋਰ ਪਤਵੰਤੇ ਵੀ ਹਾਜਰ ਸਨ।

# ਹੜ੍ਹ ਪ੍ਰਭਾਵਤ ਖੇਤਰਾਂ 'ਚ ਅਗਲੀ ਫ਼ਸਲ ਲਈ 20 ਏਕੜ 'ਚ ਬਾਸਮਤੀ ਦੀ ਪਨੀਰੀ ਦੀ ਬਿਜਾਈ



**ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ ਰਾਜਵੀਰ ਸਿੰਘ)**

ਡਿਪਟੀ ਕਮਿਸ਼ਨਰ, ਕਪੂਰਥਲਾ ਕੈਪਟਨ ਕਰਨੈਲ ਸਿੰਘ ਨੇ ਕਿਹਾ ਕਿ ਖੇਤੀਬਾੜੀ ਵਿਭਾਗ ਵਲੋਂ ਅਗਲੀ ਫ਼ਸਲ ਲਈ ਲਈ ਪਨੀਰੀ ਮੁਹੱਈਆ ਕਰਵਾਉਣ ਲਈ 20 ਏਕੜ ਵਿੱਚ ਬਾਸਮਤੀ 1509 ਦੀ ਪਨੀਰੀ ਦੀ ਬਿਜਾਈ ਕੀਤੀ ਗਈ ਹੈ । ਉਨ੍ਹਾਂ ਕਿਹਾ ਕਿ ਪਨੀਰੀ ਅਗਲੇ 20 ਤੋਂ 25 ਦਿਨਾਂ ਵਿੱਚ ਤਿਆਰ ਹੋ ਜਾਵੇਗੀ। ਉਨਾਂ ਇਹ ਵੀ ਕਿਹਾ ਕਿ ਖੇਤੀਬਾੜੀ ਵਿਭਾਗ ਪ੍ਰਭਾਵਿਤ ਪਿੰਡਾਂ ਦੇ ਕਿਸਾਨਾਂ ਨੂੰ ਬਾਸਮਤੀ 1509 ਦੀ ਬੀਜ ਵੀ ਮੁਹੱਈਆ ਕਰਵਾਏ । ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਇਹ ਵੀ ਕਿਹਾ ਕਿ ਲੋਕਾਂ ਨੂੰ ਇਸ ਔਖੀ ਘੜੀ ਵਿੱਚੋਂ ਬਾਹਰ ਕੱਢਣ ਲਈ ਰਾਸ਼ਨ, ਪਸ਼ੂਆਂ ਲਈ ਸੁੱਕਾ ਚਾਰਾ, ਦਵਾਈਆਂ ਦੀ ਸਪਲਾਈ ਨੂੰ ਹੋਰ ਮਜ਼ਬੂਤ ਕਰਨ ਤੋਂ ਇਲਾਵਾ ਹਰ ਤਰ੍ਹਾਂ ਦੀ ਰਾਹਤ ਮੁਹੱਈਆ ਕਰਵਾਈ ਜਾਵੇ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਮੋਟਰ ਗੱਡੀਆਂ ਚੱਲਣ ਲਈ ਸੜਕਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ ਤਾਂ ਜੋ ਰਾਹਤ ਸਮੱਗਰੀ ਦੀ ਸਪਲਾਈ ਕਰਨ ਵਿੱਚ ਕੋਈ ਰੁਕਾਵਟ ਪੇਸ਼ ਨਾ ਆ ਸਕੇ। ਮੀਟਿੰਗ ਦੌਰਾਨ ਦੱਸਿਆ ਗਿਆ ਕਿ ਖੁਰਾਕ ਸਪਲਾਈ ਵਿਭਾਗ ਵਲੋਂ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ 2000 ਖਾਣੇ ਦੇ ਪੈਕਟ ਜਿਸ ਵਿੱਚ ਇਕ ਪਰਵਾਰ ਲਈ ਇਕ ਹਫ਼ਤੇ ਲਈ ਲੋੜੀਂਦਾ ਰਾਸ਼ਨ ਮੌਜੂਦ ਹੈ ਸਪਲਾਈ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਦਾਣਾ ਮੰਡੀ ਸੁਲਤਾਨਪੁਰ ਲੋਧੀ ਵਿਖੇ ਹੰਗਾਮੀ ਹਾਲਤ ਨਾਲ ਨਜਿੱਠਣ ਲਈ ਧੁੱਸੀ ਬੰਧ ਨੂੰ ਮਜ਼ਬੂਤ ਕਰਨ ਲਈ ਰੇਤਾ ਦੇ ਬੋਰੇ ਮੁਹੱਈਆ ਕਰਵਾਉਣ ਲਈ ਇਕ ਬੇਸ ਕੈਂਪ ਸਥਾਪਿਤ ਕੀਤਾ ਜਾ ਰਿਹਾ ਹੈ । ਉਨ੍ਹਾਂ ਇਹ ਵੀ ਕਿਹਾ ਕਿ ਮਗਨਰੇਗਾ ਕਾਮਿਆਂ ਨੂੰ ਰੇਤਾ ਦੇ ਬੋਰੇ ਭਰਨ ਲਈ ਲਗਾਇਆ ਜਾਵੇਗਾ। ਉਨ੍ਹਾਂ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਇਹ ਵੀ ਕਿਹਾ ਕਿ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਲੋਕਾਂ ਦੀ ਨਿਯਮਤ ਸਿਹਤ ਜਾਂਚ ਕੀਤੀ ਜਾਵੇ ਤਾਂ ਕਿ ਜੋ ਲੋਕ ਬਿਮਾਰੀਆਂ ਤੋਂ ਪੀੜਤ ਹਨ ਉਹ ਸਾਰੇ 8 ਮੁੜ ਕੈਂਪਾਂ ਤੋਂ ਦਵਾਈਆਂ ਹਾਸਿਲ ਕਰ ਸਕਣ। ਪਸ਼ੂ ਧੰਨ ਦੀ ਸੁਰੱਖਿਆ ਨੂੰ ਮੁੱਖ ਤਰਜੀਹ ਦੱਸਦਿਆਂ ਡਿਪਟੀ ਕਮਿਸ਼ਨਰ ਨੇ ਪਸ਼ੂ ਪਾਲਣ ਅਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਦਵਾਈਆਂ ਅਤੇ ਸੁੱਕੇ ਚਾਰੇ ਦੀ ਸਪਲਾਈ ਨੂੰ ਯਕੀਨੀ ਬਣਾਇਆ ਜਾਵੇ।

# ਲਾਭਾ ਜਹੂਰਾ ਬਣੇ ਯੂਥ ਕਾਂਗਰਸ ਹਲਕਾ ਉੜਮੁੜ ਟਾਂਡਾ ਦੇ ਪ੍ਰਧਾਨ



**ਟਾਂਡਾ ਉੜਮੁੜ (ਜਸਵਿੰਦਰ ਸੰਧੂ , ਉਂਕਾਰ ਸਿੰਘ)**-ਯੂਥ ਕਾਂਗਰਸ ਚੋਣਾਂ ਦੇ ਨਤੀਜਿਆਂ ਵਿੱਚ ਹਲਕਾ ਉੜਮੁੜ ਟਾਂਡਾ ਵਿਧਾਨ ਸਭਾ ਹਲਕੇ ਤੋਂ ਦੁਰਲਭ ਸਿੰਘ ਲਾਭਾ ਜਹੂਰਾ ਨੇ ਜਿੱਤ ਦਰਜ ਕੀਤੀ ਹੈ। ਇਹ ਚੋਣਾਂ ਜਿੱਤਣ ਵਾਲੇ ਲਾਮਾ ਜੇਹਰਾ ਨੇ 3765 ਵੋਟਾਂ ਹਾਸਲ ਕਰਕੇ ਹੋਰਨਾਂ ਉਮੀਦਵਾਰਾਂ ਅਮਰਜੀਤ ਸਿੰਘ, ਕੁਲਦੀਪ ਸਿੰਘ ਅਤੇ ਸਲਿੰਦਰ ਸਿੰਘ ਨੂੰ ਹਰਾਇਆ। ਇਸ ਜਿੱਤ ਤੋਂ ਬਾਅਦ ਸਾਬਕਾ ਕੈਬਨਿਟ ਮੰਤਰੀ ਸੰਗਤ ਸਿੰਘ ਗਿਲਜੀਆਂ ਨੇ ਇਲਾਕੇ ਦੇ ਨੌਜਵਾਨ ਵਰਕਰਾਂ ਦੀ ਹਾਜਰੀ ਵਿੱਚ ਲਾਂਭਾ ਜਹੂਰਾ ਨੂੰ ਸਨਮਾਨਿਤ ਕੀਤਾ। ਇਸ ਮੌਕੇ ਗਿਲਜੀਆਂ ਨੇ ਕਿਹਾ ਕਿ ਨੌਜਵਾਨ ਵਰਕਰ ਪਾਰਟੀ ਦੀ ਰੀੜ੍ਹ ਦੀ ਹੱਡੀ ਹਨ ਅਤੇ ਉਨ੍ਹਾਂ ਨਾਲ ਹੀ ਪਾਰਟੀ ਦੀ ਨੀਂਹ ਮਜਬੂਤ ਹੈ। ਉਨ੍ਹਾਂ ਲਾਭਾ ਅਤੇ ਸਮੁੱਚੀ ਟੀਮ ਨੂੰ ਪਾਰਟੀ ਦੀ ਮਜਬੂਤੀ ਲਈ ਸਖਤ ਮਿਹਨਤ ਕਰਨ ਅਤੇ ਲੋਕਾਂ ਦੀ ਮਦਦ ਕਰਨ ਅਤੇ ਲੋਕ ਹਿੱਤਾਂ ਦੇ ਮਸਲਿਆਂ ਦੇ ਹੱਲ ਲਈ ਹਮੇਸ਼ਾ ਤਤਪਰ ਰਹਿਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਯੂਥ ਕਾਂਗਰਸ ਦੀ ਟੀਮ ਅੰਦਰ ਉਸਾਰੂ ਵਿਰੋਧੀ ਧਿਰ ਦੀ ਭੂਮਿਕਾ ਨਿਭਾ ਕੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕੀਤਾ ਜਾਣਾ ਚਾਹੀਦਾ ਹੈ ਅਤੇ ਸਰਕਾਰ ਵੱਲੋਂ ਕੀਤੇ ਜਾ ਰਹੇ ਅੱਤਿਆਚਾਰਾਂ ਵਿਰੁੱਧ ਆਵਾਜ ਬੁਲੰਦ ਕਰਨੀ ਚਾਹੀਦੀ ਹੈ। ਉਨ੍ਹਾਂ ਨੌਜਵਾਨਾਂ ਨੂੰ ਸਮਾਜਿਕ ਵਿਕਾਸ ਦੇ ਕੰਮਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਵੀ ਪ੍ਰੇਰਿਤ ਕੀਤਾ। ਇਸ ਮੌਕੇ ਨਵ-ਨਿਯੁਕਤ ਪ੍ਰਧਾਨ ਲਾਂਭਾ ਜਹੂਰਾ ਨੇ ਸਾਬਕਾ ਕੈਬਨਿਟ ਮੰਤਰੀ ਸੰਗਤ ਸਿੰਘ ਗਿਲਜੀਆਂ, ਐਡਵੋਕੇਟ ਦਲਜੀਤ ਸਿੰਘ ਗਿਲਜੀਆਂ, ਜ਼ਿਲ੍ਹਾ ਪ੍ਰਧਾਨ ਅਰੁਣ ਡੋਗਰਾ ਅਤੇ ਸਮੁੱਚੀ ਨੌਜਵਾਨ ਟੀਮ ਦਾ ਧੰਨਵਾਦ ਕਰਦਿਆਂ ਆਪਣੀ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣ ਦਾ ਭਰੋਸਾ ਦਿੱਤਾ। ਇਸ ਮੌਕੇ ਗੋਲਡੀ ਕਲਿਆਣਪੁਰ, ਰਵਿੰਦਰਪਾਲ ਸਿੰਘ ਗੋਰਾ, ਪਰਵਿੰਦਰ ਸਾਬੀ ਸਹਿਵਾਜਪੁਰ, ਮਨੀ ਮਹਿਬਾਜਪੁਰ, ਜੱਸੀ ਔਜਲਾ, ਡਾ: ਗੁਰਚਰਨ ਸਿੰਘ ਮੂਨਕ, ਕੋਮਲ ਸਰਮਾ, ਗੁਰਵੀਰ ਰਿੰਕੂ, ਹਰਪ੍ਰੀਤ ਕਾਕਾ, ਜਤਿੰਦਰ ਪਾਲ ਲਾਡੀ, ਕਾਲਾ ਮੂਨਕ, ਦਮਨ ਅੰਬਾਲਾ, ਮੰਟੂ ਬੇਂਚਾ, ਡਾ. ਸੁਖਜਿੰਦਰ ਸਿੰਘ ਸਾਨਪੁਰ, ਅਸ਼ੋਕ ਜਸਰਾ, ਦੀਪ ਨਰਿਆਲ, ਲਾਲੀ ਦੁੱਗਰੀ, ਸਵੀਤਾ ਮੁਨਕਾ, ਜੀਤੀ ਜਹੂਰਾ, ਸੁੱਖਾ ਕੋਟਲੀ, ਅਨਿਲ ਪਿੰਕਾ ਆਦਿ ਹਾਜਰ ਸਨ।

# ਮੰਡਲ ਮੈਜਿਸਟਰੇਟ ਨੇ ਲਿਆ ਨੁਕਸਾਨ ਦਾ ਜਾਇਜ਼ਾ



**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੋਬੀ)**-ਅਮਰੀਕ ਸਿੰਘ ਸਿੱਧੂ, ਮੰਡਲ ਮੈਜਿਸਟਰੇਟ ਸ੍ਰੀ ਚਮਕੌਰ ਸਾਹਿਬ ਵੱਲੋਂ ਪਿੰਡ ਚੋਤਾਂ ਭੈਣੀ, ਪਿੰਡ ਛੋਟਾ ਸੁਰਤਾਪੁਰ, ਪਿੰਡ ਬੜਾ ਸੁਰਤਾਪੁਰ ਅਤੇ ਪਿੰਡ ਸੁਰਤਾਪੁਰ ਫਾਰਮ ਦਾ ਪਾਣੀ ਨਾਲ ਹੋਏ ਨੁਕਸਾਨ ਦਾ ਮੌਕਾ ਦੇਖਿਆ ਗਿਆ। ਉਹਨਾ ਵੱਲੋਂ ਮੌਕੇ 'ਤੇ ਹੀ ਉਪ ਮੰਡਲ ਅਫਸਰ, ਲੋਕ ਨਿਰਮਾਣ ਵਿਭਾਗ (ਭ ਤੇ ਮ ਸ਼ਾਖਾ) ਅਤੇ ਉਪ ਮੰਡਲ ਅਫਸਰ, ਡਰੇਨਜ ਵਿਭਾਗ, ਸ੍ਰੀ ਚਮਕੌਰ ਸਾਹਿਬ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ। ਖਾਲਸਾ ਕਲੋਨੀ ਸ੍ਰੀ ਚਮਕੌਰ ਸਾਹਿਬ ਡਿੱਗੇ ਹੋਏ ਮਕਾਨ ਦਾ ਮਲਬਾ ਚੱਕਣ ਲਈ ਕਮੇਟੀ ਨੂੰ ਆਦੇਸ਼ ਜਾਰੀ ਕੀਤੇ ਗਏ। ਉਨ੍ਹਾਂ ਵੱਲੋਂ 1 ਸਾਲ ਦੇ ਪਸ਼ੂ ਨੂੰ ਸੁਰਤਾਪੁਰ ਦੇ ਡਾ. ਪਰਮਵੀਰ ਸਿੰਘ ਦੀ ਮੌਜੂਦਗੀ ਵਿੱਚ ਭਾਓਵਾਲ ਵਿਖੇ ਦੱਬਿਆ ਗਿਆ । ਉਹਨਾਂ ਨੇ ਅਪੀਲ ਕੀਤੀ ਕਿ ਮਰੇ ਹੋਏ ਪਸ਼ੂਆਂ ਨੂੰ ਟੋਆ ਪੱਟ ਕੇ ਧਰਤੀ ਵਿੱਚ ਦੱਬਿਆ ਜਾਵੇ ਤਾਂ ਜੋ ਬੀਮਾਰੀਆਂ ਨਾ ਫੈਲਣ। ਇਸ ਮੌਕੇ ਚੇਤਨ ਬੰਗੜ ਤਹਿਸੀਲਦਾਰ, ਦਲਵਿੰਦਰ ਸਿੰਘ ਨਾਇਬ ਤਹਿਸੀਲਦਾਰ, ਹਰਕੀਤ ਸਿੰਘ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ, ਚਮਕੌਰ ਸਾਹਿਬ ਆਦਿ ਹਾਜਰ ਸਨ।

# ਜ਼ਿਲ੍ਹਾ ਮੈਜਿਸਟਰੇਟ ਨੇ ਜ਼ਿਲ੍ਹੇ ਅੰਦਰ ਜਾਰੀ ਕੀਤੇ ਵੱਖ-ਵੱਖ ਪਾਬੰਦੀਆਂ ਦੇ ਹੁਕਮ

**ਹੁਸ਼ਿਆਰਪੁਰ, (ਓ ਪੀ ਰਾਣਾ )**- ਜ਼ਿਲ੍ਹਾ ਮੈਜਿਸਟਰੇਟ ਹੁਸ਼ਿਆਰਪੁਰ ਕੋਮਲ ਮਿੱਤਲ ਵਲੋਂ ਜ਼ਿਲ੍ਹੇ ਵਿੱਚ ਵੱਖ-ਵੱਖ ਪਾਬੰਦੀਆਂ ਦੇ ਹੁਕਮ ਜਾਰੀ ਕੀਤੇ ਗਏ ਹਨ। ਜਿਸ ਤਹਿਤ ਫੌਜਦਾਰੀ ਸੰਘਤਾ 1973 (1974 ਦਾ ਐਕਟ ਨੰ: 2) ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਉਨ੍ਹਾਂ ਜ਼ਿਲ੍ਹਾ ਹੁਸ਼ਿਆਰਪੁਰ ਦੀ ਹਦੂਦ ਅੰਦਰ ਗੈਰ-ਕਾਨੂੰਨੀ ਹੁੱਕਾ ਬਾਰ ਚਲਾਉਣ 'ਤੇ ਪਾਬੰਦੀ ਦਾ ਹੁਕਮ ਜਾਰੀ ਕੀਤਾ ਹੈ। ਜਾਰੀ ਹੁਕਮ ਵਿੱਚ ਉਨ੍ਹਾਂ ਕਿਹਾ ਕਿ ਅਜਿਹੇ ਹੁੱਕਾ ਬਾਰ ਅੰਦਰ ਤੰਬਾਕੂ, ਸਿਗਰੇਟ ਅਤੇ ਮਨੁੱਖੀ ਸਰੀਰ ਨੂੰ ਨੁਕਸਾਨ ਪਹੁੰਚਾਉਣ ਵਾਲੇ ਕੈਮੀਕਲਾਂ ਦਾ ਇਸਤੇਮਾਲ ਕੀਤਾ ਜਾਂਦਾ ਹੈ, ਜੋ ਮਨੁੱਖੀ ਸਿਹਤ ਲਈ ਕਾਫੀ ਘਾਤਕ ਸਿੱਧ ਹੁੰਦਾ ਹੈ ਅਤੇ ਸਮਾਜ ਵਿਚ ਵੀ ਮਾੜਾ ਅਸਰ ਪੈਂਦਾ ਹੈ। ਇਸੇ ਤਰ੍ਹਾਂ ਜ਼ਿਲ੍ਹੇ ਵਿੱਚ ਪੋਲਟਰੀ ਫਾਰਮਾਂ/ਰਾਇਸ ਸ਼ੈਲਰਾਂ/ਭੱਠਿਆਂ ਅਤੇ ਹੋਰ ਸਮਾਲ ਸਕੇਲ ਇੰਡਸਟਰੀਜ਼ ਦੇ ਮਾਲਕਾਂ ਦੇ ਨਾਲ-ਨਾਲ ਘਰੇਲੂ ਨੌਕਰ ਰੱਖਣ ਵਾਲਿਆਂ ਦੇ ਨਾਂਅ ਹੁਕਮ ਜਾਰੀ ਕੀਤੇ ਹਨ ਕਿ ਉਹ ਆਪਣੇ ਅਧੀਨ ਕੰਮ ਕਰਨ ਵਾਲੇ ਵਿਅਕਤੀਆਂ ਦਾ ਨਾਮ, ਪੂਰਾ ਪਤਾ, ਤਿੰਨ ਫੋਟੋਆਂ (ਸੱਜੇ, ਖੱਬੇ ਅਤੇ ਸਾਹਮਣੇ ਤੋਂ ਪੋਜ਼) ਆਪਣੇ ਘਰਾਂ ਵਿੱਚ ਰਜਿਸਟਰ ਲਾ ਕੇ ਰੱਖਣ ਅਤੇ ਉਨ੍ਹਾਂ ਦੇ ਸਾਰੇ ਰਿਸ਼ਤੇਦਾਰਾਂ ਦੇ ਐਡਰੈਸ ਲਿਖ ਕੇ ਰੱਖਣ। ਨੌਕਰ ਦੇ ਫਿੰਗਰ ਪ੍ਰਿੰਟ ਮਾਲਕ ਆਪਣੇ ਰਜਿਸਟਰ ਵਿੱਚ ਲਾ ਕੇ ਰੱਖਣ ਅਤੇ ਇਹ ਸਾਰਾ ਰਿਕਾਰਡ ਇਲਾਕੇ ਦੇ ਸਬੰਧਤ ਥਾਣੇ ਜਾਂ ਪੁਲਿਸ ਚੌਂਕੀ ਵਿੱਚ ਵੀ ਤੁਰੰਤ ਦਰਜ ਕਰਵਾਉਣ। ਇਸ ਤੋਂ ਇਲਾਵਾ ਜ਼ਿਲ੍ਹੇ ਦੀ ਹਦੂਦ ਅੰਦਰ ਗੱਡੀਆਂ ਵਿੱਚ ਕਾਲੀ ਫ਼ਿਲਮ ਦੀ ਦੁਰਵਰਤੋਂ ਨੂੰ ਰੋਕਣ ਲਈ ਜ਼ਿਲ੍ਹਾ ਮੈਜਿਸਟਰੇਟ ਨੇ ਗੱਡੀਆਂ ਦੇ ਸ਼ੀਸ਼ਿਆਂ 'ਤੇ ਕਾਲੀ ਫਿਲਮ ਦੀ ਦੁਰਵਰਤੋਂ 'ਤੇ ਪੂਰਨ ਪਾਬੰਦੀ ਲਗਾ ਦਿੱਤੀ ਹੈ। ਜ਼ਿਲ੍ਹਾ ਮੈਜਿਸਟਰੇਟ ਵਲੋਂ ਜ਼ਿਲ੍ਹੇ ਦੇ ਸਾਰੇ ਪਿੰਡਾਂ ਦੀਆਂ ਗਲੀਆਂ/ਰਸਤਿਆਂ ਵਿਚ ਨਜਾਇਜ਼ ਬੋਰ ਕਰਨ 'ਤੇ ਵੀ ਪਾਬੰਦੀ ਲਗਾਈ ਗਈ ਹੈ।

ਜ਼ਿਲ੍ਹਾ ਮੈਜਿਸਟਰੇਟ ਨੇ ਜ਼ਿਲ੍ਹੇ ਦੀ ਹਦੂਦ ਅੰਦਰ ਡੀਲਿਸਟ ਖੇਤਰ ਵਿੱਚੋਂ ਹਰੇ ਅੰਬ, ਨਿੰਮ, ਪਿੱਪਲ ਤੇ ਬੋਹੜ ਦੇ ਦਰੱਖਤਾਂ ਨੂੰ ਕੱਟਣ 'ਤੇ ਵੀ ਪਾਬੰਦੀ ਲਗਾਈ ਹੈ। ਹੁਕਮ ਵਿਚ ਹਦਾਇਤ ਕੀਤੀ ਗਈ ਹੈ ਕਿ ਜੇਕਰ ਉਕਤ ਦਰੱਖਤਾਂ ਨੂੰ ਵਿਸ਼ੇਸ਼ ਹਾਲਾਤ ਵਿੱਚ ਕੱਟਣਾਂ ਜ਼ਰੂਰੀ ਹੋਵੇ ਤਾਂ ਜੰਗਲਾਤ ਵਿਭਾਗ ਦੀ ਪ੍ਰਵਾਨਗੀ ਨਾਲ ਹੀ ਕੱਟੇ ਜਾਣ। ਇਸ ਮੰਤਵ ਲਈ ਵਣ ਵਿਭਾਗ ਵੱਲੋਂ ਉਹ ਹੀ ਪ੍ਰਕਿਰਿਆ ਅਪਣਾਈ ਜਾਵੇਗੀ, ਜਿਹੜੀ ਕਿ ਪੰਜਾਬ ਭੂਮੀ ਸੁਰੱਖਿਆ ਐਕਟ-1900 ਦਫਾ-4 ਅਤੇ 5 ਅਧੀਨ ਬੰਦ ਰਕਬੇ ਵਿੱਚ ਪਰਮਿਟ ਦੇਣ ਲਈ ਅਪਣਾਈ ਜਾਂਦੀ ਹੈ। 18-ਐਮੂਨੀਸ਼ਨ ਡਿਪੂ, ਉੱਚੀ ਬੱਸੀ ਦੀ ਬਾਹਰਲੀ ਚਾਰਦੀਵਾਰੀ ਦੇ ਇਕ ਹਜ਼ਾਰ ਗਜ਼ (914 ਮੀਟਰ) ਦੇ ਘੇਰੇ ਅੰਦਰ ਫ਼ਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣ 'ਤੇ ਪੂਰਨ ਰੋਕ ਲਗਾ ਦਿੱਤੀ ਹੈ। ਜ਼ਿਲ੍ਹੇ ਦੀ ਹਦੂਦ ਅੰਦਰ ਕੋਈ ਵੀ ਵਿਅਕਤੀ ਆਪਣੇ ਪਸ਼ੂਆਂ ਨੂੰ ਸ਼ਰੇਆਮ ਸੜਕਾਂ 'ਤੇ ਜਾਂ ਜਨਤਕ ਥਾਵਾਂ 'ਤੇ ਚਰਾਉਣ ਲਈ ਲੈ ਕੇ ਨਹੀਂ ਜਾਵੇਗਾ। ਪਿੰਡਾਂ ਦੇ ਪ੍ਰਬੰਧਕਾਂ ਨੂੰ ਪਿੰਡਾਂ ਵਿੱਚ ਲੁੱਟਾਂ-ਖੋਹਾਂ ਅਤੇ ਚੋਰੀ ਦੀਆਂ ਵਾਰਦਾਤਾਂ ਨੂੰ ਰੋਕਣ ਲਈ ਰਾਤ ਸਮੇਂ ਠੀਕਰੀ ਪਹਿਰਾ ਲਗਾਉਣ ਦੇ ਹੁਕਮ ਜਾਰੀ ਕੀਤੇ ਗਏ ਹਨ। ਜ਼ਿਲ੍ਹਾ ਹੁਸ਼ਿਆਰਪੁਰ ਦੀ ਹਦੂਦ ਅੰਦਰ ਵੱਡੀਆਂ-ਛੋਟੀਆਂ ਨਹਿਰਾਂ, ਚੋਅ ਦੇ ਬੰਨ੍ਹ ਅਤੇ ਦਰਿਆ ਬਿਆਸ ਦੇ ਕੰਢੇ ਬਣੇ ਧੁੱਸੀ ਬੰਨ੍ਹ ਵਿੱਚ ਕਿਸੇ ਵੀ ਵਿਅਕਤੀ ਵਲੋਂ ਡੰਗਰਾਂ ਨੂੰ ਪਾਣੀ ਪਿਲਾਉਣ ਜਾਂ ਨਹਾਉਣ 'ਤੇ ਮੁਕੰਮਲ ਪਾਬੰਦੀ ਲਾਈ ਹੈ। ਗਰਮੀਆਂ ਨੂੰ ਸ਼ਾਮ 6 ਵਜੇ ਤੋਂ ਸਵੇਰੇ 6 ਵਜੇ ਤੱਕ ਅਤੇ ਸਰਦੀਆਂ ਨੂੰ ਸ਼ਾਮ 5 ਵਜੇ ਤੋਂ ਸਵੇਰੇ 7 ਵਜੇ ਤੱਕ ਗਊ ਵੰਸ਼ ਦੀ ਢੋਆ-ਢੁਆਈ 'ਤੇ ਪੂਰਨ ਪਾਬੰਦੀ ਦੇ ਹੁਕਮ ਜਾਰੀ ਕਰਨ ਦੇ ਨਾਲ-ਨਾਲ ਜਿਨ੍ਹਾਂ ਲੋਕਾਂ ਨੇ ਗਊ ਵੰਸ਼ ਰੱਖੇ ਹੋਏ ਹਨ, ਉਨ੍ਹਾਂ ਨੂੰ ਪਸ਼ੂ ਪਾਲਣ ਵਿਭਾਗ ਪਾਸ ਰਜਿਸਟਰਡ ਕਰਾਉਣ ਦੇ ਆਦੇਸ਼ ਵੀ ਦਿੱਤੇ ਗਏ ਹਨ ।ਸੀਮਨ ਦਾ ਅਣ ਅਧਿਕਾਰਤ ਤੌਰ 'ਤੇ ਭੰਡਾਰਨ ਕਰਨ, ਟਰਾਂਸਪੋਰਟੇਸ਼ਨ ਕਰਨ, ਵਰਤਣ ਜਾਂ ਵੇਚਣ 'ਤੇ ਵੀ ਪਾਬੰਦੀ ਲਗਾਈ ਹੈ। ਇਹ ਪਾਬੰਦੀ ਪਸ਼ੂ ਪਾਲਣ ਵਿਭਾਗ, ਪੰਜਾਬ ਦੀਆਂ ਸਮੂਹ ਵੈਟਰਨਰੀ ਸੰਸਥਾਵਾਂ ਸਮੇਤ ਪਸ਼ੂ ਹਸਪਤਾਲ/ਡਿਸਪੈਂਸਰੀਆਂ ਅਤੇ ਪੋਲੀਕਲੀਨਿਕ, ਪਸ਼ੂ ਪਾਲਣ ਵਿਭਾਗ ਪੰਜਾਬ, ਮਿਲਕਫੈਡ ਅਤੇ ਕਾਲਜ ਆਫ਼ ਵੈਟਰਨਰੀ ਸਾਇੰਸ, ਗਡਵਾਸੂ ਲੁਧਿਆਣਾ ਵੱਲੋਂ ਚਲਾਏ ਜਾ ਰਹੇ ਆਰਟੀਫੀਸ਼ਲ ਇਨਸੈਮੀਨੇਸ਼ਨ ਸੈਂਟਰ, ਕੋਈ ਹੋਰ ਆਰਟੀਫੀਸ਼ਲ ਇਨਸੈਮੀਨੇਸ਼ਨ ਸੈਂਟਰ ਜੋ ਕਿ ਪਸ਼ੂ ਪਾਲਣ ਵਿਭਾਗ, ਪੰਜਾਬ ਵੱਲੋਂ ਪ੍ਰੋਸੈਸ ਅਤੇ ਸਪਲਾਈ ਜਾਂ ਇੰਪੋਰਟ ਕੀਤੇ ਗਏ ਬੋਵਾਇਨ ਸੀਮਨ ਨੂੰ ਵਰਤ ਰਹੇ ਹਨ, ਪ੍ਰੋਗਰੈਸਿਵ ਡੇਅਰੀ ਫਾਰਮਜ਼ ਐਸੋਸੀਏਸ਼ਨ, ਪੰਜਾਬ ਦੇ ਮੈਂਬਰ ਜਿਨ੍ਹਾਂ ਨੇ ਕੇਵਲ ਆਪਣੇ ਪਸ਼ੂਆਂ ਦੀ ਵਰਤੋਂ ਲਈ ਬੋਵਾਇਨ ਸੀਮਨ ਇੰਪੋਰਟ ਕੀਤਾ ਹੋਵੇ 'ਤੇ ਲਾਗੂ ਨਹੀਂ ਹੋਵੇਗੀ। ਇਹ ਸਾਰੇ ਹੁਕਮ 8 ਸਤੰਬਰ 2023 ਤੱਕ ਲਾਗੂ ਰਹਿਣਗੇ।

## ਸੇਵਾ ਸੁਸਾਇਟੀ ਡਰੋਲੀ ਕਲਾਂ ਨੇ ਦਸਵੇਂ ਮਕਾਨ ਦਾ ਲੈਂਟਰ ਪਵਾਇਆ

**ਆਦਮਪੁਰ (ਪਰਮਜੀਤ ਸਿੰਘ)**— ਸ਼ਹੀਦ ਬਾਬਾ ਮੱਤੀਂ ਸਾਹਿਬ ਜੀ ਸੇਵਾ ਸੁਸਾਇਟੀ ਡਰੋਲੀ ਕਲਾਂ ਦੇ ਵੀਡੀਓ ਡਾਇਰੈਕਟਰ ਸੁੱਖੀ ਦਾਊਦਪੁਰੀਆ ਨੇ ਦੱਸਿਆ ਕਿ ਪ੍ਰਧਾਨ ਜਸਵੀਰ ਸਿੰਘ ਸਾਬੀ ਪਧਿਆਣਾ ਦੀ ਅਗਵਾਈ ਵਿੱਚ ਪਿੰਡ ਸੁੱਖਾ ਕਲਿਆਣ ਨੇੜੇ ਭਗਤਾਂ ਮੋਂਗਾ ਵਿੱਖੇ ਬੇਹੱਦ ਲੋੜਵੰਦ ਪਰਵਾਰ ਵੀਰ ਧਰਮ ਸਿੰਘ ਦੇ ਘਰ ਦਾ ਲੈਂਟਰ ਪਵਾਇਆ ਗਿਆ । ਉਹਨਾਂ ਨੇ ਇਸ ਨੇਕ ਕਾਰਜ ਨੂੰ ਨੇਪਰੇ ਚਾੜ੍ਹਨ ਲਈ ਸਹਿਯੋਗੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਠੇਕੇਦਾਰ ਰਣਜੀਤ ਸਿੰਘ, ਜਸਕੀਰਤ ਸਿੰਘ ਅਤੇ ਭਾਈ ਸੁਖਜੀਤ ਸਿੰਘ ਸੇਵਾਦਾਰ ਹਾਜ਼ਰ ਸਨ।

## ਬਿਜਲੀ ਦੀ ਸਪਲਾਈ ਜਾਰੀ ਹੋਣ 'ਤੇ ਲੋਕਾਂ ਲਿਆ ਸੁੱਖ ਦਾ ਸਾਹ

**ਮਾਹਿਲਪੁਰ, (ਨਿਰਮਲ ਸਿੰਘ ਮੁੱਗੋਵਾਲ)**-ਲੰਬੜਦਾਰ ਪਰਵੀਨ ਸੋਨੀ ਪਿੰਡ ਜੇਜੋ ਦੋਆਬਾ ਅਤੇ ਪਿੰਡ ਵਾਸੀਆਂ ਨੇ ਐਸ.ਡੀ.ਐਮ. ਗੜ੍ਹਸ਼ੰਕਰ ਜਸਪ੍ਰੀਤ ਕੌਰ ਦਾ ਧੰਨਵਾਦ ਕੀਤਾ ਹੈ ਜਿਨ੍ਹਾਂ ਨੇ ਪਿੰਡ ਦੀ ਬੰਦ ਪਈ ਲਾਇਟ ਨੂੰ ਚਾਲੂ ਕਰਵਾਉਣ ਵਿਚ ਮੱਦਦ ਕੀਤੀ। ਉਨ੍ਹਾਂ ਨੇ ਦੱਸਿਆ ਕਿ ਪਿਛਲੇ ਦਿਨੀਂ ਬਾਰਿਸ਼ਾਂ ਦੇ ਨਾਲ ਪਿੰਡ ਜੇਜੋਂ ਦੁਆਬਾ ਵਿੱਚ ਬਿਜਲੀ ਦੀ ਸਪਲਾਈ ਬੰਦ ਹੋ ਗਈ। ਪਿੰਡ ਵਾਸੀਆਂ ਨੇ ਇਕੱਠੇ ਹੋ ਕੇ ਆਪਣੀ ਇਹ ਸਮੱਸਿਆ ਐਸ. ਡੀ. ਐਮ. ਗੜ੍ਹਸ਼ੰਕਰ ਜਸਪ੍ਰੀਤ ਕੌਰ ਅਤੇ ਐਕਸੀਅਨ ਦੇ ਧਿਆਨ ਵਿੱਚ ਲਿਆਂਦੀ। ਤੁਰੰਤ ਕਾਰਵਾਈ ਕਰਦਿਆਂ ਸਬੰਧਿਤ ਵਿਭਾਗ ਵੱਲੋ ਬਿਜਲੀ ਦੀ ਸਪਲਾਈ ਵਿੱਚ ਬਣੀ ਰੁਕਾਵਟ ਨੂੰ ਦੂਰ ਕੀਤਾ ਗਿਆ। ਬਿਜਲੀ ਦੀ ਸਪਲਾਈ ਚਾਲੂ ਹੋਣ ਤੇ ਪਿੰਡ ਵਾਸੀਆਂ ਨੇ ਸੁੱਖ ਦਾ ਸਾਹ ਲਿਆ। ਪਿੰਡ ਵਾਸੀਆਂ ਵੱਲੋਂ ਐੱਸ.ਡੀ.ਐਮ. ਗੜ੍ਹਸ਼ੰਕਰ ਜਸਪ੍ਰੀਤ ਕੌਰ, ਐਕਸੀਅਨ ਬਿਜਲੀ ਬੋਰਡ ਸਮੇਤ ਸਮੁੱਚੇ ਮਹਿਕਮੇ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਰਤਨ ਚੰਦ ਸਾਬਕਾ ਪੰਚ,ਰੇਨੂ ਬਾਲਾ ਪੰਚ, ਪਰਚੀ ਰਾਣੀ, ਸੰਟੀ,ਬਿੰਦਰ ਕਲੇਰ, ਅਸਵਨੀ ਖੰਨਾ, ਰਾਜਵਿੰਦਰ ਕੌਰ, ਪਰਗਾਸੋ, ਬੀ.ਡੀ. ਸਰਮਾ, ਰਮੇਸ ਜੈਨ, ਪਰਸਾਂਤ ਜੈਨ, ਮੋਹਿਤ, ਗੁਲਸਨ ਆਦਿ ਹਾਜਰ ਸਨ।

## ਹੜ੍ਹ ਪ੍ਰਭਾਵਿਤ ਇਲਾਕਿਆਂ 'ਚੋਂ 320 ਲੋਕ ਬਚਾਏ : ਡਿਪਟੀ ਕਮਿਸ਼ਨਰ

**ਜਲੰਧਰ, ( ਸ਼ਸ਼ੀ ਐਲਬਰਟ)**-ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹੁਣ ਤੱਕ ਬਚਾਅ ਕਾਰਜਾਂ ਦੌਰਾਨ 320 ਦੇ ਕਰੀਬ ਲੋਕਾਂ ਨੂੰ ਸੁਰੱਖਿਅਤ ਬਚਾਇਆ ਗਿਆ ਹੈ ਅਤੇ ਰਾਹਤ ਕੈਂਪਾਂ ਵਿੱਚ ਭੇਜ ਦਿੱਤਾ ਗਿਆ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸੂਬਾ ਸਰਕਾਰ ਹੜ੍ਹ ਵਰਗੀ ਸਥਿਤੀ ਤੋਂ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ। ਰਾਹਤ ਕੈਂਪਾਂ ਵਿੱਚ ਸਾਰੀਆਂ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਜ਼ਿਲ੍ਹੇ ਵਿੱਚ ਸਥਿਤੀ ਪੂਰੀ ਤਰ੍ਹਾਂ ਕਾਬੂ ਹੇਠ ਹੈ ਅਤੇ ਨੇੜਿਓਂ ਨਜ਼ਰ ਰੱਖਣ ਅਤੇ ਬਚਾਅ ਕਾਰਜਾਂ ਦੇ ਸੁਚਾਰੂ ਸੰਚਾਲਨ ਲਈ ਅਧਿਕਾਰੀ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਡਟੇ ਹੋਏ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਫੀਲਡ ਵਿੱਚ ਮੈਡੀਕਲ ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ, ਜਿਨ੍ਹਾਂ ਵੱਲੋਂ ਪ੍ਰਭਾਵਿਤ ਖੇਤਰਾਂ ਵਿੱਚ ਡਾਕਟਰੀ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਇਸ ਤੋਂ ਇਲਾਵਾ ਐਨ.ਡੀ.ਆਰ.ਐਫ., ਫੌਜ ਅਤੇ ਐਸ.ਡੀ.ਆਰ.ਐਫ. ਦੀਆਂ ਟੀਮਾਂ ਨੂੰ ਵੀ ਬਚਾਅ ਕਾਰਜਾਂ ਲਈ ਤਾਇਨਾਤ ਕੀਤਾ ਗਿਆ ਹੈ।

## ਬਹੁਜਨ ਕ੍ਰਾਂਤੀ ਮੰਚ ਦਾ ਧਰਨਾ 10ਵੇਂ ਦਿਨ ਵੀ ਜਾਰੀ

**ਅੱਡਾ ਸਰਾਂ (ਜਸਵੀਰ ਕਾਜਲ)**- ਬਹੁਜਨ ਕ੍ਰਾਂਤੀ ਮੰਚ ਪੰਜਾਬ ਹੁਸ਼ਿਆਰਪੁਰ ਵਲੋਂ ਲਗਾਏ ਗਏ ਪੋਸਟ ਮੈਟ੍ਰਿਕ ਸਕਾਲਰਸ਼ਿਪ ਨੂੰ ਲਾਗੂ ਕਰਵਾਉਣ ਲਈ ਧਰਨਾ 10ਵੇਂ ਦਿਨ ਵਿੱਚ ਤਬਦੀਲ ਹੋ ਗਿਆ । ਧਰਨੇ ਦੌਰਾਨ ਡਾ. ਅੰਬੇਡਕਰ ਫੋਰਸ ਪੰਜਾਬ ਦੇ ਪ੍ਰਧਾਨ ਅਨਿਲ ਕੁਮਾਰ ਬਾਘਾ ਨੇ ਵੱਖ-ਵੱਖ ਪਿੰਡਾ ਤੋਂ ਆਏ ਸਾਥੀਆ ਨੂੰ ਧਰਨੇ ਦੇ ਮੁੱਖ ਮੁੱਦਿਆਂ ਤੋ ਜਾਣੂ ਕਰਵਾਇਆ । ਉਹਨਾਂ ਕਿਹਾ ਕਿ ਜੋ ਵੀ ਸਾਥੀ ਇਸ ਧਰਨੇ ਵਿੱਚ ਆਉਂਦੇ ਹਨ , ਪੋਸਟ ਮੈਟ੍ਰਿਕ ਸਕਾਲਰਸ਼ਿਪ ਸੰਬੰਧੀ ਪੂਰਨ ਜਾਣਕਾਰੀ ਪ੍ਰਾਪਤ ਕਰਕੇ, ਆਪਣੇ ਅਤੇ ਆਪਣੇ ਨਾਲ ਲੱਗਦੇ ਪਿੰਡ ਦੇ ਵਿਦਿਆਰਥੀਆਂ ਅਤੇ ਲੋਕਾਂ ਨੂੰ ਜਾਗਰੂਕ ਜ਼ਰੂਰ ਕਰਨ। ਇਸ ਮੌਕੇ ਪਿਛਲੇ ਕਈ ਦਿਨਾਂ ਤੋਂ ਧਰਨੇ 'ਤੇ ਬੈਠੇ ਸਾਥੀ ,ਡਾਕਟਰ ਬੀ ਆਰ ਅੰਬੇਡਕਰ ਯੂਥ ਕਲੱਬ ਰਜਿ. ਕੰਧਾਲਾ ਜੱਟਾਂ ਦੇ ਸਰਪ੍ਰਸਤ ਚਰਨਜੀਤ ਪੜ੍ਹਬੱਗਾ, ਡਾ. ਅੰਬੇਡਕਰ ਕਲੱਬ ਮਸੀਤ ਪਾਲਕੋਟ ਦੇ ਪ੍ਰਧਾਨ ਸਰਬਜੀਤ ਵਿੱਕੀ ਅਤੇ ਮੈਂਬਰ , ਪਿੰਡ ਚੋਟਾਲਾ ਤੋਂ ਸਰਬਜੀਤ ਸਿੰਘ ਚੌਟਾਲਾ , ਲਖਵਿੰਦਰ ਸਿੰਘ ਚੌਟਾਲਾ, ਪਰਮਿੰਦਰ ਸਿੰਘ ਗੋਰਾਇਆਂ , ਸੁਖਜਿੰਦਰ ਸਿੰਘ ਧੂਤ ਕਲਾਂ ਅਤੇ ਹੋਰ ਕਈ ਸਾਥੀਆਂ ਨੇ ਹਾਜ਼ਰੀ ਭਰੀ ।

## ਪੀ. ਟੀ. ਐੱਮ ਆਰੀਆ ਕਾਲਜ 'ਚ ਵਿਸ਼ਵ ਆਬਾਦੀ ਦਿਵਸ ਮਨਾਇਆ

**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )**-ਪੀ. ਟੀ. ਐੱਮ ਆਰੀਆ ਕਾਲਜ ਨੂਰਮਹਿਲ ਵਿੱਚ 11 ਜੁਲਾਈ ਨੂੰ ਵਿਸ਼ਵ ਆਬਾਦੀ ਦਿਵਸ ਮਨਾਇਆ ਗਿਆ। ਇਸ ਮੌਕੇ ਕਾਲਜ ਦੇ ਡਾਇਰੈਕਟਰ ਪ੍ਰੋ. ਆਰ. ਕੇ ਜੈਨ ਦੀ ਅਗਵਾਈ ਹੇਠ, ਪ੍ਰੋ. ਅਸ਼ਨੀ ਕੁਮਾਰ, ਪ੍ਰੋ ਸੁਰਿੰਦਰ ਪਾਲ, ਪ੍ਰੋ. ਇੰਦਰਜੀਤ ਕੌਰ, ਪ੍ਰੋ.ਮੋਨਿਕਾ ਨਾਹਰ, ਪ੍ਰੋ.ਪ੍ਰਤਿਗਿਆ ਨੇ ਦੁਨੀਆਂ ਵਿੱਚ ਵੱਧ ਰਹੀ ਆਬਾਦੀ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਲਈ ਆਪਣੇ ਵਿਚਾਰ ਪੇਸ਼ ਕੀਤੇ। ਇਸ ਮੌਕੇ ਅਧਿਆਪਕਾਂ ਵਲੋਂ ਲੋਕਾਂ ਨੂੰ ਸੁਨੇਹਾ ਦਿੱਤਾ ਗਿਆ ਕਿ ਵੱਧਦੀ ਆਬਾਦੀ ਸਮਾਜ ਅਤੇ ਸਿਹਤ ਲਈ ਖਤਰਨਾਕ ਹੈ। ਕਈ ਵਾਰ ਲੜਕਾ ਪੈਦਾ ਕਰਨ ਦੀ ਇੱਛਾ ਵਿੱਚ ਹੀ ਅਨੇਕਾਂ ਲੜਕੀਆਂ ਪੈਦਾ ਕਰ ਲਈਆਂ ਜਾਂਦੀਆਂ ਹਨ। ਦੇਸ਼ ਵਿੱਚ ਸੁਚੱਜੀ ਸਿੱਖਿਆ ਪ੍ਰਣਾਲੀ ਦਾ ਪ੍ਰਸਾਰ ਕਰਕੇ ਅਤੇ ਪਰਵਾਰ ਕਲਿਆਣ ਪ੍ਰੋਗਰਾਮ ਦੇ ਦਾਇਰੇ ਨੂੰ ਹੋਰ ਵਿਸ਼ਾਲ ਕਰਕੇ ਅਸੀਂ ਇਸ ਸਮੱਸਿਆਵਾਂ ਤੋਂ ਨਿਜਾਤ ਪਾ ਸਕਦੇ ਹਾਂ। ਇਸ ਮੌਕੇ ਸਮੂਹ ਸਟਾਫ ਹਾਜ਼ਰ ਸਨ।

## ਫਰਾਰ ਮੁਲਜ਼ਮ ਗ੍ਰਿਫਤਾਰ

**ਅੱਡਾ ਸਰਾਂ (ਜਸਵੀਰ ਕਾਜਲ)**-ਟਾਂਡਾ ਉੜਮੁੜ ਥਾਣਾ ਦੇ ਅਧੀਨ ਪੈਂਦੀ ਪੁਲਸ ਚੌਕੀ ਅੱਡਾ ਸਰਾਂ ਦੇ ਇੰਚਾਰਜ ਏ ਐਸ ਆਈ ਰਾਜੇਸ਼ ਕੁਮਾਰ ਨੇ ਸਾਥੀਆਂ ਸਮੇਤ ਗਸ਼ਤ ਕਰਦੇ ਸਮੇਂ ਨਸ਼ਾ ਸਪਲਾਈ ਕਰਨ ਵਾਲਾ ਮੁਲਜ਼ਮ, ਜੋ ਫਰਾਰ ਹੋ ਗਿਆ ਸੀ, ਨੂੰ ਗ੍ਰਿਫਤਾਰ ਕਰ ਲਿਆ। ਮੁਲਜ਼ਮ ਦੀ ਰੋਸ਼ਨ ਲਾਲ ਉਰਫ ਰੋਸ਼ੀ ਪੁੱਤਰ ਜਗਤਾਰ ਸਿੰਘ ਵਾਸੀ ਨੰਗਲ ਜਮਾਲ ਥਾਣਾ ਟਾਂਡਾ ਜ਼ਿਲ੍ਹਾ ਹੁਸ਼ਿਆਰਪੁਰ ਵਜੋ ਸ਼ਨਾਖਤ ਹੋਈ ਹੈ, ਜਿਸ ਪਾਸੋਂ 170 ਗ੍ਰਾਮ ਨਸ਼ੀਲਾ ਪਦਾਰਥ ਬ੍ਰਾਮਦ ਕੀਤਾ । ਦੋਸ਼ੀ ਉਪਰ ਮੁਕੱਦਮਾ ਨੰਬਰ 160 ਮਿਤੀ 11 ਜੂਨ 2023 ਅ/ਧ 22/29/61/85. ਥਾਣਾ ਟਾਂਡਾ ਵਿੱਚ ਦਰਜ ਹੈ ।

## ਪੁਲਸ ਅਧਿਕਾਰੀ ਨਾ ਪਹੁੰਚਣ 'ਤੇ ਭਾਰੀ ਰੋਸ

**ਮਹਿਤਪੁਰ (ਰਾਜਾ)** ਪਿੰਡ ਉਧੋਵਾਲ ਦੇ ਕਾਂਗਰਸੀ ਸਰਪੰਚ ਵੱਲੋ ਪਰਵਾਸੀ ਭਾਰਤੀ ਗੁਰਪ੍ਰੀਤ ਸਿੰਘ ਮਾਨ ਦੇ ਮਾਲਕੀ ਵਾਲੀ ਜਮੀਨ ਉਸਦੀ ਗੈਰ ਹਾਜਰੀ ਦਾ ਫਾਇਦਾ ਚੱਕ ਕੇ ਨਾਜਾਇਜ ਕਬਜਾ ਕਰਨ ਦੇ ਵਿਰੋਧ ਵਿੱਚ ਐਸ ਐਸਐਸਪੀ ਦਿਹਾਤੀ ਦੇ ਹੁਕਮਾਂ 'ਤੇ ਮਹਿਤਪੁਰ ਥਾਣੇ ਦੇ ਪੁਲਸ ਅਧਿਕਾਰੀਆਂ ਦੇ ਪਿੰਡ ਪਹੁੰਚਣ ਦੇ ਸੁਨੇਹੇ 'ਤੇ ਵੱਡੀ ਗਿਣਤੀ ਵਿੱਚ ਐਨ ਆਰ ਆਈ ਪਰਵਾਰਾਂ ਦੇ ਮੈਂਬਰ ਇਕੱਠੇ ਹੋਏ ਪਰ ਮੌਕੇ 'ਤੇ ਕੋਈ ਪੁਲਿਸ ਅਧਿਕਾਰੀ ਨਾ ਪਹੁੰਚਣ 'ਤੇ ਭਾਰੀ ਰੋਸ ਪ੍ਰਗਟਾਉਂਦਿਆਂ ਪਿੰਡ ਵਾਸੀਆਂ ਨੇ ਕਿਹਾ ਕਿ ਸਰਕਾਰ ਬਦਲਣ ਤੋਂ ਬਾਅਦ ਵੀ ਕਾਂਗਰਸੀ ਲੈਂਡ ਮਾਫੀਆ ਸਰਪੰਚ ਨੂੰ ਪੁਲਸ ਹੱਥ ਪਾਉਣ ਦੀ ਜੁਅਰਤ ਨਹੀਂ ਕਰ ਰਹੀ। ਪਰਵਾਸੀ ਭਾਰਤੀ ਮਾਸਟਰ ਤਾਰਾ ਸਿੰਘ ਨੇ ਕਿਹਾ ਕਿ ਉਸਦੇ ਪਰਵਾਰਕ ਪਲਾਟ ਉੱਪਰ ਵੀ ਪਿੰਡ ਦੇ ਸਰਪੰਚ ਮਨਜੀਤ ਸਿੰਘ ਨੇ ਐਨ ਆਰ ਆਈ ਗੁਰਪ੍ਰੀਤ ਸਿੰਘ ਮਾਨ ਸਿੰਘ ਦੀ ਜਮੀਨ ਵਾਂਗ ਹੀ ਕਬਜਾ ਕੀਤਾ ਹੈ। ਜੇ ਸਰਪੰਚ ਦੀ ਮਾਲਕੀ ਵਾਲੀ ਜਮੀਨ ਦੀ ਨਿਸ਼ਾਨਦੇਹੀ ਕੀਤੀ ਜਾਵੇ ਤਾਂ ਹਕੀਕਤ ਸਾਹਮਣੇ ਆ ਜਾਏਗੀ ਜਿਵੇਂ ਗੁਰਪ੍ਰੀਤ ਸਿੰਘ ਮਾਨ ਵੱਲੋਂ ਕਰਵਾਈ ਗਈ ਨਿਸ਼ਾਨਦੇਹੀ ਤੋਂ ਬਾਅਦ ਸਰਪੰਚ ਵੱਲੋਂ ਕੀਤਾ ਗਿਆ ਨਜਾਇਜ ਕਬਜਾ ਸਾਹਮਣੇ ਆਇਆ ਹੈ। ਪਰ ਪੁਲਸ ਹੱਥ ਪਾਉਣ ਲਈ ਤਿਆਰ ਨਹੀਂ । ਇਸ ਮੌਕੇ ਪਰਵਾਸੀ ਭਾਰਤੀ ਗੁਰਪ੍ਰੀਤ ਸਿੰਘ ਮਾਨ, ਮਾਸਟਰ ਤਾਰਾ ਸਿੰਘ, ਪੰਚ ਸ਼ਾਂਤੀ ਦੇਵੀ, ਲੰਬੜਦਾਰ ਸਤੀਸ਼ ਕੁਮਾਰ, ਸਾਬਕਾ ਬਲਾਕ ਸੰਮਤੀ ਮੈਂਬਰ ਅਮਰ ਸਿੰਘ, ਗੁਰਦੁਆਰਾ ਸਾਹਿਬ ਦੇ ਪ੍ਰਧਾਨ ਹਰਦਿਆਲ ਸਿੰਘ ਮਾਨ, ਦਲਜੀਤ ਸਿੰਘ ਕਾਹਲੋਂ, ਤਰਸੇਮ ਪੀਟਰ, ਮਨਜੀਤ ਸਿੰਘ ਤੋਂ ਇਲਾਵਾ ਕਿਰਤੀ ਕਿਸਾਨ ਯੂਨੀਅਨ ਦੀਆਂ ਆਗੂ ਭੈਣਾਂ ਹਾਜ਼ਰ ਸਨ।

## 35 ਕਿੱਲੋ ਚੂਰਾ ਪੋਸਤ ਸਮੇਤ ਕਾਬੂ

**ਫਿਲੌਰ (ਨਿਰਮਲ)**-ਮਨਪ੍ਰੀਤ ਸਿੰਘ ਢਿੱਲੋਂ ਪੀ.ਪੀ.ਐਸ ਪੁਲਸ ਕਪਤਾਨ, ਇਨਵੈਸਟੀਗੇਸ਼ਨ ਜਲੰਧਰ (ਦਿਹਾਤੀ) ਨੇ ਦੱਸਿਆ ਕਿ ਇੰਸਪੈਕਟਰ ਪੁਸ਼ਪ ਬਾਲੀ ਇੰਚਾਰਜ ਕ੍ਰਾਇਮ ਬ੍ਰਾਂਚ ਜ਼ਿਲ੍ਹਾ ਜਲੰਧਰ ਦਿਹਾਤੀ ਨੇ ਸਮਾਜ ਦੇ ਮਾੜੇ ਅਨਸਰਾਂ ਅਤੇ ਨਸ਼ਾ ਸਮਗਲਰਾਂ ਨੂੰ ਕਾਬੂ ਕਰਨ ਲਈ ਇੱਕ ਸਪੈਸ਼ਲ ਟੀਮ ਦੇ ਐਸ.ਆਈ ਭੁਪਿੰਦਰ ਸਿੰਘ ਕ੍ਰਾਈਮ ਬ੍ਰਾਂਚ ਜਲੰਧਰ (ਦਿਹਾਤੀ) ਦੀ ਅਗਵਾਈ ਹੇਠ ਨਾਕਾਬੰਦੀ ਲਈ ਹਾਈਟੈੱਕ ਨਾਕਾ ਫਿਲੌਰ ਵਿਖੇ ਭੇਜੀ ਸੀ, ਜਿਸ ਦੌਰਾਨ ਨਾਕਾਬੰਦੀ ਕ੍ਰਾਈਮ ਬ੍ਰਾਂਚ ਦੀ ਟੀਮ ਲੁਧਿਆਣਾ ਤੋਂ ਜਲੰਧਰ ਆਉਣ ਵਾਲੀਆਂ ਗੱਡੀਆਂ ਦੀ ਚੈਕਿੰਗ ਕਰ ਰਹੇ ਸੀ ਤਾਂ ਕੁਝ ਸਮੇਂ ਬਾਅਦ ਇਕ ਟਰੱਕ ਨੰਬਰੀ ਪੀ ਬੀ 09 ਐਕਸ-6497 ਲੁਧਿਆਣਾ ਸਾਈਡ ਵੱਲੋਂ ਆਇਆ ਜਿਸ ਨੂੰ ਇਕ ਮੋਨਾ ਵਿਅਕਤੀ ਚਲਾ ਰਿਹਾ ਸੀ। ਜਿਸ ਨੂੰ ਐਸ.ਆਈ ਭੁਪਿੰਦਰ ਸਿੰਘ ਨੇ ਸਾਥੀ ਕਰਮਚਾਰੀਆ ਦੀ ਮੱਦਦ ਨਾਲ ਟਰੱਕ ਨੂੰ ਰੁਕਵਾ ਕੇ ਟਰੱਕ ਡਰਾਈਵਰ ਨੂੰ ਨਾਂਅ ਪਤਾ ਪੁੱਛਿਆ ਜਿਸ ਨੇ ਆਪਣਾ ਨਾਂਅ ਕੁਲਵੰਤ ਸਿੰਘ ਉਰਫ਼ ਸਾਬੀ ਪੁੱਤਰ ਬਲਕਾਰ ਸਿੰਘ ਵਾਸੀ ਪਿੰਡ ਇਬਰਾਹਿਮਵਾਲ ਥਾਣਾ ਬੇਗੋਵਾਲ ਜ਼ਿਲ੍ਹਾ ਕਪੂਰਥਲਾ ਦੱਸਿਆ। ਟਰੱਕ ਦੀ ਤਲਾਸ਼ੀ ਕਰਨ 'ਤੇ ਟਰੱਕ ਦੀ ਬਾਡੀ ਵਿੱਚ ਲੋਡ ਕੀਤੇ ਮੁਰਗੀ ਦਾਨਾ ਦੇ ਬੋਰਿਆਂ ਵਿੱਚੋਂ 35 ਕਿਲੋਗ੍ਰਾਮ ਡੋਡੇ ਚੂਰਾ ਪੋਸਤ ਬ੍ਰਾਮਦ ਹੋਇਆ। ਉਸ ਦੇ ਖਿਲਾਫ਼ ਮੁਕੱਦਮਾ ਨੰਬਰ 181 ਜੁਰਮ 15-/61/85 ਐਨ.ਡੀ.ਪੀ.ਐਸ ਐਕਟ ਅਧੀਨ ਥਾਣਾ ਫਿਲੌਰ ਵਿਖੇ ਦਰਜ ਕੀਤਾ ਗਿਆ ਹੈ।

# ਅੰਧ-ਵਿਸ਼ਵਾਸ ਛੱਡੇ ਬਿਨਾਂ ਸਾਡੀ ਜ਼ਿੰਦਗੀ 'ਚ ਕੋਈ ਸੁਧਾਰ ਨਹੀਂ ਆ ਸਕਦਾ : ਤਰਕਸ਼ੀਲ ਸੁਸਾਇਟੀ



**ਜਲੰਧਰ (ਨਵਾਂ ਜ਼ਮਾਨਾ ਸਰਵਿਸ)**-ਤਰਕਸ਼ੀਲ ਸੁਸਾਇਟੀ ਪੰਜਾਬ (ਰਜਿ.) ਜੋਨ ਜਲੰਧਰ ਦੀ ਮੀਟਿੰਗ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਹੋਈ ਜਿਸ ਦੀ ਪ੍ਰਧਾਨਗੀ ਜੋਨ ਜਥੇਬੰਦਕ ਮੁਖੀ ਸੁਰਜੀਤ ਟਿੱਬਾ ਨੇ ਕੀਤੀ। ਇਸ ਮੀਟਿੰਗ ਵਿੱਚ ਅੰਮ੍ਰਿਤਸਰ ਤੋਂ ਸੁਸਾਇਟੀ ਦੇ ਸੂਬਾ ਮੀਡੀਆ ਆਗੂ ਸੁਮੀਤ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਮੀਟਿੰਗ ਵਿੱਚ ਸੂਬਾ ਕਮੇਟੀ ਵੱਲੋਂ ਜਾਰੀ ਕੀਤੀ ਕਾਰਵਾਈ ਰਿਪੋਰਟ 'ਤੇ ਚਰਚਾ ਤੋਂ ਬਾਅਦ ਸਾਰੀਆਂ ਇਕਾਈਆਂ ਵੱਲੋਂ ਚੇਤਨਾ ਪਰਖ ਪ੍ਰੀਖਿਆ ਸੰਬੰਧੀ ਆਪਣੇ ਕੰਮ ਦੀ ਜਾਣਕਾਰੀ ਦਿੱਤੀ ਗਈ। ਪੰਜਵੀਂ ਚੇਤਨਾ ਪਰਖ ਪ੍ਰੀਖਿਆ 2023 ਦੀ ਤਿਆਰੀ ਲਈ ਜੋਨ ਵੱਲੋਂ ਇਕਾਈਆਂ ਨੂੰ ਸਕੂਲ ਖੁੱਲ੍ਹਦੇ ਸਾਰ ਸਕੂਲ ਮੁਖੀਆਂ ਨਾਲ ਰਾਬਤਾ ਕਰਨ ਲਈ ਕਿਹਾ ਗਿਆ ਹੈ। ਪੰਜਾਬ ਪੱਧਰ 'ਤੇ ਕਰਵਾਈ ਜਾਂਦੀ ਇਹ ਪ੍ਰੀਖਿਆ ਵਿਦਆਰਥੀਆਂ ਦੀ ਚੇਤਨਤਾ ਨੂੰ ਵਿਗਿਆਨਕ ਬਨਾਉਣ ਲਈ ਕਰਵਾਈ ਜਾਂਦੀ ਹੈ ਤੇ ਇਸ ਵਾਰ ਇਹ ਪ੍ਰੀਖਿਆ ਜੀਵ ਵਿਕਾਸ ਦੇ ਮਹਾਨ ਵਿਗਿਆਨੀ ਚਾਰਲਸ ਡਾਰਵਿਨ ਨੂੰ ਸਮਰਪਿਤ ਕੀਤੀ ਗਈ ਹੈ। ਜੋਨ ਮੀਡੀਆ ਮੁਖੀ ਵਿਜੇ ਰਾਹੀ ਨੇ ਦੱਸਿਆ ਕਿ ਤਰਕਸ਼ੀਲ ਸੁਸਾਇਟੀ ਪੰਜਾਬ ਪਿਛਲੇ ਲੰਮੇ ਅਰਸੇ ਤੋਂ ਸਮਾਜ ਵਿੱਚ ਫੈਲੇ ਅੰਧਵਿਸ਼ਵਾਸਾਂ ਖਿਲਾਫ ਲੜਾਈ ਲੜ ਰਹੀ ਹੈ ਤੇ ਲੋਕਾਂ ਨੂੰ ਇਸ ਸੰਬੰਧੀ ਚੇਤਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਾਡੇ ਗਦਰੀ ਬਾਬਿਆਂ, ਸ਼ਹੀਦ ਭਗਤ ਸਿੰਘ ਤੇ ਸਾਥੀਆਂ ਵੱਲੋਂ ਜੋ ਕੁਰਬਾਨੀਆਂ ਦੇ ਕੇ ਦੇਸ਼ ਅਜਾਦ ਕਰਾਇਆ ਗਿਆ ਹੈ ਉਸ ਨੂੰ ਅੱਜ ਫਾਸ਼ੀਵਾਦ ਦੇ ਦੌਰ ਅੰਦਰ ਧੱਕਿਆ ਜਾ ਰਿਹਾ ਹੈ ਤੇ ਦੇਸ਼ ਅੰਦਰ ਘੱਟ ਗਿਣਤੀਆਂ ਦੇ ਮਨਾ ਅੰਦਰ ਸਹਿਮ ਪੈਦਾ ਕਰਕੇ ਰਾਜ ਸੱਤਾ 'ਤੇ ਕਾਬਜ ਰਹਿਣ ਦੀਆਂ ਚਾਲਾਂ ਚੱਲੀਆਂ ਜਾ ਰਹੀਆਂ ਹਨ। ਸੂਬਾ ਕਾਨੂੰਨ ਆਗੂ ਜਸਵਿੰਦਰ ਫਗਵਾੜਾ ਨੇ ਕਿਹਾ ਕਿ ਸਾਨੂੰ ਲੋਕਾਂ ਕੋਲ ਜਾ ਕੇ ਉਨ੍ਹਾ ਦੀ ਸਮੱਸਿਆਵਾਂ ਜਾਨਣੀਆਂ ਚਾਹੀਦੀਆਂ ਹਨ ਤਾਂ ਕਿ ਅਸੀਂ ਲੋਕਾਂ ਅੰਦਰ ਆਪਣੀ ਗੱਲ ਲਿਜਾ ਸਕੀਏ। ਟਿੱਬਾ ਨੇ ਕਿਹਾ ਕਿ ਮੋਦੀ ਸਰਕਾਰ ਵੱਲੋਂ ਐਨ ਸੀ ਈ ਆਰ ਟੀ ਦੇ ਸਿਲੇਬਸ ਵਿੱਚੋਂ ਦੇਸ਼ ਭਗਤਾਂ, ਵਿਗਿਆਨੀਆਂ ਤੇ ਅਜਾਦੀ ਦੇ ਸ਼ਾਨਾਮੱਤੇ ਇਤਿਹਾਸ ਨੂੰ ਮਿਟਾ ਕੇ ਆਪਣੀ ਸੋਚ ਦਾ ਸਿਲੇਬਸ ਪਾਇਆ ਜਾ ਰਿਹਾ ਹੈ ਜਿਸ ਕਾਰਨ ਦੇਸ਼ ਗਲਤ ਦਿਸ਼ਾ ਵੱਲ ਜਾ ਰਿਹਾ ਹੈ। ਸੂਬਾ ਮੀਡੀਆ ਮੁਖੀ ਸੁਮੀਤ ਸਿੰਘ ਨੇ ਕਿਹਾ ਕਿ ਮੀਡੀਆਂ ਤੇ ਸੈਂਸਰਸ਼ਿਪ ਵਾਲਾ ਮਾਹੌਲ ਬਨਾਉਣ ਦੀ ਪ੍ਰਵਿਰਤੀ ਚਲ ਰਹੀ ਹੈ ਪਰ ਅਸੀਂ ਮੀਡੀਆ ਦੀ ਅਜਾਦੀ ਲਈ ਲੜਦੇ ਰਹਾਂਗੇ। ਉਹਨਾਂ ਕੇਬਲ ਟੀਵੀ ਨੈਟਵਰਕ ਐਕਟ 1994 ਸੰਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਐਕਟ ਦੀ ਉਲੰਘਣਾ ਹਰ ਰੋਜ ਟੀਵੀ 'ਤੇ ਵੱਖ-ਵੱਖ ਚੈਨਲਾਂ ਰਾਹੀਂ ਅੰਧਵਿਸ਼ਵਾਸ ਫੈਲਾਉਣ ਵਾਲੇ ਤਾਂਤਰਿਕਾਂ, ਭਵਿੱਖ ਦੱਸਣ ਵਾਲਿਆਂ ਦੀ ਐਡ ਦੇ ਕੇ ਕੀਤੀ ਜਾ ਰਹੀ ਹੈ ਪਰ ਸਰਕਾਰ ਇਸ 'ਤੇ ਕੋਈ ਕਦਮ ਨਹੀਂ ਚੁੱਕ ਰਹੀ। ਜਿਸਦਾ ਮਤਲਬ ਹੈ ਕਿ ਸਰਕਾਰ ਖੁਦ ਅੰਧਵਿਸ਼ਵਾਸ ਫੈਲਾਉਣਾ ਚਾਹੁੰਦੀ ਹੈ। ਉਹਨਾਂ ਨੇ ਪਟਿਆਲਾ ਵਿਖੇ ਮੈਂਬਰ ਪਾਰਲੀਮੈਂਟ ਪ੍ਰਨੀਤ ਕੌਰ ਦੁਆਰਾ ਵੱਡੀ ਨਦੀ ਤੇ ਨੱਥ ਚੂੜਾ ਚੜ੍ਹਾਉਣ ਦੀ ਕੀਤੀ ਜਾਂਦੀ ਰਸਮ ਨੂੰ ਗੈਰ ਵਿਗਿਆਨਕ ਦੱਸਦੇ ਹੋਏ ਕਿਹਾ ਕਿ ਅੱਜ ਦੇ 21ਵੀਂ ਸਦੀ ਦੇ ਵਿਗਿਆਨਕ ਯੁੱਗ ਅੰਦਰ ਇਹਨਾਂ ਸਮਾਂ ਵਹਾ ਚੁੱਕੀਆਂ ਰਸਮਾਂ ਦਾ ਕੋਈ ਮਹੱਤਵ ਨਹੀਂ ਹੈ। ਉਨ੍ਹਾਂ ਕਿਹਾ ਕਿ ਸਾਡੇ ਚੁਣੇ ਹੋਏ ਨੁਮਾਇੰਦੇ ਹੜ੍ਹਾਂ ਵਰਗੀਆਂ ਸਥਿਤੀਆਂ ਦੌਰਾਨ ਜੇਕਰ ਨੱਥ ਚੂੜੇ ਚੜਾਉਣਗੇ ਤਾਂ ਡੁੱਬ ਰਹੇ ਲੋਕਾਂ ਨੂੰ ਕੌਣ ਬਚਾਵੇਗਾ। ਇਸ ਮੌਕੇ ਸੁਖਦੇਵ ਸੂਬਾ ਕਾਨੂੰਨ ਮੁਖੀ ਜਸਵਿੰਦਰ ਫਗਵਾੜਾ, ਸੁਖਵਿੰਦਰ ਬਾਗਪੁਰ,ਪ੍ਰਿੰ.ਮਨਜੀਤ ਸਿੰਘ,ਮਾ.ਸੁਖਜੀਤ ਸਿੰਘ,ਬਲਵਿੰਦਰ ਬੁਲੋਵਾਲ,ਮਨਜੋਤ,ਨਸੀਬ ਚੰਦ,ਵਿਜੇ ਰਾਹੀ,ਜਸਬੀਰ ਸੁਜੋਕਾਲੀਆ,ਸੁਰਿੰਦਰ ਪੱਧੀ ਜਗੀਰ,ਗਿਆਨ ਸੈਦਪੁਰੀ,ਵਿਕੀ ਤਲਵੰਡੀ,ਸੰਦੀਪ ਦਰਦੀ,ਵਿਕੀ ਹਾਜਰ ਸਨ।

## ਕੇਂਦਰੀਕ੍ਰਿਤ ਦਾਖਲਾ ਪੋਰਟਲ 'ਤੇ ਦਾਖਲੇ ਦੀ ਮਿਤੀ 17 ਤੱਕ ਵਧਾਈ

**ਮਾਹਿਲਪੁਰ, (ਸਫਰੀ)**-ਪੰਜਾਬ ਸਰਕਾਰ ਦੇ ਉਚੇਰੀ ਸਿਖਿਆ ਡਾਇਰੈਕਟੋਰੇਟ ਵੱਲੋਂ ਜਾਰੀ ਨਿਰਦੇਸ਼ਾਂ ਤਹਿਤ ਸੂਬੇ ਅੰਦਰ ਬਰਸਾਤੀ ਮੌਸਮ ਕਾਰਨ ਆਏ ਹੜ੍ਹਾਂ ਦੀ ਸਥਿਤੀ ਦੇ ਮੱਦੇਨਜ਼ਰ ਰਾਜ ਭਰ ਦੇ ਕਾਲਜਾਂ ਵਿੱਚ ਸੈਸ਼ਨ 2023-24 ਤਹਿਤ ਕੇਂਦਰੀਕ੍ਰਿਤ ਦਾਖਲਾ ਪੋਰਟਲ ਉਤੇ ਅੰਡਰ ਗਰੈਜੂਏਟਾਂ ਕਲਾਸਾਂ ਦੇ ਵਿਦਿਆਰਥੀਆ ਦੇ ਦਾਖਿਲੇ ਸਬੰਧੀ ਫੀਸ ਭਰਨ ਦੀ ਮਿਤੀ 17 ਜੁਲਾਈ ਤੱਕ ਵਧਾਈ ਗਈ ਹੈ। ਇਸ ਤਹਿਤ ਸਰਕਾਰ ਵਲੋਂ ਜਾਰੀ ਪੱਤਰ ਅਨੁਸਾਰ ਅੰਡਰ ਗਰੈਜੂਏਟ ਕਲਾਸਾਂ ਦੀ ਓਪਨ ਦਾਖਿਲਾ ਪ੍ਰਕਿਰਿਆ 18 ਜੁਲਾਈ ਤੋਂ ਸ਼ੁਰੂ ਹੋ ਕੇ 24 ਜੁਲਾਈ ਤੱਕ ਚੱਲੇਗੀ ਅਤੇ ਕਾਲਜਾਂ ਵਿੱਚ ਅੰਡਰ ਗਰੈਜੂਏਟ ਜਮਾਤਾਂ ਦੀ ਪੜਾਈ 25 ਜੁਲਾਈ ਤੋਂ ਸ਼ੁਰੂ ਹੋ ਜਾਵੇਗੀ। ਇਸ ਬਾਰੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਦੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਕਿਹਾ ਕਿ ਕਾਲਜ ਵਿੱਚ ਦਾਖਿਲਾ ਅਤੇ ਕਾਉਂਸਲਿੰਗ ਸੈੱਲ ਸਥਾਪਿਤ ਕੀਤਾ ਗਿਆ ਹੈ ਜਿੱਥੇ ਪੁੱਜ ਕੇ ਵਿਦਿਆਰਥੀ ਆਨਲਾਈਨ ਦਾਖਲਾ ਪੋਰਟਲ 'ਤੇ ਆਪਣੀ ਰਜਿਸਟਰੇਸ਼ਨ ਯਕੀਨੀ ਬਣਾ ਸਕਦੇ ਹਨ। ਉਨਾਂ ਕਿਹਾ ਕਿ ਕਾਲਜ ਵਿੱਚ ਵਿਦਿਆਰਥੀਆਂ ਦੀ ਸਹੂਲਤ ਲਈ ਸਥਾਪਿਤ ਇਸ ਦਾਖਿਲਾ ਅਤੇ ਕਾਉਂਸਲਿੰਗ ਸੈੱਲ ਦਾ ਉਦੇਸ਼ ਵਿਦਿਆਰਥੀਆ ਨੂੰ ਆਪਣੇ ਕਰੀਅਰ ਦੀ ਚੋਣ ਅਨੁਸਾਰ ਸਬੰਧਤ ਕੋਰਸ ਵਿੱਚ ਦਾਖਿਲ ਹੋਣ ਦੀ ਯੋਗਤਾ, ਫੀਸ ਅਤੇ ਹੋਰ ਨਿਯਮਾਂ ਸਬੰਧੀ ਜਾਣਕਾਰੀ ਪ੍ਰਦਾਨ ਕਰਨਾ ਹੈ । ਉਨਾ ਵਿਦਿਆਰਥੀਆਂ ਨੂੰ ਲੇਟ ਫੀਸ ਤੋਂ ਬਚਣ, ਆਪਣੇ ਚੁਣਿੰਦਾ ਕਰੀਅਰ ਅਨੁਸਾਰ ਕੋਰਸਾਂ ਦੀ ਚੋਣ ਅਤੇ ਪੰਜਾਬ ਸਰਕਾਰ ਦੇ ਨਿਰਦੇਸ਼ਾਂ ਤਹਿਤ ਕੇਂਦਰੀਕ੍ਰਿਤ ਦਾਖਿਲਾ ਪੋਰਟਲ ਅਨੁਸਾਰ ਦਾਖਿਲ ਹੋਣ ਸਬੰਧੀ ਕਾਲਜ ਵਿੱਚ ਸਥਾਪਿਤ ਦਾਖਿਲਾ ਸੈੱਲ ਨਾਲ ਸੰਪਰਕ ਕਰਨ ਦੀ ਅਪੀਲ ਕੀਤੀ।

## 76-80 ਅਲਾਟੀਆਂ ਨੂੰ ਗਮਾਡਾ ਵੱਲੋਂ ਵਧਾਏ ਰੇਟਾਂ ਦਾ ਹੋਵੇਗਾ ਰੀਵਿਊ : ਕੁਲਵੰਤ ਸਿੰਘ

### ਹਾਲ ਦੀ ਘੜੀ ਅਲਾਟੀਆਂ ਨੂੰ ਨਹੀਂ ਭੇਜੇ ਜਾਣਗੇ ਨੋਟਿਸ

**ਮੋਹਾਲੀ (ਗੁਰਜੀਤ ਬਿੱਲਾ)** -ਅੱਜ 76-80 ਪਲਾਟ ਅਲਾਟਮੈਂਟ ਐਂਡ ਸੰਘਰਸ ਕਮੇਟੀ ਦੀ ਐਮ ਐਲ ਏ ਕੁਲਵੰਤ ਸਿੰਘ ਦੀ ਅਗਵਾਈ 'ਚ ਗਮਾਡਾ ਦੇ ਸੀ ਏ ਨਾਲ ਅਲਾਟੀਆਂ ਨੂੰ ਗਮਾਡਾ ਵੱਲੋਂ ਪਲਾਟਾਂ ਦੇ ਰੇਟਾਂ 'ਚ ਕੀਤੇ ਵਾਧੇ ਬਾਰੇ ਮੀਟਿੰਗ ਹੋਈ ਜਿਸ ਵਿੱਚ ਗਮਾਡਾ ਵੱਲੋਂ ਪਲਾਟਾਂ ਦੇ ਵਧਾਏ ਰੇਟਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਵਿਧਾਇਕ ਕੁਲਵੰਤ ਸਿੰਘ ਨੇ ਗਮਾਡਾ ਅਧਿਕਾਰੀਆਂ ਨੂੰ ਕਿਹਾ ਕਿ ਅਲਾਟੀਆਂ ਨੂੰ ਪਲਾਟਾਂ ਦੇ ਵਧਾਏ ਰੇਟਾਂ ਵਿੱਚ ਰਾਹਤ ਦੇਣ ਲਈ ਰਿਵਿਊ ਕੀਤਾ ਜਾਵੇ ਮੀਟਿੰਗ ਵਿੱਚ ਇਹ ਵੀ ਫੈਸਲਾ ਕੀਤਾ ਗਿਆ ਕਿ ਹਾਲ ਦੀ ਘੜੀ ਲੋਕਾਂ ਨੂੰ ਭੇਜੇ ਜਾ ਰਹੇ ਨੋਟਿਸ ਬੰਦ ਕੀਤੇ ਜਾਣ ਮੀਟਿੰਗ ਵਿੱਚ ਕੁੱਲ ਵੇਚਣਯੋਗ ਖੇਤਰ ਦੀ ਮੁੜ ਮਿਣਤੀ ਕਰਕੇ ਕਮਰਸੀਅਲ ਖੇਤਰ 'ਤੇ ਕੁੱਝ ਜ਼ਿਆਦਾ ਅਤੇ ਰਿਹਾਇਸ਼ੀ ਖੇਤਰ ਤੇ ਕੁੱਝ ਘੱਟ ਰੇਟ ਦਾ ਭਾਰ ਪਾਇਆ ਜਾਵੇ।

ਹੁਣ ਆਉਣ ਲਾਲੇ ਦਿਨਾਂ ਵਿੱਚ ਇੱਕ ਹੋਰ ਮੀਟਿੰਗ ਹੋਵੇਗੀ ਜਿਸ ਵਿੱਚ ਵਿਭਾਗ ਦੇ ਉੱਚ ਅਧਿਕਾਰੀਆਂ ਨਾਲ ਵਿਚਾਰ ਵਟਾਂਦਰੇ ਤੋਂ ਬਾਅਦ ਮੁੜ ਕਮੇਟੀ ਨਾਲ ਵਿਚਾਰ ਵਟਾਂਦਰਾ ਕੀਤਾ ਜਾਵੇਗਾ। ਇਸੇ ਦੌਰਾਨ ਐਮ ਐਲ ਏ ਕੁਲਵੰਤ ਸਿੰਘ ਨੇ ਕਿਹਾ ਕਿਮੀਟਿੰਗ ਬਹੁਤ ਵਧੀਆ ਮਹੌਲ ਵਿੱਚ ਹੋਈ। ਸਾਰੀਆਂ ਧਿਰਾਂ ਨੇ ਸਾਰਥਿਕ ਵਿਚਾਰ ਪੇਸ ਕੀਤੇ।

ਉਹਨਾਂ ਕਿਹਾ ਕਿ ਸਰਕਾਰ ਲੋਕਾਂ ਦੀ ਆਸ ਅਨੁਸਾਰ ਵਧੀਆ ਹੱਲ ਕਰੇਗੀ। ਦੂਜੇ ਪਾਸੇ ਕਮੇਟੀ ਦੇ ਮੈਂਬਰਾਂ ਨੇ ਵੀ ਮੀਟਿੰਗ ਨੂੰ ਹਾਂ-ਪੱਖੀ ਕਰਾਰ ਦਿੰਦਿਆਂ ਆਸ ਪ੍ਰਗਟਾਈ ਹੈ ਕਿ ਮਸਲਾ ਹੱਲ ਹੋਣ ਦੀ ਆਸ ਬੱਝੀ ਹੈ। ਮੀਟਿੰਗ ਵਿੱਚਵਧਧਾਇਕ ਕੁਲਵੰਤ ਸਿੰਘ, ਸੀਏ ਗਮਾਡਾਸ੍ਰੀ ਰਜੀਵ ਕੁਮਾਰ ਗੁਪਤਾ, ਐਮ ਸੀਸਿਖਦੇਵ ਸਿੰਘ ਪਟਵਾਰੀ, ਆਪ ਆਗੂ ਰਜੀਵ ਵਰਸ਼ਾ ?ਸਟ 76-80 ਪਲਾਟ ਅਲਾਟਮੈਂਟ ਕਮੇਟੀ ਦੇ ਕਾਰਜਕਾਰਨੀ ਮੈਂਬਰ ਸੁੱਚਾ ਸਿੰਘ ਕਲੌੜਪ੍ਰਧਾਨ,ਜੀਐਸ ਪਠਾਣੀਆ , ਵਿੱਤ ਸਕੱਤਰ,ਅਸੋਕ ਕੁਮਾਰ ਲੀਗਲ ਸਹਾਇਕ,ਸਰਦੂਲ ਸਿੰਘ ਪ੍ਰੈਸ ਸਕੱਤਰ,ਬਲਵਿੰਦਰ ਸਿੰਘ ਜਨਰਲ ਸਕੱਤਰ,ਗੁਰਦੇਵ ਸਿੰਘ ਧਨੋਆ ਮੀਤ ਪ੍ਰਧਾਨ,ਹਰਜੀਤ ਸਿੰਘ ਭੋਲੂ ਸਕੌਂਸਲਰ, ਹਰਦਿਆਲ ਸਿੰਘ ਬਡਬਰ, ਕ੍ਰਿਸਨਾ ਮਿੱਤੂ ਤੇ ਚਰਨਜੀਤ ਕੌਰ ਹਾਜਰ ਸਨ।

## ਕੰਢੀ ਨਹਿਰ ਨੂੰ ਚਾਲੂ ਕਰਕੇ ਸਰਕਾਰ ਨੇ ਨੁਕਸਾਨ ਕਰਵਾ ਦਿੱਤਾ : ਮਿੰਟੂ ਲਾਲੀ

**ਮਾਹਿਲਪੁਰ (ਸਫਰੀ)** ਕੁਲ ਹਿੰਦ ਯੂਥ ਕਾਂਗਰਸ ਦੇ ਜਨਰਲ ਸਕੱਤਰ ਅਤੇ ਕਾਗਰਸ ਦੇ ਗੜ੍ਹਸ਼ੰਕਰ ਤੋਂ ਇੰਚਾਰਜ ਅਮਰਪ੍ਰੀਤ ਸਿੰਘ ਮਿੰਟੂ ਲਾਲੀ ਨੇ ਕੰਢੀ ਨਹਿਰ 'ਚ ਵੱਖ ਵੱਖ ਥਾਵਾਂ 'ਤੇ ਪਾੜ ਪੈਣ ਦੇ ਮਾਮਲੇ 'ਚ ਸੂਬੇ ਦੀ ਆਪ ਸਰਕਾਰ ਨੂੰ ਘੇਰਦਿਆਂ ਕਿਹਾ ਕਿ ਲੋਕਾਂ ਵਿੱਚ ਨੰਬਰ ਬਣਾਉਣ ਦੇ ਚੱਕਰ ਵਿੱਚ ਸਰਕਾਰ ਕੰਢੀ ਨਹਿਰ ਦੀ ਰੀਪੇਅਰ ਕਰਨਾ ਭੁੱਲ ਗਈ ਅਤੇ ਸਰਕਾਰ ਨੇ ਕੰਢੀ ਨਹਿਰ ਨੂੰ ਚਾਲੂ ਕਰਕੇ ਸਰਕਾਰ ਨੇ ਉਲਟਾ ਲੋਕਾਂ ਦਾ ਨੁਕਸਾਨ ਕਰਵਾ ਦਿੱਤਾ। ਸਾਲਾਂ ਤੋਂ ਬੰਦ ਪਈ ਕੰਡੀ ਕਨਾਲ ਨਹਿਰ ਵਿੱਚ ਪਾਣੀ ਛੱਡਣ (ਜੋ ਕਿ ਇੱਕ ਸਲਾਘਾਯੋਗ ਉਪਰਾਲਾ ਹੋ ਸਕਦਾ ਸੀ) ਅਤੇ ਸਭ ਤੋ ਪਹਿਲਾਂ ਇੱਕ ਵਾਰ ਵੀ ਨਹਿਰ ਦੇ ਹਾਲਤ ਨਹੀ ਦੇਖੇ ਗਏ ਤਾਂ ਨਾ ਹੀ ਰਿਪੇਅਰ ਕੀਤੀ ਗਈ ਅਤੇ ਨੰਬਰ ਬਨਾਉਣ ਦੇ ਚੱਕਰ 'ਚ ਪਾਣੀ ਛੱਡ ਦਿੱਤਾ ਗਿਆ। ਚੱਕ ਰੌਤਾਂ ਕੋਲ ਨਹਿਰ ਟੁੱਟ ਗਈ,ਰਾਮਪੁਰ ਬਿਲੜੋਂ ਕੋਲ ਪਾੜ ਪੈ ਗਿਆ। ਗੜ੍ਹਸ਼ੰਕਰ ਦੇ ਅਨੇਕਾਂ ਪਿੰਡ ਇਸ ਪਾਣੀ ਦੀ ਮਾਰ ਹੇਠ ਆ ਗਏ। ਸੈਂਕੜੇ ਏਕੜ ਖੇਤਾਂ ਦੀ ਫਸਲ ਖਰਾਬ ਹੋਈ ਲੋਕਾਂ ਦੀਆਂ ਮੋਟਰਾਂ ਸੜ ਗਈਆਂ।

## ਅਨੁਸੂਚਿਤ ਜਾਤੀ ਦੇ ਕਿਸਾਨਾਂ ਨੂੰ ਡੇਅਰੀ ਫਾਰਮਿੰਗ ਬਾਰੇ ਦਿੱਤੀ ਜਾਵੇਗੀ ਮੁਫਤ ਸਿਖਲਾਈ : ਖੁੱਡੀਆਂ



**ਚੰਡੀਗੜ੍ਹ, (ਗੁਰਜੀਤ ਬਿੱਲਾ)** - ਅਨੁਸੂਚਿਤ ਜਾਤੀ (ਐਸ. ਸੀ.) ਵਰਗ ਨਾਲ ਸਬੰਧਤ ਕਿਸਾਨਾਂ ਦੀ ਆਮਦਨ ਦੇ ਸਰੋਤਾਂ ਵਿੱਚ ਵਾਧਾ ਕਰਨ ਅਤੇ ਉਨ੍ਹਾਂ ਨੂੰ ਡੇਅਰੀ ਫਾਰਮਿੰਗ ਦਾ ਧੰਦਾ ਅਪਣਾਉਣ ਲਈ ਉਤਸ਼ਾਹਿਤ ਕਰਨ ਵਾਸਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਅਨੁਸੂਚਿਤ ਜਾਤੀ ਦੇ ਉਮੀਦਵਾਰਾਂ ਨੂੰ ਡੇਅਰੀ ਫਾਰਮਿੰਗ ਬਾਰੇ ਮੁਫ਼ਤ ਸਿਖਲਾਈ ਦੇਣ ਦਾ ਫੈਸਲਾ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਪੰਜਾਬ ਡੇਅਰੀ ਵਿਕਾਸ ਬੋਰਡ ਵੱਲੋਂ ਅਨੁਸੂਚਿਤ ਜਾਤੀ ਕਿਸਾਨਾਂ ਨੂੰ ਮੁਫਤ ਡੇਅਰੀ ਸਿਖਲਾਈ ਦੇਣ ਤੋਂ ਇਲਾਵਾ ਸਿਖਲਾਈ ਦੌਰਾਨ 350 ਰੁਪਏ ਪ੍ਰਤੀ ਦਿਨ ਵਜੀਫਾ ਵੀ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਸਿਖਲਾਈ ਦੌਰਾਨ ਉਮੀਦਵਾਰਾਂ ਨੂੰ ਦੁਧਾਰੂ ਪਸ਼ੂਆਂ ਦੀ ਖਰੀਦ ਅਤੇ ਸਾਂਭ-ਸੰਭਾਲ, ਨਸਲ ਸੁਧਾਰ, ਦੁੱਧ ਤੋਂ ਉਤਪਾਦ ਬਣਾਉਣ, ਪਸ਼ੂਆਂ ਨੂੰ ਮੌਸਮੀ ਬਿਮਾਰੀਆਂ ਤੋਂ ਬਚਾਉਣ, ਪਸ਼ੂਆਂ ਲਈ ਖੁਰਾਕ ਘਰ ਵਿੱਚ ਤਿਆਰ ਕਰਨ ਅਤੇ ਸਾਲ ਭਰ ਹਰਾ ਚਾਰਾ ਉਗਾਉਣ ਆਦਿ ਬਾਰੇ ਸਿਖਲਾਈ ਦਿੱਤੀ ਜਾਵੇਗੀ। ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਇਹ ਸਿਖਲਾਈ ਚਤਾਮਲੀ (ਰੂਪਨਗਰ), ਬੀਜਾ (ਲੁਧਿਆਣਾ), ਫਗਵਾੜਾ (ਕਪੂਰਥਲਾ), ਸਰਦੂਲਗੜ੍ਹ (ਮਾਨਸਾ), ਵੇਰਕਾ (ਅੰਮ੍ਰਿਤਸਰ), ਗਿੱਲ (ਮੋਗਾ), ਅਬੁਲ ਖੁਰਾਣਾ (ਸ੍ਰੀ ਮੁਕਤਸਰ ਸਾਹਿਬ), ਤਰਨ ਤਾਰਨ ਅਤੇ ਸੰਗਰੂਰ ਵਿਖੇ ਸਥਿਤ 9 ਸਿਖਲਾਈ ਕੇਂਦਰਾਂ ਵਿੱਚ ਦਿੱਤੀ ਜਾਵੇਗੀ। ਇਸ ਸਕੀਮ ਤਹਿਤ ਤਿੰਨ ਬੈਚਾਂ ਵਿੱਚ ਸਿਖਲਾਈ ਦਿੱਤੀ ਜਾਵੇਗੀ। ਪਹਿਲੇ ਬੈਚ ਤਹਿਤ ਸਿਖਲਾਈ 24 ਜੁਲਾਈ ਤੋਂ 4 ਅਗਸਤ, 2023 ਤੱਕ ਹੋਵੇਗੀ ਅਤੇ ਇਸ ਸਬੰਧੀ ਕਾਊਂਸਲਿੰਗ 17 ਜੁਲਾਈ ਨੂੰ ਹੋਵੇਗੀ। ਦੂਜਾ ਬੈਚ 25 ਸਤੰਬਰ ਤੋਂ 6 ਅਕਤੂਬਰ, 2023 ਤੱਕ ਹੋਵੇਗਾ ਅਤੇ ਕਾਊਂਸਲਿੰਗ 18 ਸਤੰਬਰ ਨੂੰ ਹੋਵੇਗੀ। ਤੀਜਾ ਬੈਚ 28 ਨਵੰਬਰ ਤੋਂ 8 ਦਸੰਬਰ, 2023 ਤੱਕ ਹੋਵੇਗਾ ਅਤੇ ਇਸ ਲਈ ਕਾਊਂਸਲਿੰਗ 20 ਨਵੰਬਰ ਨੂੰ ਹੋਵੇਗੀ।

ਇਸ ਸਿਖਲਾਈ ਪ੍ਰੋਗਰਾਮ ਦੀ ਯੋਗਤਾ ਦੇ ਮਾਪਦੰਡਾਂ ਬਾਰੇ ਜਾਣਕਾਰੀ ਦਿੰਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ 18 ਤੋਂ 50 ਸਾਲ ਤੱਕ ਉਮਰ ਦੇ ਉਮੀਦਵਾਰ (ਪੁਰਸ਼ ਅਤੇ ਵਿਆਹੁਤਾ ਮਹਿਲਾ) ਸਿਖਲਾਈ ਲਈ ਅਪਲਾਈ ਕਰ ਸਕਦੇ ਹਨ ਅਤੇ ਉਨ੍ਹਾਂ ਦਾ ਦਿਹਾਤੀ ਖੇਤਰਾਂ ਨਾਲ ਸਬੰਧਤ ਹੋਣ ਤੋਂ ਇਲਾਵਾ 5ਵੀਂ ਪਾਸ ਹੋਣਾ ਲਾਜ਼ਮੀ ਹੈ। ਉਨ੍ਹਾਂ ਨੂੰ ਇੱਕ ਰੋਜ਼ਾ ਐਕਸਪੋਜਰ ਵਿਜਿਟ ਅਤੇ ਸਿਖਲਾਈ ਕਿੱਟ ਵੀ ਪ੍ਰਦਾਨ ਕੀਤੀ ਜਾਵੇਗੀ। ਉਨ੍ਹਾਂ ਨੇ ਯੋਗ ਲਾਭਪਾਤਰੀਆਂ ਨੂੰ ਆਪਣੇ ਨਜ਼ਦੀਕੀ ਡਿਪਟੀ ਡਾਇਰੈਕਟਰ, ਡੇਅਰੀ ਵਿਕਾਸ ਦਫ਼ਤਰ ਨਾਲ ਸੰਪਰਕ ਕਰਨ ਲਈ ਕਿਹਾ। ਵਧੇਰੇ ਜਾਣਕਾਰੀ ਲਈ, ਇਛੁੱਕ ਉਮੀਦਵਾਰ ਡੇਅਰੀ ਵਿਕਾਸ ਵਿਭਾਗ, ਪੰਜਾਬ ਦੇ ਫੋਨ ਨੰਬਰ 0172-5027285 ਉਤੇ ਵੀ ਸੰਪਰਕ ਕਰ ਸਕਦੇ ਹਨ।

## ਕਿਰਤੀ ਕਿਸਾਨ ਯੂਨੀਅਨ ਵਲੋਂ ਹੜ੍ਹ ਪ੍ਰਭਾਵਤ ਪਿੰਡਾਂ ਦਾ ਦੌਰਾ



**ਫਿਲੌਰ (ਨਿਰਮਲ, ਬਾਲ ਕ੍ਰਿਸ਼ਨ ਬਾਲੀ)**- ਕਿਰਤੀ ਕਿਸਾਨ ਯੂਨੀਅਨ ਦੀ ਅਗਵਾਈ ਹੇਠ ਫਿਲੌਰ ਦੇ ਹੜ੍ਹ ਪ੍ਰਭਾਵਿਤ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ ਗਿਆ ਅਤੇ ਦੌਰੇ ਉਪਰੰਤ ਐੱਸ.ਡੀ.ਐੱਮ ਫਿਲੌਰ ਅਤੇ ਏਡੀਸੀ ਜਸਵੀਰ ਸਿੰਘ ਨੂੰ ਮਿਲ ਕੇ ਪ੍ਰਭਾਵਿਤ ਲੋਕਾਂ ਨੂੰ ਤੁਰੰਤ ,ਖਾਣਾ, ਰਹਿਣ ਲਈ ਛੱਤ, ਮੈਡੀਸਿਨ, ਅਤੇ ਪਸ਼ੂਆਂ ਲਈ ਚਾਰੇ ਦਾ ਪ੍ਰਬੰਧ ਕਰਨ ਦੀ ਮੰਗ ਕੀਤੀ। ਯੂਨੀਅਨ ਦੇ ਸੂਬਾ ਆਗੂ ਸੰਤੋਖ ਸਿੰਘ ਸੰਧੂ ਨੇ ਕਿਹਾ ਕਿ ਹੜ੍ਹ ਆਉਣ ਕਾਰਨ ਫਿਲੌਰ ਦੇ ਕਈ ਪਿੰਡ ਪਾਣੀ ਚ ਡੁੱਬ ਗਏ ਹਨ। ਜਿਸ ਕਾਰਨ ਫਸਲ ਖਾਸ ਕਰ ਪਸ਼ੂਆਂ ਦਾ ਚਾਰਾ, ਘਰ ਦੀਆਂ ਜ਼ਰੂਰੀ ਵਸਤਾਂ ਖਾਣ ਪੀਣ ਦੀ ਸਮੱਗਰੀ ਸਭ ਪਾਣੀ 'ਚ ਡੁੱਬ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਸਰਕਾਰ ਦੀ ਨਿਕਾਮੀ ਹੈ ਕਿ ਸਤਲੁਜ ਦਰਿਆ ਨਾਲ ਲਗਦੇ ਬੰਨਾਂ ਨੂੰ ਨਜਾਇਜ ਮਾਈਨਿੰਗ ਕਰਨ ਵਾਲੇ ਰੇਤ ਮਾਫੀਆ ਨੇ ਕਮਜ਼ੋਰ ਕਰ ਦਿੱਤਾ ਹੈ ਕਿ ਜਦੋਂ ਪਾਣੀ ਦਾ ਪੱਧਰ ਵੱਧਦਾ ਹੈ 'ਤੇ ਇਹ ਟੁੱਟ ਜਾਂਦੇ ਹਨ। ਜਿਸ ਦਾ ਹਰਜਾਨਾ ਲੋਕਾਂ ਨੂੰ ਭੁਗਤਣਾ ਪੈਂਦਾ ਹੈ। ਰਾਜਸਥਾਨ ਫੀਡਰ ਹਰੀਕੇ ਹੈੱਡ ਵਰਕਸ ਤੋਂ ਨਿਕਲਣ ਵਾਲੀ ਭਾਰਤ ਦੀ ਸਭ ਤੋਂ ਵੱਡੀ 600 ਕਿਲੋਮੀਟਰ ਲੰਬੀ ਨਹਿਰ ਹੈ, ਜਿਸਦੀ ਕਪੈਸਟੀ 18000 ਕਿਊਸਕ ਹੈ, ਆਮ ਦਿਨਾਂ ਵਿੱਚ ਪੰਜਾਬ ਵੱਲੋਂ 12000 ਕਿਊਸਕ ਤੋਂ ਵੱਧ ਪਾਣੀ ਇਸ ਨਹਿਰ ਰਾਹੀਂ ਰਾਜਸਥਾਨ ਦੇ ਟਿੱਬਿਆਂ ਨੂੰ ਦਿੱਤਾ ਜਾਂਦਾ ਹੈ। ਪਰ ਅੱਜ ਜਦੋਂ ਪੰਜਾਬ 'ਚ ਹੜ੍ਹਾਂ ਨੇ ਭਾਰੀ ਤਬਾਹੀ ਮਚਾਈ ਹੋਈ ਹੈ ਅਤੇ ਫਲੱਡ ਗੇਟ ਵੀ ਖੋਲ੍ਹ ਦਿੱਤੇ ਗਏ ਹਨ ਤਾਂ ਮੁਸੀਬਤ ਦੇ ਇਸ ਵਕਤ ਰਾਜਸਥਾਨ ਨੂੰ ਜਾਂਦੀ ਇਹ ਨਹਿਰ ਬਿਲਕੁਲ ਬੰਦ ਕਰ ਦਿੱਤੀ ਗਈ ਹੈ। ਜਦੋਂ ਪੰਜਾਬ ਨੂੰ ਪਾਣੀ ਦੀ ਲੋੜ ਹੁੰਦੀ ਹੈ ਤਾਂ ਉਦੋਂ ਪਾਣੀ ਪੰਜਾਬ ਤੋਂ ਜਬਰੀ ਖੋਹ ਕੇ ਵੀ ਬਾਹਰਲੇ ਸੂਬਿਆਂ ਨੂੰ ਦਿੱਤਾ ਜਾਂਦਾ ਹੈ ਪ੍ਰੰਤੂ ਜਦੋਂ ਨੁਕਸਾਨ ਝੱਲਣ ਦੀ ਵਾਰੀ ਆਵੇ ਫੇਰ ਝੱਲੇ ਇਕੱਲਾ ਪੰਜਾਬ। ਇਸੇ ਕਰਕੇ ਕਿਰਤੀ ਕਿਸਾਨ ਯੂਨੀਅਨ ਦੀ ਮੰਗ ਹੈ ਕਿ ਪੰਜਾਬ ਦੇ ਪਾਣੀਆਂ ਦਾ ਫੈਸਲਾ ਰਿਪੇਰੀਅਨ ਸਿਧਾਂਤ ਮੁਤਾਬਕ ਹੱਲ ਹੋਵੇ। ਇਸ ਮੌਕੇ ਸੁਰਜੀਤ ਸਿੰਘ ਸਮਰਾ, ਸੁਰਿੰਦਰ ਸਿੰਘ ਕੰਦੋਲਾ, ਭੁਪਿੰਦਰ ਸਿੰਘ ਬਿਲਗਾ, ਤਰਸੇਮ ਸਿੰਘ ਕਾਲਾ , ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂ ਚੰਨਣ ਸਿੰਘ, ਸੇਵਾ ਸਿੰਘ, ਦਵਿੰਦਰ ਸਿੰਘ ਆਦਿ ਹਾਜ਼ਰ ਸਨ।

## ਸਰਬੱਤ ਦਾ ਭਲਾ ਸੇਵਾ ਸੁਸਾਇਟੀ ਰਾਸ਼ਨ ਸਮਗਰੀ ਲੈ ਕੇ ਹੜ੍ਹ ਪ੍ਰਭਾਵਤ ਇਲਾਕਿਆਂ ਲਈ ਰਵਾਨਾ



**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਉਂਕਾਰ ਸਿੰਘ)**-ਪੰਜਾਬ ਦੇ ਵੱਖ-ਵੱਖ ਹਿੱਸਿਆਂ ਵਿੱਚ ਹੜ੍ਹਾਂ ਵਿੱਚ ਫਸੇ ਲੋਕਾਂ ਦੀ ਮਦਦ ਲਈ ਸਮਾਜ ਸੇਵੀ ਸੰਸਥਾਵਾਂ ਨੇ ਸੇਵਾ ਮਿਸ਼ਨ ਸ਼ੁਰੂ ਕੀਤਾ ਹੈ। ਇਸ ਤਹਿਤ ਸਰਬੱਤ ਦਾ ਭਲਾ ਸੇਵਾ ਸੁਸਾਇਟੀ ਮੂਨਕਾ ਦੀ ਟੀਮ ਅਨਾਜ ਮੰਡੀ ਟਾਂਡਾ ਤੋਂ ਹੜ੍ਹ ਪ੍ਰਭਾਵਿਤ ਖੇਤਰ ਲੋਹੀਆਂ ਖਾਸ ਲਈ ਪਾਣੀ, ਰਾਸ਼ਨ ਸਮੱਗਰੀ ਆਦਿ ਲੈ ਕੇ ਰਵਾਨਾ ਹੋਈ। ਦੋਆਬਾ ਕਿਸਾਨ ਕਮੇਟੀ ਪੰਜਾਬ ਵੱਲੋਂ ਸੁਸਾਇਟੀ ਦੇ ਸਰਪੰਚ ਗੁਰਮਿੰਦਰ ਸਿੰਘ ਗੋਲਡੀ ਅਤੇ ਜਥੇਦਾਰ ਦਵਿੰਦਰ ਸਿੰਘ ਮੂਨਕਾ ਦੀ ਅਗਵਾਈ ਹੇਠ ਲੋਕ ਇਨਸਾਫ ਮੰਚ ਦੇ ਸਹਿਯੋਗ ਨਾਲ ਅਤੇ ਬਾਬਾ ਹੀਰਾ ਸਿੰਘ ਖਾਲਸਾ ਆਲਵ ਲੀਸਾ ਦੇ ਸਹਿਯੋਗ ਨਾਲ ਦੋਆਬਾ ਕਿਸਾਨ ਕਮੇਟੀ ਦੇ ਸੂਬਾ ਪ੍ਰਧਾਨ ਜੰਗਵੀਰ ਸਿੰਘ ਚੌਹਾਨ ਅਤੇ ਹਰਦੀਪ ਖੁੱਡਾ ਨੂੰ ਰਵਾਨਾ ਕਰਦੇ ਹੋਏ ਕਿਹਾ ਕਿ ਇਸ ਔਖੀ ਸਥਿਤੀ ਵਿੱਚ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਫਸੇ ਲੋਕਾਂ ਦੀ ਲਗਾਤਾਰ ਮਦਦ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਜਥੇਦਾਰ ਦਵਿੰਦਰ ਸਿੰਘ ਦੀ ਟੀਮ ਬਾਬਾ ਦੀਪ ਸਿੰਘ ਸੇਵਾ ਦਲ ਗੜ੍ਹਦੀਵਾਲਾ ਦੇ ਪ੍ਰਧਾਨ ਭਾਈ ਮਨਜੋਤ ਸਿੰਘ ਤਲਵੰਡੀ ਨਾਲ ਮਿਲ ਕੇ ਇਸ ਸੇਵਾ ਮਿਸ਼ਨ ਨੂੰ ਅੱਗੇ ਵਧਾਏਗੀ, ਜੋ ਕਿ ਪਿਛਲੇ ਕਈ ਦਿਨਾਂ ਤੋਂ ਮੋਟਰ ਬੋਟ ਨਾਲ ਲੋਹੀਆਂ ਖਾਸ ਇਲਾਕੇ ਵਿੱਚ ਸਹਾਇਤਾ ਮਿਸ਼ਨ ਚਲਾ ਰਹੇ ਹਨ ਅਤੇ ਉਨ੍ਹਾਂ ਦੀ ਸੰਸਥਾ ਇਸ ਮਿਸ਼ਨ ਨੂੰ ਜਾਰੀ ਰੱਖੇਗੀ। ਇਸ ਮੌਕੇ ਗੁਰਮਿੰਦਰ ਸਿੰਘ ਗੋਲਡੀ ਹਰਦੀਪ ਖੱਟੜਾ, ਮਨਵੀਰ ਸਿੰਘ ਮਨੋਹਰ ਸਿੰਘ ਰਵਿੰਦਰ ਸਿੰਘ ਸ਼ੌਕੀ ਮੂਨਕ ਖੁਰਦ, ਰਜਿੰਦਰ ਸਿੰਘ ਮੂਨਕ ਕਾਲਾ, ਪ੍ਰਦੀਪ ਸਿੰਘ ਆਦਿ ਹਾਜ਼ਰ ਸਨ।

## ਅਨੀਮੀਆ ਮੁਕਤ ਪੰਜਾਬ ਜਾਗਰੂਕਤਾ ਮੁਹਿੰਮ ਤਹਿਤ ਹੋਇਆ ਬਲਾਕ ਪੱਧਰੀ ਸਮਾਗਮ




**ਹੁਸ਼ਿਆਰਪੁਰ, (ਓ ਪੀ ਰਾਣਾ )**-ਡਾਇਰੈਕਟਰ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਪੰਜਾਬ ਅਤੇ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਕੋਮਲ ਮਿੱਤਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਜ਼ਿਲ੍ਹਾ ਪ੍ਰੋਗਰਾਮ ਅਫਸਰ ਹੁਸ਼ਿਆਰਪੁਰ ਹਰਦੀਪ ਕੌਰ ਦੀ ਅਗਵਾਈ ਹੇਠ ਬਾਲ ਵਿਕਾਸ ਪ੍ਰੋਜੈਕਟ ਅਫਸਰ ਮੁਕੇਰੀਆਂ ਮੰਜੂ ਬਾਲਾ ਵੱਲੋਂ ਪਿੰਡ ਟਾਂਡਾ ਰਾਮ ਸਹਾਏ ਬਲਾਕ ਮੁਕੇਰੀਆਂ ਵਿਖੇ ਅਨੀਮੀਆ ਮੁਕਤ ਪੰਜਾਬ ਜਾਗਰੂਕਤਾ ਮੁਹਿੰਮ ਦਾ ਬਲਾਕ ਪੱਧਰੀ ਸਮਾਰੋਹ ਕੀਤਾ ਗਿਆ। ਇਸ ਬਲਾਕ ਪੱਧਰੀ ਸਮਾਰੋਹ ਦਾ ਉਦਘਾਟਨ ਅਰਵਿੰਦ ਸਲਵਾਨ ਤਹਿਸੀਲਦਾਰ ਮੁਕੇਰੀਆਂ ਵੱਲੋ ਕੀਤਾ ਗਿਆ। ਇਸ ਮੌਕੇ ਸੰਦੀਪ ਮੈਡੀਕਲ ਅਫਸਰ ਬੁਢਾਵਰ, ਗੁਰਪ੍ਰੀਤ ਕੌਰ ਬਲਾਕ ਤੇ ਪੰਚਾਇਤ ਅਫਸਰ ਮੁਕੇਰੀਆਂ, ਬਲਾਕ ਸੁਪਰਵਾਈਜ਼ਰ ਸੀਮਾ ਦੇਵੀ, ਰਵਿੰਦਰ ਕੌਰ, ਮਹੇਸ਼ ਕੁਮਾਰੀ, ਹੈਲਥ ਟੀਮ ਤੋਂ ਇਲਾਵਾ ਆਂਗਨਵਾੜੀ ਵਰਕਰਾਂ ਅਤੇ ਵੱਡੀ ਗਿਣਤੀ ਵਿੱਚ ਕਿਸ਼ੋਰ ਲੜਕੀਆਂ, ਗਰਭਵਤੀ ਔਰਤਾਂ ਤੇ ਨਰਸਿੰਗ ਮਾਵਾਂ ਨੇ ਹਿੱਸਾ ਲਿਆ । ਇਸ ਮੌਕੇ ਲਗਾਏ ਮੈਡੀਕਲ ਕੈਂਪ ਦੌਰਾਨ ਕਿਸ਼ੋਰ ਲੜਕੀਆਂ, ਗਰਭਵਤੀ ਔਰਤਾਂ ਤੇ ਨਰਸਿੰਗ ਮਾਵਾਂ ਦਾ ਐਚ.ਬੀ. ਟੈਸਟ ਕੀਤਾ ਗਿਆ ਅਤੇ ਆਇਰਨ ਤੇ ਫੋਲਿਕ ਐਸਿਡ ਦੀਆਂ ਗੋਲੀਆ ਵੰਡੀਆਂ ਗਈਆਂ। ਮੰਜੂ ਬਾਲਾ ਸੀ.ਡੀ.ਪੀ.ਓ ਵੱਲੋ ਕਿਸ਼ੋਰ ਲੜਕੀਆਂ ਤੇ ਉਨ੍ਹਾਂ ਦੀਆਂ ਮਾਵਾਂ ਨੂੰ ਕਿਸ਼ੋਰ ਅਵਸਥਾ ਵਿੱਚ ਪੌਸ਼ਟਿਕ ਖੁਰਾਕ ਖਾਣ ਬਾਰੇ ਜਾਗਰੂਕ ਕੀਤਾ ਗਿਆ ਅਤੇ ਜੰਕ ਫੂਡ ਨਾ ਖਾਣ ਬਾਰੇ ਪ੍ਰੇਰਿਤ ਕੀਤਾ ਗਿਆ ਅਤੇ ਨਿੱਜੀ ਸਫਾਈ ਵੱਲ ਵੀ ਖਾਸ ਧਿਆਨ ਦੇਣ ਬਾਰੇ ਵੀ ਸਮਝਾਇਆ ਗਿਆ। ਲਗਾਤਾਰ ਇੱਕ ਮਹੀਨਾ ਚੱਲਣ ਵਾਲੀ ਅਨੀਮੀਆ ਮੁਕਤ ਪੰਜਾਬ ਜਾਗਰੂਕਤਾ ਮੁਹਿੰਮ ਬਾਰੇ ਵੀ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਅਰਵਿੰਦ ਸਲਵਾਨ ਤਹਿਸੀਲਦਾਰ ਮੁਕੇਰੀਆਂ ਵੱਲੇ ਵੀ ਪੌਸ਼ਟਿਕ ਖੁਰਾਕ ਖਾਣ ਬਾਰੇ ਕਿਹਾ ਗਿਆ, ਖਾਸ ਕਰਕੇ ਕਿਸ਼ੋਰ ਅਵਸਥਾ ਵਿੱਚ।

## ਹਰਭਜਨ ਸਿੰਘ ਹੁੰਦਲ ਦੇ ਸਦੀਵੀ ਵਿਛੋੜੇ 'ਤੇ ਪ.ਸ.ਸ.ਫ. ਵੱਲੋਂ ਦੁੱਖ ਦਾ ਪ੍ਰਗਟਾਵਾ



**ਜਲੰਧਰ, ( ਰਾਜੇਸ਼ ਥਾਪਾ )** ਸੂਬੇ ਦੇ ਮੁਲਾਜ਼ਮਾਂ ਦੀ ਸੰਘਰਸ਼ਸ਼ੀਲ ਜੱਥੇਬੰਦੀ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (ਪ.ਸ.ਸ.ਫ) ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ, ਜਨਰਲ ਸਕੱਤਰ ਤੀਰਥ ਸਿੰਘ ਬਾਸੀ ਅਤੇ ਵਿੱਤ ਸਕੱਤਰ ਗੁਰਦੀਪ ਸਿੰਘ ਬਾਜਵਾ ਨੇ ਇੱਕ ਸਾਂਝੇ ਪ੍ਰੈਸ ਬਿਆਨ ਵਿੱਚ ਕਿਹਾ ਹੈ ਕਿ ਉੱਘੇ ਜਨਵਾਦੀ ਲੇਖਕ, ਜੁਝਾਰੂ ਟਰੇਡ ਯੂਨੀਅਨਿਸਟ ਅਤੇ ਸਮਾਜਕ ਤਬਦੀਲੀ ਦੇ ਮਾਨਵਤਾਵਤਾ ਸੰਗਰਾਮ ਨੂੰ ਪ੍ਰਣਾਏ ਲਾਮਿਸਾਲ ਬੁੱਧਜੀਵੀ ਸਾਥੀ ਹਰਭਜਨ ਸਿੰਘ ਹੁੰਦਲ 9 ਜੁਲਾਈ ਦੀ ਸ਼ਾਮ ਨੂੰ ਸਦੀਵੀ ਵਿਛੋੜਾ ਦੇ ਗਏ ਹਨ ਅਤੇ ਕਲਮ ਦੇ ਧਨੀ ਅਤੇ ਲੋਕ ਘੋਲਾਂ ਦੇ ਪਹਿਲੀ ਕਤਾਰ ਦੇ ਆਗੂ ਸਾਥੀ ਹੁੰਦਲ ਦੇ ਸਦੀਵੀ ਵਿਛੋੜੇ 'ਤੇ ਜੱਥੇਬੰਦੀ ਵਲੋਂ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਜਾਂਦਾ ਹੈ। ਜੱਥੇਬੰਦੀ ਦੇ ਆਗੂਆਂ ਕਰਮਜੀਤ ਸਿੰਘ ਬੀਹਲਾ, ਸੁਖਵਿੰਦਰ ਸਿੰਘ ਚਾਹਲ, ਮੱਖਣ ਵਾਹਿਦਪੁਰੀ, ਇੰਦਰਜੀਤ ਵਿਰਦੀ ਨੇ ਕਿਹਾ ਕਿ ਸਾਥੀ ਹੁੰਦਲ ਦੀ ਸਮਾਜ ਪ੍ਰਤੀ ਵਡਮੁੱਲੀ ਦੇਣ ਅਤੇ ਅਦੁੱਤੀ ਘਾਲਣਾਵਾਂ ਨੂੰ ਬੇਹਦ ਸਤਿਕਾਰ ਨਾਲ ਯਾਦ ਕਰਦਿਆਂ ਉਨ੍ਹਾਂ ਨੂੰ ਸੂਹੀ ਸ਼ਰਧਾਂਜਲੀ ਭੇਟ ਕੀਤੀ ਜਾਂਦੀ ਹੈ। ਪ.ਸ.ਸਫ. ਦੇ ਮਾਸਿਕ ਬੁਲਾਰੇ "ਮੁਲਾਜ਼ਮ ਲਹਿਰ" ਦੇ ਮੁੱਖ ਸੰਪਾਦਕ ਸਾਥੀ ਵੇਦ ਪ੍ਰਕਾਸ਼ ਸ਼ਰਮਾ, ਸੰਪਾਦਕੀ ਮੰਡਲ ਦੇ ਮੈਂਬਰ ਸ਼ਿਵ ਕੁਮਾਰ, ਰਾਮ ਕ੍ਰਿਸ਼ਨ ਧੁਣਕੀਆ, ਮੱਖਣ ਸਿੰਘ ਕੁਹਾੜ, ਡਾ. ਹਜ਼ਾਰਾ ਸਿੰਘ ਚੀਮਾ, ਪ੍ਰਬੰਧਕੀ ਬੋਰਡ ਦੇ ਮੈਂਬਰ ਮਨਜੀਤ ਸੈਣੀ, ਕੁਲਦੀਪ ਦੌੜਕਾ, ਰਕੇਸ਼ ਕੁਮਾਰ, ਜਸਮੇਰ ਸਿੰਘ, ਹਰਨੇਕ ਮਾਵੀ, ਸੁਖਦੇਵ ਜਾਜਾ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਸਾਥੀ ਹੁੰਦਲ ਦੀਆਂ ਲਿਖਤਾਂ ਸੰਘਰਸ਼ਸ਼ੀਲ ਯੋਧਿਆਂ ਅੰਦਰ ਜ਼ੁਲਮ ਦੇ ਖਿਲਾਫ ਲੜਨ ਸਬੰਧੀ ਪ੍ਰੇਰਣਾ ਸਰੋਤ ਦਾ ਕੰਮ ਕਰਦੀਆਂ ਸਨ ਅਤੇ ਉਹਨਾਂ ਦੇ ਸਦੀਵੀ ਵਿਛੋੜੇ ਨਾਲ ਸਮੁੱਚੇ ਕਿਰਤੀ ਵਰਗ ਨੂੰ ਕਦੇ ਵੀ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਆਗੂਆਂ ਨੇ ਇਸ ਦੁਖ ਦੀ ਘੜੀ ਵਿਚ ਸਾਥੀ ਹੁੰਦਲ ਦੀ ਪਤਨੀ, ਸਪੁੱਤਰਾਂ, ਧੀਆਂ ਅਤੇ ਪਰਵਾਰ ਨਾਲ ਆਪਣੀਆਂ ਸੰਵੇਦਨਾਵਾਂ ਸਾਂਝੀਆਂ ਕੀਤੀਆਂ ਹਨ। ਇਸ ਮੌਕੇ ਕਿਸ਼ੋਰ ਚੰਦ ਗਾਜ, ਅਨਿਲ ਕੁਮਾਰ, ਜਸਵਿੰਦਰ ਸੋਜਾ, ਮਨੋਹਰ ਲਾਲ ਸ਼ਰਮਾ, ਬਲਵਿੰਦਰ ਭੁੱਟੋ, ਸੁਭਾਸ਼ ਚੰਦਰ, ਪ੍ਰੇਮ ਚੰਦ, ਰਜੇਸ਼ ਕੁਮਾਰ ਅਮਲੋਹ, ਨਿਰਮੋਲਕ ਸਿੰਘ, ਕੁਲਦੀਪ ਪੂਰੋਵਾਲ, ਜਤਿੰਦਰ ਕੁਮਾਰ, ਚਮਕੌਰ ਸਿੰਘ ਨਾਭਾ, ਦਵਿੰਦਰ ਸਿੰਘ ਬਿੱਟੂ, ਮੋਹਣ ਸਿੰਘ ਪੂਨੀਆ, ਗੁਰਵਿੰਦਰ ਸਿੰਘ, ਮਾਲਵਿੰਦਰ ਸਿੰਘ, ਸਰਬਜੀਤ ਸਿੰਘ, ਰਜਿੰਦਰ ਰਿਆੜ, ਗੁਰਪ੍ਰੀਤ ਰੰਗੀਲਪੁਰ, ਪ੍ਰਿੰਸੀਪਲ ਅਮਨਦੀਪ ਸ਼ਰਮਾ, ਅਮਰੀਕ ਸਿੰਘ, ਕਰਮ ਸਿੰਘ, ਗੁਰਦੇਵ ਸਿੰਘ ਸਿੱਧੂ, ਪੁਸ਼ਪਿੰਦਰ ਸਿੰਘ ਹਰਪਾਲਪੁਰ, ਬੋਬਿੰਦਰ ਸਿੰਘ, ਦਰਸ਼ਣ ਚੀਮਾ, ਗੁਰਪ੍ਰੀਤ ਸਿੰਘ ਗਿੱਲ, ਪੂਰਨ ਸਿੰਘ ਸੰਧੂ, ਗੁਰਤੇਜ ਸਿੰਘ ਖਹਿਰਾ, ਜਗਤਾਰ ਸਿੰਘ ਫਰਜ਼ੁਲਾਪੁਰ, ਸੁਖਦੇਵ ਚੰਗਾਲੀਵਾਲਾ, ਜਗਦੀਪ ਸਿੰਘ ਮਾਂਗਟ, ਪ੍ਰਭਜੀਤ ਸਿੰਘ ਰਸੂਲਪੁਰ, ਗੁਰਦੀਸ਼ ਸਿੰਘ, ਛੁੰਮਣ ਸਿੰਘ ਕਾਠਗੜ੍ਹ, ਹਰਮਨਪ੍ਰੀਤ ਕੌਰ ਗਿੱਲ, ਗੁਰਪ੍ਰੀਤ ਕੌਰ, ਰਾਣੋ ਖੇੜੀ ਗਿੱਲਾਂ, ਬਿਮਲਾ ਰਾਣੀ, ਸ਼ਰਮੀਲਾ ਦੇਵੀ, ਜੱਗਾ ਸਿੰਘ ਅਲੀਸ਼ੇਰ, ਗੁਰਪ੍ਰੀਤ ਸਿੰਘ ਆਦਿ ਆਗੂ ਵੀ ਹਾਜ਼ਰ ਸਨ।

## ਤਪ ਅਸਥਾਨ 'ਤੇ ਧਾਰਮਕ ਸਮਾਗਮ ਕਰਵਾਇਆ



**ਆਦਮਪੁਰ (ਪਰਮਜੀਤ ਸਿੰਘ)**:- ਬ੍ਰਹਮ ਗਿਆਨੀ 108 ਸੰਤ ਬਾਬਾ ਰਣਜੀਤ ਸਿੰਘ ਸ੍ਰੀ ਹਰਗੋਬਿੰਦ ਗੜ ਭੋਗਪੁਰ ਦੇ ਤਪ ਅਸਥਾਨ 'ਤੇ ਕੁਲਦੀਪ ਸਿੰਘ ਦੀਪਾ ਇਟਲੀ ਦੇ ਪਿਤਾ ਜਥੇਦਾਰ ਕੁਲਵੀਰ ਸਿੰਘ ਡਰੋਲੀ ਖੁਰਦ ਨੇ ਇਟਲੀ ਵਿੱਚ ਆਪਣੇ ਪਰਵਾਰ ਅਤੇ ਨਗਰ ਦੀ ਸੁੱਖ-ਸ਼ਾਂਤੀ ਦੇ ਲਈ 7 ਜੁਲਾਈ ਤੋਂ ਆਰੰਭ ਕਰਵਾਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਏ। ਮੁੱਖ ਸੇਵਾਦਾਰ ਜਥੇਦਾਰ ਤਲਵਿੰਦਰ ਸਿੰਘ (ਪਰਮੇਸ਼ਰ ਸਿੰਘ) ਨੇ ਗੁਰੂ ਮਹਾਰਾਜ ਦੇ ਅੱਗੇ ਕੁਲਦੀਪ ਸਿੰਘ ਦੀਪਾ ਇਟਲੀ ਦੇ ਪੂਰੇ ਪਰਵਾਰ ਲਈ ਅਤੇ ਨਗਰ ਨਿਵਾਸੀਆਂ ਦੀ ਸੁੱਖ ਸ਼ਾਂਤੀ ਲਈ ਅਰਦਾਸ ਕੀਤੀ। ਉਪਰੰਤ ਫਤਿਹ ਸਿੰਘ, ਪਰਮਜੀਤ ਸਿੰਘ ਰਾਏਪੁਰ, ਬਲਵੀਰ ਸਿੰਘ ਫੁਗਲਾਨਾ ਅਤੇ ਸੁਖਜੀਤ ਸਿੰਘ ਪਰਮਾਰ ਨੇ ਦੱਸਿਆ ਕਿ ਸੰਤ ਬਾਬਾ ਰਣਜੀਤ ਸਿੰਘ ਨੇ ਆਪਣਾ ਪੂਰਾ ਜੀਵਨ ਸੰਗਤ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨਾਲ ਜੋੜਨ ਲਈ ਲਗਾਇਆ। ਸਾਨੂੰ ਵੀ ਉਨ੍ਹਾਂ ਦੇ ਦਰਸਾਏ ਮਾਰਗ 'ਤੇ ਚੱਲ ਕੇ ਆਪਣਾ ਜੀਵਨ ਸਫਲ ਕਰਨਾ ਚਾਹੀਦਾ ਹੈ। ਇਸ ਮੌਕੇ ਜਥੇਦਾਰ ਕੁਲਵੀਰ ਸਿੰਘ ਡਰੋਲੀ ਖੁਰਦ, ਪਰਮਜੀਤ ਸਿੰਘ ਰਾਏਪੁਰ ਐੱਸ.ਜੀ.ਪੀ.ਸੀ. ਮੈਂਬਰ, ਫਤਿਹ ਸਿੰਘ ਪਰਮਾਰ ਤੇ ਸੁਖਜੀਤ ਸਿੰਘ ਪਪੀ ਪਰਮਾਰ ਵਿਸ਼ਵ ਦੁਆਬਾ ਰਾਜਪੂਤ ਸਭਾ ਪੰਜਾਬ, ਬਲਵਿੰਦਰ ਸਿੰਘ ਕਾਲਰਾਂ, ਗੁਰਿੰਦਰ ਸਿੰਘ ਰਾਜਾ, ਅਜੈਬ ਸਿੰਘ ਮੰਗਾ ਠੱਕਰਵਾਲ,ਮੰਨਾ ਸਿੰਘ ਰਾਮਾਂਮੰਡੀ, ਸੰਤੋਖ ਸਿੰਘ ਸਰੋਆ ਲੱਧੇਵਾਲੀ,ਜਨਤ ਸਿੰਘ ਪਰਮਾਰ, ਇਛਾਨ ਸਿੰਘ ਕਨੇਡਾ, ਤਲਵਿੰਦਰ ਸਿੰਘ ਭਾਮ ਆਦਿ ਹਾਜਰ ਸਨ।

## ਰਿੰਕੂ ਖਾਧ ਸਮਗਰੀ ਲੈ ਕੇ ਹੜ੍ਹ ਪ੍ਰਭਾਵਿਤ ਲੋਕਾਂ ਦੇ ਘਰਾਂ ਤੱਕ ਪੁੱਜੇ

**ਜਲੰਧਰ, ( ਸ਼ੈਲੀ ਐਲਬਰਟ)**-ਜ਼ਿਲ੍ਹਾ ਜਲੰਧਰ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਲੋਕਾਂ ਦੀ ਮਦਦ ਲਈ ਬੀਤੇ ਕਈ ਦਿਨਾਂ ਤੋਂ ਜੁਟੇ ਲੋਕ ਸਭਾ ਮੈਂਬਰ ਸੁਸ਼ੀਲ ਕੁਮਾਰ ਰਿੰਕੂ ਕਿਸ਼ਤੀਆਂ ਰਾਹੀਂ ਲੋਹੀਆਂ ਬਲਾਕ ਦੇ ਪ੍ਰਭਾਵਿਤ ਇਲਾਕਿਆਂ ਵਿੱਚ ਆਪਣੇ ਘਰਾਂ ਵਿੱਚ ਫਸੇ ਲੋਕਾਂ ਲਈ ਖਾਧ ਸਮੱਗਰੀ ਲੈ ਕੇ ਪੁੱਜੇ। ਪ੍ਰਭਾਵਿਤ ਲੋਕਾਂ ਨੂੰ ਖਾਣ-ਪੀਣ ਵਾਲਾ ਸਮਾਨ ਮੁਹੱਈਆ ਕਰਵਾਉਂਦਿਆਂ ਸੰਸਦ ਮੈਂਬਰ ਨੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਇਸ ਮੁਸ਼ਕਲ ਘੜੀ ਵਿੱਚ ਉਨ੍ਹਾਂ ਦੇ ਨਾਲ ਖੜ੍ਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ 'ਤੇ ਪ੍ਰਭਾਵਿਤ ਲੋਕਾਂ ਨੂੰ ਰਾਹਤ ਪਹੁੰਚਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵੱਡੇ ਪੱਧਰ 'ਤੇ ਰਾਹਤ ਕਾਰਜ ਚਲਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਪ੍ਰਸ਼ਾਸਨ ਦੀ ਮਦਦ ਨਾਲ ਅੱਜ ਮੁੰਡੀ ਚੋਲੀਆਂ ਵਿਖੇ ਫਸੇ ਪ੍ਰਭਾਵਿਤ ਲੋਕਾਂ ਨੂੰ ਕੱਢ ਕੇ ਸੁਰੱਖਿਅਤ ਸਥਾਨਾਂ 'ਤੇ ਪਹੁੰਚਾਇਆ ਗਿਆ ਹੈ। ਮੈਂਬਰ ਪਾਰਲੀਮੈਂਟ ਨੇ ਦੱਸਿਆ ਕਿ ਪ੍ਰਸ਼ਾਸਨ ਦੇ ਨਾਲ-ਨਾਲ ਸਮਾਜ ਸੇਵੀਆਂ ਵੱਲੋਂ ਵੀ ਰਾਹਤ ਕਾਰਜਾਂ ਵਿੱਚ ਵੱਡਾ ਯੋਗਦਾਨ ਪਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਧੱਕਾ ਬਸਤੀ, ਮੰਡਾਲਾ ਛੰਨਾ, ਮੁੰਡੀ ਚੋਲੀਆਂ, ਚੱਕ ਮੰਡਾਲਾ, ਗੱਟੀ ਪਿੰਡ, ਨਸੀਰਪੁਰ ਆਦਿ ਵਿਖੇ ਪ੍ਰਭਾਵਿਤ ਲੋਕਾਂ ਨੂੰ ਖਾਧ ਸਮੱਗਰੀ ਪਹੁੰਚਾਈ ਗਈ ਹੈ। ਰਾਹਤ ਕਾਰਜਾਂ ਵਿੱਚ ਸਮਾਜ ਸੇਵੀਆਂ ਵੱਲੋਂ ਨਿਭਾਈ ਜਾ ਰਹੀ ਭੂਮਿਕਾ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਹੋਰਨਾਂ ਨੂੰ ਵੀ ਮਨੁੱਖਤਾ ਦੀ ਸੇਵਾ ਲਈ ਅੱਗੇ ਆਉਣ ਲਈ ਕਿਹਾ। ਉਨ੍ਹਾਂ ਇਸ ਮੌਕੇ ਰਾਹਤ ਕਾਰਜਾਂ ਵਿੱਚ ਸਹਿਯੋਗ ਦੇਣ ਲਈ ਸਮਾਜ ਸੇਵੀ ਸੰਸਥਾਵਾਂ ਮਹਾਜਨ ਸਭਾ ਜਲੰਧਰ, ਸ੍ਰੀ ਲਕਸ਼ਮੀ ਨਾਰਾਇਣ ਮੰਦਰ ਮਾਡਲ ਹਾਊਸ, ਗਦਈਪੁਰ ਇੰਡਸਟਰੀ ਐਸੋਸੀਏਸ਼ਨ ਦਾ ਧੰਨਵਾਦ ਵੀ ਕੀਤਾ।

## ਚੱਢਾ ਨੇ ਥਾਣਾ ਤੇ ਗੱਦੀਵਾਲ ਵਿਖੇ ਹੜ੍ਹ ਨਾਲ ਹੋਏ ਨੁਕਸਾਨ ਦਾ ਜਾਇਜ਼ਾ ਲਿਆ



**ਨੂਰਪੁਰ ਬੇਦੀ, (ਸੁਰਜੀਤ ਸਿੰਘ ਕਾਹਲੋਂ)**-ਪਿੰਡ ਥਾਣਾ ਅਤੇ ਗੱਦੀਵਾਲ ਵਿਖੇ ਫੂਕਾਪੁਰ ਦੀ ਬਰਸਾਤੀ ਨਦੀ ਦੇ ਬੰਨ ਟੁੱਟਣ ਕਾਰਨ ਹੋਏ ਨੁਕਸਾਨ ਦਾ ਜਾਇਜ਼ਾ ਲੈਣ ਲਈ ਹਲਕਾ ਰੂਪਨਗਰ ਦੇ ਵਿਧਾਇਕ ਦਿਨੇਸ਼ ਚੱਢਾ ਨੇ ਪਿੰਡ ਥਾਣਾ ਦਾ ਦੌਰਾ ਕੀਤਾ। ਜ਼ਿਕਰਯੋਗ ਹੈ ਕਿ ਉਕਤ ਪਿੰਡ ਲਾਗਿਓਂ ਗੁਜ਼ਰਦੀ ਬਰਸਾਤੀ ਨਦੀਂ ਦਾ ਬੰਨ ਟੁੱਟਣ ਕਾਰਨ ਪਿੰਡ ਥਾਣਾ ਦੇ 50 ਤੋਂ ਵੀ ਵੱਧ ਘਰਾਂ 'ਚ ਪਾਣੀ ਦਾਖਿਲ ਹੋਣ ਕਾਰਨ ਲੋਕਾਂ ਦਾ ਭਾਰੀ ਆਰਥਿਕ ਨੁਕਸਾਨ ਹੋਇਆ ਸੀ। ਇਸਤੋਂ ਇਲਾਵਾ ਪਿੰਡ ਦੀ ਕਰੀਬ 200 ਤੋਂ 250 ਏਕੜ 'ਚ ਖੜ੍ਹੀ ਫਸਲ ਵੀ ਬਰਬਾਦ ਹੋ ਗਈ। ਜਿਸ 'ਤੇ ਵਿਧਾਇਕ ਚੱਢਾ ਨੇ ਵਿਸ਼ੇਸ਼ ਤੌਰ 'ਤੇ ਉਕਤ ਪਿੰਡ ਦਾ ਦੌਰਾ ਕਰਕੇ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ। ਪਿੰਡ ਵਾਸੀਆਂ ਨੇ ਪਿੰਡ ਲਾਗਿਓਂ ਗੁਜ਼ਰਦੀ ਇਸ ਬਰਸਾਤੀ ਨਦੀ ਦੀ ਡ੍ਰੇਨੇਜ ਵਿਭਾਗ ਵੱਲੋਂ ਸਫਾਈ ਕਰਵਾਉਣ ਅਤੇ ਕੁਝ ਸਥਾਨਾਂ ਤੋਂ ਕਮਜ਼ੋਰ ਪੈ ਚੁੱਕੇ ਬੰਨ ਨੂੰ ਮਜ਼ਬੂਤ ਕਰਵਾਉਣ ਦੀ ਜ਼ੋਰਦਾਰ ਮੰਗ ਕੀਤੀ। ਇਸ ਤੋਂ ਉਪਰੰਤ ਉਨਾਂ ਲਾਗਲੇ ਪਿੰਡ ਗੱਦੀਵਾਲ ਦਾ ਵੀ ਦੌਰਾ ਕੀਤਾ ਅਤੇ ਖੇਤਾਂ 'ਚ ਹੋਏ ਫਸਲ ਦੇ ਨੁਕਸਾਨ ਦਾ ਜਾਇਜ਼ਾ ਲਿਆ। ਪਿੰਡ ਗੱਦੀਵਾਲ ਤੋਂ ਥਾਣਾ ਅਤੇ ਸੰਗਤਪੁਰ ਆਦਿ ਪਿੰਡਾਂ ਦੇ ਬੰਦ ਹੋਏ ਰਸਤੇ ਨੂੰ ਬਹਾਲ ਕਰਨ ਲਈ ਵੀ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਜੋ ਦੇਰ ਸ਼ਾਮ ਤੱਕ ਬਹਾਲ ਵੀ ਕਰ ਦਿੱਤਾ। ਜਿਸਦੇ ਚੱਲਦਿਆਂ ਇਸ ਰਸਤੇ ਤੋਂ ਗੁਜ਼ਰਨ ਵਾਲੇ ਲੋਕਾਂ ਨੇ ਰਾਹਤ ਹਾਸਿਲ ਕੀਤੀ। ਇਸ ਮੌਕੇ ਨਗਰ ਸੁਧਾਰ ਟਰੱਸਟ ਨੰਗਲ ਦੇ ਚੇਅਰਮੈਨ ਰਾਮ ਕੁਮਾਰ ਮੁਕਾਰੀ, ਹਰਮਿੰਦਰ ਨੂਰਪੁਰੀ, ਸਰਪੰਚ ਰਵਿੰਦਰ ਗੱਦੀਵਾਲ, ਪ੍ਰੇਮ ਚੰਦ, ਲਵਲੀ ਥਾਣਾ, ਪ੍ਰਦੀਪ ਕੁਮਾਰ, ਨੰਬਰਦਾਰ ਬਲਵਿੰਦਰ ਸਿੰਘ, ਪ੍ਰੇਮ ਸਿੰਘ ਫੌਜੀ, ਬਿੰਦਰ ਜਵੰਦਾ, ਪ੍ਰੇਤ ਥਾਣਾ, ਪੁਨੀਤ ਸ਼ਰਮਾ, ਪਿੰਕੂ ਸ਼ਰਮਾ, ਮਨੋਜ ਕੁਮਾਰ, ਬਲਬੀਰ ਚੌਧਰੀ ਤੇ ਸਰਪੰਚ ਗੁਰਮੀਤ ਸਿੰਘ ਆਦਿ ਪ੍ਰਮੁੱਖ ਵਿਅਕਤੀ ਮੌਜੂਦ ਸਨ। ਵਿਧਾਇਕ ਦਿਨੇਸ਼ ਚੱਢਾ ਨੇ ਪਿੰਡ ਖੱਡ ਬਠਲੌਰ ਦਾ ਵੀ ਦੌਰਾ ਕਰਕੇ ਸਮੁੱਚੇ ਹਾਲਾਤਾਂ ਦਾ ਜਾਇਜ਼ਾ ਲਿਆ। ਜ਼ਿਕਰਯੋਗ ਹੈ ਕਿ ਬੀਤੇ ਦਿਨ ਬਰਸਾਤ ਦੇ ਚੱਲਦਿਆਂ ਪਹਾੜ ਤੋਂ ਢਿੱਗ ਡਿੱਗਣ ਕਾਰਨ ਪਿੰਡ ਦੇ ਵਿਅਕਤੀ ਸਤਵਿੰਦਰ ਸਿੰਘ ਦੀ ਮੌਤ ਹੋ ਗਈ ਸੀ। ਜਦਕਿ ਉਸਦੀ ਪਤਨੀ ਦਾ ਬਾਲ-ਬਾਲ ਬਚਾ ਹੋ ਗਿਆ ਸੀ। ਵਿਧਾਇਕ ਚੱਢਾ ਨੇ ਉਕਤ ਵਿਅਕਤੀ ਦੇ ਘਰ ਪਹੁੰਚ ਕੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਉਪਰੰਤ ਪ੍ਰਸ਼ਾਸ਼ਨ ਦੀ ਤਰਫ਼ੋਂ ਪੀੜਤ ਪਰਵਾਰ ਨੂੰ ਹਰ ਸੰਭਵ ਸਹਿਯੋਗ ਪ੍ਰਦਾਨ ਕਰਨ ਦਾ ਵਿਸ਼ਵਾਸ ਦਿਵਾਇਆ। ਇਸ ਮੌਕੇ ਕਸ਼ਮੀਰੀ ਲਾਲ, ਭਾਗ ਸਿੰਘ ਮਦਾਨ, ਸ਼ਿਵ ਕੁਮਾਰ ਸ਼ਹਿਰੀ ਪ੍ਰਧਾਨ, ਕਸ਼ਮੀਰ ਸਿੰਘ ਸਰਪੰਚ ਤੇ ਸਤਨਾਮ ਸਿੰਘ ਗਿੱਲ ਸਹਿਤ ਹੋਰ ਪਿੰਡ ਵਾਸੀ ਮੌਜੂਦ ਸਨ।

# 36 ਪਿੰਡਾਂ 'ਚ ਭਲਕ ਤੋਂ ਫੂਕੇ ਜਾਣਗੇ ਵਿਧਾਇਕ ਦੇ ਪੁਤਲੇ : ਮਾਣੂੰਕੇ, ਗਿੱਲ

## 21 ਨੂੰ ਡੀ ਸੀ ਦਫਤਰ ਅੱਗੇ ਕੀਤੇ ਜਾ ਰਹੇ ਰੋਸ ਪ੍ਰਦਰਸ਼ਨ ਦੀਆਂ ਤਿਆਰੀਆਂ ਸ਼ੁਰੂ



**ਮੋਗਾ (ਅਮਰਜੀਤ ਬੱਬਰੀ)**

ਜਬਰ ਵਿਰੋਧੀ ਲੋਕ ਸੰਘਰਸ਼ ਕਮੇਟੀ ਮੋਗਾ ਵੱਲੋਂ ਸਿਵਲ ਹਸਪਤਾਲ ਮੋਗਾ ਦੇ ਐੱਸ ਐੱਮ ਓ ਡਾ. ਸੁਖਪ੍ਰੀਤ ਬਰਾੜ ਵੱਲੋਂ ਕੀਤੀ ਜਾ ਰਹੀ ਕੁਰੱਪਸ਼ਨ ਦੀ ਉੱਚ ਪੱਧਰੀ ਜਾਂਚ, ਸਿਵਲ ਹਸਪਤਾਲ ਮੋਗਾ 'ਚ ਖਤਮ ਹੋਈਆਂ ਦਵਾਈਆਂ, ਟੈਸਟ ਕਿੱਟਾਂ, ਐਕਸਰੇ ਫਿਲਮਾਂ, ਗਲੂਕੋਜ ਤੇ ਸਰਿੰਜਾਂ ਉਪਲੱਬਧ ਕਰਵਾਉਣ ਅਤੇ ਮਰੀਜ਼ਾਂ ਦੀ ਲੁੱਟ ਬੰਦ ਕਰਵਾਉਣ ਤੇ ਮਿਹਨਤੀ ਅਤੇ ਇਮਾਨਦਾਰ ਹੈਲਥ ਸੁਪਰਵਾਈਜ਼ਰ ਮਹਿੰਦਰ ਪਾਲ ਲੂੰਬਾ ਦੀ ਬਦਲਾ ਲਊ ਭਾਵਨਾ ਤਹਿਤ ਕੀਤੀ ਗਈ ਬਦਲੀ ਨੂੰ ਰੱਦ ਕਰਵਾਉਣ ਲਈ ਸ਼ੁਰੂ ਕੀਤਾ ਹੋਇਆ ਸੰਘਰਸ਼ ਚਰਮ 'ਤੇ ਪਹੁੰਚ ਚੁੱਕਾ ਹੈ ਤੇ ਸੰਘਰਸ਼ ਕਮੇਟੀ ਵੱਲੋਂ 21 ਜੁਲਾਈ ਨੂੰ ਡੀ ਸੀ ਦਫਤਰ ਮੋਗਾ ਅੱਗੇ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ ਤੇ ਉਸ ਦੀਆਂ ਤਿਆਰੀਆਂ ਵਜੋਂ 15 ਜੁਲਾਈ ਨੂੰ ਸਾਰੇ ਤਹਿਸੀਲ ਪੱਧਰਾਂ 'ਤੇ ਅਰਥੀ ਫੂਕ ਮੁਜ਼ਾਹਰੇ ਕੀਤੇ ਜਾਣਗੇ ਅਤੇ 20 ਜੁਲਾਈ ਤੱਕ ਮੋਗਾ ਵਿਧਾਨ ਸਭਾ ਹਲਕੇ ਦੇ 36 ਪਿੰਡਾਂ ਵਿੱਚ ਅਰਥੀ ਫੂਕ ਮੁਜ਼ਾਹਰੇ ਕੀਤੇ ਜਾਣਗੇ। ਇਸ ਸਬੰਧੀ ਜਬਰ ਵਿਰੋਧੀ ਲੋਕ ਸੰਘਰਸ਼ ਕਮੇਟੀ ਮੋਗਾ ਦੀ ਇੱਕ ਵਿਸ਼ੇਸ਼ ਮੀਟਿੰਗ ਕਾਮਰੇਡ ਨਛੱਤਰ ਸਿੰਘ ਭਵਨ ਮੋਗਾ ਵਿਖੇ ਜ਼ਿਲ੍ਹਾ ਕਨਵੀਨਰ ਡਾ. ਇੰਦਰਵੀਰ ਗਿੱਲ ਤੇ ਕਰਮਜੀਤ ਮਾਣੂੰਕੇ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਵੱਖ ਵੱਖ ਜਥੇਬੰਦੀਆਂ ਤੋਂ 70 ਦੇ ਕਰੀਬ ਅਹੁਦੇਦਾਰ ਹਾਜ਼ਰ ਸਨ।

ਇਸ ਮੌਕੇ ਆਪਣੇ ਸੰਬੋਧਨ ਦੌਰਾਨ ਡਾ. ਇੰਦਰਵੀਰ ਗਿੱਲ ਤੇ ਕਰਮਜੀਤ ਮਾਣੂੰਕੇ ਨੇ ਦੱਸਿਆ ਕਿ ਸਿਵਲ ਹਸਪਤਾਲ ਮੋਗਾ 'ਚ ਫੈਲੀ ਕੁਰੱਪਸ਼ਨ ਦੀ ਉੱਚ-ਪੱਧਰੀ ਜਾਂਚ ਤੇ ਸਿਵਲ ਹਸਪਤਾਲ ਮੋਗਾ ਦਵਾਈਆਂ, ਐਕਸਰੇ ਫਿਲਮਾਂ, ਟੈਸਟ ਕਿੱਟਾਂ, ਗਲੂਕੋਜ ਤੇ ਸਰਿੰਜਾਂ ਦੀ ਘਾਟ ਨੂੰ ਪੂਰਾ ਕਰਵਾਉਣ ਅਤੇ ਸਿਹਤ ਸੇਵਾਵਾਂ ਨੂੰ ਆਮ ਲੋਕਾਂ ਦੀ ਪਹੁੰਚ ਅੰਦਰ ਕਰਨ, ਮਿਹਨਤੀ ਤੇ ਇਮਾਨਦਾਰ ਹੈਲਥ ਸੁਪਰਵਾਈਜ਼ਰ ਮਹਿੰਦਰ ਪਾਲ ਲੂੰਬਾ ਦੀ ਬਦਲਾ ਲਊ ਭਾਵਨਾ ਤਹਿਤ ਕੀਤੀ ਗਈ ਨਜਾਇਜ਼ ਬਦਲੀ ਨੂੰ ਰੱਦ ਕਰਵਾਉਣ ਲਈ ਜਬਰ ਵਿਰੋਧੀ ਲੋਕ ਸੰਘਰਸ਼ ਕਮੇਟੀ ਮੋਗਾ ਵੱਲੋਂ 21 ਜੁਲਾਈ ਨੂੰ ਇੱਕ ਵੱਡਾ ਐਕਸ਼ਨ ਉਲੀਕਿਆ ਗਿਆ ਹੈ ਤੇ ਉਸ ਤੋਂ ਪਹਿਲਾਂ ਮੋਗਾ ਵਿਧਾਨ ਸਭਾ ਦੇ 36 ਪਿੰਡਾਂ ਵਿੱਚ 15 ਜੁਲਾਈ ਤੋਂ ਵਿਧਾਇਕ ਅਮਨਦੀਪ ਕੌਰ ਅਰੋੜਾ ਦੇ ਪੁਤਲੇ ਫੂਕੇ ਜਾਣਗੇ। ਉਨ੍ਹਾਂ ਕਿਹਾ ਕਿ ਇਹ ਰੋਸ ਪ੍ਰਦਰਸ਼ਨ ਸ਼ਾਂਤਮਈ ਹੋਵੇਗਾ, ਪਰ ਜੇਕਰ ਜ਼ਿਲ੍ਹਾ ਪ੍ਰਸ਼ਾਸਨ ਨੇ ਰੁਕਾਵਟਾਂ ਪਾਉਣ ਦੀ ਕੋਸ਼ਿਸ਼ ਕੀਤੀ ਤਾਂ ਸਿੱਟਿਆਂ ਦੀ ਜ਼ਿੰਮੇਵਾਰੀ ਜ਼ਿਲ੍ਹਾ ਪ੍ਰਸ਼ਾਸਨ ਦੀ ਹੋਵੇਗੀ। ਸੰਘਰਸ਼ ਕਮੇਟੀ ਵੱਲੋਂ ਅੱਜ 21 ਜੁਲਾਈ ਦੇ ਰੋਸ ਪ੍ਰਦਰਸ਼ਨ ਸਬੰਧੀ ਇਸ਼ਤਿਹਾਰ ਜਾਰੀ ਕੀਤਾ ਗਿਆ ਅਤੇ ਪਿੰਡਾਂ ਤੇ ਸ਼ਹਿਰਾਂ 'ਚ ਇਸ਼ਤਿਹਾਰ ਲਗਾਉਣ ਲਈ ਟੀਮਾਂ ਨੂੰ ਰਵਾਨਾ ਕੀਤਾ। ਹਾਜ਼ਰ ਜਥੇਬੰਦਕ ਆਗੂਆਂ ਨੇ ਇਸ ਰੋਸ ਪ੍ਰਦਰਸ਼ਨ ਨੂੰ ਕਾਮਯਾਬ ਬਣਾਉਣ ਤੇ ਵੱਧ ਤੋਂ ਵੱਧ ਲੋਕਾਂ ਦੀ ਸ਼ਮੂਲੀਅਤ ਦਾ ਭਰੋਸਾ ਦਿੱਤਾ। ਇਸ ਮੌਕੇ ਉਕਤ ਤੋਂ ਇਲਾਵਾ ਕੋ-ਕਨਵੀਨਰ ਗੁਰਮੇਲ ਸਿੰਘ ਮਾਛੀਕੇ, ਬਲੌਰ ਸਿੰਘ ਘੱਲਕਲਾਂ, ਮਾ. ਪ੍ਰੇਮ ਕੁਮਾਰ, ਰਾਜਿੰਦਰ ਸਿੰਘ ਰਿਆੜ, ਕੁਲਬੀਰ ਸਿੰਘ ਢਿੱਲੋਂ, ਕਿਰਤੀ ਕਿਸਾਨ ਯੂਨੀਅਨ ਆਗੂ ਪ੍ਰਗਟ ਸਿੰਘ ਸਾਫੂਵਾਲਾ, ਚਮਕੌਰ ਸਿੰਘ ਰੋਡੇ, ਕੁੱਲ ਹਿੰਦ ਕਿਸਾਨ ਸਭਾ ਆਗੂ ਕੁਲਦੀਪ ਭੋਲਾ, ਲਖਵੀਰ ਸਿੰਘ ਸਿੰਘਾਂਵਾਲਾ, ਗੁਰਸੇਵਕ ਸਿੰਘ ਸੰਨਿਆਸੀ, ਪ੍ਰੋਮਿਲਾ ਕੁਮਾਰੀ, ਡਾ. ਅਜੀਤ ਸਿੰਘ, ਬਲਵਿੰਦਰ ਸ਼ਰਮਾ, ਡਾ. ਜਗਸੀਰ, ਰਾਜਿੰਦਰ ਲੋਪੋ, ਡਾ. ਕੁਲਦੀਪ ਸਿੰਘ, ਗੁਰਪਿਆਰ ਸਿੰਘ, ਈ ਟੀ ਟੀ ਯੂਨੀਅਨ ਪ੍ਰਧਾਨ ਮਨਮੀਤ ਸਿੰਘ, ਨਰੇਗਾ ਆਗੂ ਜਗਸੀਰ ਖੋਸਾ, ਅਮਰਜੀਤ ਸਿੰਘ ਜੱਸਲ, ਐਪਸੋ ਆਗੂ ਸਵਰਨ ਖੋਸਾ, ਡੀ ਟੀ ਐੱਫ ਆਗੂ ਯਾਦਵਿੰਦਰ ਕੁਮਾਰ, ਮਜ਼ਦੂਰ ਆਗੂ ਮੰਗਾ ਵੈਰੋਕੇ ਤੋਂ ਇਲਾਵਾ ਵੱਡੀ ਗਿਣਤੀ 'ਚ ਵੱਖ ਵੱਖ ਜਥੇਬੰਦੀਆਂ ਦੇ ਆਗੂ ਹਾਜ਼ਰ ਸਨ।

# ਬੀ ਕੇ ਯੂ (ਦੋਆਬਾ) ਵੱਲੋਂ ਭਲਕ ਦਾ ਧਰਨਾ ਮੁਅੱਤਲ

**ਸਮਰਾਲਾ (ਸੁਰਜੀਤ ਸਿੰਘ)**-ਭਾਰਤੀ ਕਿਸਾਨ ਯੂਨੀਅਨ (ਦੋਆਬਾ) ਵੱਲੋਂ ਖਰੜ ਟੋਲ ਪਲਾਜਾ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਵੱਲੋਂ ਬੀ. ਕੇ. ਯੂ. (ਦੋਆਬਾ) ਦੇ ਵਰਕਰਾਂ ਨੂੰ ਤੰਗ ਪ੍ਰੇਸ਼ਾਨ ਕਰਨ ਤੇ ਗਲਤ ਸ਼ਬਦਾਵਲੀ ਦੀ ਵਰਤੋਂ ਕਰਨ ਦੇ ਵਿਰੋਧ ਵਿੱਚ 15 ਜੁਲਾਈ ਨੂੰ ਖਰੜ ਟੋਲ ਪਲਾਜਾ ਵਿਖੇ ਵਿਸ਼ਾਲ ਰੋਸ ਧਰਨਾ ਦਿੱਤਾ ਜਾਣਾ ਸੀ, ਹੁਣ ਪੰਜਾਬ ਅੰਦਰ ਹੜ੍ਹਾਂ ਵਾਲੇ ਹਾਲਾਤਾਂ ਨੂੰ ਮੁੱਖ ਰੱਖਦੇ ਹੋਏ ਫਿਲਹਾਲ ਇਹ ਧਰਨਾ ਮੁਅੱਤਲ ਕਰ ਦਿੱਤਾ ਗਿਆ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਲੁਧਿਆਣਾ ਜ਼ਿਲ੍ਹਾ ਪ੍ਰਧਾਨ ਬਲਵੀਰ ਸਿੰਘ ਖੀਰਨੀਆਂ ਨੇ ਪ੍ਰੈੱਸ ਨਾਲ ਗੱਲਬਾਤ ਕਰਦੇ ਹੋਏ ਕੀਤਾ। ਉਨ੍ਹਾ ਖਰੜ ਟੋਲ ਪਲਾਜਾ ਵਾਲਿਆਂ ਨੂੰ ਵੀ ਅਪੀਲ ਕੀਤੀ ਕਿ ਉਹ ਬੀ. ਕੇ. ਯੂ. ਦੇ ਵਰਕਰਾਂ ਨੂੰ ਤੰਗ ਪ੍ਰੇਸ਼ਾਨ ਕਰਨਾ ਬੰਦ ਕਰ ਦੇਣ, ਜੇਕਰ ਉਨ੍ਹਾਂ ਨੇ ਹੁਣ ਵੀ ਤੰਗ ਪਰੇਸ਼ਾਨ ਕਰਨਾ ਬੰਦ ਨਾ ਕੀਤਾ ਤਾਂ ਜਲਦੀ ਹੀ ਧਰਨੇ ਦੀ ਤਰੀਕ ਮਿੱਥ ਦਿੱਤੀ ਜਾਵੇਗੀ, ਜਿਸ ਦੀ ਸਾਰੀ ਜ਼ਿੰਮੇਵਾਰੀ ਖਰੜ ਟੋਲ ਪਲਾਜਾ ਦੇ ਅਧਿਕਾਰੀਆਂ ਦੀ ਹੋਵੇਗੀ। ਇਸ ਮੌਕੇ ਸੂਬਾ ਪ੍ਰਧਾਨ ਮਨਜੀਤ ਸਿੰਘ ਰਾਏ ਨੇ ਪੂਰੇ ਪੰਜਾਬ 'ਚ ਖਾਸ ਕਰਕੇ ਰੋਪੜ, ਲੁਧਿਆਣਾ, ਪਟਿਆਲਾ, ਫਤਹਿਗੜ੍ਹ ਸਾਹਿਬ ਆਦਿ ਜ਼ਿਲ੍ਹਿਆਂ 'ਚ ਆਏ ਹੜ੍ਹਾਂ 'ਤੇ ਦੁੱਖ ਪ੍ਰਗਟ ਕਰਦੇ ਹੋਏ ਆਪਸੀ ਭਾਈਚਾਰਾ ਬਣਾਈ ਰੱਖਣ ਤੇ ਇੱਕ ਦੂਜੇ ਦਾ ਸਾਥ ਦੇਣ ਦੀ ਵੀ ਅਪੀਲ ਕੀਤੀ ਅਤੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਇੱਕ ਦੂਜੇ ਦੀ ਸਹਾਇਤਾ ਕਰਨ ਤੇ ਝੋਨੇ ਦੀ ਪਨੀਰੀ ਆਦਿ ਉਨ੍ਹਾਂ ਕਿਸਾਨਾਂ ਨੂੰ ਦੇਣ, ਜਿਨ੍ਹਾਂ ਦਾ ਨੁਕਸਾਨ ਹੋ ਗਿਆ ਹੈ।

# ਹੜ੍ਹ ਮਾਰੀਆਂ ਸੰਵੇਦਨਸ਼ੀਲ ਥਾਵਾਂ 'ਤੇ ਪ੍ਰਸ਼ਾਸਨ ਨੋਡਲ ਅਫਸਰ ਤਾਇਨਾਤ ਕਰੇ : ਰਾਜਾ ਵੜਿੰਗ



**ਸਮਰਾਲਾ (ਸੁਰਜੀਤ ਸਿੰਘ)**-ਹੜ੍ਹ ਮਾਰੀਆਂ ਸੰਵੇਦਨਸ਼ੀਲ ਥਾਵਾਂ ਤੇ ਲੋਕਾਂ ਦੀ ਮਦਦ ਕਰਨ ਲਈ ਪ੍ਰਸ਼ਾਸਨ ਆਪਣੇ ਨੋਡਲ ਅਫਸਰ ਪਿੰਡਾਂ ਵਿਚ ਤੈਨਾਤ ਕਰੇ ਤਾਂ ਜੋ ਉਹ ਲੋਕਾਂ ਦੀਆਂ ਮੁਸ਼ਕਲਾਂ ਤੁਰੰਤ ਪ੍ਰਸ਼ਾਸਨ ਅਤੇ ਸਰਕਾਰ ਤੱਕ ਪਹੁੰਚਾਵੇ। ਇਹ ਵਿਚਾਰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਹੜ੍ਹਾਂ ਤੋਂ ਪ੍ਰਭਾਵਿਤ ਪਿੰਡਾਂ ਦਾ ਦੌਰਾ ਕਰਨ ਸਮੇਂ ਇੱਥੋਂ ਨੇੜਲੇ ਪਿੰਡ ਬੌਂਦਲੀ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਇਹ ਕੁਦਰਤੀ ਆਪਦਾ ਹੈ। ਇਸ ਵਿਚ ਕਿਸੇ ਸਰਕਾਰ ਜਾਂ ਪ੍ਰਸ਼ਾਸਨ ਨੂੰ ਦੋਸ਼ੀ ਨਹੀਂ ਠਹਿਰਾਇਆ ਜਾ ਸਕਦਾ। ਉਹਨਾਂ ਕਿਹਾ ਕਿ ਪਿੰਡਾਂ ਵਿਚ ਲੋਕਾਂ ਦੀਆਂ ਫਸਲਾਂ ਤਬਾਹ ਹੋ ਗਈਆਂ ਹਨ। ਇਹ ਜੋ ਖੇਤਾਂ ਵਿਚ ਬਰਸਾਤ ਦਾ ਪਾਣੀ ਖੜ੍ਹਾ ਹੈ ਉਹ ਅਜੇ ਲੰਮੇ ਸਮੇਂ ਤੱਕ ਸੁੱਕਣ ਦੀ ਆਸ ਨਹੀਂ ਹੈ। ਧਾਨ ਦੀ ਫਸਲ ਲਾਉਣੀ ਹੁਣ ਬਹੁਤ ਔਖੀ ਹੈ। ਕਿਸਾਨਾਂ ਦੀ ਇਹ ਫਸਲ ਮਾਰੀ ਗਈ ਹੈ। ਉਹਨਾਂ ਕਿਹਾ ਕਿ ਪਿੰਡ ਬੌਂਦਲੀ ਵਿਚ ਨੈਸ਼ਨਲ ਹਾਈਵੇ ਸੜਕ ਬਣਾਉਂਦੇ ਸਮੇਂ ਪਾਣੀ ਦੇ ਨਿਕਾਸ ਦਾ ਧਿਆਨ ਨਹੀਂ ਰੱਖਿਆ ਗਿਆ। ਜਿਸ ਕਾਰਨ ਪਾਣੀ ਦੇ ਬਹਾਅ ਵਿਚ ਰੁਕਾਵਟ ਪੈਦਾ ਹੋਈ। ਰਾਜਾ ਵੜਿੰਗ ਨੇ ਕਿਹਾ ਕਿ ਰਾਜ ਕਰਦਾ ਪਾਰਟੀ ਦੇ ਆਗੂ ਅਤੇ ਪ੍ਰਸ਼ਾਸਨਿਕ ਅਧਿਕਾਰੀ ਮਹਿਜ਼ ਮੌਕੇ ਦਾ ਦੌਰਾ ਕਰਕੇ ਹੀ ਵਾਪਸ ਨਾ ਮੁੜ ਜਾਣ ਬਲਕਿ ਲੋਕਾਂ ਦੀਆਂ ਤਬਾਹ ਹੋਈਆਂ ਫਸਲਾਂ ਦੇ ਮੁਆਵਜ਼ੇ ਬਾਰੇ ਉਹਨਾਂ ਨੂੰ ਠੋਸ ਭਰੋਸਾ ਦੇਣ ਅਤੇ ਹੜ੍ਹ ਮਾਰੇ ਇਲਾਕਿਆਂ ਵਿਚ ਲੋਕਾਂ ਦੀ ਮਦਦ ਲਈ ਲੰਗਰ ਅਤੇ ਰਿਹਾਇਸ਼ ਦਾ ਪ੍ਰਬੰਧ ਕਰਨ। ਉਹਨਾਂ ਮਵੇਸ਼ੀਆਂ ਲਈ ਚਾਰੇ ਦਾ ਪ੍ਰਬੰਧ ਕਰਨ ਲਈ ਵੀ ਕਿਹਾ। ਉਨ੍ਹਾਂ ਕਿਹਾ ਕਿ ਲੋਕਾਂ ਲਈ ਤਾਂ ਲੰਗਰ ਦਾ ਪ੍ਰਬੰਧ ਹੋ ਜਾਵੇਗਾ ਪਰ ਖੇਤਾਂ ਵਿਚ ਚਾਰਾ ਤਬਾਹ ਹੋਣ ਕਾਰਨ ਪਸ਼ੂਆਂ ਲਈ ਚਾਰਾ ਨਹੀਂ ਰਿਹਾ। ਕਾਂਗਰਸ ਪਾਰਟੀ ਨੇ ਲੋਕਾਂ ਦੀ ਮਦਦ ਲਈ ਇੱਕ ਫੋਨ ਨੰਬਰ ਸੋਸ਼ਲ ਮੀਡੀਆ 'ਤੇ ਜਾਰੀ ਕੀਤਾ ਹੈ। ਕਿਸੇ ਵੀ ਮਦਦ ਲਈ ਉਸ ਨੰਬਰ 'ਤੇ ਕਾਲ ਕੀਤੀ ਜਾ ਸਕਦੀ ਹੈ। ਇਸ ਤੋਂ ਇਲਾਵਾ ਹਲਕਾ ਸਮਰਾਲਾ ਦੇ ਕਾਂਗਰਸ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਤੇ ਲੋਕ ਸਭਾ ਹਲਕਾ ਫਤਿਹਗੜ੍ਹ ਸਾਹਿਬ ਦੇ ਸੰਸਦੀ ਮੈਂਬਰ ਡਾ. ਅਮਰ ਸਿੰਘ ਨਾਲ ਵੀ ਹਰ ਤਰ੍ਹਾ ਦੀ ਮਦਦ ਲਈ ਸੰਪਰਕ ਕੀਤਾ ਜਾ ਸਕਦਾ ਹੈ। ਲੋਕਾਂ ਦੀ ਮੰਗ 'ਤੇ ਉਨ੍ਹਾਂ ਤੁਰੰਤ ਡੀ ਸੀ ਲੁਧਿਆਣਾ ਸੁਰਭੀ ਮਲਿਕ ਨਾਲ ਫੋਨ 'ਤੇ ਗੱਲ ਕੀਤੀ ਤੇ ਉਨ੍ਹਾਂ ਨੂੰ ਮੌਕੇ ਦਾ ਮੁਆਇਨਾ ਕਰਕੇ ਲੋਕਾਂ ਦੀ ਮਦਦ ਕਰਨ ਲਈ ਅਪੀਲ ਕੀਤੀ।

## ਕਾਤਰਾਂ

### ਕਿਸਾਨ ਸਿਖਲਾਈ ਕੈਂਪ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਮੁੱਖ ਖੇਤੀਬਾੜੀ ਅਫਸਰ ਡਾ. ਗੁਰਪ੍ਰੀਤ ਸਿੰਘ ਸ੍ਰੀ ਮੁਕਤਸਰ ਸਾਹਿਬ ਤੇ ਸਹਾਇਕ ਪੌਦਾ ਸੁਰੱਖਿਆ ਅਫਸਰ ਡਾ. ਸੰਦੀਪ ਕੁਮਾਰ ਭਠੇਜਾ, ਬਲਾਕ ਸ੍ਰੀ ਮੁਕਤਸਰ ਸਾਹਿਬ ਦੀ ਅਗਵਾਈ ਹੇਠ ਨਰਮੇ ਦੀ ਫਸਲ 'ਚ ਖੁਰਾਕੀ ਪ੍ਰਬੰਧਨ ਤੇ ਗੁਲਾਬੀ ਸੁੰਡੀ ਦੀ ਸਰਵਪੱਖੀ ਰੋਕਥਾਮ ਲਈ ਪਿੰਡ ਪੱਧਰੀ ਕੈਂਪ ਲਗਾਏ ਜਾ ਰਹੇ ਹਨ। ਇਸ ਲੜੀ ਤਹਿਤ ਬਲਾਕ ਸ੍ਰੀ ਮੁਕਤਸਰ ਸਾਹਿਬ ਦੇ ਪਿੰਡ ਰਾਮਗੜ੍ਹ ਚੂੰਘਾ ਵਿਖੇ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਡਾ. ਸਵਿੰਦਰ ਸਿੰਘ, ਖੇਤੀਬਾੜੀ ਵਿਕਾਸ ਅਫਸਰ (ਜ.ਕ), ਡਾ. ਹਰਮਨਜੀਤ ਸਿੰਘ, ਏ.ਡੀ.ਓ (ਪੀ.ਪੀ) ਬਲਾਕ ਸ੍ਰੀ ਮੁਕਤਸਰ ਸਾਹਿਬ, ਸ੍ਰੀਮਤੀ ਮਨਮੀਤ ਕੌਰ, ਏ.ਡੀ.ਓ. (ਮਾਰਕੀਟਿੰਗ) ਨੇ ਜਾਣਕਾਰੀ ਦਿੱਤੀ। ਇਸ ਮੌਕੇ ਕਿਸਾਨ ਮਿੱਤਰ ਅਤੇ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।

### ਟ੍ਰਾਂਸਫਾਰਮਰ ਚੋਰੀ ਕਰਨ 'ਤੇ ਅਣਪਛਾਤੇ ਖਿਲਾਫ ਮੁਕੱਦਮਾ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਅਮੀਰ ਖਾਸ ਦੀ ਪੁਲਸ ਵੱਲੋਂ ਖੇਤਾਂ ਵਿਚੋਂ ਬਿਜਲੀ ਦਾ ਟ੍ਰਾਂਸਫਾਰਮਰ ਚੋਰੀ ਕਰਨ ਦੇ ਦੋਸ਼ ਵਿਚ ਅਣਪਛਾਤੇ ਵਿਅਕਤੀ ਖਿਲਾਫ ਮੁਕੱਦਮਾ ਦਰਜ ਕੀਤਾ ਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਸਹਾਇਕ ਇੰਜੀਨੀਅਰ ਵੰਡ ਉਪ ਮੰਡਲ ਪੰ.ਰਾ.ਪਾ.ਕਾ.ਲਿ. ਫੱਤਣਵਾਲਾ ਨੇ ਪੁਲਸ ਕੋਲ ਲਿਖਤੀ ਪੱਤਰ ਨੰਬਰ 754 ਮਿਤੀ 10-07-2023 ਨੂੰ ਦਿੱਤਾ ਸੀ ਕਿ ਪਿੰਡ ਘਾਗਾਂ ਕਲਾਂ ਫੀਡਰ ਦੇ ਅਧੀਨ ਖੇਤਾਂ ਵਿਚੋਂ ਬਿਜਲੀ ਦਾ ਟ੍ਰਾਂਸਫਾਰਮਰ ਮਿਤੀ 9 ਅਤੇ 10 ਜੁਲਾਈ ਦੀ ਦਰਮਿਆਨੀ ਰਾਤ ਨੂੰ ਚੋਰੀ ਹੋ ਗਿਆ ਹੈ। ਜਿਸ 'ਤੇ ਪੁਲਸ ਨੇ ਅਣਪਛਾਤੇ ਵਿਅਕਤੀ ਦੇ ਖਿਲਾਫ ਧਾਰਾ 379 ਆਈ ਪੀ ਸੀ ਤਹਿਤ ਮੁਕੱਦਮਾ ਦਰਜ ਕੀਤਾ ਹੈ।

### ਸ੍ਰੀ ਗੁਰੂ ਹਰਿਕ੍ਰਿਸ਼ਨ ਜੀ ਦਾ ਪ੍ਰਕਾਸ਼ ਪੁਰਬ ਮਨਾਇਆ

**ਅਹਿਮਦਗੜ੍ਹ (ਪਵਨ ਗੁਪਤਾ)**-ਨੇੜਲੇ ਪਿੰਡ ਫਲੇਵਾਲ ਖੁਰਦ ਦੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਵਿਖੇ ਅੱਠਵੇਂ ਗੁਰੂ ਸ੍ਰੀ ਗੁਰੂ ਹਰਿਕ੍ਰਿਸ਼ਨ ਜੀ ਦਾ ਪ੍ਰਕਾਸ਼ ਪੁਰਬ ਪੂਰੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਸਕੂਲ ਪ੍ਰਿੰਸੀਪਲ ਦਲਜੀਤ ਕੌਰ ਔਲਖ ਨੇ ਬੱਚਿਆਂ ਨੂੰ ਸਿੱਖਾਂ ਦੇ ਅੱਠਵੇਂ ਗੁਰੂ ਬਾਰੇ ਭਰਪੂਰ ਜਾਣਕਾਰੀ ਦਿੱਤੀ। ਦੱਸਿਆ ਕਿ ਸ੍ਰੀ ਗੁਰੂ ਹਰਿਕ੍ਰਿਸ਼ਨ ਜੀ ਸਿੱਖਾਂ ਦੇ ਸਭ ਤੋਂ ਛੋਟੇ ਗੁਰੂ ਸਨ। ਇਸ ਮੌਕੇ ਬੱਚਿਆਂ ਨੂੰ ਤੰਬਾਕੂ ਦੀ ਵਰਤੋਂ ਨਾ ਕਰਨ ਬਾਰੇ ਵੀ ਉਪਦੇਸ਼ ਦਿੱਤਾ ਗਿਆ। ਪ੍ਰਕਾਸ਼ ਪੁਰਬ ਦੀ ਖੁਸ਼ੀ ਵਿਚ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਲੱਡੂ ਵੀ ਵੰਡੇ ਗਏ। ਇਸ ਮੌਕੇ ਸਕੂਲ ਪ੍ਰਧਾਨ ਸੁਖਦੇਵ ਸਿੰਘ ਵਾਲੀਆ, ਗੁਰਮਤਿ ਪਾਲ ਸਿੰਘ ਵਾਲੀਆ,ਪ੍ਰਿੰਸੀਪਲ ਦਲਜੀਤ ਕੌਰ ਅਤੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

### ਇਨਕਲਾਬੀ ਕੇਂਦਰ ਵੱਲੋਂ ਕੁਲਰੀਆਂ ਦੇ ਆਬਾਦਕਾਰ ਕਿਸਾਨਾਂ ਦੇ ਸੰਘਰਸ਼ ਦੀ ਹਮਾਇਤ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪੰਜਾਬ ਪੁਲਸ ਵੱਲੋਂ ਜ਼ਿਲ੍ਹਾ ਮਾਨਸਾ ਦੇ ਪਿੰਡ ਕੁਲਰੀਆਂ ਵਿਖੇ ਲੰਬੇ ਸਮੇਂ ਤੋਂ ਆਬਾਦਕਾਰ ਕਿਸਾਨਾਂ ਨੂੰ ਗ੍ਰਿਫ਼ਤਾਰ ਕਰਨ ਦੀ ਇਨਕਲਾਬੀ ਕੇਂਦਰ ਪੰਜਾਬ ਨੇ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਜਥੇਬੰਦੀ ਦੇ ਸੂਬਾ ਆਗੂ ਨਰਾਇਣ ਦੱਤ ਨੇ ਪ੍ਰੈੱਸ ਨੂੰ ਬਿਆਨ ਜਾਰੀ ਕਰਦੇ ਹੋਏ ਕਿਹਾ ਕਿ ਇਨ੍ਹਾਂ ਆਬਾਦਕਾਰ ਕਿਸਾਨਾਂ ਦਾ ਹੱਕੀ ਸੰਘਰਸ਼ ਭਾਕਿਯੂ ਏਕਤਾ (ਡਕੌਂਦਾ) ਦੀ ਅਗਵਾਈ ਵਿੱਚ ਚੱਲ ਰਿਹਾ ਹੈ। ਬੀਤੀ 6 ਜੁਲਾਈ ਨੂੰ ਮਾਨਸਾ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਥੇਬੰਦੀ ਨਾਲ ਗੱਲਬਾਤ ਰਾਹੀਂ ਮਸਲਾ ਹੱਲ ਕਰਨ ਦਾ ਵਿਸ਼ਵਾਸ ਦਿਵਾਇਆ ਸੀ, ਪ੍ਰੰਤੂ ਬੀਤੇ ਦਿਨ ਸਵੇਰੇ 6 ਵਜੇ ਪੁਲਸ ਵੱਲੋਂ ਆਬਾਦਕਾਰ ਕਿਸਾਨਾਂ ਦੀ ਜ਼ਮੀਨ 'ਤੇ ਕਬਜ਼ਾ ਕਰਨ ਦੀ ਨੀਅਤ ਨਾਲ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਤੇ ਪਿੰਡ ਕੁਲਰੀਆਂ ਨੂੰ ਪੁਲਸ ਛਾਉਣੀ ਵਿੱਚ ਤਬਦੀਲ ਕਰ ਦਿੱਤਾ। ਇਨਕਲਾਬੀ ਕੇਂਦਰ ਪੰਜਾਬ ਅਬਾਦਕਾਰ ਕਿਸਾਨਾਂ ਦੇ ਹੱਕੀ ਸੰਘਰਸ਼ ਦੀ ਹਮਾਇਤ ਕਰਨ ਦਾ ਐਲਾਨ ਤੇ ਗ੍ਰਿਫਤਾਰ ਕੀਤੇ ਕਿਸਾਨਾਂ ਨੂੰ ਬਿਨਾਂ ਸ਼ਰਤ ਰਿਹਾਅ ਕਰਨ ਦੀ ਮੰਗ ਕਰਦੇ ਹੋਏ ਸਭਨਾਂ ਇਨਸਾਫ਼ਪਸੰਦ ਤਾਕਤਾਂ ਨੂੰ ਪੁਲਸ ਦੇ ਜਾਬਰ ਹਥਕੰਡਿਆਂ ਨੂੰ ਪਛਾੜਨ ਲਈ ਅੱਗੇ ਆਉਣ ਦੀ ਅਪੀਲ ਕੀਤੀ।

### ਡਿਊਟੀ ਤੋਂ ਘਰ ਜਾਂਦੇ ਮੁਲਾਜ਼ਮ ਨੂੰ ਲੁੱਟਿਆ

**ਜਗਰਾਓਂ (ਅਮਿਤ ਖੰਨਾ)**-ਸਥਾਨਕ ਨਗਰ ਕੌਂਸਲ ਜਗਰਾਓਂ ਵਿਖ਼ੇ ਬਤੌਰ ਸੇਵਾਦਾਰ ਤਾਇਨਾਤ ਹਰਦੀਪ ਸਿੰਘ ਵਾਸੀ ਪਿੰਡ ਢੋਲਣ ਨੂੰ ਬੀਤੀ ਰਾਤ ਲੁਟੇਰਿਆਂ ਨੇ ਰਾਹ ਵਿੱਚ ਘੇਰ ਕੇ ਲੁੱਟ ਖੋਹ ਕਰਕੇ ਫਰਾਰ ਹੋ ਗਏ। ਇਸ ਸਮੇਂ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਸ ਦੀ ਡਿਊਟੀ ਆਏ ਹੋਏ ਹੜ੍ਹ ਦੇ ਬਣਾਏ ਹੋਏ ਫਲੱਡ ਕੰਟਰੋਲ ਰੂਮ 'ਚ ਲੱਗੀ ਹੈ। ਉਸ ਨੇ ਦੱਸਿਆ ਕੇ ਬੀਤੀ ਦੇਰ ਰਾਤ ਜਦੋਂ ਉਹ ਡਿਊਟੀ ਖ਼ਤਮ ਕਰਨ ਉਪਰੰਤ ਵਾਪਸ ਘਰ ਨੂੰ ਜਾ ਰਿਹਾ ਸੀ ਤਾਂ ਪਿੰਡ ਦੇ ਨੇੜੇ ਸੜਕ 'ਤੇ ਹੀ ਉਸ ਨੂੰ ਅਣਪਛਾਤੇ ਲੁਟੇਰਿਆਂ ਨੇ ਘੇਰ ਕੇ ਉਸ ਕੋਲੋਂ ਨਕਦੀ ਤੇ ਮੋਟਰਸਾਈਕਲ ਖੋਹ ਕੇ ਲੈ ਗਏ, ਜਿਸ ਦੀ ਸੂਚਨਾ ਪੁਲਸ ਨੂੰ ਦੇ ਦਿੱਤੀ ਗਈ ਹੈ।

# ਸਮਰ ਕੈਂਪ ਬੱਚਿਆਂ ਦੇ ਮਾਨਸਿਕ ਵਿਕਾਸ ਲਈ ਵਰਦਾਨ ਸਾਬਤ ਹੋਣਗੇ : ਪ੍ਰਿੰਸੀਪਲ ਮਿੱਢਾ



**ਮਾਨਸਾ (ਆਤਮਾ ਸਿੰਘ ਪਮਾਰ)**-ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਹਰ ਸਕੂਲ ਵਿੱਚ ਸਮਰ ਕੈਂਪ ਦਾ ਅਯੋਜਨ ਕੀਤਾ ਜਾ ਰਿਹਾ ਹੈ ਜੋ ਕਿ ਇੱਕ ਬਹੁਤ ਵਧੀਆ ਉਪਰਾਲਾ ਹੈ ਸਰਕਾਰੀ ਸੈਕੰਡਰੀ ਸਕੂਲ (ਲੜਕੀਆ) ਖਿਆਲਾ ਕਲਾਂ ਵਿਖੇ ਪ੍ਰਿੰਸੀਪਲ ਓਮ ਪ੍ਰਕਾਸ਼ ਮਿੱਢਾ ਦੀ ਯੋਗ ਅਗਵਾਈ ਸਦਕਾ ਪਹਿਲੇ ਹਫਤੇ ਸਮਰ ਕੈਂਪ ਦੌਰਾਨ ਬੱਚਿਆਂ ਵਿੱਚ ਬਹੁਤ ਹੀ ਜ਼ਿਆਦਾ ਉਤਸ਼ਾਹ ਪਾਇਆ ਗਿਆ। ਸਵੈ-ਇੱਛਾ ਨਾਲ ਸਮਰ ਕੈਂਪ ਲਗਾ ਰਹੇ ਸਕੂਲ ਅਧਿਆਪਕਾਂ ਨੇ ਦੱਸਿਆ ਕਿ ਇਹਨਾਂ ਸਮਰ ਕੈਂਪਾਂ ਦੌਰਾਨ ਬੱਚਿਆਂ ਵਿੱਚ ਬਹੁਤ ਹੀ ਵਧੀਆ ਗਤੀਵਿਧੀਆਂ ਹੋ ਰਹੀਆਂ ਹਨ। ਜਿਸ ਨਾਲ ਬੱਚਿਆਂ ਅੰਦਰ ਛੁਪੀਆਂ ਹੋਈਆਂ ਪ੍ਰਭਿਤਾਵਾਂ, ਕਲਾਕ੍ਰਿਤੀਆਂ ਅਤੇ ਯੋਗਤਾਵਾਂ ਸਾਹਮਣੇ ਆ ਰਹੀਆਂ ਹਨ। ਪਹਿਲੇ ਹਫਤੇ ਦੇ ਅਖੀਰ ਵਿੱਚ ਕੀਤੀਆਂ ਗਈਆਂ ਗਤੀਵਿਧੀਆਂ ਦੀ ਪ੍ਰਦਰਸ਼ਨੀ ਵੀ ਲਗਾਈ ਗਈ। ਬੱਚਿਆਂ ਅੰਦਰ ਖੁਸ਼ੀ ਦੀ ਲਹਿਰ ਹੈ ਇਸ ਤਰ੍ਹਾਂ ਦੇ ਕੈਂਪਾਂ ਨਾਲ ਬੱਚਿਆਂ ਦੀ ਸਿੱਖਣ ਪ੍ਰਕਿਰਿਆ ਵਿੱਚ ਵਾਧਾ ਹੁੰਦਾ ਹੈ।, ਜਿਸ ਨਾਲ ਬੱਚਿਆਂ ਦਾ ਸਰਬਪੱਖੀ ਵਿਕਾਸ ਬਹੁਤ ਹੀ ਵਧੀਆ ਢੰਗ ਨਾਲ ਹੁੰਦਾ ਹੈ। ਇਸ ਤਰ੍ਹਾਂ ਦੇ ਕੈਂਪਾਂ ਨੂੰ ਲਗਾ ਰਹੇ ਸਕੂਲ ਅਧਿਆਪਕ ਵੀ ਵਧਾਈ ਦੇ ਪਾਤਰ ਹਨ। ਮਿੱਢਾ ਨੇ ਦੱਸਿਆ ਕਿ ਇਹਨਾਂ ਸਮਰ ਕੈਂਪਾਂ ਵਿਚ ਅਧਿਆਪਕ ਅਤੇ ਵਿਦਿਆਰਥੀ ਬਹੁਤ ਹੀ ਵਧੀਆ ਤਾਲਮੇਲ ਦੇ ਨਾਲ ਸਮਰ ਕੈਂਪ ਲਗਾ ਰਹੇ ਹਨ। ਬੱਚਿਆਂ ਨੇ ਅਧਿਆਪਕਾਂ ਅਤੇ ਮਾਪਿਆਂ ਦਾ ਮਨ ਮੋਹ ਲਿਆ। ਇਸ ਪ੍ਰਦਰਸ਼ਨੀ ਵਿੱਚ ਵਿਦਿਆਰਥੀਆਂ ਦੇ ਮਾਪਿਆਂ, ਐੱਸ ਐੱਮ ਸੀ ਕਮੇਟੀ ਦੇ ਚੇਅਰਮੈਨ ਅਤੇ ਹੋਰ ਪਤਵੰਤੇ ਸੱਜਣਾਂ ਨੇ ਇਥੇ ਪਹੁੰਚ ਕੇ ਪ੍ਰਦਰਸ਼ਨੀ ਦੀ ਸ਼ੋਭਾ ਵਧਾਈ। ਮੀਡੀਆ ਇੰਚਾਰਜ ਮੈਡਮ ਸਿਮਰਜੀਤ ਕੌਰ ਨੇ ਦੱਸਿਆ ਕਿ ਸਮਰ ਕੈਂਪ ਦੌਰਾਨ ਬੱਚਿਆਂ ਦਾ ਸਰਬਪੱਖੀ ਵਿਕਾਸ ਹੋ ਰਿਹਾ ਹੈ ਅਤੇ ਅਧਿਆਪਕ ਤਨਦੇਹੀ ਨਾਲ ਬੱਚਿਆਂ ਨੂੰ ਮੁਕਾਬਲਿਆਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕਰ ਰਹੇ ਹਨ। ਪ੍ਰਿੰਸੀਪਲ ਵੱਲੋਂ ਸਮੂਹ ਸਕੂਲ ਸਟਾਫ ਦਾ ਧੰਨਵਾਦ ਕੀਤਾ ਗਿਆ। ਇਸ ਪ੍ਰਦਰਸ਼ਨੀ ਸਮੇਂ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮਾਨਸਾ ਗੁਰਜੀਤ ਕੌਰ ਢਿੱਲੋਂ ਵੱਲੋਂ ਵੀ ਵਿਜ਼ਿਟ ਕੀਤਾ ਅਤੇ ਵਿਦਿਆਰਥੀਆਂ ਸਮੇਤ ਅਧਿਆਪਕਾਂ ਨੂੰ ਅਗਵਾਈ ਦਿੱਤੀ।

# ਧੋਖੇ ਨਾਲ ਰਜਿਸਟਰੀ ਕਰਵਾਉਣ ਦੇ ਦੋਸ਼ 'ਚ ਪਰਚਾ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਦੀ ਪੁਲਸ ਵੱਲੋਂ ਵਸੀਅਤ ਨਾਲ ਛੇੜਛਾੜ ਕਰਕੇ ਧੋਖੇ ਨਾਲ ਰਜਿਸਟਰੀ ਕਰਵਾਉਣ ਦੇ ਦੋਸ਼ ਵਿਚ 2 ਵਿਅਕਤੀਆਂ ਖਿਲਾਫ ਮੁਕੱਦਮਾ ਦਰਜ ਕੀਤਾ ਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਸ਼ਿਕਾਇਤਕਰਤਾ ਹਰੀਸ਼ ਕੁਮਾਰ ਪੁੱਤਰ ਮੋਹਨ ਲਾਲ ਵਾਸੀ 109, ਛਾਬੜਾ ਗਲੀ ਮਾਰਫਤ ਗਰੋਵਰ ਹਸਪਤਾਲ ਜਲਾਲਾਬਾਦ ਨੇ ਇਕ ਦਰਖਾਸਤ ਮਿਤੀ 27-02-2023 ਨੂੰ ਦਿੱਤੀ ਗਈ ਸੀ। ਜਿਸ ਵਿਚ ਸ਼ਿਕਾਇਤਕਰਤਾ ਨੇ ਪੁਲਸ ਕੋਲ ਬਿਆਨ ਦਿੱਤੇ ਕਿ ਰਕੇਸ਼ ਕੁਮਾਰ ਪੁੱਤਰ ਮੋਹਨ ਲਾਲ ਗਰੋਵਰ ਅਤੇ ਕ੍ਰਿਸ਼ਨਾ ਰਾਣੀ ਪਤਨੀ ਰਕੇਸ਼ ਕੁਮਾਰ ਵਾਸੀਆਨ ਛਾਬੜਾ ਸਟ੍ਰੀਟ ਜਲਾਲਾਬਾਦ ਵੱਲੋਂ ਮੁਦੱਈ (ਹਰੀਸ਼ ਕੁਮਾਰ) ਦੇ ਦਾਦਾ ਜੀ ਵੱਲੋਂ ਕੀਤੀ ਗਈ ਵਸੀਅਤ ਨਾਲ ਛੇੜਛਾੜ ਕਰਕੇ ਉਸ ਦੇ ਹਿੱਸੇ ਦੀ ਜਗ੍ਹਾ ਦੀ ਰਜਿਸਟਰੀ ਧੋਖੇ ਨਾਲ ਆਪਣੀ ਪਤਨੀ ਦੇ ਨਾਂਅ 'ਤੇ ਕਰਵਾਈ ਲਈ ਗਈ ਹੈ, ਇਸ ਦਰਖਾਸਤ ਦੀ ਪੜਤਾਲ ਰਿਪੋਰਟ ਅਤੇ ਅਪਰੂਵਲ ਸੀਨੀਅਰ ਕਪਤਾਨ ਪੁਲਸ ਫਾਜ਼ਿਲਕਾ ਵੱਲੋਂ ਥਾਣਾ ਸਿਟੀ ਜਲਾਲਾਬਾਦ ਵਿਖੇ ਪੁੱਜਣ ਉਪਰੰਤ ਪੁਲਸ ਨੇ ਸ਼ਿਕਾਇਤਕਰਤਾ ਹਰੀਸ਼ ਕੁਮਾਰ ਦੇ ਬਿਆਨਾਂ ਦੇ ਅਧਾਰ 'ਤੇ ਰਕੇਸ਼ ਕੁਮਾਰ ਅਤੇ ਕ੍ਰਿਸ਼ਨਾ ਰਾਣੀ ਖਿਲਾਫ ਮੁਕੱਦਮਾ ਦਰਜ ਕੀਤਾ ਹੈ।

# ਰਣਜੀਤ ਆਈ ਹਸਪਤਾਲ ਨੇ ਮਨਾਇਆ ਪਹਿਲਾ ਸਥਾਪਨਾ ਦਿਵਸ



**ਸੰਗਰੂਰ (ਪ੍ਰਵੀਨ ਸਿੰਘ)**-ਸਥਾਨਕ ਰਣਜੀਤ ਆਈ ਹਸਪਤਾਲ ਵੱਲੋਂ ਹਸਪਤਾਲ ਦਾ ਪਹਿਲਾ ਸਾਲ ਪੂਰਾ ਹੋਣ 'ਤੇ ਗੁਰੂ ਸਾਹਿਬ ਦੇ ਸ਼ੁਕਰਾਨੇ ਵਜੋਂ ਸਥਾਪਨਾ ਦਿਵਸ ਹਰਜੀਤ ਸਿੰਘ ਅਰੋੜਾ, ਡਾ. ਇੰਦਰਮਨਜੋਤ ਸਿੰਘ, ਡਾ. ਇੰਦਰਜੋਤ ਕੌਰ, ਜਸਵੀਰ ਸਿੰਘ ਦੀ ਦੇਖ ਰੇਖ ਹੇਠ ਆਯੋਜਿਤ ਕੀਤਾ ਗਿਆ। ਇਸ ਮੌਕੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਸੰਗਰੂਰ ਵੱਲੋਂ ਧਾਰਮਕ ਸਮਾਗਮ ਲਾਭ ਸਿੰਘ, ਗੁਰਨਾਮ ਸਿੰਘ, ਗੁਲਜਾਰ ਸਿੰਘ ਦੀ ਅਗਵਾਈ ਵਿਚ ਕੀਤਾ ਗਿਆ। ਸਮਾਗਮ ਦੀ ਆਰੰਭਤਾ ਸੰਗਤੀ ਰੂਪ ਵਿੱਚ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਨਾਲ ਕੀਤੀ ਗਈ। ਉਪਰੰਤ ਭਾਈ ਸੁਰਿੰਦਰ ਪਾਲ ਸਿੰਘ ਸਿਦਕੀ ਅਤੇ ਭਾਈ ਗੁਰਪ੍ਰੀਤ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਸਾਹਿਬ ਮਹਿਲ ਮੁਬਾਰਕ ਨੇ ਰਸਭਿੰਨਾ ਕੀਰਤਨ ਕੀਤਾ। ਡਾ. ਪਰਮਿੰਦਰ ਕੌਰ ਸਿਵਲ ਸਰਜਨ, ਡਾ. ਕਿਰਪਾਲ ਸਿੰਘ ਸੀਨੀਅਰ ਮੈਡੀਕਲ ਅਫਸਰ, ਡਾ. ਹਰਪ੍ਰੀਤ ਕੌਰ, ਡਾ. ਹੰਸ ਰਾਜ, ਡਾ. ਰਾਜਿੰਦਰ ਸਿੰਘ, ਡਾ. ਪ੍ਰੀਤਮਪਾਲ ਸਿੰਘ, ਡਾ. ਪ੍ਰਿੰਸੀ ਮਿੱਤਲ, ਐਡਵੋਕੇਟ ਤਾਰਨ ਸਿੰਘ, ਮਾਸਟਰ ਸਤਪਾਲ ਸ਼ਰਮਾ, ਗੁਰਿੰਦਰ ਸਿੰਘ ਗੁਜਰਾਲ, ਨਿਹਾਲ ਸਿੰਘ ਮੰਗਵਾਲ, ਹਰਜੀਤ ਸਿੰਘ ਢੀਂਗਰਾ ਦੇ ਨਾਲ ਸਟੱਡੀ ਸਰਕਲ ਦੇ ਅਜਮੇਰ ਸਿੰਘ ਡਿਪਟੀ ਡਾਇਰੈਕਟਰ ਬੇਬੇ ਨਾਨਕੀ ਸਿਲਾਈ ਕੇਂਦਰ, ਡਾ. ਨਰਿੰਦਰ ਸਿੰਘ ਸਕੱਤਰ ਅਕਾਦਮਿਕ ਖੇਤਰ, ਗੁਰਮੇਲ ਸਿੰਘ ਵਿੱਤ ਸਕੱਤਰ, ਜਰਨੈਲ ਸਿੰਘ ਥਲੇਸਾਂ, ਰਾਜਵਿੰਦਰ ਸਿੰਘ ਲੱਕੀ, ਹਰਵਿੰਦਰ ਕੌਰ ਸਕੱਤਰ ਇਸਤਰੀ ਕੌਂਸਲ, ਹਰਕੀਰਤ ਕੌਰ, ਅਮਨਦੀਪ ਕੌਰ ਸਮੇਤ ਸਹਿਰੀ ਪਤਵੰਤੇ ਸੱਜਣਾਂ ਨੇ ਹਾਜ਼ਰ ਹੋ ਕੇ ਸ਼ੁਭਕਾਮਨਾਵਾਂ ਦਿੱਤੀਆਂ। ਡਾ. ਇੰਦਰਜੋਤ ਨੇ ਹਸਪਤਾਲ ਬਾਰੇ ਦੱਸਿਆ ਕਿ ਸਾਡੇ ਕੋਲ ਸਾਰੀਆਂ ਆਧੁਨਿਕ ਮਸ਼ੀਨਾਂ ਹਨ ਅਤੇ ਸਾਰਾ ਇਲਾਜ ਇੱਕ ਛੱਤ ਥੱਲੇ ਹੀ ਬਹੁਤ ਵਾਜਬ ਰੇਟਾਂ 'ਤੇ ਕੀਤਾ ਜਾਂਦਾ ਹੈ। ਇਸ ਹਸਪਤਾਲ ਵਿੱਚ ਨਵੇਂ ਜੰਮੇ ਬੱਚੇ ਦੀਆਂ ਅੱਖਾਂ ਚੈੱਕ ਕਰਨ ਦਾ ਵੀ ਖਾਸ ਪ੍ਰਬੰਧ ਹੈ। ਕਾਲਾ ਮੋਤੀਆ ਲਈ ਸ਼ੂਗਰ ਕਾਰਨ ਖਰਾਬ ਹੋਇਆ ਪੜਦਾ ਆਦਿ ਦਾ ਇਲਾਜ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਮਸ਼ੀਨ ਸੰਗਰੂਰ ਦੇ ਕੇਵਲ ਇਸੇ ਹਸਪਤਾਲ ਵਿੱਚ ਹੈ। ਸਮਾਗਮ ਲਈ ਭਾਈ ਹਰਚਰਨ ਸਿੰਘ ਹੈੱਡ ਗ੍ਰੰਥੀ ਗੁਰਦੁਆਰਾ ਸਾਹਿਬ ਮਹਿਲ ਮੁਬਾਰਕ, ਭਾਈ ਜਸਦੇਵ ਸਿੰਘ, ਸੁਰਿੰਦਰ ਸਿੰਘ, ਸੁਖਪਾਲ ਸਿੰਘ, ਸਮਰਪ੍ਰੀਤ ਸਿੰਘ, ਗੁਰਵਿੰਦਰ ਕੌਰ, ਗੁਰਮੀਤ ਕੌਰ, ਹਰਪ੍ਰੀਤ ਕੌਰ ਥਲੇਸਾਂ ਅਤੇ ਹਸਪਤਾਲ ਦੇ ਸਟਾਫ ਨੇ ਵੱਖ ਵੱਖ ਸੇਵਾਵਾਂ ਨਿਭਾਈਆਂ। ਡਾ. ਇੰਦਰਮਨਜੋਤ ਸਿੰਘ ਨੇ ਹਸਪਤਾਲ ਵੱਲੋਂ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਅਤੇ ਹਾਜ਼ਰੀਨ ਦਾ ਧੰਨਵਾਦ ਕੀਤਾ। ਸਟੱਡੀ ਸਰਕਲ ਵੱਲੋਂ ਪ੍ਰੀਤਇੰਦਰ ਕੌਰ ਅਤੇ ਡਾ. ਇੰਦਰਜੋਤ ਕੌਰ ਨੂੰ ਸਨਮਾਨਿਤ ਕੀਤਾ ਗਿਆ। ਸਮਾਪਤੀ ਉਪਰੰਤ ਗੁਰੂ ਕਾ ਲੰਗਰ ਵਰਤਾਇਆ ਗਿਆ।

# ਬਾਬਾ ਸੰਤੋਖ ਸਿੰਘ ਤੇ ਭਾਈ ਦਰਸ਼ਨ ਸਿੰਘ ਦੀ ਬਰਸੀ ਸੰਬੰਧੀ ਗੁਰਮਤਿ ਸਮਾਗਮ




**ਚੀਮਾ ਮੰਡੀ (ਰਵਿੰਦਰ ਚੀਮਾ)**

ਗੁਰਦੁਆਰਾ ਜਨਮ ਅਸਥਾਨ ਚੀਮਾ ਮੰਡੀ ਵਿਖੇ ਕਲਗੀਧਰ ਟਰੱਸਟ ਬੜੂ ਸਾਹਿਬ ਵੱਲੋਂ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬਾਬਾ ਸੰਤੋਖ ਸਿੰਘ ਤੇ ਭਾਈ ਦਰਸ਼ਨ ਸਿੰਘ ਦੀ ਬਰਸੀ ਨੂੰ ਮੁੱਖ ਰੱਖਦਿਆਂ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਸਿੰਘ ਸਾਹਿਬ ਗਿਆਨੀ ਰਘੁਬੀਰ ਸਿੰਘ ਜਥੇਦਾਰ ਅਕਾਲ ਤਖ਼ਤ ਸਾਹਿਬ ਅੰਮ੍ਰਿਤਸਰ, ਭਾਈ ਗੋਬਿੰਦ ਸਿੰਘ ਲੌਂਗੋਵਾਲ ਸਾਬਕਾ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ। ਉਕਤ ਸ਼ਖ਼ਸੀਅਤਾਂ ਨੇ ਬੋਲਦਿਆਂ ਕਿਹਾ ਕਿ ਬਾਬਾ ਸੰਤੋਖ ਸਿੰਘ ਤੇ ਭਾਈ ਦਰਸ਼ਨ ਸਿੰਘ ਦੁਆਰਾ ਨਿਭਾਈਆਂ ਸੇਵਾਵਾਂ ਨੂੰ ਭੁਲਾਇਆ ਨਹੀਂ ਜਾ ਸਕਦਾ, ਕਿਉਂਕਿ ਉਨ੍ਹਾਂ ਗੁਰੂ ਘਰ ਨੂੰ ਸਮਰਪਤ ਹੋ ਕੇ ਸੇਵਾ ਕੀਤੀ ਹੈ, ਜਿਸ ਕਰਕੇ ਅੱਜ ਵੱਡੀ ਗਿਣਤੀ 'ਚ ਸੰਗਤਾਂ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਪੁੱਜੀਆਂ ਹਨ। ਸਮਾਗਮ ਮੌਕੇ ਬਾਬਾ ਟੇਕ ਸਿੰਘ ਧਨੌਲਾ ਪ੍ਰਧਾਨ ਬੁੰਗਾ ਮਸਤੂਆਣਾ ਦਮਦਮਾ ਸਾਹਿਬ, ਜਥੇਦਾਰ ਉਦੈ ਸਿੰਘ ਸਾਬਕਾ ਸ਼੍ਰੋਮਣੀ ਕਮੇਟੀ ਮੈਂਬਰ, ਭਾਈ ਬਲਦੇਵ ਸਿੰਘ ਲੌਂਗੋਵਾਲ, ਬਾਬਾ ਹਰਦੇਵ ਸਿੰਘ ਅਲਹੋਰਾਂ ਵਾਲੇ (ਸੇਵਕ ਸੰਤ ਕਸ਼ਮੀਰਾ ਸਿੰਘ ਅਲਹੋਰਾ ਵਾਲੇ), ਮਹੰਤ ਜੋਗਿੰਦਰ ਕੌਰ ਦੌਲਾ, ਸੰਤ ਜਸਵੰਤ ਸਿੰਘ ਗੁਰਦੁਆਰਾ ਜੋਤੀ ਸਰੂਪ ਨਾਭਾ, ਬਾਬਾ ਹਰਬੰਸ ਸਿੰਘ ਪੱਕਾ ਡੇਰਾ ਚੀਮਾ ਸਾਹਿਬ, ਸੰਤ ਜੰਗ ਸਿੰਘ ਸੰਤ ਸੇਵਕ ਜਥਾ ਮਸਤੂਆਣਾ ਸਾਹਿਬ, ਬਾਬਾ ਦਰਸ਼ਨ ਸਿੰਘ ਗੁਰਦੁਆਰਾ ਅੰਗੀਠਾ ਸਾਹਿਬ ਮਸਤੂਆਣਾ ਸਾਹਿਬ, ਸੰਤ ਗੁਰਜੰਟ ਸਿੰਘ ਮੰਡਵੀ ਵਾਲੇ, ਭਾਈ ਮੱਖਣ ਸਿੰਘ ਹੈੱਡ ਗ੍ਰੰਥੀ ਗੁਰਦੁਆਰਾ ਨਾਨਕਸਰ, ਭਾਈ ਅਮਰਜੀਤ ਸਿੰਘ ਮਰਿਯਾਦਾ ਦਮਦਮੀ ਟਕਸਾਲ ਕਣਕਵਾਲ, ਅਕਾਲ ਕਾਲਜ ਕੌਂਸਲ ਗੁਰਸਾਗਰ ਮਸਤੂਆਣਾ ਸਾਹਿਬ, ਮੁੱਖ ਪ੍ਰਚਾਰਕ ਭਾਈ ਅਵਤਾਰ ਸਿੰਘ ਮਸਤੂਆਣਾ ਸਾਹਿਬ, ਸ੍ਰੀ ਚੰਦਰ ਮੁਨੀ ਜੀ ਗਊਸ਼ਾਲਾ ਸ਼ੇਰੋਂ, ਗੁਰਮੇਲ ਸਿੰਘ ਘਰਾਚੋਂ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ, ਪੰਜਾਬ ਪਨਸੀਡ ਦੇ ਚੇਅਰਮੈਨ ਮਹਿੰਦਰ ਸਿੰਘ ਸਿੱਧੂ ਚੇਅਰਮੈਨ, ਮਾਰਕੀਟ ਕਮੇਟੀ ਚੀਮਾ ਦੇ ਚੇਅਰਮੈਨ ਦਰਸ਼ਨ ਸਿੰਘ ਗੀਤੀ ਮਾਨ, ਨਗਰ ਪੰਚਾਇਤ ਚੀਮਾ ਦੇ ਸਾਬਕਾ ਪ੍ਰਧਾਨ ਅਵਤਾਰ ਸਿੰਘ ਤਾਰੀ ਤੇ ਬਲਵਿੰਦਰ ਸਿੰਘ ਮਾੜੂ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਨੇ ਸ਼ਮੂਲੀਅਤ ਕੀਤੀ। ਆਈਆਂ ਸ਼ਖ਼ਸੀਅਤਾਂ ਦਾ ਗੁਰਦੁਆਰਾ ਜਨਮ ਅਸਥਾਨ ਚੀਮਾ ਦੇ ਮੁੱਖ ਸੇਵਾਦਾਰ ਭਾਈ ਜਗਜੀਤ ਸਿੰਘ ਕਾਕਾ ਵੀਰ ਜੀ ਨੇ ਸਨਮਾਨ ਕੀਤਾ।

# ਲਹਿਰਾ ਤੇ ਭਵਾਨੀਗੜ੍ਹ ਬਲਾਕ ਦੇ ਅਧਿਆਪਕ ਤਨਖਾਹਾਂ ਨੂੰ ਤਰਸੇ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)**-ਸੰਗਰੂਰ ਜ਼ਿਲ੍ਹੇ ਦੇ ਲਹਿਰਾ ਤੇ ਭਵਾਨੀਗੜ੍ਹ ਬਲਾਕਾਂ ਦੇ ਪ੍ਰਾਇਮਰੀ ਅਧਿਆਪਕ ਅੱਜ ਲਗਭਗ ਜੁਲਾਈ ਦਾ ਅੱਧਾ ਮਹੀਨਾ ਬੀਤ ਜਾਣ ਤੋਂ ਬਾਅਦ ਵੀ ਜੂਨ ਮਹੀਨੇ ਦੀਆਂ ਤਨਖਾਹਾਂ ਨੂੰ ਤਰਸ ਰਹੇ ਹਨ। ਇਸ ਸਬੰਧੀ ਪ੍ਰੈੱਸ ਦੇ ਨਾਂ ਬਿਆਨ ਜਾਰੀ ਕਰਦਿਆਂ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਦੀ ਜ਼ਿਲ੍ਹਾ ਸੰਗਰੂਰ ਇਕਾਈ ਦੇ ਆਗੂਆਂ ਗੁਰਪ੍ਰੀਤ ਪਿਸ਼ੌਰ ਤੇ ਬਿੱਕਰ ਸਿੰਘ ਨੇ ਕਿਹਾ ਕਿ ਇਨ੍ਹਾਂ ਬਲਾਕਾਂ ਦੇ ਬੀ.ਪੀ.ਈ.ਓ. ਦਫਤਰਾਂ ਵਿੱਚ ਕਲਰਕ ਦੀਆਂ ਅਸਾਮੀਆਂ ਖਾਲੀ ਪਈਆਂ ਹਨ। ਇਸ ਲਈ ਸਿੱਧੇ ਤੌਰ 'ਤੇ ਸੰਗਰੂਰ ਜ਼ਿਲ੍ਹੇ ਦੇ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ.) ਜ਼ਿੰਮੇਵਾਰ ਹਨ, ਜਿਨ੍ਹਾਂ ਨੇ ਇਨ੍ਹਾਂ ਦਫਤਰਾਂ ਵਿੱਚ ਕਲਰਕਾਂ ਦਾ ਬਦਲਵਾਂ ਪ੍ਰਬੰਧ ਕਰਨਾ ਹੈ। ਇਸ ਸਬੰਧੀ ਪਿਛਲੇ ਦਿਨੀਂ ਜਦੋਂ ਡੀ.ਟੀ.ਐੱਫ. ਸੰਗਰੂਰ ਦਾ ਇੱਕ ਵਫਦ ਡੀ.ਈ.ਓ. ਸਾਹਿਬ ਦੀ ਗੈਰ-ਮੌਜੂਦਗੀ ਵਿੱਚ ਡਿਪਟੀ ਡੀ.ਈ.ਓ. ਨੂੰ ਮਿਲਿਆ ਸੀ ਤਾਂ ਉਨ੍ਹਾਂ ਨੇ ਉਲਟਾ ਵਫਦ ਨੂੰ ਕਿਹਾ ਸੀ ਕਿ ਤੁਸੀਂ ਦੱਸ ਦਿਓ ਮੈਂ ਕਲਰਕ ਕਿੱਥੋਂ ਲਾਵਾਂ? ਆਗੂਆਂ ਨੇ ਕਿਹਾ ਕਿ ਅਫਸਰਾਂ ਦਾ ਇਹ ਵਤੀਰਾ ਪੂਰਨ ਤੌਰ 'ਤੇ ਗੈਰ-ਜ਼ਿੰਮੇਵਾਰਾਨਾ ਤੇ ਗੈਰ-ਪੇਸ਼ੇਵਾਰਾਨਾ ਹੈ। ਅਧਿਆਪਕਾਂ ਦਾ ਕੰਮ ਸਕੂਲਾਂ 'ਚ ਬੱਚਿਆਂ ਨੂੰ ਪੜ੍ਹਾਉਣਾ ਹੈ, ਜੋ ਉਹ ਬਾਖੂਬੀ ਕਰ ਰਹੇ ਹਨ।

ਦਫਤਰਾਂ ਦਾ ਪ੍ਰਬੰਧ ਸਹੀ ਚਲਾਉਣ ਦੀ ਜ਼ਿੰਮੇਵਾਰੀ ਬੀ.ਪੀ.ਈ.ਓ. ਤੇ ਡੀ.ਈ.ਓ. ਦੀ ਹੈ। ਆਗੂਆਂ ਨੇ ਕਿਹਾ ਕਿ ਅੱਧਾ ਮਹੀਨਾ ਬੀਤ ਜਾਣ ਤੋਂ ਬਾਅਦ ਵੀ ਤਨਖਾਹ ਨਾ ਮਿਲਣ ਕਾਰਨ ਉਨ੍ਹਾਂ ਦਾ ਬਜਟ ਹਿੱਲ ਗਿਆ ਹੈ ਤੇ ਉਨ੍ਹਾਂ ਨੂੰ ਭਾਰੀ ਵਿੱਤੀ ਸੰਕਟ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਸਮੇਂ ਡੀ.ਟੀ.ਐੱਫ. ਦੇ ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਦਾਤਾ ਸਿੰਘ ਨਮੋਲ ਨੇ ਕਿਹਾ ਕਿ ਜੇਕਰ ਜਲਦ ਹੀ ਇਨ੍ਹਾਂ ਬਲਾਕਾਂ ਦੇ ਅਧਿਆਪਕਾਂ ਦੀ ਤਨਖਾਹ ਦੀ ਅਦਾਇਗੀ ਉਨ੍ਹਾਂ ਨੂੰ ਨਹੀਂ ਕੀਤੀ ਜਾਂਦੀ ਤਾਂ ਜਥੇਬੰਦੀ ਸੰਘਰਸ਼ ਦੇ ਰਸਤੇ 'ਤੇ ਪੈਣ ਲਈ ਮਜਬੂਰ ਹੋਵੇਗੀ।

# ਯੂਥ ਕਾਂਗਰਸ ਦੇ ਪ੍ਰਧਾਨ ਦੀ ਮਨੀ ਗਰਗ ਨੇ ਜਿੱਤੀ ਚੋਣ



**ਜਗਰਾਉਂ (ਸੰਜੀਵ ਅਰੋੜਾ)**-ਜਗਰਾਉਂ ਯੂਥ ਕਾਂਗਰਸ ਦੀ ਆਨਲਾਈਨ ਚੋਣ ਵੋਟਿੰਗ 'ਚ ਮਨੀ ਗਰਗ ਨੇ ਸ਼ਾਨਦਾਰ ਜਿੱਤ ਹਾਸਲ ਕੀਤੀ। ਉਨ੍ਹਾਂ ਇਸ ਚੋਣ ਵਿੱਚ ਆਪਣੇ ਵਿਰੋਧੀ ਗੁਰਦੀਪ ਸਿੰਘ ਨੂੰ ਹਰੋਂਦਿਆਂ ਭਾਰੀ ਬਹੁਮਤ ਨਾਲ ਜਿੱਤ ਹਾਸਲ ਕੀਤੀ। ਲੁਧਿਆਣਾ ਦੇ ਐਮ. ਪੀ. ਰਵਨੀਤ ਸਿੰਘ ਬਿੱਟੂ ਅਤੇ ਸਾਬਕਾ ਮੰਤਰੀ ਮਲਕੀਤ ਸਿੰਘ ਦਾਖਾ ਸਮੇਤ ਸੀਨੀਅਰ ਲੀਡਰਸ਼ਿਪ ਨੇੜੇ ਮੰਨੇ ਜਾਂਦੇ ਮਨੀ ਗਰਗ ਵੱਲੋਂ ਇਸ ਜਿੱਤ ਤੇ ਸਮੂਹ ਯੂਥ ਦਾ ਧੰਨਵਾਦ ਕੀਤਾ। ਉਨ੍ਹਾਂ ਦੀ ਇਸ ਸ਼ਾਨਦਾਰ ਜਿੱਤ ਤੇ ਮੈਂਬਰ ਪਾਰਲੀਮੈਂਟ ਰਵਨੀਤ ਸਿੰਘ ਬਿੱਟੂ, ਸਾਬਕਾ ਮੰਤਰੀ ਮਲਕੀਤ ਸਿੰਘ ਦਾਖਾ, ਸਾਬਕਾ ਮੰਤਰੀ ਗੁਰਕੀਰਤ ਸਿੰਘ ਕੋਟਲੀ, ਸਾਬਕਾ ਵਿਧਾਇਕ ਗੁਰਦੀਪ ਸਿੰਘ ਭੈਣੀ, ਸਾਬਕਾ ਵਿਧਾਇਕ ਜਗਤਾਰ ਸਿੰਘ ਹਿਸੋਵਾਲ, ਜਨਰਲ ਸਕੱਤਰ ਸੰਦੀਪ ਸਿੰਘ ਸੰਧੂ, ਜ਼ਿਲ੍ਹਾ ਪ੍ਰਧਾਨ ਮੇਜਰ ਸਿੰਘ ਮੁੱਲਾਂਪੁਰ, ਸਾਬਕਾ ਚੇਅਰਮੈਨ ਮੇਜਰ ਸਿੰਘ ਭੈਣੀ, ਸਾਬਕਾ ਜ਼ਿਲ੍ਹਾਂ ਪ੍ਰਧਾਨ ਕਰਨਜੀਤ ਸਿੰਘ ਸੋਨੀ ਗਾਲਿਬ, ਸਾਬਕਾ ਚੇਅਰਮੈਨ ਕ੍ਰਿਸ਼ਨ ਕੁਮਾਰ ਬਾਵਾ, ਸਾਬਕਾ ਪ੍ਰਧਾਨ ਗੁਰਦੇਵ ਸਿੰਘ ਲਾਪਰਾਂ, ਸੁਰੇਸ਼ ਗਰਗ, ਸਾਬਕਾ ਚੇਅਰਮੈਨ ਸਤਿੰਦਰਪਾਲ ਸਿੰਘ ਕਾਕਾ ਗਰੇਵਾਲ, ਸਾਬਕਾ ਚੇਅਰਮੈਨ ਸੁਰਿੰਦਰ ਸਿੰਘ ਟੀਟੂ, ਸਾਬਕਾ ਮਨਜੀਤ ਭਰੋਵਾਲ, ਪ੍ਰਧਾਨ ਜਤਿੰਦਰਪਾਲ ਸਿੰਘ ਰਾਣਾ, ਹਰਜਿੰਦਰ ਸਿੰਘ ਢੀਡਸਾ ਪੀ.ਏ, ਜਨਰਲ ਸਕੱਤਰ ਲੱਕੀ ਸੰਧੂ, ਜ਼ਿਲ੍ਹਾ ਪ੍ਰਧਾਨ ਅਮਰਿੰਦਰ ਸੰਧੂ, ਜੀਵਨ ਬਾਘੀਆ ਸੰਮਤੀ ਮੈਂਬਰ, ਜਗਜੀਤ ਸਿੰਘ ਤਿਹਾੜਾ ਸੰਮਤੀ ਮੈਂਬਰ, ਨਿਰਮਲ ਸਿੰਘ ਧੀਰਾ, ਆੜ੍ਹਤੀਆਂ ਐਸੋਸੀਅਨ ਪ੍ਰਧਾਨ ਘਨੱਈਆ ਲਾਲ ਬਾਂਕਾ, ਸਰਪੰਚ ਮਹਿੰਦਰ ਸਿੰਘ ਮੱਧੇਪੁਰ, ਵਰਜੀਤ ਸਿੰਘ ਜੌਹਲ, ਸਰਪੰਚ ਕੁਲਦੀਪ ਕੋਠੇ ਸ਼ੇਰਜੰਗ, ਜ਼ਿਲ੍ਹਾ ਪ੍ਰੀਸ਼ਦ ਦਰਸ਼ਨ ਸਿੰਘ ਲੱਖਾ, ਭਜਨ ਸਿੰਘ ਸਵੱਦੀ, ਬਲਦੇਵ ਬਾਵਾ ਹੋਟਲ ਫਾਈਵ ਰੀਵਰ, ਮਨਮੋਹਨ ਕਤਿਆਲ ਹੋਟਲ ਸਨੇਹਮੋਹਨ ਨੇ ਵਧਾਈ ਦਿੰਦਿਆਂ ਕਿਹਾ ਕੀ ਮਨੀ ਗਰਗ ਅਣਥੱਕ ਵਰਕਰ ਹਨ, ਜਿਨ੍ਹਾਂ ਨੂੰ ਆਪਣੀ ਮਿਹਨਤ ਸਦਕਾ ਅੱਜ ਯੂਥ ਕਾਂਗਰਸ ਦੀ ਪ੍ਰਧਾਨਗੀ ਦਾ ਤਾਜ ਸਜਿਆ ਹੈ।

# ਨਹਿਰੂ ਯੁਵਾ ਕੇਂਦਰ ਬਠਿੰਡਾ ਨੇ 'ਯੁਵਾ ਉਤਸਵ' ਪ੍ਰੋਗਰਾਮ ਮਨਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਪ੍ਰਸਿੱਧ ਸਿੱਖਿਆ ਸੰਸਥਾ ਫਤਿਹ ਗਰੁੱਪ ਆਫ ਇੰਸਟੀਚਿਊਸ਼ਨਜ਼ ਰਾਮਪੁਰਾ ਫੂਲ ਵਿਖੇ ਜ਼ਿਲ੍ਹਾ ਪੱਧਰੀ ਯੁਵਾ ਉਤਸਵ ਪ੍ਰੋਗਰਾਮ ਨਹਿਰੂ ਯੁਵਾ ਕੇਂਦਰ ਬਠਿੰਡਾ ਵੱਲੋਂ ਸ਼ਾਨੋ ਸ਼ੌਕਤ ਨਾਲ ਮਨਾਇਆ ਗਿਆ। ਜਿਸ ਵਿੱਚ ਹਲਕੇ ਦੇ ਐਮ ਐਲ ਏ ਸੁਖਬੀਰ ਸਿੰਘ ਮਾਈਸਰਖਾਨਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਨਾਮ ਵੰਡ ਸਮਾਰੋਹ ਦੀ ਪ੍ਰਧਾਨਗੀ ਮੈਂਬਰ ਪਾਰਲੀਮੈਂਟ ਤੇ ਸਾਬਕਾ ਕੇਂਦਰੀ ਮੰਤਰੀ ਬੀਬੀ ਹਰਸਿਮਰਤ ਕੌਰ ਬਾਦਲ ਤੇ ਸਾਬਕਾ ਕੈਬਨਿਟ ਮੰਤਰੀ ਸਿਕੰਦਰ ਸਿੰਘ ਮਲੂਕਾ ਵਿਸ਼ੇਸ਼ ਮਹਿਮਾਨ ਤੌਰ 'ਤੇ ਪੁੱਜੇ। ਉਨ੍ਹਾਂ ਵੱਖ-ਵੱਖ ਵਿਭਾਗਾਂ ਵੱਲੋਂ ਲਗਾਈਆਂ ਗਈਆਂ ਕਲਾ ਪ੍ਰਦਰਸ਼ਨੀਆਂ ਤੇ ਆਪੋ-ਆਪਣੇ ਵਿਭਾਗ ਦੇ ਕਾਰਜਾਂ ਨੂੰ ਦਰਸਾਉਂਦੀਆਂ ਹੋਈਆਂ ਸਟਾਲਾਂ ਦਾ ਜਾਇਜ਼ਾ ਵੀ ਲਿਆ। ਵਿਧਾਇਕ ਸੁਖਵੀਰ ਸਿੰਘ ਮਾਈਸਰਖਾਨਾ ਨੇ ਕਿਹਾ ਕਿ ਹਰ ਤਰ੍ਹਾਂ ਦੀਆਂ ਸਾਹਿਤ ਕਲਾਵਾਂ ਸਾਡੀ ਜ਼ਿੰਦਗੀ ਦਾ ਇੱਕ ਅਨਿੱਖੜਵਾਂ ਹਿੱਸਾ ਹਨ ਅਤੇ ਮਾਨਸਿਕਤਾ ਦੀ ਮਜ਼ਬੂਤੀ ਲਈ ਸਾਹਿਤਕ ਕਲਾਵਾਂ ਵਡਮੁੱਲਾ ਯੋਗਦਾਨ ਪਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਜ਼ਿੰਦਗੀ ਵਿੱਚ ਹਰ ਨੌਜਵਾਨ ਨੂੰ ਕਿਸੇ ਨਾ ਕਿਸੇ ਸਾਹਿਤ ਕਲਾ ਨਾਲ ਜੁੜਨਾ ਚਾਹੀਦਾ ਹੈ। ਬੀਬਾ ਹਰਸਿਮਰਤ ਕੌਰ ਬਾਦਲ ਨੇ ਨੌਜਵਾਨਾਂ ਨੂੰ ਆਪਣੇ ਦੇਸ਼ ਦੇ ਵਿਕਾਸ ਵਿੱਚ ਹਾਂ ਪੱਖੀ ਯੋਗਦਾਨ ਪਾਉਣ ਲਈ ਪ੍ਰੇਰਦਿਆਂ ਅਹਿਮ ਗੱਲਾਂ ਸਾਂਝੀਆਂ ਕੀਤੀਆਂ। ਸਿਕੰਦਰ ਸਿੰਘ ਮਲੂਕਾ ਨੇ ਨਹਿਰੂ ਯੁਵਾ ਕੇਂਦਰ ਅਤੇ ਫਤਿਹ ਗਰੁੱਪ ਦੇ ਅਜਿਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਇਸ ਤੋਂ ਪਹਿਲਾਂ ਫਤਹਿ ਗਰੁੱਪ ਆਫ਼ ਇੰਸਟੀਚਿਊਸ਼ਨ ਦੇ ਚੇਅਰਮੈਨ ਸੁਖਮੰਦਰ ਸਿੰਘ ਚੱਠਾ ਨੇ ਪਹੁੰਚੀਆਂ ਸ਼ਖਸੀਅਤਾਂ ਦਾ ਧੰਨਵਾਦ ਕਰਦਿਆਂ ਨਹਿਰੂ ਯੁਵਾ ਕੇਂਦਰ ਵੱਲੋਂ ਨੌਜਵਾਨਾਂ ਦੀ ਭਲਾਈ ਲਈ ਕਰਵਾਏ ਜਾ ਰਹੇ ਯੁਵਾ ਉਤਸਵ ਪ੍ਰੋਗਰਾਮ ਦੀ ਸ਼ਲਾਘਾ ਕਰਦਿਆਂ ਸਿੱਖਿਆ ਦੀ ਮਹੱਤਤਾ 'ਤੇ ਚਾਨਣਾ ਪਾਇਆ। ਇਸ ਦੌਰਾਨ ਨਹਿਰੂ ਯੁਵਾ ਕੇਂਦਰ ਦੇ ਜ਼ਿਲ੍ਹਾ ਯੂਥ ਅਫ਼ਸਰ ਹਰਸ਼ਰਨ ਸਿੰਘ ਨੇ "ਆਜ਼ਾਦੀ ਕਾ ਅੰਮ੍ਰਿਤ ਮਹਾਂਉਤਸਵ" ਦੇ ਮੱਦੇਨਜ਼ਰ ਕਰਵਾਏ ਗਏ ਯੁਵਾ ਉਤਸਵ ਪ੍ਰੋਗਰਾਮ ਸੰਬੰਧੀ ਜਾਣਕਾਰੀ ਸਾਂਝੀ ਕੀਤੀ। ਸਮਾਗਮ ਦੌਰਾਨ ਵਿਦਿਆਰਥੀਆਂ ਦੇ ਕਵਿਤਾ, ਭਾਸ਼ਣ, ਫੋਟੋਗ੍ਰਾਫ਼ੀ, ਪੇਂਟਿੰਗ ਤੋਂ ਇਲਾਵਾ ਗਿੱਧਾ, ਭੰਗੜਾ ਅਤੇ ਸੰਮੀ ਦੇ ਵੀ ਮੁਕਾਬਲੇ ਕਰਵਾਏ ਗਏ। ਇਸ ਦੌਰਾਨ ਸੂਫ਼ੀ ਗਾਇਕ ਰਮਜਾਨ ਅਲੀ ਵੱਲੋਂ ਵੀ ਆਪਣੀ ਕਲਾ ਦੇ ਜੌਹਰ ਦਿਖਾਏ ਗਏ। ਸਮਾਗਮ ਮੌਕੇ ਪਹੁੰਚੀਆਂ ਸ਼ਖਸੀਅਤਾਂ ਅਤੇ ਵੱਖ-ਵੱਖ ਸਾਹਿਤਕ ਕਲਾਵਾਂ ਦੇ ਮੁਕਾਬਲਿਆਂ ਵਿੱਚ ਜੇਤੂ ਰਹੇ ਵਿਦਿਆਰਥੀਆਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਫੂਡ ਸੇਫਟੀ ਅਫਸਰ ਡਾ. ਤਰੁਣ ਬਾਂਸਲ ਨੇ ਆਪਣੀ ਟੀਮ ਸਮੇਤ ਫੂਡ ਸੇਫਟੀ ਵੈਨ ਵਿਚ ਖਾਧ ਪਦਾਰਥਾਂ ਦੀ ਜਾਂਚ ਵੀ ਕੀਤੀ।

# ਡਾ. ਗੁਰਮੀਤ ਸਿੰਘ ਚੀਮਾ ਮੁੱਖ ਖੇਤੀਬਾੜੀ ਅਫਸਰ ਨੇ ਸੰਭਾਲਿਆ ਚਾਰਜ



ਫਾਜ਼ਿਲਕਾ ਜ਼ਿਲ੍ਹੇ ਦੇ ਮੁੱਖ ਖੇਤੀਬਾੜੀ ਅਫਸਰ ਡਾ. ਗੁਰਮੀਤ ਸਿੰਘ ਚੀਮਾ ਚਾਰਜ ਸੰਭਾਲਦੇ।

**ਜਲਾਲਾਬਾਦ (ਜੀਤ ਕੁਮਾਰ)**-ਡਾ.ਗੁਰਮੀਤ ਸਿੰਘ ਚੀਮਾ ਜ਼ਿਲ੍ਹਾ ਫਾਜਿਲਕਾ ਦੇ ਮੁੱਖ ਖੇਤੀਬਾੜੀ ਅਫਸਰ ਜੋ ਕਿ ਸੰਗੂਰੂਰ ਤੋਂ ਬਦਲ ਕੇ ਇਥੇ ਆਏ ਹਨ, ਉਨ੍ਹਾਂ ਵੱਲੋਂ ਅੱਜ ਆਪਣਾ ਅਹੁਦਾ ਸੰਭਾਲ ਲਿਆ ਹੈ। ਇਸ ਤੋਂ ਪਹਿਲਾਂ ਇਥੇ ਤੈਨਾਤ ਜ਼ਿਲ੍ਹਾ ਫਾਜ਼ਿਲਕਾ ਦੇ ਖੇਤੀਬਾੜੀ ਅਫਸਰ ਡਾ.ਜੰਗੀਰ ਸਿੰਘ ਸੰਗਰੂਰ ਵਿਖੇ ਬਦਲੀ ਹੋ ਗਈ ਹੈ। ਅੱਜ ਜ਼ਿਲ੍ਹਾ ਫਾਜ਼ਿਲਕਾ ਦੇ ਨਵੇਂ ਆਏ ਮੁੱਖ ਖੇਤੀਬਾੜੀ ਅਫਸਰ ਡਾ.ਗੁਰਮੀਤ ਸਿੰਘ ਚੀਮਾ ਨੇ ਚਾਰਜ ਸੰਭਾਲਣ ਉਪਰੰਤ ਮੀਡੀਆ ਨਾਲ ਗੱਲਬਾਤ ਦੌਰਾਨ ਕਿਹਾ ਕਿ ਜ਼ਿਲ੍ਹਾ ਫਾਜ਼ਿਲਕਾ ਦੇ ਕਿਸਾਨਾਂ ਲਈ ਫਸਲਾਂ ਦੇ ਵਧੀਆ ਕੁਆਇਲਟੀ ਦੇ ਬੀਜ ਅਤੇ ਫਸਲਾਂ ਨੂੰ ਬਿਮਾਰੀਆਂ ਦੇ ਬਚਾਅ ਲਈ ਕੀੜੇਮਾਰ ਦਵਾਈਆਂ ਮੁਹੱਈਆ ਕਰਵਾਉਣ ਹਰ ਸੰਭਵ ਕੋਸ਼ਿਸ਼ ਕਰਨਗੇ। ਇਸੇ ਤਰ੍ਹਾਂ ਹੀ ਪੰਜਾਬ ਸਰਕਾਰ ਦੇ ਆਦੇਸ਼ਾਂ ਤਹਿਤ ਫਾਜ਼ਿਲਕਾ ਜ਼ਿਲ੍ਹੇ 'ਚ ਝੋਨੇ ਦੀ ਸਿੱਧੀ ਬਿਜਾਈ ਅਤੇ ਨਰਮੇ ਦੀ ਫਸਲ ਨੂੰ ਕਾਮਯਾਬ ਕਰਨ ਲਈ ਕੋਸ਼ਿਸ਼ ਜਾਵੇਗੀ। ਡਾ. ਗੁਰਮੀਤ ਸਿੰਘ ਚੀਮਾ ਨੇ ਕਿਹਾ ਕਿ ਝੋਨੇ ਦੀ ਪਰਾਲੀ ਨੂੰ ਸਾੜਨ ਦੀ ਬਜਾਏ ਜ਼ਮੀਨ ਵਿਚ ਦਬਾਉਣ ਲਈ ਕਿਸਾਨਾਂ ਨੂੰ ਸੰਦ ਸਬਸਿਡੀ 'ਤੇ ਦਿਵਾਉਣ ਲਈ ਕੋਸ਼ਿਸ਼ ਕਰਾਂਗੇ ਤਾਂ ਜੋ ਝੋਨੇ ਦੀ ਪਰਾਲੀ ਨੂੰ ਸਾੜਨ ਦੀ ਬਜਾਏ ਜ਼ਮੀਨ ਵਿਚ ਦਬਾ ਕੇ ਜਿੱਥੇ ਜ਼ਮੀਨ ਦੀ ਉਪਜਾਊ ਸ਼ਕਤੀ ਨੂੰ ਵਧਾਇਆ ਜਾ ਸਕੇ, ਉਥੇ ਪਰਾਲੀ ਨੂੰ ਸਾੜਨ ਨਾਲ ਹੋਣ ਵਾਲੇ ਨੁਕਸਾਨ ਬਾਰੇ ਕਿਸਾਨਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਲਈ ਕਿਸਾਨਾਂ ਨੂੰ ਵੀ ਅਪੀਲ ਹੈ ਕਿ ਉਹ ਝੋਨੇ ਦੀ ਪਰਾਲੀ ਨੂੰ ਸਾੜਨ ਦੀ ਬਜਾਏ ਖੇਤਾਂ ਵਿਚ ਹੀ ਦਬਾਉਣ ਦੀ ਕੋਸ਼ਿਸ਼ ਕਰਨ। ਇਸ ਮੌਕੇ ਅਬੋਹਰ ਦੇ ਬਲਾਕ ਅਫਸਰ ਡਾ.ਸੁੰਦਰ, ਫਾਜ਼ਿਲਕਾ ਦੇ ਬਲਾਕ ਅਫਸਰ ਡਾ. ਬਲਦੇਵ ਸਿੰਘ, ਖੂਈਆ ਸਵਰਨ ਬਲਾਕ ਅਫਸਰ ਡਾ. ਵਿਜੇ ਸਿੰਘ, ਜਲਾਲਾਬਾਦ ਬਲਾਕ ਅਫਸਰ ਹਰਪ੍ਰੀਤ ਪਾਲ ਕੌਰ, ਫਾਜ਼ਿਲਕਾ ਹੈਡਕੁਆਟਰ ਤੋਂ ਬਲਾਕ ਅਫਸਰ ਡਾ.ਮਮਤਾ ਲੂਨਾ, ਏ ਈ ਓ ਸੰਦੀਪ ਸਿੰਘ, ਏ ਡੀ ਓ ਹਰੀਸ਼ ਕੰਬੋਜ, ਏ ਡੀ ਓ ਅਸ਼ੀਸ਼ ਸ਼ਰਮਾ, ਏ ਡੀ ਓ ਪਰਵਿੰਦਰ ਸਿੰਘ, ਏ ਡੀ ਓ ਪਰਵਸ਼ ਕੰਬੋਜ, ਏ ਡੀ ਓ ਗੁਰਬੀਰ ਸਿੰਘ, ਏ ਡੀ ਓ ਨਗੀਨ ਗੋਇਲ, ਖੇਤੀਬਾੜੀ ਵਿਸਥਾਰ ਅਫਸਰ ਡਾ.ਸੰਦੀਪ ਬੱਲ ਆਦਿ ਹਾਜ਼ਰ ਸਨ।

# ਡੀ ਟੀ ਐੱਫ ਮੋਗਾ ਦਾ ਵਫ਼ਦ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਤੇ ਪ੍ਰਾਇਮਰੀ ਨੂੰ ਮਿਲਿਆ



**ਮੋਗਾ (ਅਮਰਜੀਤ ਬੱਬਰੀ)**-ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਜ਼ਿਲ੍ਹਾ ਕਮੇਟੀ ਮੋਗਾ ਦਾ ਵਫਦ ਜ਼ਿਲ੍ਹਾ ਪ੍ਰਧਾਨ ਸੁਖਪਾਲਜੀਤ ਸਿੰਘ ਦੀ ਅਗਵਾਈ ਵਿੱਚ ਅਧਿਆਪਕ ਮਸਲਿਆਂ ਸੰਬੰਧੀ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਤੇ ਪ੍ਰਾਇਮਰੀ ਨੂੰ ਮਿਲਿਆ। ਜ਼ਿਲ੍ਹਾ ਸਕੱਤਰ ਜਗਵੀਰਨ ਕੌਰ ਤੇ ਜ਼ਿਲ੍ਹਾ ਜਥੇਬੰਦਕ ਸਕੱਤਰ ਅਮਨਦੀਪ ਮਾਛੀਕੇ ਨੇ ਦੱਸਿਆ ਕਿ ਵਫ਼ਦ ਵੱਲੋਂ ਦੋਵੇਂ ਸਿੱਖਿਆ ਅਧਿਕਾਰੀਆਂ ਨਾਲ ਅਧਿਆਪਕ ਦੀਆਂ ਮੰਗਾਂ ਸੰਬੰਧੀ ਵਿਸਤਾਰ ਨਾਲ ਚਰਚਾ ਕੀਤੀ ਗਈ। ਜ਼ਿਲ੍ਹਾ ਸਿੱਖਿਆ ਅਫ਼ਸਰ ਪ੍ਰਾਇਮਰੀ ਨਾਲ ਐਚ. ਟੀ. ਤੋਂ ਸੀ. ਐਚ. ਟੀ. ਅਤੇ ਈ. ਟੀ. ਟੀ ਤੋਂ ਐਚ. ਟੀ. ਪ੍ਰੋਮੋਸ਼ਨਾਂ ਬਾਰੇ ਜਾਣਕਾਰੀ ਲਈ ਜਿਸ 'ਤੇ ਉਹਨਾਂ ਕਿਹਾ ਕਿ ਰਾਖਵਾਂਕਰਨ ਰੋਸਟਰ ਰਜਿਸਟਰ ਡੀ. ਪੀ. ਆਈ. ਦਫ਼ਤਰ ਵੈਰੀਫ਼ਾਈ ਹੋਣ ਗਿਆ ਹੈ ,ਉਹ ਵਾਪਸ ਆਉਣ 'ਤੇ ਤੁਰੰਤ ਪ੍ਰੋਮੋਸ਼ਨਾਂ ਕਰ ਦਿੱਤੀਆਂ ਜਾਣਗੀਆਂ। ਜਥੇਬੰਦੀ ਨੇ ਜ਼ੋਰ ਦੇ ਕੇ ਕਿਹਾ ਕਿ ਰੋਸਟਰ ਰਜਿਸਟਰ ਛੇਤੀ ਤੋਂ ਛੇਤੀ ਮੰਗਵਾ ਕੇ ਇਹ ਪ੍ਰੋਮੋਸ਼ਨਾਂ ਕੀਤੀਆਂ ਜਾਣ ਜਿਸ ਤੇ ਉਹਨਾਂ ਰੋਸਟਰ ਰਜਿਸਟਰ ਜਲਦੀ ਮੰਗਵਾਉਣ ਦਾ ਵਾਅਦਾ ਕੀਤਾ। ਅਧਿਆਪਕਾਂ ਦੇ ਮੈਡੀਕਲ ਬਜਟ ਬਾਰੇ ਪੁੱਛਣ 'ਤੇ ਉਹਨਾਂ ਦੱਸਿਆ ਕਿ ਜਿੰਨਾ ਬਜਟ ਪ੍ਰਾਪਤ ਹੋਇਆ ਸੀ ਉਹ ਬਲਾਕਾਂ ਨੂੰ ਵੰਡ ਦਿੱਤਾ ਗਿਆ ਹੈ। ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਨਾਲ ਵੀ ਅਧਿਆਪਕਾਂ ਦੇ ਮੈਡੀਕਲ ਬਿੱਲਾਂ ਬਾਰੇ ਪਤਾ ਕਰਨ 'ਤੇ ਉਹਨਾਂ ਦੱਸਿਆ ਕਿ ਜੋ ਵੀ ਬਜਟ ਉਪਰੋਂ ਪ੍ਰਾਪਤ ਹੁੰਦਾ ਹੈ ਉਹ ਉਵੇਂ ਹੀ ਸਕੂਲਾਂ ਨੂੰ ਵੰਡ ਦਿੱਤਾ ਜਾਂਦਾ ਹੈ। ਜ਼ਿਲ੍ਹਾ ਸਿੱਖਿਆ ਅਫ਼ਸਰ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਡਰੋਲੀ (ਲੜਕੇ) ਵਿੱਚ ਪੰਜਾਬੀ ਅਤੇ ਅੰਗਰੇਜ਼ੀ ਲੈਕਚਰਾਰ ਦੀ ਪੋਸਟ ਨਾ ਸ਼ੋਅ ਹੋਣ ਬਾਰੇ ਦੱਸਿਆ ਗਿਆ ਤਾਂ ਉਹਨਾਂ ਇਹ ਮਸਲਾ ਜਲਦੀ ਹੱਲ ਕਰਨ ਦਾ ਯਕੀਨ ਦਿਵਾਇਆ । ਜ਼ਿਲ੍ਹਾ ਸਿੱਖਿਆ ਅਫ਼ਸਰ ਨਾਲ ਅਧਿਆਪਕਾਂ ਨਾਲ ਵਿਦੇਸ਼ ਛੁੱਟੀ ਦੀ ਮਨਜ਼ੂਰੀ ਲਈ ਉਹਨਾਂ ਦੇ ਦਫ਼ਤਰ ਵਿੱਚ ਹੁੰਦੀ ਖੱਜਲ ਖੁਆਰੀ ਸੰਬੰਧੀ ਇਤਰਾਜ਼ ਜ਼ਾਹਰ ਕੀਤਾ ਗਿਆ ਤਾਂ ਉਹਨਾਂ ਵੱਲੋਂ ਅੱਗੇ ਤੋਂ ਇਹ ਖੱਜਲ ਖੁਆਰੀ ਨਾ ਹੋਣ ਦਾ ਭਰੋਸਾ ਦਿੱਤਾ ਗਿਆ। ਇਸ ਮੀਟਿੰਗ ਵਿੱਚ ਸੂਬਾ ਪ੍ਰਧਾਨ ਦਿਗਵਿਜੇਪਾਲ ਸ਼ਰਮਾ, ਗੁਰਮੀਤ ਝੋਰੜਾਂ ਜ਼ਿਲ੍ਹਾ ਪ੍ਰੈਸ ਸਕੱਤਰ, ਗੁਰਸ਼ਰਨ ਸਿੰਘ ਜ਼ਿਲ੍ਹਾ ਵਿੱਤ ਸਕੱਤਰ, ਦੀਪਕ ਮਿੱਤਲ, ਜਗਜੀਤ ਸਿੰਘ, ਨਰਿੰਦਰ ਸਿੰਘ, ਬਲਵਿੰਦਰ ਸਿੰਘ ਸਾਰੇ ਜ਼ਿਲ੍ਹਾ ਕਮੇਟੀ ਮੈਂਬਰ, ਮੈਡਮ ਮਧੂ, ਗੁਰਜੀਤ ਸਿੰਘ, ਰਾਜੇਸ਼ ਗਰਗ, ਰਾਕੇਸ਼ ਕੁਮਾਰ ਡੀ. ਪੀ., ਸੁਨੀਲ ਕੁਮਾਰ, ਗਗਨਦੀਪ ਸਿੰਘ, ਸਤਨਾਮ ਸਿੰਘ ਸੋਨੀ ਆਦਿ ਹਾਜ਼ਰ ਸਨ।

# ਗਗਨ ਸਿੰਘ ਸਰਪੰਚ ਨੂੰ ਮੂੰਹ ਮਿੱਠਾ ਕਰਵਾ ਕੇ ਜਗਸੀਰ ਕਾਲੇਕੇ ਨੇ ਦਿੱਤੀ ਵਧਾਈ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਕਾਂਗਰਸ ਦੇ ਸੀਨੀਅਰ ਆਗੂ ਅਤੇ ਮਾਰਕੀਟ ਕਮੇਟੀ ਬਾਘਾ ਪੁਰਾਣਾ ਦੇ ਸਾਬਕਾ ਚੇਅਰਮੈਨ ਜਗਸੀਰ ਸਿੰਘ ਕਾਲੇਕੇ ਦੇ ਗਰੁੱਪ ਦੇ ਗੁਰਿੰਦਰ ਸਿੰਘ ਗਗਨ ਸਰਪੰਚ ਯੂਥ ਕਾਂਗਰਸ ਦੀਆਂ ਚੋਣਾਂ ਦੇ ਵਿਚ ਮਿਲੀ ਬਲਾਕ ਯੂਥ ਕਾਂਗਰਸ ਦੀ ਪ੍ਰਧਾਨਗੀ ਨੇ ਕਾਂਗਰਸ ਪਾਰਟੀ ਦੇ ਵਰਕਰਾਂ ਅਤੇ ਆਗੂਆਂ ਦੇ ਵਿਚ ਖੁਸ਼ੀ ਦੀ ਲਹਿਰ ਪੈਦਾ ਕਰ ਦਿੱਤੀ ਹੈ। ਇਹ ਚੋਣ ਜਗਸੀਰ ਸਿੰਘ ਕਾਲੇਕੇ ਗਰੁੱਪ ਲਈ ਕਾਫੀ ਮਹੱਤਵਪੂਰਨ ਮੰਨੀ ਜਾਂਦੀ ਸੀ ਅਤੇ ਯੂਥ ਕਾਂਗਰਸ ਦੇ ਵਰਕਰਾਂ ਨੇ ਜਿਹੜਾ ਉਨ੍ਹਾਂ ਦਾ ਮਾਣ-ਸਨਮਾਨ ਬਰਕਰਾਰ ਰੱਖਿਆ ਹੈ ਉਸ ਲਈ ਜਗਸੀਰ ਸਿੰਘ ਕਾਲੇਕੇ ਹਮੇਸ਼ਾ ਉਨ੍ਹਾਂ ਦੇ ਰਿਣੀ ਰਹਿਣਗੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਅਤੇ ਮਾਰਕੀਟ ਕਮੇਟੀ ਬਾਘਾ ਪੁਰਾਣਾ ਦੇ ਸਾਬਕਾ ਚੇਅਰਮੈਨ ਜਗਸੀਰ ਸਿੰਘ ਕਾਲੇਕੇ ਨੇ ਗੁਰਿੰਦਰ ਸਿੰਘ ਗਗਨ ਸਰਪੰਚ ਯੂਥ ਕਾਂਗਰਸ ਬਲਾਕ ਬਾਘਾ ਪੁਰਾਣਾ ਦਾ ਮੂੰਹ ਮਿੱਠਾ ਕਰਵਾਉਂਦਿਆਂ ਵਧਾਈ ਦੇਣ ਸਮੇਂ ਕੀਤਾ। ਇਸ ਮੌਕੇ ਗੁਰਿੰਦਰ ਸਿੰਘ ਗਗਨ ਸਰਪੰਚ ਨੂੰ ਜਗਸੀਰ ਗਰਗ, ਬਿੱਟੂ ਮਿੱਤਲ, ਸੁੱਖਾ ਸਰਪੰਚ ਯੂਥ ਆਗੂ, ਸੀਪਾ ਰਾਜਿਆਣਾ ਵਾਇਸ ਚੇਅਰਮੈਨ, ਬਲਦੇਵ ਸਰਪੰਚ ਰੋਡੇ, ਮੱਖਣ ਪ੍ਰਧਾਨ ਬਾਘਾ ਪੁਰਾਣਾ, ਅਮਨਦੀਪ ਸਰਪੰਚ ਸਮਾਲਸਰ ਖੁਰਦ, ਜਗਸੀਰ ਸਰਪੰਚ ਲੰਗਿਆਣਾ, ਗੁਰਦੀਪ ਪ੍ਰਧਾਨ, ਹੈਪੀ ਸਰਪੰਚ ਰੋਡੇ, ਜਗਦੇਵ ਲਧਾਈ ਕੇ, ਸ਼ਸ਼ੀ ਗਰਗ, ਜੱਗਾ, ਗੁਰਮੁਖ ਸਿੰਘ, ਗੁਰਮੇਲ ਸਰਪੰਚ ਨੱਥੂਵਾਲਾ, ਗੁਰਤੇਜ ਬਲਾਕ ਪ੍ਰਧਾਨ ਨੱਥੂਵਾਲਾ, ਸੂਬਾ ਸਿੰਘ ਸੀਨੀਅਰ ਕਾਂਗਰਸੀ, ਚਮਕੌਰ ਸਰਪੰਚ ਲਧਾਈ ਕੇ, ਲਖਵੀਰ ਖੀਰੇ ਬਾਘਾ ਪੁਰਾਣਾ, ਅੰਮ੍ਰਿ ਬਾਘਾ ਪੁਰਾਣਾ, ਬਾਬਾ ਗੁਰਜੰਟ ਸਿੰਘ ਨੰਬਰਦਾਰ, ਗੁਰਨਾਮ ਸਿੰਘ ਮੈਂਬਰ ਨੇ ਵਧਾਈ ਦਿੱਤੀ ਤੇ ਮਿੱਠਾ ਕਰਵਾਇਆ। ਅੰਤ 'ਚ ਜਗਸੀਰ ਸਿੰਘ ਕਾਲੇਕੇ ਨੇ ਕਿਹਾ ਕਿ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਦੀ ਜਿੱਤ ਲਈ ਯੂਥ ਦੀ ਅਹਿਮ ਭੂਮਿਕਾ ਹੋਵੇਗੀ।

14July-PAGE-11-Majha-23.qxd 7/13/2023 10:43 PM Page 1



## ਮਹਿਲਾ ਕਾਰਕੁਨਾਂ 'ਤੇ ਕੇਸ ਦਰਜ ਕਰਨਾ ਲੋਕਤੰਤਰ ਦਾ ਕਤਲ: ਰਜਿੰਦਰਪਾਲ, ਕੰਵਲਜੀਤ ਝਬਾਲ



ਝਬਾਲ (ਹਰਜਿੰਦਰ ਸਿੰਘ ਸੋਨੀ/ਰੌਬਿਨ ਸਿੰਘ ਸੋਨੀ)-ਪੰਜਾਬ ਇਸਤਰੀ ਸਭਾ ਤਰਨ ਤਾਰਨ ਬਲਾਕ ਝਬਾਲ ਦੀ ਮੀਟਿੰਗ ਬਲਾਕ ਪ੍ਰਧਾਨ ਸਲਵਿੰਦਰ ਕੌਰ ਦੀ ਪ੍ਰਧਾਨਗੀ ਹੇਠ ਹੋਈ। ਕਾਰਵਾਈ ਬਲਾਕ ਸਕੱਤਰ ਕੰਵਲਜੀਤ ਕੌਰ ਨੇ ਚਲਾਈ। ਪੰਜਾਬ ਇਸਤਰੀ ਸਭਾ ਦੀ ਸੂਬਾ ਜਨਰਲ ਸਕੱਤਰ ਰਜਿੰਦਰਪਾਲ ਕੌਰ ਨੇ ਮਨੀਪੁਰ ਸਰਕਾਰ ਵੱਲੋਂ ਐਨ.ਐਫ. ਆਈ.ਡਬਲਿਊ.ਦੀ ਕੌਮੀ ਜਨਰਲ ਸਕੱਤਰ ਐਨੀ ਰਾਜਾ, ਸਕੱਤਰ ਨਿਸ਼ਾ ਸਿੱਧੂ, ਸੁਪਰੀਮ ਕੋਰਟ ਦੀ ਵਕੀਲ ਦੀਕਸ਼ਾ ਦਿਵੇਦੀ ਉੱਤੇ ਕੇਸ ਦਰਜ ਕਰਨ ਦੀ ਨਿਖੇਧੀ ਕੀਤੀ। ਤਿੰਨਾਂ ਕੌਮੀ ਕਾਰਕੁਨ ਨੇ ਦੰਗਾ ਗ੍ਰਸਤ ਰਾਜ ਮਨੀਪੁਰ ਵਿੱਚ ਸਥਿਤੀ ਦਾ ਜਾਇਜ਼ਾ ਲਿਆ ਅਤੇ ਪੀੜਤ ਲੋਕਾਂ ਨੂੰ ਮਿਲੇ। ਉਹਨਾਂ ਕੈਂਪਾਂ ਦਾ ਵੀ ਦੌਰਾ ਕੀਤਾ। ਉਹਨਾਂ ਨੇ ਵਾਪਸ ਆ ਕੇ ਸਰਕਾਰ ਕੋਲੋਂ ਮਨੀਪੁਰ ਵਿੱਚ ਸ਼ਾਂਤੀ ਬਹਾਲ ਕਰਵਾਉਣ ਦੀ ਮੰਗ ਕੀਤੀ ਅਤੇ ਪੀੜਤ ਲੋਕਾਂ ਦੀ ਸਹਾਇਤਾ ਵਾਸਤੇ ਮੁਹਿੰਮ ਵੀ ਚਲਾਈ। ਮਨੀਪੁਰ ਪੁਲਸ ਮੁਖੀ ਦੀ ਸ਼ਿਕਾਇਤ 'ਤੇ ਇਹਨਾਂ ਤਿੰਨਾਂ ਆਗੂਆਂ 'ਤੇ ਕੇਸ ਦਰਜ ਕਰ ਲਿਆ ਗਿਆ ਅਤੇ ਕਿਹਾ ਗਿਆ ਕਿ ਇਹਨਾਂ ਆਗੂਆਂ ਨੇ ਸਰਕਾਰ 'ਤੇ ਦੰਗੇ ਕਰਵਾਉਣ ਦਾ ਦੋਸ਼ ਲਗਾਇਆ ਹੈ ਅਤੇ ਮੁੱਖ ਮੰਤਰੀ ਦੇ ਅਸਤੀਫੇ ਨੂੰ ਡਰਾਮਾ ਦੱਸਿਆ ਹੈ। ਮਨੀਪੁਰ ਮਹਿਲਾ ਸੰਗਠਨ ਦੀ ਆਗੂ ਸਖੀ ਦੇਵੀ ਨੇ ਸਰਕਾਰ ਕੋਲੋਂ ਐਫ ਆਈ ਆਰ ਦੀ ਕਾਪੀ ਦੀ ਲਿਖਤੀ ਮੰਗ ਕੀਤੀ ਹੈ ਕਿ ਲੈਣ ਵਾਸਤੇ ਲਿਖਤੀ ਮੰਗ ਕੀਤੀ ਹੈ। ਜ਼ਿਲਾ ਮੀਤ ਪ੍ਰਧਾਨ ਬਲਵਿੰਦਰ ਝਬਾਲ ਨੇ ਮਨੀਪੁਰ ਸਰਕਾਰ ਦੀ ਨਿਖੇਧੀ ਕਰਦਿਆਂ ਮਨੀਪੁਰ ਸਰਕਾਰ ਤੋਂ ਕੇਸ ਰੱਦ ਕਰਨ ਦੀ ਮੰਗ ਕੀਤੀ। ਪੰਜਾਬ ਇਸਤਰੀ ਸਭਾ ਝਬਾਲ ਦੀਆਂ ਆਗੂਆਂ ਨੇ ਕਿਹਾ ਕਿ ਜੇ ਕੇਸ ਰੱਦ ਨਾ ਕੀਤਾ ਗਿਆ ਤਾਂ ਮੁਹਿੰਮ ਚਲਾਈ ਜਾਵੇਗੀ। ਕਿਸਾਨ ਯੂਨੀਅਨ ਦੇ ਆਗੂ ਗੁਰਬਿੰਦਰ ਸਿੰਘ ਸੋਹਲ, ਜਗਤਾਰ ਸਿੰਘ ਅਤੇ ਗੁਰਸ਼ਰਨ ਸਿੰਘ ਵੀ ਮੀਟਿੰਗ ਵਿੱਚ ਸ਼ਾਮਲ ਹੋਏ ਅਤੇ ਸਰਕਾਰ ਦੇ ਲੋਕਤੰਤਰ ਵਿਰੋਧੀ ਕਾਰੇ ਦੀ ਨਿਖੇਧੀ ਕਰਦਿਆਂ ਕੇਸ ਰੱਦ ਕਰਨ ਮੰਗ ਰੱਖੀ।

## ਡਿਪਟੀ ਕਮਿਸ਼ਨਰ ਵੱਲੋਂ ਜੂਡੋ ਖਿਡਾਰੀ ਜਸਲੀਨ ਸਿੰਘ ਸੈਣੀ ਨੂੰ ਗੋਲਡ ਮੈਡਲ ਹਾਸਲ ਕਰਨ 'ਤੇ ਵਧਾਈ

ਗੁਰਦਾਸਪੁਰ (ਜਨਕ ਮਹਾਜਨ)-ਗੁਰਦਾਸਪੁਰ ਸ਼ਹਿਰ ਦੇ ਵਸਨੀਕ ਅਤੇ ਇੰਟਰਨੈਸ਼ਨਲ ਜੂਡੋ ਖਿਡਾਰੀ ਜਸਲੀਨ ਸਿੰਘ ਸੈਣੀ ਨੂੰ ਏਸ਼ੀਅਨ ਜੂਡੋ ਓਪਨ ਚੈਪੀਅਨਸ਼ਿਪ ਵਿੱਚ ਗੋਲਡ ਮੈਡਲ ਹਾਸਲ ਕਰਨ 'ਤੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਵਧਾਈ ਦਿੱਤੀ ਹੈ। ਆਪਣੇ ਦਫ਼ਤਰ ਵਿੱਚ ਜੂਡੋ ਖਿਡਾਰੀ ਜਸਲੀਨ ਸਿੰਘ ਸੈਣੀ ਨਾਲ ਮੁਲਾਕਾਤ ਕਰਨ ਮੌਕੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਪੂਰੇ ਜ਼ਿਲ੍ਹੇ ਅਤੇ ਸੂਬੇ ਨੂੰ ਉਸ ਉੱਪਰ ਮਾਣ ਹੈ। ਉਨ੍ਹਾਂ ਕਿਹਾ ਕਿ ਜਸਲੀਨ ਸਿੰਘ ਸੈਣੀ ਨੇ ਬਹੁਤ ਵਧੀਆ ਖੇਡ ਦਾ ਮੁਜ਼ਾਹਰਾ ਕਰਦੇ ਹੋਏ ਏਸ਼ੀਅਨ ਜੂਡੋ ਓਪਨ ਚੈਪੀਅਨਸ਼ਿਪ ਵਿੱਚ ਗੋਲਡ ਮੈਡਲ ਹਾਸਲ ਕੀਤਾ ਹੈ। ਉਨ੍ਹਾਂ ਕਿਹਾ ਕਿ ਦੇਸ਼ ਨੂੰ ਉਸ ਕੋਲੋਂ ਹੋਰ ਵੀ ਵਿਸ਼ਵ ਪੱਧਰੀ ਮੁਕਾਬਲਿਆਂ ਵਿੱਚ ਏਵੇਂ ਦੇ ਪ੍ਰਦਰਸ਼ਨ ਦੀ ਹੀ ਆਸ ਹੈ ਅਤੇ ਉਹ ਹੋਰ ਵੀ ਵਿਸ਼ਵ ਪੱਧਰੀ ਮੁਕਾਬਲਿਆਂ ਵਿੱਚ ਭਾਰਤ ਲਈ ਗੋਲਡ ਮੈਡਲ ਜਿੱਤੇਗਾ। ਉਨ੍ਹਾਂ ਕਿਹਾ ਕਿ ਜਸਲੀਨ ਸਿੰਘ ਸੈਣੀ ਤੋਂ ਪ੍ਰੇਰਨਾ ਲੈ ਕੇ ਹੋਰ ਨੌਜਵਾਨ ਵੀ ਖੇਡਾਂ ਦੇ ਖੇਤਰ ਵਿੱਚ ਅੱਗੇ ਆ ਕੇ ਆਪਣੇ ਸੂਬੇ ਤੇ ਦੇਸ਼ ਦਾ ਨਾਂਅ ਰੌਸ਼ਨ ਕਰਨਗੇ। ਇਸ ਮੌਕੇ ਜ਼ਿਲ੍ਹਾ ਖੇਡ ਅਫ਼ਸਰ ਗੁਰਦਾਸਪੁਰ ਸਿਮਰਨਜੀਤ ਸਿੰਘ ਰੰਧਾਵਾ, ਡਾ. ਸਤਨਾਮ ਸਿੰਘ ਨਿੱਝਰ ਸਾਬਕਾ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ, ਅਮਰਜੀਤ ਸਿੰਘ ਸ਼ਾਸਤਰੀ, ਸਤਪਾਲ ਸਿੰਘ ਦਫ਼ਤਰ ਜ਼ਿਲ੍ਹਾ ਖੇਡ ਅਫ਼ਸਰ ਵੀ ਮੌਜੂਦ ਸਨ।

## ਚੇਅਰਮੈਨ ਰਮਨ ਬਹਿਲ ਨੇ ਨਵ-ਨਿਯੁਕਤ 22 ਹਾਊਸ ਸਰਜਨਾਂ ਨੂੰ ਦਿੱਤੇ ਨਿਯੁਕਤੀ ਪੱਤਰ



ਗੁਰਦਾਸਪੁਰ, (ਜਨਕ ਮਹਾਜਨ)-ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਵੱਲੋਂ ਅੱਜ ਸਥਾਨਕ ਸਿਵਲ ਸਰਜਨ ਦਫ਼ਤਰ ਵਿਖੇ ਪੰਜਾਬ ਸਰਕਾਰ ਵੱਲੋਂ ਨਵ-ਨਿਯੁਕਤ ਕੀਤੇ ਗਏ 22 ਹਾਊਸ ਸਰਜਨਾਂ ਨੂੰ ਨਿਯੁਕਤੀ ਪੱਤਰ ਵੰਡੇ ਗਏ। ਇਹ 22 ਹਾਊਸ ਸਰਜਨ 6 ਮਹੀਨੇ ਜ਼ਿਲ੍ਹਾ ਗੁਰਦਾਸਪੁਰ ਦੇ ਹਸਪਤਾਲਾਂ ਵਿੱਚ ਆਪਣੀਆਂ ਸੇਵਾਵਾਂ ਨਿਭਾਉਣਗੇ। ਨਿਯੁਕਤੀ ਪੱਤਰ ਦੇਣ ਮੌਕੇ ਹਾਊਸ ਸਰਜਨਾਂ ਨੂੰ ਵਧਾਈ ਦਿੰਦਿਆਂ ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿਹਤ ਦੇ ਖੇਤਰ ਵਿੱਚ ਸੁਧਾਰ ਕਰਨ ਦੇ ਆਪਣੇ ਵਾਅਦੇ ਨੂੰ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਸੂਬੇ ਭਰ ਵਿੱਚ ਆਮ ਆਦਮੀ ਦੀ ਸਹੂਲਤ ਲਈ ਨਵੇਂ ਆਮ ਆਦਮੀ ਕਲੀਨਿਕ ਖੋਲ੍ਹੇ ਗਏ ਹਨ ਜਿਸ ਲਈ ਮੈਡੀਕਲ ਸਟਾਫ਼ ਨੂੰ ਭਰਤੀ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਵਿੱਚ 22 ਹਾਊਸ ਸਰਜਨ ਨਿਯੁਕਤ ਕੀਤੇ ਗਏ ਹਨ ਜੋ 6 ਮਹੀਨੇ ਜ਼ਿਲ੍ਹਾ ਗੁਰਦਾਸਪੁਰ ਦੇ ਹਸਪਤਾਲਾਂ ਵਿੱਚ ਆਪਣੀਆਂ ਸੇਵਾਵਾਂ ਨਿਭਾਉਣਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਹਾਊਸ ਸਰਜਨਾਂ ਵਿੱਚੋਂ 16 ਹਾਊਸ ਸਰਜਨ ਜ਼ਿਲ੍ਹਾ ਹਸਪਤਾਲ ਗੁਰਦਾਸਪੁਰ ਜਦਕਿ 6 ਸਰਜਨ ਮਾਤਾ ਸੁਲੱਖਣੀ ਜੀ ਸਿਵਲ ਹਸਪਤਾਲ ਬਟਾਲਾ ਵਿਖੇ ਸੇਵਾਵਾਂ ਦੇਣਗੇ। ਉਨ੍ਹਾਂ ਕਿਹਾ ਕਿ ਹਾਊਸ ਸਰਜਨਾਂ ਦੀ ਨਿਯੁਕਤੀ ਨਾਲ ਡਾਕਟਰਾਂ ਦੀ ਘਾਟ ਦੂਰ ਹੋਵੇਗੀ ਅਤੇ ਸਰਕਾਰੀ ਹਸਪਤਾਲਾਂ ਦੀ ਓ.ਪੀ.ਡੀ. ਹੋਰ ਵੀ ਬਿਹਤਰ ਹੋਵੇਗੀ। ਹਾਊਸ ਸਰਜਨਾਂ ਨੂੰ ਵਧਾਈ ਦਿੰਦਿਆਂ ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਉਹ ਆਪਣੀਆਂ ਸੇਵਾਵਾਂ ਨੂੰ ਤਨਦੇਹੀ ਨਾਲ ਨਿਭਾਉਣ ਅਤੇ ਮਰੀਜ਼ਾਂ ਦਾ ਇਲਾਜ ਵਧੀਆ ਢੰਗ ਨਾਲ ਕਰਦੇ ਗੋਏ ਡਾਕਟਰੀ ਪੇਸ਼ੇ ਦੀਆਂ ਸ਼ਾਨਦਾਰ ਰਵਾਇਤਾਂ ਨੂੰ ਕਾਇਮ ਰੱਖਣ। ਇਸ ਮੌਕੇ ਸਿਵਲ ਸਰਜਨ ਡਾ. ਹਰਭਜਨ ਰਾਮ ਮਾਂਡੀ ਨੇ ਵੀ ਨਵ-ਨਿਯੁਕਤ ਹਾਊਸ ਸਰਜਨਾਂ ਨੂੰ ਵਧਾਈ ਦਿੱਤੀ ਅਤੇ ਮੈਡੀਕਲ ਪੇਸ਼ੇ ਵਿੱਚ ਕਾਮਯਾਬ ਹੋਣ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਮੌਕੇ ਡੀ.ਐੱਮ.ਸੀ. ਡਾ. ਰੋਮੀ ਰਾਜਾ, ਜ਼ਿਲ੍ਹਾ ਪਰਵਾਰ ਭਲਾਈ ਅਫ਼ਸਰ ਡਾ. ਤੇਜਿੰਦਰ ਕੌਰ, ਡੀ.ਆਈ.ਓ. ਡਾ. ਅਰਵਿੰਦ ਮਹਾਜਨ, ਡੀ.ਡੀ.ਐੱਚ.ਓ ਡਾ. ਲੋਕੇਸ਼ ਆਦਿ ਹਾਜ਼ਰ ਸਨ।

## ਸਤਲੁਜ ਦਰਿਆ ਦੇ ਹਰੇਕ ਕਿਲੋਮੀਟਰ 'ਤੇ ਬੰਨ੍ਹ ਬਣਾਉਣ ਨਾਲ ਹੀ ਹੜ੍ਹ ਰੁਕਣਗੇ: ਮਾਝੀਮੇਘਾ, ਗੁਰਦਿਆਲ



ਤਰਨ ਤਾਰਨ : ਮੀਂਹ ਨਾਲ ਆਏ ਹੜ੍ਹ ਅਤੇ ਲੋਕਾਂ ਦੇ ਹੋਏ ਜਾਨੀ ਤੇ ਮਾਲੀ ਨੁਕਸਾਨ 'ਤੇ ਚਿੰਤਾ ਜ਼ਾਹਰ ਕਰਦਿਆਂ ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ ਤੇ ਜ਼ਿਲ੍ਹਾ ਕਾਰਜਕਾਰਨੀ ਸਕੱਤਰ ਗੁਰਦਿਆਲ ਸਿੰਘ ਖਡੂਰ ਸਾਹਿਬ ਨੇ ਸਾਂਝਾ ਬਿਆਨ ਜਾਰੀ ਕਰਦਿਆਂ ਮੰਗ ਕੀਤੀ ਹੈ ਕਿ ਪੰਜਾਬ ਸਰਕਾਰ ਹੜ੍ਹਾਂ ਨਾਲ ਹੋਏ ਨੁਕਸਾਨ ਦੀ ਤੁਰੰਤ ਪੂਰਤੀ ਕਰੇ। ਹੜ੍ਹ ਪੀੜਤ ਲੋਕ ਬੜੀ ਬਿਪਤਾ ਵਿੱਚ ਫਸੇ ਹੋਏ ਹਨ। ਜਦੋਂ ਹਰੀਕੇ ਡੈਮ ਤੋਂ ਅੱਗੇ ਪਾਣੀ ਛੱਡਿਆ ਗਿਆ ਤੇ ਤਰਨ ਤਾਰਨ ਜ਼ਿਲ੍ਹੇ ਦੇ ਹਥਾੜ ਵਿੱਚ ਵਸਦੇ ਪਿੰਡ ਪਾਣੀ ਦੀ ਲਪੇਟ ਵਿੱਚ ਆ ਗਏ। ਹਾਲਾਤ ਇਹ ਬਣ ਗਏ ਕਿ ਕਈ ਪਿੰਡ ਖਾਲੀ ਕਰਨੇ ਪਏ। ਤੇਜ਼ ਪਾਣੀ ਫਸਲਾਂ ਵੀ ਰੋੜ ਕੇ ਲੈ ਗਿਆ। ਆਗੂਆਂ ਕਿਹਾ ਕਿ ਹੜ੍ਹ ਰੁਕ ਸਕਦੇ ਹਨ ਜੇ ਸਰਕਾਰ ਏਧਰ ਸਥਾਈ ਰੂਪ ਵਿੱਚ ਧਿਆਨ ਦੇਵੇ ਤਾਂ। ਹੜ੍ਹ ਦੇ ਪਾਣੀ ਨੂੰ ਰੋਕਣ ਦਾ ਇਲਾਜ ਇਹ ਹੈ ਕਿ ਸਤਲੁਜ ਦਰਿਆ 'ਤੇ ਹਰੇਕ ਕਿਲੋਮੀਟਰ 'ਤੇ ਪਾਣੀ ਰੋਕਣ ਲਈ ਗੇਟ ਉਸਾਰੇ ਜਾਣ। ਜਿੰਨਾ ਪਾਣੀ ਇੱਕ ਕਿਲੋਮੀਟਰ ਤੱਕ ਰੋਕ ਕੇ ਰੱਖਿਆ ਜਾ ਸਕਦਾ ਹੈ ਓਨਾ ਰੋਕਿਆ ਜਾਵੇ ਤੇ ਬਾਕੀ ਅਗਾਂਹ ਛੱਡ ਦਿੱਤਾ ਜਾਵੇ। ਇਸੇ ਤਰ੍ਹਾਂ ਹਰੇਕ ਕਿਲੋਮੀਟਰ 'ਤੇ ਕੀਤਾ ਜਾਵੇ। ਫਿਰ ਇਸ ਪਾਣੀ ਨੂੰ ਬਹੁਮੰਤਵੀ ਕੰਮਾਂ ਲਈ ਵਰਤਿਆ ਜਾਵੇ ਜਿਸ ਤੋਂ ਵੱਡੀ ਪੱਧਰ 'ਤੇ ਜਵਾਨੀ ਨੂੰ ਰੁਜ਼ਗਾਰ ਵੀ ਮਿਲ ਸਕਦਾ ਹੈ। ਪਰ ਸਰਕਾਰਾਂ ਏਧਰ ਧਿਆਨ ਨਹੀਂ ਦਿੰਦੀਆਂ। ਸਤਲੁਜ ਦਰਿਆ ਵਿੱਚ ਸਿਰਫ ਦੋ ਹੀ ਬੰਨ੍ਹ ਹਨ ਇੱਕ ਰੋਪੜ ਤੇ ਦੂਜਾ ਹਰੀਕੇ ਵਿਖੇ ਹੈ। ਸਰਬ ਭਾਰਤ ਨੌਜਵਾਨ ਸਭਾ ਤੇ ਏ ਆਈ ਐਸ ਐਫ ਨੇ ਸਤਲੁਜ ਦਰਿਆ 'ਤੇ ਹਰੇਕ ਕਿਲੋਮੀਟਰ 'ਤੇ ਪਾਣੀ ਰੋਕਣ ਲਈ ਗੇਟ ਬਣਾਉਣ ਦੀ ਮੰਗ ਕਰਤਾਰ ਸਿੰਘ ਸਰਾਭਾ ਦੇ ਦਿਹਾੜੇ 'ਤੇ 2004 ਵਿੱਚ ਬਠਿੰਡਾ ਵਿਖੇ ਮਹਾਨ ਇਕੱਠ ਵਿੱਚ ਰੱਖੀ ਸੀ ਪਰ ਸਰਕਾਰਾਂ ਨੇ ਕੋਈ ਗੌਰ ਨਹੀਂ ਕੀਤਾ। ਗੌਰ ਨਾ ਕਰਨ ਦੀ ਮਾਰ ਸਾਡੇ ਅਭੋਲ ਲੋਕ ਝੱਲ ਰਹੇ ਹਨ।

## ਤਰਨ ਤਾਰਨ ਬੱਸ ਅੱਡੇ ਦਾ ਵਿਧਾਇਕ ਸੋਹਲ ਨੇ ਕੀਤਾ ਅਚਨਚੇਤ ਦੌਰਾ



ਤਰਨ ਤਾਰਨ (ਸਾਗਰ ਅਰੋੜਾ)-ਤਰਨਤਾਰਨ ਹਲਕੇ ਦੇ ਲੋਕਾਂ ਨੂੰ ਵੱਧ ਤੋਂ ਵੱਧ ਸਹੂਲਤਾਂ ਦੇਣ ਲਈ ਤਰਨ ਤਾਰਨ ਦੇ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਵੱਲੋਂ ਕਈ ਤਰ੍ਹਾਂ ਦੇ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਹੀ ਤਰ੍ਹਾਂ ਅੱਜ ਵਿਧਾਇਕ ਡਾ. ਸੋਹਲ ਵੱਲੋਂ ਬੱਸ ਅੱਡੇ ਤਰਨ ਤਾਰਨ ਦਾ ਦੌਰਾ ਕੀਤਾ ਗਿਆ ਤੇ ਅੱਡੇ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਅਤੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ। ਅੱਡੇ ਦੇ ਹਾਲਾਤ ਏਨੇ ਕੁ ਮਾੜੇ ਸਨ ਕਿ ਵਿਧਾਇਕ ਵੀ ਹੈਰਾਨ ਰਹਿ ਗਏ। ਬੱਸ ਅੱਡੇ ਤਰਨ ਤਾਰਨ 'ਚ ਪੱਖੇ ਬੰਦ ਪਏ ਸਨ, ਪੀਣ ਵਾਲੇ ਪਾਣੀ ਦਾ ਕੋਈ ਖਾਸ ਪ੍ਰਬੰਧ ਨਹੀਂ ਸੀ। ਬਾਥਰੂਮਾਂ ਦੇ ਹਾਲਾਤ ਵੀ ਕਾਫੀ ਤਰਸਯੋਗ ਸਨ। ਬਾਥਰੂਮ ਵਿੱਚ ਵੀ ਕਾਫੀ ਗੰਦਗੀ ਵੇਖਣ ਨੂੰ ਮਿਲੀ। ਜਿਸ ਕਾਰਨ ਸਵਾਰੀਆਂ ਅਤੇ ਲੋਕ ਕਾਫੀ ਪਰੇਸ਼ਾਨ ਸਨ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਡਾ. ਸੋਹਲ ਨੇ ਕਿਹਾ ਕਿ ਬੱਸ ਅੱਡੇ ਤਰਨ ਤਾਰਨ ਦੇ ਹਾਲਾਤ ਬਹੁਤ ਮਾੜੇ ਹਨ ਅਤੇ ਅਧਿਕਾਰੀਆਂ ਵੱਲੋਂ ਆਪਣੀ ਕੋਈ ਜ਼ਿੰਮੇਵਾਰੀ ਪੂਰੀ ਤਰ੍ਹਾਂ ਇਮਾਨਦਾਰੀ ਨਾਲ ਨਹੀਂ ਨਿਭਾਈ ਜਾ ਰਹੀ। ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਸਬੰਧਤ ਅਧਿਕਾਰੀ ਜੀ ਐਮ ਬੱਸ ਅੱਡਾ, ਨਾਜਰ ਅਤੇ ਸਟੇਸ਼ਨ ਸੁਪਰਵਾਈਜ਼ਰ ਨੂੰ ਆਪਣੀ ਡਿਊਟੀ ਇਮਾਨਦਾਰੀ ਅਤੇ ਜ਼ਿੰਮੇਵਾਰੀ ਨਾਲ ਕਰਨ ਦੀ ਤਾੜਨਾ ਕੀਤੀ ਗਈ ਅਤੇ ਭਵਿੱਖ ਵਿੱਚ ਅਜਿਹੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਧਰ ਜਸਵਿੰਦਰ ਸਿੰਘ ਚੌਹਾਨ ਨੇ ਮੰਨਿਆ ਕਿ ਵਾਕਿਆ ਹੀ ਅੱਡੇ ਦੇ ਹਾਲਾਤ ਮਾੜੇ ਹਨ। ਉਨ੍ਹਾ ਕੁਝ ਦਿਨ ਪਹਿਲਾਂ ਹੀ ਤਰਨ ਤਾਰਨ ਬੱਸ ਅੱਡੇ ਦਾ ਚਾਰਜ ਸੰਭਾਲਿਆ ਹੈ। ਉਨ੍ਹਾ ਵਿਧਾਇਕ ਨੂੰ ਵਿਸ਼ਵਾਸ ਦਿਵਾਇਆ ਕਿ ਆਉਣ ਵਾਲੇ 15 ਦਿਨਾਂ ਦੇ ਅੰਦਰ-ਅੰਦਰ ਬੱਸ ਅੱਡੇ ਦੀ ਹਾਲਤ ਵਿੱਚ ਸੁਧਾਰ ਲਿਆਂਦਾ ਜਾਵੇਗਾ ਅਤੇ ਲਾਪਰਵਾਹੀ ਕਰਨ ਵਾਲੇ ਅਧਿਕਾਰੀਆਂ ਖਿਲਾਫ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਐਡਵੋਕੇਟ ਪ੍ਰਦੀਪ ਸਿੰਘ ਪੀ ਏ, ਐਡਵੋਕੇਟ ਕੋਮਲਪ੍ਰੀਤ ਸਿੰਘ ਪੀ.ਏ, ਗੁਰਵੰਤ ਸਿੰਘ ਰੋੜਾਵਾਲੀਏ, ਮਾਸਟਰ, ਗੁਰਵਿੰਦਰ ਸਿੰਘ ਪਲਾਸੌਰ, ਨਿਰਵੈਲ ਸਿੰਘ, ਸਰਬਰਿੰਦਰ ਸਿੰਘ ਭੈਰੋਵਾਲ, ਮਾਸਟਰ ਤਸਵੀਰ ਸਿੰਘ ਚੇਅਰਮੈਨ, ਮਾਸਟਰ ਸ਼ਿੰਗਾਰਾ ਸਿੰਘ ਆਦਿ ਹਾਜ਼ਰ ਸਨ।

## ਖ਼ਾਲਸਾ ਕਾਲਜ ਲਾਅ 'ਚ ਕੈਬਨਿਟ ਮੰਤਰੀ ਨੇ ਕੀਤੀਆਂ ਯਾਦਾਂ ਸਾਂਝੀਆਂ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਖਾਲਸਾ ਕਾਲਜ ਆਫ਼ ਲਾਅ ਦੇ ਸਾਬਕਾ ਵਿਦਿਆਰਥੀ ਅਤੇ ਪੰਜਾਬ ਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ, ਜੋ ਕਿ ਪੰਜਾਬ ਸਰਕਾਰ 'ਚ ਬਿਜਲੀ ਅਤੇ ਲੋਕ ਨਿਰਮਾਣ ਵਿਭਾਗ ਸੰਭਾਲਦੇ ਹਨ, ਨੇ ਆਪਣੀ ਮਾਤਰੀ ਸੰਸਥਾ ਖਾਲਸਾ ਕਾਲਜ ਆਫ਼ ਲਾਅ ਦਾ ਦੌਰਾ ਕੀਤਾ। ਕਾਲਜ ਡਾਇਰੈਕਟਰ-ਕਮ-ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਮੰਤਰੀ ਹਰਭਜਨ ਸਿੰਘ ਦਾ ਕਾਲਜ ਵਿਹੜੇ ਪੁੱਜਣ 'ਤੇ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਸਵਾਗਤ ਕੀਤਾ। ਇਸ ਉਪਰੰਤ ਹਰਭਜਨ ਸਿੰਘ ਨੇ ਕਾਲਜ ਅਧਿਆਪਕਾਂ ਅਤੇ ਹੋਰ ਸਟਾਫ ਮੈਂਬਰਾਂ ਨਾਲ ਮੁਲਾਕਾਤ ਕੀਤੀ ਅਤੇ ਆਪਣੇ ਕਾਲਜ ਦੇ ਵਿਦਿਆਰਥੀ ਰਹਿਣ ਸਮੇਂ ਦੇ ਅਨੁਭਵ ਅਤੇ ਯਾਦਾਂ ਸਾਂਝੀਆਂ ਕੀਤੀਆਂ। ਹਰਭਜਨ ਸਿੰਘ ਜੋ ਕਿ ਕਰੀਬ ਡੇਢ ਘੰਟਾ ਕਾਲਜ ਵਿਖੇ ਰਹੇ, ਨੇ ਆਪਣੇ ਵਿਦਿਆਰਥੀ ਸਮੇਂ ਦੌਰਾਨ ਅਧਿਆਪਕਾਂ ਅਤੇ ਸਟਾਫ਼ ਦੇ ਵਿਵਹਾਰ ਸੰਬੰਧੀ ਗੱਲਬਾਤ ਕਰਦਿਆਂ ਅਦਾਰੇ ਦੁਆਰਾ ਵਿਦਿਆਰਥੀਆਂ ਨੂੰ ਸਮੇਂ ਦੇ ਹਾਣ ਦਾ ਬਣਾਉਣ ਸੰਬੰਧੀ ਵਕਾਲਤ ਦੀਆਂ ਹਰੇਕ ਬਰੀਕੀਆਂ ਅਤੇ ਹੋਰਨਾਂ ਸੁਵਿਧਾਵਾਂ ਪ੍ਰਦਾਨ ਕੀਤੇ ਜਾਣ ਦੀ ਸ਼ਲਾਘਾ ਕੀਤੀ।

ਇਸ ਮੌਕੇ ਡਾ. ਗੁਨੀਸ਼ਾ ਸਲੂਜਾ, ਡਾ. ਹਰਪ੍ਰੀਤ ਕੌਰ, ਡਾ. ਸੀਮਾ ਰਾਣੀ, ਡਾ. ਰਾਸ਼ੀਮਾ ਪ੍ਰਭਾਕਰ, ਡਾ. ਪੂਰਨਿਮਾ ਖੰਨਾ, ਡਾ. ਦਿਵਿਆ ਸ਼ਰਮਾ, ਡਾ. ਪਵਨਦੀਪ ਕੌਰ, ਡਾ. ਮੋਹਿਤ ਸੈਣੀ, ਡਾ. ਨਿਧੀ, ਪ੍ਰੋ. ਉਤਕਰਸ਼ ਸੇਠ, ਰਣਜੀਤ ਸਿੰਘ ਆਦਿ ਸਟਾਫ ਮੈਂਬਰ ਹਾਜ਼ਰ ਸਨ।

## ਸੱਤ ਰੋਜ਼ਾ ਐੱਨ ਐੱਸ ਐੱਸ ਕੈਂਪ ਲਾਇਆ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਹਿੰਦੂ ਕੰਨਿਆਂ ਮਹਾਂਵਿਦਿਆਲਿਆ ਕਾਲਜ ਧਾਰੀਵਾਲ ਵਿਖੇ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਕੇ ਕੇ ਸ਼ਰਮਾ, ਸਕੱਤਰ ਰਮੇਸ਼ ਕੋਹਲੀ ਅਤੇ ਪ੍ਰਿੰਸੀਪਲ ਸੁਮਨ ਨੰਦਾ ਦੇ ਦਿਸ਼ਾ ਨਿਰਦੇਸ਼ਾਂ ਤੇ ਪ੍ਰੋਗਰਾਮ ਅਫਸਰ ਡਾ. ਰਜਵਿੰਦਰ ਕੌਰ ਨਾਗਰਾ ਅਤੇ ਡਾ. ਸੀਮਾ ਸੈਣੀ ਦੀ ਅਗਵਾਈ ਹੇਠ ਸੱਤ ਰੋਜ਼ਾ ਐੱਨ.ਐੱਸ.ਐੱਸ ਕੈਂਪ ਲਾਇਆ ਗਿਆ। ਪ੍ਰੋਗਰਾਮ ਅਫਸਰ ਡਾ. ਰਜਵਿੰਦਰ ਕੌਰ ਨਾਗਰਾ ਅਤੇ ਡਾ. ਸੀਮਾ ਸੈਣੀ ਨੇ ਦੱਸਿਆ ਇਸ ਕੈਂਪ ਦੌਰਾਨ 100 ਵਲੰਟੀਅਰਾਂ ਨੇ ਭਾਗ ਲਿਆ ਅਤੇ ਇਨ੍ਹਾਂ ਵਲੰਟੀਅਰਾਂ ਦੇ ਪੰਜ ਗਰੁੱਪ ਬਣਾਏ ਗਏ। ਕੈਂਪ ਦੌਰਾਨ ਕਾਲਜ ਕੰਪਲੈਕਸ ਦੀ ਸਫਾਈ ਕੀਤੀ ਗਈ। ਇਸ ਮੌਕੇ ਨਸ਼ਿਆਂ ਖਿਲਾਫ ਜਾਗਰੂਕਤਾ ਰੈਲੀ ਵੀ ਕੱਢੀ ਗਈ। ਇਸ ਮੌਕੇ ਵਲੰਟੀਅਰਾਂ ਨੇ ਸਮਾਜਕ ਬੁਰਾਈਆਂ ਅਤੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਅਤੇ ਨਸ਼ਿਆਂ ਨਾਲ ਸਰੀਰ ਨੂੰ ਲੱਗਣ ਵਾਲੇ ਰੋਗਾਂ ਅਤੇ ਬੁਰੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ। ਕੈਂਪ ਦੌਰਾਨ ਵਿਦਿਆਰਥਣਾਂ ਨੂੰ ਬਿਰਧ ਆਸ਼ਰਮ ਦੌਰਾ ਵੀ ਕਰਵਾਇਆ ਗਿਆ। ਬਿਰਧ ਆਸ਼ਰਮ ਦੇ ਸੰਚਾਲਕ ਮੈਡਮ ਅਰਚਨਾ ਨੇ ਵਲੰਟੀਅਰਾਂ ਨੂੰ ਵਿਦਿਆਰਥਣਾਂ ਨੂੰ ਬਜ਼ੁਰਗਾਂ ਦੀ ਸਾਂਭ ਸੰਭਾਲ, ਪਿਆਰ ਤੇ ਸਤਿਕਾਰ ਕਰਨ ਲਈ ਨੈਤਿਕ ਸਿੱਖਿਆ ਦਿੱਤੀ। ਇਸ ਤੋਂ ਇਲਾਵਾ ਵਿਦਿਆਰਥਣਾਂ ਕੋਲੋਂ ਵੱਖ ਵੱਖ ਗਤੀਵਿਧੀਆਂ ਕਰਵਾਈਆਂ ਗਈਆਂ ਜਿਵੇਂ ਨੇਲ ਆਰਟ, ਨੋਟਿਸ ਬੋਰਡ ਡੈਕੋਰੇਸ਼ਨ ਮੁਕਾਬਲੇ, ਮਹਿੰਦੀ ਮੁਕਾਬਲੇ ਅਤੇ ਨਸ਼ਿਆਂ, ਵਾਤਾਵਰਨ ਤੇ ਪਲਾਸਟਿਕ ਦੀ ਵਰਤੋਂ ਨਾਲ ਨੁਕਸਾਨ ਪੋਸਟਰ ਮੁਕਾਬਲੇ ਆਦਿ ਕਰਵਾਏ ਗਏ। ਕੈਂਪ ਦੀ ਸਮਾਪਤੀ ਮੌਕੇ ਕਰਵਾਏ ਸਮਾਗਮ ਦੌਰਾਨ ਪਿੰਡ ਸਰਸਪੁਰ ਦੇ ਸਰਪੰਚ ਗੁਰਵਿੰਦਰ ਸਿੰਘ ਬੋਪਾਰਾਏ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਐੱਨ.ਐੱਸ.ਐੱਸ ਵਲੰਟੀਅਰਾਂ ਨੂੰ ਕੈਂਪ ਲਾਉਣ ਵਧਾਈ ਦਿੱਤੀ ਅਤੇ ਸਮਾਜ ਦੀ ਸੇਵਾ ਕਰਨ ਲਈ ਪ੍ਰੇਰਿਤ ਕੀਤਾ। ਕੈਂਪ ਦੌਰਾਨ ਪਿੰਡ ਸਰਸਪੁਰ ਦੇ ਗੁਰਦੁਆਰਾ ਸਾਹਿਬ ਵਿਖੇ ਕਾਲਜ ਪ੍ਰਧਾਨ ਕੇ ਕੇ ਸ਼ਰਮਾ, ਪਿੰਡ ਦੇ ਸਰਪੰਚ ਗੁਰਵਿੰਦਰ ਸਿੰਘ ਅਤੇ ਪ੍ਰੋਗਰਾਮ ਅਫਸਰ ਡਾ. ਰਜਵਿੰਦਰ ਕੌਰ ਨਾਗਰਾ ਤੇ ਡਾ. ਸੀਮਾ ਸੈਣੀ ਅਤੇ ਵਲੰਟੀਅਰਾਂ ਵੱਲੋਂ ਪੌਦੇ ਲਗਾ ਕੇ ਵਾਤਾਵਰਨ ਦੀ ਸੰਭਾਲ ਅਤੇ ਵਾਤਾਵਰਨ ਵਿੱਚ ਫੈਲ ਰਹੇ ਪ੍ਰਦੂਸ਼ਣ ਦੀ ਰੋਕਥਾਮ ਲਈ ਵਰਤੇ ਜਾਣ ਵਾਲੇ ਢੰਗ ਤਰੀਕਿਆਂ ਸੰਬੰਧੀ ਜਾਣਕਾਰੀ ਦਿੱਤੀ। ਇਸ ਮੌਕੇ ਪਿੰਡ ਦੇ ਨੰਬਰਦਾਰ ਅਵਤਾਰ ਸਿੰਘ, ਲੈਕਚਰਾਰ ਸੁਖਜਿੰਦਰ ਸਿੰਘ, ਮਨਦੀਪ ਸਿੰਘ, ਗੁਰਨਾਮ ਸਿੰਘ ਆਦਿ ਵੀ ਮੌਜੂਦ ਸਨ।

## ਖਾਲਸਾ ਕਾਲਜ ਦੇ ਸਕਿੱਲ ਡਿਵੈਲਪਮੈਂਟ ਕੇਂਦਰ ਨੂੰ ਮਿਲੀ ਮਾਨਤਾ



ਅੰਮ੍ਰਿਤਸਰ( ਜਸਬੀਰ ਸਿੰਘ ਪੱਟੀ)-ਖਾਲਸਾ ਕਾਲਜ ਦੇ ਵੱਕਾਰੀ ਸਕਿੱਲ ਡਿਵੈਲਪਮੈਂਟ ਸੈਂਟਰ ਨੂੰ ਭਾਰਤ ਸਰਕਾਰ ਦੇ ਸਕਿੱਲ ਇੰਡੀਆ ਪ੍ਰੋਗਰਾਮ ਪਾਸੋਂ ਮਾਨਤਾ ਮਿਲੀ ਹੈ। ਇਸ ਪ੍ਰੋਗਰਾਮ ਤਹਿਤ ਮੌਜੂਦਾ ਸੈਸ਼ਨ 'ਚ 90 ਤੋਂ ਵਧੇਰੇ ਵਿਦਿਆਰਥੀਆਂ ਨੂੰ ਬੇਹਤਰ ਪਲੇਸਮੈਂਟ ਅਤੇ ਉੱਦਮੀ ਬਣਨ ਲਈ ਵਿਸ਼ੇਸ਼ ਹੁਨਰਾਂ 'ਚ ਸਿਖਲਾਈ ਦੇ ਉਦੇਸ਼ ਨਾਲ ਵੱਖ-ਵੱਖ ਕੋਰਸਾਂ 'ਚ ਦਾਖਲਾ ਪ੍ਰਾਪਤ ਹੋਇਆ ਹੈ। ਨੈਸ਼ਨਲ ਸਕਿੱਲ ਡਿਵੈਲਪਮੈਂਟ ਕਾਰਪੋਰੇਸ਼ਨ ਦੀ ਪ੍ਰਧਾਨ ਮੰਤਰੀ ਕੌਸ਼ਲ ਵਿਕਾਸ ਯੋਜਨਾ ਅਧੀਨ ਦਾਖਲ ਹੋਏ ਵਿਦਿਆਰਥੀਆਂ ਨੂੰ ਵਿਸ਼ੇਸ਼ ਸਿਖਲਾਈ ਦਿੱਤੀ ਜਾਵੇਗੀ। ਮੁੱਖ ਖੇਤਰ ਜਿਨ੍ਹਾਂ 'ਚ ਦਾਖਲੇ ਹੋਏ ਹਨ ਉਨ੍ਹਾਂ 'ਚ ਸਾਫਟਵੇਅਰ ਇੰਜੀਨੀਅਰਿੰਗ, ਫੂਡ ਸੇਲਜ਼ ਪ੍ਰਮੋਸ਼ਨ ਅਤੇ ਸਵੈ-ਰੁਜ਼ਗਾਰ ਲਈ ਟੇਲਰਿੰਗ ਸ਼ਾਮਲ ਹਨ। ਇਨ੍ਹਾਂ ਕੋਰਸਾਂ ਲਈ ਵਿਦਿਆਰਥੀ ਮੁਫ਼ਤ ਸਿਖਲਾਈ ਪ੍ਰਾਪਤ ਕਰਨਗੇ ਅਤੇ ਕੇਂਦਰ ਦੇ ਐਨ. ਐਸ. ਡੀ. ਸੀ. ਅਧੀਨ ਸਕਿੱਲ ਇੰਡੀਆ ਪ੍ਰੋਗਰਾਮ ਤੋਂ ਸਰਟੀਫਿਕੇਟ ਪ੍ਰਾਪਤ ਕਰਨਗੇ, ਜੋ ਕਿ ਭਾਰਤ ਸਮੇਤ ਵਿਦੇਸ਼ਾਂ 'ਚ ਵੀ ਮਾਨਤਾ ਪ੍ਰਾਪਤ ਹੋਵੇਗਾ। ਪਿਛਲੇ ਸਮੇਂ ਐਨ. ਐਸ. ਡੀ. ਸੀ. ਦੇ ਉੱਚ ਅਧਿਕਾਰੀਆਂ ਖਾਸ ਕਰਕੇ ਸਲਾਹਕਾਰ ਡਾ. ਸੰਦੀਪ ਸਿੰਘ ਕੌੜਾ ਨੇ ਕਾਲਜ ਕੈਂਪਸ ਦਾ ਦੌਰਾ ਕੀਤਾ ਅਤੇ ਐਸ. ਡੀ. ਸੀ. 'ਚ ਮੌਜੂਦ ਬੁਨਿਆਦੀ ਢਾਂਚੇ ਅਤੇ ਸਹੂਲਤਾਂ ਤੋਂ ਪ੍ਰਭਾਵਿਤ ਹੋਏ। ਇਸ ਸੈਂਟਰ ਦੀ ਸਥਾਪਨਾ 2021 'ਚ ਅਮਰੀਕਾ ਸਥਿਤ ਖਾਲਸਾ ਗਲੋਬਲ ਰੀਚ ਪਾਸੋਂ ਵਿੱਤੀ ਸਹਾਇਤਾ ਨਾਲ ਬਣਾਈ ਬਹੁ-ਮੰਜ਼ਿਲੀ ਇਮਾਰਤ 'ਚ ਸ਼ੁਰੂ ਕੀਤੀ ਗਈ ਸੀ। ਕਾਲਜ ਪ੍ਰਿੰਸੀਪਲ ਡਾ. ਮਹਿਲ ਸਿੰਘ ਨੇ ਕਿਹਾ ਕਿ ਇਹ ਸੈਂਟਰ ਕਾਲਜ ਦੇ ਵਿਦਿਆਰਥੀਆਂ ਲਈ ਹੀ ਨਹੀਂ ਸਗੋਂ ਪੂਰੇ ਸਰਹੱਦੀ ਖੇਤਰ ਦੇ ਨੌਜਵਾਨਾਂ ਨੂੰ ਹੁਨਰ ਸਿਖਲਾਈ ਪ੍ਰਦਾਨ ਕਰਨ ਲਈ ਸਹਾਈ ਸਿੱਧ ਹੋਵੇਗਾ। ਉਨ੍ਹਾਂ ਕਿਹਾ ਕਿ 10ਵੀਂ ਅਤੇ 12ਵੀਂ ਪਾਸ ਕਰਨ ਵਾਲੇ ਵਿਦਿਆਰਥੀ ਇਨ੍ਹਾਂ ਕੋਰਸਾਂ 'ਚ ਦਾਖਲਾ ਲੈ ਸਕਦੇ ਹਨ। ਉਨ੍ਹਾਂ ਕਿਹਾ ਕਿ ਕਾਲਜ ਦਾ ਉਕਤ ਸੈਂਟਰ ਖਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਰਜਿੰਦਰ ਮੋਹਨ ਸਿੰਘ ਛੀਨਾ ਦੀ ਦੂਰਅੰਦੇਸ਼ੀ ਸੋਚ ਸਦਕਾ ਸਥਾਪਤ ਕੀਤਾ ਗਿਆ ਹੈ ਅਤੇ ਇਸ ਖੇਤਰ ਦਾ ਇਕ ਵਿਲੱਖਣ ਕੇਂਦਰ ਹੈ। ਉਨ੍ਹਾਂ ਕਿਹਾ ਕਿ ਸੈਂਟਰ ਦੀ ਇਮਾਰਤ ਖਾਲਸਾ ਗਲੋਬਲ ਰੀਚ ਫਾਊਂਡੇਸ਼ਨ, ਯੂ. ਐਸ. ਏ. ਦੁਆਰਾ ਦਿੱਤੀ ਗਈ ਵਿੱਤੀ ਮਦਦ ਨਾਲ ਬਣਾਈ ਗਈ ਹੈ, ਜੋ ਕਿ ਡਾ. ਗੁਰਵਿੰਦਰ ਕੌਰ ਅਤੇ ਡਾ. ਬਖਸ਼ੀਸ਼ ਸਿੰਘ ਸੰਧੂ ਦੀ ਗਤੀਸ਼ੀਲ ਪ੍ਰਧਾਨਗੀ ਹੇਠ ਕੰਮ ਕਰਦੀ ਹੈ। ਪਿਛਲੇ 2 ਸਾਲਾਂ 'ਚ 2000 ਤੋਂ ਵੱਧ ਵਿਦਿਆਰਥੀ ਵੱਖ-ਵੱਖ ਪ੍ਰੋਗਰਾਮਾਂ ਤੋਂ ਲਾਭ ਉਠਾ ਚੁੱਕੇ ਹਨ।

ਹੁਨਰ ਅਧਾਰਿਤ ਸਿਖਲਾਈ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਕੇਂਦਰ ਦੇ ਡਾਇਰੈਕਟਰ ਡਾ. ਐਮ. ਐਸ. ਬੱਤਰਾ ਨੇ ਨਵੇਂ ਬੈਚ ਦੇ ਵਿਦਿਆਰਥੀਆਂ ਦਾ ਸਵਾਗਤ ਕੀਤਾ ਅਤੇ ਕਿਹਾ ਕਿ ਅੱਜ-ਕੱਲ੍ਹ ਰਵਾਇਤੀ ਕੋਰਸ ਤਾਂ ਗਿਆਨ ਪ੍ਰਦਾਨ ਕਰ ਰਹੇ ਹਨ ਪਰ ਉਦਯੋਗ ਦੀਆਂ ਲੋੜਾਂ ਅਨੁਸਾਰ ਵਿਦਿਆਰਥੀਆਂ ਨੂੰ ਤਿਆਰ ਕਰਕੇ ਨੌਕਰੀਆਂ ਯੋਗ ਬਣਾਉਣ ਦੀ ਜ਼ਰੂਰਤ ਹੈ। ਇਸ ਮੌਕੇ ਡਾ. ਮਨਬੀਰ ਸਿੰਘ, ਪ੍ਰੋ: ਹਰਭਜਨ ਸਿੰਘ, ਪ੍ਰੋ: ਜਸਮੀਤ ਕੌਰ, ਡਾ. ਐਸ. ਐਸ. ਮੰਟੋ, ਡਾ. ਅਮਿਤ ਆਨੰਦ, ਡਾ. ਅਜੈ ਸਹਿਗਲ, ਪ੍ਰੋ: ਤਰਨਦੀਪ ਸਿੰਘ ਔਲਖ, ਪ੍ਰੋ: ਅਰਚਨਾ ਸਿੰਹਮਾਰ, ਪ੍ਰੋ: ਪ੍ਰਿਯਾ ਤੋਂ ਇਲਾਵਾ ਹੋਰ ਸਟਾਫ਼ ਹਾਜ਼ਰ ਸੀ।

## ਦਿੱਲੀ ਮਸ਼ੀਨ ਟੂਲ ਐਕਸਪੋ 2023 ਦਾ ਚੌਥਾ ਐਡੀਸ਼ਨ 24 ਅਗਸਤ ਤੋਂ ਹੋਵੇਗਾ

ਲੁਧਿਆਣਾ : ਇੰਡੀਅਨ ਮਸ਼ੀਨ ਟੂਲ ਮੈਨੂਫੈਕਚਰਰਜ਼ ਐਸੋਸੀਏਸ਼ਨ (ਆਈ.ਐੱਮ.ਟੀ.ਐੱਮ.ਏ.) ਦੁਆਰਾ ਆਯੋਜਿਤ ਦਿੱਲੀ ਮਸ਼ੀਨ ਟੂਲ ਐਕਸਪੋ (ਡੀ.ਐੱਮ.ਟੀ.ਐਕਸ. 2023) ਦਾ ਚੌਥਾ ਐਡੀਸ਼ਨ 24 ਤੋਂ 27 ਅਗਸਤ ਤੱਕ ਨਵੀਂ ਦਿੱਲੀ ਦੇ ਪ੍ਰਗਤੀ ਮੈਦਾਨ, ਵਿੱਚ ਹੋਣ ਜਾ ਰਿਹਾ ਹੈ। ਡੀ.ਐੱਮ.ਟੀ.ਐਕਸ. 2023 ਵਿੱਚ 250 ਤੋਂ ਜ਼ਿਆਦਾ ਪ੍ਰਦਰਸ਼ਕ ਸ਼ਾਮਲ ਹੋਣਗੇ ਜੋ ਕਿ ਤਕਰੀਬਨ ਲਗਭਗ 12,000 ਵਰਗ ਮੀਟਰ ਦੇ ਖੇਤਰ ਵਿੱਚ ਆਯੋਜਿਤ ਹੋਣ ਜਾ ਰਹੀ ਇਸ ਪ੍ਰਦਰਸ਼ਨੀ ਵਿੱਚ ਧਾਤੂ ਕੱਟਣ, ਧਾਤੂ ਨਿਰਮਾਣ, ਧਾਤੂ ਵਿਗਿਆਨ, ਉੱਚ ਪਰਿਸ਼ੁੱਧਤਾ ਮਸ਼ੀਨ ਟੂਲਸ ਅਤੇ ਤਕਨਾਲੋਜੀ ਅਤੇ ਹਲਾਂ ਵਿੱਚ ਨਵੀਆਂ ਤਕਨਾਲੋਜੀਆਂ ਅਤੇ ਨਵਾਚਾਰਾਂ ਦਾ ਪ੍ਰਦਰਸ਼ਨ ਕਰਨਗੇ। ਭਾਰਤੀ ਅਤੇ ਵਿਦੇਸ਼ੀ ਪ੍ਰਦਰਸ਼ਕਾਂ ਨੂੰ ਮਿਲਾ ਕੇ 15,000 ਤੋਂ ਵੱਧ ਸੈਲਾਨੀਆਂ ਦੇ ਜੁੜਨ ਦੀ ਉਮੀਦ ਹੈ ਜੋ ਕਿ ਐਕਸਪੋ ਵਿੱਚ ਹਿੱਸਾ ਲੈਣ ਆਉਣਗੇ। ਐਕਸਪੋ ਦੇ ਪੈਵੇਲੀਅਨ ਮੈਟਰੋਲੋਜੀ ਐਕਸਪੋ (ਮੈਟਰੋਲੋਜੀ, ਪਰੀਖਣ ਉਪਕਰਣ ਅਤੇ ਮਸ਼ੀਨਰੀ) ਅਤੇ ਵੈਲਡ ਐਕਸਪੋ (ਵੈਲਡਿੰਗ, ਕਟਿੰਗ ਅਤੇ ਜੁਆਇਨਿੰਗ) 'ਤੇ ਹੋਣਗੇ। ਆਯੋਜਨ ਦੇ ਮੁੱਖ ਉਦੇਸ਼ 'ਤੇ ਬੋਲਦੇ ਹੋਏ ਆਈ.ਐੱਮ.ਟੀ.ਐੱਮ.ਏ. ਦੇ ਮਹਾਂ ਨਿਰਦੇਸ਼ਕ ਅਤੇ ਸੀ ਈ ਓ ਜੀਬਕ ਦਾਸਗੁਪਤਾ ਨੇ ਕਿਹਾ ਕਿ ਆਈ.ਐੱਮ.ਟੀ.ਐੱਮ.ਏ. ਉੱਤਰੀ ਭਾਰਤੀ ਖੇਤਰ ਵਿੱਚ ਉਦਯੋਗਿਕ ਇਕਾਈਆਂ ਨੂੰ ਉੱਭਰਦੀਆਂ ਤਕਨਾਲੋਜੀਆਂ ਨਾਲ ਸਮਰੱਥ ਬਣਾਉਣ ਲਈ ਐਕਸਪੋ ਦਾ ਆਯੋਜਨ ਕਰ ਰਿਹਾ ਹੈ।

## ਪਿੰਡ ਭੁੱਲਰ 'ਚ ਮੀਟਿੰਗ ਦੌਰਾਨ ਰਵਾਇਤੀ ਪਾਰਟੀਆਂ ਦੇ 70 ਪਰਵਾਰ ਆਪ 'ਚ ਹੋਏ ਸ਼ਾਮਲ



ਫਤਿਹਗੜ੍ਹ ਚੂੜੀਆਂ (ਜਸਦੇਵ ਮਾਨ) -ਹਲਕਾ ਫਤਿਹਗੜ੍ਹ ਚੂੜੀਆਂ ਦੇ ਇੰਚਾਰਜ ਅਤੇ ਚੇਅਰਮੈਨ ਪਨਸਪ ਪੰਜਾਬ ਬਲਬੀਰ ਸਿੰਘ ਪੰਨੂੰ ਵੱਲੋਂ ਪਿੰਡ ਭੁੱਲਰ ਵਿਖੇ ਪਰਮਜੀਤ ਸਿੰਘ ਦੇ ਗ੍ਰਹਿ ਭਰਵੀਂ ਮੀਟਿੰਗ ਕੀਤੀ ਗਈ।

ਇਸ ਮੌਕੇ ਰਵਾਇਤੀ ਪਾਰਟੀਆਂ ਨੂੰ ਅਲਵਿਦਾ ਕਹਿ ਕੇ 70 ਪਰਵਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ। ਇਸ ਮੌਕੇ ਚੇਅਰਮੈਨ ਬਲਬੀਰ ਸਿੰਘ ਪੰਨੂ ਨੇ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰ ਇੱਕ ਵਿਅਕਤੀ ਨੂੰ ਬਰਾਬਰ ਮਾਣ ਸਤਿਕਾਰ ਦਿੱਤਾ ਜਾਵੇਗਾ। ਇਸ ਮੌਕੇ ਚੇਅਰਮੈਨ ਬਲਬੀਰ ਸਿੰਘ ਪੰਨੂ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਦੇ ਸਰਬਪੱਖੀ ਵਿਕਾਸ ਤੇ ਭਲਾਈ ਸਕੀਮਾਂ ਦਾ ਲਾਭ ਪਾਰਦਰਸ਼ੀ ਢੰਗ ਨਾਲ ਦੇਣ ਲਈ ਵਚਨਬੱਧ ਹੈ।

ਪੰਜਾਬ ਸਰਕਾਰ ਵੱਲੋਂ ਮਹਿਜ਼ 15 ਮਹੀਨਿਆਂ ਦੇ ਅੰਦਰ ਲਏ ਵੱਡੇ ਇਤਿਹਾਸਕ ਫੈਸਲਿਆਂ ਦੀ ਗੱਲ ਕਰਦਿਆਂ ਦੱਸਿਆ ਕਿ ਸਿੱਖਿਆ ਦਾ ਮਿਆਰ ਹੋਰ ਉੱਚਾ ਚੁੱਕਣ ਲਈ ਸਕੂਲ ਆਫ ਐਮੀਨੈਂਸ ਖੋਲ੍ਹੇ ਗਏ, ਲੋਕਾਂ ਦੀ ਸਿਹਤ ਸਹੂਲਤ ਨੂੰ ਮੁੱਖ ਰੱਖਦਿਆਂ 500 ਤੋਂ ਵੱਧ ਆਮ ਆਦਮੀ ਕਲੀਨਿਕ ਖੋਲ੍ਹੇ ਗਏ, 600 ਯੂਨਿਟ ਤੱਕ ਬਿਜਲੀ ਦੇ ਬਿੱਲ ਮਾਫ ਕੀਤੇ ਗਏ।

## ਫ੍ਰੀਡਮ ਫਾਈਟਰ ਆਰਗਨਾਈਜੇਸ਼ਨ ਦੇ ਮੰਡਲ ਨੇ ਐੱਸ ਡੀ ਐੱਮ ਨੂੰ ਸਮੱਸਿਆਵਾਂ ਤੋਂ ਕਰਵਾਇਆ ਜਾਣੂ



ਪਠਾਨਕੋਟ (ਦਵਿੰਦਰ ਸਿੰਘ)-ਫ੍ਰੀਡਮ ਫਾਈਟਰ ਸਕਸੈਸਰ ਆਰਗਨਾਈਜ਼ੇਸ਼ਨ ਦਾ ਇੱਕ ਸਿਸਟ ਮੰਡਲ ਪ੍ਰਧਾਨ ਬਖਤਾਬਰ ਸਿੰਘ ਦੀ ਪ੍ਰਧਾਨਗੀ ਵਿੱਚ ਐਸ.ਡੀ.ਐਮ. ਪਠਾਨਕੋਟ ਕਾਲਾ ਰਾਮ ਕਾਂਸਲ ਨੂੰ ਮਿਲਿਆ। ਇਸ ਮੌਕੇ ਆਰਗਨਾਈਜੇਸ਼ਨ ਦੇ ਪ੍ਰਧਾਨ ਤਰਸੇਮ ਸਿੰਘ ਦੇ ਨਾਲ ਗੁਰਜੀਤ ਸਿੰਘ, ਕੁਲਵੰਤ ਸਿੰਘ, ਸੁਰਿੰਦਰ ਸਿੰਘ, ਅਮਰਜੀਤ ਸਿੰਘ, ਸਰਦਾਰੀ ਲਾਲ ਅਤੇ ਹੋਰ ਮੈਂਬਰ ਵੀ ਹਾਜ਼ਰ ਸਨ। ਇਸ ਮੌਕੇ ਜਾਣਕਾਰੀ ਦਿੰਦਿਆਂ ਪ੍ਰਧਾਨ ਬਖਤਾਬਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਆਰਗਨਾਈਜੇਸ਼ਨ ਅਜ਼ਾਦੀ ਘੁਲਾਟੀਏ ਦੇ ਵਾਰਸਾਂ ਦੀ ਹੈ ਅਤੇ ਉਨ੍ਹਾਂ ਦੇ ਵੱਡੇ ਬਜ਼ੁਰਗਾਂ ਦਾ ਦੇਸ਼ ਦੀ ਅਜ਼ਾਦੀ ਵਿੱਚ ਵੱਡਾ ਯੋਗਦਾਨ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਕੁਝ ਸਮੇਂ ਤੋਂ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਮੰਗ ਕੀਤੀ ਕਿ ਫ੍ਰੀਡਮ ਫਾਈਟਰ ਪਰਵਾਰਾਂ ਦੇ ਆਈ.ਡੀ. ਕਾਰਡ ਅਤੇ ਸਰਟੀਫਿਕੇਟ ਸਰਲ ਵਿਧੀ ਨਾਲ ਬਣਾਉਣ ਲਈ ਨਵੀਂ ਕਾਰਜ ਪ੍ਰਣਾਲੀ ਅਪਣਾਈ ਜਾਵੇ। ਉਨ੍ਹਾਂ ਕਾਲਾ ਰਾਮ ਕਾਂਸਲ ਐਸ.ਡੀ.ਐਮ. ਪਠਾਨਕੋਟ ਨੂੰ ਆਪਣੀਆਂ ਹੋਰ ਪ੍ਰੇਸ਼ਾਨੀਆਂ ਤੋਂ ਵੀ ਜਾਣੂ ਕਰਵਾਇਆ। ਇਸ ਮੌਕੇ ਕਾਲਾ ਰਾਮ ਕਾਂਸਲ ਐਸ.ਡੀ.ਐਮ. ਪਠਾਨਕੋਟ ਨੇ ਫ੍ਰੀਡਮ ਫਾਈਟਰ ਪਰਵਾਰਕ ਮੈਂਬਰਾਂ ਨੂੰ ਕਿਹਾ ਕਿ ਉਨ੍ਹਾਂ ਦੇ ਬਜ਼ੁਰਗਾਂ ਸਦਕਾ ਅਤੇ ਉਨ੍ਹਾਂ ਦੇ ਯੋਗਦਾਨ ਨਾਲ ਅਸੀਂ ਅਜ਼ਾਦੀ ਲੈਣ ਵਿੱਚ ਸਫਲ ਹੋਏ ਸੀ ਅਤੇ ਜ਼ਿਲ੍ਹਾ ਪ੍ਰਸ਼ਾਸਨ ਫ੍ਰੀਡਮ ਫਾਈਟਰ ਪਰਵਾਰਾਂ ਦਾ ਦਿਲ ਤੋਂ ਸਤਿਕਾਰ ਕਰਦਾ ਹੈ ਅਤੇ ਕਰਦਾ ਰਹੇਗਾ। ਉਨ੍ਹਾਂ ਨੂੰ ਸਰਕਾਰੀ ਦਫਤਰਾਂ ਅਤੇ ਹੋਰਨਾਂ ਕਾਰਜਾਂ ਵਿੱਚ ਵੀ ਉਨ੍ਹਾਂ ਦਾ ਬਣਦਾ ਮਾਣ ਸਨਮਾਨ ਦਿੱਤਾ ਜਾਵੇਗਾ। ਉਨ੍ਹਾਂ ਭਰੋਸਾ ਦਿੱਤਾ ਕਿ ਆਈ.ਡੀ. ਕਾਰਡ ਅਤੇ ਸਰਟੀਫਿਕੇਟ ਦੋਨੋ ਇੱਕ ਸਮੇਂ ਅੰਦਰ ਹੀ ਬਣਾਇਆ ਜਾਇਆ ਕਰਨਗੇ ਤਾਂ ਜੋ ਕਿਸੇ ਵੀ ਫ੍ਰੀਡਮ ਫਾਈਟਰ ਪਰਵਾਰਕ ਮੈਂਬਰ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਇਸ ਤੋਂ ਇਲਾਵਾ ਅਜ਼ਾਦੀ ਦਿਹਾੜੇਂ ਤੇ ਵੀ ਉਨ੍ਹਾਂ ਦਾ ਬਣਦਾ ਮਾਣ ਸਨਮਾਨ ਦਿੱਤਾ ਜਾਵੇਗਾ।

## ਮੰਤਰੀ ਭੁੱਲਰ ਨੇ ਹੜ੍ਹ ਪੀੜਤ ਪਰਵਾਰਾਂ ਦੇ ਪਸ਼ੂਆਂ ਲਈ ਵੰਡੀ 2500 ਤੋੜੇ ਫੀਡ



ਪੱਟੀ, (ਬਲਦੇਵ ਸਿੰਘ ਸੰਧੂ /ਸ਼ਮਸ਼ੇਰ ਸਿੰਘ ਯੋਧਾ) - ਸਤਲੁਜ ਬਿਆਸ ਦਰਿਆ ਵਿੱਚ ਆਏ ਹੜ੍ਹ ਕਾਰਨ ਵਿਧਾਨ ਸਭਾ ਹਲਕਾ ਪੱਟੀ ਦੇ 35 ਦੇ ਕਰੀਬ ਪ੍ਰਭਾਵਿਤ ਹੋਏ ਪਰਵਾਰਾਂ ਦੇ ਰੈਣ ਬਸੇਰੇ ਲਈ ਪੰਜਾਬ ਸਰਕਾਰ ਨੇ 7 ਸਕੂਲਾਂ ਵਿੱਚ ਉਹਨਾ ਦੇ ਖਾਣ ਪੀਣ ਤੇ ਡਾਕਟਰੀ ਸਹੂਲਤਾਂ ਦੇ ਪੁਖਤਾ ਪ੍ਰਬੰਧ ਕੀਤੇ ਹਨ।

ਓਥੇ ਹੀ ਇਹਨਾ ਪਰਵਾਰਾਂ ਦੇ ਪਸ਼ੂਆਂ ਲਈ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਆਪਣੇ ਕੋਲੋਂ 2500 ਤੋੜੇ ਫੀਡ ਤੇ ਚੋਕਰ ਡਿਪਟੀ ਕਮਿਸ਼ਨਰ ਬਲਦੀਪ ਕੌਰ ਤੇ ਐਸ ਐਸ ਪੀ ਗੁਰਮੀਤ ਸਿੰਘ ਚੌਹਾਨ ਦੀ ਮੌਜੂਦਗੀ 'ਚ ਵੰਡੇ। ਇਸ ਮੌਕੇ ਮੰਤਰੀ ਭੁੱਲਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹੜ੍ਹ ਕਾਰਨ ਪ੍ਰਭਾਵਿਤ ਹੋਏ 35 ਦੇ ਕਰੀਬ ਪਿੰਡਾਂ ਤੇ ਉਹਨਾਂ ਪਿੰਡਾਂ ਦੀਆਂ ਬਹਿਕਾਂ 'ਤੇ ਵੱਸਦੇ ਪਰਵਾਰਾਂ ਅਤੇ ਪਸ਼ੂਆਂ ਨੂੰ ਬਾਹਰ ਕੱਢ ਕੇ ਸੁਰੱਖਿਅਤ ਥਾਵਾਂ 'ਤੇ ਪਹੁੰਚਾ ਦਿੱਤਾ ਗਿਆ ਹੈ। ਪਰਵਾਰ ਜਿਹਨਾਂ ਦੇ ਘਰ ਉੱਚੀਆਂ ਥਾਵਾਂ 'ਤੇ ਸਥਿਤ ਹਨ ਉਹ ਆਪਣੇ ਘਰਾਂ ਵਿੱਚ ਮੌਜੂਦ ਹਨ।

ਮੰਤਰੀ ਭੁੱਲਰ ਨੇ ਕਿਹਾ ਕਿ ਹੜ੍ਹ ਦੇ ਪਾਣੀ ਕਾਰਨ ਲੋਕਾਂ ਦੀ ਝੋਨੇ ਤੇ ਚਾਰੇ ਦੀ ਫਸਲ ਖਰਾਬ ਹੋਵੇਗੀ। ਉਹਨਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਪਛੇਤਰੇ ਝੋਨੇ ਦੀ ਪਨੀਰੀ ਦਾ ਬੀਜ ਉਹ ਆਪਣੇ ਖਰਚੇ 'ਤੇ ਦੇਣਗੇ ਤਾਂ ਕਿ ਲੋਕ ਫਿਰ ਤੋਂ ਝੋਨੇ ਦੀ ਫਸਲ ਬੀਜ ਸਕਣ। ਇਸ ਮੌਕੇ ਚੈਅਰਮੈਨ ਦਿਲਬਾਗ ਸਿੰਘ, ਮੀਡੀਆ ਇੰਚਾਰਜ ਅਵਤਾਰ ਸਿੰਘ ਢਿੱਲੋ, ਗੁਰਨਾਮ ਸਿੰਘ ਬੱਬੀ ਬਾਠ ਸਰਪੰਚ ਬੂਹ ਹਵੇਲੀਆਂ, ਸੋਨੂੰ ਭੁੱਲਰ ਕਿਰਤੋਵਾਲ ਖੁਰਦ, ਆੜ੍ਹਤੀ ਐਸੋਸੀਏਸ਼ਨ ਪੱਟੀ ਦੇ ਪ੍ਰਧਾਨ ਰਾਜਬੀਰ ਸਿੰਘ ਖਹਿਰਾ, ਸਾਬਕਾ ਗੁਰਦਿਆਲ ਸਿੰਘ ਮਰਹਾਣਾ, ਗੁਰਪਿੰਦਰ ਸਿੰਘ ਉੱਪਲ, ਸਕੰਦਰ ਸਿੰਘ ਚੀਮਾ, ਬਲਜਿੰਦਰ ਸਿੰਘ ਖਹਿਰਾ, ਸੁੱਖ ਧਗਾਣਾ,ਗੁਰਪ੍ਰੀਤ ਸਿੰਘ ਪੰਨਗੋਟਾ,ਕੌਂਸਲਰ ਕਰਨਬੀਰ ਸਿੰਘ , ਸੂਰਜ ਪ੍ਰਕਾਸ, ਗੁਰਲਾਲ ਸਿੰਘ, ਜਸਬੀਰ ਸਿੰਘ ਬੋਪਾਰਾਏ, ਗੁਰਵੇਲ ਸਿੰਘ ਲੁਹਾਰੀਆ, ਰਜਿੰਦਰ ਸਿੰਘ ਉਸਮਾ, ਅਸ਼ਵਨੀ ਕੁਮਾਰ, ਰਾਜੂ ਭਉਵਾਲ, ਨੌਨਿਹਾਲ ਸਿੰਘ, ਮਨਜਿੰਦਰ ਸਿੰਘ ਸਭਰਾ, ਅਵਤਾਰ ਸਿੰਘ ਸਭਰਾ, ਗੁਰਪ੍ਰੀਤ ਸਿੰਘ ਜੋਤੀਸ਼ਾਹ, ਅਮਰੀਕ ਸਿੰਘ, ਧਰਮਵੀਰ ਸਿੰਘ ਧੰਨੋਆ, ਜਗਰਾਜ ਸਿੰਘ, ਅਮ੍ਰਿਤਪਾਲ ਸਿੰਘ, ਹਰਜਿੰਦਰ ਸਿੰਘ, ਜਗਦੀਸ਼ ਸਿੰਘ ਢੋਟੀਆ, ਹਰਮਨ ਸਿੰਘ ਉਸਮਾ, ਸੋਹਨ ਸਿੰਘ ਜੋੜਸਿੰਘ ਵਾਲਾ, ਵਿਪਨ ਕੁਮਾਰ, ਭੋਲਾ ਜੋਤੀਸ਼ਾਹ, ਭਿੰਦਾ ਸਭਰਾ, ਗੁਰਜੰਟ ਸਿੰਘ ਚੀਮਾ, ਕਾਨੂੰਗੋ ਹਰਨੇਕ ਸਿੰਘ,ਪਟਵਾਰੀ ਗੁਰਸੇਵਕ ਸਿੰਘ, ਸਵਰਨ ਸਿੰਘ ਬਿੱਲਾ ਆਦਿ ਮੌਜੂਦ ਸਨ।

## ਸ਼ਹੀਦ ਬਾਬਾ ਜਸਪਾਲ ਸਿੰਘ ਮੰਜੀ ਸਾਹਿਬ ਵਾਲਿਆਂ ਦੀ ਬਰਸੀ ਮਨਾਈ



ਮਾਨਾਂਵਾਲਾ (ਮਨਦੀਪ ਸਿੰਘ ਜੰਮੂ)-ਪਿਛਲੇ ਸਮੇਂ ਵਿੱਚ ਨਰਿੰਦਰ ਮੋਦੀ ਸਰਕਾਰ ਵੱਲੋਂ ਲਾਗੂ ਕੀਤੇ ਗਏ ਤਿੰਨ ਖੇਤੀ ਕਾਨੂੰਨਾਂ ਦੀ ਲੜਾਈ ਲੜਦੇ ਹੋਏ ਜਿਥੇ ਸੈਂਕੜੇ ਕਿਸਾਨਾਂ ਨੇ ਆਪਣੀਆਂ ਜਾਨਾਂ ਗਵਾਈਆਂ ਸਨ, ਉਨ੍ਹਾਂ ਵਿੱਚੋਂ ਇੱਕ ਸਨ ਬਾਬਾ ਜਸਪਾਲ ਸਿੰਘ। ਜਿਨ੍ਹਾਂ ਦੀ ਦੂਜੀ ਬਰਸੀ ਕਿਸਾਨ ਸੰਘਰਸ਼ ਕਮੇਟੀ ਕੋਟ ਬੁੱਢਾ (ਪੰਜਾਬ) ਅਤੇ ਬੀਬੀ ਰਣਜੀਤ ਕੌਰ ਡੇਰਾ ਮੁਖੀ ਬਾਬਾ ਝੰਡਾ ਸਿੰਘ ਜੀ ਮੰਜੀ ਸਾਹਿਬ ਵਾਲੇ ਵੱਲੋਂ ਗੁਰਦੁਆਰਾ ਬਾਬਾ ਝੰਡਾ ਸਿੰਘ ਬਾਬਾ ਬਿਸ਼ਨ ਸਿੰਘ ਚੰਮਰੰਗ ਰੋਡ ਵਿਖੇ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਸਮੇਂ ਪਹੁੰਚੇ ਸੈਂਕੜੇ ਕਿਸਾਨ ਤੇ ਸੰਤ ਸਮਾਜ ਦੇ ਵੱਡੇ ਚਿਹਰੇ ਬਾਬਾ ਅਵਤਾਰ ਸਿੰਘ ਸੁਰ ਸਿੰਘ ਵਾਲੇ, ਬਾਬਾ ਜੋਗਾ ਸਿੰਘ ਮੁਖੀ ਤਰਨਾ ਦਲ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਧਾਨ ਸਤਨਾਮ ਸਿੰਘ ਕਾਹਲੋਂ ਤੇ ਹੋਰ ਮਹਾਨ ਸ਼ਖਸੀਅਤਾਂ ਨੇ ਹਾਜ਼ਰੀ ਭਰੀ। ਕਿਸਾਨ ਸੰਘਰਸ਼ ਕਮੇਟੀ ਦੇ ਸੂਬਾ ਸਕੱਤਰ ਗੁਰੂ ਸਾਹਿਬ ਚਾਟੀਵਿੰਡ, ਸੂਬਾ ਆਗੂ ਦਿਲਬਾਗ ਸਿੰਘ ਬਾਘਾ, ਜ਼ੋਨ ਪ੍ਰਧਾਨ ਮੰਗਲ ਸਿੰਘ ਰਾਮਪੁਰ, ਜ਼ਿਲਾ ਪ੍ਰਧਾਨ ਦਵਿੰਦਰਪਾਲ ਸਿੰਘ ਚਾਟੀਵਿੰਡ ਨੇ ਆਖਿਆ ਕਿ ਬਾਬਾ ਜਸਪਾਲ ਸਿੰਘ ਜਾਗਦੀਆਂ ਜ਼ਮੀਰਾਂ ਵਾਲੇ ਲੋਕਾਂ ਵਿੱਚੋਂ ਇੱਕ ਸਨ ਤੇ ਪਰਮਾਤਮਾ ਵਿੱਚ ਵਿਸ਼ਵਾਸ ਰੱਖਦੇ ਸਨ। ਉਨ੍ਹਾਂ ਕੋਲੋਂ ਕਿਸਾਨਾਂ ਦਾ ਸੜਕਾਂ 'ਤੇ ਬੈਠੇ ਹੋਇਆ ਦੁੱਖ ਨਹੀਂ ਵੇਖਿਆ ਗਿਆ ਤੇ ਮੋਰਚੇ ਦੀ ਚੜ੍ਹਦੀ ਕਲਾ ਵਾਸਤੇ ਸ੍ਰੀ ਅਖੰਡ ਪਾਠ ਸਾਹਿਬ ਦੀ ਲੜੀ ਅੱਡਾ ਨਜ਼ਦੀਕ ਮਾਨਾਂਵਾਲਾ ਵਿਖੇ ਆਰੰਭ ਕਰ ਦਿੱਤੀ। ਜੋ ਸਰਕਾਰ ਵੱਲੋਂ ਲਾਗੂ ਕੀਤੇ ਤਿੰਨ ਖੇਤੀ ਕਾਨੂੰਨਾਂ ਦੇ ਰੱਦ ਹੋ ਜਾਣ ਤੱਕ ਜਾਰੀ ਰਹੀ। ਜਿਸ ਦੀ ਸੇਵਾ ਬਾਬਾ ਜਸਪਾਲ ਸਿੰਘ ਦੇ ਅਕਾਲ ਚਲਾਣਾ ਕਰ ਜਾਣ ਤੋਂ ਬਾਅਦ ਬੀਬੀ ਰਣਜੀਤ ਕੌਰ ਵੱਲੋਂ ਇਹ ਸੇਵਾ ਨਿਭਾਈ ਗਈ। ਅਖੰਡ ਪਾਠ ਸਾਹਿਬ ਦੇ ਭੋਗ ਤੋਂ ਬਾਅਦ ਆਏ ਹੋਏ ਬੁਲਾਰਿਆਂ ਵੱਲੋਂ ਬਾਬਾ ਜਸਪਾਲ ਸਿੰਘ ਦੇ ਜੀਵਨ 'ਤੇ ਚਾਨਣਾ ਪਾਇਆ ਗਿਆ। ਇਸ ਸਮੇਂ ਰਾਗੀ ਮੋਹਨ ਸਿੰਘ, ਕਵੀਸ਼ਰੀ ਸੰਦੀਪ ਸਿੰਘ ਮਹਿਮਾ, ਸਰਪੰਚ ਸਰਬਜੀਤ ਸਿੰਘ, ਕਾਰਜ ਸਿੰਘ, ਰੁਪਿੰਦਰਜੀਤ ਸਿੰਘ, ਜੋਗਿੰਦਰ ਸਿੰਘ ਕੈਰੋਂ, ਨਿਰਵੈਰ ਸਿੰਘ, ਵਿਪਨਦੀਪ ਕੌਰ, ਰਾਜਪਾਲ ਸਿੰਘ, ਬੀਬੀ ਰਵਿੰਦਰ ਕੌਰ, ਪਰਵਿੰਦਰ ਸਿੰਘ ਭਿੰਡਰ, ਮਿਲਖਾ ਸਿੰਘ, ਪ੍ਰਧਾਨ ਬੀਬੀ ਅਵਨਾਸ਼ ਕੌਰ, ਬਾਬਾ ਛੰਮਾ ਸਿੰਘ, ਬਾਬਾ ਸ਼ਿੰਦਰ ਸਿੰਘ, ਜਗਤਾਰ ਸਿੰਘ, ਸੁਖਵਿੰਦਰ ਸਿੰਘ ਨਵਾਂ ਪਿੰਡ, ਬਾਬਾ ਬਿੱਟੂ, ਆਦਿ ਸ਼ਾਮਲ ਹੋਏ।

## ਸਤਿਕਰਤਾਰ ਕੈਰੀਅਰ ਡਿਵੈਲਪਮੈਂਟ ਇੰਸਟੀਟਿਊਟ ਫਤਿਆਬਾਦ 'ਚ ਵਿਸ਼ ਸਕੀਮ ਸਮਾਪਤੀ ਸਮਾਰੋਹ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)** ਇਲਾਕੇ ਦੀ ਨਾਮਵਰ ਸੰਸਥਾ ਸਤਿਕਰਤਾਰ ਕੈਰੀਅਰ ਡਿਵੈਲਪਮੈਂਟ ਇੰਸਟੀਚਿਊਟ ਦੇ ਕੈਲ ਸੀ ਕੰਪਿਊਟਰ ਸੈਂਟਰ ਵਿੱਚ 2 ਹਫਤੇ (20 ਘੰਟੇ) ਇੰਟਰਪ੍ਰੀਨਿਓਰਸ਼ਿਪ ਅਤੇ ਇਨਫਾਰਮੇਸ਼ਨ ਤਕਨਾਲੋਜੀ ਸੈਮੀਨਾਰ 26 ਜੂਨ ਤੋਂ 10 ਜੁਲਾਈ ਤੱਕ ਪੰਜਾਬ ਸਰਕਾਰ ਦੀ ਵਿਸ਼ ਸਕੀਮ ਅਧੀਨ ਅਤੇ ਬਲਦੀਪ ਕੌਰ (ਆਈ ਏ ਐਸ) ਡਿਪਟੀ ਕਮਿਸ਼ਨਰ (ਤਰਨ ਤਾਰਨ) ਦੀ ਅਗਵਾਈ ਹੇਠ ਚਲਾਇਆ ਗਿਆ। ਇਸ ਸੈਮੀਨਾਰ ਵਿੱਚ ਵਿਦਿਆਰਥੀਆਂ ਨੂੰ ਆਪਣਾ ਸਵੈ-ਰੁਜ਼ਗਾਰ ਚਲਾਉਣ ਬਾਰੇ ਅਤੇ ਇਨਫਾਰਮੇਸ਼ਨ ਤਕਨਾਲੋਜੀ ਨੂੰ ਸੁਚੱਜੇ ਢੰਗ ਨਾਲ ਆਪਣੀ ਜ਼ਿੰਦਗੀ ਵਿੱਚ ਅਪਣਾਉਣ ਬਾਰੇ ਦੱਸਿਆ ਗਿਆ। ਸੈਮੀਨਾਰ ਵਿੱਚ ਉੱਘੀਆਂ ਸ਼ਖ਼ਸੀਅਤਾਂ ਨੇ ਵਿਦਿਆਰਥੀਆਂ ਨਾਲ ਆਪਣਾ ਤਜਰਬਾ ਸਾਂਝਾ ਕੀਤਾ, ਜਿਨ੍ਹਾਂ ਵਿੱਚ ਲੂਕਸ ਪਾਰਲਰ ਦੇ ਡਾਇਰੈਕਟਰ ਸੰਜਨਾ ਸਿੰਘ ਅਤੇ ਉਹਨਾ ਦੇ ਪਤੀ ਨਿਤਿਨ ਕੁਮਾਰ ਨੇ ਆਪਣਾ ਤਜਰਬਾ ਵਿਦਿਆਰਥੀਆਂ ਨਾਲ ਸਾਂਝਾ ਕੀਤਾ। ਬੱਚਿਆਂ ਨੂੰ ਲੈਦਰ ਸ਼ੂ ਇੰਡਸਟਰੀ ਗੋਇੰਦਵਾਲ ਸਾਹਿਬ ਦਾ ਟੂਰ ਕਰਵਾਇਆ ਗਿਆ, ਅਤੇ ਫੈਕਟਰੀ ਮਾਲਕ ਸਰਬਜੀਤ ਕੌਰ ਨੇ ਬੱਚਿਆਂ ਦਾ ਫੈਕਟਰੀ ਵਿੱਚ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ। ਐਚ ਡੀ ਐਫ ਸੀ ਬੈਂਕ ਦੇ ਮੈਨੇਜਰ ਭੁਪਿੰਦਰ ਸਿੰਘ ਨੇ ਬੱਚਿਆਂ ਨੂੰ ਬੈਂਕ ਦੀਆਂ ਸੁਵਿਧਾਵਾਂ ਬਾਰੇ ਦੱਸਿਆ ਅਤੇ ਬੈਂਕ ਨਾਲ ਸੰਬੰਧਤ ਹੋ ਰਹੀਆਂ ਧੋਖੇਧੜੀਆਂ ਬਾਰੇ ਜਾਣੂ ਕਰਵਾਇਆ ਤਾਂ ਜੋ ਉਹ ਆਨਲਾਈਨ ਹੋ ਰਹੇ ਧੋਖੇਧੜੀਆਂ ਤੋਂ ਬਚ ਸਕਣ। ਅਖੀਰ 'ਚ ਸੈਮੀਨਾਰ ਦੇ ਆਖਰੀ ਦਿਨ ਸੰਸਥਾ ਵੱਲੋਂ ਸਮਾਪਤੀ ਸਮਾਰੋਹ ਕੀਤਾ ਗਿਆ ਜਿਸ ਵਿੱਚ ਇਲਾਕੇ ਦੀਆਂ ਉੱਘੀਆਂ ਸ਼ਖ਼ਸੀਅਤਾਂ ਹਾਜ਼ਰ ਹੋਈਆਂ। ਇਸ ਸਮਾਰੋਹ ਵਿੱਚ ਗੁਰੂ ਅਮਰਦਾਸ ਸੀਨੀਅਰ ਸੈਕੰਡਰੀ ਸਕੂਲ ਗੋਇੰਦਵਾਲ ਸਾਹਿਬ ਦੇ ਵਿਦਿਆਰਥਣਾਂ ਨੇ ਪ੍ਰੋਗਰਾਮ ਦੀ ਸ਼ੁਰੂਆਤ ਸ਼ਬਦ ਗਾਇਨ ਨਾਲ ਕੀਤੀ, ਉਪਰੰਤ ਸਰਕਾਰੀ ਸਕੂਲ ਖਡੂਰ ਸਾਹਿਬ ਦੀਆਂ ਵਿਦਿਆਰਥਣਾਂ ਨੇ ਸਮਾਜ ਵਿੱਚ ਵਧ ਰਹੀ ਬੇਰੁਜ਼ਗਾਰੀ ਨਾਲ ਸੰਬੰਧਤ ਨਾਟਕ ਪੇਸ਼ ਕੀਤਾ। ਇਸ ਮੌਕੇ ਸਮਾਰੋਹ ਵਿੱਚ ਉੱਘੀਆਂ ਸ਼ਖ਼ਸੀਅਤਾਂ ਜਿਨ੍ਹਾਂ ਵਿੱਚ ਫਤਿਆਬਾਦ ਦੇ ਸਰਪੰਚ ਸੁਨੈਨਾ ਚੋਪੜਾ, ਗੁਰੂ ਅਮਰਦਾਸ ਗਰੁੱਪ ਆਫ ਸਕੂਲਜ਼ ਦੇ ਚੇਅਰਮੈਨ ਜਸਪਾਲ ਸਿੰਘ ਰੰਧਾਵਾ ਅਤੇ ਉਹਨਾਂ ਦੀ ਪਤਨੀ ਬਲਜੀਤ ਕੌਰ ਰੰਧਾਵਾ, ਗੁਰੂ ਨਾਨਕ ਸਕੂਲ ਦੇ ਚੇਅਰਮੈਨ ਕੁਲਦੀਪ ਸਿੰਘ ਅਤੇ ਉਹਨਾ ਦੀ ਪਤਨੀ ਪ੍ਰਿੰਸੀਪਲ ਬਲਜੀਤ ਕੌਰ, ਸ੍ਰੀ ਗੁਰੂ ਅਮਰਦਾਸ ਪਬਲਿਕ ਸਕੂਲ ਫਤਿਆਬਾਦ ਦੇ ਚੇਅਰਮੈਨ ਸੁਰਜੀਤ ਸਿੰਘ ਅਤੇ ਲੂਕਸ ਪਾਰਲਰ ਦੇ ਪ੍ਰਬੰਧਕ ਨਿਤਿਨ ਕੁਮਾਰ ਅਤੇ ਉਹਨਾ ਦੀ ਪਤਨੀ ਸੰਜਨਾ ਸਿੰਘ, ਦੇਸ਼ਵੀਰ ਪਵਾਰ ਡਾਇਰੈਕਟਰ ਵੀਜ਼ਾ ਲਾਇਬ੍ਰੇਰੀ (ਤਰਨ ਤਾਰਨ), ਗੁਰਬਿੰਦਰ ਸਿੰਘ, ਜਤਿੰਦਰ ਬਾਵਾ, ਸ਼ੇਰੂ ਮਹਾਜਨ, ਸਰਬਜੋਤ ਸਿੰਘ ਸੰਧਾ, ਰਣਜੀਤ ਸਿੰਘ, ਸਰਬਜੀਤ ਕੌਰ ਸੰਧੂ, ਚਰਨਜੀਵ ਕੌਰ, ਹਰਮੀਤ ਕੌਰ ਸੰਧੂ , ਡਾ. ਚੇਤਨਬੀਰ ਸਿੰਘ, ਗਗਨਦੀਪ ਸਿੰਘ, ਲਵਪ੍ਰੀਤ ਸਿੰਘ, ਅਵਤਾਰ ਸਿੰਘ, ਅਕਾਸ਼ਦੀਪ ਸਿੰਘ, ਨਿਸ਼ਾਨ ਸਿੰਘ, ਆਦਿ ਹਾਜ਼ਰ ਸਨ। ਸਟੇਜ ਦੀ ਭੂਮਿਕਾ ਹਰਭਜਨ ਸਿੰਘ ਰਾਠੌਰ, ਮਿਸ. ਨਵਕਿਰਨ ਕੌਰ ਅਤੇ ਨਵਜੋਤ ਕੌਰ ਨੇ ਬਾਖੂਬੀ ਨਿਭਾਈ।

ਸਰਪੰਚ ਨੇ ਆਏ ਹੋਏ ਮਹਿਮਾਨਾਂ ਅਤੇ ਬੱਚਿਆਂ ਨੂੰ ਸੰਬੋਧਨ ਕੀਤਾ। ਸਮਾਪਤੀ ਸਮਾਰੋਹ 'ਤੇ ਪਹੁੰਚੀਆਂ ਸ਼ਖ਼ਸੀਅਤਾਂ ਨੇ ਬੱਚਿਆਂ ਨੂੰ ਉਤਸ਼ਾਹਿਤ ਤੇ ਸਨਮਾਨਿਤ ਕੀਤਾ। ਇਸ ਮੌਕੇ ਸਤਿਕਰਤਾਰ ਕੈਰੀਅਰ ਡਿਵੈਲਪਮੈਂਟ ਇੰਸੀਚਿਊਟ ਦੇ ਡਾਇਰੈਕ ਹਰਜੀਤ ਕੌਰ ਪਵਾਰ ਅਤੇ ਡਾ. ਨਵਤੇਜ ਸਿੰਘ ਪਵਾਰ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਉਹਨਾਂ ਨੂੰ ਪੁਰਸਕਾਰ ਨਾਲ ਸਨਮਾਨਿਤ ਕੀਤਾ। ਅਖੀਰ ਵਿੱਚ ਵਿਸ਼ ਸਕੀਮ ਸੈਮੀਨਾਰ ਦੀਆਂ ਵਿਦਿਆਰਥਣਾਂ ਨੇ ਪੰਜਾਬ ਦੇ ਪ੍ਰਸਿੱਧ ਲੋਕ ਨਾਚ ਗਿੱਧੇ ਨਾਲ ਪ੍ਰੋਗਰਾਮ ਦੀ ਸਮਾਪਤੀ ਕੀਤੀ।

## ਨਿਊ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਵੱਲੋਂ ਨਵੀਂ ਬਣੀ ਜਥੇਬੰਦੀ ਦੀ ਮੀਟਿੰਗ

ਝਬਾਲ (ਹਰਜਿੰਦਰ ਸਿੰਘ ਸੋਨੀ/ਰੌਬਿਨ ਸਿੰਘ ਸੋਨੀ)-ਅੱਜ ਨਿਊ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਰਜਿ. ਸੋ ਵੱਲੋਂ ਨਵੀ ਬਣੀ ਜਥੇਬੰਦੀ ਦੀ ਤਰਨ ਤਾਰਨ ਜ਼ਿਲ੍ਹੇ ਦੀ ਪਹਿਲੀ ਮੀਟਿੰਗ ਬਾਬਾ ਬੁੱਢਾ ਸਾਹਿਬ ਜੀ ਬਲਾਕ ਝਬਾਲ ਵਿਖੇ ਨੂਰ ਹਵੇਲੀ ਰੈਸਟੋਰੈਂਟ ਵਿਖੇ ਹੋਈ। ਮੀਟਿੰਗ ਵਿੱਚ ਪੰਜ ਬਲਾਕ ਅਜਨਾਲਾ, ਜੰਡਿਆਲਾ ਗੁਰੂ, ਸੁਰਸਿੰਘ, ਭਿੱਖੀਵਿੰਡ, ਝਬਾਲ ਅਤੇ ਮਾਲੇਰਕੋਟਲਾ ਤੋਂ ਸਾਥੀ ਡਾਕਟਰਾਂ ਨੇ ਹਾਜ਼ਰੀ ਲਵਾਈ। ਅੱਜ ਦੀ ਮੀਟਿੰਗ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਮਲੇਰਕੋਟਲਾ ਤੋਂ ਪਹੁੰਚੇ ਸੂਬਾ ਖਜ਼ਾਨਚੀ ਡਾ. ਮਾਘ ਸਿੰਘ ਮਾਨਕੀ ਨੇ ਤਰਨ ਤਾਰਨ ਜ਼ਿਲ੍ਹੇ ਦੀ ਪਹਿਲੀ ਮੀਟਿੰਗ ਵਿੱਚ ਝਬਾਲ ਅਤੇ ਸੁਰਸਿੰਘ ਇਲਾਕੇ ਦੇ 40 ਡਾਕਟਰਾਂ ਨੂੰ ਸਰਟੀਫਿਕੇਟ ਤਕਸੀਮ ਕੀਤੇ। ਇਸ ਤੋਂ ਇਲਾਵਾ ਬਲਾਕ ਦੇ ਕੈਸ਼ੀਅਰ ਡਾ. ਹਰਪ੍ਰੀਤ ਸਿੰਘ ਚੀਮਾ ਨੂੰ ਪ੍ਰਤਿਗਿਆ ਪੱਤਰ, ਰਸੀਦਾਂ ਬੁੱਕਾ ਦਿੰਦੇ ਹੋਏ ਇਹਨਾਂ ਨੂੰ ਭਰਨ ਅਤੇ ਪੂਰੀ ਜ਼ਿੰਮੇਵਾਰੀ ਨਾਲ ਇਸ ਕੰਮ ਨੂੰ ਨਿਭਾਉਣ ਬਾਰੇ ਸਮਝਾਇਆ ਗਿਆ। ਇਸ ਤੋਂ ਇਲਾਵਾ ਡਾ. ਮਾਘ ਸਿੰਘ ਮਾਨਕੀ ਅਤੇ ਡਾ. ਤੇਜਿੰਦਰ ਸਿੰਘ ਢਿੱਲੋਂ ਲਹੀਆ ਸੂਬਾ ਪ੍ਰਧਾਨ ਨੇ ਸਾਂਝੇ ਰੂਪ ਵਿੱਚ ਦੱਸਿਆ ਕਿ ਪਹਿਲੀਆਂ ਯੂਨੀਅਨਾਂ ਦੀ ਤਾਨਾਸ਼ਾਹੀ, ਆਪਹੁਦਰੀਆ, ਜਾਅਲਸਾਜ਼ੀ ਅਤੇ ਲੁੱਟ ਖਸੁੱਟ ਅਤੇ ਫੰਡਾਂ ਦੀ ਬੇਲੋੜੀ ਦੁਰਵਰਤੋਂ ਨੂੰ ਰੋਕਣ ਲਈ ਸਰਟੀਫਿਕੇਟ ਦੀ ਅਧਿਕਾਰਤ ਕਮੇਟੀ ਵਿੱਚੋਂ ਜ਼ਿਲ੍ਹਾ ਪ੍ਰਧਾਨ ਦੀ ਵਿਚੋਲਗੀ ਖਤਮ ਕਰ ਦਿੱਤੀ ਗਈ ਹੈ ਅਤੇ ਨਵੀਂ ਪੁਰਾਣੀ ਅਡਮਿਸ਼ਨ ਤੋਂ ਬਾਅਦ ਨਵੇਂ ਸਰਟੀਫਿਕੇਟ ਸੂਬਾ ਪ੍ਰਧਾਨ, ਜਨਰਲ ਸਕੱਤਰ, ਖਜ਼ਾਨਚੀ ਤਿੰਨਾਂ ਦੇ ਦਸਤਖ਼ਤਾਂ ਰਾਹੀਂ ਹੀ ਜਾਰੀ ਹੋਣਗੇ। ਮੁੱਖ ਮਹਿਮਾਨ ਸੂਬਾ ਕੈਸ਼ੀਅਰ ਡਾ. ਮਾਘ ਸਿੰਘ ਮਾਨਕੀ ਮਲੇਰਕੋਟਲਾ ਨੇ ਦੱਸਿਆ ਕਿ ਤਰਨ ਤਾਰਨ ਸਮੇਤ 4-5 ਜ਼ਿਲ੍ਹਿਆਂ ਵਿਚ ਘੁਟਾਲਿਆਂ ਸੰਬੰਧੀ ਸੂਬਾ ਕੋਰ ਕਮੇਟੀ ਮੈਂਬਰ ਹੋਣ ਕਾਰਨ ਮੇਰੇ ਕੋਲ ਸ਼ਿਕਾਇਤਾਂ ਮਿਲੀਆਂ ਤਾਂ ਮੇਰੇ ਵੱਲੋਂ ਡਾ. ਕਾਲਖ, ਬਾਲੀ ਆਦਿ ਅੱਗੇ ਇਹਨਾਂ ਜ਼ਿਲ੍ਹਿਆਂ ਦਾ ਹਿਸਾਬ ਕਿਤਾਬ ਦੱਸਣ ਨੂੰ ਬੇਨਤੀ ਕੀਤੀ ਤਾਂ ਇਹਨਾਂ ਨੇ ਇਨਸਾਫ ਦੇਣ ਦੀ ਥਾਂ ਮੇਰੇ 'ਤੇ ਹੀ ਐਕਸ਼ਨ ਲੈਂਦੇ ਹੋਏ ਯੂਨੀਅਨ ਵਿੱਚੋਂ ਸੋਸ਼ਲ ਮੀਡੀਆ ਰਾਹੀਂ ਖ਼ਬਰਾਂ ਪਾ ਕੇ ਰਿਮੂਵ ਕਰ ਦਿੱਤਾ। ਮੈਂ ਸਚਾਈ 'ਤੇ ਚੱਲਣ ਕਰਕੇ ਅਤੇ ਇਮਾਨਦਾਰ ਜ਼ਿੰਮੇਵਾਰ ਸ਼ਖ਼ਸੀਅਤ ਹੋਣ ਕਾਰਨ ਇਹੋ ਜਿਹੀ ਭ੍ਰਿਸ਼ਟ, ਤਾਨਾਸ਼ਾਹ ਅਤੇ ਦੁਰਵਿਹਾਰ ਕਰਨ ਵਾਲੀ ਯੂਨੀਅਨ ਦਾ ਸਾਥ ਛੱਡਣ ਨੂੰ ਪਹਿਲ ਦਿੱਤੀ ਅਤੇ ਡਾ. ਤੇਜਿੰਦਰ ਸਿੰਘ ਢਿੱਲੋਂ ਲਹੀਆ ਅਤੇ ਹੋਰ ਦੁਖੀ ਸਾਥੀਆਂ ਜੋ ਕਿ ਇਨਸਾਫ ਦੀ ਭਾਲ ਵਿਚ ਭਟਕਦੇ ਫਿਰ ਰਹੇ ਸਨ ਆਦਿ ਵਿਚੋਂ ਡਾ. ਢਿੱਲੋਂ ਦੀ ਅਗਵਾਈ ਵਿੱਚ ਨਿਊ ਐਮ ਪੀ ਏ ਪੀ ਰਜਿ 100 ਦੀ ਸਥਾਪਨਾ 16 ਜੂਨ 2023 ਤੋਂ ਕੀਤੀ ਗਈ। ਆਸ ਹੈ ਕਿ ਸਾਡੀ ਨਵੀਂ ਜਥੇਬੰਦੀ ਮਿਹਨਤ, ਵਿਸ਼ਵਾਸ, ਲਗਨ, ਦ੍ਰਿੜ੍ਹਤਾ ਅਤੇ ਇਮਾਨਦਾਰੀ ਨਾਲ ਤਰੱਕੀਆਂ ਕਰਦੀ ਹੋਈ ਨਵੀਆਂ ਪੈੜਾਂ ਪਾਉਂਦੀ ਹੋਈ ਡਾ. ਸਾਥੀਆਂ ਦੀ ਸੋਚ 'ਤੇ ਖਰੀ ਉਤਰੇਗੀ। ਤਾਨਾਸ਼ਾਹੀ ਕਰਨੀ ਗਾਲੀ ਗਲੋਚ ਅਤੇ ਮਾੜੀ ਸ਼ਬਦਾਵਲੀ ਵਰਤਣ ਵਾਲਿਆਂ ਅਤੇ ਝੂਠੇ ਇਲਜ਼ਾਮ ਲਾਉਣ ਵਾਲਿਆਂ ਨੂੰ ਸਖ਼ਤ ਤਾੜਨਾ ਕੀਤੀ। ਹੋਰਨਾਂ ਪਹੁੰਚੇ ਹੋਏ ਬੁਲਾਰਿਆਂ ਦੇ ਭਾਸ਼ਣ ਤੋਂ ਬਾਅਦ ਪ੍ਰੋਗਰਾਮ ਦੀ ਸਮਾਪਤੀ ਮੌਕੇ ਸੂਬਾ ਪ੍ਰਧਾਨ ਡਾ. ਤੇਜਿੰਦਰ ਸਿੰਘ ਢਿੱਲੋਂ ਨੇ ਸਾਰੇ ਡਾਕਟਰ ਸਾਥੀਆਂ ਦੀਆਂ ਵਧਾਈਆਂ ਕਬੂਲ ਕੀਤੀਆਂ। ਮੀਟਿੰਗ ਵਿੱਚ ਪਹੁੰਚੇ ਹੋਏ ਡਾ. ਸਾਥੀਆਂ ਦਾ ਧੰਨਵਾਦ ਕੀਤਾ। ਡਾ. ਢਿੱਲੋਂ ਨੇ ਸੂਬਾ ਕਮੇਟੀ ਮੈਂਬਰਾਂ ਅਤੇ ਹੋਰਨਾਂ ਸਹਿਯੋਗੀਆਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਸਾਥੀ ਡਾਕਟਰਾਂ ਨਾਲ ਸੱਚੇ ਮਨ ਤਨ ਧਨ ਨਾਲ, ਇਮਾਨਦਾਰੀ, ਨੇਕ ਨੀਤੀ ਅਤੇ ਨਿਡਰਤਾ ਨਾਲ ਚੱਲਦਾ ਹੋਇਆ ਮੋਢੇ ਨਾਲ ਮੋਢਾ ਲਾ ਕੇ ਜਥੇਬੰਦੀ ਦੀ ਤਰੱਕੀ ਲਈ ਕੰਮ ਕਰਦਾ ਰਹਾਂਗਾ। ਇਸ ਮੌਕੇ ਸੂਬਾ ਪ੍ਰਧਾਨ ਡਾ ਤੇਜਿੰਦਰ ਸਿੰਘ ਢਿੱਲੋਂ ਲਹੀਆ, ਡਾ. ਮੱਸਾ ਸਿੰਘ, ਡਾ. ਸੁਰਜੀਤ ਸਿੰਘ ਗਾਂਧੀ, ਡਾ. ਗੁਰਜੀਤ ਸਿੰਘ, ਡਾ. ਪਲਵਿੰਦਰ ਸਿੰਘ, ਡਾ. ਹਰਪ੍ਰੀਤ ਸਿੰਘ, ਡਾ. ਮਲਕੀਤ ਸਿੰਘ ਤੇ ਹੋਰ ਹਾਜ਼ਰ ਸਨ।

## ਸਰਪੰਚ ਪ੍ਰਦੀਪ ਸਿੰਘ ਹਲਕਾ ਤਰਨ ਤਾਰਨ ਤੋਂ ਯੂਥ ਕਾਂਗਰਸ ਦੇ ਵਾਈਸ ਪ੍ਰਧਾਨ ਬਣੇ



ਤਰਨ ਤਾਰਨ (ਸਾਗਰ ਅਰੋੜਾ)- ਯੂਥ ਕਾਂਗਰਸ 2023 ਦੀਆਂ ਚੋਣਾਂ ਵਿੱਚ ਪ੍ਰਦੀਪ ਸਿੰਘ ਯੂਥ ਕਾਂਗਰਸ ਹਲਕਾ ਤਰਨ ਤਾਰਨ ਦੇ ਉਪ ਪ੍ਰਧਾਨ ਚੁਣੇ ਗਏ ਹਨ। ਜਿਸ ਕਾਰਨ ਇਲਾਕੇ ਦੇ ਲੋਕਾਂ ਵਿੱਚ ਵੱਡੀ ਖੁਸ਼ੀ ਦੀ ਲਹਿਰ ਵੇਖਣ ਨੂੰ ਮਿਲ ਰਹੀ ਹੈ। ਪ੍ਰਦੀਪ ਸਿੰਘ ਹਲਕਾ ਤਰਨ ਤਾਰਨ ਦੇ ਪਿੰਡ ਕੋਟ ਦਸੰਧੀ ਮੱਲ ਦੇ ਸਰਪੰਚ ਵੀ ਹਨ। ਕਾਂਗਰਸ ਦੀ ਸਮੁੱਚੀ ਹਾਈਕਮਾਂਡ ਅਤੇ ਕਾਂਗਰਸ ਦੇ ਵਰਕਰਾਂ ਦਾ ਧੰਨਵਾਦ ਕਰਦਿਆਂ ਪ੍ਰਦੀਪ ਸਿੰਘ ਨੇ ਕਿਹਾ ਕਿ ਜਿਹੜੀ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਗਈ ਹੈ ਉਸ ਨੂੰ ਪੂਰੀ ਇਮਾਨਦਾਰੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਉਹ ਕਾਂਗਰਸ ਦੀ ਮਜ਼ਬੂਤੀ ਲਈ ਦਿਨ ਰਾਤ ਕਰਨਗੇ ਅਤੇ ਆਉਣ ਵਾਲੀਆਂ ਬਲਾਕ ਸੰਮਤੀ, ਪੰਚਾਇਤੀ ਅਤੇ ਲੋਕ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਰਿਕਾਰਡ ਤੋੜ ਜਿੱਤ ਦਰਜ ਕਰੇਗੀ।

14-July-Page-12.qxd 7/13/2023 10:44 PM Page 1



# ਐਡਵੋਕੇਟ ਤੇ ਉਸ ਦੀ ਸਹਾਇਕ ਦੇ ਕਤਲ ਕਾਂਡ 'ਚ ਸ਼ਾਮਲ ਭਗੌੜਾ ਕਾਬੂ



**ਹੁਸ਼ਿਆਰਪੁਰ/ਮੇਹਟੀਆਣਾ (ਓ ਪੀ ਰਾਣਾ, ਬਲਬੀਰ ਸਿੰਘ ਸੈਣੀ,ਜਗਤਾਰ ਸਿੰਘ ਭੁੰਗਰਨੀ)** ਸਾਲ 2020 ਵਿੱਚ ਹੋਏ ਬਹੁ-ਚਰਚਿਤ ਦੋਹਰੇ ਕਤਲ ਕਾਂਡ, ਜਿਸ ਵਿੱਚ ਸੀਨੀਅਰ ਐਡਵੋਕੇਟ ਭਗਵੰਤ ਕਿਸ਼ੋਰ ਗੁਪਤਾ ਅਤੇ ਉਸਦੀ ਸਹਾਇਕ ਐਡਵੋਕੇਟ ਸੀਮਾ ਖੁਲਰ ਦਾ ਕਤਲ ਕਰਨ ਤੋਂ ਬਾਅਦ ਲਾਸ਼ਾਂ ਨੂੰ ਖੁਰਦ ਬੁਰਦ ਕਰਨ ਦੀ ਨੀਅਤ ਨਾਲ ਕਾਰ ਨੂੰ ਅੱਗ ਲਗਾ ਦਿੱਤੀ ਗਈ ਸੀ, ਦੇ ਸਬੰਧ ਵਿੱਚ ਮੇਜਰ ਸਿੰਘ, ਪੁਲਸ ਕਪਤਾਨ ਪੀ ਬੀ ਆਈ ਹੁਸ਼ਿਆਰਪੁਰ ਦੀ ਅਗਵਾਈ ਵਿੱਚ ਮੁਕੱਦਮਾ ਦੇ ਬਾਕੀ ਰਹਿੰਦੇ ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਲਈ ਡੀ ਐਸ ਪੀ ਸਿਟੀ ਪਲਵਿੰਦਰ ਸਿੰਘ ਪੀ ਪੀ ਐਸ ਅਤੇ ਇੰਸਪੈਕਟਰ ਕਰਨੈਲ ਸਿੰਘ ਮੁੱਖ ਅਫਸਰ ਥਾਣਾ ਮਾਡਲ ਟਾਊਨ ਹੁਸ਼ਿਆਰਪੁਰ ਦੇ ਅਧਾਰਤ ਇਕ ਵਿਸ਼ੇਸ਼ ਟੀਮ ਦਾ ਗਠਨ ਕੀਤਾ ਗਿਆ ਸੀ। ਦੋਸ਼ੀ ਕਪਿਲ ਕੁਸ਼ਵਾਹਾ ਨੂੰ ਪਿੰਡ ਮੰਗਲੌਰ ਥਾਣਾ ਸਲੇਮਪੁਰ ਜ਼ਿਲ੍ਹਾ ਬੁਲੰਦ ਸ਼ਹਿਰ ਯੂ.ਪੀ ਤੋਂ ਗ੍ਰਿਫਤਾਰ ਕੀਤਾ ਗਿਆ ਸੀ ਅਤੇ ਦੋਸ਼ੀ ਅਸ਼ੀਸ਼ ਕੁਮਾਰ ਉਰਫ ਅਸ਼ੀਸ਼ ਸਿੰਘ ਉਰਫ ਅਸ਼ੀਸ਼ ਕੁਸ਼ਵਾਹਾ ਅਤੇ ਸੁਨੀਲ ਕੁਮਾਰ ਦੇ ਪੀ.ਓ ਹੋਣ ਕਾਰਨ ਇਹਨਾਂ ਦੇ ਖਿਲਾਫ ਮੁਕੱਦਮਾ ਨੰਬਰ 316 ਮਿਤੀ 05. 12. 2022 ਅ.ਧ 174-ਏ ਭ.ਦ ਥਾਣਾ ਮਾਡਲ ਟਾਊਨ ਵਿਖੇ ਦਰਜ ਹੋਇਆ ਸੀ। ਡੀ ਐਸ ਪੀ ਸਿਟੀ ਪਲਵਿੰਦਰ ਸਿੰਘ ਅਤੇ ਇੰਸਪੈਕਟਰ ਕਰਨੈਲ ਸਿੰਘ ਹੁਸ਼ਿਆਰਪੁਰ ਦੇ ਅਧਾਰਤ ਵਿਸ਼ੇਸ਼ ਟੀਮ ਨੇ ਮੁਕੱਦਮੇ ਦੇ ਮੁੱਖ ਦੋਸ਼ੀ ਅਸ਼ੀਸ਼ ਕੁਮਾਰ ਉਰਫ ਅਸ਼ੀਸ਼ ਸਿੰਘ ਉਰਫ ਅਸ਼ੀਸ਼ ਕੁਸ਼ਵਾਹਾ ਪੁੱਤਰ ਰਘੁਵੀਰ ਸਿੰਘ ਵਾਸੀ ਮੰਗਲੌਰ ਥਾਣਾ ਸਲੇਮਪੁਰ ਜ਼ਿਲ੍ਹਾ ਬੁਲੰਦ ਸ਼ਹਿਰ ਯੂ.ਪੀ ਹਾਲ ਪਟੇਲ ਗੰਡੀ-2, ਕੁੰਡਲੀ ਘਰੋਲੀ ਮਿਊਰ ਵਿਹਾਰ ਥਾਣਾ ਗਾਜੀਪੁਰ ਈਸਟ ਦਿੱਲੀ ਨੂੰ ਪਟੇਲ ਨਗਰ ਥਾਣਾ ਕੋਤਵਾਲੀ ਜ਼ਿਲ੍ਹਾ ਸ਼ਾਹਡੋਲ, ਮੱਧ ਪ੍ਰਦੇਸ਼ ਤੋਂ ਗ੍ਰਿਫਤਾਰ ਕਰਕੇ ਅਦਾਲਤ ਵਿੱਚ ਪੇਸ਼ ਕਰਕੇ ਟਰਾਂਜਿਟ ਰਿਮਾਂਡ ਹਾਸਿਲ ਕਰਕੇ ਹੁਸ਼ਿਆਰਪੁਰ ਲਿਆਂਦਾ ਗਿਆ। ਦੋਸ਼ੀ ਨੇ ਆਪਣੀ ਪੁੱਛਗਿੱਛ ਦੌਰਾਨ ਮੰਨਿਆ ਕਿ ਉਸ ਨੂੰ ਆਪਣੀ ਪਤਨੀ ਸੀਮਾ ਖੁਲਰ ਅਤੇ ਉਸਦੇ ਸੀਨੀਅਰ ਵਕੀਲ ਭਗਵੰਤ ਕਿਸ਼ੋਰ ਗੁਪਤਾ ਨੂੰ ਪੂਰੀ ਪਲਾਨਿੰਗ ਕਰਕੇ ਯੋਜਨਾਬੱਧ ਤਰੀਕੇ ਨਾਲ ਦੀਵਾਲੀ ਵਾਲੀ ਸ਼ਾਮ ਮਿਤੀ 13-11-2020 ਨੂੰ ਆਪਣੇ ਸਾਥੀਆਂ ਕਪਿਲ ਕੁਸ਼ਵਾਹਾ ਅਤੇ ਸੁਨੀਲ ਕੁਮਾਰ ਵਰੌਰਾ ਨੂੰ ਆਪਣੇ ਪਿੰਡ ਮੰਗਲੌਰ ਥਾਣਾ ਸਲੇਮਪੁਰ ਜ਼ਿਲ੍ਹਾ ਬੁਲੰਦ ਸ਼ਹਿਰ ਯੂ.ਪੀ ਤੋਂ ਬੁਲਾ ਕੇ ਸੀਮਾ ਖੁਲਰ ਅਤੇ ਭਗਵੰਤ ਕਿਸ਼ੋਰ ਗੁਪਤਾ ਨੂੰ ਫਰਸ਼ 'ਤੇ ਬੈਠ ਕੇ ਪੂਜਾ ਕਰਦਿਆਂ ਹੋਇਆ ਨੂੰ ਗਲਾ ਘੁੱਟ ਕੇ ਮਾਰ ਦਿੱਤਾ ਅਤੇ ਬਾਅਦ ਵਿੱਚ ਉਹਨਾਂ ਦੀਆਂ ਲਾਸ਼ਾਂ ਨੂੰ ਸੀਆ ਖੁਲਰ ਦੀ ਕਾਰ ਸਲੈਰੀਓ ਵਿੱਚ ਰੱਖ ਕੇ ਪੁਰਹੀਰਾ ਬਾਈਪਾਸ ਦੇ ਨਜਦੀਕ ਸੜਕ ਦੇ ਕਿਨਾਰੇ ਇਕ ਦਰਖਤ ਨਾਲ ਲਗਾ ਕੇ ਕਾਰ ਨੂੰ ਅੱਗ ਲਗਾ ਦਿੱਤੀ ਸੀ ਤਾਂ ਜੋ ਦੇਖਣ 'ਤੇ ਇਹ ਸੜਕ ਹਾਦਸਾ ਲੱਗੇ। ਇਹ ਦੋਸੀ ਅਸ਼ੀਸ਼ ਕੁਸ਼ਵਾਹਾ ਅਤੇ ਸੁਨੀਲ ਕੁਮਾਰ ਮਿਤੀ 25-10-2021 ਨੂੰ ਅਦਾਲਤ ਵਲੋ ਪੀ. ਉ ਕਰਾਰ ਦਿੱਤੇ ਗਏ ਸੀ।

# ਹੜ੍ਹ ਵਾਲੇ ਇਲਾਕੇ 'ਚ ਪਾਣੀ ਦਾ ਪੱਧਰ ਘਟਿਆ, ਰਾਹਤ ਕਾਰਜਾਂ 'ਚ ਤੇਜ਼ੀ



**ਸੁਲਤਾਨਪੁਰ ਲੋਧੀ, ( ਹਨੀ )** -ਸਤਲੁਜ ਦਰਿਆ ਦੇ ਧੁੱਸੀ ਬੰਨ੍ਹ ਦੇ ਥਾਵਾਂ ਤੋਂ ਟੁੱਟਣ ਨਾਲ ਆਏ ਹੜ੍ਹ ਨੇ ਇਲਾਕੇ ਭਰ ਵਿੱਚ ਭਾਰੀ ਤਬਾਹੀ ਮਚਾਈ ਹੋਈ ਹੈ। ਪਾਣੀ ਦਾ ਪੱਧਰ ਘੱਟਣ ਨਾਲ ਲੋਕਾਂ ਨੇ ਸੁੱਖ ਦਾ ਸਾਹ ਲਿਆ। ਉਧਰ ਰਾਹਤ ਕਾਰਜਾਂ ਵਿੱਚ ਜੁੱਟੇ ਰਾਜ ਸਭਾ ਤੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਕਿਸ਼ਤੀ ਰਾਹੀਂ ਸਾਰਾ ਦਿਨ ਪਾਣੀ ਵਿੱਚ ਘਿਰੇ ਪਿੰਡਾਂ ਦੇ ਲੋਕਾਂ ਨੂੰ ਲੰਗਰ, ਪੀਣ ਵਾਲਾ ਪਾਣੀ ਅਤੇ ਦਵਾਈਆਂ ਆਦਿ ਪਹੁੰਚਾਉਂਦੇ ਰਹੇ। ਸੇਵਾਦਾਰਾਂ ਦੋ ਹੋਰ ਟੀਮਾਂ ਕਿਸ਼ਤੀਆਂ ਰਾਹੀ ਰਾਹਤ ਸਮੱਗਰੀਆਂ ਪਹੁੰਚਦੀਆਂ ਰਹੀਆਂ ਉੱਥੇ ਹੀ ਉਹਨਾਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਉਣ ਦੇ ਕਾਰਜ ਨਿਰੰਤਰ ਕਰਦੀਆਂ ਰਹੀਆਂ। ਮੰਡਾਲਾ ਛੰਨਾ ਨੇੜੇ ਪਏ ਪਾੜ ਨੂੰ ਪੂਰਨ ਦਾ ਕੰਮ ਦੂਜੇ ਦਿਨ ਵੀ ਜੰਗੀ ਪੱਧਰ 'ਤੇ ਜਾਰੀ ਰਿਹਾ। ਇਲਾਕੇ ਦੇ ਲੋਕ ਵਿੱਚ ਵੱਡੀ ਗਿਣਤੀ ਵਿੱਚ ਆ ਕੇ ਮਿੱਟੀ ਦੇ ਥੈਲੇ ਭਰਦੇ ਰਹੇ ਤੇ ਲੋਹੇ ਦੇ ਕਰੇਟ ਬਣਾ ਕੇ ਪਾੜ ਵਾਲੀ ਥਾਂ ਤੇ ਰਿੰਗ ਬੰਨ੍ਹ ਬਣਾਉਣ ਲਈ ਵਿੱਚ ਲੱਗੇ ਰਹੇ। ਪਾਣੀ ਵਿੱਚ ਘਿਰੇ ਜਿਹੜੇ ਲੋਕ ਘਰਾਂ ਦੀਆਂ ਛੱਤਾਂ 'ਤੇ ਸੀ ਉਹਨਾਂ ਨੂੰ ਰਾਹਤ ਸਮੱਗਰੀ ਬਾਲਟੀਆਂ ਰਾਹੀ ਪਹੁੰਚਦੀ ਕੀਤੀ ਗਈ। ਜਲੰਧਰ ਲੋਕ ਸਭਾ ਹਲਕੇ ਤੋਂ ਸੁਸ਼ੀਲ ਰਿੰਕੂ ਵੀ ਆਪਣੇ ਸਾਥੀਆਂ ਸਮੇਤ ਪਿੰਡ ਮੰਡਾਲਾ ਛੰਨਾ ਪਹੁੰਚੇ ਹੋਏ ਸੀ ਤੇ ਮਿੱਟੀ ਦੇ ਥੈਲੇ ਭਰੇ ਤੇ ਨਾਲ ਹੀ ਕਰੇਟ ਬਣਾਉਣ ਵਿੱਚ ਮਦੱਦ ਕੀਤੀ। ਸੰਤ ਸੀਚੇਵਾਲ ਨਾਲ ਕੈਬਨਿਟ ਮੰਤਰੀ ਬਲਕਾਰ ਸਿੰਘ ਅਤੇ ਆਮ ਆਦਮੀ ਪਾਰਟੀ ਦੀ ਮਹਿਲਾ ਵਿੰਗ ਦੀ ਸੂਬਾਈ ਪ੍ਰਧਾਨ ਰਾਜਵਿੰਦਰ ਕੌਰ ਵੀ ਕਿਸ਼ਤੀ ਰਾਹੀ ਹੜ੍ਹ ਤੋਂ ਪ੍ਰਭਾਵਿਤ ਪਿੰਡਾਂ ਵਿੱਚ ਪਹੁੰਚੀ। ਸੰਤ ਸੀਚੇਵਾਲ ਨੇ ਲੋਕਾਂ ਨੂੰ ਭਰੋਸਾ ਦਿੱਤਾ ਕਿ ਉਹਨਾਂ ਦੀ ਸਹਾਇਤਾ ਵਿੱਚ ਪੰਜਾਬ ਸਰਕਾਰ ਕੋਈ ਵੀ ਕਸਰ ਬਾਕੀ ਨਹੀ ਛੱਡੇਗੀ। ਸੰਤ ਸੀਚੇਵਾਲ ਵੱਲੋਂ ਕਾਰ ਸੇਵਕਾਂ ਦੀ ਕਿਸ਼ਤੀਆਂ ਰਾਹੀ ਭੇਜੀ ਟੀਮ ਨੇ ਦੱਸਿਆ ਕਿ ਉਹਨਾਂ ਵੱਲੋਂ ਸਵੇਰੇ ਤੋਂ ਗੱਟਾ ਮੁੰਡੀ ਕਾਸੂ, ਲੱਖੂ ਦੀਆਂ ਛੰਨਾਂ, ਭਾਨੇਵਾਲ, ਚੱਕਮੰਡਾਲਾ, ਜਾਣੀਆ ਚਾਹਲ, ਮਹਾਜਵਾਲਾ ਆਦਿ ਪਿੰਡਾਂ ਵਿੱਚ ਰਾਹਤ ਸਮੱਗਰੀ ਤੇ ਪ੍ਰਸ਼ਾਦਾ ਪਹੁੰਚਾਇਆ ਗਿਆ ਹੈ ਤੇ 40 ਦੇ ਕਰੀਬ ਫਸੇ ਲੋਕਾਂ ਨੂੰ ਵੀ ਸੁਰੱਖਿਅਤ ਬਾਹਰ ਲਿਆਂਦਾ ਗਿਆ ਹੈ। ਬੰਨ੍ਹ ਬੰਨ੍ਹਣ ਦੇ ਕੰਮ ਨੇ ਤਜ਼ਰਬੇਕਾਰ ਸੇਵਾਦਾਰਾਂ ਦੇ ਹਵਾਲੇ ਕੀਤਾ ਹੋਇਆ ਹੈ ਜਿਹੜੇ ਪਵਿੱਤਰ ਵੇਈਂ ਦੀ ਚੱਲੀ ਕਾਰਸੇਵਾ ਵਿੱਚ ਪਿਛਲੇ 23 ਸਾਲਾਂ ਤੋਂ ਲਗਾਤਾਰ ਆਪਣੀਆਂ ਸੇਵਾਵਾਂ ਦੇ ਰਹੇ ਹਨ। ਇਹਨਾਂ ਸੇਵਾਦਾਰਾਂ ਵਿੱਚ ਸੰਤ ਸੁਖਜੀਤ ਸਿੰਘ, ਸੁਰਜੀਤ ਸਿੰਘ ਸ਼ੰਟੀ, ਗੁਰਦੀਪ ਸਿੰਘ ਗੋਗਾ, ਅਮਰੀਕ ਸਿੰਘ ਮੀਕਾ, ਸਤਨਾਮ ਸਿੰਘ ਸਾਧੀ, ਸੁਖਜੀਤ ਸਿੰਘ ਸੋਨੀ, ਤੀਰਥ ਸਿੰਘ ਹੁੰਦਲ, ਦਲਜੀਤ ਸਿੰਘ ਸੰਧੂ, ਪਰਮਜੀਤ ਸਿੰਘ ਬੱਲ, ਪਰਮਜੀਤ ਸਿੰਘ ਸ਼ੇਰਪੁਰ, ਜਗਜੀਤ ਸਿੰਘ ਜੱਗੀ, ਤਜਿੰਦਰ ਸਿੰਘ, ਮਨਜੀਤ ਸਿੰਘ ਸੀਚੇਵਾਲ, ਹਰਦੀਪ ਸਿੰਘ ਟੀਟੂ, ਕਿੰਦਰ ਕੋਟਲਾ ਆਦਿ ਸ਼ਾਮਿਲ ਹਨ। ਇਸ ਵਿੱਚ ਜਿੱਥੇ ਸਮਾਜਿਕ ਸੇਵੀ ਜੱਥੇਬੰਦੀ ਵੱਧ ਚੜ੍ਹ ਕੇ ਹਿੱਸਾ ਲੈ ਰਹੇ ਹਨ ਉੱਥੇ ਹੀ ਸਿਹਤ ਸਹੂਲਤਾਂ ਲਈ ਸਿਹਤ ਵਿਭਾਗ ਵੱਲੋਂ ਕੈਂਪ ਲਗਾਇਆ ਗਿਆ।

# ਲੋਕਾਂ ਦੀ ਜਾਨ-ਮਾਲ ਦੀ ਰੱਖਿਆ ਕਰਨਾ ਪੰਜਾਬ ਸਰਕਾਰ ਦੀ ਮੁੱਖ ਤਰਜੀਹ : ਬਲਕਾਰ ਸਿੰਘ



**ਜਲੰਧਰ, (ਸ਼ੈਲੀ ਐਲਬਰਟ):**—ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਬਲਕਾਰ ਨੇ ਵੀਰਵਾਰ ਨੂੰ ਲੋਹੀਆਂ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਦੌਰਾ ਕਰਕੇ ਇਥੇ ਲੋਕਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਸੁਵਿਧਾਵਾਂ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਨੇ ਸਿਹਤ ਵਿਭਾਗ ਵੱਲੋਂ ਲਗਾਏ ਗਏ ਮੈਡੀਕਲ ਕੈਂਪਾਂ ਦੀ ਵੀ ਜਾਂਚ ਕੀਤੀ ਅਤੇ ਇਥੇ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸੁਵਿਧਾਵਾਂ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਹਾਸਿਲ ਕੀਤੀ। ਸਥਾਨਕ ਸਰਕਾਰਾਂ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਔਖੀ ਘੜੀ ਵਿੱਚ ਪੂਰੀ ਤਰ੍ਹਾਂ ਸੂਬਾ ਵਾਸੀਆਂ ਦੇ ਨਾਲ ਖੜ੍ਹੀ ਹੈ ਅਤੇ ਰਾਹਤ ਕਾਰਜਾਂ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ। ਉਨ੍ਹਾਂ ਕਿਹਾ ਕਿ ਐਨ.ਡੀ.ਆਰ.ਐਫ., ਐਸ.ਡੀ.ਆਰ.ਐਫ. ਅਤੇ ਫੌਜ ਦੀਆਂ ਟੀਮਾਂ ਨੂੰ ਤਾਇਨਾਤ ਕੀਤਾ ਗਿਆ ਹੈ ਜਿਨ੍ਹਾਂ ਵਲੋਂ ਦਿਨ-ਰਾਤ ਲੋਕਾਂ ਨੂੰ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚੋਂ ਬਾਹਰ ਕੱਢਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪ੍ਰਭਾਵਿਤ ਖੇਤਰਾਂ ਤਹਿਤ ਲੋਕਾਂ ਤੱਕ ਖਾਣਾ ਅਤੇ ਹੋਰ ਜ਼ਰੂਰੀ ਸਮੱਗਰੀ ਪਹੁੰਚਾਉਣ ਲਈ ਵੱਖ-ਵੱਖ ਟੀਮਾਂ ਨੂੰ ਤਾਇਨਾਤ ਕੀਤਾ ਗਿਆ ਹੈ। ਉਨ੍ਹਾਂ ਨੇ ਰਾਜ ਸਭਾ ਮੈਂਬਰ ਅਤੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵਲੋਂ ਦਿਨ-ਰਾਤ ਲੋਕਾਂ ਦੀ ਸੇਵਾ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸੰਤ ਬਲਬੀਰ ਸਿੰਘ ਸੀਚੇਵਾਲ ਵਲੋਂ ਵਲੋਂ ਲੋਕਾਂ ਦੀ ਸਹਾਇਤਾ ਲਈ ਵਲੰਟੀਅਰਾਂ ਨੂੰ ਨਿਯੁਕਤ ਕੀਤਾ ਗਿਆ ਹੈ ਜਿਨਾਂ ਵਲੋਂ ਦਿਨ-ਰਾਤ ਲੋਕਾਂ ਤੱਕ ਜਰੂਰਤ ਦਾ ਹਰ ਸਮਾਨ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਹੜ੍ਹ ਵਰਗੇ ਹਲਾਤਾਂ ਨਾਲ ਨਿਪਟਣ ਲਈ ਸਾਰੇ ਜ਼ਿਲ੍ਹਿਆਂ ਨੂੰ ਫੰਡ ਜਾਰੀ ਕਰ ਦਿੱਤੇ ਗਏ ਹਨ ਤਾਂ ਕਿ ਰਾਹਤ ਅਤੇ ਬਚਾਅ ਕਾਰਜਾਂ ਵਿੱਚ ਕਿਸੇ ਤਰ੍ਹਾਂ ਦੀ ਕੋਈ ਕਮੀ ਨਾ ਆ ਸਕੇ। ਉਨ੍ਹਾਂ ਕਿਹਾ ਕਿ ਇਸ ਔਖੀ ਘੜੀ ਨਾਲ ਨਿਪਟਣ ਲਈ ਫੰਡਾਂ ਅਤੇ ਸਾਧਨਾਂ ਦੀ ਕੋਈ ਕਮੀ ਨਹੀਂ ਹੈ ਅਤੇ ਜਲਦ ਹੀ ਅਸੀਂ ਸਭ ਮਿਲ ਕੇ ਇਸ ਚੁਣੌਤੀ ਨੂੰ ਸਰ ਕਰ ਲਵਾਂਗੇ। ਉਨ੍ਹਾਂ ਕਿਹਾ ਕਿ ਲੋਕਾਂ ਦੀ ਜਾਨ-ਮਾਲ ਦੀ ਰੱਖਿਆ ਕਰਨਾ ਪੰਜਾਬ ਸਰਕਾਰ ਦੀ ਮੁੱਖ ਤਰਜੀਹ ਹੈ ਅਤੇ ਇਸ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਔਖੀ ਘੜੀ ਵਿੱਚ ਅਫਵਾਹਾਂ ਤੋਂ ਦੂਰ ਰਹਿਣ ਅਤੇ ਜੇਕਰ ਕੋਈ ਸ਼ਰਾਰਤੀ ਅਨਸਰ ਝੂਠੀਆਂ ਅਫਵਾਹਾਂ ਫੈਲਾ ਕੇ ਮਾਹੌਲ ਖ਼ਰਾਬ ਕਰਦਾ ਹੈ ਤਾਂ ਉਸ ਸਬੰਧੀ ਜਾਣਕਾਰੀ ਤੁਰੰਤ ਜ਼ਿਲ੍ਹਾ ਪ੍ਰਸ਼ਾਸਨ ਨੂੰ ਮੁਹੱਈਆ ਕਰਵਾਈ ਜਾਵੇ।

# ਅਧਿਕਾਰੀਆਂ ਨੇ ਨੁਕਸਾਨੇ ਇਲਾਕਿਆਂ 'ਚ ਰਾਹਤ ਤੇ ਬਚਾਅ ਕਾਰਜਾਂ ਦਾ ਲਿਆ ਜਾਇਜ਼ਾ



**ਨੂਰਪੁਰ ਬੇਦੀ (ਸੁਰਜੀਤ ਸਿੰਘ ਕਾਹਲੋਂ)**-ਮੁੱਖ ਮੰਤਰੀ ਫੀਲਡ ਅਫਸਰ ਅਨਮਜੋਤ ਕੌਰ ਪੀ.ਸੀ.ਐਸ ਅਤੇ ਰਿਤੂ ਕਪੂਰ ਨਾਇਬ ਤਹਿਸੀਲਦਾਰ ਨੂਰਪੁਰ ਬੇਦੀ ਨੇ ਅੱਜ ਸਬ ਤਹਿਸੀਲ ਦੇ ਪਿੰਡਾਂ ਜੱਟਪੁਰ, ਆਜਮਪੁਰ, ਮੁਸਾਪੁਰ, ਚਹਿੜ ਮਜਾਰਾ, ਬੜਵਾ ਤੇ ਖੱਡ ਬਠਲੌਰ ਦਾ ਦੌਰਾ ਕੀਤਾ ਅਤੇ ਭਾਰੀ ਬਰਸਾਤ ਕਾਰਨ ਪੈਦਾ ਹੋਏ ਹੜ੍ਹਾ ਵਰਗੇ ਹਾਲਾਤ ਨਾਲ ਨਜਿੱਠਣ ਲਈ ਕੀਤਾ ਜਾ ਰਹੇ ਪ੍ਰਬੰਧਾਂ, ਰਾਹਤ ਤੇ ਬਚਾਅ ਕਾਰਜਾਂ ਦਾ ਜਾਇਜਾ ਲਿਆ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀਆਂ ਹਦਾਇਤਾ ਉਪਰੰਤ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਡਾ.ਪ੍ਰੀਤੀ ਯਾਦਵ ਅਤੇ ਹਲਕਾ ਵਿਧਾਇਕ ਐਡਵੋਕੇਟ ਦਿਨੇਸ਼ ਕੁਮਾਰ ਚੱਢਾ ਨਿਰੰਤਰ ਪ੍ਰਭਾਵਿਤ ਪਿੰਡਾਂ ਦਾ ਦੌਰਾ ਕਰ ਰਹੇ ਹਨ। ਜਿਲ੍ਹੇ ਦੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਫੀਲਡ ਵਿਚ ਜਾ ਕੇ ਲੋਕਾਂ ਨੂੰ ਦਰਪੇਸ਼ ਮੁਸ਼ਕਿਲਾਂ ਦਾ ਹੱਲ ਕਰਨ, ਬਿਜਲੀ, ਪਾਣੀ ਦੀ ਸੁਚਾਰੂ ਵਿਵਸਥਾ, ਸਿਹਤ ਸਹੂਲਤਾਂ, ਲੋਕਾਂ ਨੂੰ ਲੋੜੀਦਾ ਰਾਸ਼ਨ, ਫੂਡ ਕਿੱਟ, ਪਸੂ ਚਾਰਾ ਤੇ ਹੋਰ ਸਹੂਲਤਾ ਉਪਲੱਬਧ ਕਰਵਾਈਆਂ ਜਾਣ। ਟੁੱਟੀਆਂ ਸੜਕਾਂ, ਪੁਲੀਆਂ ਦਾ ਜਾਇਜਾ ਲੈ ਕੇ ਨੁਕਸਾਨ ਦਾ ਅੰਕਲਣ ਕੀਤਾ ਜਾਵੇ ਅਤੇ ਸੜਕਾਂ ਦੀ ਫੌਰੀ ਮੁਰੰਮਤ ਸ਼ੁਰੂ ਹੋਵੇ। ਅਨਮਜੋਤ ਕੌਰ ਅਤੇ ਰਿਤੂ ਕਪੂਰ ਨੇ ਇਨ੍ਹਾਂ ਪਿੰਡਾਂ ਦਾ ਦੌਰਾ ਕੀਤਾ ਅਤੇ ਵੱਖ ਵੱਖ ਵਿਭਾਗਾਂ ਤੋਂ ਨੁਕਸਾਨ ਦੇ ਵੇਰਵੇ ਲਏ।

ਉਨ੍ਹਾਂ ਨੇ ਕਿਹਾ ਕਿ ਪ੍ਰਸ਼ਾਸਨ ਪੂਰੀ ਮਿਹਨਤ ਤੇ ਲਗਨ ਨਾਲ ਆਮ ਵਰਗੇ ਹਾਲਾਤ ਬਣਾ ਰਿਹਾ ਹੈ। ਸਾਰੇ ਅਧਿਕਾਰੀ/ਕਰਮਚਾਰੀ ਲੋਕਾਂ ਦੇ ਸਹਿਯੋਗ ਨਾਲ ਰਾਹਤ ਤੇ ਬਚਾਅ ਕਾਰਜ ਵਿੱਚ ਲੱਗੇ ਹੋਏ ਹਨ। ਰਿਤੂ ਕਪੂਰ ਨੇ ਦੱਸਿਆ ਕਿ ਹੋਰ ਮਣਕੂ ਮਾਜਰਾ, ਕਾਹਨਪੁਰ ਖੂਹੀ, ਨੂਰਪੁਰ ਬੇਦੀ ਪਿੰਡਾਂ ਵਿੱਚ ਜਿੱਥੇ ਵੀ ਲੋੜਵੰਦ ਪਰਵਾਰਾਂ ਨੂੰ ਰਾਸ਼ਨ ਜਾਂ ਹੋਰ ਮੱਦਦ ਦੀ ਜਰੂਰਤ ਹੈ, ਉਨ੍ਹਾਂ ਨੂੰ ਲੋੜੀਦੀ ਸਮੱਗਰੀ ਉਪਲੱਬਧ ਕਰਵਾਈ ਜਾ ਰਹੀ ਹੈ।

## ਐੱਸ. ਡੀ. ਐੱਮ ਵਲੋਂ ਹੜ੍ਹ ਪ੍ਰਭਾਵਤ ਇਲਾਕਿਆਂ ਦਾ ਦੌਰਾ

**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)**-ਸਥਾਨਕ ਐੱਸ. ਡੀ. ਐੱਮ ਅਮਰੀਕ ਸਿੰਘ ਸਿੱਧੂ ਵਲੋਂ ਤਹਿਸੀਲਦਾਰ ਚੇਤਨ ਬੰਗੜ, ਨਾਇਬ ਤਹਿਸੀਲਦਾਰ ਦਲਵਿੰਦਰ ਸਿੰਘ, ਹਰਕੀਤ ਸਿੰਘ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ, ਉਪ ਮੰਡਲ ਅਫਸਰ, ਲੋਕ ਨਿਰਮਾਣ ਵਿਭਾਗ (ਭ ਤੇ ਮ ਸ਼ਾਖਾ) ਅਤੇ ਉਪ ਮੰਡਲ ਅਫਸਰ, ਡਰੇਨਜ ਵਿਭਾਗ ਆਦਿ ਅਧਿਕਾਰੀਆਂ ਨਾਲ ਪਿੰਡ ਚੋਤਾਂ ਭੈਣੀ, ਪਿੰਡ ਛੋਟਾ ਸੁਰਤਾਪੁਰ, ਪਿੰਡ ਬੜਾ ਸੁਰਤਾਪੁਰ ਆਦਿ ਪਿੰਡਾਂ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾ ਦੱਸਿਆ ਕਿ ਹੜ੍ਹਾਂ ਨਾਲ ਇਸ ਇਲਾਕੇ ਵਿਚ ਬਹੁਤ ਨੁਕਸਾਨ ਹੋਇਆ ਹੈ, ਕਈ ਥਾਵਾਂ 'ਤੇ ਪਾੜ ਪੈ ਗਏ ਸੜਕਾਂ ਵੀ ਟੁੱਟ ਗਈਆਂ ਜਿਨ੍ਹਾਂ ਦੀ ਮੁਰੰਮਤ ਸਰਕਾਰ ਜਲਦੀ ਹੀ ਕਰਵਾ ਦੇਵੇਗੀ।

## ਡਾ. ਕੌਸਤੁਭ ਸ਼ਰਮਾ ਨੇ ਕੀਤਾ ਔੜ ਵਿਖੇ ਨਵੇਂ ਥਾਣੇ ਦੀ ਇਮਾਰਤ ਦਾ ਉਦਘਾਟਨ

**ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਆਈ.ਜੀ ਲੁਧਿਆਣਾ ਰੇਂਜ ਡਾ. ਕੌਸਤੁਭ ਸ਼ਰਮਾ ਨੇ ਔੜ ਵਿਖੇ ਕਰੀਬ 2 ਕਰੋੜ ਰੁਪਏ ਦੀ ਲਾਗਤ ਨਾਲ ਬਣੀ ਇਮਾਰਤ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਦੇ ਨਾਲ ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਅਤੇ ਐਸ.ਐਸ.ਪੀ ਭਾਗੀਰਥ ਮੀਣਾ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਡਾ. ਸ਼ਰਮਾ ਨੇ ਕਿਹਾ ਕਿ ਇਸ ਥਾਣੇ ਦੇ ਬਣਨ ਨਾਲ ਆਪ-ਪਾਸ ਦੇ ਪਿੰਡਾਂ ਨੂੰ ਵੀ ਕਾਫੀ ਲਾਭ ਪਹੁੰਚੇਗਾ। ਪਿੰਡ ਵਾਸੀ ਆਸਾਨੀ ਦੇ ਨਾਲ ਇਸ ਥਾਣੇ ਦੇ ਨਾਲ ਆਪਣੀ ਪਹੁੰਚ ਕਰ ਸਕਣਗੇ ਅਤੇ ਪੁਲਸ ਵਿਭਾਗ ਨਾਲ ਸਬੰਧਤ ਜੋ ਵੀ ਕੰਮ ਹੋਣਗੇ, ਇਸ ਥਾਣੇ ਰਾਹੀਂ ਆਸਾਨੀ ਨਾਲ ਕੀਤੇ ਜਾ ਸਕਣਗੇ। ਉਨ੍ਹਾਂ ਕਿਹਾ ਕਿ ਇਸ ਥਾਣੇ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕੀਤਾ ਜਾਵੇਗਾ। ਇਸ ਦੇ ਬਣਨ ਨਾਲ ਪੁਲਸ ਮੁਲਾਜ਼ਮਾਂ ਨੂੰ ਵੀ ਆਪਣਾ ਕੰਮ ਕਰਨ ਵਿੱਚ ਆਸਾਨੀ ਹੋਵੇਗੀ। ਇਸ ਮੌਕੇ 'ਤੇ ਐਸ.ਪੀ. ਐਡਕੁਆਰਟਰ ਗੁਰਮੀਤ ਕੌਰ, ਐਸ.ਪੀ.ਡੀ. ਡਾ. ਮੁਕੇਸ਼ ਕੁਮਾਰ, ਡੀ.ਐਸ.ਪੀ ਸੁਰਿੰਦਰ ਚੰਦ, ਜ਼ਿਲ੍ਹਾ ਇੰਚਾਰਜ ਲਲਿਤ ਮੋਹਨ ਸ਼ਰਮਾ, ਐਸ.ਐਚ.ਓ ਬਖਸ਼ੀਸ਼ ਸਿੰਘ ਤੋਂ ਇਲਾਵਾ ਪੁਲਸ ਅਧਿਕਾਰੀ ਅਤੇ ਕਰਮਚਾਰੀ ਵੀ ਹਾਜ਼ਰ ਸਨ।

## ਪੀ.ਸੀ.ਐੱਮ.ਐੱਸ.ਡੀ ਕਾਲਜ ਫਾਰ ਵੂਮੈਨ ਦਾ ਨਤੀਜਾ ਰਿਹਾ ਸ਼ਾਨਦਾਰ

**ਜਲੰਧਰ ( ਇਕਬਾਲ ਸਿੰਘ ਉੱਭੀ )** ਪੀ.ਸੀ.ਐਮ.ਐਸ.ਡੀ ਕਾਲਜ ਫਾਰ ਵੂਮੈਨ, ਜਲੰਧਰ ਦੇ ਬੀਐਸਸੀ ਫੈਸ਼ਨ ਡਿਜਾਈਨਿੰਗ ਸਮੈਸਟਰ ਛੇਵੇਂ ਦਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਦਾ ਨਤੀਜਾ ਸ਼ਾਨਦਾਰ ਰਿਹਾ ਹੈ। ਕਰਨਪ੍ਰੀਤ ਕੌਰ ਨੇ 3000 ਵਿੱਚੋਂ 2766 (92.2%) ਅੰਕ ਪ੍ਰਾਪਤ ਕਰਕੇ ਯੂਨੀਵਰਸਿਟੀ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ। ਇਸ ਅਕਾਦਮਿਕ ਸਾਨ ਵਿੱਚ ਵਾਧਾ ਕਰਦਿਆਂ ਜਸਮੀਨ ਨੇ 2707 (90.2) ਅੰਕ ਪ੍ਰਾਪਤ ਕਰਕੇ ਯੂਨੀਵਰਸਿਟੀ ਵਿੱਚੋਂ ਸੱਤਵਾਂ ਸਥਾਨ ਹਾਸਲ ਕੀਤਾ। ਪ੍ਰਧਾਨ ਨਰੇਸ਼ ਬੁਧੀਆ, ਸੀਨੀਅਰ ਮੀਤ ਪ੍ਰਧਾਨ ਵਿਨੋਦ ਦਾਦਾ, ਪ੍ਰਬੰਧਕੀ ਕਮੇਟੀ ਦੇ ਹੋਰ ਮੈਂਬਰ ਅਤੇ ਕਾਲਜ ਦੇ ਪ੍ਰਿੰਸੀਪਲ ਪ੍ਰੋ. (ਡਾ.) ਪੂਜਾ ਪਰਾਸ਼ਰ ਨੇ ਵਿਦਿਆਰਥੀਆਂ ਦੀ ਸਫਲਤਾ ਦੀ ਸ਼ਲਾਘਾ ਕੀਤੀ ਅਤੇ ਇਹਨਾਂ ਸ਼ਾਨਦਾਰ ਨਤੀਜਿਆਂ ਲਈ ਫੈਸਨ ਡਿਜਾਈਨਿੰਗ ਵਿਭਾਗ ਨੂੰ ਵਧਾਈ ਦਿੱਤੀ।

## 54000 ਐੱਮ ਐੱਲ ਨਜਾਇਜ ਸ਼ਰਾਬ ਸਮੇਤ ਕਾਬੂ



**ਫਿਲੌਰ, (ਨਿਰਮਲ)** ਜਗਦੀਸ਼ ਰਾਜ ਪੀ.ਪੀ.ਐਸ ਉਪ ਪੁਲਿਸ ਕਪਤਾਨ, ਸਬ-ਡਵੀਜਨ ਫਿਲੌਰ (ਦਿਹਾਤੀ) ਨੇ ਦੱਸਿਆ ਕਿ ਇੰਸਪੈਕਟਰ ਸੁਰਿੰਦਰ ਕੁਮਾਰ ਮੁੱਖ ਅਫਸਰ ਥਾਣਾ ਗੁਰਾਇਆ ਦੀ ਪੁਲਸ ਪਾਰਟੀ ਏ.ਐਸ.ਆਈ ਸੁਰਿੰਦਰ ਮੋਹਣ ਥਾਣਾ ਗੁਰਾਇਆ ਨੇ ਸਮੇਤ ਸਾਥੀ ਕਰਮਚਾਰੀਆਂ ਦੇ ਪਿੰਡ ਚੀਮਾ ਖੁਰਦ ਤੋਂ ਹਰਮੇਸ਼ ਕੁਮਾਰ ਪੁੱਤਰ ਮੱਖਣ ਰਾਮ ਵਾਸੀ ਪਿੰਡ ਚੀਮਾ ਖੁਰਦ ਨੂੰ ਕਾਬੂ ਕਰਕੇ ਉਸ ਪਾਸੋਂ 54,000 ਐਮ.ਐਲ ਸ਼ਰਾਬ ਕੁੱਲ 72 ਬੋਤਲਾਂ ਮਾਰਕਾ ਪੰਜਾਬ ਫਸਟ ਚੁਆਇੰਸ ਵਿਸਕੀ ਸਮੇਤ ਕਾਰ ਮਰੂਤੀ ਨੰਬਰੀ ਪੀ ਬੀ-02-ਏ ਬੀ-8082 ਬ੍ਰਾਮਦ ਕੀਤੀ ਤੇ ਮੁਕੱਦਮਾ ਨੰਬਰ 86 ਮਿਤੀ 11-07-2023 ਅ/ਧ 61-1-14 ਆਬਕਾਰੀ ਐਕਟ ਥਾਣਾ ਗੁਰਾਇਆ ਦਰਜ ਕੀਤਾ।

## ਕਰਿਆਨਾ ਸਟੋਰ 'ਚੋਂ ਹੋਈ ਚੋਰੀ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਪੰਡੋਰੀ ਕੱਦ ਬੀਤੀ ਦਿਨੀਂ ਖਾਲਸਾ ਇੰਟਰਪ੍ਰੀਰਜ ਕਰਿਆਨਾ ਸਟੋਰ ਦੇ ਰੌਸ਼ਨਦਾਨ ਤੋੜ ਕੇ ਚੋਰੀ ਕੀਤੀ ਗਈ। ਜਸਵੰਤ ਸਿੰਘ ਪੁੱਤਰ ਹਰਭਜਨ ਸਿੰਘ ਵਾਸੀ ਪੰਡੋਰੀ ਕੱਦ ਨੇ ਦੱਸਿਆ ਕਿ ਬੀਤੀ ਰਾਤ ਸਾਢੇ ਨੌ ਵਜੇ ਦੁਕਾਨ ਬੰਦ ਕਰਕੇ ਘਰ ਗਿਆ ਸੀ। ਦੂਜੇ ਦਿਨ ਸਵੇਰੇ ਸਾਢੇ ਪੰਜ ਵਜੇ ਦੁਕਾਨ ਖੋਲ੍ਹੀ ਤਾਂ ਦੇਖਿਆ ਕਿ ਕੁਝ ਚੋਰ ਰੌਸ਼ਨਦਾਨ ਤੋੜ ਕੇ ਦੁਕਾਨ ਦੇ ਅੰਦਰ ਦਾਖਲ ਹੋਏ ਤੇ ਗੱਲੇ ਵਿਚੋਂ ਵੀਹ ਹਜਾਰ ਰੁਪਏ ਨਗਦ, ਤਿੰਨ ਰਾਇਫਲ ਤੇਲ ਪੰਜ ਲੀਟਰ ਬੋਤਲਾਂ, ਠੰਢੇ ਦੀਆਂ ਬੋਤਲਾਂ ਅਤੇ ਹੋਰ ਕੀਮਤੀ ਸਾਮਾਨ ਚੁੱਕ ਕੇ ਫਰਾਰ ਹੋ ਗਏ। ਥਾਣਾ ਮੇਹਟੀਆਣਾ ਪੁਲਸ ਨੂੰ ਜਾਣਕਾਰੀ ਦੇ ਦਿੱਤੀ ਹੈ।

## ਰਿੰਕੂ ਖੁਦ ਜੁਟੇ ਬਚਾਅ ਕਾਰਜਾਂ 'ਚ

**ਜਲੰਧਰ ( ਸ਼ੈਲੀ ਐਲਬਰਟ)** :-ਮੈਂਬਰ ਪਾਰਲੀਮੈਂਟ ਸੁਸ਼ੀਲ ਕੁਮਾਰ ਰਿੰਕੂ ਮੰਗਲਵਾਰ ਰਾਤ ਲੋਹੀਆਂ ਬਲਾਕ ਵਿੱਚ ਬਚਾਅ ਕਾਰਜਾਂ ਦੌਰਾਨ ਖੁਦ ਅੱਗੇ ਆਏ ਅਤੇ ਮੋਢੇ 'ਤੇ ਰੇਤ ਅਤੇ ਮਿੱਟੀ ਦੀਆਂ ਭਰੀਆਂ ਬੋਰੀਆਂ ਢੋਹ ਕੇ ਉਨ੍ਹਾਂ ਪਾੜ ਵਾਲੀ ਜਗ੍ਹਾ ਤੱਕ ਪਹੁੰਚਾਉਣ ਵਿੱਚ ਵਲੰਟੀਅਰਾਂ ਦੀ ਮਦਦ ਕੀਤੀ। ਜਾਣਕਾਰੀ ਦਿੰਦਿਆਂ ਸੁਸ਼ੀਲ ਕੁਮਾਰ ਰਿੰਕੂ ਨੇ ਕਿਹਾ ਕਿ ਇਹ ਇਕ ਕੁਦਰਤੀ ਆਫ਼ਤ ਹੈ ਅਤੇ ਬਚਾਅ ਕਾਰਜਾਂ ਵਿੱਚ ਵੱਧ ਤੋਂ ਵੱਧ ਯੋਗਦਾਨ ਪਾਉਣਾ ਹਰੇਕ ਦਾ ਫਰਜ਼ ਬਣਦਾ ਹੈ। ਉਨ੍ਹਾਂ ਕਿਹਾ ਕਿ ਇਸ ਚੁਣੌਤੀ ਨੂੰ ਪਾਰ ਕਰਨ ਲਈ ਇਹ ਲੜਾਈ ਸਾਰਿਆਂ ਨੂੰ ਰਲ ਕੇ ਲੜਨੀ ਪਵੇਗੀ। ਉਨ੍ਹਾਂ ਕਿਹਾ ਕਿ ਇਸ ਲੜਾਈ ਵਿੱਚ ਡਟੇ ਫਰੰਟਲਾਈਨ ਵਰਕਰਾਂ ਦਾ ਮਨੋਬਲ ਵਧਾਉਣਾ ਵੀ ਸਾਡੀ ਸਭ ਦੀ ਜ਼ਿੰਮੇਵਾਰੀ ਹੈ, ਇਸ ਲਈ ਉਹ ਖੁਦ ਮਜ਼ਦੂਰਾਂ ਤੇ ਵਲੰਟੀਅਰਾਂ ਦੇ ਨਾਲ ਇਸ ਮੁਹਿੰਮ ਵਿੱਚ ਜੁੜ ਗਏ ਹਨ ਤਾਂ ਜੋ ਹੋਰਨਾਂ ਨੂੰ ਵੀ ਅੱਗੇ ਆਉਣ ਲਈ ਪ੍ਰੇਰਿਤ ਕੀਤਾ ਜਾ ਸਕੇ। ਉਨ੍ਹਾਂ ਲੋਕਾਂ ਤੱਕ ਰਾਹਤ ਪਹੁੰਚਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਦੀ ਪ੍ਰਸ਼ੰਸਾ ਵੀ ਕੀਤੀ ਅਤੇ ਕਿਹਾ ਕਿ ਇਸੇ ਟੀਮ ਭਾਵਨਾ ਦੀ ਬਦੌਲਤ ਅਸੀਂ ਹੁਣ ਤੱਕ ਇਸ ਮੁਸੀਬਤ ਨਾਲ ਨਜਿੱਠਦੇ ਆਏ ਹਾਂ।

## ਸ੍ਰੀ ਗੁਰੂ ਹਰਿਕ੍ਰਿਸ਼ਨ ਸਕੂਲ 'ਚ ਆਨਲਾਈਨ ਧਾਰਮਿਕ ਸਮਾਗਮ

**ਸੁਲਤਾਨਪੁਰ ਲੋਧੀ, ( ਹਨੀ )** ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਿੱਖਾਂ ਦੇ ਅੱਠਵੇਂ ਗੁਰੂ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ ਪੁਰਬ ਸਬੰਧੀ ਆਨਲਾਈਨ ਧਾਰਮਿਕ ਸਮਾਗਮ ਕਰਵਾਇਆ ਗਿਆ । ਧਾਰਮਿਕ ਸਮਾਗਮ ਵਿੱਚ ਵਿਦਿਆਰਥੀਆਂ ਬੜੇ ਉਤਸ਼ਾਹ ਨਾਲ ਹਿੱਸਾ ਲਿਆ । ਸੰਗੀਤ ਅਧਿਆਪਕ ਸੁੱਚਾ ਸਿੰਘ ਵੱਲੋਂ ਸ੍ਰੀ ਗੁਰੂ ਹਰਿਕ੍ਰਿਸ਼ਨ ਜੀ ਦੀ ਬਾਣੀ ਦਾ ਜਾਪ ਕਰਦਿਆਂ ਅਤੇ ਸ਼ਬਦ ਗਾਇਨ ਰਾਹੀਂ ਹਾਜਰੀ ਭਰੀ । ਉਨ੍ਹਾਂ ਗੁਰੂ ਜੀ ਦੇ ਜੀਵਨ ਬਾਰੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਦੱਸਿਆ ਕਿ ਸ੍ਰੀ ਗੁਰੂ ਹਰਕ੍ਰਿਸਨ ਸਾਹਿਬ ਜੀ ਸਿੱਖ ਧਰਮ ਦੇ ਦਸ ਗੁਰੂਆਂ ਵਿੱਚੋਂ ਅੱਠਵੇਂ ਸਨ। ਉਹ ਐਤਵਾਰ, 20 ਅਕਤੂਬਰ 1661 ਨੂੰ ਆਪਣੇ ਪਿਤਾ ਗੁਰੂ ਹਰਿਰਾਇ ਜੀ ਦੇ ਨਕਸ਼ੇ ਕਦਮਾਂ 'ਤੇ ਚੱਲਦਿਆਂ ਗੁਰੂ ਬਣੇ। ਅੱਠਵੀਂ ਜਮਾਤ ਦੇ ਵਿਦਿਆਰਥਣ ਏਕਮਪ੍ਰੀਤ ਕੌਰ ਨੇ ਆਨਲਾਈਨ ਹੋ ਕੇ ਗੁਰੂ ਸਾਹਿਬਾਨ ਦੇ ਜੀਵਨ 'ਤੇ ਚਾਨਣਾ ਪਾਇਆ । ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ, ਪ੍ਰਸਾਸ਼ਕ ਇੰਜੀਨੀਅਰ ਨਿਮਰਤਾ ਕੌਰ ਅਤੇ ਪ੍ਰਿੰਸੀਪਲ ਰੇਨੂੰ ਅਰੋੜਾ ਨੇ ਵੀ ਵਿਦਿਆਰਥੀਆਂ ਤੇ ਸਟਾਫ਼ ਮੈਂਬਰਾਂ ਨੂੰ ਗੁਰੂ ਸਹਿਬਾਨ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ ।

## ਨਵਜੀਤ ਸਿੰਘ ਨਵੀ ਜ਼ਿਲ੍ਹਾ ਰੂਪਨਗਰ ਯੂਥ ਕਾਂਗਰਸ ਦੇ ਪ੍ਰਧਾਨ ਬਣੇ

**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)**-ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਸਪੁੱਤਰ ਨਵਜੀਤ ਸਿੰਘ ਨਵੀ ਜ਼ਿਲ੍ਹਾ ਰੂਪਨਗਰ ਯੂਥ ਕਾਂਗਰਸ ਦੇ ਪ੍ਰਧਾਨ ਚੁਣੇ ਗਏ। ਉਨ੍ਹਾਂ ਅਪਣੇ ਮੁਕਾਬਲੇ ਦੇ ਉਮੀਦਵਾਰ ਨਾਲੋਂ ਲੱਗਭਗ ਸਾਢੇ 12 ਹਜਾਰ ਵੋਟਾਂ ਵਾਧੂ ਲਈਆਂ । ਬਲਾਕ ਸੰਮਤੀ ਮੈਂਬਰ ਰੋਹਿਤ ਸੱਭਰਵਾਲ ਨੇ ਦੱਸਿਆ ਕਿ ਨਵਜੀਤ ਸਿੰਘ ਨਵੀ ਮਿੱਠ ਬੋਲੜੇ ਅਤੇ ਸਾਊ ਸੁਭਾਅ ਦੇ ਹੋਣ ਕਾਰਨ ਨੌਜਵਾਨਾਂ ਵਿਚ ਹਰਮਨ ਪਿਆਰੇ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ੍ਰੀ ਚਮਕੌਰ ਸਾਹਿਬ ਦੇ ਬਲਾਕ ਪ੍ਰਧਾਨ ਦਵਿੰਦਰ ਸਿੰਘ ਬਰਸਾਲਪੁਰ, ਦਰਸ਼ਨ ਸਿੰਘ ਸੰਧੂ ਬਲਾਕ ਪ੍ਰਧਾਨ ਮੋਰਿੰਡਾ, ਲੰਬੜਦਾਰ ਜਸਵੀਰ ਸਿੰਘ, ਤਾਰਾ ਚੰਦ, ਪ੍ਰਨੀਤ ਚੌਧਰੀ, ਲਵਲੀ ਵਰਮਾ, ਦੀਪਕ ਸ਼ਰਮਾ, ਬਲਵਿੰਦਰ ਸਿੰਘ ਆਦਿ ਨੇ ਖੁਸ਼ੀ ਦਾ ਪ੍ਰਗਟਾਵਾ ਕੀਤਾ।

# ਨਵੇਂ ਸੀਵਰੇਜ ਤੇ ਫਾਇਰ ਬ੍ਰਿਗੇਡ ਚਾਲਕਾਂ ਦੀ ਉਡੀਕ ਕਰ ਰਹੇ ਹਨ ਸ਼ਹਿਰ ਨਿਵਾਸੀ



**ਫਿਲੌਰ (ਨਿਰਮਲ)**-ਨਗਰ ਕੌਂਸਲ ਫਿਲੌਰ ਵੱਲੋਂ ਅੱਜ ਤੋਂ 35-40 ਸਾਲ ਪਹਿਲਾਂ ਸੀਵਰੇਜ ਪਾਇਆ ਗਿਆ ਸੀ, ਉਸ ਵਕਤ ਘਰਾਂ ਵਿੱਚ ਨਲਕੇ ਲੱਗੇ ਹੁੰਦੇ ਸਨ, ਪਾਣੀ ਨਾਲੀਆਂ ਰਾਹੀਂ ਸੀਵਰੇਜ ਵਿੱਚ ਪੈਂਦਾ ਤੇ ਨਾ ਪਾਣੀ ਰੁਕਦਾ ਸੀ। ਉਸ ਵਕਤ ਆਮ ਜਨਤਾ ਨੂੰ ਕੋਈ ਵੀ ਪ੍ਰੇਸ਼ਾਨੀ ਨਹੀਂ ਸੀ ਆਉਂਦੀ ਅਤੇ ਆਬਾਦੀ ਵੀ ਬਹੁਤ ਘੱਟ ਸੀ, ਫਿਲੌਰ ਦੀ ਆਬਾਦੀ ਅੱਜਕੱਲ੍ਹ ਬਹੁਤ ਵੱਧ ਚੁੱਕੀ ਹੈ। ਸੀਵਰੇਜ ਤੇ ਵਾਟਰ ਸਪਲਾਈ ਸ਼ਹਿਰ ਫਿਲੌਰ ਵਿੱਚ ਪਾਇਆ ਜਾ ਚੁੱਕਾ ਹੈ। ਲੋਕ ਦਿਨ-ਰਾਤ ਟੂਟੀਆਂ ਚਲਾ ਕੇ ਨਜਾਇਜ਼ ਫਾਇਦਾ ਉਠਾ ਰਹੇ ਹਨ ਅਤੇ ਨਤੀਜੇ ਵਜੋਂ ਪਾਣੀ ਸੀਵਰੇਜ ਵਿੱਚ ਪੈਂਦਾ ਹੈ। ਸੀਵਰੇਜ ਛੋਟਾ ਬਣ ਕੇ ਰਹਿ ਗਿਆ ਤੇ ਅਬਾਦੀ ਵੱਧ ਗਈ ਹੈ। ਪਹਿਲਾਂ ਪਲਾਸਟਿਕ ਦੇ ਲਿਫ਼ਾਫੇ ਘੱਟ ਸਨ। ਪਲਾਸਟਿਕ ਲਿਫ਼ਾਫਿਆ ਉੱਤੇ ਪਾਬੰਦੀ ਲੱਗੀ ਹੋਣ ਦੇ ਬਾਵਜੂਦ ਸਰੇਆਮ ਵਿਕ ਰਹੇ ਹਨ। ਲੋਕ ਪਲਾਸਟਿਕ ਦੇ ਲਿਫ਼ਾਫਿਆ ਦੀ ਵਰਤੋਂ ਕਰਦੇ ਹਨ ਤੇ ਆਪਣੇ ਘਰਾਂ ਦਾ ਕੂੜਾ, ਗੰਦਗੀ ਪਾ ਕੇ ਸੀਵਰੇਜ ਵਿੱਚ ਸੁੱਟ ਦਿੰਦੇ ਹਨ, ਜਿਸ ਕਾਰਨ ਸੀਵਰੇਜ ਬਹੁਤ ਬੁਰੀ ਤਰ੍ਹਾਂ ਬੰਦ ਹੋ ਜਾਂਦਾ ਹੈ। ਲੋਕਾਂ ਦੀ ਇਹ ਖਾਸ ਮੰਗ ਹੈ ਕਿ ਪਲਾਸਟਿਕ ਦੇ ਲਿਫ਼ਾਫੇ ਵੇਚਣ ਅਤੇ ਖ਼ੀਦਣ ਵਾਲਿਆਂ ਉੱਪਰ ਸਖ਼ਤ ਕਾਰਵਾਈ ਹੋਵੇ। ਸਮਾਜ ਸੇਵੀ ਅਮਿਤ ਪੰਮਾ ਨੇ ਦੱਸਿਆ ਕਿ ਸ਼ਹਿਰ ਦੇ ਬੱਸ ਅੱਡੇ ਨੇੜੇ ਫਰੂਟ ਵੇਚਣ ਵਾਲੇ ਰੇਹੜੀਆਂ ਖੜੀਆਂ ਕਰਦੇ ਹਨ ਜਿਸ ਕਾਰਨ ਆਵਾਜਾਈ ਵਿੱਚ ਵਿਘਨ ਪੈ ਰਿਹਾ ਹੈ। ਇੱਕ ਰੇਹੜੀ ਲਾਇਸੈਂਸ ਕਮੇਟੀ ਘਰ ਤੋਂ ਬਣਾ ਕੇ 5-5 ਰੇਹੜੀਆਂ 'ਤੇ ਕੰਮ ਕਰ ਰਹੇ ਹਨ, ਨਗਰ ਕੌਂਸਲ ਨੂੰ ਨੁਕਸਾਨ ਹੋ ਰਿਹਾ ਹੈ। ਸ਼ਹਿਰ ਨਿਵਾਸੀ ਅਮਰੀਕ ਸਿੰਘ, ਦਰਸ਼ਨ ਕੁਮਾਰ, ਮੀਤ ਰਾਮ, ਮੋਹਨ ਸਿੰਘ ਮੁਲਖ ਰਾਜ ਅਤੇ ਕੁਝ ਕੌਂਸਲਰਜ ਨੇ ਦੱਸਿਆ ਕਿ ਫਿਲੌਰ ਸ਼ਹਿਰ ਵਿੱਚ ਅੱਗ ਬੁਝਾਉਣ ਵਾਲੀਆਂ ਦੋ ਮਸ਼ੀਨਾਂ ਲੱਗਭਗ ਇੱਕ ਸਾਲ ਦੇ ਕਰੀਬ ਖੜ੍ਹੀਆਂ ਹਨ ਪਰ ਉਨ੍ਹਾਂ ਨੂੰ ਚਲਾਉਣ ਵਾਲਾ ਅਮਲਾ ਨਹੀਂ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਅਤੇ ਲੋਕਲ ਬਾਡੀਜ਼ ਦੇ ਉੱਚ ਅਧਿਕਾਰੀਆਂ ਨੂੰ ਲਿਖ ਚੁੱਕੇ ਹਨ ਪਰ ਨਾ ਤਾਂ ਸੀਵਰੇਜ ਸਾਫ ਕਰਨ ਵਾਲੀਆਂ ਮਸ਼ੀਨਾਂ ਆਈਆਂ ਨਾ ਹੀ ਫਾਇਰ ਬ੍ਰਿਗੇਡ ਚਾਲਕ ਭੇਜੇ ਗਏ।

# ਸੇਂਟ ਸੋਲਜਰ ਵਿਦਿਆਰਥੀਆਂ ਨੇ ਮਨਾਇਆ ਵਿਸ਼ਵ ਜਨਸੰਖਿਆ ਦਿਵਸ




**ਜਲੰਧਰ, (ਇਕਬਾਲ ਸਿੰਘ ਉੱਭੀ)** ਵਿਸ਼ਵ ਵਿੱਚ ਦਿਨ ਪ੍ਰਤੀ ਦਿਨ ਜਨਸੰਖਿਆ ਵੱਧਣ ਦੇ ਕਾਰਨ ਧਰਤੀ ਉੱਤੇ ਬੁਰੇ ਪ੍ਰਭਾਵ ਪੈ ਰਹੇ ਹਨ। ਇਸਦੇ ਪ੍ਰਤੀ ਜਾਗਰੂਕਤਾ ਫੈਲਾਉਂਦੇ ਹੋਏ ਸੇਂਟ ਸੋਲਜਰ ਡਿਵਾਇਨ ਪਬਲਿਕ ਸਕੂਲ਼ ਖਾਂਬਰਾ ਵਿੱਚ ਵਿਸ਼ਵ ਜਨਸੰਖਿਆ ਦਿਵਸ ਮਨਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਭਾਗ ਲੈਂਦੇ ਹੋਏ ਵੱਧਦੀ ਹੋਏ ਜਨਸੰਖਿਆ ਦੇ ਪ੍ਰਭਾਵ ਜਿਵੇਂ ਗਰੀਬੀ, ਭੀੜ, ਸੋਸ਼ਲ ਇਫੇਕਟ, ਕਰਾਇਮ ਇਫੇਕਟ ਆਦਿ ਦੇ ਬਾਰੇ ਵਿੱਚ ਜਾਣਕਾਰੀ ਦਿੱਤੀ। ਪ੍ਰਿੰਸੀਪਲ ਰੁਪਿੰਦਰ ਕੌਰ ਦੇ ਦਿਸ਼ਾ ਨਿਰਦੇਸ਼ਾਂ 'ਤੇ ਵਿਦਿਆਰਥੀਆਂ ਮੁਸਕਾਨ, ਸੁਖਪ੍ਰੀਤ, ਸਿਮਰਨ, ਅੰਜਲੀ, ਅਭੀਨਵ, ਨਵਜੋਤ, ਵੰਸ਼ਿਕਾ, ਮਹਿਕਦੀਪ, ਪਰੀਨੂਰ ਆਦਿ ਨੇ "ਧਰਤੀ ਨੂੰ ਸੁੰਦਰ ਸੁਸ਼ੀਲ ਸੰਸਾਰ", "ਵਰਲਡ ਪਾਪੁਲੇਸ਼ਨ ਡੇ" ਆਦਿ ਦੇ ਪੋਸਟਰਸ ਬਣਾ ਕੇ ਜਨਸੰਖਿਆ ਉੱਤੇ ਕੰਟਰੋਲ ਕਰਨ ਦੀ ਅਪੀਲ ਕਰਦੇ ਹੋਏ ਕਿਹਾ ਕਿ ਜੇਕਰ ਜਨਸੰਖਿਆ ਉੱਤੇ ਕੰਟਰੋਲ ਨਾ ਕੀਤਾ ਗਿਆ ਅਤੇ ਆਉਣ ਵਾਲੀ ਪੀੜ੍ਹੀ ਨੂੰ ਨੇਚੁਰਲ ਵਸਤੂਆਂ ਦਾ ਲਾਭ ਨਹੀਂ ਮਿਲ ਪਾਵੇਗਾ ਅਤੇ ਇਸਦੇ ਬੁਰੇ ਪ੍ਰਭਾਵਾਂ ਦਾ ਵੀ ਸਾਹਮਣਾ ਕਰਨਾ ਪਾਵੇਗਾ। ਇਸਦੇ ਇਲਾਵਾ ਵਿਦਿਆਰਥੀਆਂ ਨੇ ਅਰਥ ਦੇ ਪੋਸਟਰਸ ਬਣਾ ਉੱਸਦੇ ਸਾਹਮਣੇ ਖੜੇ ਹੋ ਕੇ ਉਸਦੀ ਸੁੰਦਰਤਾ ਬਣਾਏ ਰੱਖਣ ਨੂੰ ਕਿਹਾ। ਵਾਇਸ ਚੇਅਰਪਰਸਨ ਸ਼੍ਰੀਮਤੀ ਸੰਗੀਤਾ ਚੋਪੜਾ ਨੇ ਵਿਦਿਆਰਥੀਆਂ ਦੇ ਕਾਰਜ ਦੀ ਸ਼ਲਾਘਾ ਕਰਦੇ ਹੋਏ ਸਭ ਨੂੰ ਵਿਦਿਆਰਥੀਆਂ ਦੇ ਇਸ ਕਾਰਜ ਵਿੱਚ ਸਾਥ ਦੇਣ ਨੂੰ ਕਿਹਾ।

# ਗਿੱਲ ਨੇ ਡਿਪਟੀ ਕਮਿਸ਼ਨਰ ਨਾਲ ਕੀਤਾ ਹੜ੍ਹ ਪ੍ਰਭਾਵਤ ਪਿੰਡਾਂ ਦਾ ਦੌਰਾ





**ਟਾਂਡਾ, (ਉਂਕਾਰ ਸਿੰਘ , ਜਸਵਿੰਦਰ )**-ਵਿਧਾਇਕ ਉੜਮੁੜ ਜਸਵੀਰ ਸਿੰਘ ਰਾਜਾ ਗਿੱਲ ਨੇ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨਾਲ ਹਲਕੇ ਅਧੀਨ ਆਉਂਦੇ ਉਨ੍ਹਾਂ ਪਿੰਡਾਂ ਦਾ ਦੌਰਾ ਕੀਤਾ, ਜਿੱਥੇ ਮੀਂਹ ਕਾਰਨ ਕਾਫੀ ਪਾਣੀ ਖੜ੍ਹਾ ਹੈ। ਇਸ ਦੌਰਾਨ ਉਨ੍ਹਾਂ ਨਾਲ ਐਸ.ਡੀ.ਐਮ ਓਜਸਵੀ ਅਲੰਕਾਰ ਵੀ ਮੌਜੂਦ ਸਨ। ਵਿਧਾਇਕ ਨੇ ਕਿਹਾ ਕਿ ਪਿਛਲੇ ਦਿਨਾਂ ਤੋਂ ਹੋ ਰਹੀ ਭਾਰੀ ਬਰਸਾਤ ਕਾਰਨ ਹਲਕੇ ਦੇ ਕਈ ਪਿੰਡਾਂ ਦੇ ਖੇਤਾਂ ਵਿੱਚ ਪਾਣੀ ਆ ਗਿਆ ਸੀ। ਉਨ੍ਹਾਂ ਕਿਹਾ ਕਿ ਅੱਜ ਹਲਕੇ ਦੇ ਪਿੰਡਾਂ ਪੁਲ ਪੁਖਤਾ, ਫਿਰੋਜ ਰੱਲੀਆਂ, ਨੱਥੂਪੁਰ, ਤਲਵੰਡੀ ਡਡਿਆਣਾ, ਪੱਤੀ ਮੀਰਾਪੁਰ, ਬਹਾਦਰਪੁਰ ਦਾ ਦੌਰਾ ਕਰਨ ਦਾ ਮਕਸਦ ਹੈ ਕਿ ਪਿੰਡਾਂ ਦੀਆਂ ਪੰਚਾਇਤਾਂ ਨਾਲ ਤਾਲਮੇਲ ਕਰਕੇ ਖੜੇ ਪਾਣੀ ਦੀ ਨਿਕਾਸੀ ਲਈ ਯੋਗ ਪ੍ਰਬੰਧ ਕੀਤੇ ਜਾਣ ਤਾਂ ਜੋ ਉਸ ਪਾਣੀ ਨੂੰ ਬੇਈਂ ਵਿਚ ਛੱਡਿਆ ਜਾ ਸਕੇ। ਉਨ੍ਹਾਂ ਕਿਹਾ ਕਿ ਸਾਰੇ ਪ੍ਰਭਾਵਿਤ ਪਿੰਡਾਂ ਦਾ ਸਰਵੇ ਕੀਤਾ ਗਿਆ ਹੈ ਅਤੇ ਪੈਦਾ ਹੋਈ ਸਥਿਤੀ ਨਾਲ ਨਜਿੱਠਣ ਲਈ ਪੰਜਾਬ ਸਰਕਾਰ ਵੱਲੋਂ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਕਿਸੇ ਵੀ ਤਰ੍ਹਾਂ ਦੀਆਂ ਅਫਵਾਹਾਂ 'ਤੇ ਵਿਸ਼ਵਾਸ ਨਾ ਕਰਨ ਅਤੇ ਨਾ ਹੀ ਘਬਰਾਹਟ ਵਿਚ ਆਉਣ, ਲੋੜ ਪੈਣ 'ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬਣਾਏ ਗਏ ਫਲੱਡ ਕੰਟਰੋਲ ਰੂਮਾਂ ਨਾਲ ਸੰਪਰਕ ਕਰਨ। ਉਨ੍ਹਾਂ ਕਿਹਾ ਕਿ ਸਮੁੱਚਾ ਸਰਕਾਰੀ ਤੰਤਰ ਇਸ ਕੁਦਰਤੀ ਆਫਤ ਨਾਲ ਨਜਿੱਠਣ ਲਈ ਹਰ ਤਰ੍ਹਾਂ ਨਾਲ ਯਤਨਸ਼ੀਲ ਹੈ। ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਕਿਹਾ ਕਿ ਟਾਂਡਾ ਦੇ ਕਈ ਪਿੰਡ ਬੇਈ ਦੇ ਖੇਤਰ ਵਿੱਚ ਆਉਂਦੇ ਹਨ ਜਿੱਥੇ ਕਾਫੀ ਪਾਣੀ ਇਕੱਠਾ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਖੁਸੀ ਦੀ ਗੱਲ ਹੈ ਕਿ ਪਾਣੀ ਦਾ ਪੱਧਰ ਕਾਫੀ ਹੇਠਾਂ ਆਇਆ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਪਾਣੀ ਦੇ ਕੁਦਰਤੀ ਵਹਾਅ ਨੂੰ ਬਹਾਲ ਕਰਦੇ ਹੋਏ ਇਸ ਨੂੰ ਅੱਗੇ ਵਹਿਣ ਦੇਣ ਤਾਂ ਜੋ ਆਉਣ ਵਾਲੇ ਦਿਨਾਂ ਵਿੱਚ ਬਰਸਾਤ ਕਿਸੇ ਲਈ ਮੁਸੀਬਤ ਨਾ ਬਣੇ। ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਕਬਜਿਆਂ ਨੂੰ ਹਟਾਇਆ ਜਾਵੇ ਤਾਂ ਜੋ ਪਾਣੀ ਦੇ ਕੁਦਰਤੀ ਵਹਾਅ ਵਿੱਚ ਕੋਈ ਰੁਕਾਵਟ ਨਾ ਆਵੇ। ਇਸ ਦੌਰਾਨ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਹਾਜਰ ਸਨ।

# ਆਈ ਕੇ ਜੀ ਪੀ ਟੀ ਯੂ ਵਿਖੇ 10 ਰੋਜ਼ਾ ਐੱਨ.ਸੀ.ਸੀ ਸੰਯੁਕਤ ਸਾਲਾਨਾ ਸਿਖਲਾਈ ਕੈਂਪ ਸ਼ੁਰੂ



**ਜਲੰਧਰ ( ਸੈਲੀ ਐਲਬਰਟ)**— ਆਈ. ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ (ਆਈ.ਕੇ.ਜੀ ਪੀ.ਟੀ.ਯੂ) ਵਿਖੇ 10 ਦਿਨਾਂ ਦੇ ਐਨ ਸੀ ਸੀ (ਨੈਸ਼ਨਲ ਕੈਡਿਟ ਕੋਰਪਸ) ਦਾ ਸੰਯੁਕਤ ਸਾਲਾਨਾ ਸਿਖਲਾਈ ਕੈਂਪ ਦੱਸ ਜੁਲਾਈ ਤੋਂ ਸ਼ੁਰੂ ਹੋਇਆ ਹੈ! ਇਹ ਕੈਂਪ ਯੂਨੀਵਰਸਿਟੀ ਵਿਖੇ 19 ਜੁਲਾਈ ਤੱਕ ਚੱਲੇਗਾ! ਇਸਦਾ ਆਯੋਜਨ 21 ਪੰਜਾਬ ਬਟਾਲੀਅਨ ਐਨ.ਸੀ.ਸੀ ਕਪੂਰਥਲਾ ਵੱਲੋਂ ਕੀਤਾ ਗਿਆ ਹੈ! ਯੂਨੀਵਰਸਿਟੀ ਵਿਦਿਆਰਥੀ ਭਲਾਈ ਵਿਭਾਗ ਇਸ ਕੈਂਪ ਦੀ ਮੇਜਬਾਨੀ ਯੂਨੀਵਰਸਿਟੀ ਦੀ ਤਰਫੋਂ ਆਪਣੇ ਐਨ.ਸੀ.ਸੀ ਵਿੰਗ ਅਧੀਨ ਕਰ ਰਿਹਾ ਹੈ। ਯੂਨੀਵਰਸਿਟੀ ਦੇ ਉਪ-ਕੁਲਪਤੀ ਡਾ.ਸੁਸੀਲ ਮਿੱਤਲ ਨੇ ਇਸ ਕੈਂਪ ਨੂੰ ਵਿਦਿਆਰਥੀਆਂ ਲਈ ਇੱਕ ਸੁਨਹਿਰੀ ਮੌਕਾ ਦੱਸਦਿਆਂ ਯੂਨੀਵਰਸਿਟੀ ਦੇ ਕੈਡਿਟਾਂ ਨੂੰ ਇਸ ਕੈਂਪ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਆ ਹੈ। ਉਨ੍ਹਾਂ ਨੇ 21 ਪੰਜਾਬ ਬਟਾਲੀਅਨ, ਐਨ.ਸੀ.ਸੀ. ਕਪੂਰਥਲਾ ਵੱਲੋਂ ਇਸ ਕੈਂਪ ਲਈ ਯੂਨੀਵਰਸਿਟੀ ਦੀ ਚੋਣ ਕਰਨ ਲਈ ਉਹਨਾਂ ਦਾ ਧੰਨਵਾਦ ਕੀਤਾ ਹੈ! ਰਜਿਸਟਰਾਰ ਡਾ.ਐਸ.ਕੇ ਮਿਸ਼ਰਾ ਨੇ ਕਿਹਾ ਕਿ ਕੈਂਪ ਵਿੱਚ ਭਾਗ ਲੈਣ ਆਏ ਸਾਰੇ ਕੈਡਿਟ ਦੇਸ ਭਗਤੀ ਅਤੇ ਹਿੰਮਤ ਦੀ ਮਿਸਾਲ ਹਨ! ਇਸ ਮੌਕੇ ਕਮਾਂਡਿੰਗ ਅਫਸਰ ਕਰਨਲ ਵਿਸ਼ਾਲ ਓਪਲ ਨੇ ਕਿਹਾ ਕਿ ਐੱਨ.ਸੀ.ਸੀ. ਰਾਸ਼ਟਰੀ ਪੱਧਰ 'ਤੇ ਆਪਣੀ ਕਿਸਮ ਦੀ ਵਿਲੱਖਣ ਸੰਸਥਾ ਹੈ, ਜੋ ਸਮੁੱਚੇ ਨੌਜਵਾਨ ਸਸ਼ਕਤੀਕਰਨ ਅਤੇ ਰਾਸਟਰੀ ਏਕਤਾ ਨੂੰ ਸਮਰਪਿਤ ਹੈ। ਉਨ੍ਹਾਂ ਦੱਸਿਆ ਕਿ ਇਸ ਕੈਂਪ ਵਿੱਚ ਵੱਖ-ਵੱਖ ਵਿੱਦਿਅਕ ਸੰਸਥਾਵਾਂ ਦੇ 400 ਤੋਂ ਵੱਧ ਕੈਡਿਟ ਭਾਗ ਲੈ ਰਹੇ ਹਨ। ਅਜਿਹੇ ਕੈਂਪਾਂ ਰਾਹੀਂ ਉਨ੍ਹਾਂ ਵਿੱਚ ਲੀਡਰਸ਼ਿਪ ਦੇ ਗਿਆਨ ਵਿੱਚ ਵਾਧਾ ਹੁੰਦਾ ਹੈ। ਸਾਰੇ ਕੈਡਿਟਾਂ ਨੂੰ ਫਰੰਟ ਲਾਈਨਰ ਬਣਨ ਲਈ ਇੱਥੇ ਸਿਖਲਾਈ ਦਿੱਤੀ ਜਾਵੇਗੀ! ਇਸ ਤੋਂ ਇਲਾਵਾ ਕੈਡਿਟਾਂ ਨੂੰ ਮੈਪ ਰੀਡਿੰਗ, ਦੇਸ਼ ਹਿੱਤ ਵਿਚ ਹਥਿਆਰਾਂ ਚਲਾਉਣ ਦੀ ਸਿਖਲਾਈ ਦਿੱਤੀ ਜਾਵੇਗੀ ਅਤੇ ਫੌਜੀ ਡਰਿੱਲ ਵਰਗੇ ਵਿਸੇ ਵੀ ਪੜ੍ਹਾਏ ਜਾਣਗੇ। ਕੈਡਿਟਾਂ ਦੇ ਸਰੀਰਕ ਵਿਕਾਸ ਨੂੰ ਧਿਆਨ ਵਿੱਚ ਰੱਖਦੇ ਹੋਏ ਇਨ੍ਹਾਂ 10 ਦਿਨਾਂ ਦੌਰਾਨ ਉਨ੍ਹਾਂ ਨੂੰ ਵੱਖ-ਵੱਖ ਖੇਡ ਮੁਕਾਬਲਿਆਂ ਜਿਵੇਂ ਕਿ ਫੁੱਟਬਾਲ, ਵਾਲੀਬਾਲ, ਬਾਸਕਟਬਾਲ ਅਤੇ ਐਥਲੈਟਿਕਸ ਨਾਲ ਵੀ ਜੋੜਿਆ ਜਾਵੇਗਾ, ਤਾਂ ਜੋ ਉਨ੍ਹਾਂ ਦੀ ਸਰੀਰਕ ਸਮਰੱਥਾ ਨੂੰ ਵੀ ਵਧਾਇਆ ਜਾ ਸਕੇ! ਯੂਨੀਵਰਸਿਟੀ ਦੇ ਐਨ.ਸੀ.ਸੀ ਕੋਆਰਡੀਨੇਟਰ ਡਾ. ਚੰਦਰ ਪ੍ਰਕਾਸ਼ ਅਤੇ ਟੀਮ ਮੈਂਬਰ ਅਸਿਸਟੈਂਟ ਪ੍ਰੋਫੈਸਰ ਨਵੀਨ ਸ਼ਰਮਾ ਨੇ ਸਾਰੇ ਪ੍ਰਤੀਭਾਗੀਆਂ ਦਾ ਸਵਾਗਤ ਕੀਤਾ!

# ਕੇਂਦਰ ਸਰਕਾਰ ਕਿਸਾਨਾਂ ਦੇ ਹੋਏ ਨੁਕਸਾਨ ਲਈ ਵਿਸ਼ੇਸ਼ ਪੈਕੇਜ ਦਾ ਐਲਾਨ ਕਰੇ : ਬੀ ਕੇ ਯੂ ਲੱਖੋਵਾਲ



**ਖਰੜ (ਹਰਨਾਮ ਸਿੰਘ ਡੱਲਾ)**-ਪੰਜਾਬ ਵਿੱਚ ਕੁੱਝ ਦਿਨਾਂ ਤੋਂ ਰੁੱਕ ਰੁੱਕ ਕੇ ਹੋ ਰਹੀ ਭਾਰੀ ਬਰਸਾਤ ਹੋਣ ਕਰਕੇ ਪਾਣੀ ਨੇ ਹੜ੍ਹਾਂ ਦਾ ਰੂਪ ਧਾਰਨ ਕਰ ਲਿਆ ਹੈ। ਜਿਸ ਨੇ ਲੋਕਾਂ ਦੀ ਹਾਲਤ ਬਹੁਤ ਖਰਾਬ ਕਰ ਦਿੱਤੀ ਹੈ। ਜ਼ਿਲ੍ਹਾ ਮੋਹਾਲੀ ਦੇ ਬਹੁਤ ਸਾਰੀਆਂ ਪਿੰਡਾਂ ਵਿੱਚ ਪਾਣੀ ਘਰਾਂ ਵਿਚ ਵੜਨ ਕਾਰਨ ਲੋਕਾਂ ਦਾ ਵੱਡਾ ਮਾਲੀ ਨੁਕਸਾਨ ਹੋਇਆ ਹੈ। ਕਿਸਾਨਾਂ ਦੀ ਖੇਤਾਂ ਵਿੱਚ ਖੜ੍ਹੀ ਜੀਰੀ, ਮੱਕੀ ਅਤੇ ਹਰੇ ਚਾਰੇ ਦਾ ਵੀ ਨੁਕਸਾਨ ਹੋਇਆ ਹੈ। ਮੋਹਾਲੀ ਦੇ ਕਈ ਪਿੰਡਾਂ ਵਿੱਚ ਤਾਂ ਹੜ੍ਹਾਂ ਕਾਰਨ ਦੁਧਾਰੂ ਪਸ਼ੂਆਂ ਦੀ ਪਾਣੀ ਵਿੱਚ ਡੁੱਬਣ ਕਾਰਨ ਮੌਤਾਂ ਵੀ ਹੋਈਆਂ ਹਨ। ਕਿਸਾਨਾਂ ਦੇ ਜ਼ਿਆਦਾ ਬਰਸਾਤ ਕਾਰਨ ਰਹਾਇਸੀ ਘਰ ਤੇ ਪਸ਼ੂਆਂ ਦੇ ਕੋਠੇ ਵੀ ਗਿਰਨ ਦੀਆ ਖਬਰਾਂ ਹਨ। ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਮੋਹਾਲੀ ਦੇ ਪ੍ਰਧਾਨ ਦਵਿੰਦਰ ਸਿੰਘ ਦੇਹਕਲਾ,ਜਰਨਲ ਸਕੱਤਰ ਜਸਪਾਲ ਸਿੰਘ ਨਿਆਮੀਆ,ਪ੍ਰੈਸ ਸਕੱਤਰ ਰਣਬੀਰ ਸਿੰਘ ਗਰੇਵਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕਿਸਾਨ ਤਾਂ ਪਹਿਲਾਂ ਹੀ ਆਰਥਿਕ ਤੰਗੀ ਕਾਰਨ ਖੁਦਕੁਸ਼ੀਆਂ ਕਰ ਰਹੇ ਹਨ। ਹੜ੍ਹਾਂ ਕਾਰਨ ਹੋਏ ਨੁਕਸਾਨ ਨੂੰ ਕਿਸਾਨ ਹੋਰ ਝੱਲ ਨਹੀਂ ਸਕਦੇ। ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਕਿਸਾਨਾਂ ਨੂੰ ਹੋਏ ਨੁਕਸਾਨ ਦੀ ਜਲਦ ਭਰਪਾਈ ਲਈ ਵਿਸੇਸ਼ ਪੈਕੇਜ ਦਾ ਐਲਾਨ ਕਰੇ ਅਤੇ ਪੰਜਾਬ ਸਰਕਾਰ ਵੀ ਜਲਦ ਤੋਂ ਜਲਦ ਗਰਦਾਵਰੀ ਕਰਵਾ ਮੁਆਵਜਾ ਦੇ ਕੇ ਕਿਸਾਨ ਦੀ ਬਾਂਹ ਫੜੀ ਜਾਵੇ। ਕਿਸਾਨਾਂ ਦੇ ਹੋਏ ਨੁਕਸਾਨ ਨੂੰ ਵੇਖਦੇ ਹੋਏ ਬੈਕਾਂ ਦੀਆਂ ਲਿਮਟਾ ਦਾ ਵਿਆਜ ਮਾਫ ਕੀਤਾ ਜਾਵੇ। ਜਿਹਨਾਂ ਕਿਸਾਨਾਂ ਦੇ ਪਸ਼ੂਆਂ ਦਾ ਨੁਕਸਾਨ ਹੋਇਆ ਹੈ ਉਹਨਾਂ ਲਈ ਵੀ ਤੁਰੰਤ ਮੁਆਵਜੇ ਦਾ ਪ੍ਰਬੰਧ ਕੀਤਾ ਜਾਵੇ। ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਨੇ ਸਰਕਾਰ ਤੋਂ ਮੰਗ ਕੀਤੀ ਕਿ ਨੁਕਸਾਨ ਦੀ ਗਰਦਾਵਰੀ ਸਮੇਂ ਪਹਿਲਾਂ ਤੋਂ ਹੀ ਘਪਲੇ ਹੁੰਦੇ ਆ ਰਹੇ ਹਨ। ਅਫਸਰਾਂ ਨਾਲ ਮਿਲ ਕੇ ਰਸੂਖਦਾਰ ਫਾਇਦਾ ਲੈ ਜਾਂਦੇ ਹਨ ਜਰੂਰਤਮੰਦ ਲੋਕਾਂ ਤੱਕ ਸਰਕਾਰ ਵੱਲੋਂ ਦਿੱਤੀ ਰਾਹਤ ਨਹੀਂ ਪਹੁੰਚਦੀ,ਜਿਸ ਕਰਕੇ ਜਰੂਰਤਮੰਦ ਲੋਕ ਸਰਕਾਰੀ ਰਾਹਤ ਤੋਂ ਵਾਂਝੇ ਰਹਿ ਜਾਂਦੇ ਹਨ। ਪ੍ਰੈਸ ਨੂੰ ਬਿਆਨ ਦਿੰਦੇ ਸਮੇਂ ਜਸਪਾਲ ਸਿੰਘ ਲਾਡਰਾਂ,ਦਰਸ਼ਨ ਸਿੰਘ ਦੁਰਾਲੀ,ਗੁਰਮੀਤ ਸਿੰਘ ਖੂਨੀਮਾਜਰਾ,ਕਰਮ ਸਿੰਘ ਬਰੌਲੀ,ਜਸਵੰਤ ਸਿੰਘ ਪੰਨੂੰਆ, ਸਰਬਜੀਤ ਸਿੰਘ ਲੈਰਾ, ਕੁਲਵੰਤ ਸਿੰਘ ਚਿੱਲਾ,ਭਜਨ ਸਿੰਘ ਦੁਰਾਲੀ, ਜਸਵਿੰਦਰ ਸਿੰਘ ਢੇਲਪੁਰ, ਜਰਨੈਲ ਸਿੰਘ ਘੜੂੰਆਂ ਸਰਬਜੀਤ ਸਿੰਘ ਲਹਿਰਾ, ਮਲਕੀਤ ਸਿੰਘ ਦਵਾਲੀ, ਸੇਰ ਸਿੰਘ ਚੋਲਟਾ,ਪਰਮਜੀਤ ਸਿੰਘ ਖੇੜੀ, ਮਨਪ੍ਰੀਤ ਸਿੰਘ ਰੋੜਾ,ਗੁਰਮੁਖ ਸਿੰਘ ਲਾਂਡਰਾ ਆਦਿ ਕਿਸਾਨ ਹਾਜਰ ਸਨ ।

# ਕਾਮਰੇਡ ਬਲਵੀਰ ਸਿੰਘ ਮਹਿੰਦਪੁਰ ਦਾ ਅੰਤਮ ਸੰਸਕਾਰ, ਅੰਤਮ ਅਰਦਾਸ 24 ਨੂੰ



**ਨੰਗਲ (ਸੁਰਜੀਤ ਸਿੰਘ)**-ਸੀ ਪੀ ਆਈ ਐਮ ਦੇ ਜ਼ਿਲ੍ਹਾ ਕਮੇਟੀ ਮੈਂਬਰ ਕਾਮਰੇਡ ਬਲਵੀਰ ਸਿੰਘ ਮਹਿੰਦਪੁਰ 54 ਦਾ ਅੰਤਿਮ ਦਾਹ ਸੰਸਕਾਰ ਬੀਤੇ ਕੱਲ੍ਹ ਪਿੰਡ ਦੇ ਸ਼ਮਸ਼ਾਨ ਘਾਟ ਵਿੱਚ ਕਰ ਦਿੱਤਾ ਗਿਆ। ਇਸ ਮੌਕੇ 'ਤੇ ਕਾਮਰੇਡ ਤਰਸੇਮ ਸਿੰਘ ਭੱਲੜੀ, ਬਜਿੰਦਰ ਪੰਡਤ, ਜਸਵਿੰਦਰ ਸਿੰਘ ਭੰਗਲ, ਸਤਨਾਮ ਸਿੰਘ, ਸਰਪੰਚ ਰਜਿੰਦਰ ਸਿੰਘ ਡੋਡ,ਕਰਮ ਚੰਦ ਨੇ ਪਾਰਟੀ ਦਾ ਝੰਡਾ ਪਾਇਆ। ਕਾਮਰੇਡ ਬਲਵੀਰ ਸਿੰਘ ਪਿਛਲੇ ਦਿਨਾਂ ਤੋਂ ਕੁੱਝ ਢਿੱਲੇ ਮੱਠੇ ਚੱਲੇ ਆ ਰਹੇ ਸਨ। ਬੁੱਧਵਾਰ ਨੂੰ ਸਵੇਰੇ ਤੜਕਸਾਰ ਹਾਰਟ ਅਟੈਕ ਆ ਜਾਣ ਕਾਰਨ ਉਨ੍ਹਾਂ ਦੀ ਮੌਤ ਹੋ ਗਈ। ਉਨ੍ਹਾਂ ਦਾ ਸਮੁੱਚਾ ਜੀਵਨ ਸੰਘਰਸ਼ਮਈ ਸੀ। ਇਲਾਕੇ ਵਿੱਚ ਹੋ ਰਹੀ ਗੈਰ ਕਾਨੂੰਨੀ ਮਾਇਨਿੰਗ ਖਿਲਾਫ ਉਨ੍ਹਾਂ ਨੇ ਆਪਣੀ ਅਵਾਜ ਬੁਲੰਦ ਰੱਖੀ। ਆਪਣੇ ਪਿੰਡ ਮਹਿੰਦਪੁਰ ਤੋਂ ਇੱਕ ਵੀ ਪੱਥਰ ਨਹੀਂ ਚੁੱਕਣ ਦਿੱਤਾ। ਆਪਣੇ ਪਿੱਛੇ ਹੱਸਦਾ ਵੱਸਦਾ ਵੱਡਾ ਪਰਿਵਾਰ ਛੱਡ ।ਕਾਮਰੇਡ ਬਲਵੀਰ ਸਿੰਘ ਚੜਦੀ ਜਵਾਨੀ ਵਿੱਚ ਕਾਮਰੇਡ ਤਰਸੇਮ ਸਿੰਘ ਭੱਲੜੀ ਦੇ ਸੰਪਰਕ ਵਿੱਚ ਆਏ ਤੇ ਆਖਰੀ ਸਮੇਂ ਤੱਕ ਇਲਾਕੇ ਵਿੱਚ ਹਰ ਤਰ੍ਹਾਂ ਬੇਇਨਸਾਫੀ ਖਿਲਾਫ ਮੈਦਾਨ ਵਿੱਚ ਰਹੇ। ਉਨ੍ਹਾਂ ਦੇ ਵਿਛੋੜੇ ਕਾਰਨ ਪਰਵਾਰ ਸਮੇਤ ਇਲਾਕੇ ਨੂੰ ਭਾਰੀ ਘਾਟਾ ਪਿਆ ਹੈ। ਇਸ ਸਮੇਂ ਉਨ੍ਹਾਂ ਦੀ ਧਰਮ ਪਤਨੀ ਪਿੰਡ ਦੀ ਸਰਪੰਚ ਹੈ। ਉਨ੍ਹਾਂ ਦੇ ਅੰਤਿਮ ਦਾਹ ਸੰਸਕਾਰ ਮੌਕੇ ਇਲਾਕੇ ਦੇ ਲੋਕ, ਮਿੱਤਰ ਸੱਜਣ ਅਤੇ ਰਿਸ਼ਤੇਦਾਰ ਵੱਡੀ ਗਿਣਤੀ ਵਿੱਚ ਹਾਜਰ ਸਨ। ਇਸ ਮੌਕੇ 'ਤੇ ਪਾਰਟੀ ਦੇ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ, ਸਕੱਤਰੇਤ ਮੈਂਬਰ ਕਾਮਰੇਡ ਬਲਵੀਰ ਸਿੰਘ ਜਾਡਲਾ, ਗੁਰਨੇਕ ਸਿੰਘ ਭੱਜਲ, ਦਰਸ਼ਨ ਸਿੰਘ ਮੱਟੂ, ਬੀਬੀ ਸੁਭਾਸ਼ ਮੱਟੂ, ਮਹਾਂ ਸਿੰਘ ਰੋੜੀ, ਪ੍ਰੇਮ ਚੰਦ ਰੱਕੜ, ਜ਼ਿਲ੍ਹਾ ਸਕੱਤਰ ਕਾਮਰੇਡ ਸੁਰਜੀਤ ਸਿੰਘ ਢੇਰ , ਸੁਖਦੇਵ ਸਿੰਘ ਨੰਗਲ,ਕੇਵਲ ਕ੍ਰਿਸ਼ਨ, ਮਹਿੰਦਰ ਸਿੰਘ ਸੰਗਤਪੁਰ, ਰਾਮ ਕਿਸ਼ਨ ਦਬਕੇਹੜਾ, ਡਾਕਟਰ ਰਵਿੰਦਰ ਨਾਥ,ਚਰਨ ਸਿੰਘ ਅਟਵਾਲ, ਭਜਨ ਸਿੰਘ ਸੰਦੋਆ, ਪ੍ਰੇਮ ਚੰਦ ਜੱਟਪੁਰ, ਕਰਨੈਲ ਸਿੰਘ ਬਜਰੂੜ, ਗੁਰਦੇਵ ਸਿੰਘ ਬਾਗੀ,ਪਵਨ ਕੁਮਾਰ ਚੱਕ ਕਰਮਾਂ, ਤਰਲੋਚਨ ਸਿੰਘ ਹੁਸੈਨਪੁਰ, ਦਲੀਪ ਸਿੰਘ ਘਨੋਲਾ ਨੇ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਦੀ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ 24 ਜੁਲਾਈ ਦਿਨ ਸੋਮਵਾਰ ਨੂੰ ਹੋਵੇਗਾ।